ਵੀਰਵਾਰ, 17 ਸਤੰਬਰ, 2026
1 ਅੱਸੂ { ਨਾਨਕਸ਼ਾਹੀ 558 / ਬਿਕਰਮੀ 2083
ਜਿਲਦ/VOL. : 75
ਅੰਕ/NO. : 107

ਰੋਜ਼ਾਨਾ
# ਨਵਾਂ ਜ਼ਮਾਨਾ

DAILY NAWAN ZAMANA • THURSDAY, 17 SEPTEMBER, 2026 ਜਲੰਧਰ

'ਨਵਾਂ ਜ਼ਮਾਨਾ' ਦੇ ਫ਼ੋਨ ਨੰਬਰ

| | |
|---|---|
| ਪੁੱਛ-ਗਿੱਛ (ਰਿਸੈਪਸ਼ਨ) | 0181-5097300 |
| ਇਸ਼ਤਿਹਾਰ ਵਿਭਾਗ | 0181-5097302 |
| ਸਾਹਿਤ ਸੰਪਾਦਕ (ਐਤਵਾਰਤਾ) | 0181-5097305 |
| ਕੰਪਿਊਟਰ ਰੂਮ | 0181-5097310 |
| ਵੈੱਬ ਟੀ ਵੀ | 0181-5133160 |

YouTube nawan zamana TV

ਕੀਮਤ/PRICE : 5.00 ਰੁਪਏ Regd. No : L-4/Pb-JL-0023/2024-26, (R.N.I.)-00068/57 E-mail : nawanzamana@gmail.com www.nawanzamana.in ਸਫ਼ੇ : 12


# ਯੂ ਪੀ ਆਈ ਟੈਕਸ ਦਾ ਤਿੱਖਾ ਵਿਰੋਧ

## ਮੋਦੀ ਸਰਕਾਰ 'ਤੇ ਅਮਰੀਕਾ ਅੱਗੇ ਝੁਕਣ ਦਾ ਦੋਸ਼

**ਨਵੀਂ ਦਿੱਲੀ (ਨਵਾਂ ਜ਼ਮਾਨਾ ਸਰਵਿਸ)** ਕਾਂਗਰਸ ਸੰਸਦ ਮੈਂਬਰ ਅਤੇ ਲੋਕ ਸਭਾ ਵਿਚ ਵਿਰੋਧੀ ਧਿਰ ਦੇ ਨੇਤਾ ਰਾਹੁਲ ਗਾਂਧੀ ਨੇ ਬੁੱਧਵਾਰ ਨੂੰ ਨਵੀਂ ਯੂ ਪੀ ਆਈ ਟੈਕਸ ਢਾਂਚਾ ਤੁਰੰਤ ਵਾਪਸ ਲੈਣ ਦੀ ਮੰਗ ਕੀਤੀ ਹੈ। ਜੋ ਢਾਂਚਾ ਯੂ ਪੀ ਆਈ ਭੁਗਤਾਨ ਕਰਦੇ ਸਮੇਂ ਵਪਾਰੀ ਲੈਣ-ਦੇਣ ਦੇ ਤਰੀਕੇ ਵਿੱਚ ਬਦਲਾਅ ਲਿਆਉਂਦਾ ਹੈ। ਉਨ੍ਹਾ ਕਿਹਾ ਕਿ ਨਵਾਂ ਢਾਂਚਾ 2,000 ਤੋਂ ਵੱਧ ਦੇ ਖਾਸ ਵਪਾਰਕ ਲੈਣ-ਦੇਣ 'ਤੇ 0.4 ਪ੍ਰਤੀਸ਼ਤ ਵਪਾਰੀ ਛੋਟ ਦਰ (ਐੱਮ ਡੀ ਆਰ) ਪੇਸ਼ ਕਰਦਾ ਹੈ, ਹਾਲਾਂਕਿ ਸਰਕਾਰ ਦੇ ਅਨੁਸਾਰ, ਗਾਹਕਾਂ ਤੋਂ ਐੱਮ ਡੀ ਆਰ ਨਹੀਂ ਵਸੂਲਿਆ ਜਾਵੇਗਾ। ਰਾਹੁਲ ਗਾਂਧੀ ਦੀਆਂ ਇਹ ਟਿੱਪਣੀਆਂ ਸਰਕਾਰ ਦੇ ਨਵੇਂ ਯੂ ਪੀ ਆਈ ਢਾਂਚੇ ਨੂੰ ਲੈ ਕੇ ਚੱਲ ਰਹੇ ਵਿਵਾਦ ਦੌਰਾਨ ਆਈਆਂ ਹਨ। ਸਰਕਾਰ ਨੇ 2,000 ਤੋਂ ਵੱਧ ਦੇ ਵਪਾਰੀ ਯੂ ਪੀ ਆਈ ਭੁਗਤਾਨਾਂ 'ਤੇ 0.4 ਫੀਸਦੀ ਐੱਮ ਡੀ ਆਰ ਨਿਰਧਾਰਤ ਕੀਤਾ ਹੈ, ਜਿਸ ਵਿੱਚ 75,000 ਅਤੇ ਇਸ ਤੋਂ ਵੱਧ ਦੇ ਲੈਣ-ਦੇਣ ਲਈ 300 ਤੱਕ ਦੀ ਫੀਸ ਰੱਖੀ ਗਈ ਹੈ।

ਸਰਕਾਰ ਨੇ ਕਿਹਾ ਹੈ ਕਿ ਇਹ ਚਾਰਜ ਵਪਾਰੀਆਂ 'ਤੇ ਲਾਗੂ ਹੁੰਦਾ ਹੈ ਨਾ ਕਿ ਸਿੱਧੇ ਤੌਰ 'ਤੇ ਖਪਤਕਾਰਾਂ 'ਤੇ, ਜਦੋਂ ਕਿ ਇਸ ਕਦਮ ਦੇ ਆਲੋਚਕਾਂ ਨੇ ਦਲੀਲ ਦਿੱਤੀ ਹੈ ਕਿ ਵਪਾਰੀ ਅੰਤ ਵਿੱਚ ਉੱਚ ਕੀਮਤਾਂ ਰਾਹੀਂ ਵਾਧੂ ਲਾਗਤ ਖਪਤਕਾਰਾਂ 'ਤੇ ਪਾ ਸਕਦੇ ਹਨ। ਰਾਹੁਲ ਨੇ ਪ੍ਰਧਾਨ ਮੰਤਰੀ 'ਤੇ ਸੰਯੁਕਤ ਰਾਜ ਅਮਰੀਕਾ ਅੱਗੇ 'ਸਮਰਪਣ' ਕਰਨ ਦਾ ਦੋਸ਼ ਲਗਾਇਆ।

ਸਾਬਕਾ ਪ੍ਰਧਾਨ ਮੰਤਰੀ ਇੰਦਰਾ ਗਾਂਧੀ ਨਾਲ ਤੁਲਨਾ ਕਰਦੇ ਹੋਏ ਰਾਹੁਲ ਨੇ ਕਿਹਾ, 'ਇੰਦਰਾ ਜੀ ਨੂੰ ਇੱਕ ਵਾਰ ਪੁੱਛਿਆ ਗਿਆ ਸੀ ਕਿ ਉਹ ਖੱਬੇ ਜਾਂ ਸੱਜੇ ਵੱਲ ਝੁਕਾਅ ਰੱਖਦੀ ਹੈ ਤਾਂ ਉਨ੍ਹਾਂ ਦਾ ਜਵਾਬ ਸੀ, 'ਮੈਂ ਖੱਬੇ ਜਾਂ ਸੱਜੇ ਨਹੀਂ, ਮੈਂ ਸਿੱਧਾ ਖੜ੍ਹਾ ਰਹਿੰਦੀ ਹਾਂ।' ਮੋਦੀ 'ਤੇ ਨਿਸ਼ਾਨਾ ਸਾਧਦੇ ਹੋਏ, ਰਾਹੁਲ ਨੇ ਕਿਹਾ, "ਮੋਦੀ ਜੀ ਬਿਲਕੁਲ ਵੱਖਰੇ ਹਨ। ਉਹ ਨਾ ਤਾਂ ਖੱਬੇ ਹਨ ਅਤੇ ਨਾ ਹੀ ਸੱਜੇ। ਉਨ੍ਹਾਂ ਨੇ ਸਿੱਧੇ ਲੇਟਣ ਅਤੇ ਡੋਨਾਲਡ ਟਰੰਪ ਦੇ ਸਾਹਮਣੇ ਗੋਡਿਆਂ ਭਾਰ ਹੋਣ ਦਾ ਫੈਸਲਾ ਕੀਤਾ ਹੈ।" ਰਾਹੁਲ ਨੇ ਇਹ ਵੀ ਦੋਸ਼ ਲਗਾਇਆ ਕਿ ਸਰਕਾਰ ਦੀ ਯੂ ਪੀ ਆਈ ਨੀਤੀ ਭਾਰਤੀਆਂ 'ਤੇ ਪ੍ਰਭਾਵਸ਼ਾਲੀ ਢੰਗ ਨਾਲ ਬੋਝ ਪਾਏਗੀ।

ਰਾਹੁਲ ਨੇ ਕਿਹਾ, "ਉਨ੍ਹਾਂ ਨੇ ਯੂ ਪੀ ਆਈ 'ਤੇ ਟੈਕਸ ਲਗਾ ਕੇ ਅਤੇ ਸੰਯੁਕਤ ਰਾਜ ਅਮਰੀਕਾ ਨੂੰ ਭਾਰੀ ਮਾਤਰਾ ਵਿੱਚ ਪੈਸਾ ਦੇ ਕੇ ਹਰੇਕ ਭਾਰਤੀ ਵਿਅਕਤੀ 'ਤੇ ਟੈਕਸ ਲਗਾਇਆ ਹੈ।" ਕਾਂਗਰਸ ਨੇਤਾ ਨੇ ਪ੍ਰਧਾਨ ਮੰਤਰੀ ਮੋਦੀ ਨੂੰ ਸੰਯੁਕਤ ਰਾਜ ਅਮਰੀਕਾ ਦੇ ਅੱਗੇ ਲੇਟਣਾ ਬੰਦ ਕਰਨ ਦੀ ਅਪੀਲ ਕੀਤੀ ਅਤੇ ਉਨ੍ਹਾਂ ਨੂੰ ਰੀੜ੍ਹ ਦੀ ਹੱਡੀ ਰੱਖਣ ਅਤੇ ਯੂ ਪੀ ਆਈ

• ਬਾਕੀ ਸਫਾ 2 'ਤੇ

# ਈ ਪੀ ਐੱਫ ਤੇ ਈ ਪੀ ਐੱਸ ਲਈ ਲਾਜ਼ਮੀ ਬੇਸਿਕ ਸੈਲਰੀ ਸੀਮਾ 25 ਹਜ਼ਾਰ ਤੈਅ

**ਨਵੀਂ ਦਿੱਲੀ (ਨ ਜ਼ ਸ)** : ਕੇਂਦਰੀ ਕੈਬਨਿਟ ਨੇ ਬੁੱਧਵਾਰ ਈ ਪੀ ਐੱਫ ਅਤੇ ਈ ਪੀ ਐੱਸ ਲਈ ਲਾਜ਼ਮੀ ਮੂਲ ਤਨਖਾਹ (ਬੇਸਿਕ ਸੈਲਰੀ) ਸੀਮਾ ਵਧਾ ਕੇ 25,000 ਰੁਪਏ ਪ੍ਰਤੀ ਮਹੀਨਾ ਕਰ ਦਿੱਤੀ ਹੈ। ਕੰਪਨੀਆਂ ਨੂੰ ਹੁਣ ਪੀ ਐੱਫ ਸਕੀਮ ਦੇ ਤਹਿਤ ਕਰਮਚਾਰੀਆਂ ਨੂੰ 25,000 ਰੁਪਏ ਪ੍ਰਤੀ ਮਹੀਨਾ ਤੱਕ ਦੀ ਮੂਲ ਤਨਖਾਹ ਦੇ ਨਾਲ ਕਵਰ ਕਰਨ ਦੀ ਲੋੜ ਹੋਵੇਗੀ। ਪਹਿਲਾਂ, ਇਹ ਸੀਮਾ 15,000 ਰੁਪਏ ਪ੍ਰਤੀ ਮਹੀਨਾ ਸੀ। ਕੇਂਦਰੀ ਮੰਤਰੀ ਅਸ਼ਵਨੀ ਵੈਸ਼ਨਵ ਨੇ ਬੁੱਧਵਾਰ ਕੈਬਨਿਟ ਮੀਟਿੰਗ ਤੋਂ ਬਾਅਦ ਮੀਡੀਆ ਨੂੰ ਦੱਸਿਆ ਕਿ ਇਸ ਨਾਲ ਪੀ ਐੱਫ ਬੱਚਤ ਅਤੇ ਪੈਨਸ਼ਨਾਂ ਰਾਹੀਂ 51 ਲੱਖ ਕਰਮਚਾਰੀਆਂ ਨੂੰ ਸਿੱਧਾ ਲਾਭ ਹੋਵੇਗਾ। ਪਹਿਲਾਂ 15,000 ਰੁਪਏ ਤੋਂ ਵੱਧ ਦੀ ਮੂਲ ਤਨਖਾਹ ਵਾਲੇ ਕਰਮਚਾਰੀਆਂ ਦੀ ਪੀ ਐੱਫ ਕਟੌਤੀ ਉਨ੍ਹਾਂ ਦੀ ਮਰਜ਼ੀ 'ਤੇ ਹੁੰਦਾ ਸੀ ਕਿ ਉਨ੍ਹਾਂ ਪੀ ਐੱਫ ਕਟਾਉਣਾ ਹੈ ਕਿ ਨਹੀਂ। ਨਵੇਂ ਆਦੇਸ਼ ਦੇ ਨਾਲ 25,000 ਰੁਪਏ ਦੀ ਸੀਮਾ ਤੋਂ ਬਾਅਦ ਪੀ ਐੱਫ ਕਟੌਤੀ ਕਰਮਚਾਰੀਆਂ ਦੀ ਬੱਚਤ ਨੂੰ ਵਧਾਏਗੀ ਅਤੇ ਇੱਕ ਬਿਹਤਰ ਰਿਟਾਇਰਮੈਂਟ ਫੰਡ ਪ੍ਰਦਾਨ ਕਰੇਗੀ। ਜੇ ਕਿਸੇ ਕਰਮਚਾਰੀ ਦੀ ਬੇਸਿਕ ਸੈਲਰੀ ਜਮ੍ਹਾਂ ਮਹਿੰਗਾਈ ਭੱਤਾ (ਡੀ ਏ) 25,000 ਰੁਪਏ ਜਾਂ ਇਸ ਤੋਂ ਘੱਟ ਹੈ, ਤਾਂ ਕੰਪਨੀ ਨੂੰ ਉਸ ਕਰਮਚਾਰੀ ਨੂੰ ਈ ਪੀ ਐੱਫ ਵਿੱਚ ਸ਼ਾਮਲ ਕਰਨਾ ਲਾਜ਼ਮੀ ਹੈ। ਪਹਿਲਾਂ ਇਹ 15,000 ਰੁਪਏ ਤੋਂ ਵੱਧ ਦੀ ਬੇਸਿਕ ਸੈਲਰੀ ਵਾਲੇ ਕਰਮਚਾਰੀਆਂ ਲਈ ਵਿਕਲਪਕ ਸੀ। ਜੇ ਬੇਸਿਕ ਸੈਲਰੀ ਜਮ੍ਹਾਂ ਡੀ ਏ 25,000 ਰੁਪਏ ਤੋਂ ਵੱਧ ਹੈ, ਤਾਂ ਨਵੀਂ ਜੁਆਇਨਿੰਗ 'ਤੇ ਈ ਪੀ ਐੱਫ ਮੈਂਬਰ ਬਣਨਾ ਜ਼ਰੂਰੀ ਨਹੀਂ, ਪਰ ਇਹ ਤਾਂ ਹੀ ਜੇ ਕਰਮਚਾਰੀ ਪਹਿਲਾਂ ਤੋਂ ਈ ਪੀ ਐੱਫ ਮੈਂਬਰ ਨਹੀਂ ਹੈ। ਨੋਟ ਕਰਨ ਵਾਲੀ ਗੱਲ ਹੈ ਕਿ ਇਹ ਸੀਮਾ ਮੁੱਖ ਤੌਰ 'ਤੇ ਮੂਲ ਤਨਖਾਹ + ਡੀ ਏ 'ਤੇ ਲਾਗੂ ਹੁੰਦੀ ਹੈ, ਨਾ ਕਿ ਪੂਰੀ ਸੀ ਟੀ ਸੀ ਜਾਂ ਕੁੱਲ ਤਨਖਾਹ 'ਤੇ। ਈ ਪੀ ਐੱਫ ਓ ਦੁਨੀਆ ਦੀਆਂ ਸਭ ਤੋਂ ਵੱਡੀਆਂ ਸਮਾਜਿਕ ਸੁਰੱਖਿਆ ਪ੍ਰਣਾਲੀਆਂ ਵਿੱਚੋਂ ਇੱਕ ਹੈ। ਇਸ ਵਿੱਚ ਯੋਗਦਾਨ ਪਾਉਣ ਵਾਲੇ ਮੈਂਬਰ ਲਗਭਗ 7 ਕਰੋੜ 98 ਲੱਖ ਹਨ। ਯੋਗਦਾਨ ਪਾਉਣ ਵਾਲੀਆਂ ਸੰਸਥਾਵਾਂ/ਕੰਪਨੀਆਂ ਲਗਭਗ 7.68 ਲੱਖ ਹਨ। ਪੈਨਸ਼ਨਰ (ਈ ਪੀ ਐੱਸ ਅਧੀਨ) ਲਗਭਗ 82 ਲੱਖ ਹਨ। 2014 ਤੋਂ ਭਾਰਤ ਵਿੱਚ ਘੱਟੋ-ਘੱਟ ਤਨਖਾਹ, ਔਸਤਨ ਕਮਾਈ, ਅਤੇ ਪੱਕੀ (ਸਰਕਾਰੀ ਜਾਂ ਕੰਪਨੀ ਦੇ ਨਿਯਮਾਂ ਨਾਲ ਜੁੜੀ) ਨੌਕਰੀਆਂ ਦੀ ਗਿਣਤੀ ਵਿੱਚ ਵਾਧਾ ਹੋਇਆ ਹੈ। ਕਈ ਰਾਜਾਂ ਅਤੇ ਵੱਖ-ਵੱਖ ਕੰਮਾਂ ਵਿੱਚ ਘੱਟੋ-ਘੱਟ ਤਨਖਾਹ ਪਹਿਲਾਂ ਹੀ ਪੁਰਾਣੀ 15,000 ਰੁਪਏ ਦੀ ਸੀਮਾ ਦੇ ਨੇੜੇ ਪਹੁੰਚ ਗਈ ਸੀ। ਅਜਿਹੀ ਸਥਿਤੀ ਵਿੱਚ ਸਰਕਾਰ ਨੇ ਇਹ ਫੈਸਲਾ ਕਰਮਚਾਰੀਆਂ ਨੂੰ ਵਧਦੀ ਤਨਖਾਹ ਦੇ ਅਨੁਸਾਰ ਪੀ ਐੱਫ ਅਤੇ ਪੈਨਸ਼ਨ ਵਰਗੀਆਂ ਸਮਾਜਿਕ ਸੁਰੱਖਿਆ ਸਹੂਲਤਾਂ ਪ੍ਰਦਾਨ ਕਰਨ ਅਤੇ ਇਸ ਪ੍ਰਣਾਲੀ ਨੂੰ ਨਵੇਂ ਜ਼ਮਾਨੇ ਦੇ ਹਿਸਾਬ ਨਾਲ ਅਪਡੇਟ ਕਰਨ ਲਈ ਲਿਆ ਹੈ। ਨਵਾਂ ਨਿਯਮ ਮੁੱਖ ਤੌਰ 'ਤੇ ਤਿੰਨ ਯੋਜਨਾਵਾਂ ਦੇ ਤਹਿਤ ਕਰਮਚਾਰੀਆਂ ਨੂੰ ਲਾਭ ਪਹੁੰਚਾਏਗਾ।

ਈ ਪੀ ਐੱਫ (ਕਰਮਚਾਰੀ ਭਵਿੱਖ ਨਿਧੀ ਫੰਡ) : ਰਿਟਾਇਰਮੈਂਟ ਲਈ ਭਵਿੱਖ ਨਿਧੀ ਫੰਡ ਵਿੱਚ ਨਿਯਮਤ ਬੱਚਤ। ਈ ਪੀ ਐੱਸ (ਕਰਮਚਾਰੀ ਪੈਨਸ਼ਨ ਸਕੀਮ) : ਸੇਵਾਮੁਕਤੀ ਤੋਂ ਬਾਅਦ ਮਾਸਿਕ ਪੈਨਸ਼ਨ ਦੀ ਸੁਵਿਧਿਆ। ਈ ਡੀ ਐੱਲ ਆਈ (ਕਰਮਚਾਰੀ ਜਮ੍ਹਾਂ ਰਕਮ ਨਾਲ ਜੁੜੀ ਬੀਮਾ ਯੋਜਨਾ) : ਈ ਪੀ ਐੱਫ ਮੈਂਬਰਸ਼ਿਪ ਨਾਲ ਜੁੜਿਆ ਜੀਵਨ ਬੀਮਾ ਕਵਰ। ਵਧੇਰੇ ਕਰਮਚਾਰੀਆਂ ਦੇ ਈ ਪੀ ਐੱਫ ਓ ਵਿੱਚ ਸ਼ਾਮਲ ਹੋਣ ਨਾਲ ਕੰਪਨੀਆਂ ਨੂੰ ਕਰਮਚਾਰੀਆਂ ਨੂੰ ਲੰਮੇ ਸਮੇਂ ਲਈ ਬਰਕਰਾਰ ਰੱਖਣ, ਕਾਰਜ ਪ੍ਰਵਾਹ ਵਿੱਚ ਸਥਿਰਤਾ ਪ੍ਰਦਾਨ ਕਰਨ ਅਤੇ ਇੱਕ ਬਿਹਤਰ ਕੰਮ ਦਾ ਮਾਹੌਲ ਬਣਾਉਣ ਵਿੱਚ ਮਦਦ ਮਿਲੇਗੀ। ਕਿਰਤ ਅਤੇ ਰੁਜ਼ਗਾਰ ਮੰਤਰਾਲਾ ਅਤੇ ਈ ਪੀ ਐੱਫ ਓ ਇਸ ਫੈਸਲੇ ਨੂੰ ਲਾਗੂ ਕਰਨ ਲਈ ਜ਼ਰੂਰੀ ਕਦਮ ਚੁੱਕਣਗੇ। ਫਿਰ ਇਸ ਨੂੰ ਨੋਟੀਫਾਈ ਕੀਤਾ ਜਾਵੇਗਾ ਅਤੇ ਲਾਗੂ ਕਰ ਦਿੱਤਾ ਜਾਵੇਗਾ।

## ਸਰਕਾਰ ਯੂ ਪੀ ਆਈ ਨੂੰ ਮੁਫ਼ਤ ਰੱਖੇ : ਸੀ ਪੀ ਆਈ

**ਲੁਧਿਆਣਾ (ਐੱਮ ਐੱਸ ਭਾਟੀਆ)** : ਭਾਰਤੀ ਕਮਿਊਨਿਸਟ ਪਾਰਟੀ ਦੇ ਕੌਮੀ ਸਕੱਤਰੇਤ ਨੇ ਯੂ ਪੀ ਆਈ ਦੀ ਵਰਤੋਂ 'ਤੇ ਚਾਰਜ ਲਗਾਉਣ ਦੀ ਕਿਸੇ ਵੀ ਕੋਸ਼ਿਸ਼ ਦਾ ਵਿਰੋਧ ਕਰਦਿਆਂ ਸਰਕਾਰ ਤੋਂ ਯੂ ਪੀ ਆਈ ਨੂੰ ਮੁਫ਼ਤ ਰੱਖਣ ਦੀ ਮੰਗ ਕੀਤੀ ਹੈ। ਪਾਰਟੀ ਨੇ ਕਿਹਾ ਹੈ ਕਿ ਜਨਤਕ ਤੌਰ 'ਤੇ ਵਿਕਸਤ ਕੀਤੀ ਗਈ ਡਿਜੀਟਲ ਭੁਗਤਾਨ ਤਕਨਾਲੋਜੀ ਯੂ ਪੀ ਆਈ 'ਤੇ ਚਾਰਜ ਲਗਾਉਣਾ ਬੇਹੱਦ ਮੰਦਭਾਗਾ ਹੈ। ਪਾਰਟੀ ਨੇ ਦਾਅਵਾ ਕੀਤਾ ਕਿ ਇਹ ਕਦਮ ਅਮਰੀਕੀ ਦਬਾਅ ਦੇ ਸੰਦਰਭ ਵਿੱਚ ਲਿਆ ਗਿਆ ਹੈ। ਸਰਕਾਰ ਭਾਵੇਂ ਕਹਿ ਰਹੀ ਹੈ ਕਿ ਇਸ ਦਾ ਬੋਝ ਸਿੱਧੇ ਤੌਰ 'ਤੇ ਖਪਤਕਾਰਾਂ 'ਤੇ ਨਹੀਂ ਪਵੇਗਾ, ਪਰ ਤਜਰਬਾ ਦੱਸਦਾ ਹੈ ਕਿ ਵਪਾਰੀ ਵਧੇ ਹੋਏ ਖਰਚਿਆਂ ਨੂੰ ਅਕਸਰ ਕੀਮਤਾਂ ਰਾਹੀਂ ਖਪਤਕਾਰਾਂ ਤੱਕ ਪਹੁੰਚਾ ਦਿੰਦੇ ਹਨ।ਪਾਰਟੀ ਨੇ ਕਿਹਾ ਕਿ ਇਹ ਪੂਰੀ ਪ੍ਰਕਿਰਿਆ ਤਰਕਸੰਗਤ ਵੀ ਨਹੀਂ। 10 ਅਤੇ 10,000 ਦੇ ਭੁਗਤਾਨ ਨੂੰ ਪ੍ਰੋਸੈੱਸ ਕਰਨ ਦੀ ਲਾਗਤ ਸਿਰਫ਼ ਰਕਮ ਵਧਣ ਕਾਰਨ ਉਸੇ ਅਨੁਪਾਤ ਵਿੱਚ ਨਹੀਂ ਵਧਦੀ। ਪਾਰਟੀ ਮੁਤਾਬਕ ਐੱਨ ਪੀ ਸੀ ਆਈ ਕੋਲ ਕਾਫ਼ੀ ਨਕਦੀ ਅਤੇ ਨਿਵੇਸ਼ ਹਨ ਅਤੇ ਇਹ ਸਰਕਾਰ ਨੂੰ ਕਰੋੜਾਂ ਰੁਪਏ ਟੈਕਸ ਵੀ ਅਦਾ ਕਰ ਚੁੱਕੀ ਹੈ। ਇਸ ਲਈ ਜਨਤਕ ਡਿਜੀਟਲ ਭੁਗਤਾਨ ਪ੍ਰਣਾਲੀ ਨੂੰ ਅਜਿਹੇ ਫੀਸ-ਆਧਾਰਤ ਮਾਡਲ ਵਿੱਚ ਬਦਲਣ ਦਾ ਕੋਈ ਜਾਇਜ਼ ਕਾਰਨ ਨਹੀਂ, ਜਿਸ ਦਾ ਅੰਤਮ ਬੋਝ ਖਪਤਕਾਰਾਂ 'ਤੇ ਪੈ ਸਕਦਾ ਹੈ। ਪਾਰਟੀ ਨੇ ਕਿਹਾ ਕਿ ਇਸ ਫ਼ੈਸਲੇ ਦੇ ਅੰਤਰਰਾਸ਼ਟਰੀ ਸੰਦਰਭ ਨੂੰ ਵੀ ਨਜ਼ਰਅੰਦਾਜ਼ ਨਹੀਂ ਕੀਤਾ ਜਾ ਸਕਦਾ। ਬਿਆਨ ਅਨੁਸਾਰ ਅਮਰੀਕੀ ਟਰੇਡ ਰਿਪ੍ਰਜ਼ੈਂਟੇਟਿਵ ਨੇ

• ਬਾਕੀ ਸਫਾ 2 'ਤੇ

## ਅਨਚੈੱਕਡ ਪੈਸਾ-ਵਸੂਲੀ ਬਾਈ ਭਾਜਪਾ




**ਨਵੀਂ ਦਿੱਲੀ** : ਯੂ ਪੀ ਆਈ ਜ਼ਿੰਦਗੀ ਨੂੰ ਆਸਾਨ ਬਣਾਉਣ ਲਈ ਸੀ, ਬਿਨਾਂ ਨਕਦੀ ਲੈ ਕੇ ਜਾਣ ਜਾਂ ਬਟੂਏ ਨੂੰ ਸੁਰੱਖਿਅਤ ਰੱਖਣ ਦੀ ਚਿੰਤਾ ਕੀਤੇ। ਯੂ ਪੀ ਆਈ ਭੁਗਤਾਨਾਂ ਲਈ, ਤੁਹਾਨੂੰ ਸਿਰਫ ਇੱਕ ਫੋਨ, ਇੱਕ ਕਿਊ ਆਰ ਕੋਡ ਅਤੇ ਇੱਕ ਵਧੀਆ ਇੰਟਰਨੈੱਟ ਕੁਨੈਕਸ਼ਨ ਦੀ ਲੋੜ ਸੀ, ਤਾਂ ਜੋ ਤੁਹਾਡੀ ਸਕ੍ਰੀਨ 'ਤੇ ਨੀਲਾ ਟਿੱਕ ਨਿਸ਼ਾਨ ਦਿਖਾਈ ਦੇ ਸਕੇ। ਹੁਣ, 15 ਅਕਤੂਬਰ ਤੋਂ ਲਾਗੂ ਹੋਣ ਵਾਲੀ ਵਪਾਰੀ ਛੋਟ ਦਰ (ਮਰਚੈਂਟ ਡਿਸਕਾਊਂਟ ਰੇਟ—ਐੱਮ ਡੀ ਆਰ) ਦੇ ਨਾਲ ਸੋਸ਼ਲ ਮੀਡੀਆ ਦੇ ਇੱਕ ਹਿੱਸੇ ਨੇ ਮੀਮਜ਼ ਅਤੇ ਵਿਅੰਗ ਨਾਲ ਜਵਾਬ ਦਿੱਤਾ ਹੈ। 0.4 ਪ੍ਰਤੀਸ਼ਤ ਐੱਮ ਡੀ ਆਰ 2,000 ਰੁਪਏ ਤੋਂ ਵੱਧ ਦੇ ਯੋਗ ਵਿਅਕਤੀ-ਤੋਂ-ਵਪਾਰੀ ਭੁਗਤਾਨਾਂ 'ਤੇ ਲਾਗੂ ਹੋਵੇਗੀ। ਗਾਹਕਾਂ ਤੋਂ ਸਿੱਧੇ ਤੌਰ 'ਤੇ ਕੋਈ ਖਰਚਾ ਨਹੀਂ ਲਿਆ ਜਾਵੇਗਾ; ਵਿਅਕਤੀ-ਤੋਂ-ਵਿਅਕਤੀ ਟ੍ਰਾਂਸਫਰ ਤਹਿਤ 2,000 ਰੁਪਏ ਤੱਕ ਦੇ ਭੁਗਤਾਨ ਅਤੇ ਛੋਟੇ ਵਪਾਰੀਆਂ ਨਾਲ ਜੁੜੇ ਲੈਣ-ਦੇਣ ਛੋਟ ਵਾਲੇ ਰਹਿਣਗੇ। ਆਨਲਾਈਨ ਘੁੰਮ ਰਿਹਾ ਇੱਕ ਕਾਰਟੂਨ ਮੂਡ ਨੂੰ ਸਭ ਤੋਂ ਵਧੀਆ ਢੰਗ ਨਾਲ ਪੇਸ਼ ਕਰਦਾ ਹੈ, ਜਿਸ ਵਿੱਚ ਦੋ ਕਿਰਦਾਰ ਅਤੇ 'ਡਿਜੀਟਲ ਇੰਡੀਆ' ਦੇ ਦੋ ਬਹੁਤ ਵੱਖਰੇ ਸੰਸਕਰਣ ਹਨ। ਪਹਿਲਾ ਮਾਣ ਨਾਲ ਐਲਾਨ ਕਰਦਾ ਹੈ : ਡਿਜੀਟਲ ਇੰਡੀਆ! ਨਕਦੀ ਮੁਕਤ! ਦੂਜਾ, ਫੋਨ ਫੜ ਕੇ ਜਵਾਬ ਦਿੰਦਾ ਹੈ : ਡਿਜੀਟਲ ਇੰਡੀਆ! ਯੂ ਪੀ ਆਈ ਮੁਫ਼ਤ ਨਹੀਂ!

ਇੱਕ ਡਿਜੀਟਲ ਹਾਸਰਸੀ ਨੇ ਵਿੱਤ ਮੰਤਰੀ ਨਿਰਮਲਾ ਸੀਤਾਰਮਨ ਲਈ ਇੱਕ ਸਧਾਰਨ ਬੇਨਤੀ ਕੀਤੀ ਹੈ

• ਬਾਕੀ ਸਫਾ 2 'ਤੇ

# ਅਮਰਜੀਤ ਸਿੰਘ ਚਾਵਲਾ ਖ਼ਿਲਾਫ਼ ਜਬਰ-ਜ਼ਨਾਹ ਦਾ ਕੇਸ ਦਰਜ



**ਸ੍ਰੀ ਆਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**: ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ (ਐੱਸ ਜੀ ਪੀ ਸੀ) ਦੇ ਮੈਂਬਰ ਅਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਅਮਰਜੀਤ ਸਿੰਘ ਚਾਵਲਾ ਖ਼ਿਲਾਫ਼ ਜਬਰ-ਜਨਾਹ ਦਾ ਮਾਮਲਾ ਦਰਜ ਕੀਤਾ ਗਿਆ ਹੈ। ਪੁਲੀਸ ਸੂਤਰਾਂ ਨੇ ਇਹ ਜਾਣਕਾਰੀ ਦਿੱਤੀ ਹੈ। ਇਹ ਕੇਸ ਪੰਜਾਬ ਦੇ ਮਾਲਵਾ ਖੇਤਰ ਦੀ ਇੱਕ ਔਰਤ ਦੀ ਸ਼ਿਕਾਇਤ 'ਤੇ ਦਰਜ ਕੀਤਾ ਗਿਆ ਹੈ, ਜਿਸ ਨੇ ਇਨ੍ਹਾਂ ਦੋਸ਼ਾਂ ਸੰਬੰਧੀ ਜੁਡੀਸ਼ੀਅਲ ਮੈਜਿਸਟਰੇਟ ਸਾਹਮਣੇ ਆਪਣੇ ਬਿਆਨ ਵੀ ਦਰਜ ਕਰਵਾਏ ਹਨ। ਚਾਵਲਾ ਵਿਰੁੱਧ ਬੀ ਐੱਨ ਐੱਸ ਦੀਆਂ ਧਾਰਾਵਾਂ 63, 64, 127(2), ਅਤੇ 351(2) ਤਹਿਤ ਕੇਸ ਦਰਜ ਕੀਤਾ ਗਿਆ ਹੈ। ਇੱਕ ਵੀਡੀਓ ਸੰਦੇਸ਼ ਵਿੱਚ ਚਾਵਲਾ ਨੇ ਦੋਸ਼ਾਂ ਨੂੰ ਨਕਾਰਦਿਆਂ ਇਨ੍ਹਾਂ ਨੂੰ ਮਨਘੜਤ ਕਰਾਰ ਦਿੱਤਾ ਹੈ।

ਉਨ੍ਹਾਂ ਦੋਸ਼ ਲਾਇਆ ਕਿ ਉਨ੍ਹਾਂ ਖ਼ਿਲਾਫ਼ ਸਾਜ਼ਿਸ਼ ਰਚੀ ਗਈ ਹੈ ਅਤੇ ਕਿਹਾ ਕਿ ਉਹ ਅਦਾਲਤ ਵਿੱਚ ਆਪਣੀ ਬੇਗੁਨਾਹੀ ਸਾਬਤ ਕਰਨਗੇ। ਚਾਵਲਾ ਨੇ ਸ਼੍ਰੋਮਣੀ ਕਮੇਟੀ ਦੀ ਮੈਂਬਰੀ ਅਤੇ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਦੇ ਅਹੁਦੇ ਤੋਂ ਆਪਣੇ ਅਸਤੀਫੇ ਦਾ ਐਲਾਨ ਕਰਦਿਆਂ ਕਿਹਾ ਕਿ ਉਹ ਨਹੀਂ ਚਾਹੁੰਦੇ ਕਿ ਇਸ ਕੇਸ ਕਾਰਨ ਉਨ੍ਹਾਂ ਦੀ ਪਾਰਟੀ ਲਈ ਕੋਈ ਮੁਸ਼ਕਲ ਖੜ੍ਹੀ ਹੋਵੇ। ਚਾਵਲਾ ਨੇ ਕਿਹਾ ਮੈਂ ਆਪਣਾ ਅਸਤੀਫਾ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਅਤੇ ਸ਼੍ਰੋਮਣੀ ਕਮੇਟੀ ਪ੍ਰਧਾਨ ਹਰਜਿੰਦਰ ਸਿੰਘ ਧਾਮੀ ਨੂੰ ਭੇਜ ਦਿੱਤਾ ਹੈ। ਭਾਈ ਚਾਵਲਾ ਨੇ ਕਿਹਾ ਕਿ ਉਨ੍ਹਾਂ ਦੀ ਕਿਰਦਾਰਕੁਸ਼ੀ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ।

ਉਨ੍ਹਾਂ ਕਿਹਾ ਕਿ ਦੋਸ਼ ਮੁਕਤ ਹੋਣ ਤੋਂ ਬਾਅਦ ਹੀ ਉਹ ਮੁੜ ਸੇਵਾ ਕਰਨਗੇ।ਭਾਈ ਚਾਵਲਾ ਨੇ ਕਿਹਾ ਕਿ ਉਨ੍ਹਾਂ ਦਾ ਪੂਰਾ ਜੀਵਨ ਸੰਘਰਸ਼ਮਈ ਰਿਹਾ ਹੈ ਅਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਮਿਲੀ ਸੇਵਾ ਨੂੰ ਉਨ੍ਹਾਂ ਨੇ ਹਮੇਸ਼ਾ ਤਨਦੇਹੀ ਨਾਲ ਨਿਭਾਉਣ ਦਾ ਯਤਨ ਕੀਤਾ ਹੈ। ਉਨ੍ਹਾਂ ਕਿਹਾ ਕਿ ਉਨ੍ਹਾਂ ਖ਼ਿਲਾਫ਼ ਲਗਾਏ ਗਏ ਦੋਸ਼ਾਂ ਦਾ ਕੋਈ ਸਿਰ-ਪੈਰ ਨਹੀਂ ਹੈ। ਉਨ੍ਹਾਂ ਦਾਅਵਾ ਕੀਤਾ ਕਿ ਇਸ ਮਾਮਲੇ ਦੀ ਅਸਲੀਅਤ ਉਹ ਜਲਦੀ ਹੀ ਲੋਕਾਂ ਦੇ ਸਾਹਮਣੇ ਲਿਆਉਣਗੇ।

## ਗੁਲਜ਼ਾਰ ਸਿੰਘ ਖ਼ੁਦਕੁਸ਼ੀ ਮਾਮਲੇ 'ਚ ਨਿਰਪੱਖ ਜਾਂਚ ਦੇ ਨਿਰਦੇਸ਼

**ਚੰਡੀਗੜ੍ਹ** : ਪੰਜਾਬ ਅਤੇ ਹਰਿਆਣਾ ਹਾਈ ਕੋਰਟ ਦੇ ਮੁੱਖ ਜਸਟਿਸ ਨੇ ਦਿੜ੍ਹਬਾ ਦੇ ਮਜ਼ਦੂਰ ਗੁਲਜ਼ਾਰ ਸਿੰਘ ਵੱਲੋਂ ਕੀਤੀ ਗਈ ਖ਼ੁਦਕੁਸ਼ੀ ਦੇ ਮਾਮਲੇ ਵਿੱਚ ਪੁਲਸ ਨੂੰ ਬਿਨਾਂ ਕਿਸੇ ਪੱਖਪਾਤ ਦੇ ਨਿਰਪੱਖ ਜਾਂਚ ਕਰਨ ਦੇ ਨਿਰਦੇਸ਼ ਦਿੱਤੇ ਹਨ। ਡੀ.ਐੱਸ.ਪੀ. ਦਿੜ੍ਹਬਾ ਰੁਪਿੰਦਰ ਕੌਰ ਬਾਜਵਾ ਨੇ ਦੱਸਿਆ ਕਿ ਮੁੱਖ ਜਸਟਿਸ ਨੇ ਮਾਮਲੇ ਦੀ ਸਟੇਟਸ ਰਿਪੋਰਟ ਮੰਗੀ ਹੈ ਅਤੇ ਢੁਕਵੀਂ ਜਾਂਚ ਕਰਨ ਲਈ ਕਿਹਾ ਹੈ । ਡੀ.ਐੱਸ.ਪੀ. ਨੇ ਕਿਹਾ ਕਿ ਇਸ ਵੇਲੇ ਖ਼ੁਦਕੁਸ਼ੀ ਮਾਮਲੇ ਦੀ ਜਾਂਚ ਪੰਜਾਬ ਪੁਲਸ ਦੀ ਵਿਸ਼ੇਸ਼ ਜਾਂਚ ਟੀਮ ਕਰ ਰਹੀ ਹੈ ਅਤੇ ਜਾਂਚ ਦੇ ਤੱਥ ਨਸ਼ਰ ਨਹੀਂ ਕੀਤੇ ਜਾ ਸਕਦੇ।

## ਬਹਾਦਰੀ ਮੈਡਲ ਜੇਤੂਆਂ ਨੂੰ ਮਿਲੇਗੀ ਉਮਰ ਭਰ ਮੁਫ਼ਤ ਰੇਲ ਯਾਤਰਾ ਸਹੂਲਤ

**ਚੰਡੀਗੜ੍ਹ** : ਰੱਖਿਆ ਮੰਤਰਾਲੇ ਨੇ ਬਹਾਦਰੀ ਲਈ ਸੈਨਾ ਮੈਡਲ, ਜਲ ਸੈਨਾ ਮੈਡਲ ਅਤੇ ਹਵਾਈ ਸੈਨਾ ਮੈਡਲ ਪ੍ਰਾਪਤ ਕਰਨ ਵਾਲੇ ਜਵਾਨਾਂ ਲਈ ਭਾਰਤੀ ਰੇਲਵੇ ਦੀਆਂ ਫਸਟ ਕਲਾਸ, ਸੈਕਿੰਡ ਏ.ਸੀ. ਅਤੇ ਏ.ਸੀ. ਚੇਅਰ ਕਾਰ ਵਿੱਚ ਉਮਰ ਭਰ ਲਈ ਮੁਫ਼ਤ ਰੇਲ ਯਾਤਰਾ ਸਹੂਲਤ ਨੂੰ ਮਨਜ਼ੂਰੀ ਦਿੱਤੀ ਹੈ। ਇਹ ਸਹੂਲਤ ਪੁਰਸਕਾਰ ਜੇਤੂਆਂ ਦੀਆਂ ਪਤਨੀਆਂ, ਵਿਧਵਾਵਾਂ ਜਾਂ ਦੂਜਾ ਵਿਆਹ ਕਰਵਾਉਣ ਤੱਕ ਅਤੇ ਸ਼ਹੀਦ ਹੋਏ ਅਣਵਿਆਹੇ ਪੁਰਸਕਾਰ ਜੇਤੂਆਂ ਦੇ ਮਾਤਾ-ਪਿਤਾ ਨੂੰ ਵੀ ਦਿੱਤੀ ਗਈ ਹੈ। ਸਰਕਾਰੀ ਮਨਜ਼ੂਰੀ ਨੂੰ ਲਾਗੂ ਕਰਨ ਲਈ ਇੱਕ ਸੁਖਾਲੀ ਅਤੇ ਕਾਗਜ਼-ਰਹਿਤ (ਡਿਜੀਟਲ) ਪ੍ਰਕਿਰਿਆ ਸ਼ੁਰੂ ਕੀਤੀ ਗਈ ਹੈ। ਭਾਰਤੀ ਫੌਜ ਨੇ ਬੁੱਧਵਾਰ ਨੂੰ ਦੱਸਿਆ ਕਿ ਯੋਗ ਲਾਭਪਾਤਰੀ ਇੰਡੀਅਨ ਰੇਲਵੇ ਕੰਸੈਸ਼ਨ ਕਾਰਡ ਪੋਰਟਲ ਰਾਹੀਂ ਆਨਲਾਈਨ ਰਜਿਸਟਰੇਸ਼ਨ ਕਰਵਾ ਸਕਦੇ ਹਨ।

## ਭਾਰਤੀ ਸੈਨਾ ਮੁਖੀ ਰੂਸ ਦੇ ਤਿੰਨ ਦਿਨਾ ਦੌਰੇ 'ਤੇ

**ਨਵੀਂ ਦਿੱਲੀ** : ਭਾਰਤੀ ਥਲ ਸੈਨਾ ਦੇ ਮੁਖੀ ਜਨਰਲ ਧੀਰਜ ਸੇਠ ਤਿੰਨ ਦਿਨਾਂ (16 ਤੋਂ 18 ਸਤੰਬਰ) ਸਰਕਾਰੀ ਦੌਰੇ 'ਤੇ ਰੂਸ ਪਹੁੰਚ ਗਏ ਹਨ। ਆਪਣੇ ਇਸ ਦੌਰੇ ਦੌਰਾਨ ਉਹ ਭਾਰਤੀ ਸੈਨਾ ਕੋਲ ਮੌਜੂਦ ਰੂਸੀ ਮੂਲ ਦੇ ਹਥਿਆਰਾਂ ਤੇ ਸਮਾਨ ਦੇ ਅਪਗਰੇਡੇਸ਼ਨ, ਸਪੇਅਰ ਪਾਰਟਸ ਅਤੇ ਬਾਕੀ ਜ਼ਰੂਰੀ ਸਮੱਗਰੀ ਦੀ ਨਿਰਵਿਘਨ ਸਪਲਾਈ ਵਰਗੇ ਮਹੱਤਵਪੂਰਨ ਮੁੱਦਿਆਂ 'ਤੇ ਉੱਚ ਪੱਧਰੀ ਚਰਚਾ ਕਰਨਗੇ। ਰੱਖਿਆ ਮੰਤਰਾਲੇ ਅਨੁਸਾਰ ਜਨਰਲ ਸੇਠ ਆਪਣੇ ਦੌਰੇ ਦੌਰਾਨ ਰੱਖਿਆ ਉਦਯੋਗ ਅਤੇ ਖਰੀਦ ਮਾਮਲਿਆਂ ਦੇ ਉਪ ਮੰਤਰੀ ਨਾਲ ਮੁਲਾਕਾਤ ਕਰਨਗੇ। ਪਿਛਲੇ ਲੱਗਭੱਗ 8 ਸਾਲਾਂ ਵਿੱਚ ਕਿਸੇ ਭਾਰਤੀ ਸੈਨਾ ਮੁਖੀ ਦਾ ਇਹ ਪਹਿਲਾ ਰੂਸ ਦੌਰਾ ਹੈ।

# ਡਾ. ਗੁਰਪ੍ਰੀਤ ਕੌਰ ਵੱਲੋਂ ਮਜੀਠੀਆ, ਹਰਸਿਮਰਤ ਤੇ ਖਹਿਰਾ ਖ਼ਿਲਾਫ਼ ਮਾਣਹਾਨੀ ਕੇਸ



**ਚੰਡੀਗੜ੍ਹ** : ਮੁੱਖ ਮੰਤਰੀ ਭਗਵੰਤ ਮਾਨ ਦੀ ਪਤਨੀ ਡਾ. ਗੁਰਪ੍ਰੀਤ ਕੌਰ ਨੇ ਆਪਣੇ ਉੱਪਰ ਝੂਠੇ ਦੋਸ਼ ਲਗਾਉਣ ਦੇ ਮਾਮਲੇ ਵਿੱਚ ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ, ਹਰਸਿਮਰਤ ਕੌਰ ਬਾਦਲ ਅਤੇ ਕਾਂਗਰਸੀ ਆਗੂ ਸੁਖਪਾਲ ਸਿੰਘ ਖਹਿਰਾ ਖ਼ਿਲਾਫ਼ ਅਦਾਲਤ ਵਿੱਚ ਅਪਰਾਧਕ ਮਾਣਹਾਨੀ ਦਾ ਕੇਸ ਦਰਜ ਕਰਵਾਇਆ ਹੈ। ਉਨ੍ਹਾ ਚੰਡੀਗੜ੍ਹ ਅਦਾਲਤ ਵਿੱਚ ਭਾਰਤੀ ਨਾਗਰਿਕ ਸੁਰੱਖਿਆ ਸੰਹਿਤਾ (ਬੀ ਐੱਨ ਐੱਸ ਐੱਸ), 2023 ਦੀ ਧਾਰਾ 210 ਅਤੇ 222 ਤਹਿਤ ਸ਼ਿਕਾਇਤ ਦਰਜ ਕਰਵਾਈ ਹੈ, ਜੋ ਕਿ ਭਾਰਤੀ ਨਿਆਂਇਕ ਸੰਹਿਤਾ 2023 ਦੀ ਧਾਰਾ 356 ਅਧੀਨ ਆਉਂਦੇ ਅਪਰਾਧ ਨਾਲ ਸੰਬੰਧਤ ਹੈ। ਆਪਣੀ ਸ਼ਿਕਾਇਤ ਵਿੱਚ ਉਨ੍ਹਾ ਦੱਸਿਆ ਕਿ ਉਹ ਇੱਕ ਯੋਗ ਮੈਡੀਕਲ ਪੇਸ਼ੇਵਰ ਹਨ ਅਤੇ ਸਮਾਜ ਵਿੱਚ ਉਨ੍ਹਾਂ ਦਾ ਇੱਕ ਚੰਗਾ ਰੁਤਬਾ ਤੇ ਵੱਕਾਰ ਹੈ। ਸ਼ਿਕਾਇਤਕਰਤਾ ਅਨੁਸਾਰ ਮੁਲਜ਼ਮਾਂ ਵੱਲੋਂ ਲਗਾਏ ਗਏ ਬੇਬੁਨਿਆਦ ਦੋਸ਼ਾਂ ਨਾਲ ਉਨ੍ਹਾਂ ਦੇ ਚਰਿੱਤਰ ਅਤੇ ਸ਼ੋਹਰਤ ਨੂੰ ਨਾ ਸਿਰਫ਼ ਸਮਾਜਿਕ ਤੌਰ 'ਤੇ ਸਗੋਂ ਵਿਅਕਤੀਗਤ ਤੌਰ 'ਤੇ ਵੀ ਅਜਿਹਾ ਵੱਡਾ ਘਾਟਾ ਪਹੁੰਚਿਆ ਹੈ, ਜਿਸ ਦੀ ਭਰਪਾਈ ਨਹੀਂ ਕੀਤੀ ਜਾ ਸਕਦੀ। ਉਨ੍ਹਾ ਦੱਸਿਆ ਕਿ ਬਿਕਰਮ ਸਿੰਘ ਮਜੀਠੀਆ ਨੇ ਉਨ੍ਹਾਂ ਵਿਰੁੱਧ ਝੂਠੀ ਮੁਹਿੰਮ ਛੇੜੀ ਹੈ। 1 ਸਤੰਬਰ, 2026 ਨੂੰ ਚੰਡੀਗੜ੍ਹ ਵਿੱਚ ਕੀਤੀ ਇੱਕ ਪ੍ਰੈੱਸ ਕਾਨਫਰੰਸ ਦੌਰਾਨ ਮਜੀਠੀਆ ਨੇ ਬੇਬੁਨਿਆਦ ਅਤੇ ਝੂਠੇ ਬਿਆਨ ਦਿੰਦਿਆਂ ਦੋਸ਼ ਲਾਇਆ ਸੀ ਕਿ ਡਾ. ਗੁਰਪ੍ਰੀਤ ਕੌਰ ਨੇ ਆਪਣੇ ਇੱਕ ਰਿਸ਼ਤੇਦਾਰ ਰਾਹੀਂ ਜਬਰ-ਜ਼ਨਾਹ ਵਰਗੇ ਗੰਭੀਰ ਅਪਰਾਧ ਦੇ ਮੁਲਜ਼ਮ ਨੂੰ ਬਚਾਉਣ ਲਈ ਸਰਕਾਰੀ ਤੰਤਰ ਨੂੰ ਪ੍ਰਭਾਵਿਤ ਕਰਨ ਬਦਲੇ ਪੈਸਿਆਂ ਦੀ ਮੰਗ ਕੀਤੀ ਸੀ। ਇਸ ਪ੍ਰੈੱਸ ਕਾਨਫਰੰਸ ਦੌਰਾਨ ਝੂਠੀਆਂ ਆਡੀਓ ਰਿਕਾਰਡਿੰਗਾਂ, ਤਸਵੀਰਾਂ ਅਤੇ ਸੀ.ਸੀ.ਟੀ.ਵੀ. ਫੁਟੇਜ ਦਿਖਾ ਕੇ ਇਹ ਦਾਅਵਾ ਕੀਤਾ ਗਿਆ ਸੀ ਕਿ ਸ਼ਿਕਾਇਤਕਰਤਾ ਦੇ ਨਜ਼ਦੀਕੀ ਪੈਸਿਆਂ ਦੇ ਲੈਣ-ਦੇਣ ਵਿੱਚ ਸ਼ਾਮਲ ਹਨ। ਡਾ. ਗੁਰਪ੍ਰੀਤ

• ਬਾਕੀ ਸਫਾ 2 'ਤੇ

## ਅਰਬ ਸਾਗਰ 'ਚ ਭਾਰਤੀ ਜਹਾਜ਼ ਨਾਲ ਟਕਰਾਇਆ ਪਾਕਿਸਤਾਨੀ ਜੰਗੀ ਜਹਾਜ਼

**ਨਵੀਂ ਦਿੱਲੀ** : ਵਿਦੇਸ਼ ਮੰਤਰਾਲੇ ਨੇ ਬੁੱਧਵਾਰ ਨੂੰ ਨਵੀਂ ਦਿੱਲੀ ਸਥਿਤ ਪਾਕਿਸਤਾਨ ਦੇ ਸੀਨੀਅਰ ਡਿਪਲੋਮੈਟ (ਚਾਰਜ ਡੀ ਅਫੇਅਰਜ਼) ਨੂੰ ਤਲਬ ਕਰ ਕੇ ਸਮੁੰਦਰ ਵਿੱਚ ਪਾਕਿਸਤਾਨੀ ਜਲ ਸੈਨਾ ਦੀਆਂ ਟੁਕੜੀਆਂ ਦੇ ਅਣਉਚਿਤ ਅਤੇ ਗੈਰ-ਪੇਸ਼ੇਵਰ ਰਵੱਈਏ 'ਤੇ ਸਖ਼ਤ ਵਿਰੋਧ ਦਰਜ ਕਰਵਾਇਆ ਹੈ। ਮੰਗਲਵਾਰ ਨੂੰ ਸਮੁੰਦਰ ਵਿੱਚ ਪਾਕਿਸਤਾਨੀ ਜਲ ਸੈਨਾ ਦਾ ਜਹਾਜ਼ ਭਾਰਤੀ ਜਲ ਸੈਨਾ ਦੇ ਇੱਕ ਜੰਗੀ ਜਹਾਜ਼ ਨਾਲ ਟਕਰਾ ਗਿਆ ਸੀ। ਉੱਤਰੀ ਅਰਬ ਸਾਗਰ ਵਿੱਚ ਰੋਜ਼ਾਨਾ ਦੀ ਗਸ਼ਤ ਮਿਸ਼ਨ 'ਤੇ ਤਾਇਨਾਤ ਭਾਰਤੀ ਜਲ ਸੈਨਾ ਦੇ

• ਬਾਕੀ ਸਫਾ 2 'ਤੇ

## ਭਾਜਪਾ ਆਪਣੀ ਸੱਤਾ ਵਾਲੇ ਰਾਜਾਂ ਵਿਚ ਨਸ਼ਾ ਨੈੱਟਵਰਕਾਂ ਵਿਰੁੱਧ ਕਾਰਵਾਈ ਕਰੇ : ਚੀਮਾ




**ਚੰਡੀਗੜ੍ਹ (ਗੁਰਜੀਤ ਬਿੱਲਾ)** : ਆਮ ਆਦਮੀ ਪਾਰਟੀ (ਆਪ) ਨੇ ਭਾਜਪਾ ਦੀ 'ਨਸ਼ਾ ਮੁਕਤ ਪੰਜਾਬ ਯਾਤਰਾ' 'ਤੇ ਪਲਟਵਾਰ ਕੀਤਾ ਹੈ। ਪਾਰਟੀ ਦੇ ਸੀਨੀਅਰ ਆਗੂ ਅਤੇ ਕੈਬਨਿਟ ਮੰਤਰੀ ਹਰਪਾਲ ਸਿੰਘ ਚੀਮਾ ਨੇ ਪੰਜਾਬ ਵਿੱਚ ਸਿਆਸੀ ਮਾਰਚ ਕੱਢਣ ਤੋਂ ਪਹਿਲਾਂ ਭਾਜਪਾ ਨੂੰ ਕੁਝ ਬੁਨਿਆਦੀ ਸਵਾਲਾਂ ਦੇ ਜਵਾਬ ਦੇਣ ਲਈ ਕਿਹਾ ਹੈ। ਉਨ੍ਹਾਂ ਪੁਛਿਆ ਕਿ ਉਹ ਗੁਜਰਾਤ ਅਤੇ ਰਾਜਸਥਾਨ ਨਾਲ ਜੁੜੀਆਂ ਨਸ਼ਿਆਂ ਦੀਆਂ ਖੇਪਾਂ ਨੂੰ ਰੋਕਣ ਵਿੱਚ ਕਿਉਂ ਅਸਫਲ ਰਹੀ ਹੈ ਜਦੋਂ ਕਿ 55 ਕਿਲੋਮੀਟਰ ਦੀ ਅੰਤਰਰਾਸ਼ਟਰੀ ਸਰਹੱਦੀ ਪੱਟੀ ਬੀ ਐਸ ਐਫ ਦੇ ਅਧੀਨ ਆਉਂਦੀ ਹੈ ਤਾਂ ਉਹ ਪੰਜਾਬ ਨੂੰ ਨਿਸ਼ਾਨਾ ਕਿਉਂ ਬਣਾ ਰਹੀ ਹੈ । ਉਹ ਪੰਜਾਬ ਦਾ ਪਾਣੀ ਹਰਿਆਣਾ ਅਤੇ ਰਾਜਸਥਾਨ ਵੱਲ ਕਿਉਂ ਬਹਾਉਣਾ ਚਾਹੁੰਦੀ ਹੈ ? ਮੰਤਰੀ ਨੇ ਕਿਹਾ ਕਿ ਭਾਜਪਾ ਨੂੰ ਪੰਜਾਬ ਨੂੰ ਨਸ਼ਿਆਂ ਦੇ ਮੁੱਦੇ 'ਤੇ ਭਾਸ਼ਣ ਦੇਣ ਦੀ ਕੋਸ਼ਿਸ਼ ਕਰਨ ਤੋਂ ਪਹਿਲਾਂ ਆਪਣੇ ਸ਼ਾਸਨ ਵਾਲੇ ਰਾਜਾਂ ਵਿੱਚ ਨਸ਼ਾ ਤਸਕਰਾਂ ਵਿਰੁੱਧ ਕਾਰਵਾਈ ਕਰਨੀ ਚਾਹੀਦੀ ਹੈ। ਕੇਂਦਰ ਦੀ ਜ਼ਿੰਮੇਵਾਰੀ ਅਧੀਨ ਆਉਂਦੀ ਸਰਹੱਦ ਨੂੰ ਸੁਰੱਖਿਅਤ ਕਰਨਾ ਚਾਹੀਦਾ ਹੈ ਅਤੇ ਪੰਜਾਬ ਦੇ ਹੱਕਾਂ 'ਤੇ ਆਪਣਾ ਰੁਖ਼ ਸਪੱਸ਼ਟ ਕਰਨਾ ਚਾਹੀਦਾ ਹੈ।ਮੰਤਰੀ ਨੇ ਭਗਵੰਤ ਮਾਨ ਸਰਕਾਰ ਦੇ 'ਯੁੱਧ ਨਸ਼ਿਆਂ ਵਿਰੁੱਧ' ਅਭਿਆਨ, ਐਂਟੀ-ਡਰੋਨ ਪ੍ਰਣਾਲੀਆਂ ਦੀ ਤਾਇਨਾਤੀ ਅਤੇ ਸੂਬੇ ਤੋਂ ਬਾਹਰ ਵੀ ਤਸਕਰਾਂ ਵਿਰੁੱਧ ਪੰਜਾਬ ਪੁਲਿਸ ਵੱਲੋਂ ਕੀਤੀ ਗਈ ਕਾਰਵਾਈ ਦਾ ਜ਼ਿਕਰ ਕੀਤਾ। ਉਨ੍ਹਾਂ ਨੇ ਭਾਜਪਾ ਨੂੰ ਚੁਣੌਤੀ ਦਿੱਤੀ ਕਿ ਉਹ ਪੰਜਾਬ ਵਿੱਚ ਨਸ਼ਿਆਂ ਵਿਰੁੱਧ ਮਾਰਚ ਕੱਢਣ ਤੋਂ ਪਹਿਲਾਂ ਆਪਣੇ ਰਾਜਾਂ ਵਿੱਚ ਨਸ਼ਾ ਨੈੱਟਵਰਕਾਂ ਵਿਰੁੱਧ ਕਾਰਵਾਈ ਕਰੇ ਅਤੇ ਸੁਰੱਖਿਆ ਨੂੰ ਮਜ਼ਬੂਤ ਕਰੇ।'ਆਪ' ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਅਤੇ ਖਰੜ ਹਲਕਾ ਇੰਚਾਰਜ ਪਰਮਿੰਦਰ ਗੋਲਡੀ ਨਾਲ ਪ੍ਰੈੱਸ ਕਾਨਫਰੰਸ ਨੂੰ ਸੰਬੋਧਨ ਕਰਦਿਆਂ ਚੀਮਾ ਨੇ ਕਿਹਾ ਕਿ 2007 ਤੋਂ 2017 ਦਰਮਿਆਨ, ਜਦੋਂ ਪੰਜਾਬ ਵਿੱਚ ਅਕਾਲੀ-ਭਾਜਪਾ ਸਰਕਾਰ ਸੀ, ਉਦੋਂ ਸੂਬੇ ਵਿੱਚ ਨਸ਼ੇ ਦੀ ਸਮੱਸਿਆ ਦਾ ਵੱਡੇ ਪੱਧਰ 'ਤੇ ਪਾਸਾਰ ਹੋਇਆ । ਉਸ ਦੌਰ ਵਿੱਚ ਚਿੱਟਾ ਸ਼ਬਦ ਸਾਹਮਣੇ ਆਇਆ ਅਤੇ ਪੰਜਾਬ ਭਰ ਵਿੱਚ ਸ਼ਰੇਆਮ ਨਸ਼ਾ ਵੰਡਿਆ ਜਾ ਰਿਹਾ ਸੀ। ਨਸ਼ਾ ਤਸਕਰੀ ਲਈ ਸਰਕਾਰੀ

• ਬਾਕੀ ਸਫਾ 2 'ਤੇ

## ਮਾਓਵਾਦੀ ਹਮਲੇ ਦੇ ਸਾਰੇ 10 ਦੋਸ਼ੀਆਂ ਨੂੰ ਮੌਤ ਦੀ ਸਜ਼ਾ ਸੁਣਾਈ

**ਜਗਦਲਪੁਰ (ਛਤੀਸਗੜ੍ਹ)** : ਝਿਰਗਮ ਘਾਟੀ ਹਮਲੇ ਦੇ ਸਾਰੇ 10 ਦੋਸ਼ੀਆਂ ਨੂੰ ਬੁੱਧਵਾਰ ਨੂੰ ਛੱਤੀਸਗੜ੍ਹ ਦੇ ਬਸਤਰ ਜ਼ਿਲ੍ਹੇ ਦੀ ਇੱਕ ਵਿਸ਼ੇਸ਼ ਅਦਾਲਤ ਨੇ ਮੌਤ ਦੀ ਸਜ਼ਾ ਸੁਣਾਈ ਹੈ। ਇਸ ਹਮਲੇ ਵਿੱਚ ਕਾਂਗਰਸ ਦੇ ਚੋਟੀ ਦੇ ਨੇਤਾਵਾਂ ਸਮੇਤ 29 ਲੋਕਾਂ ਦੀ ਮੌਤ ਹੋ ਗਈ ਸੀ। ਵਿਸ਼ੇਸ਼ ਜੱਜ ਨੇ 5 ਸਤੰਬਰ ਨੂੰ ਦੋ ਔਰਤਾਂ ਸਮੇਤ 10 ਦੋਸ਼ੀਆਂ ਨੂੰ ਦੋਸ਼ੀ ਠਹਿਰਾਇਆ ਸੀ। ਦੋਸ਼ੀਆਂ ਵਿਚ ਪ੍ਰਮਿਲਾ ਮੋਦੀਯਮ, ਚੈਤੂ ਲੇਕਮ, ਸੁਮਿਤਰਾ ਪੁਨੇਮ ਮੋਦੀਯਮ, ਮੁੱਕਾ ਮੰਡਵੀ, ਕੋਸਾ ਕਾਵਾਸੀ, ਆਇਤਾ ਮਾਰਕਮ, ਮਡਕਾਮੀ ਦੇਵਾ, ਜੋਗਾ ਮਡਕਾਮੀ, ਬੰਜਾਮੀ ਸੰਨਾ ਅਤੇ ਮਹਾਦੇਵ ਨਾਗ ਸ਼ਾਮਿਲ ਹਨ। ਦੋਸ਼ੀ ਕੋਸਾ ਕਾਵਾਸੀ ਦੇ ਭਰਾ ਗੁੱਡੂ ਕਾਵਾਸੀ ਨੇ ਦਾਅਵਾ ਕੀਤਾ ਹੈ ਕਿ ਉਸ ਦੇ ਭਰਾ ਅਤੇ ਮੁੱਕਾ ਮੰਡਵੀ ਨੂੰ ਇਸ ਮਾਮਲੇ ਵਿੱਚ ਝੂਠਾ ਫਸਾਇਆ ਗਿਆ ਸੀ। ਉਸ ਨੇ ਦਾਅਵਾ ਕੀਤਾ ਕਿ ਜਦੋਂ ਹਮਲਾ ਹੋਇਆ ਤਾਂ ਕੋਸਾ ਕਾਵਾਸੀ ਇੱਕ ਪਰਿਵਾਰਕ ਵਿਆਹ ਦੀਆਂ ਤਿਆਰੀਆਂ ਵਿੱਚ ਸ਼ਾਮਲ • ਬਾਕੀ ਸਫਾ 2 'ਤੇ

## ਪੁਲਸ ਹਿਰਾਸਤ ਵਿਚ ਨੌਜਵਾਨ ਦੀ ਮੌਤ

**ਬਠਿੰਡਾ (ਪਰਵਿੰਦਰ ਜੀਤ ਸਿੰਘ)** : ਇਥੋਂ ਨੇੜੇ ਪਿੰਡ ਜੈ ਸਿੰਘ ਵਾਲਾ ਵਿੱਚ ਚੋਰੀ ਦੇ ਦੋਸ਼ ਵਿੱਚ ਸੰਗਤ ਪੁਲਸ ਸਟੇਸ਼ਨ ਵੱਲੋਂ ਗ੍ਰਿਫ਼ਤਾਰ ਕੀਤਾ ਗਿਆ 26 ਸਾਲਾ ਦਲੇਰ ਸਿੰਘ ਮੰਗਲਵਾਰ ਸ਼ਾਮ ਨੂੰ ਪੁਲਸ ਰਿਮਾਂਡ ਦੌਰਾਨ ਅਚਾਨਕ ਬਿਮਾਰ ਹੋ ਗਿਆ। ਸਟੇਸ਼ਨ ਤੋਂ ਪੁਲਿਸ ਉਸ ਨੂੰ ਨਜ਼ਦੀਕੀ ਸਰਕਾਰੀ ਹਸਪਤਾਲ ਸੰਗਤ ਲੈ ਗਈ, ਜਿੱਥੇ ਸਟਾਫ ਨੇ ਉਸ ਨੂੰ ਸਿਵਲ ਹਸਪਤਾਲ ਰੈਫਰ ਕਰ ਦਿੱਤਾ। ਜਦੋਂ ਪੁਲਸ ਨੌਜਵਾਨ ਨੂੰ ਲੈ ਕੇ ਸਿਵਲ ਹਸਪਤਾਲ ਪਹੁੰਚੀ ਤਾਂ ਡਾਕਟਰਾਂ ਨੇ ਉਸ ਨੂੰ ਮ੍ਰਿਤਕ ਐਲਾਨ ਦਿੱਤਾ। ਮ੍ਰਿਤਕ ਦੇ ਪਿਤਾ ਬਖਸ਼ੀਸ਼ ਸਿੰਘ ਨੇ ਦੋਸ਼ ਲਗਾਇਆ ਕਿ ਪੁਲਸ ਨੇ ਰਿਮਾਂਡ ਦੌਰਾਨ ਉਸ ਦੇ ਪੁੱਤਰ ਨੂੰ ਕੁੱਟ-ਕੁੱਟ ਕੇ ਮਾਰ ਦਿੱਤਾ। ਡੀ ਐਸ ਪੀ ਦਿਹਾਤੀ ਹਰਵਿੰਦਰ ਸਿੰਘ ਨੇ ਕਿਹਾ ਕਿ ਪਰਿਵਾਰ ਵੱਲੋਂ ਪੁਲਸ 'ਤੇ ਲਗਾਏ ਜਾ ਰਹੇ ਦੋਸ਼ ਬੇਬੁਨਿਆਦ ਹਨ ਅਤੇ ਮੌਤ ਦਾ ਅਸਲ ਕਾਰਨ ਪੋਸਟਮਾਰਟਮ ਰਿਪੋਰਟ ਤੋਂ ਪਤਾ ਲੱਗੇਗਾ

## ਬੇਅਦਬੀ ਵਿਰੁੱਧ ਐਕਟ ਲਈ 7 ਮੈਂਬਰੀ ਤਾਲਮੇਲ ਕਮੇਟੀ ਦਾ ਗਠਨ

**ਚੰਡੀਗੜ੍ਹ**: ਪੰਜਾਬ ਸਰਕਾਰ ਨੇ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਆਦੇਸ਼ਾਂ ਦੀ ਪਾਲਣਾ ਹਿਤ 'ਜਾਗਤ ਜੋਤ ਸ੍ਰੀ ਗੁਰੂ ਗ੍ਰੰਥ ਸਾਹਿਬ ਸਤਿਕਾਰ (ਸੋਧ) ਐਕਟ 2026' ਸਬੰਧੀ ਤਾਲਮੇਲ ਵਾਸਤੇ ਬੁੱਧਵਾਰ ਨੂੰ ਸੱਤ ਮੈਂਬਰੀ ਕਮੇਟੀ ਦਾ ਗਠਨ ਕਰ ਦਿੱਤਾ ਹੈ। ਇਹ ਕਮੇਟੀ ਬੇਅਦਬੀ ਵਿਰੁੱਧ (ਸੋਧ) ਐਕਟ ਦੇ ਮਾਮਲਿਆਂ ਸਬੰਧੀ ਸ੍ਰੀ ਅਕਾਲ ਤਖ਼ਤ ਸਾਹਿਬ ਵੱਲੋਂ ਗਠਿਤ ਕਮੇਟੀ ਨਾਲ ਤਾਲਮੇਲ ਕਰੇਗੀ। ਪੰਜਾਬ ਦੇ ਗ੍ਰਹਿ ਵਿਭਾਗ ਦੇ ਵਧੀਕ ਮੁੱਖ ਸਕੱਤਰ ਆਲੋਕ ਸ਼ੇਖਰ ਵੱਲੋਂ ਇਸ ਕਮੇਟੀ ਦੇ ਗਠਨ ਬਾਰੇ ਹੁਕਮ ਜਾਰੀ ਕੀਤੇ ਗਏ ਹਨ। ਇਸ ਕਮੇਟੀ 'ਚ ਸ੍ਰੀ ਅਕਾਲ ਤਖ਼ਤ ਸਾਹਿਬ ਦੇ ਸਾਬਕਾ ਜਥੇਦਾਰ ਗਿਆਨੀ ਰਘਬੀਰ ਸਿੰਘ, ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖ਼ਾਲਸਾ, ਸੰਤ ਬਾਬਾ ਸੇਵਾ ਸਿੰਘ ਰਾਮਪੁਰ ਖੇੜਾ, ਸਾਬਕਾ ਜਸਟਿਸ ਜਸਪਾਲ ਸਿੰਘ, ਸਾਬਕਾ ਜਸਟਿਸ ਗੁਰਬੀਰ ਸਿੰਘ, ਸਾਬਕਾ ਆਈ ਪੀ ਐੱਸ ਅਧਿਕਾਰੀ ਜਤਿੰਦਰ ਸਿੰਘ ਔਲਖ ਅਤੇ ਕਾਨੂੰਨ ਅਧਿਕਾਰੀ ਪ੍ਰੀਤ ਇੰਦਰ ਪੌਲ ਸਿੰਘ ਨੂੰ ਸ਼ਾਮਲ ਕੀਤਾ ਗਿਆ ਹੈ।

## ਅੱਜ-ਨਾਮਾ

ਚੰਡੀਗੜ੍ਹ ਤੋਂ ਨਿਕਲੀ ਇੱਕ ਨਵੀਂ ਚਿੱਠੀ,
ਆਈ ਚਰਚਾ ਦੇ ਵਿੱਚ ਫਿਰ ਝੱਟ ਬੇਲੀ।
ਪੋਸਟਾਂ ਭਰਨਗੇ ਸਿਹਤ ਵਿਭਾਗ ਅੰਦਰ,
ਪੰਜਾਬੀ ਕੋਟੇ ਨੂੰ ਲੱਗਾ ਫਿਰ ਕੱਟ ਬੇਲੀ।
ਕਸਰ ਅੱਗੇ ਵੀ ਛੱਡੀ ਨਹੀਂ ਕਿਸੇ ਥੋੜ੍ਹੀ,
ਮਾਰਦੇ ਰਹਿੰਦੇ ਸਭ ਸੱਟ 'ਤੇ ਸੱਟ ਬੇਲੀ।
ਤਾਜ਼ੀ ਸੱਟ ਸਿਰਫ ਸੱਟ ਨਾ ਜਾਊ ਮੰਨੀ,
ਕਰੂ ਇਹ ਤਾਜ਼ੇ ਪੁਰਾਣੇ ਵੀ ਫੱਟ ਬੇਲੀ।
ਲੱਗਦੀ ਧਾੜ ਹੈ ਕੋਈ ਇਸ ਕੰਮ ਰੁੱਝੀ,
ਜਦ ਵੀ ਮਿਲੇ ਮੌਕਾ, ਲਾਵੇ ਢਾਹ ਬੇਲੀ।
ਜ਼ਖਮਾਂ ਉੱਤੇ ਆ ਧੂੜਦੀ ਲੂਣ ਰਹਿੰਦੀ,
ਔਖਾ ਕਰੂ ਉਹ ਮੁਲਕ ਦਾ ਰਾਹ ਬੇਲੀ।

-ਤੀਸ ਮਾਰ ਖਾਂ

# ਮੂੜੀ ਦਾ ਸੁਫਨਾ ਟੁੱਟਿਆ, ਪਰ ਗਾਇਬ ਨਹੀਂ ਹੋਇਆ...




**ਕੋਲਕਾਤਾ (ਨ ਜ਼ ਸ)** : 16 ਸਾਲ ਦੀ ਉਮਰ ਵਿੱਚ ਭਾਰਤੀ ਮੂੜੀ ਦਾ ਫੁੱਟਬਾਲਰ ਬਣਨ ਦਾ ਸੁਫਨਾ ਅਚਾਨਕ ਟੁੱਟ ਗਿਆ, ਜਦੋਂ ਉਸ ਦਾ ਵਿਆਹ ਕਰਵਾ ਦਿੱਤਾ ਗਿਆ। ਗਰੀਬੀ, ਸੀਮਤ ਮੌਕੇ ਅਤੇ ਸਮਾਜੀ ਉਮੀਦਾਂ ਨੇ ਉਸ ਨੂੰ ਵਰ੍ਹਿਆਂ ਤੱਕ ਫੁੱਟਬਾਲ ਦੇ ਮੈਦਾਨ ਤੋਂ ਦੂਰ ਰੱਖਿਆ।

ਪਰ ਸੁਪਨਾ ਕਦੇ ਵੀ ਅਸਲ ਵਿੱਚ ਗਾਇਬ ਨਹੀਂ ਹੋਇਆ। 2009 ਵਿੱਚ ਇਹ ਉਸ ਦੀ ਧੀ ਤਾਨੀਆ ਰਾਹੀਂ ਵਾਪਸ ਆਇਆ ਅਤੇ ਹੌਲੀ-ਹੌਲੀ ਇੱਕ ਜ਼ਮੀਨੀ ਪੱਧਰ ਦੀ ਲਹਿਰ ਵਿੱਚ ਵਧਿਆ, ਜਿਸ ਨੇ ਪੱਛਮੀ ਬੰਗਾਲ ਦੇ ਪੇਂਡੂ ਇਲਾਕਿਆਂ ਵਿੱਚ ਕਈ ਆਦਿਵਾਸੀ ਕੁੜੀਆਂ ਨੂੰ ਫੁੱਟਬਾਲ ਖੇਡਣ ਦਾ ਮੌਕਾ ਦਿੱਤਾ ਹੈ।

ਬਾਂਕੁਰਾ ਦੇ ਚਟਨਾ ਦੇ ਡਮਡੁਮੀ ਪਿੰਡ ਦੀ ਰਹਿਣ ਵਾਲੀ ਮੂੜੀ 2009 ਤੋਂ ਗਰੀਬ ਆਦਿਵਾਸੀ ਕੁੜੀਆਂ ਨੂੰ ਮੁਫਤ ਸਿਖਲਾਈ ਦੇ ਰਹੀ ਹੈ। ਉਹ ਉਨ੍ਹਾਂ ਨੂੰ ਬਕਾਇਦਾ ਕੋਚਿੰਗ ਦਿੰਦੀ ਹੈ। ਉਹ ਅਕਸਰ ਰਵਾਇਤੀ ਸਾੜ੍ਹੀ ਵਿੱਚ ਹੁੰਦੀ ਹੈ, ਪਰ ਆਪਣੇ ਖਿਡਾਰੀਆਂ ਲਈ ਨਿੱਜੀ ਤੌਰ 'ਤੇ ਫੁੱਟਬਾਲ, ਬੂਟ ਅਤੇ ਹੋਰ ਉਪਕਰਣ ਖਰੀਦਦੀ ਹੈ।

ਉਸ ਦਾ ਸਫਰ ਉਦੋਂ ਸ਼ੁਰੂ ਹੋਇਆ, ਜਦੋਂ ਤਾਨੀਆ ਨੇ ਇੱਕ ਪ੍ਰਦਰਸ਼ਨੀ ਫੁੱਟਬਾਲ ਮੈਚ ਲਈ ਇੱਕ ਅਖਬਾਰ ਦਾ ਇਸ਼ਤਿਹਾਰ ਦੇਖਿਆ ਅਤੇ ਆਪਣੀ ਮਾਂ ਨੂੰ ਦੱਸਿਆ ਕਿ ਉਹ ਖੇਡਣਾ ਚਾਹੁੰਦੀ ਹੈ। ਮੂੜੀ ਨੇ ਸ਼ੁਰੂ ਵਿੱਚ ਸਮਝਾਇਆ ਕਿ ਫੁੱਟਬਾਲ ਇਕੱਲੇ ਨਹੀਂ ਖੇਡਿਆ ਜਾ ਸਕਦਾ ਅਤੇ ਇੱਕ ਟੀਮ ਲਈ ਘੱਟੋ-ਘੱਟ 20 ਤੋਂ 22 ਕੁੜੀਆਂ ਦੀ ਲੋੜ ਹੋਵੇਗੀ। ਤਾਨੀਆ ਨੇ ਇਸ ਨੂੰ ਇੱਕ ਚੁਣੌਤੀ ਵਜੋਂ ਲਿਆ। ਆਪਣੇ ਸਕੂਲ ਦੇ ਦੁਪਹਿਰ ਦੇ ਖਾਣੇ ਦੀ ਛੁੱਟੀ ਦੌਰਾਨ ਉਸ ਨੇ ਆਪਣੀਆਂ ਸਹੇਲੀਆਂ ਨੂੰ ਇਕੱਠਾ ਕੀਤਾ ਅਤੇ ਉਨ੍ਹਾਂ ਨੂੰ ਆਪਣੀ ਮਾਂ ਨੂੰ ਮਿਲਣ ਲਈ ਘਰ ਲੈ ਆਈ। ਉਹ ਨਿੱਕਾ ਜਿਹਾ ਗਰੁੱਪ ਮੂੜੀ ਦੇ ਕੋਚਿੰਗ ਸਫਰ ਦੀ ਸ਼ੁਰੂਆਤ ਬਣ ਗਿਆ। ਮੂੜੀ ਨੇ ਇੱਕ ਟੀ ਵੀ ਚੈਨਲ ਨੂੰ ਦੱਸਿਆ, 'ਹਾਲਾਂਕਿ ਮੈਂ ਬਚਪਨ ਵਿੱਚ ਫੁੱਟਬਾਲ ਖੇਡਣ ਦਾ ਸੁਪਨਾ ਦੇਖਦੀ ਸੀ, ਪਰ ਮੇਰਾ ਵਿਆਹ 16 ਸਾਲ ਦੀ ਉਮਰ ਵਿੱਚ ਕਰ ਦਿੱਤਾ ਗਿਆ। ਉਸ ਤੋਂ ਬਾਅਦ ਮੈਂ ਕਦੇ ਫੁੱਟਬਾਲ ਨਹੀਂ ਖੇਡਿਆ। ਇੱਕ ਦਿਨ, ਮੇਰੀ ਇੱਕ ਧੀ ਤਾਨੀਆ ਨੇ ਇੱਕ ਅਖਬਾਰ ਵਿੱਚ ਇਸ਼ਤਿਹਾਰ ਦੇਖਿਆ ਅਤੇ ਫੁੱਟਬਾਲ ਖੇਡਣ 'ਤੇ ਜ਼ੋਰ ਦਿੱਤਾ। ਉਸ ਦੀ ਇੱਛਾ ਪੂਰੀ ਕਰਨ ਲਈ ਮੈਂ 2009 ਵਿੱਚ ਮੈਦਾਨ ਵਿੱਚ ਵਾਪਸ ਆ ਗਈ।'

ਮੂੜੀ ਨੇ ਕਦੇ ਵੀ ਰਸਮੀ ਫੁੱਟਬਾਲ ਸਿਖਲਾਈ ਪ੍ਰਾਪਤ ਨਹੀਂ ਕੀਤੀ। ਹਾਲਾਂਕਿ, ਉਸ ਨੇ ਆਪਣੇ ਵਿਆਹ ਤੋਂ ਪਹਿਲਾਂ ਮੁੰਡਿਆਂ ਨਾਲ ਫੁੱਟਬਾਲ ਖੇਡਿਆ ਸੀ ਅਤੇ ਕੁੜੀਆਂ ਨੂੰ ਸਿਖਲਾਈ ਦੇਣ ਲਈ ਉਸ ਤਜਰਬੇ ਅਤੇ ਖੇਡ ਦੀ ਆਪਣੀ ਸਮਝ ਨੂੰ ਵਰਤਿਆ। ਮੂੜੀ ਨੇ ਕਿਹਾ, 'ਮੈਂ ਉਦੋਂ ਕਦੇ ਸੋਚਿਆ ਵੀ ਨਹੀਂ ਸੀ ਕਿ ਮੇਰੀ ਨਿੱਕੀ ਜਿਹੀ ਹਿੰਮਤ ਅਤੇ ਸਮਰਥਨ ਏਨੀਆਂ ਕੁੜੀਆਂ ਨੂੰ ਫੁੱਟਬਾਲ ਅਪਣਾਉਣ ਲਈ ਪ੍ਰੇਰਤ ਕਰੇਗਾ।' ਮੁੱਠੀ-ਭਰ ਕੁੜੀਆਂ ਨਾਲ ਸ਼ੁਰੂ ਹੋਈ ਇਹ ਗੱਲ ਹੁਣ ਇੱਕ ਨਿਯਮਤ ਸਿਖਲਾਈ ਕੇਂਦਰ ਵਿੱਚ ਬਦਲ ਗਈ ਹੈ, ਜਿੱਥੇ ਇਸ ਸਮੇਂ ਲਗਭਗ 25 ਕਬਾਇਲੀ ਕੁੜੀਆਂ ਉਸ ਦੀ ਅਗਵਾਈ ਹੇਠ ਅਭਿਆਸ ਕਰਦੀਆਂ ਹਨ। ਉਸ ਤੋਂ ਸਿਖਲਾਈ ਪ੍ਰਾਪਤ 18 ਖਿਡਾਰਨਾਂ ਰਾਜ ਪੱਧਰ 'ਤੇ ਪੱਛਮੀ ਬੰਗਾਲ ਦੀ ਨੁਮਾਇੰਦਗੀ ਕਰ ਚੁੱਕੀਆਂ ਹਨ। ਕੁਝ ਨੇ ਗੋਆ, ਚੰਡੀਗੜ੍ਹ, ਭੋਪਾਲ ਅਤੇ ਦੇਸ਼ ਦੇ ਹੋਰ ਹਿੱਸਿਆਂ ਵਿੱਚ ਰਾਸ਼ਟਰੀ ਪੱਧਰ ਦੇ ਟੂਰਨਾਮੈਂਟਾਂ ਵਿੱਚ ਵੀ ਹਿੱਸਾ ਲਿਆ ਹੈ। ਕੁਝ ਨੇ ਖੇਡ ਕੋਟੇ ਰਾਹੀਂ ਸਰਕਾਰੀ ਨੌਕਰੀਆਂ ਪ੍ਰਾਪਤ ਕੀਤੀਆਂ ਹਨ, ਜਿਸ ਨਾਲ ਉਨ੍ਹਾਂ ਨੂੰ ਉਹ ਮੌਕੇ ਪ੍ਰਦਾਨ ਹੋਏ ਹਨ, ਜੋ ਸ਼ਾਇਦ ਪਹੁੰਚ ਤੋਂ ਬਾਹਰ ਰਹਿ ਜਾਂਦੇ। ਮੂੜੀ ਦੀ ਆਪਣੀ ਧੀ ਤਾਨੀਆ ਅੱਗੇ ਜਾ ਕੇ ਫੁੱਟਬਾਲ ਰੈਫਰੀ ਬਣ ਗਈ।

## ਚੰਡੀਗੜ੍ਹ ਹੈਲਥ ਸਰਵਿਸ ਰੂਲਜ਼ ਪੰਜਾਬ ਵਿਰੋਧੀ : ਬਲਤੇਜ ਪੰਨੂ



**ਚੰਡੀਗੜ੍ਹ (ਗੁਰਜੀਤ ਬਿੱਲਾ)** : ਆਮ ਆਦਮੀ ਪਾਰਟੀ ਪੰਜਾਬ ਦੇ ਮੀਡੀਆ ਇੰਚਾਰਜ ਬਲਤੇਜ ਪੰਨੂ ਨੇ ਚੰਡੀਗੜ੍ਹ ਹੈਲਥ ਸਰਵਿਸ ਰੂਲਜ਼ 2026 ਦੇ ਖਰੜੇ 'ਤੇ ਸਖ਼ਤ ਵਿਰੋਧ ਪ੍ਰਗਟਾਉਂਦਿਆਂ ਕਿਹਾ ਕਿ ਪ੍ਰਸਤਾਵਿਤ ਬਦਲਾਅ ਚੰਡੀਗੜ੍ਹ ਦੀਆਂ ਮੈਡੀਕਲ ਸੇਵਾਵਾਂ ਵਿੱਚ ਪੰਜਾਬ ਦੇ ਤੈਅਸ਼ੁਦਾ ਹਿੱਸੇ ਨੂੰ ਘਟਾਉਣਗੇ ਅਤੇ ਪੰਜਾਬ ਤੇ ਹਰਿਆਣਾ ਵਿਚਾਲੇ ਹੋਏ ਸਮਝੌਤੇ ਦੀ ਉਲੰਘਣਾ ਕਰਨਗੇ। ਪੰਨੂ ਨੇ ਕਿਹਾ ਕਿ ਪਹਿਲਾਂ 60:40 ਦਾ ਪ੍ਰਬੰਧ ਸੀ, ਜਿਸ ਵਿੱਚ 60 ਫੀਸਦੀ ਪੰਜਾਬ ਲਈ ਅਤੇ 40 ਫੀਸਦੀ ਹਰਿਆਣਾ ਲਈ ਸੀ। ਹੁਣ ਪ੍ਰਸਤਾਵਿਤ ਬਦਲਾਵਾਂ ਤਹਿਤ 40 ਫੀਸਦੀ ਮੈਡੀਕਲ ਅਫ਼ਸਰ ਸਿੱਧੇ ਯੂ ਟੀ ਕਾਡਰ ਅਧੀਨ ਭਰਤੀ ਕੀਤੇ ਜਾਣਗੇ, ਜਦ ਕਿ ਬਾਕੀ 60 ਫੀਸਦੀ ਦੋਵਾਂ ਰਾਜਾਂ ਵਿਚਕਾਰ ਵੰਡਿਆ ਜਾਵੇਗਾ। ਇਸ ਦੇ ਨਤੀਜੇ ਵਜੋਂ, ਪੰਜਾਬ ਦਾ ਹਿੱਸਾ ਘਟ ਕੇ ਸਿਰਫ਼ 36 ਫੀਸਦੀ ਦੇ ਕਰੀਬ ਰਹਿ ਜਾਵੇਗਾ।ਉਨ੍ਹਾ ਕਿਹਾ ਕਿ ਇਹ ਸਿਰਫ਼ ਭਰਤੀ ਨਿਯਮਾਂ ਵਿੱਚ ਬਦਲਾਅ ਨਹੀਂ ਹੈ, ਇਹ ਸਿੱਧੇ ਤੌਰ 'ਤੇ ਚੰਡੀਗੜ੍ਹ ਵਿੱਚ ਪੰਜਾਬ ਦੇ ਹੱਕਾਂ ਨਾਲ ਜੁੜਿਆ ਮੁੱਦਾ ਹੈ। ਚੰਡੀਗੜ੍ਹ ਪੰਜਾਬ ਦੀ ਰਾਜਧਾਨੀ ਹੈ ਅਤੇ ਚੰਡੀਗੜ੍ਹ ਪੰਜਾਬ ਦੇ ਪਿੰਡਾਂ ਨੂੰ ਉਜਾੜ ਕੇ ਬਣਾਇਆ ਗਿਆ ਸੀ। ਉਨ੍ਹਾ ਕਿਹਾ ਕਿ ਭਾਜਪਾ ਵਾਰ-ਵਾਰ ਕਹਿੰਦੀ ਹੈ ਕਿ ਉਹ ਪੰਜਾਬ ਵਿੱਚ ਸਰਕਾਰ ਬਣਾਉਣਾ ਚਾਹੁੰਦੀ ਹੈ ਅਤੇ ਇੱਥੇ ਚੋਣਾਂ ਲੜਨਾ ਚਾਹੁੰਦੀ ਹੈ, ਪਰ ਦੂਜੇ ਪਾਸੇ ਪੰਜਾਬ ਦੇ ਹੱਕ ਇੱਕ-ਇੱਕ ਕਰਕੇ ਖੋਹੇ ਜਾ ਰਹੇ ਹਨ। ਜੇਕਰ ਭਾਜਪਾ ਸੱਚਮੁੱਚ ਪੰਜਾਬ ਦੀ ਸੇਵਾ ਕਰਨਾ ਚਾਹੁੰਦੀ ਹੈ, ਤਾਂ ਚੰਡੀਗੜ੍ਹ ਵਿੱਚ ਪੰਜਾਬ ਦਾ ਤੈਅਸ਼ੁਦਾ ਹਿੱਸਾ ਕਿਉਂ ਘਟਾਇਆ ਜਾ ਰਿਹਾ ਹੈ

## ਅਕਾਲੀ ਦਲ ਬਾਦਲ ਦੀਆਂ ਰੈਲੀਆਂ ਨੇ ਵਿਰੋਧੀਆਂ ਦੀ ਨੀਂਦ ਉਡਾਈ : ਖਣਮੁੱਖ ਭਾਰਤੀ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ) :** ਸ਼੍ਰੋਮਣੀ ਅਕਾਲੀ ਦਲ ਬਾਦਲ ਵੱਲੋਂ ਪੰਜਾਬ ਵਿੱਚ ਕੀਤੀਆਂ ਜਾ ਰਹੀਆਂ ਰੈਲੀਆਂ ਨੂੰ ਮਿਲ ਰਹੇ ਭਰਵੇਂ ਹੁੰਗਾਰੇ ਨੇ ਪਾਰਟੀ ਵਰਕਰਾਂ ਵਿੱਚ ਨਵਾਂ



ਜੋਸ਼ ਭਰ ਦਿੱਤਾ ਹੈ।ਇਹ ਪ੍ਰਗਟਾਵਾ ਸੀਨੀਅਰ ਅਕਾਲੀ ਆਗੂ ਖਣਮੁੱਖ ਭਾਰਤੀ ਪੱਤੋਂ ਨੇ ਕਰਦਿਆਂ ਕਿਹਾ ਕਿ ਅਕਾਲੀ ਦਲ ਦੀਆਂ ਰੈਲੀਆਂ ਵਿੱਚ ਲੋਕਾਂ ਦੀ ਵੱਡੀ ਸ਼ਮੂਲੀਅਤ ਨੂੰ ਦੇਖ ਕੇ ਵਿਰੋਧੀ ਪਾਰਟੀਆਂ ਦੀ ਨੀਂਦ ਉੱਡ ਗਈ ਹੈ।ਉਨ੍ਹਾਂ ਕਿਹਾ ਕਿ ਪੰਜਾਬ ਦੇ ਲੋਕ ਮੌਜੂਦਾ ਸਰਕਾਰਾਂ ਦੀ ਕਾਰਗੁਜ਼ਾਰੀ ਨੂੰ ਦੇਖ ਰਹੇ ਹਨ ਤੇ ਅਕਾਲੀ ਦਲ ਨੂੰ ਮਿਲ ਰਿਹਾ ਲੋਕਾਂ ਦਾ ਸਮਰਥਨ ਪਾਰਟੀ ਪ੍ਰਤੀ ਲੋਕਾਂ ਦੇ ਵਿਸ਼ਵਾਸ ਦਾ ਪ੍ਰਗਟਾਵਾ ਹੈ। ਉਨ੍ਹਾਂ ਕਿਹਾ ਕਿ ਅਕਾਲੀ ਦਲ ਹਮੇਸ਼ਾ ਪੰਜਾਬ ਦੇ ਹੱਕਾਂ ਤੇ ਪੰਜਾਬੀਆਂ ਦੀਆਂ ਸਮੱਸਿਆਵਾਂ ਲਈ ਆਵਾਜ਼ ਬੁਲੰਦ ਕਰਦਾ ਆਇਆ ਹੈ।ਖਣਮੁੱਖ ਪੱਤੋਂ ਨੇ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਪਾਰਟੀ ਨੂੰ ਹੋਰ ਮਜ਼ਬੂਤ ਕਰਨ ਲਈ ਅਕਾਲੀ ਵਰਕਰ ਪੂਰੀ ਇਕਜੁੱਟਤਾ ਨਾਲ ਕੰਮ ਕਰਨਗੇ।ਉਨ੍ਹਾਂ ਦਾਅਵਾ ਕੀਤਾ ਕਿ ਲੋਕਾਂ ਦੇ ਮਿਲ ਰਹੇ ਸਮਰਥਨ ਸਦਕਾ ਆਉਣ ਵਾਲੀਆਂ ਚੋਣਾਂ ਵਿੱਚ ਅਕਾਲੀ ਦਲ ਮਜ਼ਬੂਤ ਸਿਆਸੀ ਤਾਕਤ ਵਜੋਂ ਉਭਰੇਗਾ।

## ਮਾਛੀਵਾੜਾ ਸਾਹਿਬ 'ਚ 19 ਨੂੰ ਪੁੱਜੇਗੀ ਭਾਜਪਾ ਦੀ 'ਨਸ਼ਾ ਮੁਕਤ ਪੰਜਾਬ ਯਾਤਰਾ' : ਨਿਸ਼ੂ ਸ਼ਰਮਾ

**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਭਾਰਤੀ ਜਨਤਾ ਪਾਰਟੀ ਵੱਲੋਂ 18 ਸਤੰਬਰ ਤੋਂ ਸੂਬੇ 'ਚ ਸ਼ੁਰੂ ਕੀਤੀ ਜਾ ਰਹੀ 'ਨਸ਼ਾ ਮੁਕਤ ਪੰਜਾਬ ਯਾਤਰਾ' ਦੇ ਸਬੰਧ ਵਿੱਚ 19 ਸਤੰਬਰ ਨੂੰ ਮਾਛੀਵਾੜਾ ਸਾਹਿਬ ਵਿਖੇ ਇੱਕ ਵਿਸ਼ਾਲ ਰੈਲੀ ਦਾ ਆਯੋਜਨ ਕੀਤਾ ਜਾਵੇਗਾ। ਇਸ ਯਾਤਰਾ ਦੀਆਂ ਤਿਆਰੀਆਂ ਨੂੰ ਲੈ ਕੇ ਅੱਜ ਹਲਕਾ ਸਮਰਾਲਾ ਦੇ ਸੀਨੀਅਰ ਭਾਜਪਾ



ਆਗੂ ਨਿਸ਼ੂ ਸ਼ਰਮਾ ਦੀ ਅਗਵਾਈ ਹੇਠ ਪਾਰਟੀ ਵਰਕਰਾਂ ਤੇ ਅਹੁਦੇਦਾਰਾਂ ਦੀ ਇੱਕ ਅਹਿਮ ਮੀਟਿੰਗ ਹੋਈ, ਜਿਸ ਵਿੱਚ ਮੰਡਲ ਪ੍ਰਧਾਨ ਸੁਖਵਿੰਦਰ ਲਾਲ ਸੁੱਖੀ ਸ਼ਰਮਾ ਤੇ ਜ਼ਿਲ੍ਹਾ ਉਪ ਪ੍ਰਧਾਨ ਸੰਜੀਵ ਲੀਹਲ ਨੇ ਵੀ ਸ਼ਿਰਕਤ ਕੀਤੀ। ਮੀਟਿੰਗ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੀਨੀਅਰ ਆਗੂ ਨਿਸ਼ੂ ਸ਼ਰਮਾ ਨੇ ਦੱਸਿਆ ਕਿ 19 ਸਤੰਬਰ ਨੂੰ ਮਾਛੀਵਾੜਾ ਸਾਹਿਬ ਪੁੱਜਣ 'ਤੇ ਇਸ ਯਾਤਰਾ ਦਾ ਭਰਵਾਂ ਸਵਾਗਤ ਕੀਤਾ ਜਾਵੇਗਾ। ਇਸ ਉਪਰੰਤ ਸਥਾਨਕ ਦਸਹਿਰਾ ਮੈਦਾਨ ਵਿਖੇ ਇੱਕ ਵੱਡੀ ਰੈਲੀ ਕੀਤੀ ਜਾਵੇਗੀ, ਜਿਸ ਨੂੰ ਦਿੱਲੀ ਦੀ ਮੁੱਖ ਮੰਤਰੀ ਰੇਖਾ ਗੁਪਤਾ ਤੇ ਭਾਜਪਾ ਦੀ ਸੂਬਾਈ ਲੀਡਰਸ਼ਿਪ ਸੰਬੋਧਨ ਕਰੇਗੀ। ਉਨ੍ਹਾਂ ਦੱਸਿਆ ਕਿ ਰੈਲੀ ਦੇ ਸੁਚਾਰੂ ਪ੍ਰਬੰਧਾਂ, ਰੂਟ ਪਲਾਨ ਤੇ ਭਰਵੇਂ ਇਕੱਠ ਲਈ ਸਮੂਹ ਵਰਕਰਾਂ ਦੀਆਂ ਡਿਊਟੀਆਂ ਲਗਾ ਦਿੱਤੀਆਂ ਗਈਆਂ ਹਨ। ਭਾਜਪਾ ਆਗੂ ਤੇ ਵਰਕਰ ਪਿੰਡਾਂ-ਸ਼ਹਿਰਾਂ ਵਿੱਚ ਘਰ-ਘਰ ਜਾ ਕੇ ਲੋਕਾਂ ਨੂੰ ਇਸ ਯਾਤਰਾ ਨਾਲ ਜੋੜਨਗੇ। ਇਸ ਮੌਕੇ ਜ਼ਿਲ੍ਹਾ ਇੰਚਾਰਜ ਅਮਰਜੀਤ ਸਿੰਘ, ਜ਼ਿਲ੍ਹਾ ਪ੍ਰਧਾਨ ਅਨੂਪ ਸ਼ਰਮਾ, ਪਵਨ ਸਿੰਗਲਾ, ਸਤੀਸ਼ ਸਿੰਗਲਾ, ਡਾ. ਅਸ਼ੋਕ ਸ਼ਰਮਾ, ਮਨੋਜ ਤਿਵਾੜੀ, ਡਾ. ਪ੍ਰਵੀਨ ਗੋਇਲ, ਪਵਨ ਸ਼ਰਮਾ, ਵਿਕਾਸ ਮਿੱਤਲ, ਮਨੋਜ ਬਾਂਸਲ, ਡਾ. ਰਵਿੰਦਰ ਸ਼ਰਮਾ, ਰਾਮਪਾਲ ਸਹਾਰਨ, ਬਲਦੇਵ ਸਿੰਘ, ਮੋਨਿਕਾ ਸ਼ਰਮਾ, ਰਾਣੀ ਬਾਲਾ, ਮਨਪ੍ਰੀਤ ਕੌਰ ਸਮੇਤ ਵੱਡੀ ਗਿਣਤੀ ਭਾਜਪਾ ਆਗੂ ਤੇ ਵਰਕਰ ਮੌਜੂਦ ਸਨ।

## ਵਿਧਾਇਕ ਕੋਹਲੀ ਨੇ ਦਿਖਾਈ ਤੀਰਥ ਯਾਤਰਾ ਬੱਸ ਨੂੰ ਹਰੀ ਝੰਡੀ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਸਰਕਾਰ ਦੀ ਵਿਰਾਸਤ ਸੇਵਾ ਸੰਗਠਨ ਵੱਲੋਂ ਚਲ ਰਹੀ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਪਟਿਆਲਾ ਦੇ ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਪਟਿਆਲਾ ਸ਼ਹਿਰ ਦੇ ਚਾਂਦਨੀ ਚੌਂਕ ਤੋਂ ਅੱਜ ਬੱਸ ਰਵਾਨਾ ਕੀਤੀ। ਇਸ ਮੌਕੇ ਹਲਕਾ ਕੋਆਰਡੀਨੇਟਰ ਹਰਵਿੰਦਰਪਾਲ ਸਿੰਘ ਵਿੰਟੀ ਵੀ ਮੌਜੂਦ ਸਨ। ਇਸ ਮੌਕੇ ਸੰਗਤਾਂ ਯਾਤਰਾ ਦੌਰਾਨ ਬਹੁਤ ਉਤਸ਼ਾਹ ਵਿਚ ਸਨ। ਸਰਕਾਰ ਦੇ ਇਸ ਵਿਸ਼ੇਸ਼ ਉਪਰਾਲੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਐਮ.ਐਲ.ਏ. ਪਟਿਆਲਾ ਅਜੀਤਪਾਲ ਸਿੰਘ ਕੋਹਲੀ ਦਾ ਧੰਨਵਾਦ ਕੀਤਾ। ਵਿਧਾਇਕ ਅਜੀਤਪਾਲ ਸਿੰਘ ਕੋਹਲੀ ਨੇ ਦੱਸਿਆ ਕਿ ਇਹ ਬੱਸ ਸਾਲਾਸਰ ਧਾਮ ਅਤੇ ਖਾਟੂ ਸ਼ਿਆਮ ਜਾਵੇਗੀ। ਇਸ ਤੀਰਥ ਯਾਤਰਾ ਦਾ ਸਾਰਾ ਖਰਚ ਪੰਜਾਬ ਸਰਕਾਰ ਵੱਲੋਂ ਕੀਤਾ ਜਾ ਰਿਹਾ ਹੈ। ਉਹਨਾਂ ਦੱਸਿਆ ਸਰਕਾਰ ਨੇ ਇਸ ਉਪਰਾਲੇ ਦਾ ਸੂਬਾ ਵਾਸੀਆਂ ਵੱਲੋਂ ਸਹਿਯੋਗ ਕਰਨ ਦੇ ਨਾਲ ਨਾਲ ਧੰਨਵਾਦ ਵੀ ਕੀਤਾ ਜਾ ਰਿਹਾ ਹੈ।ਇਸ ਮੌਕੇ ਵਿਧਾਇਕ ਕੋਹਲੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਇਹ ਯੋਜਨਾ ਧਾਰਮਿਕ ਆਸਥਾ ਨਾਲ ਜੁੜੇ ਲੋਕਾਂ ਲਈ ਇੱਕ ਵੱਡਾ ਉਪਰਾਲਾ ਹੈ। ਇਸ ਯੋਜਨਾ ਰਾਹੀਂ ਸ਼ਰਧਾਲੂਆਂ ਨੂੰ ਵੱਖ-ਵੱਖ ਪਵਿੱਤਰ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲ ਰਿਹਾ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਹਰ ਵਰਗ ਦੀ ਭਲਾਈ ਲਈ ਵਚਨਬੱਧ ਹੈ ਅਤੇ ਲੋਕਾਂ ਨੂੰ ਸੁਵਿਧਾਵਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਕੰਮ ਕਰ ਰਹੀ ਹੈ।

## ਸਤਵੰਤ ਸਿੰਘ ਬਰਾੜ ਭਾਜਪਾ ਸਰਕਲ ਭਲੂਰ ਦੇ ਪ੍ਰਧਾਨ ਬਣੇ

**ਬਾਘਾ ਪੁਰਾਣਾ (ਮਨੀ ਸਿੰਗਲਾ)**-ਭਾਰਤੀ ਜਨਤਾ ਪਾਰਟੀ ਵੱਲੋਂ ਪਾਰਟੀ ਦੀਆਂ ਜਥੇਬੰਦਕ ਗਤੀਵਿਧੀਆਂ ਨੂੰ ਹੋਰ ਮਜ਼ਬੂਤ ਕਰਨ ਦੇ ਮਕਸਦ ਨਾਲ ਸਰਕਲ ਪੱਧਰ 'ਤੇ ਨਿਯੁਕਤੀਆਂ ਕੀਤੀਆਂ ਜਾ ਰਹੀਆਂ ਹਨ। ਇਸੇ ਲੜੀ ਤਹਿਤ ਸਤਵੰਤ ਸਿੰਘ ਬਰਾੜ ਨੂੰ ਭਾਜਪਾ ਸਰਕਲ



ਭਲੂਰ ਦਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਉਨ੍ਹਾਂ ਦੀ ਨਿਯੁਕਤੀ 'ਤੇ ਭਾਜਪਾ ਆਗੂਆਂ ਅਤੇ ਵਰਕਰਾਂ ਵੱਲੋਂ ਖ਼ੁਸ਼ੀ ਦਾ ਪ੍ਰਗਟਾਵਾ ਕੀਤਾ ਗਿਆ। ਇਸ ਮੌਕੇ ਸਤਵੰਤ ਸਿੰਘ ਬਰਾੜ ਦੇ ਸਰਕਲ ਭਲੂਰ ਦੇ ਪ੍ਰਧਾਨ ਨਿਯੁਕਤ ਹੋਣ 'ਤੇ ਭਾਜਪਾ ਦੇ ਜ਼ਿਲ੍ਹਾ ਪ੍ਰਧਾਨ ਡਾ. ਹਰਜੋਤ ਕਮਲ, ਹਲਕਾ ਇੰਚਾਰਜ ਸੁਖਨੰਦਨ ਅਗਰਵਾਲ, ਜ਼ਿਲ੍ਹਾ ਸੈਕਟਰੀ ਅਮਿਤ ਅਗਰਵਾਲ ਅਤੇ ਸਮੁੱਚੀ ਟੀਮ ਵੱਲੋਂ ਉਨ੍ਹਾਂ ਦਾ ਮੂੰਹ ਮਿੱਠਾ ਕਰਵਾ ਕੇ ਵਧਾਈ ਦਿੱਤੀ ਗਈ।ਇਸ ਮੌਕੇ ਨਵ-ਨਿਯੁਕਤ ਸਰਕਲ ਪ੍ਰਧਾਨ ਸਤਵੰਤ ਸਿੰਘ ਬਰਾੜ ਨੇ ਭਾਜਪਾ ਵੱਲੋਂ ਉਨ੍ਹਾਂ 'ਤੇ ਭਰੋਸਾ ਪ੍ਰਗਟ ਕਰਦਿਆਂ ਦਿੱਤੀ ਜ਼ਿੰਮੇਵਾਰੀ ਲਈ ਸੂਬਾ ਪ੍ਰਧਾਨ ਕੇਵਲ ਸਿੰਘ ਢਿੱਲੋਂ, ਜ਼ਿਲ੍ਹਾ ਪ੍ਰਧਾਨ ਡਾ. ਹਰਜੋਤ ਕਮਲ ਅਤੇ ਹਲਕਾ ਇੰਚਾਰਜ ਸੁਖਨੰਦਨ ਅਗਰਵਾਲ ਦਾ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ। ਉਨ੍ਹਾਂ ਕਿਹਾ ਕਿ ਸਰਕਲ ਭਲੂਰ ਦੇ ਸਮੂਹ ਵਰਕਰਾਂ ਨੂੰ ਨਾਲ ਲੈ ਕੇ ਪਾਰਟੀ ਦੀਆਂ ਨੀਤੀਆਂ ਅਤੇ ਸਰਕਾਰ ਦੀਆਂ ਗਤੀਵਿਧੀਆਂ ਨੂੰ ਲੋਕਾਂ ਤੱਕ ਪਹੁੰਚਾਉਣ ਲਈ ਹਰ ਸੰਭਵ ਯਤਨ ਕੀਤੇ ਜਾਣਗੇ। ਇਸ ਮੌਕੇ ਭਾਜਪਾ ਦੇ ਹੋਰ ਆਗੂ ਅਤੇ ਵਰਕਰ ਵੀ ਹਾਜ਼ਰ ਸਨ, ਜਿਨ੍ਹਾਂ ਨੇ ਸਤਵੰਤ ਸਿੰਘ ਬਰਾੜ ਨੂੰ ਨਵੀਂ ਜ਼ਿੰਮੇਵਾਰੀ ਲਈ ਸ਼ੁਭਕਾਮਨਾਵਾਂ ਦਿੱਤੀਆਂ।

## ਪੰਜਾਬ ਕਲੀਨ ਮਿਸ਼ਨ ਤਹਿਤ ਸ਼ਹਿਰ ਨੂੰ ਸਾਫ਼-ਸੁਥਰਾ ਰੱਖਣ ਲਈ ਨਗਰ ਕੌਂਸਲ ਵੱਲੋਂ ਮੁਹਿੰਮ ਸ਼ੁਰੂ

**ਬਾਘਾ ਪੁਰਾਣਾ (ਮਨੀ ਸਿੰਗਲਾ)**-ਪੰਜਾਬ ਕਲੀਨ ਮਿਸ਼ਨ ਤਹਿਤ ਨਗਰ ਕੌਂਸਲ ਬਾਘਾ ਪੁਰਾਣਾ ਵੱਲੋਂ ਸ਼ਹਿਰ ਨੂੰ ਸਾਫ਼-ਸੁਥਰਾ ਅਤੇ ਹਰਿਆ-ਭਰਿਆ ਬਣਾਉਣ ਲਈ ਮੁਹਿੰਮ ਸ਼ੁਰੂ ਕੀਤੀ ਗਈ ਹੈ, ਜਿਸ ਤਹਿਤ ਨਗਰ ਕੌਂਸਲ ਵੱਲੋਂ ਸਥਾਨਕ ਚੰਨੂੰਵਾਲਾ ਰੋਡ 'ਤੇ ਲੰਮੇ ਸਮੇਂ ਤੋਂ ਬਣੇ ਕੂੜੇ ਦੇ ਡੰਪ ਨੂੰ ਪੱਕੇ ਤੌਰ 'ਤੇ ਖ਼ਤਮ




ਕਰਵਾ ਕੇ ਸਫਾਈ ਕਰਵਾਈ ਗਈ ਅਤੇ ਉਥੇ ਬੂਟੇ ਲਗਾਏ ਗਏ। ਇਹ ਕਾਰਵਾਈ ਨਗਰ ਕੌਂਸਲ ਬਾਘਾ ਪੁਰਾਣਾ ਦੀ ਪ੍ਰਧਾਨ ਸੋਨੀਆ ਗੁਪਤਾ ਅਤੇ ਕਾਰਜ ਸਾਧਕ ਅਫਸਰ ਦਵਿੰਦਰ ਸਿੰਘ ਤੂਰ ਦੀ ਅਗਵਾਈ ਹੇਠ ਸੈਂਟਰੀ ਇੰਸਪੈਕਟਰ ਦੀਪਕ ਕੁਮਾਰ ਵੱਲੋਂ ਕਰਵਾਈ ਗਈ। ਇਸ ਸੰਬੰਧੀ ਸੈਨੇਟਰੀ ਇੰਸਪੈਕਟਰ ਦੀਪਕ ਕੁਮਾਰ ਨੇ ਦੱਸਿਆ ਕਿ ਪੰਜਾਬ ਕਲੀਨ ਮਿਸ਼ਨ ਤਹਿਤ ਸ਼ਹਿਰ ਦੇ ਵੱਖ-ਵੱਖ ਹਿੱਸਿਆਂ ਵਿਚ ਸਫਾਈ ਵਿਵਸਥਾ ਨੂੰ ਸੁਧਾਰਨ ਲਈ ਉਪਰਾਲੇ ਕੀਤੇ ਜਾਣਗੇ। ਚੰਨੂੰਵਾਲਾ ਰੋਡ 'ਤੇ ਕੂੜੇ ਦੇ ਡੰਪ ਨੂੰ ਹਟਾਉਣ ਤੋਂ ਬਾਅਦ ਇਸ ਸਥਾਨ ਦੀ ਪੂਰੀ ਤਰ੍ਹਾਂ ਸਫਾਈ ਕਰਵਾਈ ਗਈ ਅਤੇ ਵਾਤਾਵਰਨ ਨੂੰ ਹਰਿਆ-ਭਰਿਆ ਬਣਾਉਣ ਦੇ ਮਕਸਦ ਨਾਲ ਬੂਟੇ ਲਗਾਏ ਗਏ। ਨਗਰ ਕੌਂਸਲ ਅਧਿਕਾਰੀਆਂ ਨੇ ਦੱਸਿਆ ਕਿ ਸ਼ਹਿਰ ਵਿੱਚਕੂੜੇ ਦੇ ਡੰਪਾਂ ਨੂੰ ਖਤਮ ਕਰ ਕੇ ਉਨ੍ਹਾਂ ਥਾਵਾਂ ਨੂੰ ਸੁੰਦਰ ਬਣਾਉਣ ਲਈ ਵੀ ਉਪਰਾਲੇ ਕੀਤੇ ਜਾ ਰਹੇ ਹਨ। ਇਸ ਦੇ ਨਾਲ ਹੀ ਡੇਂਗੂ, ਮਲੇਰੀਆ ਅਤੇ ਹੋਰ ਮੱਛਰਾਂ ਤੋਂ ਪੈਦਾ ਹੋਣ ਵਾਲੀਆਂ ਬਿਮਾਰੀਆਂ ਦੀ ਰੋਕਥਾਮ ਲਈ ਚੰਨੂੰਵਾਲਾ ਰੋਡ ਸਮੇਤ ਲੋੜੀਂਦੇ ਇਲਾਕਿਆਂ ਵਿਚ ਫੋਗਿੰਗ ਵੀ ਕਰਵਾਈ ਗਈ। ਅਧਿਕਾਰੀਆਂ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਆਪਣੇ ਆਲੇ-ਦੁਆਲੇ ਪਾਣੀ ਖੜ੍ਹਾ ਨਾ ਹੋਣ ਦੇਣ ਅਤੇ ਘਰਾਂ ਤੇ ਦੁਕਾਨਾਂ ਦੇ ਆਸ-ਪਾਸ ਸਫਾਈ ਦਾ ਵਿਸ਼ੇਸ਼ ਧਿਆਨ ਰੱਖਣ

## ਗੁਰੂਹਰਸਹਾਏ ਨਗਰ ਕੌਂਸਲ ਦੇ ਅਹੁਦੇਦਾਰਾਂ ਦੀ ਹੋਈ ਚੋਣ

### ਸੁਸ਼ਮਾ ਰਾਣੀ ਪ੍ਰਧਾਨ, ਗੁਰਮੀਤ ਕੌਰ ਸੀਨੀਅਰ ਵਾਈਸ ਪ੍ਰਧਾਨ ਤੇ ਸੋਨੂੰ ਸੰਧੂ ਵਾਈਸ ਪ੍ਰਧਾਨ ਚੁਣੇ

**ਗੁਰੂਹਰਸਹਾਏ (ਮਨਦੀਪ ਸਿੰਘ ਸੋਢੀ) :** ਗੁਰੂਹਰਸਹਾਏ ਨਗਰ ਕੌਂਸਲ ਦੇ ਅਹੁਦੇਦਾਰਾਂ ਦੀ ਹੋਈ ਚੋਣ ਦੌਰਾਨ ਕਾਂਗਰਸ ਪਾਰਟੀ ਨੂੰ ਵੱਡੀ ਸਫਲਤਾ ਹਾਸਲ ਹੋਈ ਤੇ ਨਗਰ ਕੌਂਸਲ ਦੀ ਅਗਵਾਈ ਕਾਂਗਰਸ ਦੀ ਝੋਲੀ ਵਿੱਚ ਪਈ। ਇਸ ਮੌਕੇ ਸੁਸ਼ਮਾ ਰਾਣੀ ਨੂੰ ਨਗਰ ਕੌਂਸਲ ਦਾ



ਪ੍ਰਧਾਨ, ਗੁਰਮੀਤ ਕੌਰ ਨੂੰ ਸੀਨੀਅਰ ਵਾਈਸ ਪ੍ਰਧਾਨ ਤੇ ਸੋਨੂੰ ਸੰਧੂ ਨੂੰ ਵਾਈਸ ਪ੍ਰਧਾਨ ਚੁਣਿਆ ਗਿਆ। ਇਸ ਮੌਕੇ ਕੌਂਸਲਰ ਮਹਿੰਦਰ, ਰਜਿੰਦਰ ਕੌਰ, ਵਿਕਟਰ ਜੋਨ, ਕਿਰਨ ਬਾਲਾ , ਏਕਤਾ ਰਾਣੀ, ਚੰਦਰ ਰੇਖਾ, ਬ੍ਰਿਜ ਭੂਸ਼ਣ, ਸੁਨੀਤਾ ਰਾਣੀ, ਹਰਮੀਤ ਸਿੰਘ, ਅਮਨ ਦੁੱਗਲ ਤੇ ਸੋਹਣ ਸਿੰਘ ਸਮੇਤ ਹੋਰ ਕੌਂਸਲਰ ਮੌਜੂਦ ਰਹੇ।ਇਸ ਮੌਕੇ ਬਲਾਕ ਪ੍ਰਧਾਨ ਭੀਮ ਕੰਬੋਜ, ਬਲਾਕ ਪ੍ਰਧਾਨ ਕਰਤਾਰ ਸਿੰਘ ਬੂਰ ਵਾਲਾ, ਅਮਰੀਕ ਸਿੰਘ ਸਿੱਧੂ, ਨਛੱਤਰ ਸਿੰਘ ਚੇਅਰਮੈਨ ਜ਼ਿਲ੍ਹਾ ਪ੍ਰੀਸ਼ਦ, ਬਗੀਚਾ ਸਿੰਘ ਚੇਅਰਮੈਨ, ਜਸਵੰਤ ਸਿੰਘ ਸਰਪੰਚ ਅਤੇ ਆਤਮਜੀਤ ਸਿੰਘ ਡੇਵਿਡ ਸਮੇਤ ਵੱਡੀ ਗਿਣਤੀ ਵਿੱਚ ਕਾਂਗਰਸੀ ਆਗੂ ਅਤੇ ਵਰਕਰ ਹਾਜ਼ਰ ਸਨ।ਇਸ ਮੌਕੇ ਰਮਿੰਦਰ ਸਿੰਘ ਆਵਲਾ ਵੱਲੋਂ ਨਗਰ ਕੌਂਸਲ ਦੇ ਨਵੇਂ ਚੁਣੇ ਪ੍ਰਧਾਨ ਸੁਸ਼ਮਾ ਰਾਣੀ, ਸੀਨੀਅਰ ਵਾਈਸ ਪ੍ਰਧਾਨ ਗੁਰਮੀਤ ਕੌਰ, ਵਾਈਸ ਪ੍ਰਧਾਨ ਸੋਨੂੰ ਸੰਧੂ ਅਤੇ ਸਮੂਹ ਕੌਂਸਲਰਾਂ ਨੂੰ ਵਧਾਈ ਦਿੱਤੀ ਗਈ।ਉਨ੍ਹਾਂ ਕਿਹਾ ਕਿ ਨਗਰ ਕੌਂਸਲ ਦੇ ਨਵੇਂ ਅਹੁਦੇਦਾਰ ਸ਼ਹਿਰ ਦੇ ਵਿਕਾਸ ਅਤੇ ਲੋਕਾਂ ਦੀਆਂ ਜ਼ਰੂਰਤਾਂ ਨੂੰ ਪਹਿਲ ਦੇ ਕੇ ਪੂਰੀ ਇਮਾਨਦਾਰੀ ਅਤੇ ਤਨਦੇਹੀ ਨਾਲ ਕੰਮ ਕਰਨਗੇ।।

# ਪਟਵਾਰੀਆਂ ਤੇ ਰਿਟਾਇਰਡ ਵੈੱਲਫੇਅਰ ਐਸੋਸੀਏਸ਼ਨ ਵੱਲੋਂ ਮੰਗਾਂ ਨੂੰ ਲੈ ਕੇ ਰੋਸ ਪ੍ਰਦਰਸ਼ਨ







**ਕੋਟਕਪੂਰਾ (ਰਛਪਾਲ ਭੁੱਲਰ) :** ਦੀ ਰੈਵੇਨਿਊ ਪਟਵਾਰ ਯੂਨੀਅਨ ਪੰਜਾਬ ਤਹਿਸੀਲ ਕੋਟਕਪੂਰਾ ਤੇ ਜੈਤੋ (ਜ਼ਿਲ੍ਹਾ ਫਰੀਦਕੋਟ) ਅਤੇ ਦੀ ਰਿਟਾਇਰਡ ਪਟਵਾਰੀ, ਕਾਨੂੰਗੋ, ਨਾਇਬ ਤਹਿਸੀਲਦਾਰ ਵੈੱਲਫੇਅਰ ਐਸੋਸੀਏਸ਼ਨ ਪੰਜਾਬ ਵੱਲੋਂ ਪਟਵਾਰੀਆਂ ਦੀਆਂ ਲੰਬੇ ਸਮੇਂ ਤੋਂ ਲਟਕ ਰਹੀਆਂ ਮੰਗਾਂ ਨੂੰ ਲੈ ਕੇ ਤਹਿਸੀਲ ਦਫ਼ਤਰ ਕੋਟਕਪੂਰਾ ਵਿਖੇ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਸਮੂਹ ਅਹੁਦੇਦਾਰਾਂ ਤੇ ਮੈਂਬਰਾਂ ਵੱਲੋਂ ਸਰਕਾਰ ਵਿਰੁੱਧ ਨਾਅਰੇਬਾਜ਼ੀ ਕਰਦਿਆਂ ਆਪਣੀਆਂ ਹੱਕੀ ਮੰਗਾਂ ਨੂੰ ਤੁਰੰਤ ਪੂਰਾ ਕਰਨ ਦੀ ਮੰਗ ਕੀਤੀ।ਯੂਨੀਅਨ ਆਗੂਆਂ ਨੇ ਦੱਸਿਆ ਕਿ ਪਟਵਾਰੀ ਵਰਗ ਆਪਣੀਆਂ ਜਾਇਜ਼ ਮੰਗਾਂ ਲਈ ਲੰਬੇ ਸਮੇਂ ਤੋਂ ਸੰਘਰਸ਼ ਦੇ ਰਾਹ ਪਿਆ ਹੋਇਆ ਹੈ।ਉਨ੍ਹਾਂ ਆਪਣੀਆਂ ਮੁੱਖ ਮੰਗਾਂ ਦਾ ਵੇਰਵਾ ਦਿੰਦਿਆਂ ਕਿਹਾ ਕਿ ?17-07-2020 ਦੇ ਪੱਤਰ ਨੂੰ ਤੁਰੰਤ ਰੱਦ ਕਰਨ, ਪਟਵਾਰੀਆਂ ਲਈ ਟੈਕਨੀਕਲ ਸਕੇਲ ਲਾਗੂ ਕਰਨ,? ਸਟੇਟ ਕਾਡਰ ਦਾ ਫੈਸਲਾ ਰੱਦ ਕਰਨ, ਖ਼ਤਮ ਕੀਤੀਆਂ ਗਈਆਂ ਪਟਵਾਰੀਆਂ ਦੀਆਂ ਅਸਾਮੀਆਂ ਨੂੰ ਮੁੜ ਬਹਾਲ ਕਰਨ, 60 ਫੀਸਦੀ ਡੀ.ਏ. ਲਾਗੂ ਕਰਨ ਤੇ ਪੁਰਾਣੀ ਪੈਨਸ਼ਨ ਸਕੀਮ ਮੁੜ ਬਹਾਲ ਕੀਤੀ ਜਾਵੇ। ਇਸ ਮੌਕੇ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਗੁਰਲਾਲ ਸਿੰਘ ਸੰਧੂ, ਸੀਨੀਅਰ ਮੀਤ ਪ੍ਰਧਾਨ ਨਿਰਮਲਜੀਤ ਸਿੰਘ, ਰਿਟਾਇਰਡ ਕਾਨੂੰਗੋ ਜਗਦੀਸ਼ ਕੁਮਾਰ, ਸਵਰਨਪਾਲ ਸਿੰਘ, ਸੁਸ਼ੀਲ ਕੁਮਾਰ, ਪੁਨੀਤ ਜਿੰਦਲ, ਮਨਜੀਤ ਸਿੰਘ, ਸੁਖਦੇਵ ਸਿੰਘ, ਸਤਨਾਮ ਸਿੰਘ, ਸ਼ਾਮ ਸਿੰਘ ਤੇ ਰੂਪ ਸਿੰਘ ਸਮੇਤ ਤਹਿਸੀਲ ਫਰੀਦਕੋਟ, ਕੋਟਕਪੂਰਾ ਤੇ ਜੈਤੋ ਦੇ ਸਮੂਹ ਆਗੂਆਂ ਨੇ




ਸੰਬੋਧਨ ਕਰਦਿਆਂ ਕਿਹਾ ਕਿ ਪਟਵਾਰੀ ਮਾਲ ਵਿਭਾਗ ਦੇ ਕੰਮਕਾਜ ਦੀ ਮੁੱਖ ਰੀੜ੍ਹ ਦੀ ਹੱਡੀ ਹਨ ਤੇ ਸਰਕਾਰ ਦੀਆਂ ਅਹਿਮ ਜ਼ਿੰਮੇਵਾਰੀਆਂ ਨਿਭਾਉਂਦੇ ਹਨ।ਇਸ ਲਈ ਸਰਕਾਰ ਨੂੰ ਉਨ੍ਹਾਂ ਦੀਆਂ ਮੰਗਾਂ ਨੂੰ ਲਮਕਾਉਣ ਦੀ ਬਜਾਏ ਗੰਭੀਰਤਾ ਨਾਲ ਲੈਂਦੇ ਹੋਏ ਤੁਰੰਤ ਹੱਲ ਕਰਨਾ ਚਾਹੀਦਾ ਹੈ।ਉਨ੍ਹਾਂ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਮੰਗਾਂ ਦਾ ਜਲਦ ਨਿਪਟਾਰਾ ਨਾ ਕੀਤਾ, ਤਾਂ ਯੂਨੀਅਨ ਵੱਲੋਂ ਸੰਘਰਸ਼ ਨੂੰ ਹੋਰ ਤਿੱਖਾ ਕਰਨ ਲਈ ਅਗਲੇ ਵਡੇਰੇ ਫੈਸਲੇ ਲਏ ਜਾਣਗੇ।

**ਸਮਾਣਾ (ਇਕਬਾਲ ਸਿੰਘ ਬੱਲ)**- 'ਦੀ ਰੈਵਨਿਊ ਪਟਵਾਰ ਯੂਨੀਅਨ ਪੰਜਾਬ' ਦੇ ਆਦੇਸ਼ਾਂ ਅਨੁਸਾਰ ਤਹਿਸੀਲ ਸਮਾਣਾ ਵਿਖੇ ਤਹਿਸੀਲ ਪੱਧਰੀ ਰੋਸ ਧਰਨਾ ਦਿੱਤਾ ਗਿਆ।ਧਰਨੇ ਦੌਰਾਨ ਸਰਕਾਰ ਵੱਲੋਂ ਮੰਗਾਂ ਪ੍ਰਤੀ ਅਪਣਾਈ ਜਾ ਰਹੀ ਟਾਲ-ਮਟੋਲ ਦੀ ਨੀਤੀ ਦੀ ਜੰਮ ਕੇ ਨਿਖੇਧੀ ਕੀਤੀ ਗਈ।ਯੂਨੀਅਨ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਸਮਾਂ ਰਹਿੰਦੇ ਮੰਗਾਂ ਦਾ ਜਲਦ ਫੈਸਲਾ ਨਾ ਕੀਤਾ ਗਿਆ ਤਾਂ ਆਉਣ ਵਾਲੇ ਦਿਨਾਂ ਵਿੱਚ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ।

ਇਸ ਮੌਕੇ ਤਹਿਸੀਲ ਪ੍ਰਧਾਨ ਗੌਰਵ ਕੁਮਾਰ ਨੇ ਮੰਗਾਂ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਰਕਾਰ ਵੱਲੋਂ ਪਟਵਾਰੀਆਂ ਦੀਆਂ 1056 ਪੋਸਟਾਂ ਖ਼ਤਮ ਕਰਨ ਵਾਲਾ ਪੱਤਰ ਤੁਰੰਤ ਰੱਦ ਕੀਤਾ ਜਾਵੇ।ਉਨ੍ਹਾਂ ਮੰਗ ਕੀਤੀ ਕਿ ਪਟਵਾਰੀਆਂ ਦੀਆਂ ਇਹ ਖ਼ਤਮ ਕੀਤੀਆਂ ਅਸਾਮੀਆਂ ਮੁੜ ਬਹਾਲ ਕੀਤੀਆਂ ਜਾਣ।ਨਵੇਂ ਭਰਤੀ ਹੋਏ ਪਟਵਾਰੀਆਂ 'ਤੇ ਲਾਗੂ ਕੀਤਾ ਕੇਂਦਰੀ ਪੇ-ਸਕੇਲ ਰੱਦ ਕਰਕੇ ਬਰਾਬਰ ਕੰਮ ਬਰਾਬਰ ਤਨਖ਼ਾਹ ਦਾ ਸਿਧਾਂਤ ਲਾਗੂ ਕੀਤਾ ਜਾਵੇ।ਇਸ ਮੌਕੇ ਤਹਿਸੀਲ ਸਕੱਤਰ ਜਤਿੰਦਰਪਾਲ ਸਿੰਘ, ਤਹਿਸੀਲ ਖਜ਼ਾਨਚੀ ਸੁਖਵੀਰ ਸਿੰਘ ਅਤੇ ਜ਼ਿਲ੍ਹਾ ਜਨਰਲ ਸਕੱਤਰ ਬਲਵੀਰ ਕੁਮਾਰ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਧਰਨੇ ਵਿੱਚ ਰਾਮ ਕਿਸ਼ੋਰ ਪਟਵਾਰੀ, ਸੂਰਜ ਗੋਇਲ, ਕਰਮਜੀਤ ਸਿੰਘ, ਅੰਕੁਸ਼ ਕੁਮਾਰ, ਜਸਵੀਰ ਸਿੰਘ, ਅਰਸ਼ਦੀਪ ਸਿੰਘ, ਹਰਪ੍ਰੀਤ ਸਿੰਘ, ਦੀਪਕ ਕੁਮਾਰ, ਸੋਨੀਆ, ਸਿਮਰਨਜੀਤ ਕੌਰ, ਬਿਕਰਮ ਸਿੰਘ ਅਤੇ ਵੰਦਨਾ ਸਿੰਗਲਾ ਸਮੇਤ ਹੋਰ ਪਟਵਾਰੀ ਸਾਥੀ ਵੀ ਹਾਜ਼ਰ ਸਨ।

**ਜਲਾਲਾਬਾਦ (ਜੀਤ ਕੁਮਾਰ/ਜੰਗੀਰ ਕੌਰ)**-ਦੀ ਰੈਵੀਨਿਊ ਪਟਵਾਰ ਯੂਨੀਅਨ ਪੰਜਾਬ ਦੇ ਸੱਦੇ 'ਤੇ ਤਹਿਸੀਲ ਜਲਾਲਾਬਾਦ ਦੇ ਸਮੂਹ ਪਟਵਾਰੀਆਂ ਵੱਲੋਂ ਤਹਿਸੀਲ ਪ੍ਰਧਾਨ ਵਰਿੰਦਰ ਕੁਮਾਰ ਦੀ ਅਗਵਾਈ ਹੇਠ ਤਹਿਸੀਲ ਕੰਪਲੈਕਸ ਵਿੱਚ ਪੰਜਾਬ ਸਰਕਾਰ ਵਿਰੁੱਧ ਰੋਸ ਧਰਨਾ ਦਿੱਤਾ ਗਿਆ। ਇਹ ਧਰਨਾ ਪਟਵਾਰੀਆਂ ਦੀਆਂ ਪਿਛਲੇ ਕਾਫੀ ਸਮੇਂ ਤੋਂ ਲਟਕਦੀਆਂ ਆ ਰਹੀਆਂ ਮੁੱਖ ਮੰਗਾਂ ਨੂੰ ਲੈ ਕੇ ਦਿੱਤਾ ਗਿਆ। ਇਸ ਧਰਨੇ ਵਿੱਚ ਪੰਜਾਬ ਬਾਡੀ ਦੇ ਸੀਨੀਅਰ ਮੀਤ ਪ੍ਰਧਾਨ ਬਲਦੇਵ ਸਿੰਘ, ਪ੍ਰੇਮ ਪ੍ਰਕਾਸ਼ (ਸਾਬਕਾ ਜ਼ਿਲ੍ਹਾ ਪ੍ਰਧਾਨ), ਭਗਤ ਸਿੰਘ ਸਾਬਕਾ ਤਹਿਸੀਲ ਪ੍ਰਧਾਨ, ਅਸ਼ਵਨੀ ਕੁਮਾਰ, ਸੰਤੋਖ ਸਿੰਘ, ਮੁਖਤਿਆਰ ਸਿੰਘ, ਜੋਗਾ ਸਿੰਘ ਰਿਟਾਇਰਡ ਕਾਨੂੰਗੋ, ਮਲਕੀਤ ਸਿੰਘ ਜਨਰਲ ਸਕੱਤਰ, ਗਗਨੀਤ ਸਿੰਘ ਖਜ਼ਾਨਚੀ ਸਮੇਤ ਵੱਡੀ ਗਿਣਤੀ ਵਿੱਚ ਪਟਵਾਰੀ ਹਾਜ਼ਰ ਸਨ।

# ਸਿਹਤ ਮੰਤਰੀ ਵੱਲੋਂ ਰਜਿੰਦਰਾ ਹਸਪਤਾਲ ਦੇ ਪਹਿਲੇ ਕਿਡਨੀ ਟ੍ਰਾਂਸਪਲਾਂਟ ਮਰੀਜ਼ ਨਾਲ ਮੁਲਾਕਾਤ

## ਕਿਡਨੀ ਟ੍ਰਾਂਸਪਲਾਂਟ ਕਰਨ ਵਾਲੀ ਡਾਕਟਰਾਂ ਦੀ ਟੀਮ ਦੀ ਕੀਤੀ ਸ਼ਲਾਘਾ

**ਪਟਿਆਲਾ, (ਰਾਜਿੰਦਰ ਸਿੰਘ ਥਿੰਦ)**-ਪੰਜਾਬ ਦੇ ਸਿਹਤ ਤੇ ਪਰਿਵਾਰ ਭਲਾਈ ਅਤੇ ਮੈਡੀਕਲ ਸਿੱਖਿਆ ਤੇ ਖੋਜ ਮੰਤਰੀ ਡਾ. ਬਲਬੀਰ ਸਿੰਘ ਨੇ ਸਰਕਾਰੀ ਰਜਿੰਦਰਾ ਹਸਪਤਾਲ ਵਿਖੇ 10 ਸਤੰਬਰ 2026 ਨੂੰ ਹੋਏ ਹਸਪਤਾਲ ਦੇ ਪਹਿਲੇ ਸਫ਼ਲ ਕਿਡਨੀ ਟ੍ਰਾਂਸਪਲਾਂਟ ਮਗਰੋਂ ਸਿਹਤਯਾਬ ਹੋ ਰਹੇ ਮਰੀਜ਼ ਤੇ ਉਸ ਦੀ ਕਿਡਨੀ ਦਾਨ ਕਰਨ ਵਾਲੀ ਪਤਨੀ ਨਾਲ ਮੁਲਾਕਾਤ ਕੀਤੀ।ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਇਹ ਜੀਵਨ ਰੱਖਿਅਕ ਕਿਡਨੀ ਟ੍ਰਾਂਸਪਲਾਂਟ ਬਿਲਕੁਲ ਮੁਫ਼ਤ ਕੀਤਾ ਗਿਆ ਹੈ ਅਤੇ ਮਰੀਜ਼ ਤੇ ਉਸ ਦੀ ਪਤਨੀ ਦੋਵੇਂ ਸਿਹਤਮੰਦ ਹੋਣ ਮਗਰੋਂ ਹਸਪਤਾਲ ਤੋਂ ਛੁੱਟੀ ਲੈ ਕੇ ਆਪਣੇ ਘਰ ਜਾ ਰਹੇ ਹਨ। ਡਾ. ਬਲਬੀਰ ਸਿੰਘ ਨੇ ਰੋਮਾਣਾ ਪੱਤੀ, ਨਾਮੋਲ, ਜ਼ਿਲ੍ਹਾ ਸੰਗਰੂਰ ਦੇ 37 ਸਾਲਾ ਮਰੀਜ਼ ਤੇ ਉਸ ਦੀ 29 ਸਾਲਾ ਪਤਨੀ ਨਾਲ ਗੱਲਬਾਤ ਕਰਕੇ ਉਨ੍ਹਾਂ ਦਾ ਹਾਲ-ਚਾਲ ਜਾਣਿਆ।ਉਨ੍ਹਾਂ ਇਸ ਜੋੜੇ ਦੀ ਹਿੰਮਤ ਤੇ ਜਜ਼ਬੇ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਪਤਨੀ ਵੱਲੋਂ ਆਪਣੇ ਪਤੀ ਨੂੰ ਕਿਡਨੀ ਦਾਨ ਕਰਕੇ ਇੱਕ ਮਿਸਾਲ ਕਾਇਮ ਕੀਤੀ ਗਈ ਹੈ।ਇਸ ਮੌਕੇ ਮਰੀਜ਼ ਤੇ ਉਸ ਦੀ ਪਤਨੀ ਨੇ ਉਨ੍ਹਾਂ ਨੂੰ ਨਵਾਂ ਜੀਵਨ ਦੇਣ ਲਈ ਪੰਜਾਬ ਸਰਕਾਰ, ਸਿਹਤ ਮੰਤਰੀ ਤੇ ਸਰਕਾਰੀ ਰਜਿੰਦਰਾ ਹਸਪਤਾਲ ਦੀ ਸਮੁੱਚੀ ਡਾਕਟਰੀ ਟੀਮ



ਦਾ ਧੰਨਵਾਦ ਕੀਤਾ।ਸਿਹਤ ਮੰਤਰੀ ਨੇ ਕਿਹਾ ਕਿ ਪੰਜਾਬ ਵਿੱਚ ਗੁਰਦਿਆਂ ਸਮੇਤ ਹੋਰ ਗੰਭੀਰ ਬਿਮਾਰੀਆਂ ਤੋਂ ਪੀੜਤ ਲੋਕਾਂ ਨੂੰ ਹੁਣ ਆਪਣੇ ਬਿਹਤਰ ਇਲਾਜ ਲਈ ਪੈਸੇ ਇਕੱਠੇ ਕਰਨ ਦੀ ਲੋੜ ਨਹੀਂ ਹੈ, ਸਗੋਂ ਸਮੇਂ ਸਿਰ ਸਰਕਾਰੀ ਹਸਪਤਾਲਾਂ ਤੱਕ ਪਹੁੰਚ ਕਰਕੇ ਇਲਾਜ ਕਰਵਾਉਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਸਿਹਤ ਯੋਜਨਾ ਤਹਿਤ ਯੋਗ ਮਰੀਜ਼ਾਂ ਦੇ ਇਲਾਜ ਦਾ ਖਰਚਾ ਪੰਜਾਬ ਸਰਕਾਰ ਵੱਲੋਂ ਕੀਤਾ ਜਾਵੇਗਾ। ਉਨ੍ਹਾ ਕਿਡਨੀ ਟ੍ਰਾਂਸਪਲਾਂਟ ਨੂੰ ਸਫ਼ਲਤਾਪੂਰਵਕ ਨੇਪਰੇ ਚਾੜ੍ਹਨ ਵਾਲੀ ਟੀਮ ਦੀ ਸ਼ਲਾਘਾ ਕਰਦਿਆਂ ਟਰਾਂਸਪਲਾਂਟ ਮਾਹਿਰ ਪ੍ਰੋ. ਡਾ. ਸਰਬਪ੍ਰੀਤ ਸਿੰਘ ਦੀ ਅਗਵਾਈ ਵਾਲੀ ਸਰਜੀਕਲ ਟੀਮ, ਪਿਸ਼ਾਬ ਰੋਗ ਮਾਹਿਰ ਪ੍ਰੋ. ਡਾ. ਹਰਭੁਪਿੰਦਰ ਸਿੰਘ ਸੰਧੂ ਤੇ ਡਾ. ਸੁਪਰਨ ਸ਼ਰਮਾ, ਨੇਫ੍ਰੋਲੋਜੀ ਮਾਹਿਰ ਡਾ. ਠਾਕੁਰਵੀਰ ਕੋਹਲੀ, ਐਨੇਸਥੀਸੀਆ ਮਾਹਿਰ ਡਾ. ਤਨਵੀਰ ਕੁੰਦਰਾ ਸਮੇਤ ਸਮੁੱਚੀਆਂ ਮੈਡੀਕਲ ਟੀਮਾਂ ਨੂੰ ਵਧਾਈ ਦਿੱਤੀ।ਉਨ੍ਹਾਂ ਮੈਡੀਕਲ ਕਾਲਜ ਦੇ ਡਾਇਰੈਕਟਰ-ਪ੍ਰਿੰਸੀਪਲ ਤੇ ਮੈਡੀਸਨ ਵਿਭਾਗ ਦੇ ਮੁਖੀ ਡਾ. ਆਰ.ਪੀ.ਐਸ. ਸਿੱਬੀਆ ਤੇ ਰਜਿੰਦਰਾ ਹਸਪਤਾਲ ਦੇ ਮੈਡੀਕਲ ਸੁਪਰਡੈਂਟ ਡਾ. ਵਿਸ਼ਾਲ ਚੋਪੜਾ ਦੀ ਵੀ ਸ਼ਲਾਘਾ ਕੀਤੀ।

ਸਫਾ 1 ਦੇ ਬਾਕੀ...

## ਯੂ ਪੀ ਆਈ ਟੈਕਸ ਦਾ ਤਿੱਖਾ ਵਿਰੋਧ

ਚਾਰਜ ਵਾਪਸ ਲੈਣ ਲਈ ਕਿਹਾ। ਕਾਂਗਰਸ ਨੇ ਮੋਦੀ ਸਰਕਾਰ 'ਤੇ ਜ਼ੀਰੋ ਐੱਮ ਡੀ ਆਰ ਨੂੰ ਖਤਮ ਕਰਨ ਦੀ ਅਮਰੀਕੀ ਮੰਗ ਅੱਗੇ ਝੁਕਣ ਦਾ ਦੋਸ਼ ਲਗਾਇਆ ਹੈ। ਕਾਂਗਰਸ ਦੇ ਜਨਰਲ ਸਕੱਤਰ ਜੈਰਾਮ ਰਮੇਸ਼ ਨੇ ਪੁੱਛਿਆ ਕਿ ਕੀ ਮਰਚੈਂਟ ਡਿਸਕਾਊਂਟ ਰੇਟ (ਐੱਮ ਡੀ ਆਰ) 'ਤੇ ਸਰਕਾਰ ਦਾ ਕਦਮ ਅਮਰੀਕੀ ਕਾਰਡ ਕੰਪਨੀਆਂ ਨੂੰ ਯੂ ਪੀ ਆਈ ਨਾਲ ਮੁਕਾਬਲਾ ਕਰਨ ਦੇ ਯੋਗ ਬਣਾਉਣ ਲਈ ਕੀਤਾ ਗਿਆ ਹੈ। ਕਾਂਗਰਸ ਨੇ ਬੁੱਧਵਾਰ ਨੂੰ ਦੋਸ਼ ਲਗਾਇਆ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ 'ਨੋਟਾ' ਨੂੰ 'ਨਰਿੰਦਰ ਦਾ ਚੱਲ ਰਿਹਾ ਟਰੰਪ ਤੁਸ਼ਟੀਕਰਨ' ਵਜੋਂ ਮੁੜ ਪਰਿਭਾਸ਼ਿਤ ਕੀਤਾ ਹੈ। ਕਾਂਗਰਸ ਦੇ ਜਨਰਲ ਸਕੱਤਰ ਇੰਚਾਰਜ ਸੰਚਾਰ ਜੈਰਾਮ ਰਮੇਸ਼ ਨੇ ਇਹ ਵੀ ਪੁੱਛਿਆ ਕਿ ਕੀ ਮਰਚੈਂਟ ਡਿਸਕਾਊਂਟ ਰੇਟ 'ਤੇ ਸਰਕਾਰ ਦਾ ਕਦਮ ਅਮਰੀਕੀ ਕਾਰਡ ਕੰਪਨੀਆਂ ਨੂੰ ਲਾਭ ਪਹੁੰਚਾਉਣ ਲਈ ਚੁੱਕਿਆ ਗਿਆ ਹੈ। ਉਨ੍ਹਾ ਕਿਹਾ ਕਿ ਅਮਰੀਕੀ ਪ੍ਰਤੀਨਿਧੀ ਸਭਾ ਵਿਚ ਇੱਕ ਬਿੱਲ 'ਤੇ ਵੋਟਿੰਗ ਹੋਣ ਜਾ ਰਹੀ ਹੈ, ਜਿਸ ਤਹਿਤ ਭਾਰਤ 'ਤੇ 100 ਫ਼ੀਸਦੀ ਟੈਰਿਫ ਲਾਉਣ ਦਾ ਪ੍ਰਸਤਾਵ ਹੈ। ਉਨ੍ਹਾ ਦੱਸਿਆ ਕਿ ਅਮਰੀਕੀ ਸੈਨੇਟ ਪਹਿਲਾਂ ਹੀ ਇਸ ਕਠੋਰ ਕਾਨੂੰਨ ਨੂੰ ਮਨਜ਼ੂਰੀ ਦੇ ਚੁੱਕੀ ਹੈ। ਟਰੰਪ ਸ਼ਾਸਨ ਭਾਰਤੀ ਪ੍ਰਵਾਸੀਆਂ 'ਤੇ ਵੀ ਸਖ਼ਤੀ ਕਰ ਰਿਹਾ ਹੈ ਅਤੇ ਉਨ੍ਹਾਂ ਵਿਰੁੱਧ ਸਖ਼ਤ ਕਾਨੂੰਨ ਬਣਾ ਰਿਹਾ ਹੈ, ਰਮੇਸ਼ ਨੇ ਐਕਸ 'ਤੇ ਕਿਹਾ। ਉਨ੍ਹਾ ਕਿਹਾ ਕਿ ਐੱਚ-1 ਬੀ ਵੀਜ਼ਾ ਲਾਗਤਾਂ ਵਧਾ ਦਿੱਤੀਆਂ ਗਈਆਂ ਹਨ ਅਤੇ ਅਜਿਹੇ ਧਾਰਕਾਂ ਨੂੰ ਜਲਦੀ ਹੀ ਨੌਕਰੀ ਤੋਂ ਬਾਹਰ ਹੋਣ 'ਤੇ ਤੁਰੰਤ ਦੇਸ਼ ਨਿਕਾਲਾ ਦਿੱਤਾ ਜਾ ਸਕਦਾ ਹੈ। ਉਨ੍ਹਾ ਕਿਹਾ ਕਿ ਅਜਿਹੇ ਧਾਰਕ ਜ਼ਿਆਦਾਤਰ ਆਈ ਟੀ ਪੇਸ਼ੇਵਰ ਹਨ। ਦੂਸਰੇ ਪਾਸੇ ਪ੍ਰਧਾਨ ਮੰਤਰੀ ਵਾਸ਼ਿੰਗਟਨ ਅੱਗੇ ਝੁਕ ਕੇ ਅਮਰੀਕੀ ਕੰਪਨੀਆਂ ਨੂੰ ਰਾਹਤ ਦੇ ਰਹੇ ਹਨ।

## ਸਰਕਾਰ ਯੂ ਪੀ ਆਈ ਨੂੰ ਮੁਫ਼ਤ ਰੱਖੇ : ਸੀ ਪੀ ਆਈ

ਭਾਰਤ ਦੀ ਯੂ ਪੀ ਆਈ ਅਤੇ ਜ਼ੀਰੋ-ਐੱਮ ਡੀ ਆਰ ਵਿਵਸਥਾ 'ਤੇ ਇਤਰਾਜ਼ ਜਤਾਇਆ ਹੈ ਅਤੇ ਭਾਰਤ ਦੀਆਂ ਡਿਜੀਟਲ ਭੁਗਤਾਨ ਨੀਤੀਆਂ ਨੂੰ ਅਮਰੀਕੀ ਭੁਗਤਾਨ ਕੰਪਨੀਆਂ ਲਈ ਵਪਾਰਕ ਰੁਕਾਵਟ ਵਜੋਂ ਦਰਸਾਇਆ ਹੈ।ਪਾਰਟੀ ਨੇ ਕਿਹਾ ਕਿ ਵੀਜ਼ਾ ਅਤੇ ਮਾਸਟਰ ਕਾਰਡ ਵਰਗੀਆਂ ਕੰਪਨੀਆਂ ਦੀ ਕਾਰਡ ਭੁਗਤਾਨ ਵਧਾਉਣ ਵਿੱਚ ਸਿੱਧੀ ਵਪਾਰਕ ਦਿਲਚਸਪੀ ਹੈ ਅਤੇ ਇਸ ਨਾਲ ਯੂ ਪੀ ਆਈ ਤੇ ਰੁਪੈ ਦੀ ਮੁਕਾਬਲੇਬਾਜ਼ੀ ਪ੍ਰਭਾਵਤ ਹੋ ਸਕਦੀ ਹੈ। ਪਾਰਟੀ ਅਨੁਸਾਰ 2,000 ਤੋਂ ਵੱਧ ਦੇ ਲੈਣ-ਦੇਣ ਯੂ ਪੀ ਆਈ ਦੇ ਕੁੱਲ ਵਪਾਰੀ ਲੈਣ-ਦੇਣ ਦੀ ਕੀਮਤ ਦਾ ਲਗਭਗ 65 ਫ਼ੀਸਦੀ ਹਨ ਅਤੇ ਹੁਣ ਇਸੇ ਹਿੱਸੇ 'ਤੇ ਚਾਰਜ ਲਗਾਉਣ ਦੀ ਗੱਲ ਹੋ ਰਹੀ ਹੈ। ਪਾਰਟੀ ਨੇ ਦੋਸ਼ ਲਗਾਇਆ ਕਿ ਮੋਦੀ ਸਰਕਾਰ ਨੇ ਭਾਰਤ ਦੇ ਹਿੱਤਾਂ ਦੀ ਰੱਖਿਆ ਕਰਨ ਦੀ ਬਜਾਏ ਮੁੜ ਅਮਰੀਕੀ ਦਬਾਅ ਅੱਗੇ ਝੁਕਣ ਦਾ ਰਾਹ ਅਪਣਾਇਆ ਹੈ। ਪਾਰਟੀ ਨੇ ਕਿਹਾ ਕਿ ਪ੍ਰਧਾਨ ਮੰਤਰੀ ਨਰਿੰਦਰ ਮੋਦੀ ਨੇ ਕਈ ਵਾਰ ਯੂ ਪੀ ਆਈ ਨੂੰ 'ਡਿਜੀਟਲ ਇੰਡੀਆ' ਦੀ ਸਫ਼ਲਤਾ ਦੇ ਪ੍ਰਤੀਕ ਵਜੋਂ ਪੇਸ਼ ਕੀਤਾ ਹੈ। ਅਜਿਹੀ ਸਥਿਤੀ ਵਿੱਚ ਵਿਦੇਸ਼ੀ ਦਬਾਅ ਹੇਠ ਇਸ ਦੀ ਖ਼ੁਦਮੁਖ਼ਤਿਆਰੀ ਨੂੰ ਪ੍ਰਭਾਵਤ ਕਰਨਾ ਭਾਰਤ ਦੀ ਡਿਜੀਟਲ ਖ਼ੁਦਮੁਖ਼ਤਿਆਰੀ ਲਈ ਚਿੰਤਾ ਦਾ ਵਿਸ਼ਾ ਹੈ। ਬਿਆਨ ਵਿੱਚ ਕਿਹਾ ਗਿਆ ਕਿ ਭਾਰਤ ਦੇ ਡਿਜੀਟਲ ਭੁਗਤਾਨ ਪ੍ਰਣਾਲੀ ਵਿੱਚ ਵਾਲਮਾਰਟ ਦੀ ਮਲਕੀਅਤ ਵਾਲੇ ਫੋਨ ਪੇ ਅਤੇ ਐਲਫਾਬੈੱਟ ਦੀ ਮਲਕੀਅਤ ਵਾਲੇ ਗੂਗਲ ਪੇ ਦੀ ਵੱਡੀ ਹਿੱਸੇਦਾਰੀ ਹੈ ਅਤੇ ਦੋਵੇਂ ਮਿਲ ਕੇ ਯੂ ਪੀ ਏ ਦੇ ਲਗਭਗ 80 ਫ਼ੀਸਦੀ ਲੈਣ-ਦੇਣ ਪ੍ਰੋਸੈੱਸ ਕਰਦੇ ਹਨ। ਪਾਰਟੀ ਨੇ ਸਵਾਲ ਉਠਾਇਆ ਕਿ ਜਨਤਕ ਡਿਜੀਟਲ ਢਾਂਚੇ ਦੀ ਵੱਡੇ ਪੱਧਰ 'ਤੇ ਵਰਤੋਂ ਕਰਨ ਵਾਲੀਆਂ ਵੱਡੀਆਂ ਕਾਰਪੋਰੇਟ ਕੰਪਨੀਆਂ 'ਤੇ ਬੋਝ ਪਾਉਣ ਦੀ ਬਜਾਏ ਵਪਾਰੀਆਂ ਅਤੇ ਆਮ ਖਪਤਕਾਰਾਂ 'ਤੇ ਚਾਰਜ ਦਾ ਸੰਭਾਵਿਤ ਬੋਝ ਕਿਉਂ ਪਾਇਆ ਜਾ ਰਿਹਾ ਹੈ।

ਪਾਰਟੀ ਨੇ ਕਿਹਾ ਕਿ ਯੂ ਪੀ ਆਈ ਨੂੰ ਸਧਾਰਨ, ਆਪਸੀ-ਅਨੁਕੂਲ ਅਤੇ ਘੱਟ ਲਾਗਤ ਵਾਲੀ ਜਨਤਕ ਡਿਜੀਟਲ ਭੁਗਤਾਨ ਪ੍ਰਣਾਲੀ ਵਜੋਂ ਵਿਕਸਤ ਕੀਤਾ ਗਿਆ ਸੀ। ਇਸ ਨੂੰ ਵਿਦੇਸ਼ੀ ਕਾਰਪੋਰੇਟ ਹਿੱਤਾਂ ਦੇ ਅਨੁਕੂਲ ਬਣਾਉਣ ਲਈ ਕਮਜ਼ੋਰ ਨਹੀਂ ਕੀਤਾ ਜਾਣਾ ਚਾਹੀਦਾ।ਭਾਰਤੀ ਕਮਿਊਨਿਸਟ ਪਾਰਟੀ ਨੇ ਕੇਂਦਰ ਸਰਕਾਰ ਤੋਂ ਯੂ ਪੀ ਆਈ 'ਤੇ ਚਾਰਜ ਲਗਾਉਣ ਦੇ ਫ਼ੈਸਲੇ ਨੂੰ ਵਾਪਸ ਲੈਣ ਅਤੇ ਇਸ ਨੂੰ ਮੁਫ਼ਤ ਰੱਖਣ ਦੀ ਮੰਗ ਕੀਤੀ ਹੈ।

## ਅਰਬ ਸਾਗਰ 'ਚ ਭਾਰਤੀ ਜਹਾਜ਼ ਨਾਲ ਟਕਰਾਇਆ...

ਜੰਗੀ ਜਹਾਜ਼ ਦੇ ਨੇੜੇ ਪਾਕਿਸਤਾਨੀ ਜਲ ਸੈਨਾ ਦਾ ਜਹਾਜ਼ ਬਹੁਤ ਤੇਜ਼ ਰਫ਼ਤਾਰ ਨਾਲ ਆਇਆ। ਪਾਕਿਸਤਾਨੀ ਜਲ ਸੈਨਾ ਦਾ ਜਹਾਜ਼ ਬਹੁਤ ਤੇਜ਼ ਰਫ਼ਤਾਰ ਵਿੱਚ ਸੀ ਅਤੇ ਗੈਰ-ਪੇਸ਼ੇਵਰ ਤੇ ਅਸੁਰੱਖਿਅਤ ਤਰੀਕੇ ਨਾਲ ਮੋੜ ਕੱਟ ਰਿਹਾ ਸੀ।

ਇਸ ਕਾਰਨ ਇਹ ਟੱਕਰ ਹੋਈ। ਹਾਲਾਂ ਕਿ, ਕਿਸੇ ਨੁਕਸਾਨ ਦੀ ਖ਼ਬਰ ਨਹੀਂ ਹੈ।

## ਡਾ. ਗੁਰਪ੍ਰੀਤ ਕੌਰ ਵੱਲੋਂ ਮਜੀਠੀਆ, ਹਰਸਿਮਰਤ...

ਕੌਰ ਨੇ ਕਿਹਾ ਕਿ ਸਾਰੇ ਮੁਲਜ਼ਮਾਂ ਨੇ ਆਪਣੇ ਬਿਆਨਾਂ ਵਿੱਚ ਉਨ੍ਹਾਂ ਨੂੰ ਖਾਸ ਤੌਰ 'ਤੇ ਨਿਸ਼ਾਨਾ ਬਣਾਇਆ ਹੈ। ਇੱਕ ਔਰਤ ਹੋਣ ਦੇ ਬਾਵਜੂਦ ਉਨ੍ਹਾਂ ਨੂੰ ਪੈਸਿਆਂ ਦੀ ਖਾਤਰ ਜਬਰ-ਜ਼ਨਾਹ ਦੇ ਮੁਲਜ਼ਮ ਦੀ ਮਦਦ ਕਰਨ ਵਾਲੀ ਵਜੋਂ ਪੇਸ਼ ਕੀਤਾ ਗਿਆ ਹੈ। ਇਹਨਾਂ ਝੂਠੇ ਦੋਸ਼ਾਂ ਨਾਲ ਉਨ੍ਹਾਂ ਦੇ ਅਕਸ, ਸ਼ਾਨ ਅਤੇ ਨਿੱਜੀ ਪਛਾਣ ਨੂੰ ਡੂੰਘੀ ਠੇਸ ਪੁੱਜੀ ਹੈ। ਉਨ੍ਹਾ ਨੇ ਅਦਾਲਤ ਅੱਗੇ ਅਪੀਲ ਕੀਤੀ ਹੈ ਕਿ ਮੁਲਜ਼ਮਾਂ ਨੂੰ ਅਪਰਾਧਕ ਮਾਣਹਾਨੀ ਦੇ ਦੋਸ਼ਾਂ ਦਾ ਜਵਾਬ ਦੇਣ ਲਈ ਤਲਬ ਕੀਤਾ ਜਾਵੇ ਅਤੇ ਬੀ.ਐੱਨ.ਐੱਸ. ਦੀ ਧਾਰਾ 356 ਤਹਿਤ ਸਜ਼ਾ ਦਿੱਤੀ ਜਾਵੇ। ਜ਼ਿਕਰਯੋਗ ਹੈ ਕਿ ਇਸ ਤੋਂ ਪਹਿਲਾਂ ਇਸ ਨਾਲ ਜੁੜੇ ਇਕ ਹੋਰ ਮਾਮਲੇ ਵਿਚ ਸਿਵਲ ਜੱਜ (ਜੂਨੀਅਰ ਡਵੀਜ਼ਨ) ਡਾ. ਪ੍ਰੀਕਸ਼ਿਤ ਦੀ ਅਦਾਲਤ ਨੇ ਜਸਟਿਸ (ਸੇਵਾ-ਮੁਕਤ) ਰਣਜੀਤ ਸਿੰਘ, ਅਕਾਲੀ ਆਗੂ ਬਿਕਰਮ ਸਿੰਘ ਮਜੀਠੀਆ ਅਤੇ ਕਾਂਗਰਸੀ ਆਗੂ ਸੁਖਪਾਲ ਸਿੰਘ ਖਹਿਰਾ 'ਤੇ ਅਗਲੇ ਹੁਕਮਾਂ ਤੱਕ ਸੋਸ਼ਲ ਮੀਡੀਆ ਜਾਂ ਕਿਸੇ ਵੀ ਹੋਰ ਮਾਧਿਅਮ 'ਤੇ ਰਿਸ਼ਵਤ ਦੀ ਮੰਗ ਨਾਲ ਸੰਬੰਧਤ ਕੋਈ ਵੀ ਅਣ-ਪ੍ਰਮਾਣਿਤ ਅਤੇ ਮਾਣਹਾਨੀਯੋਗ ਸਮੱਗਰੀ ਪ੍ਰਕਾਸ਼ਿਤ ਜਾਂ ਸ਼ੇਅਰ ਕਰਨ 'ਤੇ ਅੰਤਰਿਮ ਰੋਕ ਲਗਾਈ ਹੋਈ ਹੈ।

## ਅਨਚੈੱਕਡ ਪੈਸਾ-ਵਸੂਲੀ ਬਾਈ ਭਾਜਪਾ

: ਮੈਡਮ, ਦਰਦ ਪਰ ਭੀ ਟੈਗ ਲਗਾ ਦੋ, ਮੁਝੇ ਇਤਨਾ ਨਹੀਂ ਚਾਹੀਏ। ਇੱਕ ਹੋਰ ਟਿੱਪਣੀਕਾਰ ਨੇ ਲਿਖਿਆ ਹੈ : ਭਾਈ, ਦਰਦ ਬੜ੍ਹੇਗਾ ਤੋ ਟੈਕਸ ਬੜ੍ਹੇਗਾ, ਤੋ ਔਰ ਦਰਦ ਬੜ੍ਹੇਗਾ... ਔਰ ਟੈਕਸ ਭੀ ਬੜ੍ਹੇਗਾ। ਦੂਜੇ ਸ਼ਬਦਾਂ ਵਿੱਚ ਇੱਕ ਦੁਸ਼ਟ ਚੱਕਰ—ਕਿਉਂਕਿ ਜ਼ਾਹਰ ਤੌਰ 'ਤੇ ਦਰਦ ਨੂੰ ਹੁਣ ਇਸ ਦੇ ਟੈਕਸ ਪ੍ਰਭਾਵਾਂ ਬਾਰੇ ਚਿੰਤਾ ਕਰਨ ਦੀ ਜ਼ਰੂਰਤ ਹੈ (ਜਿਵੇਂ ਕਿ ਉਹ ਕਹਿੰਦੇ ਹਨ, ਕੁਝ ਵੀ ਮੁਫ਼ਤ ਨਹੀਂ ਆਉਂਦਾ)। ਇੱਕ ਹੋਰ ਮੀਮ ਵਿੱਚ ਸੀਤਾਰਮਨ ਉਪਭੋਗਤਾਵਾਂ ਨੂੰ ਭਰੋਸਾ ਦਿੰਦੀ ਹੋਏ ਦਿਖਾਈ ਦਿੱਤੀ : 'ਚਿੰਤਾ ਨਾ ਕਰੋ, ਯੂ ਪੀ ਆਈ ਦੇ ਨਵੇਂ ਖਰਚੇ ਸਿਰਫ ਵਪਾਰੀਆਂ ਲਈ ਹਨ, ਖਪਤਕਾਰਾਂ ਲਈ ਨਹੀਂ।' ਹਾਲਾਂਕਿ, ਇੱਕ ਉਪਭੋਗਤਾ ਨੇ ਜਲਦੀ ਹੀ ਪ੍ਰਤੀਕਿਰਿਆ ਦਿੱਤੀ : ਆਂਟੀ ਸੋਚਦੀ ਹੈ ਕਿ ਵਪਾਰੀ ਆਪਣੇ 'ਤੇ ਲੱਗਾ ਚਾਰਜ ਕੀਮਤਾਂ ਵਧਾ ਕੇ ਸਾਥੋਂ ਨਹੀਂ ਵਸੂਲਣਗੇ? ਇੱਕ ਉਪਭੋਗਤਾ ਨੇ ਜ਼ਬਰਦਸਤ ਪੋਸਟ ਪਾਈ ਹੈ : ਹੁਣ ਯੂ ਪੀ ਆਈ ਦਾ ਕੀ ਅਰਥ ਹੈ—ਅਨਚੈੱਕਡ ਪੈਸਾ-ਵਸੂਲੀ ਬਾਈ ਭਾਜਪਾ। ਨਿਰਮਲਾ ਸੀਤਾਰਮਨ ਦੇ ਹਵਾਲੇ ਨਾਲ ਇੱਕ ਹੋਰ ਮੀਮ ਹੈ : ਬੋਰ ਹੋ ਰਹੀ ਥੀ, ਯੂ ਪੀ ਆਈ ਪਰ ਭੀ ਟੈਕਸ ਪੇਲ ਦੀਆ। ਅੰਤ ਵਿੱਚ ਯੂ ਪੀ ਆਈ 'ਤੇ ਗੁੱਸੇ ਨੇ ਸਪੱਸ਼ਟ ਤੌਰ 'ਤੇ ਆਪਣੀ ਸਿਆਸੀ ਪਾਰਟੀ ਲੱਭ ਲਈ ਹੈ, ਘੱਟੋ-ਘੱਟ ਐਕਸ 'ਤੇ। ਯੂ ਪੀ ਆਈ ਜਨਤਾ ਪਾਰਟੀ ਨਾਮਕ ਇੱਕ ਖਾਤੇ ਨੇ ਆਪਣੀ ਸ਼ਿਕਾਇਤ ਤਿੰਨ ਸਾਫ-ਸੁਥਰੇ ਕਦਮਾਂ ਵਿੱਚ ਪੇਸ਼ ਕੀਤੀ : ਅਸੀਂ ਕਮਾਉਂਦੇ ਹਾਂ : ਆਮਦਨ ਟੈਕਸ। ਅਸੀਂ ਖਰਚ ਕਰਦੇ ਹਾਂ : ਜੀ ਐੱਸ ਟੀ। ਹੁਣ ਅਸੀਂ ਭੁਗਤਾਨ ਕਰਾਂਗੇ : ਯੂ ਪੀ ਆਈ ਲੈਣ-ਦੇਣ ਦੇ ਖਰਚੇ? ਪੋਸਟ ਵਿੱਚ ਅੱਗੇ ਕਿਹਾ ਗਿਆ ਹੈ : ਮਿਡਲ ਕਲਾਸ ਭਾਰਤੀ ਸਰਕਾਰ ਲਈ ਏ ਟੀ ਐੱਮ ਨਹੀਂ ਹਨ।

## ਭਾਜਪਾ ਆਪਣੀ ਸੱਤਾ ਵਾਲੇ ਰਾਜਾਂ ਵਿਚ ਨਸ਼ਾ ਨੈੱਟਵਰਕਾਂ...

ਵਾਹਨਾਂ ਦੀ ਵੀ ਦੁਰਵਰਤੋਂ ਕੀਤੀ ਜਾ ਰਹੀ ਸੀ। ਜਦੋਂ ਨਸ਼ਿਆਂ ਨਾਲ ਸਬੰਧਤ ਮਾਮਲਿਆਂ ਦੀ ਜਾਂਚ ਚੱਲ ਰਹੀ ਸੀ, ਤਾਂ ਜਲੰਧਰ ਤੋਂ ਈ ਡੀ ਦੇ ਇੱਕ ਅਧਿਕਾਰੀ ਦਾ ਤਬਾਦਲਾ ਕਰ ਦਿੱਤਾ ਗਿਆ ਸੀ।ਪੰਜਾਬ ਦੀ ਅੰਤਰਰਾਸ਼ਟਰੀ ਸਰਹੱਦ ਦੀ ਸੁਰੱਖਿਆ ਵਿੱਚ ਭਾਜਪਾ ਦੀ ਅਗਵਾਈ ਵਾਲੀ ਕੇਂਦਰ ਸਰਕਾਰ ਦੀ ਭੂਮਿਕਾ 'ਤੇ ਸਵਾਲ ਚੁੱਕਦਿਆਂ ਚੀਮਾ ਨੇ ਕਿਹਾ ਕਿ ਪਾਕਿਸਤਾਨ ਸਰਹੱਦ ਨਾਲ ਲੱਗਦੀ 55 ਕਿਲੋਮੀਟਰ ਦੀ ਪੱਟੀ ਬੀ ਐਸ ਐਫ ਦੇ ਅਧੀਨ ਆਉਂਦੀ ਹੈ। ਇਸ ਖੇਤਰ ਵਿੱਚ ਕੇਂਦਰ ਦੀ ਸਿੱਧੀ ਜ਼ਿੰਮੇਵਾਰੀ ਹੋਣ ਦੇ ਬਾਵਜੂਦ, ਭਾਜਪਾ ਨਸ਼ਿਆਂ ਦੇ ਮੁੱਦੇ 'ਤੇ ਪੰਜਾਬ ਨੂੰ ਨਿਸ਼ਾਨਾ ਬਣਾ ਰਹੀ ਹੈ। ਦੂਜੇ ਪਾਸੇ, ਭਗਵੰਤ ਸਿੰਘ ਮਾਨ ਸਰਕਾਰ ਨੇ ਨਸ਼ਾ ਤਸਕਰਾਂ ਵਿਰੁੱਧ ਕਾਰਵਾਈ ਕੀਤੀ ਹੈ ਅਤੇ ਡਰੋਨ ਰਾਹੀਂ ਨਸ਼ਿਆਂ ਦੀ ਤਸਕਰੀ ਨੂੰ ਰੋਕਣ ਲਈ ਐਂਟੀ-ਡਰੋਨ ਸਿਸਟਮ ਸ਼ੁਰੂ ਕਰਨ ਸਮੇਤ ਪੰਜਾਬ ਪੁਲਿਸ ਦੀਆਂ ਸਮਰੱਥਾਵਾਂ ਨੂੰ ਮਜ਼ਬੂਤ ਕੀਤਾ ਹੈ। ਚੀਮਾ ਨੇ ਅੱਗੇ ਕਿਹਾ ਕਿ ਦੇਸ਼ ਵਿੱਚ ਬਰਾਮਦ ਕੀਤੀਆਂ ਗਈਆਂ ਨਸ਼ਿਆਂ ਦੀਆਂ ਵੱਡੀਆਂ ਖੇਪਾਂ ਦੇ ਤਾਰ ਅਕਸਰ ਗੁਜਰਾਤ ਅਤੇ ਰਾਜਸਥਾਨ ਨਾਲ ਜੁੜਦੇ ਰਹੇ ਹਨ, ਜਿੱਥੇ ਭਾਜਪਾ ਦੀਆਂ ਸਰਕਾਰਾਂ ਹਨ। ਗੁਲਜ਼ਾਰ ਸਿੰਘ ਦੀ ਮੌਤ ਨਾਲ ਸਬੰਧਤ ਮੀਡੀਆ ਦੇ ਸਵਾਲ ਦਾ ਜਵਾਬ ਦਿੰਦਿਆਂ ਉਨ੍ਹਾਂ ਕਿਹਾ ਕਿ ਵਿਰੋਧੀ ਧਿਰ ਲਾਸ਼ਾਂ 'ਤੇ ਸਿਆਸਤ ਕਰ ਰਹੀ ਹੈ ਅਤੇ ਮੇਰਾ ਇਸ ਮਾਮਲੇ ਨਾਲ ਕੋਈ ਲੈਣਾ-ਦੇਣਾ ਨਹੀਂ ਹੈ।

## ਮਾਓਵਾਦੀ ਹਮਲੇ ਦੇ ਸਾਰੇ 10 ਦੋਸ਼ੀਆਂ ਨੂੰ ਮੌਤ ਦੀ ਸਜ਼ਾ...

ਸੀ, ਜਦੋਂ ਕਿ ਮਾਂਡਵੀ ਵੀ ਪਿੰਡ ਵਿੱਚ ਵਿਆਹ ਦੀਆਂ ਤਿਆਰੀਆਂ ਵਿੱਚ ਰੁੱਝੀ ਹੋਈ ਸੀ। ਇਹ ਹਮਲਾ 25 ਮਈ 2013 ਨੂੰ ਹੋਇਆ ਸੀ, ਜਦੋਂ ਮਾਓਵਾਦੀਆਂ ਨੇ ਬਸਤਰ ਜ਼ਿਲ੍ਹੇ ਦੇ ਦਰਭਾ ਪੁਲਿਸ ਸਟੇਸ਼ਨ ਦੀ ਸੀਮਾ ਅਧੀਨ ਝਿਰਮ ਘਾਟੀ ਵਿੱਚ ਇੱਕ ਰਾਸ਼ਟਰੀ ਰਾਜਮਾਰਗ 'ਤੇ ਕਾਂਗਰਸ ਦੀ 'ਪਰਿਵਰਤਨ ਰੈਲੀ' 'ਤੇ ਘਾਤ ਲਗਾ ਕੇ ਹਮਲਾ ਕੀਤਾ ਸੀ।

## 23 ਨੂੰ ਮਨਾਇਆ ਜਾਵੇਗਾ ਵਿਸ਼ਵ ਪੰਜਾਬੀ ਦਿਵਸ-ਡਾ. ਧੂਰੀ

**ਧੂਰੀ, (ਮੋਹਿਤ ਗਰਗ, ਮਨੋਹਰ ਸੱਗੂ)**-ਆਪਣਾ ਪੰਜਾਬ ਫਾਊਂਡੇਸ਼ਨ ਵੱਲੋਂ ਵਿਸ਼ਵ ਪੰਜਾਬੀ ਦਿਵਸ ਇਸ ਵਰ੍ਹੇ 23 ਸਤੰਬਰ ਨੂੰ ਪੰਜਾਬ ਕਲਾ ਪ੍ਰੀਸ਼ਦ, ਸੈਕਟਰ 16-ਬੀ, ਚੰਡੀਗੜ੍ਹ ਵਿਖੇ ਮਨਾਇਆ ਜਾ ਰਿਹਾ ਹੈ।ਇਸ ਸਬੰਧੀ ਵਿਸ਼ੇਸ਼ ਸਮਾਗਮ ਦੁਪਹਿਰ 3:00 ਵਜੇ ਤੋਂ ਸ਼ਾਮ 6:00 ਵਜੇ ਤੱਕ ਹੋਵੇਗਾ।ਪੰਜਾਬ ਕਲਾ ਪ੍ਰੀਸ਼ਦ ਇਸ ਸਮਾਗਮ ਦੀ ਸਹਿਯੋਗੀ ਸੰਸਥਾ ਰਹੇਗੀ।ਸਮਾਗਮ ਵਿੱਚ ਪੰਜਾਬ ਭਰ ਤੋਂ ਪੰਜਾਬੀ ਭਾਸ਼ਾ, ਸਾਹਿਤ ਤੇ



ਸੱਭਿਆਚਾਰ ਨੂੰ ਪਿਆਰ ਕਰਨ ਵਾਲੀਆਂ ਸ਼ਖ਼ਸੀਅਤਾਂ ਤੇ ਪੰਜਾਬੀ ਹਿਤੈਸ਼ੀ ਸ਼ਿਰਕਤ ਕਰਨਗੇ।ਫਾਊਂਡੇਸ਼ਨ ਦੇ ਫਾਊਂਡਰ ਤੇ ਪ੍ਰਧਾਨ ਡਾ. ਜਗਜੀਤ ਸਿੰਘ ਧੂਰੀ ਨੇ ਦੱਸਿਆ ਕਿ ਇਸ ਮੌਕੇ ਆਪਣਾ ਪੰਜਾਬ ਫਾਊਂਡੇਸ਼ਨ ਵੱਲੋਂ 'ਮੇਰੀ ਪੰਜਾਬੀ-ਮੇਰਾ ਮਾਣ' ਨਾਮ ਦੀ ਵਿਸ਼ੇਸ਼ ਮੁਹਿੰਮ ਵੀ ਸ਼ੁਰੂ ਕੀਤੀ ਜਾ ਰਹੀ ਹੈ।ਇਸ ਮੁਹਿੰਮ ਦਾ ਉਦੇਸ਼ ਪੰਜਾਬੀ ਭਾਸ਼ਾ ਪ੍ਰਤੀ ਲੋਕਾਂ ਵਿੱਚ ਮਾਣ, ਪਿਆਰ ਤੇ ਜ਼ਿੰਮੇਵਾਰੀ ਦੀ ਭਾਵਨਾ ਨੂੰ ਹੋਰ ਮਜ਼ਬੂਤ ਕਰਨਾ ਤੇ ਪੰਜਾਬੀ ਨੂੰ ਰੋਜ਼ਾਨਾ ਜੀਵਨ, ਸਿੱਖਿਆ, ਸਾਹਿਤ, ਸਮਾਜਿਕ ਸੰਚਾਰ ਤੇ ਡਿਜੀਟਲ ਯੁੱਗ ਵਿੱਚ ਵੱਧ ਤੋਂ ਵੱਧ ਵਰਤੋਂ ਵਿੱਚ ਲਿਆਉਣਾ ਹੈ।

## ਡੀ ਐਸ ਪੀ ਖਹਿਰਾ ਵੱਲੋਂ ਨਾਕਾਬੰਦੀਆਂ 'ਤੇ ਵਾਹਨਾਂ ਦੀ ਚੈਕਿੰਗ

**ਬਾਘਾ ਪੁਰਾਣਾ (ਮਨੀ ਸਿੰਗਲਾ)**- ਬਾਘਾ ਪੁਰਾਣਾ ਪੁਲਸ ਵੱਲੋਂ ਇਲਾਕੇ ਵਿਚ ਅਮਨ-



ਕਾਨੂੰਨ ਵਿਵਸਥਾ ਨੂੰ ਹੋਰ ਮਜ਼ਬੂਤ ਕਰਨ ਅਤੇ ਲੋਕਾਂ ਦੀ ਸੁਰੱਖਿਆ ਯਕੀਨੀ ਬਣਾਉਣ ਲਈ ਲਗਾਤਾਰ ਚੌਕਸੀ ਵਰਤੀ ਜਾ ਰਹੀ ਹੈ। ਇਸੇ ਤਹਿਤ ਡੀ ਐਸ ਪੀ ਬਾਘਾ ਪੁਰਾਣਾ ਜਸਬਿੰਦਰ ਸਿੰਘ ਖਹਿਰਾ ਦੀ ਅਗਵਾਈ ਹੇਠ ਪੁਲਸ ਟੀਮਾਂ ਵੱਲੋਂ ਵੱਖ-ਵੱਖ ਥਾਵਾਂ 'ਤੇ ਨਾਕਾਬੰਦੀਆਂ ਕਰਕੇ ਆਉਣ-ਜਾਣ ਵਾਲੇ ਵਾਹਨਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ। ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਡੀ ਐਸ ਪੀ ਖਹਿਰਾ ਨੇ ਕਿਹਾ ਕਿ ਬਾਘਾ ਪੁਰਾਣਾ ਪੁਲਸ ਹਲਕੇ ਨੂੰ ਅਪਰਾਧ ਮੁਕਤ ਰੱਖਣਾ ਉਨ੍ਹਾਂ ਦਾ ਮੁੱਖ ਫਰਜ਼ ਹੈ। ਉਨ੍ਹਾਂ ਕਿਹਾ ਕਿ ਪੁਲਸ ਵੱਲੋਂ ਕਾਨੂੰਨ ਵਿਵਸਥਾ ਨੂੰ ਬਣਾਈ ਰੱਖਣ ਦੇ ਨਾਲ-ਨਾਲ ਨਸ਼ਿਆਂ ਅਤੇ ਹੋਰ ਸਮਾਜ ਵਿਰੋਧੀ ਗਤੀਵਿਧੀਆਂ ਨੂੰ ਠੱਲ੍ਹ ਪਾਉਣ ਲਈ ਵਿਸ਼ੇਸ਼ ਤੌਰ 'ਤੇ ਮੁਹਿੰਮ ਚਲਾਈ ਜਾ ਰਹੀ ਹੈ। ਖਹਿਰਾ ਨੇ ਦੱਸਿਆ ਕਿ ਪੁਲਸ ਵੱਲੋਂ ਨਸ਼ਿਆਂ ਦੇ ਖ਼ਾਤਮੇ ਲਈ ਪਿੰਡ-ਪਿੰਡ ਜਾ ਕੇ ਪੰਚਾਇਤਾਂ ਅਤੇ ਆਮ ਲੋਕਾਂ ਨਾਲ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ। ਇਨ੍ਹਾਂ ਮੀਟਿੰਗਾਂ ਦੌਰਾਨ ਲੋਕਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਜਾਗਰੂਕ ਕਰਨ ਦੇ ਨਾਲ-ਨਾਲ ਪੁਲਸ ਨੂੰ ਸਹਿਯੋਗ ਦੇਣ ਦੀ ਅਪੀਲ ਵੀ ਕੀਤੀ ਜਾ ਰਹੀ ਹੈ। ਉਨ੍ਹਾਂ ਕਿਹਾ ਕਿ ਨਸ਼ਿਆਂ ਦੀ ਸਮੱਸਿਆ ਨਾਲ ਨਜਿੱਠਣ ਲਈ ਪੁਲਸ ਦੇ ਨਾਲ-ਨਾਲ ਸਮਾਜ ਦੇ ਹਰ ਵਰਗ ਦਾ ਸਹਿਯੋਗ ਬਹੁਤ ਜ਼ਰੂਰੀ ਹੈ।

## ਗੈਰ ਵਿੱਦਿਅਕ ਡਿਊਟੀਆਂ ਤੇ ਹੋਰ ਮੰਗਾਂ ਸੰਬੰਧੀ ਸਰਕਾਰ ਨੂੰ 7 ਦਿਨਾਂ ਦਾ ਨੋਟਿਸ

**ਲੁਧਿਆਣਾ ( ਸਤੀਸ਼ ਸਚਦੇਵਾ )** - ਪੰਜਾਬ ਦੀਆਂ ਸੰਘਰਸ਼ੀਲ ਅਧਿਆਪਕ ਜੱਥੇਬੰਦੀਆਂ ਵੱਲੋਂ ਸੂਬਾ ਪੱਧਰੀ ਸੱਦੇ ਅਨੁਸਾਰ ਲੁਧਿਆਣਾ ਜ਼ਿਲ੍ਹੇ ਦੀਆਂ ਸਮੂਹ ਅਧਿਆਪਕ ਜਥੇਬੰਦੀਆਂ ਵੱਲੋਂ ਜਸਵਿੰਦਰ ਸਿੰਘ ਐਤੀਆਣਾ, ਟਹਿਲ ਸਿੰਘ ਸਰਾਭਾ, ਹਰਜੀਤ ਸਿੰਘ ਸੁਧਾਰ,ਬਿਕਰਮਜੀਤ ਸਿੰਘ ਕੱਦੋਂ, ਜਗਜੀਤ ਸਿੰਘ ਮਾਨ, ਜਗਜੀਤ ਸਿੰਘ ਸਾਹਨੇਵਾਲ, ਸਤਵੀਰ ਸਿੰਘ ਰੌਣੀ,ਕੁਲਜਿੰਦਰ ਸਿੰਘ ਬੱਦੋਵਾਲ, ਧੰਨਾ ਸਿੰਘ ਸਵੱਦੀ, ਧਰਮਜੀਤ ਸਿੰਘ ਢਿੱਲੋਂ ਦੀ ਅਗਵਾਈ ਵਿੱਚ ਮੁੱਖ ਮੰਤਰੀ ਪੰਜਾਬ ਅਤੇ



ਡਾਇਰੈਕਟਰ ਸਕੂਲ ਸਿੱਖਿਆ ਪੰਜਾਬ ਤੱਕ ਡਿਪਟੀ ਕਮਿਸ਼ਨਰ ਲੁਧਿਆਣਾ ਸ੍ਰੀ ਹਿਮਾਂਸ਼ੂ ਜੈਨ ਅਤੇ ਜ਼ਿਲ੍ਹਾ ਸਿੱਖਿਆ ਅਫ਼ਸਰ ( ਸੀਨੀਅਰ ਸੈਕੰਡਰੀ) ਸ੍ਰੀਮਤੀ ਡਿੰਪਲ ਮੈਦਾਨ ਰਾਹੀਂ ਗੈਰ ਵਿੱਦਿਅਕ ਡਿਊਟੀਆਂ , ਪ੍ਰਾਇਮਰੀ ਪੱਧਰ ਅਤੇ ਸੈਕੰਡਰੀ ਪੱਧਰ ਦੀਆਂ ਸਕੂਲੀ ਖੇਡਾਂ ਲਈ ਲੋੜੀਂਦੇ ਫੰਡ ਮਿਲਣ ਤੱਕ ਖੇਡਾਂ ਨਾ ਕਰਵਾਉਣ,ਵਤਨ ਪੰਜਾਬ ਦੀਆਂ ਖੇਡਾਂ ਵਿੱਚ ਦਬਾਅ ਹੇਠ ਰਜਿਸਟ੍ਰੇਸ਼ਨ ਨਾ ਕਰਵਾਉਣ,ਸਕੂਲਾਂ ਵਿੱਚ ਸਫਾਈ ਸੇਵਕਾਂ ਦਾ ਪ੍ਰਬੰਧ ਕਰਨ,ਐਸ ਐਮ ਸੀ ਦੀਆਂ ਟ੍ਰੇਨਿੰਗਾਂ ਵਿੱਚ ਪੰਜਾਬ ਸਰਕਾਰ ਦੀਆਂ ਗੈਰ-ਵਿਦਿਅਕ ਸਕੀਮਾਂ ਦਾ ਪ੍ਰਚਾਰ ਨਾ ਕਰਨ,ਬੇਲੋੜੀਆਂ ਡਾਕਾਂ ਅਤੇ ਗੂਗਲ ਫਾਰਮ ਬੰਦ ਕਰਨ , ਪੁਰਾਣੀ ਪੈਨਸ਼ਨ, ਪੁਰਾਣੇ ਸਕੇਲ ਅਤੇ ਭੱਤੇ ਬਹਾਲ ਕਰਨ ਆਦਿ ਮੰਗਾਂ ਨੂੰ ਲੈ ਕੇ ਸੱਤ ਦਿਨਾਂ ਦਾ ਨੋਟਿਸ ਭੇਜਿਆ ਗਿਆ ਹੈ। ਭੇਜੇ ਗਏ ਨੋਟਿਸ ਰਾਹੀਂ ਅਧਿਆਪਕ ਜੱਥੇਬੰਦੀਆਂ ਨੇ ਪੰਜਾਬ ਸਰਕਾਰ ਨੂੰ ਚਿਤਾਵਨੀ ਦਿੱਤੀ ਕਿ ਜੇਕਰ ਇੱਕ ਹਫ਼ਤੇ ਵਿੱਚ ਪੰਜਾਬ ਸਰਕਾਰ ਅਤੇ ਸਿੱਖਿਆ ਵਿਭਾਗ ਇਹਨਾਂ ਮੰਗਾਂ 'ਤੇ ਕੋਈ ਹਾਂ ਪੱਖੀ ਰਵੱਈਆ ਨਹੀਂ ਅਪਣਾਉਂਦੀ ਤਾਂ ਇਹਨਾਂ ਗੈਰ-ਵਿਦਿਅਕ ਕੰਮਾਂ ਦਾ ਪੂਰਨ ਬਾਈਕਾਟ ਕੀਤਾ ਜਾਵੇਗਾ। ਇਸ ਮੌਕੇ ਜਗਦੀਪ ਸਿੰਘ ਜੌਨੀ, ਕੁਲਦੀਪ ਸਿੰਘ ਸਹੌਲੀ, ਕੁਲਵੰਤ ਸਿੰਘ, ਗੁਰਪ੍ਰੀਤ ਸਿੰਘ, ਸਵਰਨ ਸਿੰਘ , ਅਰਵਿੰਦਰ ਸਿੰਘ ਭੰਗੂ,ਗੁਰਪ੍ਰੀਤ ਸਿੰਘ, ਗੁਰਦੀਪ ਸਿੰਘ ਚੀਮਾਂ ਆਦਿ ਆਗੂ ਹਾਜ਼ਰ ਸਨ।

## ਬਿਜਲੀ ਸੰਕਟ ਲਈ ਪਾਵਰਕਾਮ ਜ਼ਿੰਮੇਵਾਰ : ਗੌਰਵ ਸੰਧੂ

**ਦੇਵੀਗੜ੍ਹ /ਸਨੌਰ (ਰਾਜਿੰਦਰ ਸਿੰਘ ਥਿੰਦ )** - ਪੰਜਾਬ ਸਟੇਟ ਪਾਵਰ ਕਾਰਪੋਰੇਸ਼ਨ ਦੀ ਸਮੁੱਚੀ ਮਨੇਜਮੈਂਟ ਵੱਲੋਂ ਵਰਤੀ ਲਾਪ੍ਰਵਾਹੀ ਕਾਰਨ ਪੰਜਾਬ ਦੇ ਥਰਮਲਾਂ ਵਿੱਚ ਕੋਲ਼ੇ ਦੇ ਢੁਕਵੇਂ



ਪ੍ਰਬੰਧ ਨਾ ਹੋਣ ਕਰਕੇ ਬਿਜਲੀ ਸਪਲਾਈ ਵਿੱਚ ਪਏ ਵੱਡੇ ਵਿਘਨ ਨੇ ਪੂਰੇ ਪੰਜਾਬ ਦੇ ਖੇਤੀ ਸੈਕਟਰ ਅਤੇ ਉਦਯੋਗ ਨੂੰ ਝੰਜੋੜ ਕੇ ਰੱਖ ਦਿੱਤਾ ਹੈ । ਰਾਜੀਵ ਗਾਂਧੀ ਪੰਚਾਇਤੀ ਰਾਜ ਸੰਗਠਨ ਦੇ ਸੂਬਾ ਮੀਤ ਪ੍ਰਧਾਨ ਅਤੇ ਸਨੌਰ ਹਲਕੇ ਦੇ ਸੀਨੀਅਰ ਆਗੂ ਗੁਰਵਿੰਦਰ ਸਿੰਘ ਗੌਰਵ ਸੰਧੂ ਨੇ ਆਪਣਾ ਸਖ਼ਤ ਪ੍ਰਤੀਕਰਮ ਦਿੰਦਿਆਂ ਕਿਹਾ ਕਿ ਭਾਵੇਂ ਪੰਜਾਬ ਵਾਸੀਆਂ ਦੇ ਰੋਹ ਨੂੰ ਠੰਢਾ ਕਰਨ ਲਈ ਪੰਜਾਬ ਸਰਕਾਰ ਨੇ ਪਾਵਰਕੌਮ ਦੇ ਸੀ ਐਮ ਡੀ ਡਾ ਬਸੰਤ ਗਰਗ ਦੀ ਤੁਰੰਤ ਬਦਲੀ ਕਰਕੇ ਇੱਕ ਸੀਨੀਅਰ ਆਈ ਏ ਐਸ ਅਧਿਕਾਰੀ ਨੂੰ ਪਾਵਰਕੌਮ ਦੇ ਸੀ ਐਮ ਡੀ ਵਜੋਂ ਨਿਯੁਕਤ ਕਰ ਦਿੱਤਾ ਹੈ ਪਰ ਜਿਨ੍ਹਾਂ ਚਿਰ ਉੱਚ ਅਧਿਕਾਰੀਆਂ ਵੱਲੋਂ ਇਸ ਵਰਤੀ ਗਈ ਲਾਪ੍ਰਵਾਹੀ ਦੀ ਜਾਂਚ ਮਾਨਯੋਗ ਹਾਈਕੋਰਟ ਦੇ ਜੱਜ ਤੋਂ ਪੰਜਾਬ ਦੇ ਮੁੱਖ ਮੰਤਰੀ ਨਹੀਂ ਕਰਵਾਉਂਦੇ ਓਨਾ ਚਿਰ ਇਹ ਸੰਕਟ ਬਣਿਆ ਰਹੇਗਾ।

## ਆਰੀਅਨਜ਼ ਵਿਖੇ ਇੰਜੀਨੀਅਰਿੰਗ ਦਿਵਸ ਮਨਾਇਆ

**ਰਾਜਪੁਰਾ (ਰਮੇਸ਼ ਕਟਾਰੀਆ)**-ਆਰੀਅਨਜ਼ ਗਰੁੱਪ ਆਫ਼ ਕਾਲਜਿਜ਼ ਰਾਜਪੁਰਾ ਨੇ ਇੰਜੀਨੀਅਰਿੰਗ ਦਿਵਸ ਨੂੰ ਕਈ ਤਕਨੀਕੀ ਗਤੀਵਿਧੀਆਂ ਨਾਲ ਮਨਾਇਆ ਜਿਸ ਵਿੱਚ ਆਈ ਟੀ ਪੇਸ਼ੇਵਰਾਂ ਦੁਆਰਾ ਇੱਕ ਮਾਹਰ ਭਾਸ਼ਣ, ਕੋਡਿੰਗ




ਮੁਕਾਬਲਾ, ਤਕਨਾਲੋਜੀ ਕੁਇਜ਼ ਅਤੇ ਮੌਕੇ 'ਤੇ ਪੀ ਪੀ ਟੀ ਮੇਕਿੰਗ ਮੁਕਾਬਲਾ ਸ਼ਾਮਲ ਸੀ। ਸੀ ਐਸ ਈ, ਮਕੈਨੀਕਲ, ਸਿਵਲ, ਇਲੈਕਟ੍ਰੀਕਲ, ਬੀ ਸੀ ਏ ਆਦਿ ਦੇ ਵਿਦਿਆਰਥੀਆਂ ਨੇ ਉਤਸ਼ਾਹ ਨਾਲ ਹਿੱਸਾ ਲਿਆ ਅਤੇ ਆਪਣੇ ਤਕਨੀਕੀ ਗਿਆਨ, ਰਚਨਾਤਮਕਤਾ ਅਤੇ ਸਮੱਸਿਆ ਹੱਲ ਕਰਨ ਦੇ ਹੁਨਰ ਦਾ ਪ੍ਰਦਰਸ਼ਨ ਕੀਤਾ।ਆਰੀਅਨਜ਼ ਗਰੁੱਪ ਆਫ਼ ਕਾਲਜਿਜ਼ ਦੇ ਚੇਅਰਮੈਨ, ਡਾ. ਅੰਸ਼ੂ ਕਟਾਰੀਆ ਨੇ ਕਿਹਾ ਕਿ ਇੰਜੀਨੀਅਰਿੰਗ ਦਿਵਸ ਹਰ ਸਾਲ 15 ਸਤੰਬਰ ਨੂੰ ਭਾਰਤ ਦੇ ਸਭ ਤੋਂ ਮਸ਼ਹੂਰ ਇੰਜੀਨੀਅਰਾਂ ਵਿੱਚੋਂ ਇੱਕ, ਭਾਰਤ ਰਤਨ ਸਰ ਐਮ. ਵਿਸ਼ਵੇਸ਼ਵਰਾਇਆ ਦੇ ਜਨਮ ਦਿਵਸ ਨੂੰ ਮਨਾਉਣ ਲਈ ਮਨਾਇਆ ਜਾਂਦਾ ਹੈ।

## ਰੋਪੜ ਥਰਮਲ ਪਲਾਂਟ ਦਾ ਇੱਕ ਹੋਰ ਯੂਨਿਟ ਹੋਇਆ ਖ਼ਰਾਬ

**ਪਟਿਆਲਾ (ਰਾਜਿੰਦਰ ਸਿੰਘ ਥਿੰਦ ) :** ਬਿਜਲੀ ਸੰਕਟ ਤੋਂ ਪਾਵਰਕਾਮ ਨੂੰ ਰਾਹਤ ਨਹੀਂ ਮਿਲ ਰਹੀ। ਬੁੱਧਵਾਰ ਸਵੇਰੇ ਰੋਪੜ ਥਰਮਲ ਪਲਾਂਟ ਦਾ ਇਕ ਹੋਰ ਯੂਨਿਟ ਖ਼ਰਾਬ ਹੋ ਗਿਆ। ਇਸ ਤਰ੍ਹਾਂ ਮੌਜੂਦਾ ਸਮੇਂ ਵਿੱਚ ਇਸ ਪਲਾਂਟ ਦੇ ਕੁੱਲ ਚਾਰ ਯੂਨਿਟਾਂ ਵਿੱਚੋਂ ਤਿੰਨ ਯੂਨਿਟ ਬੰਦ ਪਏ ਹਨ।ਅਜਿਹੇ ਵਿੱਚ ਕੁੱਲ 840 ਮੈਗਾਵਾਟ ਸਮਰੱਥਾ ਵਾਲੇ ਇਸ ਪਲਾਂਟ ਤੋਂ ਪਾਵਰਕਾਮ ਨੂੰ ਮਹਿਜ਼ 120 ਮੈਗਾਵਾਟ ਬਿਜਲੀ ਹੀ ਮਿਲ ਰਹੀ ਹੈ। ਦੂਜੇ ਪਾਸੇ ਨਿੱਜੀ ਖੇਤਰ ਦੇ ਦੋਵੇਂ ਥਰਮਲ ਪਲਾਂਟ ਰਾਜਪੁਰਾ ਅਤੇ ਤਲਵੰਡੀ ਸਾਬੋ ਆਪਣੀ ਪੂਰੀ ਸਮਰੱਥਾ ਨਾਲ ਚੱਲ ਰਹੇ ਹਨ। ਸੂਬੇ ਵਿੱਚ ਇਸ ਸੀਜ਼ਨ ਦੌਰਾਨ ਬਿਜਲੀ ਦੀ ਮੰਗ 17,300 ਮੈਗਾਵਾਟ ਤੋਂ ਵੱਧ ਦਾ ਅੰਕੜਾ ਛੂਹ ਚੁੱਕੀ ਹੈ, ਜੋ ਸੂਬੇ ਦੇ ਪਾਵਰ ਸੈਕਟਰ ਦੇ ਇਤਿਹਾਸ ਵਿੱਚ ਇਕ ਦਿਨ ਵਿੱਚ ਦਰਜ ਕੀਤੀ ਗਈ ਸਭ ਤੋਂ ਵੱਧ ਮੰਗ ਹੈ।

## ਮਾਂ-ਬੋਲੀ ਪੰਜਾਬੀ 'ਤੇ ਵਿਸ਼ੇਸ਼ ਸਮਾਗਮ 23 ਨੂੰ

**ਰਾਮਪੁਰਾ ਫੂਲ (ਦਰਸ਼ਨ ਜਿੰਦਲ)**-ਮਾਂ ਬੋਲੀ ਪੰਜਾਬੀ ਦੀ ਮਹੱਤਤਾ, ਮਾਣ ਤੇ ਵਿਸ਼ਵ ਪੱਧਰ 'ਤੇ ਇਸ ਦੀ ਪਹਿਚਾਣ ਨੂੰ ਹੋਰ ਮਜ਼ਬੂਤ ਕਰਨ ਦੇ ਉਦੇਸ਼ ਨਾਲ 23 ਸਤੰਬਰ ਨੂੰ ਵਿਸ਼ਵ ਪੰਜਾਬੀ ਦਿਵਸ ਵਜੋਂ ਮਨਾਇਆ ਜਾਂਦਾ ਹੈ। ਇਸ ਸਬੰਧੀ ਇੱਕ ਵਿਸ਼ੇਸ਼ ਇਤਿਹਾਸਿਕ ਸਮਾਗਮ 23 ਸਤੰਬਰ ਨੂੰ ਪੰਜਾਬ ਕਲਾ ਪਰਿਸ਼ਦ, ਚੰਡੀਗੜ੍ਹ ਵਿਖੇ ਕਰਵਾਇਆ ਜਾ ਰਿਹਾ ਹੈ। 'ਆਪਣਾ ਪੰਜਾਬ' ਫਾਊਂਡੇਸ਼ਨ ਵੱਲੋਂ ਸਮੂਹ ਸਿੱਖਿਅਕ, ਸਾਹਿਤਕ ਤੇ ਸਭਿਆਚਾਰਕ ਸੰਸਥਾਵਾਂ ਦੇ ਸਹਿਯੋਗ ਨਾਲ ਵਿਸ਼ਵ ਪੰਜਾਬੀ ਦਿਵਸ ਮਨਾਉਣ ਦੀ ਇਸ ਮੁਹਿੰਮ ਨੂੰ ਅੱਗੇ ਵਧਾਇਆ ਜਾ ਰਿਹਾ ਹੈ।ਫਾਊਂਡੇਸ਼ਨ ਦੇ ਡਾਇਰੈਕਟਰ ਰਵਿੰਦਰਜੀਤ ਸਿੰਘ ਖੀਪਲ ਨੇ ਪੰਜਾਬੀ ਪ੍ਰੇਮੀਆਂ, ਸਿੱਖਿਆਕਾਂ, ਸਾਹਿਤਕਾਰਾਂ, ਕਲਾਕਾਰਾਂ, ਸਮਾਜਿਕ ਤੇ ਸੱਭਿਆਚਾਰਕ ਸੰਸਥਾਵਾਂ ਦੇ ਨੁਮਾਇੰਦਿਆਂ ਨੂੰ ਇਸ ਇਤਿਹਾਸਕ ਸਮਾਗਮ 'ਚ ਸ਼ਾਮਲ ਹੋਣ ਦਾ ਸੱਦਾ ਦਿੱਤਾ ਹੈ। ਉਨ੍ਹਾਂ ਦੱਸਿਆ ਕਿ ਮਹਾਨ ਸੂਫ਼ੀ



ਕਵੀ ਬਾਬਾ ਫ਼ਰੀਦ ਜੀ ਦੇ ਆਗਮਨ ਦਿਵਸ ਨੂੰ ਸਮਰਪਤ 23 ਸਤੰਬਰ ਨੂੰ ਵਿਸ਼ਵ ਪੰਜਾਬੀ ਦਿਵਸ ਵਜੋਂ ਮਨਾਉਣ ਦਾ ਇਤਿਹਾਸਕ ਸਫ਼ਰ 'ਆਪਣਾ ਪੰਜਾਬ' ਫਾਊਂਡੇਸ਼ਨ ਵੱਲੋਂ ਡਾ. ਜਗਜੀਤ ਸਿੰਘ ਧੂਰੀ ਦੀ ਅਗਵਾਈ ਤੇ ਸਰਪ੍ਰਸਤੀ ਹੇਠ ਸ਼ੁਰੂ ਕੀਤਾ ਗਿਆ ਸੀ।ਇਸ ਸਾਲ ਇਸ ਮੁਹਿੰਮ ਨੂੰ ਹੋਰ ਵਿਸ਼ਾਲ ਤੇ ਮਜ਼ਬੂਤ ਬਣਾਉਣ ਲਈ ਸਿਲਵਰ ਓਕਸ ਸਕੂਲ ਦੇ ਚੇਅਰਮੈਨ ਇੰਦਰਜੀਤ ਸਿੰਘ ਬਰਾੜ ਨੇ ਵੀ ਆਪਣਾ ਯੋਗਦਾਨ ਪਾਇਆ ਹੈ। ਉਹਨਾਂ ਕਿਹਾ ਕਿ ਪੰਜਾਬੀ ਦਿਵਸ ਨੂੰ ਮਨਾਉਣਾ ਸਾਡੀ ਸਾਰਿਆਂ ਦੀ ਜ਼ਿੰਮੇਵਾਰੀ ਹੈ ਅਤੇ ਇਹ ਸਾਡੇ ਪੰਜਾਬੀ ਹੋਣ ਦੇ ਮਾਨ ਦਾ ਪ੍ਰਗਟਾਵਾ ਕਰਦਾ ਹੈ ।23 ਸਤੰਬਰ ਨੂੰ ਹੋਣ ਵਾਲੇ ਇਸ ਇਤਿਹਾਸਕ ਸਮਾਗਮ 'ਚ ਹਿੱਸਾ ਲੈਣ ਲਈ ਰਜਿਸਟ੍ਰੇਸ਼ਨ ਕਰਵਾਉਣੀ ਹੋਵੇਗੀ। ਸਮਾਗਮ 'ਚ ਸ਼ਾਮਲ ਹੋਣ ਦੇ ਚਾਹਵਾਨ ਵਿਅਕਤੀ ਆਪਣਾ ਪੰਜਾਬ ਫਾਊਂਡੇਸ਼ਨ ਦੇ ਕਿਸੇ ਵੀ ਡਾਇਰੈਕਟਰ ਨਾਲ ਸੰਪਰਕ ਕਰਕੇ ਰਜਿਸਟ੍ਰੇਸ਼ਨ ਕਰਵਾ ਸਕਦੇ ਹਨ।

## 20 ਸਤੰਬਰ ਨੂੰ ਹੋਵੇਗਾ 19ਵਾਂ ਤਰਕਸ਼ੀਲ ਨਾਟਕ ਮੇਲਾ

**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-ਤਰਕਸ਼ੀਲ ਸੁਸਾਇਟੀ ਭਾਰਤ ਇਕਾਈ ਫਰੀਦਕੋਟ ਦੇ ਸਰਪ੍ਰਸਤ ਜਗਪਾਲ ਸਿੰਘ ਬਰਾੜ ਅਤੇ ਲਖਵਿੰਦਰ ਸਿੰਘ ਹਾਲੀ ਕਿਲ੍ਹਾ ਨੌ ਨੇ ਪ੍ਰੈਸ ਨੂੰ ਜਾਣਕਾਰੀ ਦਿੰਦਿਆਂ ਦੱਸਿਆ ਕਿ ਹਰ ਸਾਲ ਹੋਣ ਵਾਲਾ ਤਰਕਸ਼ੀਲ ਨਾਟਕ ਮੇਲਾ ਇਸ ਵਾਰ 20 ਸਤੰਬਰ ਨੂੰ ਫਰੀਦਕੋਟ ਦੀ ਨਵੀਂ ਦਾਣਾ ਮੰਡੀ ਫਿਰੋਜ਼ਪੁਰ ਰੋਡ ਫਰੀਦਕੋਟ ਵਿਖੇ 10 ਵਜੇ ਤੋਂ ਸ਼ਾਮ ਦੇ 5 ਵਜੇ ਤੱਕ ਹੋਵੇਗਾ । ਇਸ ਨਾਟਕ ਮੇਲੇ ਵਿੱਚ ਮੇਘ ਰਾਜ ਰੱਲਾ ਦੀ ਟੀਮ ਨਾਟਕ ਪੇਸ਼ ਕਰੇਗੀ ਅਤੇ ਜਗਸੀਰ ਜੀਦਾ ਵੱਲੋਂ ਇਨਕਲਾਬੀ ਗੀਤ ਪੇਸ਼ ਕੀਤੇ ਜਾਣਗੇ। ਜਾਦੂ ਦੇ ਟਰਿਕ ਏਡੀ ਬਾਦਸ਼ਾਹ ਵੱਲੋਂ ਦਿਖਾਏ ਜਾਣਗੇ ਦਿਖਾਏ ਅਤੇ ਸਿਖਾਏ ਜਾਣਗੇ। ਇਸ ਨਾਟਕ ਮੇਲੇ ਦੇ ਮੁੱਖ ਮਹਿਮਾਨ ਰਿਟਾ. ਪ੍ਰੋਫੈਸਰ ਦਰਸ਼ਨ ਸਿੰਘ ਸੰਧੂ ਕੋਟਕਪੂਰਾ ਹੋਣਗੇ । ਸਬ ਇੰਸਪੈਕਟਰ ਪਰਵਿੰਦਰ ਸਿੰਘ ਮੁੱਖ ਅਫਸਰ ਥਾਣਾ ਗਿੱਦੜਬਾਹਾ ਅਤੇ ਗੀਤਕਾਰ ਅਤੇ ਗਾਇਕ ਕਾਕਾ ਕਾਉਣੀ ਨੂੰ ਇਸ ਮੇਲੇ ਵਿੱਚ ਵਿਸ਼ੇਸ਼ ਸਨਮਾਨਤ ਕੀਤਾ ਜਾਵੇਗਾ। ਇਸ ਨਾਟਕ ਮੇਲੇ ਵਿੱਚ ਵਹਿਮਾਂ, ਭਰਮਾਂ, ਨਸ਼ਿਆਂ ਵਿਰੁੱਧ ਅਤੇ ਸਮਾਜਿਕ ਬੁਰਾਈਆਂ ਵਿਰੁੱਧ ਕੋਰੀਓਗ੍ਰਾਫੀਆਂ ਪੇਸ਼ ਕੀਤੀਆਂ ਜਾਣਗੀਆਂ । ਤਰਕਸ਼ੀਲ ਨਾਟਕ ਮੇਲੇ ਦਾ ਸਹਿਯੋਗ ਕਰਨ ਵਾਲੇ ਹੋਰ ਸਹਿਯੋਗੀਆਂ ਨੂੰ ਵੀ ਸਨਮਾਨਿਤ ਵੀ ਕੀਤਾ ਜਾਵੇਗਾ। ਇਸ ਮੌਕੇ ਸੁਭਾਸ਼ ਗਰੋਵਰ, ਬਲਕਾਰ ਮੰਡ, ਅਜੈਬ ਢੁੱਡੀ ਤੇ ਸੁਖਚੈਨ ਸਿੰਘ ਥਾਂਦੇਵਾਲਾ ਵੀ ਹਾਜ਼ਰ ਸਨ।

ਨਵਾਂ ਜ਼ਮਾਨਾ ਪੋਸਟ ਬਾਕਸ ਨੰ. 134

Printed and Published by Printer, Publisher and Editor : **Chand Singh @ Chand Fatehpuri** for Arjan Singh Gargaj Foundation, Jalandhar printed at Nawan Zamana Printers, Nehru Garden Road, Jalandhar and published at Nawan Zamana office, Nehru Garden Road, Jalandhar.

ਪ੍ਰਕਾਸ਼ਕ, ਛਾਪਕ ਤੇ ਸੰਪਾਦਕ : **ਚੰਦ ਸਿੰਘ ਉਰਫ ਚੰਦ ਫਤਿਹਪੁਰੀ** ਨੇ ਨਵਾਂ ਜ਼ਮਾਨਾ ਪ੍ਰਿੰਟਰਜ਼, ਨਹਿਰੂ ਗਾਰਡਨ ਰੋਡ, ਜਲੰਧਰ ਤੋਂ ਛਪਵਾ ਕੇ ਅਰਜਨ ਸਿੰਘ ਗੜਗੱਜ ਫਾਊਂਡੇਸ਼ਨ, ਨਹਿਰੂ ਗਾਰਡਨ ਰੋਡ, ਜਲੰਧਰ ਲਈ ਪ੍ਰਕਾਸ਼ਤ ਕੀਤਾ। * ਪੀ ਆਰ ਬੀ ਐਕਟ ਤਹਿਤ ਖਬਰਾਂ ਦੀ ਚੋਣ ਲਈ ਜ਼ਿੰਮੇਵਾਰ।

ਫੋਨ ਨੰਬਰ ਪ੍ਰਬੰਧਕੀ ਵਿਭਾਗ : 0181-5097300, ਸਮਾਚਾਰ ਵਿਭਾਗ : 0181-5097310, ਈ-ਮੇਲ : nawanzamana@gmail.com * Web : www.nawanzamana.in

## ਟੈਕਨੀਕਲ ਸਰਵਿਸਜ਼ ਯੂਨੀਅਨ ਵੱਲੋਂ ਰੋਸ ਪ੍ਰਦਰਸ਼ਨ, ਤਿੱਖੇ ਸੰਘਰਸ਼ ਦੀ ਚਿਤਾਵਨੀ

ਮਜੀਠਾ (ਸੋਇਮ ਆਨੰਦ) ਟੈਕਨੀਕਲ ਸਰਵਿਸਜ਼ ਯੂਨੀਅਨ ਦੀ ਇੱਕ ਹੰਗਾਮੀ ਮੀਟਿੰਗ ਸਬ ਡਵੀਜ਼ਨ ਮਜੀਠਾ ਵਿਖੇ ਆਗੂਆਂ ਦੀ ਪ੍ਰਧਾਨਗੀ ਹੇਠ ਹੋਈ। ਇਸ



ਮੀਟਿੰਗ ਦੌਰਾਨ ਜੁਗਰਾਜ ਸਿੰਘ ਲਾਈਨਮੈਨ, ਹਰਸ਼ਾ ਛੀਨਾ ਦੀ ਸਿਆਸੀ ਆਧਾਰ 'ਤੇ ਕੀਤੀ ਗਈ ਨਾਜਾਇਜ਼ ਬਦਲੀ ਦਾ ਤਿੱਖਾ ਵਿਰੋਧ ਕੀਤਾ ਗਿਆ।ਯੂਨੀਅਨ ਆਗੂਆਂ ਨੇ ਦੋਸ਼ ਲਾਇਆ ਕਿ ਸਰਕਾਰ ਅਤੇ ਪ੍ਰਸ਼ਾਸਨ ਵੱਲੋਂ ਮੁਲਾਜ਼ਮਾਂ ਨੂੰ ਜਾਣਬੁੱਝ ਕੇ ਪ੍ਰੇਸ਼ਾਨ ਕੀਤਾ ਜਾ ਰਿਹਾ ਹੈ।ਆਗੂਆਂ ਨੇ ਸੰਬੋਧਨ ਕਰਦਿਆਂ ਕਿਹਾ ਕਿ ਬਿਜਲੀ ਦਫਤਰਾਂ ਵਿੱਚ ਪਹਿਲਾਂ ਹੀ ਟੈਕਨੀਕਲ ਕਾਮਿਆਂ ਅਤੇ ਸਟਾਫ਼ ਦੀ ਭਾਰੀ ਘਾਟ ਹੈ, ਜਿਸ ਕਾਰਨ ਪਹਿਲਾਂ ਹੀ ਮੌਜੂਦਾ ਕਾਮਿਆਂ 'ਤੇ ਕੰਮ ਦਾ ਭਾਰੀ ਵਰਕਲੋਡ ਚੱਲ ਰਿਹਾ ਹੈ।ਇਸ ਗੰਭੀਰ ਸਮੱਸਿਆ ਦੇ ਬਾਵਜੂਦ ਬਿਜਲੀ ਕਾਮਿਆਂ ਦੀਆਂ ਸਿਆਸੀ ਆਧਾਰ 'ਤੇ ਬਦਲੀਆਂ ਕੀਤੀਆਂ ਜਾ ਰਹੀਆਂ ਹਨ, ਜਿਸ ਨਾਲ ਨਾ ਸਿਰਫ਼ ਮੁਲਾਜ਼ਮਾਂ ਨੂੰ ਸਗੋਂ ਆਮ ਖਪਤਕਾਰਾਂ ਨੂੰ ਵੀ ਭਾਰੀ ਖੱਜਲ-ਖੁਆਰੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਯੂਨੀਅਨ ਦੇ ਆਗੂਆਂ ਨੇ ਮੰਗ ਕੀਤੀ ਕਿ ਜੁਗਰਾਜ ਸਿੰਘ ਦੀ ਸਿਆਸੀ ਅਧਾਰ 'ਤੇ ਕੀਤੀ ਗਈ ਨਜਾਇਜ਼ ਬਦਲੀ ਨੂੰ ਤੁਰੰਤ ਰੱਦ ਕੀਤਾ ਜਾਵੇ। ਇਸ ਮੌਕੇ ਮੈਨੇਜਮੈਂਟ ਨੂੰ ਸਖ਼ਤ ਚੇਤਾਵਨੀ ਦਿੰਦਿਆਂ ਆਗੂਆਂ ਨੇ ਕਿਹਾ ਕਿ ਜੇਕਰ ਇਹ ਨਾਜਾਇਜ਼ ਬਦਲੀ ਰੱਦ ਨਾ ਕੀਤੀ ਗਈ ਜਾਂ ਸਾਥੀ ਨੂੰ ਜਬਰੀ ਰਿਲੀਵ ਕਰਨ ਦੀ ਕੋਸ਼ਿਸ਼ ਕੀਤੀ ਗਈ ਤਾਂ ਸਮੁੱਚੀ ਜਥੇਬੰਦੀ ਤਿੱਖਾ ਅਤੇ ਸਖ਼ਤ ਸੰਘਰਸ਼ ਕਰਨ ਲਈ ਮਜਬੂਰ ਹੋਵੇਗੀ, ਜਿਸ ਦੀ ਸਾਰੀ ਜ਼ਿੰਮੇਵਾਰੀ ਪ੍ਰਸ਼ਾਸਨ ਅਤੇ ਮੈਨੇਜਮੈਂਟ ਦੀ ਹੋਵੇਗੀ। ਇਸ ਮੀਟਿੰਗ ਅਤੇ ਰੋਸ ਪ੍ਰਦਰਸ਼ਨ ਦੌਰਾਨ ਕ੍ਰਿਸ਼ਨ ਸਿੰਘ ਔਲਖ, ਸੁਖਪਾਲ ਸਿੰਘ ਮਜੀਠਾ, ਕੁੰਦਨ ਲਾਲ ਹਰੀਆਂ, ਰਘਬੀਰ ਸਿੰਘ ਮਜੀਠਾ ਅਤੇ ਗੁਰਪ੍ਰੀਤ ਸਿੰਘ ਸੋਹੀਆਂ ਸਮੇਤ ਵੱਡੀ ਗਿਣਤੀ ਵਿੱਚ ਯੂਨੀਅਨ ਆਗੂ ਤੇ ਬਿਜਲੀ ਮੁਲਾਜ਼ਮ ਹਾਜ਼ਰ ਸਨ।

## ਘੋਨੇਵਾਲ ਦੇ ਹੜ੍ਹ ਮਾਰੇ 82 ਕਿਸਾਨਾਂ ਨੂੰ ਹਾਲਾਂ ਤੱਕ ਮੁਆਵਜ਼ਾ ਨਹੀਂ ਮਿਲਿਆ

ਚੇਤਨਪੁਰਾ (ਸੁਖਵੰਤ ਚੇਤਨਪੁਰੀ)- ਪਿਛਲੇ ਸਾਲ ਸਭ ਤੋਂ ਵੱਧ ਹੜ੍ਹਾਂ ਦੀ ਮਾਰ ਹੇਠ ਆਏ ਪਿੰਡ ਘੋਨੇਵਾਲ ਦੇ ਕੋਈ 82 ਕਿਸਾਨ ਪਰਿਵਾਰਾਂ ਨੂੰ 16 ਲੱਖ 70 ਹਜ਼ਾਰ 350 ਰੁਪਏ ਮੁਆਵਜ਼ਾ ਅਜੇ ਤੀਕਰ ਨਹੀਂ ਮਿਲਿਆ।ਮੁਆਵਜ਼ੇ ਦੀ



ਪ੍ਰਾਪਤੀ ਲਈ ਇੱਥੇ ਘੋਨੇਵਾਲ ਵਿਖੇ ਕਿਸਾਨਾਂ ਨੇ ਜਮਹੂਰੀ ਕਿਸਾਨ ਸਭਾ ਪੰਜਾਬ ਦੀ ਅਗਵਾਈ ਵਿੱਚ ਮੀਟਿੰਗ ਕੀਤੀ ਜਿੱਥੇ ਵਿਸ਼ੇਸ਼ ਤੌਰ 'ਤੇ ਪਹੁੰਚੇ ਜਮਹੂਰੀ ਕਿਸਾਨ ਸਭਾ ਦੇ ਸੂਬਾ ਪ੍ਰਧਾਨ ਅਤੇ ਸੰਯੁਕਤ ਕਿਸਾਨ ਮੋਰਚੇ ਦੇ ਪ੍ਰਮੁੱਖ ਆਗੂ ਡਾਕਟਰ ਸਤਨਾਮ ਸਿੰਘ ਅਜਨਾਲਾ ਅਤੇ ਸਾਬਕਾ ਥਾਣੇਦਾਰ ਲਖਬੀਰ ਸਿੰਘ ਤੇੜਾ ਨੇ ਮੁਆਵਜ਼ਾ ਨਾ ਮਿਲਣ ਲਈ ਇਲਾਕੇ ਦੇ ਪਟਵਾਰੀ ਅਤੇ ਮਾਲ ਵਿਭਾਗ ਅਤੇ ਪ੍ਰਸ਼ਾਸਨ ਨੂੰ ਜ਼ਿੰਮੇਵਾਰ ਠਹਿਰਾਉਂਦਿਆਂ ਦੱਸਿਆ ਕਿ ਇਨ੍ਹਾਂ ਮੁੱਢਲੇ ਅਧਿਕਾਰੀਆਂ ਵੱਲੋਂ ਹੜ੍ਹ ਪੀੜਤਾਂ ਦੀਆਂ ਲਿਸਟਾਂ ਹੀ ਸਿਆਸੀ ਦਖਲ ਕਾਰਨ ਵਕਤ ਸਿਰ ਨਹੀਂ ਭੇਜੀਆਂ।ਉਨ੍ਹਾਂ ਕਿਹਾ ਕਿ ਹੁਣ ਕਿਸਾਨ ਜਥੇਬੰਦੀਆਂ ਦੇ ਦਬਾਅ ਕਾਰਨ ਇਹ ਲਿਸਟਾਂ ਤਿਆਰ ਕੀਤੀਆਂ ਗਈਆਂ ਹਨ। ਡਾ: ਅਜਨਾਲਾ ਨੇ ਕਿਹਾ ਕਿ ਹੜ੍ਹ ਪੀੜਤ ਪਿੰਡਾਂ ਵਿੱਚ ਵੱਡੇ ਪੱਧਰ ਤੇ ਸਿਆਸੀ ਦਖਲ ਹੋਣ ਕਾਰਨ ਹੋਰ ਵੀ ਅਨੇਕਾਂ ਪਿੰਡਾਂ ਦੇ ਕਿਸਾਨ ਮੁਆਵਜ਼ੇ ਤੋਂ ਵਾਂਝੇ ਰਹਿ ਗਏ ਹਨ। ਖੇਤੀ ਮਾਹਿਰ ਡਾਕਟਰ ਅਜਨਾਲਾ ਨੇ ਮੀਟਿੰਗ ਵਿੱਚ ਇਹ ਵੀ ਦੱਸਿਆ ਕਿ ਜਦੋਂ ਚੰਡੀਗੜ੍ਹ ਵਿੱਚ ਇੱਕ ਤੋਂ ਸੱਤ ਸਤੰਬਰ ਦੇ ਧਰਨੇ ਦੌਰਾਨ ਛੇ ਸਤੰਬਰ ਨੂੰ ਸਰਕਾਰ ਨਾਲ ਗੱਲਬਾਤ ਹੋਈ ਸੀ ਤਾਂ ਉਸ ਵਿੱਚ ਅਜਿਹਾ ਉਚੇਚਾ ਜ਼ਿਕਰ ਕੀਤਾ ਗਿਆ ਸੀ ਅਤੇ ਪੰਜਾਬ ਸਰਕਾਰ ਦੇ ਮੰਤਰੀਆਂ ਵੱਲੋਂ ਇਹ ਵੀ ਯਕੀਨ ਦਵਾਇਆ ਸੀ ਕਿ ਸਾਰੇ ਰਹਿ ਗਏ ਹੜ੍ਹ ਪੀੜਤਾਂ ਨੂੰ ਮੁਆਵਜ਼ਾ ਦਿੱਤਾ ਜਾਵੇਗਾ ਅਤੇ ਫੰਡਾਂ ਦੀ ਕੋਈ ਕਮੀ ਨਹੀਂ ਆਉਣ ਦਿੱਤੀ ਜਾਵੇਗੀ।ਮੀਟਿੰਗ 'ਚ ਇਹ ਫੈਸਲਾ ਕੀਤਾ ਗਿਆ ਕਿ ਜੇਕਰ ਜਲਦੀ ਹੜ੍ਹ ਪੀੜਤਾਂ ਨੂੰ ਯੋਗ ਮੁਆਵਜ਼ਾ ਨਾ ਮਿਲਿਆ ਤਾਂ ਸਭ ਡਵੀਜ਼ਨ ਮੈਜਿਸਟਰੇਟ ਅਜਨਾਲਾ ਦੇ ਦਫਤਰ ਸਾਹਮਣੇ ਧਰਨਾ ਦਿੱਤਾ ਜਾਵੇਗਾ ਜਿਸ ਦੀ ਜ਼ਿੰਮੇਵਾਰੀ ਵਿਭਾਗ ਦੇ ਪ੍ਰਸ਼ਾਸਨ ਦੀ ਹੋਵੇਗੀ।

ਮੀਟਿੰਗ ਵਿੱਚ ਹੋਰਨਾਂ ਤੋਂ ਇਲਾਵਾ ਅਵਤਾਰ ਸਿੰਘ, ਗੁਰਚਰਨ ਸਿੰਘ, ਅਜਾਇਬ ਸਿੰਘ, ਗੱਜਣ ਸਿੰਘ, ਜਸ਼ਨ ਸਿੰਘ, ਸਿਮਰਨ ਸਿੰਘ, ਅੰਮ੍ਰਿਤਪਾਲ ਸਿੰਘ, ਸ਼ਮਸ਼ੇਰ ਸਿੰਘ, ਆਬੇਜੀਤ ਸਿੰਘ, ਸਵਰਨ ਸਿੰਘ, ਜੈਮਲ ਸਿੰਘ, ਰਾਜਵੀਰ ਸਿੰਘ, ਨਿੰਦਰਪਾਲ ਸਿੰਘ, ਸਾਹਿਬ ਸਿੰਘ, ਬਲਵਿੰਦਰ ਸਿੰਘ, ਸਰੂਪ ਸਿੰਘ, ਬਲਦੇਵ ਸਿੰਘ, ਪੰਜਾਬ ਸਿੰਘ ਅਤੇ ਨਿਰਮਲ ਸਿੰਘ ਆਦਿ ਨੇ ਹਿੱਸਾ ਲਿਆ ਜਿੱਥੇ ਪੰਜਾਬ ਸਰਕਾਰ ਵਿਰੁੱਧ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ।

## ਮਜੀਠਾ ਦੇ ਪੈਟਰੋਲ ਪੰਪਾਂ 'ਤੇ ਮਨਮਾਨੀ ਦੇ ਦੋਸ਼, ਸੀਪੀਆਈ ਨੇ ਖੋਲ੍ਹਿਆ ਮੋਰਚਾ

ਚਵਿੰਡਾ ਦੇਵੀ, (ਖੁਸ਼ਹਾਲ ਸੁੰਦਰ): ਹਲਕਾ ਮਜੀਠਾ ਅਧੀਨ ਆਉਂਦੇ ਪੈਟਰੋਲ ਪੰਪਾਂ 'ਤੇ ਗਾਹਕਾਂ ਨੂੰ ਬੁਨਿਆਦੀ ਸਹੂਲਤਾਂ ਨਾ ਮਿਲਣ ਅਤੇ ਕਥਿਤ ਤੌਰ 'ਤੇ ਤੇਲ ਘੱਟ ਪਾਉਣ ਦੇ ਦੋਸ਼ ਲਗਾਉਂਦਿਆਂ ਸੀਪੀਆਈ ਆਗੂ ਬਲਕਾਰ ਸਿੰਘ ਦੁਧਾਲਾ ਨੇ ਪ੍ਰਸ਼ਾਸਨ 'ਤੋਂ ਸਖ਼ਤ ਕਾਰਵਾਈ ਦੀ ਮੰਗ ਕੀਤੀ ਹੈ।ਉਨ੍ਹਾਂ ਦਾਅਵਾ ਕੀਤਾ ਕਿ ਹਲਕੇ ਦੇ ਲਗਭਗ 90 ਫੀਸਦੀ ਪੈਟਰੋਲ ਪੰਪਾਂ 'ਤੇ ਗਾਹਕਾਂ ਲਈ ਲੋੜੀਂਦੀਆਂ ਸਹੂਲਤਾਂ ਦੀ ਹਾਲਤ ਤਸੱਲੀਬਖ਼ਸ਼ ਨਹੀਂ ਹੈ।ਬਲਕਾਰ ਸਿੰਘ ਦੁਧਾਲਾ ਨੇ ਕਿਹਾ ਕਿ ਕਈ ਪੈਟਰੋਲ ਪੰਪਾਂ 'ਤੇ ਠੰਡੇ ਪਾਣੀ ਦੀਆਂ ਕੈਨੀਆਂ ਗੰਦਗੀ ਨਾਲ ਭਰੀਆਂ ਜਾਂ ਬੰਦ ਪਈਆਂ ਹਨ, ਹਵਾ ਭਰਨ ਵਾਲੀਆਂ ਮਸ਼ੀਨਾਂ ਖਰਾਬ ਹਨ ਅਤੇ ਬਾਥਰੂਮਾਂ ਦੀ ਸਫਾਈ ਦਾ ਵੀ ਮਾੜਾ ਪ੍ਰਬੰਧ ਹੈ।ਉਨ੍ਹਾਂ ਦੋਸ਼ ਲਗਾਇਆ ਕਿ ਕੁਝ ਥਾਵਾਂ 'ਤੇ ਪਲਾਸਟਿਕ ਦੀਆਂ ਬੋਤਲਾਂ ਵਿੱਚ ਪੈਟਰੋਲ ਪਾਉਣ ਦੀ ਪ੍ਰਥਾ ਵੀ ਜਾਰੀ ਹੈ, ਜੋ ਕਿ ਸੁਰੱਖਿਆ ਸਬੰਧੀ ਗੰਭੀਰ ਸਵਾਲ ਖੜ੍ਹੇ ਕਰਦੀ ਹੈ।ਉਨ੍ਹਾਂ ਕਿਹਾ ਕਿ ਬੀਤੇ ਕਈ ਦਿਨ ਪਹਿਲਾਂ ਹਲਕਾ ਮਜੀਠਾ ਵਿੱਚ ਵਾਪਰੀ ਇੱਕ ਗੰਭੀਰ ਘਟਨਾ ਨੇ ਵੀ ਪੈਟਰੋਲ ਦੀ ਸੁਰੱਖਿਅਤ ਵਿਕਰੀ ਅਤੇ ਵਰਤੋਂ ਨੂੰ ਲੈ ਕੇ ਚਿੰਤਾ ਪੈਦਾ ਕੀਤੀ ਸੀ।ਜਦ ਇੱਕ ਨੌਜਵਾਨ ਨੇ ਆਪਣੇ ਉੱਪਰ ਪੈਟਰੋਲ ਪਾ ਕੇ ਆਪਣੇ ਆਪ ਨੂੰ ਅੱਗ ਲਗਾ ਲਈ ਸੀ ਇਸ ਤਰ੍ਹਾਂ ਦੀ ਘਟਨਾ ਮੁੜ ਨਾ ਵਾਪਰੇ, ਇਸ ਲਈ ਪੈਟਰੋਲ ਪੰਪਾਂ 'ਤੇ ਸੁਰੱਖਿਆ ਨਿਯਮਾਂ ਦੀ ਸਖ਼ਤੀ ਨਾਲ ਪਾਲਣਾ







ਕਰਵਾਉਣੀ ਜ਼ਰੂਰੀ ਹੈ।ਬਲਕਾਰ ਸਿੰਘ ਦੁਧਾਲਾ ਨੇ ਕਿਹਾ ਕਿ ਪਲਾਸਟਿਕ ਦੀ ਬੋਤਲ ਵਿੱਚ ਪੈਟਰੋਲ ਪਾ ਕੇ ਦੇਣਾ ਜੇਕਰ ਡੀਸੀ ਸਾਹਿਬ ਵੱਲੋਂ ਜਾਰੀ ਹੁਕਮਾਂ ਦੇ ਵਿਰੁੱਧ ਹੈ ਤਾਂ ਇਸ ਮਾਮਲੇ ਨੂੰ ਪ੍ਰਸ਼ਾਸਨ ਵੱਲੋਂ ਗੰਭੀਰਤਾ ਨਾਲ ਲਿਆ ਜਾਣਾ ਚਾਹੀਦਾ ਹੈ।ਉਨ੍ਹਾਂ ਮੰਗ ਕੀਤੀ ਕਿ ਅਜਿਹੇ ਮਾਮਲਿਆਂ ਦੀ ਜਾਂਚ ਕਰਕੇ ਨਿਯਮਾਂ ਦੀ ਉਲੰਘਣਾ ਕਰਨ ਵਾਲਿਆਂ ਖ਼ਿਲਾਫ਼ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇ।ਉਨ੍ਹਾਂ ਕਿਹਾ ਕਿ ਜਦੋਂ ਗਾਹਕ ਪੂਰਾ ਭੁਗਤਾਨ ਕਰਦਾ ਹੈ ਤਾਂ ਪੈਟਰੋਲ ਪੰਪਾਂ 'ਤੇ ਨਿਰਧਾਰਤ ਸਹੂਲਤਾਂ ਅਤੇ ਸੁਰੱਖਿਆ ਨਿਯਮਾਂ ਦੀ ਪਾਲਣਾ ਯਕੀਨੀ ਬਣਾਉਣਾ ਪੰਪ ਪ੍ਰਬੰਧਕਾਂ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਪ੍ਰਸ਼ਾਸਨ ਤੋਂ ਹਲਕੇ ਦੇ ਪੈਟਰੋਲ ਪੰਪਾਂ ਦੀ ਅਚਨਚੇਤ ਜਾਂਚ ਕਰਵਾਉਣ ਦੀ ਮੰਗ ਕੀਤੀ। ਸੀਪੀਆਈ ਆਗੂ ਨੇ ਚਿਤਾਵਨੀ ਦਿੱਤੀ ਕਿ ਜੇਕਰ ਪੈਟਰੋਲ ਪੰਪਾਂ 'ਤੇ ਬੁਨਿਆਦੀ ਸਹੂਲਤਾਂ ਅਤੇ ਸੁਰੱਖਿਆ ਨਿਯਮਾਂ ਦੀ ਪਾਲਣਾ ਯਕੀਨੀ ਨਾ ਬਣਾਈ ਗਈ ਤਾਂ ਪਾਰਟੀ ਵੱਲੋਂ ਸੰਘਰਸ਼ ਤੇਜ਼ ਕਰਦਿਆਂ ਡੀਸੀ ਦਫ਼ਤਰ ਦੇ ਘਿਰਾਓ ਤੱਕ ਦਾ ਪ੍ਰੋਗਰਾਮ ਉਲੀਕਿਆ ਜਾਵੇਗਾ।

## ਵਿਆਹ ਪੁਰਬ ਨੂੰ ਮੁੱਖ ਰੱਖਦਿਆਂ ਵਾਟਰ ਸਪਲਾਈ ਤੇ ਸੀਵਰੇਜ ਵਿਭਾਗ ਪੂਰੀ ਤਰ੍ਹਾਂ ਚੌਕਸ

ਬਟਾਲਾ, (ਤਰਲੋਕ ਬੱਗਾ)- ਪੰਜਾਬ ਵਾਟਰ ਸਪਲਾਈ ਅਤੇ ਸੀਵਰੇਜ ਵਿਭਾਗ ਵੱਲੋਂ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਪੁਰਬ ਸਮਾਗਮ ਨੂੰ ਮੁੱਖ ਰੱਖਦਿਆਂ ਵਿਭਾਗ ਵੱਲੋਂ ਸੀਵਰੇਜ ਦੀ ਸਫਾਈ ਲਈ ਲਗਾਤਾਰ ਕਰਮਚਾਰੀਆਂ ਵੱਲੋਂ ਕਾਰਜ ਜਾਰੀ ਹਨ।ਇਸ ਸਬੰਧੀ ਜਾਣਕਾਰੀ ਦਿੰਦਿਆਂ ਅਮਨ ਕੁਮਾਰ ਜੇ ਈ ਨੇ ਕਿਹਾ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਪੁਰਬ ਨੂੰ ਮੁੱਖ ਰੱਖਦਿਆਂ ਪੰਜਾਬ ਵਾਟਰ ਸਪਲਾਈ ਅਤੇ ਸੀਵਰੇਜ ਵਿਭਾਗ ਸੰਗਤਾਂ ਦੀ ਸੁਵਿਧਾ ਨੂੰ ਧਿਆਨ ਵਿੱਚ ਰੱਖਦੇ ਹੋਏ ਸ਼ਹਿਰ ਦੇ ਵੱਖ-ਵੱਖ ਇਲਾਕਿਆਂ ਵਿੱਚ ਮੇਨ ਹੋਲ ਚੈੱਕ ਕੀਤੇ ਜਾ ਰਹੇ ਹਨ ਤਾਂ ਕਿ ਕੋਈ ਅਣਸੁਖਾਵੀਂ ਘਟਨਾ ਨਾ ਵਾਪਰੇ। ਅਮਨ ਸ਼ਰਮਾ ਨੇ ਸ਼ਹਿਰ ਵਾਸੀਆਂ ਨੂੰ ਅਪੀਲ ਕਰਦਿਆਂ ਕਿਹਾ ਕਿ ਲੋਕ ਬਿਨਾਂ ਕਿਸੇ ਮਤਲਬ ਦੇ ਸੀਵਰੇਜ ਮੇਨਹੋਲ ਦਾ ਢੱਕਣ ਨਾ ਚੁੱਕਣ। ਇਸ ਤੋਂ ਇਲਾਵਾ ਉਨ੍ਹਾਂ ਕਿਹਾ ਕਿ ਬਟਾਲਾ ਸ਼ਹਿਰ ਵਿਖੇ ਕਿਸੇ ਵੀ ਇਲਾਕੇ ਵਿੱਚ ਸੀਵਰੇਜ ਸਬੰਧੀ ਸ਼ਿਕਾਇਤ ਜਾਂ ਸ਼ਹਿਰ ਵਿੱਚ ਕਿਸੇ ਵੀ ਮੇਨਹੋਲ ਦਾ ਢੱਕਣ ਲਗਾਣ ਵਾਲਾ ਹੋਵੇ ਤਾਂ ਪੰਜਾਬ ਵਾਟਰ ਸਪਲਾਈ ਅਤੇ ਸੀਵਰੇਜ ਬੋਰਡ ਦੇ ਸ਼ਿਕਾਇਤ ਕੇਂਦਰ ਨੰਬਰ 84273-66323 ਜਾਂ ਅਮਨ ਕੁਮਾਰ ਜੂਨੀਅਰ ਇੰਜੀਨੀਅਰ ਦੇ ਸੰਪਰਕ ਨੰਬਰ 88377- 96662 'ਤੇ ਸੰਪਰਕ ਕਰਕੇ ਸ਼ਿਕਾਇਤ ਦਰਜ ਕਰਵਾਈ ਜਾ ਸਕਦੀ ਹੈ।

## ਨਾਨਕਚੱਕ ਵਿਖੇ ਬਾਬਾ ਸ੍ਰੀਚੰਦ ਜੀ ਦੇ ਪ੍ਰਕਾਸ਼ ਦਿਹਾੜੇ ਨੂੰ ਸਮਰਪਿਤ ਫ੍ਰੀ ਮੈਡੀਕਲ ਕੈਂਪ ਲਾਇਆ

ਨਾਨਕਚੱਕ/ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)- ਧੰਨ ਧੰਨ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵੱਡੇ ਸਪੁੱਤਰ ਲਖਤੇ ਜਿਗਰ ਉਦਾਸੀਨਾਚਾਰਯ ਸ਼੍ਰੀ ਸਰੂਪ ਅਵਤਾਰ, ਮਹਾਨ ਤਪੱਸਵੀ, ਭਾਵਨਾ ਨਾਲ ਮਨਾਇਆ ਜਾ ਰਿਹਾ ਹੈ।ਨਿਊ ਬਾਵਾ ਲਾਲ ਜੀ ਹਸਪਤਾਲ ਧਿਆਨਪੁਰ ਦੇ ਡਾਕਟਰ ਕਿਸ਼ਨ ਚੰਦ ਤੇ ਡਾਕਟਰ ਸਿਮਰਨ ਦੀ ਅਗਵਾਈ ਹੇਠ ਬਾਬਾ ਸ੍ਰੀਚੰਦ ਜੀ ਦੇ ਪ੍ਰਕਾਸ਼



ਤਿਆਗ ਬਿਰਤੀ ਦੇ ਮਾਲਕ ਧੰਨ ਧੰਨ ਬਾਬਾ ਭਗਵਾਨ ਸ੍ਰੀ ਚੰਦ ਜੀ ਮਹਾਰਾਜ ਦਾ 532ਵਾਂ ਪ੍ਰਕਾਸ਼ ਉਤਸਵ ਇਤਿਹਾਸਕ ਅਸਥਾਨ ਮੰਦਿਰ ਭਗਵਾਨ ਬਾਬਾ ਸ੍ਰੀ ਚੰਦ ਜੀ ਨਾਨਕ ਚੱਕ ਨਜ਼ਦੀਕ ਅਲੀਵਾਲ ਜ਼ਿਲ੍ਹਾ ਗੁਰਦਾਸਪੁਰ ਵਿਖੇ ਬਹੁਤ ਹੀ ਸਰਧਾ ਭਾਵਨਾ ਨਾਲ ਮੌਜੂਦਾ ਗੱਦੀ ਨਸ਼ੀਨ ਪੂਜਨੀਕ ਮਹੰਤ ਹਰੀਕੁੰਭ ਦਾਸ ਜੀ ਉਦਾਸੀਨ ਅਤੇ ਸਮੂਹ ਸਾਧ ਸੰਗਤ ਤੇ ਸੇਵਾਦਾਰਾਂ ਦੇ ਸਹਿਯੋਗ ਨਾਲ ਬਹੁਤ ਹੀ ਸਰਧਾ ਦਿਹਾੜੇ ਨੂੰ ਸਮਰਪਿਤ ਮੰਦਰ ਵਿਖੇ ਫ੍ਰੀ ਮੈਡੀਕਲ ਕੈਂਪ ਲਗਾਇਆ ਗਿਆ ਜਿਸ ਵਿੱਚ ਮਾਹਿਰ ਡਾਕਟਰਾਂ ਦੀ ਟੀਮ ਵੱਲੋਂ ਗੁਰਦੇ ਦੀ ਜਾਂਚ, ਸ਼ੂਗਰ, ਜਰਨਲ ਸਰਜਰੀ ਤੇ ਹੋਰ ਬੀਮਾਰੀਆਂ ਦਾ ਇਲਾਜ ਲੋੜਵੰਦ ਲੋਕਾਂ ਦਾ ਕੀਤਾ ਗਿਆ।ਲੋੜਵੰਦਾਂ ਨੂੰ ਮੁਫਤ ਦਵਾਈਆਂ ਵੀ ਦਿੱਤੀਆਂ ਗਈਆਂ।ਇਸ ਦਾ ਉਦਘਾਟਨ ਮਹੰਤ ਹਰੀ ਕੁੰਭ ਦਾਸ ਨੇ ਕੀਤਾ।ਇਸ ਦੇ ਲਈ ਰਵਿੰਦਰ ਮੁਨੀ, ਦੁਰਗਾ ਦਾਸ, ਤਿਲਕ ਰਾਜ, ਡਾਕਟਰ ਜਸਪਾਲ ਸਿੰਘ, ਆਕਾਸ਼ਦੀਪ ਕੌਰ,ਕਵਲਜੀਤ ਕੌਰ ਪ੍ਰਿਆ, ਅਨਮੋਲ, ਰੁਪਪ੍ਰੀਤ ਕੌਰ, ਜੁਗਰਾਜ ਸਿੰਘ, ਸਮੀਰ ਸਿੰਘ ਮਨੀ ਜਾਂਗਲਾ, ਰਾਜੂ ਬੇਦੀ, ਭਾਈ ਗੁਰਦੀਪ ਸਿੰਘ, ਮਾਸਟਰ ਸੰਦੀਪ ਸਿੰਘ ਜਾਂਗਲਾ, ਸੰਦੀਪ ਬੇਦੀ ਨਾਨਕਚੱਕ, ਯਾਦਵਿੰਦਰ ਸਿੰਘ ਕਾਦੀਆਂ ਰਾਜਪੂਤ, ਰਣਜੀਤ ਸਿੰਘ ਰੰਮੀ ਅਲੀਵਾਲ, ਇੰਦਰਜੀਤ ਸਿੰਘ ਨਾਨਕਚੱਕ, ਦੁਰਲੱਭਜੀਤ ਸਿੰਘ ਪੱਤੀ ਪਰੀਵਾਂ, ਰਣਜੀਤ ਸਿੰਘ ਕੋਟਲੀ ਬਾਥਲਾਂ, ਪ੍ਰਿੰਸ ਛੱਲਾ ਘਣੀਆ, ਧਰਮਬੀਰ ਸਿੰਘ ਘਣੀਆ, ਮਨਪ੍ਰੀਤ ਸਿੰਘ ਪਟਵਾਰੀ, ਗੁਰਵਿੰਦਰ ਸਿੰਘ ਪਟਵਾਰੀ, ਗੁਰਬੀਰ ਸਿੰਘ ਘਣੀਏ ਕੇ ਬਾਂਗਰ, ਰਣਜੋਧ ਸਿੰਘ ਘਣੀਆ, ਰਣਜੀਤ ਸਿੰਘ ਘਣੀਏ ਕੇ ਬਾਂਗਰ, ਬਿੱਟੂ ਸੈਦਪੁਰ, ਭਗਵੰਤ ਸਿੰਘ ਹੈਪੀ, ਦੀਪੂ ਅਲੀਵਾਲ, ਜਸ਼ਨ ਫੁਲਟ, ਸਰਵਣ ਦਬੁਰਜੀ, ਅੰਮ੍ਰਿਤਪਾਲ ਸਿੰਘ ਸ਼ੈਂਕੀ ਕਾਲਾ ਅਫਗਾਨਾ, ਨੀਰਜ ਬੇਦੀ, ਜੱਸ ਲੋਧੀ ਨੰਗਲ, ਸਤਨਾਮ ਸਿੰਘ, ਹੈਪੀ ਨਾਨਕ ਚੱਕ, ਜੀਵਨ ਫੁੱਲਟ, ਜਸ਼ਨ ਜਾਂਗਲਾ, ਸਾਗਰ, ਗੁਰਲਾਲ ਸਿੰਘ ਡੇਰੀ, ਪਵਨ ਗੁੱਜਰਪੁਰ, ਜਸਨ ਪੰਨੂੰ, ਰਮਨ ਬਾਜਵਾ, ਹਰਪ੍ਰੀਤ ਸਿੰਘ, ਕਰਨ, ਹਰਸ਼ ਸੀੜਾ, ਜੀਵਨ, ਹਰਮਨ, ਕਰਨ, ਗੁਰੀ ਅਰਮਾਨ, ਨਵਜੋਤ ਸਿੰਘ, ਪ੍ਰਿੰਸ, ਸ਼ੁਭਰਾਜ ਸਿੰਘ ਛਿਛਰੇਵਾਲ ਤੇ ਹੋਰ ਸੇਵਾਦਾਰਾਂ ਦਾ ਅਹਿਮ ਯੋਗਦਾਨ ਰਿਹਾ।

## ਵਿਧਾਇਕ ਸ਼ੈਰੀ ਕਲਸੀ ਨੇ ਸਿੰਬਲ ਚੌਂਕ ਬਟਾਲਾ ਵਿਖੇ ਨਵੇਂ ਬਣੇ ਵਿਸ਼ਵਕਰਮਾ ਚੌਂਕ ਦਾ ਕੀਤਾ ਉਦਘਾਟਨ



ਬਟਾਲਾ, (ਤਰਲੋਕ ਬੱਗਾ)- ਬਟਾਲਾ ਸ਼ਹਿਰ ਦੇ ਵਿਕਾਸ ਅਤੇ ਸੁੰਦਰਤਾ ਨੂੰ ਨਵਾਂ ਆਯਾਮ ਦਿੰਦਿਆਂ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਵਿਧਾਇਕ ਸ਼ੈਰੀ ਕਲਸੀ ਵੱਲੋਂ ਸਿੰਬਲ ਚੌਕ ਬਟਾਲਾ ਵਿਖੇ ਨਵੇਂ ਬਣੇ ਵਿਸ਼ਵਕਰਮਾ ਚੌਕ ਦਾ ਸ਼ਹਿਰ ਵਾਸੀਆਂ ਦੀ ਮੌਜੂਦਗੀ ਵਿੱਚ ਸ਼ਾਨਦਾਰ ਢੰਗ ਨਾਲ ਉਦਘਾਟਨ ਕੀਤਾ ਗਿਆ।ਇਸ ਮੌਕੇ ਮੇਅਰ ਸੁਖਦੀਪ ਸਿੰਘ ਤੇਜਾ, ਚੇਅਰਮੈਨ ਯਸ਼ਪਾਲ ਚੌਹਾਨ, ਚੇਅਰਮੈਨ ਮਾਨਿਕ ਮਹਿਤਾ, ਐਕਸੀਅਨ ਨਿਗਮ ਸਿੰਘ, ਐਸ ਡੀ ਓ ਰਜਿੰਦਰ ਉਪਲ ਸਮੇਤ ਵੱਖ-ਵੱਖ ਸਮਾਜਿਕ, ਧਾਰਮਿਕ ਅਤੇ ਵਪਾਰਕ ਸੰਸਥਾਵਾਂ ਦੇ ਨੁਮਾਇੰਦਿਆਂ ਸਮੇਤ ਵੱਡੀ ਗਿਣਤੀ ਵਿੱਚ ਸ਼ਹਿਰ ਵਾਸੀਆਂ ਨੇ ਸ਼ਿਰਕਤ ਕੀਤੀ।ਇਸ ਮੌਕੇ ਪੱਤਰਕਾਰਾਂ ਨਾਲ ਗੱਲ ਕਰਦਿਆਂ ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਭਗਵਾਨ ਵਿਸ਼ਵਕਰਮਾ ਨੂੰ ਸਿਰਜਣਹਾਰ ਅਤੇ ਕਾਰੀਗਰਾਂ ਦੇ ਆਰਾਧਿਆ ਦੇਵਤਾ ਵਜੋਂ ਜਾਣਿਆ ਜਾਂਦਾ ਹੈ ਅਤੇ ਉਨ੍ਹਾਂ ਦੇ ਨਾਮ ਤੇ ਬਣਿਆ ਇਹ ਚੌਂਕ ਸਮਾਜ ਲਈ ਪ੍ਰੇਰਨਾ ਦਾ ਸਰੋਤ ਬਣੇਗਾ।ਉਨ੍ਹਾਂ ਨੇ ਕਿਹਾ ਕਿ ਇਸ ਚੌਕ ਦੀ ਸਥਾਪਨਾ ਨਾਲ ਨਾ ਸਿਰਫ਼ ਸ਼ਹਿਰ ਦੀ ਸੁੰਦਰਤਾ ਵਿੱਚ ਵਾਧਾ ਹੋਵੇਗਾ, ਸਗੋਂ ਆਉਣ ਵਾਲੀਆਂ ਪੀੜ੍ਹੀਆਂ ਨੂੰ ਵੀ ਆਪਣੇ ਸੱਭਿਆਚਾਰਕ ਅਤੇ ਧਾਰਮਿਕ ਵਿਰਸੇ ਨਾਲ ਜੋੜਨ ਵਿੱਚ ਮਦਦ ਮਿਲੇਗੀ।ਉਨ੍ਹਾਂ ਕਿਹਾ ਕਿ ਬਟਾਲਾ ਇਤਿਹਾਸਕ ਅਤੇ ਉਦਯੋਗਿਕ ਪੱਖੋਂ ਵਿਸ਼ੇਸ਼ ਮਹੱਤਵ ਰੱਖਦਾ ਹੈ ਅਤੇ ਅਜਿਹੇ ਪ੍ਰੋਜੈਕਟ ਸ਼ਹਿਰ ਦੀ ਪਹਿਚਾਣ ਨੂੰ ਹੋਰ ਮਜ਼ਬੂਤ ਕਰਦੇ ਹਨ।ਉਨ੍ਹਾਂ ਆਸ ਪ੍ਰਗਟਾਈ ਕਿ ਸ਼ਹਿਰ ਦੇ ਵਿਕਾਸ ਲਈ ਭਵਿੱਖ ਵਿੱਚ ਵੀ ਅਜਿਹੇ ਹੋਰ ਕਾਰਜ ਜਾਰੀ ਰਹਿਣਗੇ।ਇਸ ਮੌਕੇ ਸ਼ਹਿਰ ਵਾਸੀਆਂ ਨੇ ਵਿਧਾਇਕ ਸ਼ੈਰੀ ਕਲਸੀ ਦਾ ਧੰਨਵਾਦ ਕਰਦਿਆਂ ਕਿਹਾ ਕਿ ਉਨ੍ਹਾਂ ਵਲੋਂ ਹਰ ਵਰਗ ਲਈ ਪਾਰਦਰਸ਼ੀ ਢੰਗ ਨਾਲ ਵਿਕਾਸ ਕਾਰਜ ਕਰਵਾਏ ਹਨ ਅਤੇ ਪਿਛਲੇ ਕਰੀਬ ਸਾਢੇ ਚਾਰ ਸਾਲਾਂ ਵਿੱਚ ਵਿਧਾਇਕ ਸ਼ੈਰੀ ਕਲਸੀ ਨੇ ਬਟਾਲਾ ਦੀ ਵਿਕਾਸ ਪੱਖੋਂ ਨੁਹਾਰ ਬਦਲੀ ਹੈ ਅਤੇ ਕੀਤੇ ਵਿਕਾਸ ਕਾਰਜ ਨਜ਼ਰ ਆ ਰਹੇ ਹਨ।

## ਤੇਜ਼ ਰਫਤਾਰ ਟਿੱਪਰ ਦੀ ਲਿਪੇਟ 'ਚ ਆਉਣ ਨਾਲ ਵਿਅਕਤੀ ਦੀ ਮੌਤ

ਤਰਸਿੱਕਾ, ਤਰਸੇਮ ਸਿੰਘ ਸਾਧਪੁਰ)- ਸਵੇਰੇ-ਸਵੇਰੇ ਤਰਸਿੱਕਾ ਵਿਖੇ ਕਰੀਬ 9 ਵਜੇ ਪਿੰਡ ਅਕਾਲਗੜ੍ਹ ਢਪਈਆਂ ਤੋਂ ਆਪਣੀ ਬੇਟੀ ਨੂੰ ਮਿਲਣ ਜਾ ਰਹੇ ਜੈਮਲ ਸਿੰਘ ਪੁੱਤਰ ਗੁਰਮੇਲ ਸਿੰਘ ਜੋ ਕੇ ਆਪਣੀ ਮੋਪਿਡ ਪੀ ਬੀ 46 ਪੀ 3631 ਤੇ ਜਾ ਰਿਹਾ ਸੀ ਕਿ ਪਿੱਛੋਂ ਆ ਰਿਹਾ ਦਸ ਟਾਇਰੀ ਟਿੱਪਰ ਆਪਣੀ ਲਪੇਟ ਵਿੱਚ ਲੈ ਕੇ ਜੈਮਲ ਸਿੰਘ ਨੂੰ ਕਰੀਬ 35 ਤੋਂ 40 ਫੁੱਟ ਸੜਕ 'ਤੇ ਘੜੀਸਦਾ ਲੈ ਗਿਆ। ਲੋਕਾਂ ਦੇ ਰੌਲਾ ਪਾਉਣ 'ਤੇ ਹੀ ਟਿੱਪਰ ਵਾਲੇ ਨੇ ਟਿੱਪਰ ਨੂੰ ਬਰੇਕ ਮਾਰੀ ਅਤੇ ਮੌਕੇ ਤੋਂ ਫਰਾਰ ਹੋ ਗਿਆ ਪਰ ਪੁਲਸ ਦੀ ਮੁਸਤੈਦੀ ਨੇ ਉਸ ਨੂੰ ਮੌਕੇ 'ਤੇ ਹੀ ਗ੍ਰਿਫਤਾਰ ਕਰ ਲਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਐੱਸਐੱਚਓ ਸੁਰਜੀਤ ਸਿੰਘ ਨੇ ਦੱਸਿਆ ਕਿ ਉਨ੍ਹਾਂ ਨੂੰ ਇਸ ਸਬੰਧੀ ਕਿਸੇ ਨੇ ਫੋਨ 'ਤੇ ਦੱਸਿਆ ਤਾਂ ਉਹ ਤੁਰੰਤ ਪੁਲਸ ਪਾਰਟੀ ਜਿਸ ਵਿੱਚ ਜਸਪਾਲ ਸਿੰਘ ਐੱਚਸੀ, ਰਫੀਕ ਮੁਹੰਮਦ ਕਾਂਸਟੇਬਲ, ਤਰਸੇਮ ਸਿੰਘ ਪੀਐੱਚਜੀ ਅਤੇ ਲਵਪ੍ਰੀਤ ਸਿੰਘ ਐੱਚ ਸੀ ਸੀ ਪੁਲਸ ਥਾਣਾ ਤਰਸਿੱਕਾ ਸਨ, ਪੁਲਸ ਨਹਿਰ ਤੇ ਤਰਸਿੱਕਾ ਵਿਖੇ ਮੌਕਾ-ਏ ਵਾਰਦਾਤ 'ਤੇ ਪਹੁੰਚ ਗਏ ਅਤੇ ਟਿੱਪਰ ਦੇ ਡਰਾਈਵਰ ਨੂੰ ਭੱਜੇ ਜਾਂਦੇ ਨੂੰ ਕਾਬੂ ਕੀਤਾ ਅਤੇ ਮੌਕੇ 'ਤੇ ਲੋਕਾਂ ਦੇ ਇਕੱਠ ਨੂੰ ਸ਼ਾਂਤ ਕਰਕੇ ਆਵਾਜਾਈ ਨੂੰ ਸੁਚਾਰੂ ਢੰਗ ਨਾਲ ਚਾਲੂ ਕੀਤਾ। ਉਨ੍ਹਾਂ ਦੱਸਿਆ ਕਿ ਇਸ ਸੰਬੰਧ ਵਿੱਚ ਪੁਲਸ ਥਾਣਾ ਤਰਸਿੱਕਾ ਵਿਖੇ ਐੱਫ ਆਈ ਆਰ ਨੰਬਰ 109 ਮਿਤੀ 16-9-2026 ਬੀਐੱਨਐੱਸ ਦੀ ਧਾਰਾ 106,281,324(4) ਅਧੀਨ ਪਰਚਾ ਦਰਜ ਕਰਕੇ ਟਿੱਪਰ ਅਤੇ ਡਰਾਈਵਰ ਨੂੰ ਕਾਬੂ ਕਰ ਲਿਆ ਗਿਆ ਹੈ ਅਤੇ ਲਾਸ਼ ਦਾ ਪੋਸਟਮਾਰਟਮ ਕਰਨ ਤੋਂ ਬਾਅਦ ਵਾਰਸਾਂ ਨੂੰ ਸੌਂਪ ਦਿੱਤੀ ਜਾਵੇਗੀ।

## ਬਟਾਲਾ ਪਹੁੰਚਣ 'ਤੇ ਅਲੌਕਿਕ ਨਗਰ ਕੀਰਤਨ ਦਾ ਸਮੂਹ ਸੰਗਤਾਂ ਵੱਲੋਂ ਭਰਵਾਂ ਸਵਾਗਤ ਅੱਜ : ਜਥੇਦਾਰ ਗੋਰਾ, ਸੋਨੂੰ ਲੰਗਾਹ

ਧਾਰੀਵਾਲ, (ਮਨਦੀਪ ਵਿੱਕੀ)- ਜਗਤ ਗੁਰੂ ਪਹਿਲੇ ਪਾਤਸ਼ਾਹ ਸਾਹਿਬ ਸ੍ਰੀ ਗੁਰੂ ਨਾਨਕ ਦੇਵ ਜੀ ਤੇ ਜਗਤ ਮਾਤਾ ਸੁਲੱਖਣੀ ਜੀ ਦਾ 539ਵਾਂ ਵਿਆਹ ਪੁਰਬ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਸਮੂਹ ਸੰਗਤਾਂ, ਕਾਰ ਸੇਵਾ ਵਾਲੇ ਮਹਾਂਪੁਰਖਾਂ ਦੇ ਵਿਸ਼ੇਸ਼ ਸਹਿਯੋਗ ਨਾਲ 18 ਸਤੰਬਰ ਦਿਨ ਸ਼ੁੱਕਰਵਾਰ ਨੂੰ ਇਤਿਹਾਸਕ ਗੁਰਦੁਆਰਾ ਸ੍ਰੀ ਕੰਧ ਸਾਹਿਬ ਬਟਾਲਾ, ਗੁਰਦੁਆਰਾ ਡੇਹਰਾ ਸਾਹਿਬ ਅਤੇ ਗੁਰਦੁਆਰਾ ਸਤਿਕਰਤਾਰੀਆਂ ਸਾਹਿਬ ਵਿਖੇ ਬਹੁਤ ਸ਼ਰਧਾ ਸਤਿਕਾਰ ਨਾਲ ਮਨਾਇਆ ਜਾਵੇਗਾ । ਉਕਤ ਜਾਣਕਾਰੀ ਵਿਆਹ ਪੁਰਬ ਦੇ ਮੁੱਖ ਪ੍ਰਬੰਧਕ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ , ਸੁਖਜਿੰਦਰ ਸਿੰਘ ਸੋਨੂੰ ਲੰਗਾਹ ਹਲਕਾ ਇੰਚਾਰਜ ਡੇਰਾ ਬਾਬਾ ਨਾਨਕ, ਹਲਕਾ ਕਾਦੀਆਂ ਦੇ ਸੀਨੀਅਰ ਅਕਾਲੀ ਲੀਡਰ ਕੰਵਲਪ੍ਰੀਤ ਸਿੰਘ ਕਾਕੀ ਕੌਮੀ ਜਨਰਲ ਸਕੱਤਰ ਸ਼੍ਰੋਮਣੀ ਅਕਾਲੀ ਦਲ ਅਤੇ ਪਰਮਵੀਰ ਸਿੰਘ ਲਾਡੀ ਮੈਂਬਰ ਕੋਰ ਕਮੇਟੀ ਸ਼੍ਰੋਮਣੀ ਅਕਾਲੀ ਦਲ ਨੇ ਸਾਂਝੇ ਤੌਰ ਤੇ ਦਿੰਦਿਆਂ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਪੁਰਬ ਨੂੰ ਸਮਰਪਿਤ ਗੁਰਦੁਆਰਾ ਸ੍ਰੀ ਬੇਰ ਸਾਹਿਬ ਸੁਲਤਾਨਪੁਰ ਲੋਧੀ ਤੋਂ ਆਰੰਭ ਹੋਏ ਮਹਾਨ ਨਗਰ ਕੀਰਤਨ ਦਾ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਸਾਹਿਬ ਵਿਖੇ ਰਾਤ ਦਾ ਵਿਸ਼ਰਾਮ ਕਰਨ ਉਪਰੰਤ ਅੱਜ ਗੁਰਦੁਆਰਾ ਸ੍ਰੀ ਗੁਰੂ ਤੇਗ ਬਹਾਦਰ ਸਾਹਿਬ ਪਾਤਸ਼ਾਹੀ ਨੌਵੀਂ ਬਾਬਾ ਬਕਾਲਾ ਸਾਹਿਬ ਤੋਂ ਧੰਨ ਧੰਨ ਸ਼੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ ਹੇਠ ਪੰਜ ਪਿਆਰਿਆਂ ਦੀ ਅਗਵਾਈ ਵਿੱਚ ਮਹਾਨ ਨਗਰ ਕੀਰਤਨ ਆਰੰਭ ਹੋ ਕੇ ਸਠਿਆਲਾ, ਬੁੱਟਰ, ਮਹਿਤਾ, ਆਦੋਵਾਲੀ, ਰੰਗੜ ਨੰਗਲ, ਅੰਮੋਨੰਗਲ, ਗੁਰਦੁਆਰਾ ਸ੍ਰੀ ਅੱਚਲ ਸਾਹਿਬ, ਮਿਸਰਪੁਰਾ ਤੋਂ ਹੁੰਦਾ ਹੋਇਆ ਬਟਾਲਾ ਸ਼ਹਿਰ ਵਿਖੇ ਪੁੱਜੇਗਾ । ਜਥੇਦਾਰ ਗੋਰਾ, ਲੰਗਾਹ, ਕਾਕੀ ਅਤੇ ਲਾਡੀ ਨੇ ਦੱਸਿਆ ਕਿ ਮਹਾਨ ਨਗਰ ਕੀਰਤਨ ਦਾ ਬਟਾਲਾ



ਸ਼ਹਿਰ ਵਿਖੇ ਪਹੁੰਚਣ ਤੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਤੇ ਇਲਾਕੇ ਦੀਆਂ ਸਮੂਹ ਸੰਗਤਾਂ ਵੱਲੋਂ ਅਕਾਸ਼ ਗੁੰਜਾਊ ਜੈਕਾਰਿਆਂ ਤੇ ਫੁੱਲਾਂ ਦੀ ਵਰਖਾ ਕਰਕੇ ਵੱਖ ਵੱਖ ਪੜਾਵਾਂ ਤੇ ਭਰਵਾਂ ਸਵਾਗਤ ਕੀਤਾ ਜਾਵੇਗਾ।ਇਸ ਮੌਕੇ ਤੇ ਜਥੇਦਾਰ ਗੁਰਿੰਦਰਪਾਲ ਸਿੰਘ ਗੋਰਾ ਮੈਂਬਰ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ,ਸ੍ਰ ਸੁਖਜਿੰਦਰ ਸਿੰਘ ਸੋਨੂੰ ਲੰਗਾਹ,ਸ੍ਰ ਕੰਵਲਪ੍ਰੀਤ ਸਿੰਘ ਕਾਕੀ ਅਤੇ ਸ੍ਰ ਪਰਮਵੀਰ ਸਿੰਘ ਲਾਡੀ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਅਸਥਾਨ ਇਤਿਹਾਸਕ ਗੁਰਦੁਆਰਾ ਡੇਹਰਾ ਸਾਹਿਬ ਵਿਖੇ 18 ਸਤੰਬਰ ਦਿਨ ਸ਼ੁਕਰਵਾਰ ਨੂੰ ਸਵੇਰੇ 6 ਵਜੇ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਪੈਣ ਉਪਰੰਤ 7-00 ਵਜੇ ਮਹਾਨ ਨਗਰ ਕੀਰਤਨ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ ਛਾਇਆ ਅਤੇ ਪੰਜ ਪਿਆਰੇ ਸਾਹਿਬਾਨ ਦੀ ਅਗਵਾਈ ਵਿੱਚ ਖਾਲਸਾਈ ਜਾਹੋਂ ਜਲਾਲ ਨਾਲ ਸਜਾਇਆ ਜਾਵੇਗਾ । ਜਥੇਦਾਰ ਗੋਰਾ, ਸੋਨੂੰ ਲੰਗਾਹ, ਕਾਕੀ ਅਤੇ ਲਾਡੀ ਨੇ ਕਿਹਾ ਕਿ ਮਹਾਨ ਨਗਰ ਕੀਰਤਨ ਦਾ ਸੇਵਾ ਸਭਾ ਸੁਸਾਇਟੀਆ , ਗੁਰਦੁਆਰਾ ਪ੍ਰਬੰਧਕ ਕਮੇਟੀਆਂ, ਧਾਰਮਿਕ, ਰਾਜਨੀਤਕ ਸਮਾਜਿਕ ਆਗੂਆਂ ਅਤੇ ਗੁਰੂ ਨਾਨਕ ਨਾਮ ਲੇਵਾ ਸੰਗਤਾਂ ਵੱਲੋਂ ਮਹਾਨ ਨਗਰ ਕੀਰਤਨ ਵਿੱਚ ਨਤਮਸਤਕ ਹੋ ਕੇ ਬੋਲੇ ਸੋ ਨਿਹਾਲ ਸਤਿ ਸ਼੍ਰੀ ਅਕਾਲ ਦੇ ਅਕਾਸ਼ ਗੁੰਜਾਊ ਜੈਕਾਰਿਆਂ ਨਾਲ ਫੁੱਲਾਂ ਦੀ ਵਰਖਾ ਕਰਕੇ ਵੱਖ ਵੱਖ ਪੜਾਵਾਂ ਤੇ ਮਹਾਨ ਨਗਰ ਕੀਰਤਨ ਦਾ ਭਰਵਾਂ ਸਵਾਗਤ ਕੀਤਾ ਜਾਵੇਗਾ।

ਇਸ ਮੌਕੇ ਤੇ ਸ੍ਰ ਗੁਰਤਿੰਦਰ ਪਾਲ ਸਿੰਘ ਭਾਟੀਆ ਐਡੀਸ਼ਨਲ ਮੈਨੇਜਰ ਸ੍ਰੀ ਦਰਬਾਰ ਸਾਹਿਬ ਸ੍ਰੀ ਅੰਮ੍ਰਿਤਸਰ ਸਾਹਿਬ,ਸ੍ਰ ਜਗਦੀਪ ਸਿੰਘ ਧਾਰੋਵਾਲੀ ਮੈਨੇਜਰ ਗੁਰਦੁਆਰਾ ਸ੍ਰੀ ਕੰਧ ਸਾਹਿਬ,ਸ੍ਰ ਚੇਤਨ ਸਿੰਘ ਜੰਡੂ ਸੁਪਰਵਾਈਜ਼ਰ ਸ਼੍ਰੋਮਣੀ ਕਮੇਟੀ, ਦਵਿੰਦਰ ਸਿੰਘ ਲਾਲੀ ਬਾਜਵਾ ਮੈਨੇਜਰ ਗੁਰਦੁਆਰਾ ਓਠੀਆਂ ਸਾਹਿਬ, ਸ੍ਰ ਰਣਜੀਤ ਸਿੰਘ ਕਲਿਆਣਪੁਰ ਮੈਨੇਜਰ ਗੁਰਦੁਆਰਾ ਬੁਰਜ ਸਾਹਿਬ ਧਾਰੀਵਾਲ, ਸਤਨਾਮ ਸਿੰਘ ਗੋਸਲ ਮੈਨੇਜਰ ਗੁਰਦੁਆਰਾ ਸ੍ਰੀ ਦਰਬਾਰ ਸਾਹਿਬ ਡੇਰਾ ਬਾਬਾ ਨਾਨਕ, ਮਲਕੀਅਤ ਸਿੰਘ ਹੈਪੀ ਮੈਨੇਜਰ ਗੁਰਦੁਆਰਾ ਸ੍ਰੀ ਅੱਚਲ ਸਾਹਿਬ, ਸਿਮਰਤਪਾਲ ਸਿੰਘ ਭਾਟੀਆ ਆਦਿ ਹਾਜ਼ਰ ਸਨ।

## ਡਾ. ਅੰਬੇਡਕਰ ਦੇ ਬੁੱਤ ਦੀ ਭੰਨਤੋੜ ਕਰਨ ਵਾਲਿਆਂ ਖ਼ਿਲਾਫ਼ ਮਹਿਤਾ ਚੌਂਕ 'ਚ ਰੋਸ ਪ੍ਰਦਰਸ਼ਨ



ਤਰਸਿੱਕਾ (ਤਰਸੇਮ ਸਿੰਘ ਸਾਧਪੁਰ) ਡਾ. ਬੀ.ਆਰ. ਅੰਬੇਡਕਰ ਸਾਹਿਬ ਜੀ ਦੇ ਬੁੱਤ ਦੀ ਭੰਨਤੋੜ ਕਰਨ ਵਾਲੇ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਦੀ ਮੰਗ ਨੂੰ ਲੈ ਕੇ ਸਾਂਝਾ ਐਕਸ਼ਨ ਫਰੰਟ ਪੰਜਾਬ ਵੱਲੋਂ ਕਸਬਾ ਮਹਿਤਾ ਚੌਂਕ ਵਿਖੇ ਜਥੇਦਾਰ ਗੁਰਮੁੱਖ ਸਿੰਘ, ਸਰਕਲ ਪ੍ਰਧਾਨ ਮਹਿਤਾ ਦੀ ਅਗਵਾਈ ਹੇਠ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਦੌਰਾਨ ਪ੍ਰਦਰਸ਼ਨਕਾਰੀਆਂ ਨੇ ਸਰਕਾਰ ਤੋਂ ਲੁਧਿਆਣਾ ਕਾਂਡ ਦੇ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਕਰਕੇ ਸਖ਼ਤ ਤੋਂ ਸਖ਼ਤ ਸਜ਼ਾ ਦੇਣ ਦੀ ਮੰਗ ਕੀਤੀ।ਇਸ ਮੌਕੇ ਉਚੇਚੇ ਤੌਰ 'ਤੇ ਪਹੁੰਚੇ ਬਾਬਾ ਜੋਗਾ ਸਿੰਘ ਵਡਾਲਾ ਨੇ ਕਿਹਾ ਕਿ ਡਾ. ਅੰਬੇਡਕਰ ਸਾਹਿਬ ਜੀ ਦੇ ਬੁੱਤ ਨਾਲ ਕੀਤੀ ਗਈ ਭੰਨਤੋੜ ਬੇਹੱਦ ਗੰਭੀਰ ਅਤੇ ਨਿੰਦਣਯੋਗ ਘਟਨਾ ਹੈ। ਉਨ੍ਹਾਂ ਮੰਗ ਕੀਤੀ ਕਿ ਸਰਕਾਰ ਵੱਲੋਂ ਧਾਰਮਿਕ ਗ੍ਰੰਥਾਂ ਦੀ ਬੇਅਦਬੀ ਸਬੰਧੀ ਬਣਾਏ ਕਾਨੂੰਨ ਦੀ ਤਰਜ਼ 'ਤੇ ਬਣਦੀਆਂ ਕਾਨੂੰਨੀ ਧਾਰਾਵਾਂ ਤਹਿਤ ਦੋਸ਼ੀਆਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾਵੇ ਅਤੇ ਉਨ੍ਹਾਂ ਨੂੰ ਜਲਦ ਜੇਲ੍ਹ ਦੀਆਂ ਸਲਾਖਾਂ ਪਿੱਛੇ ਭੇਜਿਆ ਜਾਵੇ।ਬਾਬਾ ਜੋਗਾ ਸਿੰਘ ਨੇ ਕਿਹਾ ਕਿ ਪੰਜਾਬ ਵਿੱਚ ਅਜਿਹੀਆਂ ਘਟਨਾਵਾਂ ਪਹਿਲਾਂ ਵੀ ਵਾਪਰ ਚੁੱਕੀਆਂ ਹਨ, ਪਰ ਦੋਸ਼ੀਆਂ ਖ਼ਿਲਾਫ਼ ਢੁੱਕਵੀਂ ਕਾਰਵਾਈ ਨਾ ਹੋਣ ਕਾਰਨ ਲੋਕਾਂ ਵਿੱਚ ਰੋਸ ਵਧ ਰਿਹਾ ਹੈ।ਉਨ੍ਹਾਂ ਸਰਕਾਰ ਤੋਂ ਮੰਗ ਕੀਤੀ ਕਿ ਕੇਸ ਨਾਲ ਜੁੜੇ ਦੋਸ਼ੀਆਂ ਨੂੰ ਜਲਦ ਜਨਤਕ ਕੀਤਾ ਜਾਵੇ।ਇਸ ਮੌਕੇ ਪੀ.ਏ. ਸੁਖਪਾਲ ਸਿੰਘ ਰਈਆ, ਜਥੇਦਾਰ ਹਰਪ੍ਰੀਤ ਸਿੰਘ ਬਟਾਰੀ, ਜਥੇਦਾਰ ਸਾਹਿਬ ਸਿੰਘ ਉਦੋ ਨੰਗਲ, ਪ੍ਰਧਾਨ ਗੁਰਦੇਵ ਸਿੰਘ ਬਿੱਟੂ ਖੱਬੇ ਰਾਜਪੂਤਾਂ ਸਮੇਤ ਮਹਿਤਾ ਚੌਂਕ ਦੇ ਅਹੁਦੇਦਾਰ ਹਾਜ਼ਰ ਸਨ।

## ਡਾਇਟ ਕੈਰੋਂ ਤਰਨਤਾਰਨ ਵਿਖੇ ਹਿਊਮੈਨ ਜੈਨੇਟਿਕ ਵਿਭਾਗ ਨੇ ਕੈਂਸਰ ਪ੍ਰਤੀ ਕੀਤਾ ਜਾਗਰੂਕ

ਝਬਾਲ (ਹਰਜਿੰਦਰ ਸਿੰਘ ਸੋਨੀ) ਜ਼ਿਲ੍ਹਾ ਸਿਖਲਾਈ ਅਤੇ ਸਿੱਖਿਆ ਸੰਸਥਾ ਡਾਇਟ ਕੈਰੋਂ, ਤਰਨ ਤਾਰਨ ਵਿਖੇ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਕੁਲਪਤੀ ਪ੍ਰੋਫੈਸਰ ਡਾ. ਕਰਮਜੀਤ ਸਿੰਘ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਹਿਊਮੈਨ ਜੈਨੇਟਿਕ ਵਿਭਾਗ ਵੱਲੋਂ ਇੱਕ ਦਿਨਾ ਆਊਟਰੀਚ ਪ੍ਰੋਗਰਾਮ ਦਾ ਆਯੋਜਨ ਕੀਤਾ ਗਿਆ।ਇਸ ਪ੍ਰੋਗਰਾਮ ਵਿੱਚ ਕੈਂਸਰ ਪ੍ਰਤੀ ਜਾਗਰੂਕਤਾ ਬਾਰੇ ਅਰਪਨਪ੍ਰੀਤ ਕੌਰ ਨੇ, ਜੈਨੇਟਿਕ ਰੋਗ ਜਾਗਰੂਕਤਾ ਬਾਰੇ ਆਸ਼ਨਾ ਅਰੋੜਾ ਅਤੇ ਸਿਹਤ ਜਾਂਚ ਬਾਰੇ ਹਰਲੀਨ ਕੌਰ ਨੇ ਆਪਣੀ ਟੀਮ ਨਾਲ਼ ਵਿਸਥਾਰਪੂਰਵਕ ਜਾਣਕਾਰੀ ਦਿੱਤੀ।





ਇਹ ਪ੍ਰੋਗਰਾਮ ਵਿੱਚ ਡਾ. ਸੰਜਨਾ ਅਸਿਸਟੈਂਟ ਪ੍ਰੋਫੈਸਰ ਗੁਰੂ ਨਾਨਕ ਦੇਵ ਯੂਨੀਵਰਸਿਟੀ ਅੰਮ੍ਰਿਤਸਰ ਦੇ ਹਿਊਮੈਨ ਜੈਨੇਟਿਕ ਵਿਭਾਗ ਦੀ ਦੇਖ-ਰੇਖ ਵਿੱਚ ਅਤੇ ਪ੍ਰਿੰਸੀਪਲ ਡਾਇਟ ਕੈਰੋਂ ਸ੍ਰ. ਮੰਗਤ ਸਿੰਘ ਦੀ ਪ੍ਰਧਾਨਗੀ ਵਿੱਚ ਆਯੋਜਿਤ ਕੀਤਾ ਗਿਆ।ਇਸ ਪ੍ਰੋਗਰਾਮ ਵਿੱਚ ਆਸ-ਪਾਸ ਦੇ ਸਕੂਲਾਂ ਦੇ ਵਿਦਿਆਰਥੀਆਂ ਅਤੇ ਇਲਾਕਾ ਨਿਵਾਸੀਆਂ ਨੇ ਵੀ ਸ਼ਿਰਕਤ ਕੀਤੀ।ਇਸ ਇੱਕ ਦਿਨਾ ਪ੍ਰੋਗਰਾਮ ਵਿੱਚ ਡਾ. ਸਿਮਰਪ੍ਰੀਤ ਕੌਰ ਪ੍ਰਿੰਸੀਪਲ ਐਜੂਕੇਸ਼ਨ ਕਾਲਜ ਖਡੂਰ ਸਾਹਿਬ ਵੀ ਉਚੇਚੇ ਤੌਰ 'ਤੇ ਪਹੁੰਚੇ।

ਇਸ ਮੌਕੇ ਪ੍ਰਿੰਸੀਪਲ ਮੰਗਤ ਸਿੰਘ ਨੇ ਆਏ ਹੋਏ ਮਹਿਮਾਨਾਂ ਦਾ ਧੰਨਵਾਦ ਅਤੇ ਸਨਮਾਨ ਵੀ ਕੀਤਾ। ਉਨ੍ਹਾਂ ਸਮੂਹ ਸਰੋਤਿਆਂ ਨੂੰ ਬੋਲਦਿਆਂ ਅਜਿਹੇ ਰੋਗਾਂ ਤੋਂ ਬਚਾਅ ਅਤੇ ਸੁਚੇਤ ਰਹਿਣ ਦੀ ਅਪੀਲ ਵੀ ਕੀਤੀ।ਇਸ ਮੌਕੇ ਡਾ. ਇੰਦਰਪ੍ਰੀਤ ਸਿੰਘ ਧਾਮੀ ਨੇ ਅਜਿਹੀਆਂ ਬਿਮਾਰੀਆਂ ਦੇ ਲੱਛਣਾਂ, ਉਨ੍ਹਾਂ ਦੇ ਪ੍ਰਭਾਵਾਂ ਆਦਿ ਬਾਰੇ ਵਿਦਿਆਰਥੀਆਂ ਨੂੰ ਆਪਣੇ ਹੋਰ ਸਾਥੀਆਂ ਤੇ ਪਰਿਵਾਰਕ ਮੈਂਬਰਾਂ ਨੂੰ ਵੀ ਜਾਣੂ ਕਰਵਾਉਣ ਦੀ ਅਪੀਲ ਕੀਤੀ।ਇਸ ਯਾਦਗਾਰੀ ਮੌਕੇ ਡਾਇਟ ਕੈਰੋਂ ਵਿਖੇ ਆਏ ਹੋਏ ਮਹਿਮਾਨਾਂ ਵੱਲੋਂ ਇੱਕ ਪੌਦਾ ਵੀ ਲਗਾਇਆ ਗਿਆ।ਇਸ ਮੌਕੇ ਪ੍ਰਭਜੀਤ ਸਿੰਘ ਲੈਕਚਰਾਰ ਬਾਇਓ ਸ. ਸੀ. ਸੈ. ਸਕੂਲ, ਗੱਗੋਬੂਹਾ, ਅਰੁਣ ਕੁਮਾਰ ਸ਼ਰਮਾ, ਮਲਕੀਤ ਸਿੰਘ, ਗੁਰਬਿੰਦਰ ਸਿੰਘ, ਨਿਸ਼ਾ ਭਾਟੀਆ ਆਦਿ ਵੀ ਹਾਜ਼ਰ ਸਨ।

## ਸ਼ਹੀਦ ਭਗਤ ਸਿੰਘ ਸਕੂਲ ਦੇ ਵਿਦਿਆਰਥੀਆਂ ਦਾ ਧਾਰਮਿਕ ਮੁਕਾਬਲਿਆਂ 'ਚ ਸ਼ਾਨਦਾਰ ਪ੍ਰਦਰਸ਼ਨ

ਭਿੱਖੀਵਿੰਡ/ਖਾਲੜਾ (ਲਖਵਿੰਦਰ ਸਿੰਘ ਗੋਲਣ/ਰਣਬੀਰ ਸਿੰਘ ਗੋਲਣ)- ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੀ ਧਰਮ ਪ੍ਰਚਾਰ



ਕਮੇਟੀ ਵੱਲੋਂ ਕਰਵਾਏ ਗਏ ਧਾਰਮਿਕ ਮੁਕਾਬਲਿਆਂ ਵਿੱਚ ਸ਼ਹੀਦ ਭਗਤ ਸਿੰਘ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਭਿੱਖੀਵਿੰਡ ਦੇ ਵਿਦਿਆਰਥੀਆਂ ਨੇ ਸ਼ਾਨਦਾਰ ਸਥਾਨ ਹਾਸਲ ਕੀਤੇ ਹਨ।ਸਕੂਲ ਚੇਅਰਪਰਸਨ ਮੈਡਮ ਮਨਪ੍ਰੀਤ ਕੌਰ ਨੇ ਸਕੂਲ ਪਹੁੰਚਣ 'ਤੇ ਜੇਤੂਆਂ ਦਾ ਵਿਸ਼ੇਸ਼ ਸਨਮਾਨ ਕੀਤਾ।ਇਸ ਮੌਕੇ ਪ੍ਰੈੱਸ ਨਾਲ ਗੱਲਬਾਤ ਕਰਦਿਆਂ ਮੈਡਮ ਮਨਪ੍ਰੀਤ ਕੌਰ ਨੇ ਕਿਹਾ ਕਿ ਉਨ੍ਹਾਂ ਦੇ ਸਾਰੇ ਹੀ ਵਿਦਿਆਰਥੀਆਂ ਨੇ ਵੱਖ-ਵੱਖ ਧਾਰਮਿਕ ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ ਹੈ।ਉਨ੍ਹਾਂ ਕਿਹਾ ਕਿ ਅਧਿਆਪਕਾਂ ਦੀ ਅਣਥੱਕ ਮਿਹਨਤ ਸਦਕਾ ਹੀ ਵਿਦਿਆਰਥੀਆਂ ਨੇ ਇਨ੍ਹਾਂ ਮੁਕਾਬਲਿਆਂ ਵਿੱਚ ਮੋਹਰੀ ਸਥਾਨ ਹਾਸਲ ਕੀਤੇ ਹਨ।ਮਨਪ੍ਰੀਤ ਕੌਰ ਨੇ ਕਿਹਾ ਕਿ ਚੰਗਾ ਸਮਾਜ ਸਿਰਜਣ ਲਈ ਵਿਦਿਆਰਥੀਆਂ ਨੂੰ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੇ ਦੱਸੇ ਮਾਰਗ ਤੇ ਤੋਰਨ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਸਕੂਲਾਂ ਵਿੱਚ ਬਾਕੀ ਵਿਸ਼ਿਆਂ ਵਾਂਗ ਧਾਰਮਿਕ ਸਿੱਖਿਆ ਵਿਸ਼ਾ ਵੀ ਲਗਨ ਨਾਲ ਪੜ੍ਹਾਇਆ ਜਾਣਾ ਚਾਹੀਦਾ ਹੈ।ਇਸ ਮੌਕੇ ਉਨ੍ਹਾਂ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਸ੍ਰੀ ਅੰਮ੍ਰਿਤਸਰ ਸਾਹਿਬ ਵੱਲੋਂ ਸਿੱਖੀ ਦੇ ਪ੍ਰਚਾਰ ਲਈ ਕੀਤੇ ਜਾ ਰਹੇ ਨੇਕ ਕਾਰਜਾਂ ਦੀ ਰੱਜ ਕੇ ਸ਼ਲਾਘਾ ਕੀਤੀ।ਅੰਤ ਵਿੱਚ ਉਨ੍ਹਾਂ ਸਕੂਲ ਦੇ ਸਮੂਹ ਵਿਦਿਆਰਥੀਆਂ ਨੂੰ ਧਾਰਮਿਕ ਮੁਕਾਬਲਿਆਂ ਵਿੱਚ ਵਧ-ਚੜ੍ਹ ਕੇ ਹਿੱਸਾ ਲੈਣ ਦਾ ਸੁਨੇਹਾ ਦਿੱਤਾ।ਇਸ ਮੌਕੇ ਸਕੂਲ ਦੇ ਸਮੂਹ ਸਟਾਫ ਮੈਂਬਰ ਤੇ ਵਿਦਿਆਰਥੀ ਹਾਜ਼ਰ ਸਨ।

## ਵਿਸ਼ੇਸ਼ ਸਾਹਿਤਕ ਸਮਾਗਮ 'ਚ ਪਾਸ਼ ਤੇ ਡਾ. ਸੋਮ ਰਾਜ ਨੂੰ ਕੀਤਾ ਯਾਦ

ਗੁਰਦਾਸਪੁਰ, (ਜਨਕ ਮਹਾਜਨ)- ਇਨਕਲਾਬੀ ਕਵੀ ਅਵਤਾਰ ਸਿੰਘ ਪਾਸ਼ ਅਤੇ ਡਾ. ਸੋਮ ਰਾਜ ਸ਼ਰਮਾ ਦੀ ਯਾਦ ਨੂੰ ਸਮਰਪਿਤ ਇੱਕ ਵਿਸ਼ੇਸ਼ ਸਾਹਿਤਕ ਸਮਾਗਮ ਇੰਡੋ-ਮੈਲਬੋਰਨ ਸੀਨੀਅਰ ਸਿਟੀਜ਼ਨ ਕਲੱਬ ਵੱਲੋਂ ਕਰੇਨਬਰਨ ਵੈਸਟ ਦੇ ਕਮਿਊਨਿਟੀ ਹਾਲ ਵਿਖੇ ਕਰਵਾਇਆ ਗਿਆ। ਇਹ ਸਮਾਗਮ ਜੁਝਾਰਵਾਦੀ ਕਵੀ ਅਵਤਾਰ ਸਿੰਘ ਪਾਸ਼ ਦੇ ਜਨਮ ਦਿਨ ਅਤੇ ਕਵੀ ਡਾ. ਸੋਮ ਰਾਜ ਸ਼ਰਮਾ ਦੀ ਬਰਸੀ ਮੌਕੇ ਕਰਵਾਇਆ ਗਿਆ। ਸਮਾਗਮ ਦੌਰਾਨ ਦੋਵਾਂ ਸਾਹਿਤਕਾਰਾਂ ਦੇ ਜੀਵਨ, ਸਾਹਿਤਕ ਸਫ਼ਰ, ਵਿਚਾਰਧਾਰਾ ਅਤੇ ਸਮਾਜ ਪ੍ਰਤੀ ਉਨ੍ਹਾਂ ਦੀ ਵਚਨਬੱਧਤਾ ਬਾਰੇ ਵਿਸਥਾਰ ਸਹਿਤ ਜਾਣਕਾਰੀ ਦਿੱਤੀ ਗਈ। ਇਪਟਾ (ਇੰਡੀਅਨ ਪੀਪਲਜ਼ ਥੀਏਟਰ ਐਸੋਸੀਏਸ਼ਨ) ਪੰਜਾਬ ਦੇ ਸੂਬਾ ਸਕੱਤਰ ਅਤੇ ਸਾਹਿਤ ਸਭਾ ਗੁਰਦਾਸਪੁਰ ਰਜਿ. ਦੇ ਜਨਰਲ ਸਕੱਤਰ ਗੁਰਮੀਤ ਸਿੰਘ ਪਾਹੜਾ ਨੇ ਦੋਵਾਂ ਕਵੀਆਂ ਦੀਆਂ ਰਚਨਾਵਾਂ ਅਤੇ ਉਨ੍ਹਾਂ ਦੇ ਸਾਹਿਤਕ ਯੋਗਦਾਨ ਬਾਰੇ ਵਿਚਾਰ ਸਾਂਝੇ ਕੀਤੇ। ਉਨ੍ਹਾਂ ਕਿਹਾ ਕਿ ਪਾਸ਼ ਅਤੇ ਡਾ. ਸੋਮ ਰਾਜ ਸ਼ਰਮਾ ਨੇ ਆਪਣੀ ਕਲਮ ਨੂੰ ਸਿਰਫ਼ ਮਨੋਰੰਜਨ ਦਾ ਸਾਧਨ ਨਹੀਂ ਬਣਾਇਆ, ਸਗੋਂ ਸਮਾਜਕ ਬੇਇਨਸਾਫ਼ੀ, ਜ਼ੁਲਮ, ਵਿਤਕਰੇ ਅਤੇ ਲੋਕ ਮਸਲਿਆਂ ਵਿਰੁੱਧ ਆਵਾਜ਼ ਬੁਲੰਦ ਕਰਨ



ਦਾ ਹਥਿਆਰ ਬਣਾਇਆ। ਸਮਾਗਮ ਦੀ ਪ੍ਰਧਾਨਗੀ ਗੁਰਮੀਤ ਸਿੰਘ ਮੁਕਤਸਰ, ਸੂਬੇਦਾਰ ਜਸਵੰਤ ਸਿੰਘ ਅਤੇ ਅਵਤਾਰ ਸਿੰਘ ਬਰਾੜ ਨੇ ਕੀਤੀ।

ਇਸ ਮੌਕੇ ਹਰਦੀਪ ਸਿੰਘ ਟਿਵਾਣਾ, ਸਤਨਾਮ ਸਿੰਘ, ਵਰਿੰਦਰ ਸਿੰਘ, ਕੁਲਦੀਪ ਸਿੰਘ ਡੀ. ਐੱਸ. ਪੀ., ਕਰਮ ਸਿੰਘ ਡੀ. ਐੱਸ. ਪੀ., ਅਵਤਾਰ ਸਿੰਘ, ਮਹਿੰਦਰ ਸਿੰਘ ਗਰਚਾ, ਸੁਰਿੰਦਰ ਕੁਮਾਰ ਅਰੋੜਾ, ਮਲਕੀਅਤ ਸਿੰਘ ਮੁਲਤਾਨੀ, ਗੁਰਮੀਤ ਸਿੰਘ ਅਤੇ ਸੇਵਾ ਸਿੰਘ ਨੇ ਸਟੇਜ 'ਤੇ ਹਾਜ਼ਰੀ ਲਗਵਾਈ। ਇਸ ਮੌਕੇ ਬਲਦੇਵ ਸਿੰਘ, ਮੁਕੰਦ ਸਿੰਘ, ਜਸਵੰਤ ਸਿੰਘ ਪਾਹੜਾ, ਧਨਵੰਤ ਸਿੰਘ, ਮਹਿੰਦਰ ਸਿੰਘ, ਅਮਰਜੀਤ ਸਿੰਘ, ਸੇਵਾ ਸਿੰਘ, ਰਾਜ ਕੁਮਾਰ, ਸਰਵਣ ਕੁਮਾਰ, ਪ੍ਰਸ਼ੋਤਮ ਲਾਲ, ਬਲਕਾਰ ਸਿੰਘ ਤਰਨਤਾਰਨ, ਜਸਬੀਰ ਸਿੰਘ, ਭਰਪੂਰ ਸਿੰਘ, ਪ੍ਰਿੰਸੀਪਲ ਜੋਗਾ ਸਿੰਘ, ਮਾਸਟਰ ਦਲਬੀਰ ਸਿੰਘ ਔਲਖ, ਨਰਿੰਦਰ ਸਿੰਘ ਕਲਸੀ, ਬੂਟਾ ਸਿੰਘ, ਗੁਰਚਰਨ ਸਿੰਘ ਸਿਰਸਾ, ਓਮ ਪ੍ਰਕਾਸ਼ ਹਰਿਆਣਾ, ਗੁਰਸੇਵਕ ਸਿੰਘ, ਅਨਿਲ ਕੁਮਾਰ ਅਤੇ ਅਮਰੀਕ ਸਿੰਘ ਬਟਾਲਾ ਸਮੇਤ ਵੱਡੀ ਗਿਣਤੀ ਵਿੱਚ ਕਲੱਬ ਦੇ ਮੈਂਬਰ ਹਾਜ਼ਰ ਸਨ। ਬੁਲਾਰਿਆਂ ਨੇ ਕਿਹਾ ਕਿ ਵਿਦੇਸ਼ੀ ਧਰਤੀ 'ਤੇ ਰਹਿੰਦਿਆਂ ਵੀ ਪੰਜਾਬੀ ਭਾਈਚਾਰੇ ਵੱਲੋਂ ਆਪਣੇ ਮਹਾਨ ਸਾਹਿਤਕਾਰਾਂ, ਕਵੀਆਂ ਅਤੇ ਪੰਜਾਬੀ ਵਿਰਸੇ ਨੂੰ ਯਾਦ ਕਰਨਾ ਇੱਕ ਸ਼ਲਾਘਾਯੋਗ ਉਪਰਾਲਾ ਹੈ। ਉਨ੍ਹਾਂ ਕਿਹਾ ਕਿ ਪਾਸ਼ ਅਤੇ ਡਾ. ਸੋਮ ਰਾਜ ਸ਼ਰਮਾ ਵਰਗੇ ਕਲਮਕਾਰਾਂ ਦੀਆਂ ਰਚਨਾਵਾਂ ਅੱਜ ਵੀ ਨੌਜਵਾਨ ਪੀੜ੍ਹੀ ਨੂੰ ਸਮਾਜਕ ਚੇਤਨਾ, ਸੱਚ ਬੋਲਣ ਅਤੇ ਲੋਕਾਂ ਦੇ ਹੱਕਾਂ ਲਈ ਖੜ੍ਹੇ ਹੋਣ ਦਾ ਸੁਨੇਹਾ ਦਿੰਦੀਆਂ ਹਨ।

## ਸੀ ਬੀ ਐੱਸ ਈ ਨੌਰਥ ਜ਼ੋਨ ਹਾਕੀ ਚੈਂਪੀਅਨਸ਼ਿਪ-2026 ਸ਼ਾਨੋ-ਸ਼ੌਕਤ ਨਾਲ ਸਮਾਪਤ

ਤਰਸਿੱਕਾ, (ਤਰਸੇਮ ਸਿੰਘ ਸਾਧਪੁਰ)- ਸੰਤ ਗਿਆਨੀ ਗੁਰਬਚਨ ਸਿੰਘ ਖਾਲਸਾ ਅਕੈਡਮੀ ਮਹਿਤਾ ਚੌਂਕ ਵਿਖੇ ਸੀ. ਬੀ. ਐੱਸ. ਈ. ਨੌਰਥ ਜ਼ੋਨ ਹਾਕੀ ਚੈਂਪੀਅਨਸ਼ਿਪ-2026 ਦੀ ਅੱਜ ਸ਼ਾਨਦਾਰ ਸਮਾਪਤੀ ਹੋ ਗਈ।10 ਸਤੰਬਰ ਤੋਂ ਸ਼ੁਰੂ ਹੋਏ ਇਨ੍ਹਾਂ ਖੇਡ ਮੁਕਾਬਲਿਆਂ ਵਿੱਚ ਵੱਖ-ਵੱਖ ਰਾਜਾਂ ਤੋਂ ਕੁੱਲ 16 ਸਕੂਲਾਂ ਦੀਆਂ 24 ਹਾਕੀ ਟੀਮਾਂ ਨੇ ਭਾਗ ਲਿਆ ਤੇ ਸ਼ਾਨਦਾਰ ਖੇਡ ਦਾ ਪ੍ਰਦਰਸ਼ਨ ਕੀਤਾ।ਇਸ ਚੈਂਪੀਅਨਸ਼ਿਪ ਦੇ ਅੱਜ ਆਖਰੀ ਦਿਨ ਫਾਈਨਲ ਮੁਕਾਬਲੇ ਕਰਵਾਏ ਗਏ, ਜਿਸ ਦੌਰਾਨ ਦਮਦਮੀ ਟਕਸਾਲ ਦੇ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਨੇ ਸਮੂਹ ਖਿਡਾਰੀਆਂ ਨੂੰ ਆਪਣਾ ਆਸ਼ੀਰਵਾਦ ਦਿੱਤਾ।ਫਾਈਨਲ ਮੁਕਾਬਲਿਆਂ ਦੌਰਾਨ ਅੰਡਰ-14 ਵਰਗ ਵਿੱਚ ਗੁਰੂ ਬ੍ਰਹਮਾਨੰਦ ਸੀਨੀਅਰ ਸੈਕੰਡਰੀ ਸਕੂਲ, ਅੰਡਰ-17 ਵਰਗ ਵਿੱਚ ਖਾਲਸਾ ਅਕੈਡਮੀ ਮਹਿਤਾ ਚੌਂਕ ਅਤੇ ਅੰਡਰ-19 ਵਰਗ ਵਿੱਚ ਚੰਦਨ ਬਾਲ ਵਿਕਾਸ ਪਬਲਿਕ ਸਕੂਲ, ਪਾਣੀਪਤ (ਹਰਿਆਣਾ) ਨੇ ਪਹਿਲਾ ਸਥਾਨ ਹਾਸਲ ਕੀਤਾ।ਇਸ ਮੌਕੇ ਸਮਾਗਮ ਦੇ ਮੁੱਖ ਮਹਿਮਾਨ ਦਮਦਮੀ ਟਕਸਾਲ ਮੁਖੀ ਸੰਤ ਗਿਆਨੀ ਹਰਨਾਮ ਸਿੰਘ ਖਾਲਸਾ ਤੇ ਭਾਰਤ ਦੇ ਪ੍ਰਸਿੱਧ ਸਿੱਖਿਆ ਸ਼ਾਸਤਰੀ, ਸੰਸਥਾ ਨਿਰਮਾਤਾ ਅਤੇ ਖੇਡ ਪ੍ਰੇਮੀ ਡਾ. ਪ੍ਰਦੀਪ 'ਬਾਬਾ' ਮਧੋਕ ਚੇਅਰਮੈਨ ਦਾਲਿਮਸ ਸਨਬੀਮ ਸਕੂਲ ਸਮੂਹ ਵੱਲੋਂ ਜੇਤੂ ਟੀਮਾਂ ਨੂੰ ਮੈਡਲ ਅਤੇ ਟਰਾਫੀਆਂ ਪ੍ਰਦਾਨ ਕਰਕੇ ਸਨਮਾਨਿਤ ਕੀਤਾ ਗਿਆ।ਸੰਤ ਗਿਆਨੀ ਹਰਨਾਮ ਸਿੰਘ



ਖਾਲਸਾ ਨੇ ਜੇਤੂ ਖਿਡਾਰੀਆਂ ਦੀ ਹੌਸਲਾ-ਅਫ਼ਜ਼ਾਈ ਕਰਦਿਆਂ ਕਿਹਾ ਕਿ ਖੇਡਾਂ ਸਿਰਫ਼ ਮੁਕਾਬਲਾ ਨਹੀਂ, ਸਗੋਂ ਅਨੁਸ਼ਾਸਨ, ਮਿਹਨਤ, ਹੌਸਲੇ ਅਤੇ ਜਿੱਤ ਦਾ ਜਜ਼ਬਾ ਪੈਦਾ ਕਰਦੀਆਂ ਹਨ। ਉਨ੍ਹਾਂ ਬੱਚਿਆਂ ਨੂੰ ਪੜ੍ਹਾਈ ਦੇ ਨਾਲ ਖੇਡਾਂ ਵਿੱਚ ਵੀ ਵੱਧ ਤੋਂ ਵੱਧ ਭਾਗ ਲੈਣ ਅਤੇ ਚੰਗੇ ਖਿਡਾਰੀ ਬਣ ਕੇ ਆਪਣੇ ਦੇਸ਼, ਸਕੂਲ ਅਤੇ ਮਾਤਾ-ਪਿਤਾ ਦਾ ਨਾਮ ਉੱਚਾ ਕਰਨ ਲਈ ਪ੍ਰੇਰਿਤ ਕੀਤਾ, ਉਪਰੰਤ ਸਕੂਲ ਦੇ ਡਾਇਰੈਕਟਰ-ਪ੍ਰਿੰਸੀਪਲ ਡਾ. ਜਤਿੰਦਰ ਕੁਮਾਰ ਸ਼ਰਮਾ ਨੇ ਸਮਾਗਮ ਵਿੱਚ ਪਹੁੰਚੀਆਂ ਸਾਰੀਆਂ ਪ੍ਰਮੁੱਖ ਸ਼ਖ਼ਸੀਅਤਾਂ ਦਾ ਧੰਨਵਾਦ ਕੀਤਾ।ਉਨ੍ਹਾਂ ਚੈਂਪੀਅਨਸ਼ਿਪ ਦੀ ਸਫ਼ਲਤਾ ਲਈ ਮੈਨੇਜਮੈਂਟ ਕਮੇਟੀ ਅਤੇ ਸਕੂਲ ਸਟਾਫ਼ ਦਾ ਵੀ ਧੰਨਵਾਦ ਕਰਦਿਆਂ ਖਿਡਾਰੀਆਂ ਨੂੰ ਹੋਰ ਮਿਹਨਤ ਕਰਨ ਅਤੇ ਖੇਡਾਂ ਦੇ ਖੇਤਰ ਵਿੱਚ ਅੱਗੇ ਵਧਣ ਲਈ ਉਤਸ਼ਾਹਿਤ ਕੀਤਾ।ਇਸ ਮੌਕੇ ਕਾਲਜ ਪ੍ਰਿੰ. ਗੁਰਦੀਪ ਸਿੰਘ ਜਲਾਲਉਸਮਾ, ਭਾਈ ਹਰਸ਼ਦੀਪ ਸਿੰਘ ਰੰਧਾਵਾ, ਡਾਇਰੈਕਟਰ ਦਸ਼ਮੇਸ਼ ਵਿਦਿਅਕ ਸੰਸਥਾਵਾਂ, ਕੋਚ ਮਨਮੀਤ ਸਿੰਘ, ਦਮਨਦੀਪ ਸਿੰਘ, ਮੈਡਮ ਹਰਜੀਤ ਕੌਰ ਤੋਂ ਇਲਾਵਾ ਵੱਖ-ਵੱਖ ਸਕੂਲਾਂ ਤੋਂ ਪਹੁੰਚੇ ਹਾਕੀ ਕੋਚ, ਸਕੂਲ ਸਟਾਫ਼ ਅਤੇ ਵਿਦਿਆਰਥੀ ਹਾਜ਼ਰ ਸਨ।

## ਨਿੱਤ ਦਿਹਾੜੇ ਲੱਗ ਰਹੇ ਬਿਜਲੀ ਕੱਟਾਂ ਵਿਰੁੱਧ ਧਾਰੀਵਾਲ 'ਚ ਅਕਾਲੀ ਵਰਕਰਾਂ ਨੇ ਦਿੱਤਾ ਧਰਨਾ

ਧਾਰੀਵਾਲ, (ਮਨਦੀਪ ਵਿੱਕੀ) ਸ਼੍ਰੋਮਣੀ ਅਕਾਲੀ ਦਲ ਦੇ ਸੂਬਾ ਜਨਰਲ ਸਕੱਤਰ ਅਤੇ ਹਲਕਾ ਕਾਦੀਆਂ ਦੇ ਮੁੱਖ ਸੇਵਾਦਾਰ ਕਵਲਪ੍ਰੀਤ ਸਿੰਘ ਕਾਕੀ ਦੀ ਅਗਵਾਈ ਹੇਠ ਹਲਕੇ ਦੇ ਅਕਾਲੀ ਵਰਕਰਾਂ ਵੱਲੋਂ ਬਿਜਲੀ ਦੇ ਲੰਬੇ ਕੱਟਾਂ ਵਿਰੁੱਧ ਪਾਵਰਕਾਮ ਸਬ-ਡਵੀਜ਼ਨ ਦਫ਼ਤਰ ਧਾਰੀਵਾਲ ਦੇ ਬਾਹਰ ਰੋਸ ਧਰਨਾ ਦਿੱਤਾ ਗਿਆ।ਇਸ ਮੌਕੇ ਵਰਕਰਾਂ ਨੇ ਸਰਕਾਰ ਅਤੇ ਪਾਵਰਕਾਮ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਬਿਜਲੀ ਦੀ ਨਿਰਵਿਘਨ ਸਪਲਾਈ ਯਕੀਨੀ ਬਣਾਉਣ ਦੀ ਮੰਗ ਕੀਤੀ।ਧਰਨੇ ਨੂੰ ਸੰਬੋਧਨ ਕਰਦਿਆਂ ਕਵਲਪ੍ਰੀਤ ਸਿੰਘ ਕਾਕੀ, ਸੀਨੀਅਰ ਅਕਾਲੀ ਆਗੂ ਬਾਬਾ ਨੱਥਾ ਸਿੰਘ ਸੰਧਵਾਂ, ਮਨਜੀਤ ਸਿੰਘ ਕੰਗ ਅਤੇ ਕਿਸਾਨ ਵਿੰਗ ਦੇ ਜ਼ਿਲ੍ਹਾ ਪ੍ਰਧਾਨ ਕੁਲਬੀਰ ਸਿੰਘ ਰਿਆੜ ਅਤੇ ਪ੍ਰਧਾਨ ਕੋਆਪਰੇਟ ਸੋਸਾਇਟੀ ਗੁਰਪ੍ਰੀਤ ਸਿੰਘ ਰਿਆੜ ਸਮੇਤ ਹੋਰ ਬੁਲਾਰਿਆਂ ਨੇ ਕਿਹਾ ਕਿ ਪੰਜਾਬ ਵਿੱਚ ਲੱਗ ਰਹੇ ਲੰਬੇ ਬਿਜਲੀ ਕੱਟਾਂ ਕਾਰਨ ਕਿਸਾਨਾਂ ਦੇ ਨਾਲ-ਨਾਲ ਆਮ ਲੋਕਾਂ ਨੂੰ ਵੀ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਕਿਹਾ ਕਿ ਝੋਨੇ ਦੀ ਫ਼ਸਲ ਲਈ ਬਿਜਲੀ ਦੀ ਨਿਰੰਤਰ ਸਪਲਾਈ ਬੇਹੱਦ ਜ਼ਰੂਰੀ ਹੈ, ਪਰ ਕਈ ਇਲਾਕਿਆਂ ਵਿੱਚ ਲੰਬੇ ਕੱਟਾਂ ਕਾਰਨ ਫ਼ਸਲ ਪ੍ਰਭਾਵਿਤ ਹੋ ਰਹੀ ਹੈ।ਬੁਲਾਰਿਆਂ ਨੇ ਦੋਸ਼ ਲਾਇਆ ਕਿ ਕਿਸਾਨਾਂ ਨੂੰ ਘੱਟੋ-ਘੱਟ ਅੱਠ ਘੰਟੇ ਬਿਜਲੀ ਸਪਲਾਈ ਦੇਣ ਦੇ ਦਾਅਵਿਆਂ ਦੇ ਉਲਟ ਕਈ ਥਾਵਾਂ 'ਤੇ ਸਿਰਫ਼ ਦੋ-ਦੋ ਘੰਟੇ ਬਿਜਲੀ ਮਿਲ ਰਹੀ ਹੈ।ਉਨ੍ਹਾਂ ਕਿਹਾ ਕਿ ਇਸ ਕਾਰਨ ਕਿਸਾਨਾਂ ਨੂੰ ਸਿੰਚਾਈ ਲਈ ਭਾਰੀ ਦਿੱਕਤਾਂ ਆ ਰਹੀਆਂ ਹਨ ਅਤੇ ਝੋਨੇ ਦੀ ਫ਼ਸਲ ਨੂੰ ਨੁਕਸਾਨ ਪਹੁੰਚਣ ਦਾ ਖ਼ਦਸ਼ਾ ਹੈ।ਇਸ ਮੌਕੇ ਬੁਲਾਰਿਆਂ ਨੇ



ਖਪਤਕਾਰਾਂ ਨੂੰ ਕਥਿਤ ਤੌਰ 'ਤੇ ਖਪਤ ਤੋਂ ਵੱਧ ਬਿਜਲੀ ਦੇ ਬਿੱਲ ਆਉਣ ਦਾ ਮੁੱਦਾ ਵੀ ਉਠਾਇਆ ਅਤੇ ਪਾਵਰਕਾਮ ਅਧਿਕਾਰੀਆਂ ਤੋਂ ਇਸ ਦੀ ਜਾਂਚ ਕਰਕੇ ਲੋਕਾਂ ਨੂੰ ਰਾਹਤ ਦੇਣ ਦੀ ਮੰਗ ਕੀਤੀ।ਅਕਾਲੀ ਆਗੂਆਂ ਨੇ ਚਿਤਾਵਨੀ ਦਿੱਤੀ ਕਿ ਜੇਕਰ ਅਗਲੇ ਇੱਕ-ਦੋ ਦਿਨਾਂ ਵਿੱਚ ਬਿਜਲੀ ਸਪਲਾਈ ਵਿੱਚ ਸੁਧਾਰ ਨਾ ਕੀਤਾ ਗਿਆ ਅਤੇ ਲੋਕਾਂ ਤੇ ਕਿਸਾਨਾਂ ਦੀਆਂ ਸਮੱਸਿਆਵਾਂ ਦਾ ਹੱਲ ਨਾ ਹੋਇਆ ਤਾਂ ਸੰਘਰਸ਼ ਨੂੰ ਹੋਰ ਤਿੱਖਾ ਕੀਤਾ ਜਾਵੇਗਾ।ਉਨ੍ਹਾਂ ਸਰਕਾਰ ਅਤੇ ਪਾਵਰਕਾਮ ਦੇ ਉਚ ਅਧਿਕਾਰੀਆਂ ਤੋਂ ਮੰਗ ਕੀਤੀ ਕਿ ਬਿਜਲੀ ਦੇ ਕੱਟਾਂ ਵਿੱਚ ਤੁਰੰਤ ਸੁਧਾਰ ਕਰਕੇ ਕਿਸਾਨਾਂ ਅਤੇ ਆਮ ਖਪਤਕਾਰਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਮੁਹੱਈਆ ਕਰਵਾਈ ਜਾਵੇ। ਧਰਨੇ ਵਿੱਚ ਸੁੱਖਪਾਲ ਸਿੰਘ ਐੱਮ ਡੀ, ਕੁਲਬੀਰ ਸਿੰਘ ਰਿਆੜ ਜ਼ਿਲ੍ਹਾ ਪ੍ਰਧਾਨ ਕਿਸਾਨ ਵਿੰਗ, ਗੁਰਪ੍ਰੀਤ ਸਿੰਘ ਰਿਆੜ ਪ੍ਰਧਾਨ ਕੋਅਪਰੇਟਿਵ ਸੁਸਾਇਟੀ, ਮੈਨੇਜਰ ਰਣਜੀਤ ਸਿੰਘ ਕਲਿਆਣਪੁਰ, ਮਿਹਰਬਾਨ ਸਿੰਘ ਫੱਜੂਪੁਰ ਜ਼ੋਨ ਪ੍ਰਧਾਨ, ਜਥੇਦਾਰ ਸਤਨਾਮ ਸਿੰਘ ਸੂਚ, ਬਾਬਾ ਨੱਥਾ ਸਿੰਘ ਸੰਧਵਾਂ, ਮਨਜੀਤ ਸਿੰਘ ਕੰਗ, ਸਾਬਕਾ ਸਰਪੰਚ ਜ਼ੋਨ ਪ੍ਰਧਾਨ ਸੁਰਜੀਤ ਸਿੰਘ ਸੂਚ, ਜ਼ੋਨ ਪ੍ਰਧਾਨ ਜਗਤਾਰ ਸਿੰਘ ਦਾਰਾ ਨਾਨੋਵਾਲ, ਜ਼ੋਨ ਪ੍ਰਧਾਨ ਮੇਜਰ ਸਿੰਘ, ਜ਼ੋਨ ਪ੍ਰਧਾਨ ਕੁਲਵਿੰਦਰ ਸਿੰਘ, ਜ਼ੋਨ ਪ੍ਰਧਾਨ ਅਵਤਾਰ ਸਿੰਘ, ਜ਼ੋਨ ਪ੍ਰਧਾਨ ਸੁਰਜੀਤ ਸਿੰਘ ਚੋਚਲਾ, ਜੋਨ ਪ੍ਰਧਾਨ ਰਮਜੀਤ ਸਿੰਘ ਭੈਣੀ ਮੀਆਂ ਖਾਂ, ਜ਼ੋਨ ਪ੍ਰਧਾਨ ਬਲਜੀਤ ਸਿੰਘ, ਅਸ਼ੋਕ ਸ਼ਰਮਾ, ਸੁਰਜੀਤ ਸਿੰਘ ਜ਼ੋਨ ਪ੍ਰਧਾਨ, ਸਾਬਕਾ ਸਰਪੰਚ ਗੁਰਨਾਮ ਸਿੰਘ, ਜ਼ੋਨ ਪ੍ਰਧਾਨ ਗਰੀਬ ਸਿੰਘ, ਗੁਰਜੀਤ ਸਿੰਘ ਮਿੰਟਾ, ਮੱਖਣ ਸਿੰਘ ਕਾਹਲੋਂ, ਬੀਬੀ ਬਲਵਿੰਦਰ ਕੌਰ ਡਡਵਾਂ, ਹਰਮਨਜੀਤ ਸਿੰਘ ਸਾਬਕਾ ਸਰਪੰਚ, ਸਤਨਾਮ ਸਿੰਘ ਜੋਨ ਪ੍ਰਧਾਨ, ਬਾਬਾ ਅਵਤਾਰ ਸਿੰਘ, ਹਰਜਿੰਦਰ ਸਿੰਘ ਬਹੂਰੀਆ ਸੈਣੀਆਂ, ਸੁਖਵਿੰਦਰ ਸਿੰਘ ਸੋਨੂੰ ਅਹਿਮਦਾਬਾਦ, ਸਾਬਕਾ ਸਰਪੰਚ ਦਲੇਰ ਸਿੰਘ ਥੇਹ ਤਿੱਖਾ, ਬੂਟਾ ਸਿੰਘ ਖੁੰਡੀ, ਨਿਸ਼ਾਨ ਸਿੰਘ ਚੇਅਰਮੈਨ, ਸੁਖਦੇਵ ਸਿੰਘ ਪਸਨਾਵਾਲ, ਗਿਰਦਾਵਰ ਬਲਦੇਵ ਸਿੰਘ ਕੋਟ ਸੰਤੋਖ ਰਾਏ, ਹਰਮੀਤ ਸਿੰਘ ਖੁੰਡੀ, ਮਿੰਟਾ ਆਲੋਵਾਲ, ਗੁਰਦਿਆਲ ਸਿੰਘ ਜਫਰਵਾਲ, ਨਿਸ਼ਾਨ ਸਿੰਘ ਗਿੱਲ ਤੋਂ ਇਲਾਵਾ ਹੋਰ ਵੀ ਅਕਾਲੀ ਵਰਕਰ ਹਾਜ਼ਰ ਸਨ।

## ਵਿਦਿਆਰਥੀਆਂ ਦੀ ਸਿਹਤ ਸੰਭਾਲ ਲਈ ਗੁਰੂ ਖਾਲਸਾ ਹਾਈ ਸਕੂਲ ਸ਼ਾਮਨਗਰ ਵਿਖੇ ਲੱਗਾ ਮੈਡੀਕਲ ਕੈਂਪ

ਮਜੀਠਾ (ਸੋਇਮ ਆਨੰਦ)- ਗੁਰੂ ਖਾਲਸਾ ਹਾਈ ਸਕੂਲ ਸ਼ਾਮ ਨਗਰ ਵਿਖੇ ਵਿਦਿਆਰਥੀਆਂ ਨੂੰ ਸਿਹਤ ਸਬੰਧੀ ਸਮੱਸਿਆਵਾਂ ਪ੍ਰਤੀ ਜਾਗਰੂਕ ਕਰਨ ਅਤੇ ਉਨ੍ਹਾਂ ਦੀ ਸਿਹਤ ਦੀ ਜਾਂਚ ਕਰਨ ਦੇ ਮੰਤਵ ਨਾਲ ਸਿਹਤ





ਵਿਭਾਗ ਵੱਲੋਂ ਵਿਸ਼ੇਸ਼ ਮੈਡੀਕਲ ਕੈਂਪ ਲਗਾਇਆ ਗਿਆ।ਇਹ ਕੈਂਪ ਸਿਵਲ ਸਰਜਨ ਅੰਮ੍ਰਿਤਸਰ ਅਤੇ ਐਸ.ਐਮ.ਓ. ਥਰੀਏਵਾਲ ਦੀ ਅਗਵਾਈ ਹੇਠ ਆਯੋਜਿਤ ਕੀਤਾ ਗਿਆ।ਕੈਂਪ ਦੌਰਾਨ ਸਿਹਤ ਵਿਭਾਗ ਦੀ ਟੀਮ ਵੱਲੋਂ ਵਿਦਿਆਰਥੀਆਂ ਦੀ ਦੰਦਾਂ, ਅੱਖਾਂ ਅਤੇ ਆਮ ਸਿਹਤ ਸਬੰਧੀ ਜਾਂਚ ਕੀਤੀ ਗਈ।ਡਾਕਟਰਾਂ ਵੱਲੋਂ ਵਿਦਿਆਰਥੀਆਂ ਨੂੰ ਸਿਹਤਮੰਦ ਜੀਵਨਸ਼ੈਲੀ ਅਪਣਾਉਣ ਦੇ ਨਾਲ-ਨਾਲ ਨਿੱਜੀ ਸਫ਼ਾਈ ਅਤੇ ਬਿਮਾਰੀਆਂ ਤੋਂ ਬਚਾਅ ਲਈ ਲੋੜੀਂਦੀਆਂ ਸਾਵਧਾਨੀਆਂ ਬਾਰੇ ਵੀ ਜਾਣਕਾਰੀ ਦਿੱਤੀ ਗਈ।ਅੱਖਾਂ ਦੀ ਜਾਂਚ ਦੌਰਾਨ ਅਪਥੈਲਮਿਕ ਅਫਸਰ ਡਾ. ਜੇ. ਪੀ. ਸਿੰਘ ਵੱਲੋਂ ਵਿਦਿਆਰਥੀਆਂ ਦੀ ਨਜ਼ਰ ਦੀ ਜਾਂਚ ਕੀਤੀ ਗਈ।ਜਾਂਚ ਦੌਰਾਨ ਜਿਨ੍ਹਾਂ ਬੱਚਿਆਂ ਦੀ ਨਜ਼ਰ ਕਮਜ਼ੋਰ ਪਾਈ ਗਈ, ਉਨ੍ਹਾਂ ਨੂੰ ਅੱਖਾਂ ਦੀ ਸੰਭਾਲ ਕਰਨ ਅਤੇ ਲੋੜ ਅਨੁਸਾਰ ਐਨਕ ਦੀ ਵਰਤੋਂ ਕਰਨ ਲਈ ਕਿਹਾ ਗਿਆ।ਇਸ ਮੌਕੇ ਅੱਖਾਂ ਨੂੰ ਤੰਦਰੁਸਤ ਰੱਖਣ ਲਈ ਸਮੇਂ-ਸਮੇਂ ਤੇ ਅੱਖਾਂ ਦੀ ਜਾਂਚ ਕਰਵਾਉਣ ਦੀ ਮਹੱਤਤਾ ਵੀ ਸਮਝਾਈ ਗਈ।ਦੰਦਾਂ ਦੀ ਜਾਂਚ ਦੌਰਾਨ ਸਿਹਤ ਟੀਮ ਨੇ ਵਿਦਿਆਰਥੀਆਂ ਨੂੰ ਦੰਦਾਂ ਦੀ ਸਫ਼ਾਈ, ਬੁਰਸ਼ ਕਰਨ ਦੇ ਸਹੀ ਢੰਗ ਅਤੇ ਦੰਦਾਂ ਨਾਲ ਸਬੰਧਿਤ ਬਿਮਾਰੀਆਂ ਤੋਂ ਬਚਾਅ ਬਾਰੇ ਜਾਗਰੂਕ ਕੀਤਾ।ਲੋੜਵੰਦ ਵਿਦਿਆਰਥੀਆਂ ਨੂੰ ਮੁਫ਼ਤ ਦਵਾਈਆਂ ਵੀ ਮੁਹੱਈਆ ਕਰਵਾਈਆਂ ਗਈਆਂ।

ਇਸੇ ਦੌਰਾਨ ਆਰ. ਬੀ. ਐੱਸ. ਕੇ. ਟੀਮ ਦੀ ਡਾ. ਯੋਗਤਾ ਪਾਠਕ ਵੱਲੋਂ ਵਿਦਿਆਰਥੀਆਂ ਦਾ ਜਨਰਲ ਮੈਡੀਕਲ ਮੁਆਇਨਾ ਕੀਤਾ ਗਿਆ।ਲੈਬੋਰਟਰੀ ਟੈਕਨੀਸ਼ੀਅਨ ਪ੍ਰਭਜੋਤ ਕੌਰ ਨੇ ਵਿਦਿਆਰਥੀਆਂ ਦੇ ਖ਼ੂਨ ਦੇ ਟੈਸਟ ਕੀਤੇ, ਜਿਸ ਰਾਹੀਂ ਅਨੀਮੀਆ ਸਮੇਤ ਹੋਰ ਸਿਹਤ ਸਮੱਸਿਆਵਾਂ ਦੀ ਮੁੱਢਲੀ ਪਛਾਣ ਕਰਨ ਦਾ ਉਪਰਾਲਾ ਕੀਤਾ ਗਿਆ।ਸਕੂਲ ਦੇ ਪ੍ਰਿੰਸੀਪਲ ਸ. ਲਖਨਪਾਲ ਸਿੰਘ ਨੇ ਸਿਹਤ ਵਿਭਾਗ ਦੀ ਸਮੁੱਚੀ ਟੀਮ ਦਾ ਧੰਨਵਾਦ ਕਰਦਿਆਂ ਕਿਹਾ ਕਿ ਬੱਚਿਆਂ ਦੀ ਸਿਹਤ ਵੱਲ ਸਮੇਂ ਸਿਰ ਧਿਆਨ ਦੇਣਾ ਬਹੁਤ ਜ਼ਰੂਰੀ ਹੈ। ਉਨ੍ਹਾਂ ਕਿਹਾ ਕਿ ਸਕੂਲ ਵਿੱਚ ਕਰਵਾਇਆ ਗਿਆ ਇਹ ਕੈਂਪ ਵਿਦਿਆਰਥੀਆਂ ਲਈ ਲਾਹੇਵੰਦ ਸਾਬਤ ਹੋਇਆ ਹੈ ਅਤੇ ਅਜਿਹੇ ਸਿਹਤ ਜਾਗਰੂਕਤਾ ਪ੍ਰੋਗਰਾਮ ਲਗਾਤਾਰ ਕਰਵਾਏ ਜਾਣੇ ਚਾਹੀਦੇ ਹਨ।

ਇਸ ਮੌਕੇ ਵਾਈਸ ਪ੍ਰਿੰਸੀਪਲ ਸਿਮਰਨਜੀਤ ਕੌਰ, ਨੋਡਲ ਅਫਸਰ ਬਲਜੀਤ ਕੌਰ, ਹਰਲੀਨ ਕੌਰ, ਉਸਤਤ ਸਿੰਘ, ਜਗਰੂਪ ਕੌਰ, ਮਨਪ੍ਰੀਤ ਕੌਰ ਸਮੇਤ ਸਮੂਹ ਸਕੂਲ ਸਟਾਫ਼ ਹਾਜ਼ਰ ਸੀ। ਸਿਹਤ ਵਿਭਾਗ ਦੀ ਟੀਮ ਵਿੱਚ ਡਾ. ਜੇ. ਪੀ. ਸਿੰਘ ਅਪਥੈਲਮਿਕ ਅਫਸਰ, ਡਾ. ਕੋਨਿਕਾ ਮਹਾਜਨ ਡੀ. ਐੱਮ. ਓ., ਡਾ. ਯੋਗਤਾ ਪਾਠਕ ਏ. ਐੱਮ. ਓ., ਪ੍ਰਭਜੋਤ ਕੌਰ ਐੱਲ. ਟੀ. ਅਤੇ ਸੰਦੀਪ ਕੁਮਾਰ ਹੈਲਪਰ ਸ਼ਾਮਲ ਸਨ।

ਨਵਾਂ ਜ਼ਮਾਨਾ
ਵੀਰਵਾਰ, 17 ਸਤੰਬਰ 2026

# ਰਾਜਸਥਾਨ ਦੇ ਨਤੀਜੇ

*ਹਾਲਾਂਕਿ ਰਾਜਸਥਾਨ ਦੀਆਂ ਲੋਕਲ ਬਾਡੀਜ਼ ਚੋਣਾਂ ਵਿੱਚ ਭਾਜਪਾ ਸਭ ਤੋਂ ਵੱਡੀ ਪਾਰਟੀ ਵਜੋਂ ਉੱਭਰੀ ਹੈ, ਪਰ ਨਤੀਜਿਆਂ ਦੇ ਵਿਸ਼ਲੇਸ਼ਣ ਤੋਂ ਪਤਾ ਚਲਦਾ ਹੈ ਕਿ ਹੁਕਮਰਾਨ ਪਾਰਟੀ ਦੀ ਇਹ ਜਿੱਤ ਕਾਂਗਰਸ ਉੱਤੇ ਫੈਸਲਾਕੁੰਨ ਜਿੱਤ ਨਹੀਂ ਹੈ। 10,000 ਤੋਂ ਵੱਧ ਵਾਰਡਾਂ ਦੇ ਨਤੀਜੇ ਭਾਜਪਾ ਅਤੇ ਕਾਂਗਰਸ ਵਿਚਕਾਰ ਸਿਰਫ 0.94 ਪ੍ਰਤੀਸ਼ਤ ਦਾ ਵੋਟ ਸ਼ੇਅਰ ਅੰਤਰ ਦਰਸਾਉਂਦੇ ਹਨ। ਇਸ ਤੋਂ ਇਲਾਵਾ 2273 ਵਾਰਡਾਂ 'ਚ ਆਜ਼ਾਦ ਉਮੀਦਵਾਰਾਂ ਦੀ ਸਫਲਤਾ ਦੋਵਾਂ ਪ੍ਰਮੁੱਖ ਪਾਰਟੀਆਂ ਦੇ ਸਾਹਮਣੇ ਸਥਾਨਕ ਬੇਚੈਨੀ ਤੇ ਬਗਾਵਤ ਦੀ ਚੁਣੌਤੀ ਨੂੰ ਉਜਾਗਰ ਕਰਦੀ ਹੈ। 10,235 ਵਾਰਡਾਂ ਵਿੱਚੋਂ ਭਾਜਪਾ ਨੇ 4,179 ਅਤੇ ਕਾਂਗਰਸ ਨੇ 3,613 ਵਿੱਚ ਜਿੱਤ ਹਾਸਲ ਕੀਤੀ ਹੈ। ਈ ਵੀ ਐੱਮ ਨਾਲ ਸੰਬੰਧਤ ਖਾਮੀਆਂ ਕਾਰਨ ਕੁਝ ਵਾਰਡਾਂ ਦੇ ਨਤੀਜੇ ਰੋਕ ਦਿੱਤੇ ਗਏ ਹਨ।*

*ਐਲਾਨੇ ਗਏ ਨਤੀਜਿਆਂ ਵਿੱਚ ਭਾਜਪਾ ਦੀ ਜਿੱਤ ਦਾ ਹਿੱਸਾ ਲੱਗਭੱਗ 40.8 ਪ੍ਰਤੀਸ਼ਤ ਹੈ, ਜਦੋਂ ਕਿ ਕਾਂਗਰਸ ਦਾ ਹਿੱਸਾ 35.3 ਪ੍ਰਤੀਸ਼ਤ ਹੈ। 2019-21 ਦੇ ਪਿਛਲੇ ਨਗਰ ਨਿਗਮ ਚੋਣ ਚੱਕਰ ਵਿੱਚ, ਭਾਜਪਾ ਨੇ 7,474 ਵਾਰਡਾਂ ਵਿੱਚੋਂ 2,666 ਜਿੱਤੇ ਸਨ, ਜੋ ਕਿ ਲੱਗਭੱਗ 35.7 ਪ੍ਰਤੀਸ਼ਤ ਸੀ। ਹੁਣ ਭਾਜਪਾ ਦੇ ਵਾਰਡ ਹਿੱਸੇ ਵਿੱਚ ਲੱਗਭੱਗ ਪੰਜ ਪ੍ਰਤੀਸ਼ਤ ਦਾ ਵਾਧਾ ਹੋਇਆ ਹੈ, ਜਦਕਿ ਕਾਂਗਰਸ ਦਾ ਹਿੱਸਾ 40.7 ਪ੍ਰਤੀਸ਼ਤ ਤੋਂ ਘਟ ਕੇ 35.3 ਪ੍ਰਤੀਸ਼ਤ ਹੋ ਗਿਆ ਹੈ, ਪਰ ਕੁੱਲ ਪਈਆਂ ਵੋਟਾਂ ਦੇ ਮਾਮਲੇ ਵਿੱਚ ਦੋਵਾਂ ਪਾਰਟੀਆਂ ਵਿਚਾਲੇ ਅੰਤਰ ਬਹੁਤ ਘੱਟ ਰਿਹਾ। ਭਾਜਪਾ ਨੂੰ 35.19 ਪ੍ਰਤੀਸ਼ਤ ਵੋਟ ਮਿਲਿਆ, ਜਦੋਂ ਕਿ ਕਾਂਗਰਸ ਨੂੰ 34.25 ਪ੍ਰਤੀਸ਼ਤ। ਆਜ਼ਾਦ ਉਮੀਦਵਾਰਾਂ ਦੀ ਵੋਟ ਹਿੱਸੇਦਾਰੀ 27.38 ਪ੍ਰਤੀਸ਼ਤ ਰਹੀ। ਇਸ ਦਾ ਮਤਲਬ ਹੈ ਕਿ ਵਾਰਡ ਜਿੱਤਾਂ ਵਿੱਚ ਭਾਜਪਾ ਦੀ ਲੀਡ ਰਹੀ, ਪਰ ਕੁੱਲ ਵੋਟਾਂ ਵਿੱਚ ਦੋਵਾਂ ਪ੍ਰਮੁੱਖ ਪਾਰਟੀਆਂ ਵਿਚਕਾਰ ਅੰਤਰ ਇੱਕ ਪ੍ਰਤੀਸ਼ਤ ਤੋਂ ਵੀ ਘੱਟ ਰਿਹਾ।*

*ਨਤੀਜਿਆਂ ਦਾ ਇੱਕ ਮੁੱਖ ਪਹਿਲੂ ਨਗਰ ਨਿਗਮਾਂ ਦਾ ਪ੍ਰਦਰਸ਼ਨ ਹੈ। ਰਾਜਸਥਾਨ ਦੀਆਂ 10 ਨਗਰ ਨਿਗਮਾਂ ਵਿੱਚੋਂ ਭਾਜਪਾ ਨੇ ਸਿਰਫ ਚਾਰ ਵਿੱਚ ਬਹੁਮਤ ਪ੍ਰਾਪਤ ਕੀਤਾ, ਜਦੋਂ ਕਿ ਕਾਂਗਰਸ ਨੇ ਇੱਕ ਵਿੱਚ। ਬਾਕੀ ਨਿਗਮਾਂ ਵਿੱਚ, ਆਜ਼ਾਦ ਉਮੀਦਵਾਰਾਂ ਜਾਂ ਛੋਟੀਆਂ ਪਾਰਟੀਆਂ ਬੋਰਡ ਬਣਾਉਣ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਣਗੀਆਂ।*

*ਸਭ ਤੋਂ ਵੱਧ ਚਰਚਾ ਵਾਲੇ ਨਤੀਜੇ ਭਰਤਪੁਰ ਦੇ ਹਨ। ਇਹ ਮੁੱਖ ਮੰਤਰੀ ਭਜਨ ਲਾਲ ਸ਼ਰਮਾ ਦਾ ਘਰੇਲੂ ਹਲਕਾ ਹੈ। 65 ਮੈਂਬਰੀ ਨਗਰ ਨਿਗਮ ਵਿੱਚ ਆਜ਼ਾਦ ਉਮੀਦਵਾਰਾਂ ਨੇ 36 ਵਾਰਡ ਜਿੱਤੇ। ਭਾਜਪਾ ਨੇ 20 ਜਿੱਤੇ ਅਤੇ ਕਾਂਗਰਸ ਨੇ ਸਿਰਫ ਸੱਤ। ਇਸ ਤਰ੍ਹਾਂ ਆਜ਼ਾਦ ਉਮੀਦਵਾਰਾਂ ਨੇ ਇਕੱਲੇ ਬਹੁਮਤ ਦਾ ਅੰਕੜਾ ਪਾਰ ਕੀਤਾ। ਭਾਜਪਾ ਨੂੰ ਸੂਬਾ ਪ੍ਰਧਾਨ ਮਦਨ ਰਾਠੌੜ ਦੇ ਹਲਕੇ ਪਾਲੀ ਵਿੱਚ ਵੀ ਝਟਕਾ ਲੱਗਾ। 65 ਵਾਰਡਾਂ ਵਿੱਚੋਂ ਕਾਂਗਰਸ ਨੇ 29, ਭਾਜਪਾ ਨੇ 21 ਅਤੇ ਆਜ਼ਾਦ ਉਮੀਦਵਾਰਾਂ ਨੇ 15 ਜਿੱਤੇ। ਇਸੇ ਤਰ੍ਹਾਂ ਸਾਬਕਾ ਮੁੱਖ ਮੰਤਰੀ ਵਸੁੰਧਰਾ ਰਾਜੇ ਦੇ ਗੜ੍ਹ ਝਾਲਾਵਾੜ ਵਿੱਚ ਕਾਂਗਰਸ ਨੇ 45 ਵਿੱਚੋਂ 29 ਵਾਰਡ ਜਿੱਤੇ, ਜਦੋਂ ਕਿ ਭਾਜਪਾ ਸਿਰਫ 13 ਤੱਕ ਸੀਮਤ ਰਹਿ ਗਈ। ਅਜਮੇਰ ਵਿੱਚ, ਕਾਂਗਰਸ ਸਭ ਤੋਂ ਵੱਡੀ ਪਾਰਟੀ ਵਜੋਂ ਉੱਭਰੀ, ਜਿਸ ਨੇ 80 ਵਿੱਚੋਂ 37 ਵਾਰਡ ਜਿੱਤੇ। ਭਾਜਪਾ ਨੇ 32 ਅਤੇ ਆਜ਼ਾਦ ਉਮੀਦਵਾਰਾਂ ਨੇ 11 ਸੀਟਾਂ ਜਿੱਤੀਆਂ। ਅਜਮੇਰ ਨੂੰ ਲੰਬੇ ਸਮੇਂ ਤੋਂ ਭਾਜਪਾ ਅਤੇ ਆਰ ਐੱਸ ਐੱਸ ਦੇ ਮਜ਼ਬੂਤ ਪ੍ਰਭਾਵ ਵਾਲਾ ਖੇਤਰ ਮੰਨਿਆ ਜਾਂਦਾ ਰਿਹਾ ਹੈ। ਜੋਧਪੁਰ ਵਿੱਚ ਭਾਜਪਾ ਅਤੇ ਕਾਂਗਰਸ ਦੋਵਾਂ ਨੇ 44-44 ਵਾਰਡ ਜਿੱਤੇ। ਇਸ ਤਰ੍ਹਾਂ ਬੋਰਡ ਦੇ ਗਠਨ ਵਿੱਚ ਆਜ਼ਾਦ ਉਮੀਦਵਾਰ ਫੈਸਲਾਕੁੰਨ ਹੋਣਗੇ। ਭਾਜਪਾ ਅਲਵਰ ਵਿੱਚ ਬਹੁਮਤ ਹਾਸਲ ਕਰਨ ਵਿੱਚ ਅਸਫਲ ਰਹੀ। ਬੀਕਾਨੇਰ ਵਿੱਚ ਕਾਂਗਰਸ ਨੇ 80 ਵਿੱਚੋਂ 42 ਵਾਰਡ ਜਿੱਤ ਕੇ ਬਹੁਮਤ ਪ੍ਰਾਪਤ ਕੀਤਾ। ਭਾਜਪਾ ਬਹੁਤ ਪਿੱਛੇ ਰਹਿ ਗਈ। ਬੀਕਾਨੇਰ ਕੇਂਦਰੀ ਮੰਤਰੀ ਅਰਜੁਨ ਰਾਮ ਮੇਘਵਾਲ ਦੇ ਹਲਕੇ ਨਾਲ ਜੁੜਿਆ ਹੋਇਆ ਹੈ ਅਤੇ ਪਹਿਲਾਂ ਇੱਥੇ ਭਾਜਪਾ ਦਾ ਦਬਦਬਾ ਰਿਹਾ ਹੈ।*

*ਚੋਣਾਂ ਦੌਰਾਨ ਟੁੱਟੀਆਂ ਸੜਕਾਂ, ਪਾਣੀ ਭਰਨਾ, ਓਵਰਫਲੋਅ ਹੋ ਰਹੇ ਨਾਲੇ, ਕੂੜਾ ਅਤੇ ਨਗਰ ਨਿਗਮ ਸੇਵਾਵਾਂ ਬਾਰੇ ਸ਼ਿਕਾਇਤਾਂ ਮਹੱਤਵਪੂਰਨ ਮੁੱਦੇ ਬਣ ਗਈਆਂ। ਚੋਣਾਂ ਮਾਨਸੂਨ ਦੇ ਮੌਸਮ ਦੌਰਾਨ ਹੋਈਆਂ, ਇਸ ਤਰ੍ਹਾਂ ਸੜਕ ਅਤੇ ਡਰੇਨੇਜ ਨਾਲ ਸੰਬੰਧਤ ਸਮੱਸਿਆਵਾਂ ਜ਼ਿਆਦਾ ਉੱਭਰੀਆਂ। ਫਿਰ ਵੀ ਨਤੀਜੇ ਭਜਨ ਲਾਲ ਸ਼ਰਮਾ ਸਰਕਾਰ ਵਿਰੁੱਧ ਸਥਾਨਕ ਬੇਚੈਨੀ ਨੂੰ ਦਰਸਾਉਂਦੇ ਹਨ, ਪਰ ਆਜ਼ਾਦਾਂ ਦੀਆਂ ਜਿੱਤਾਂ ਦਰਸਾਉਂਦੀਆਂ ਹਨ ਕਿ ਭਾਜਪਾ ਪ੍ਰਤੀ ਅਸੰਤੁਸ਼ਟੀ ਦਾ ਇੱਕ ਹਿੱਸਾ ਕਾਂਗਰਸ ਦੀ ਬਜਾਏ ਆਜ਼ਾਦ ਉਮੀਦਵਾਰਾਂ ਅਤੇ ਛੋਟੀਆਂ ਪਾਰਟੀਆਂ ਵੱਲ ਚਲਾ ਗਿਆ।*

*ਪੰਚਾਇਤੀ ਰਾਜ ਚੋਣਾਂ ਰਾਜਸਥਾਨ ਦੀ ਰਾਜਨੀਤੀ ਵਿੱਚ ਇੱਕ ਮਹੱਤਵਪੂਰਨ ਅਗਲਾ ਪੜਾਅ ਹੋਣਗੀਆਂ। ਪੇਂਡੂ ਵੋਟਰ, ਜਾਤੀ ਸਮੀਕਰਨ ਅਤੇ ਸਥਾਨਕ ਲੀਡਰਸ਼ਿਪ ਇੱਥੇ ਸ਼ਹਿਰੀ ਸੰਸਥਾਵਾਂ ਦੀਆਂ ਚੋਣਾਂ ਨਾਲੋਂ ਵੱਖਰੀ ਭੂਮਿਕਾ ਨਿਭਾਉਣਗੇ।*

## ਮੂਰਖਾਂ ਦੀ ਜਾਨ !

*ਘੱਟਾ ਅੱਖਾਂ 'ਚ ਪਾ ਕੇ ਕੈਂਪ ਲਾਉਂਦੇ,*
*ਨਸ਼ਾ ਖਾ ਕੇ ਨਸ਼ਾ ਛੁਡਾਣ ਜਾਂਦੇ।*
*ਲੈ ਤੇਲ ਦੀਆਂ ਪੀਪੀਆਂ ਦੌੜਦੇ ਨੇ,*
*ਲੋਕੀਂ ਸਮਝਦੇ ਅੱਗ ਬੁਝਾਣ ਜਾਂਦੇ।*
*ਨਹੀਂ ਲੰਘੇ ਜੋ ਸਮਝ ਦੇ ਨੇੜਿਓਂ ਵੀ,*
*'ਕੱਠੇ ਕਰਕੇ ਲੋਕ, ਸਮਝਾਣ ਜਾਂਦੇ।*
*ਖਾਲੀ ਖੀਸਾ ਲੈ ਉਹ ਘਰੋਂ ਤੁਰਦੇ,*
*ਡੁੱਲ੍ਹੀ ਲੱਸੀ ਤੇ ਮੁੱਛ ਮੁਨਾਣ ਜਾਂਦੇ।*
*ਹਾਸਾ ਸਮਝ ਲਈ ਹੈ ਰਾਜਨੀਤੀ,*
*ਹਰ ਥਾਂ 'ਤੇ ਪਿੰਠ ਲੁਆਉਣ ਜਾਂਦੇ।*
*ਅਕਲਮੰਦ ਦੀ ਥਾਂ ਅਕਲਬੰਦ ਹੋ ਕੇ,*
*ਚਾਬੀ ਜੰਦਰੇ ਵਿੱਚ ਘੁਮਾਣ ਜਾਂਦੇ?*
*ਸੋਸ਼ਲ ਮੀਡੀਆ ਜਾਨ ਹੈ ਮੂਰਖਾਂ ਦੀ,*
*ਇਸ ਮੰਚ ਨੂੰ ਖੁਦੀ ਨਾਲ ਜੋੜ ਲੈਣ।*
*ਜਿਸ ਬਿੰਦੂ ਤੋਂ ਕੁਫ਼ਰ ਕੋਈ ਚੱਲਦਾ ਹੈ,*
*ਉਹਨੂੰ ਤਰਕ ਦੇ ਨਾਲ ਹੈ ਤੋੜ ਲੈਣ।*

-ਗੁਲਪੁਰ

# 'ਦਿਮਾਗੀ ਨਕਸਲ' ਦਾ ਜੁਮਲਾ

**ਮੂਲ : ਅਰੁਣ ਕੁਮਾਰ**
**ਅਨੁਵਾਦ : ਐੱਮ ਐੱਸ ਭਾਟੀਆ**

ਪ੍ਰਧਾਨ ਮੰਤਰੀ ਨੇ ਇਤਿਹਾਸਕ ਲਾਲ ਕਿਲ੍ਹੇ ਦੀ ਫਸੀਲ ਤੋਂ ਰਾਸ਼ਟਰ ਨੂੰ ਸੰਬੋਧਨ ਕਰਦਿਆਂ ਜ਼ੋਰ ਦਿੱਤਾ ਕਿ ਭਾਰਤ 'ਰਿਫਾਰਮ ਐਕਸਪ੍ਰੈੱਸ' 'ਤੇ ਅੱਗੇ ਵਧ ਰਿਹਾ ਹੈ। ਉਨ੍ਹਾ ਨੇ 'ਸੱਤ ਸੁਧਾਰ ਸਪਤਧਾਰਾ ਟੀਚਿਆਂ' ਦਾ ਜ਼ਿਕਰ ਕੀਤਾ, ਜਿਨ੍ਹਾਂ ਵਿੱਚ ਨਿਰਮਾਣ ਸ਼ਕਤੀ, ਤਕਨਾਲੋਜੀ ਅਤੇ ਨਵੀਨਤਾ ਅਤੇ ਰੱਖਿਆ ਉਪਾਅ ਆਦਿ ਸ਼ਾਮਲ ਹਨ। ਐਲਾਨ ਸ਼ਲਾਘਾਯੋਗ ਹਨ, ਪਰ ਇਨ੍ਹਾਂ ਨੂੰ ਅਮਲ ਵਿੱਚ ਲਿਆਉਣ ਦਾ ਰੋਡਮੈਪ ਸਪੱਸ਼ਟ ਨਹੀਂ ਹੈ। ਉਨ੍ਹਾਂ ਇਹ ਵੀ ਕਿਹਾ ਕਿ ਸੁਧਾਰ ਮਜਬੂਰੀ ਨਾਲ ਨਹੀਂ, ਸਗੋਂ ਦ੍ਰਿੜ੍ਹ ਵਿਸ਼ਵਾਸ ਨਾਲ ਕੀਤੇ ਜਾਣੇ ਚਾਹੀਦੇ ਹਨ।

ਪਰ ਪਿਛਲੇ ਇੱਕ ਦਹਾਕੇ ਤੋਂ ਵੀ ਵੱਧ ਸਮੇਂ ਦੌਰਾਨ ਮਜ਼ਦੂਰਾਂ, ਕਿਸਾਨਾਂ, ਸਿੱਖਿਆ ਸ਼ਾਸਤਰੀਆਂ ਆਦਿ ਨਾਲ ਸਲਾਹ-ਮਸ਼ਵਰਾ ਕੀਤੇ ਬਿਨਾਂ ਨੀਤੀਆਂ ਥੋਪੀਆਂ ਜਾਂਦੀਆਂ ਰਹੀਆਂ ਹਨ। ਪ੍ਰਧਾਨ ਮੰਤਰੀ ਵੱਲੋਂ ਹੁਣ ਵਰਤਿਆ ਗਿਆ ਨਵਾਂ ਸ਼ਬਦ 'ਦਿਮਾਗੀ ਨਕਸਲ' ਆਉਣ ਵਾਲੇ ਹੋਰ ਜ਼ਬਰਦਸਤੀ ਵਾਲੇ ਕਦਮਾਂ ਦਾ ਸੰਕੇਤ ਦਿੰਦਾ ਹੈ। ਐੱਸ ਆਰ ਸੀ ਸੀ ਵਿੱਚ ਉਨ੍ਹਾਂ ਦਾ ਭਾਸ਼ਣ ਵਿਦਿਆਰਥੀਆਂ ਅਤੇ ਜਨਰੇਸ਼ਨ-ਜ਼ੈੱਡ ਨੂੰ ਸੰਬੋਧਨ ਕਰਨ ਲਈ ਸੀ, ਪਰ ਇਹ ਵਿਰੋਧੀ ਧਿਰ 'ਤੇ ਪੂਰੇ ਪੱਧਰ ਦਾ ਹਮਲਾ ਬਣ ਗਿਆ, ਜਿਸ ਵਿੱਚ ਉਨ੍ਹਾਂ ਨੂੰ 'ਫੂਫਾ' ਅਤੇ 'ਦਿਮਾਗੀ ਨਕਸਲ' ਕਿਹਾ ਗਿਆ।

**ਗਿਆਨ ਦੀ ਸਿਰਜਣਾ** : ਜੇ ਭਾਰਤ ਨੂੰ 'ਰਿਫਾਰਮ ਐਕਸਪ੍ਰੈੱਸ' 'ਤੇ ਅੱਗੇ ਵਧਣਾ ਹੈ ਤਾਂ ਇਸ ਲਈ ਨਵੇਂ ਅਤੇ ਢੁਕਵੇਂ ਵਿਚਾਰਾਂ ਦੀ ਲੋੜ ਹੈ। ਇਹ ਵਿਚਾਰ ਅਜਿਹੇ ਮਾਹੌਲ ਵਿੱਚ ਹੀ ਪੈਦਾ ਹੁੰਦੇ ਅਤੇ ਵਿਕਸਤ ਹੁੰਦੇ ਹਨ, ਜਿੱਥੇ ਆਲੋਚਨਾਤਮਕ ਸੋਚ ਹੋਵੇ ਅਤੇ ਮੌਜੂਦਾ ਵਿਚਾਰਾਂ ਨੂੰ ਚੁਣੌਤੀ ਦੇਣ ਦੀ ਆਜ਼ਾਦੀ ਹੋਵੇ।

ਅੱਜ ਜਦੋਂ ਏ ਆਈ ਵਿੱਚ ਹੋ ਰਹੀ ਤਰੱਕੀ ਤਕਨੀਕੀ ਬਦਲਾਅ ਨੂੰ ਦਹਾਕਿਆਂ ਦੀ ਬਜਾਏ ਮਹੀਨਿਆਂ ਵਿੱਚ ਲਿਆ ਰਹੀ ਹੈ, ਤਾਂ ਸਮਾਜ ਸਾਹਮਣੇ ਚੁਣੌਤੀ ਪਹਿਲਾਂ ਨਾਲੋਂ ਕਿਤੇ ਵੱਡੀ ਹੋ ਗਈ ਹੈ। ਇਸ ਚੁਣੌਤੀ ਨਾਲ ਨਜਿੱਠਣ ਲਈ ਤਿਆਰੀ ਕਰਨ ਦੀ ਬਜਾਏ ਅਕਸਰ ਇਹ ਦਾਅਵਾ ਕੀਤਾ ਜਾਂਦਾ ਹੈ ਕਿ ਭਾਰਤ ਕੋਲ ਅਤੀਤ ਵਿੱਚ ਹੀ ਸਾਰਾ ਗਿਆਨ ਮੌਜੂਦ ਸੀ। ਇਹ ਇੱਕ ਗੈਰ-ਆਲੋਚਨਾਤਮਕ ਅਤੇ ਗੈਰ-ਵਿਗਿਆਨਕ ਵਿਚਾਰ ਹੈ, ਜੋ ਵਿਗਿਆਨਕ ਸੋਚ ਅਤੇ ਆਲੋਚਨਾਤਮਕ ਚਿੰਤਨ ਨੂੰ ਕਮਜ਼ੋਰ ਕਰਦਾ ਹੈ।

ਬਿਨਾਂ ਸ਼ੱਕ, ਪ੍ਰਾਚੀਨ ਦੌਰ ਵਿੱਚ ਭਾਰਤ ਕਈ ਹੋਰ ਸਮਾਜਾਂ ਨਾਲੋਂ ਵਧੇਰੇ ਵਿਕਸਿਤ ਸੀ। ਇਹ ਵੀ ਸੰਭਵ ਹੈ ਕਿ ਅਤੀਤ ਵਿੱਚ ਭਾਰਤ ਵਿੱਚ ਪੈਦਾ ਹੋਏ ਕੁਝ ਗਿਆਨ ਦਾ ਸਿਹਰਾ ਦੂਜਿਆਂ ਨੂੰ ਦੇ ਦਿੱਤਾ ਗਿਆ ਹੋਵੇ। ਪਰ ਇਨ੍ਹਾਂ ਵਿੱਚੋਂ ਕੋਈ ਵੀ ਗੱਲ ਇਸ ਹਕੀਕਤ ਨੂੰ ਨਹੀਂ ਨਕਾਰ ਸਕਦੀ ਕਿ ਉਸ ਸਮੇਂ ਤੋਂ ਬਾਅਦ ਸੰਸਾਰ ਵਿੱਚ ਬਹੁਤ ਸਾਰਾ ਨਵਾਂ ਗਿਆਨ ਵਿਕਸਤ ਹੋਇਆ ਹੈ।

**ਵਿਚਾਰਾਂ ਦੀ ਲਗਾਤਾਰ ਲੜੀ** : ਪ੍ਰਧਾਨ ਮੰਤਰੀ ਵੱਲੋਂ ਆਲੋਚਕਾਂ ਨੂੰ ਵਾਰ-ਵਾਰ 'ਦਿਮਾਗੀ ਨਕਸਲ' ਕਹਿਣਾ ਆਲੋਚਨਾਤਮਕ ਸੋਚ ਦੇ ਰਾਹ ਵਿੱਚ ਰੁਕਾਵਟ ਪੈਦਾ ਕਰਦਾ ਹੈ। ਸ਼ੁਰੂ ਵਿੱਚ ਕਿਹਾ ਗਿਆ ਸੀ ਕਿ ਇਸ ਸ਼ਬਦ ਦਾ ਨਿਸ਼ਾਨਾ ਸਰਕਾਰ ਦੀ ਆਲੋਚਨਾ ਕਰਨ ਵਾਲੇ ਜਾਂ ਵਿਰੋਧੀ ਧਿਰ ਦੇ ਲੋਕ ਨਹੀਂ ਹਨ, ਪਰ ਹੁਣ ਐੱਸ ਆਰ ਸੀ ਸੀ ਦੇ ਭਾਸ਼ਣ ਵਿੱਚ ਪ੍ਰਧਾਨ ਮੰਤਰੀ ਨੇ ਸਪੱਸ਼ਟ ਕਰ ਦਿੱਤਾ ਹੈ ਕਿ ਉਹ ਅਸਲ ਵਿੱਚ ਇਨ੍ਹਾਂ ਲੋਕਾਂ ਨੂੰ ਹੀ ਨਿਸ਼ਾਨਾ ਬਣਾ ਰਹੇ ਹਨ।

ਆਲੋਚਕ ਮੌਜੂਦਾ ਗਿਆਨ ਅਤੇ ਪ੍ਰਣਾਲੀਆਂ ਦੀਆਂ ਕਮੀਆਂ ਵੱਲ ਇਸ਼ਾਰਾ ਕਰਕੇ ਸੁਧਾਰ ਦਾ ਰਾਹ ਖੋਲ੍ਹਦੇ ਹਨ। ਉਹ ਸੱਤਾ ਵਿੱਚ ਬੈਠੇ ਲੋਕਾਂ ਦੀ ਆਲੋਚਨਾ ਦਾ ਸਾਹਮਣਾ ਕਰਦੇ ਹੋਏ ਵੀ ਇਹ ਕੰਮ ਕਰਦੇ ਹਨ। ਆਲੋਚਕਾਂ ਦੇ ਵਿਚਾਰ ਇੱਕ ਲਗਾਤਾਰ ਲੜੀ ਵਿੱਚ ਹੁੰਦੇ ਹਨ—ਕੁਝ ਮੌਜੂਦਾ ਪ੍ਰਣਾਲੀ ਦੇ ਅੰਦਰ ਰਹਿ ਕੇ ਸੁਧਾਰ ਦੀ ਗੱਲ ਕਰਦੇ ਹਨ, ਜਦਕਿ ਕੁਝ ਪੂਰੀ ਤਰ੍ਹਾਂ ਬਦਲਾਅ ਦੀ ਮੰਗ ਕਰਦੇ ਹਨ। ਇਸ ਲਈ ਕੁਝ ਲੋਕ ਸਿਰਫ਼ ਬੌਧਿਕ ਚੁਣੌਤੀ ਪੇਸ਼ ਕਰਦੇ ਹਨ, ਜਦਕਿ ਕੁਝ ਪੂਰੀ ਪ੍ਰਣਾਲੀ ਨੂੰ ਬਦਲਣਾ ਚਾਹੁੰਦੇ ਹਨ।

ਕੁਝ ਲੋਕ ਮੰਨਦੇ ਹਨ ਕਿ ਪੂਰਾ ਬਦਲਾਅ ਸਿਰਫ਼ ਬੰਦੂਕ ਦੀ ਨਾਲੀ ਰਾਹੀਂ ਹੀ ਆ ਸਕਦਾ ਹੈ, ਜਿਵੇਂ 1967 ਵਿੱਚ ਨਕਸਲਬਾੜੀ ਤੋਂ ਨਕਸਲੀ ਲਹਿਰ ਉੱਭਰੀ ਸੀ। ਪ੍ਰਧਾਨ ਮੰਤਰੀ ਨੇ ਕਿਹਾ ਕਿ ਇਹ ਹਥਿਆਰਬੰਦ ਬਗਾਵਤ ਹਰਾ ਦਿੱਤੀ ਗਈ ਹੈ, ਪਰ ਇਸ ਦੇ ਪਿੱਛੇ ਦੀ ਸੋਚ ਅਜੇ ਵੀ ਮੌਜੂਦ ਹੈ। ਜਦੋਂ ਪ੍ਰਧਾਨ ਮੰਤਰੀ ਕਹਿੰਦੇ ਹਨ ਕਿ ਸਾਨੂੰ ਨਕਸਲੀ ਮਾਨਸਿਕਤਾ ਵਾਲੇ ਲੋਕਾਂ ਨੂੰ ਲੱਭ ਕੇ ਅਲੱਗ ਕਰਨਾ ਪਵੇਗਾ, ਤਾਂ ਉਹ ਇਸ ਨੂੰ ਜੜ੍ਹ ਤੋਂ ਖਤਮ ਕਰਨ ਦੀ ਗੱਲ ਕਰਦੇ ਹਨ, ਪਰ ਇਹ ਇੱਕ ਬਹੁਤ ਹੀ ਵਿਸ਼ਾਲ ਅਤੇ ਅਸਪੱਸ਼ਟ ਧਾਰਨਾ ਹੈ।

**'ਨਕਸਲੀ ਮਾਨਸਿਕਤਾ' ਕੀ ਹੈ** : 'ਨਕਸਲੀ ਮਾਨਸਿਕਤਾ' ਆਖਿਰ ਹੈ ਕੀ? ਸਰਕਾਰ ਦੀਆਂ ਨੀਤੀਆਂ ਦੀ ਆਲੋਚਨਾ ਕਰਨ ਵਾਲੇ ਵਿਅਕਤੀ ਜਾਂ ਬਦਲਾਅ ਦੀ ਮੰਗ ਕਰਨ ਵਾਲੀ ਵਿਰੋਧੀ ਰਾਜਨੀਤੀ ਨੂੰ ਵੀ ਇਸ ਨਾਂਅ ਨਾਲ ਪੁਕਾਰਿਆ ਜਾ ਸਕਦਾ ਹੈ।

ਖ਼ਾਸ ਕਰਕੇ ਅਜਿਹੇ ਤਣਾਅਪੂਰਨ ਸਮੇਂ ਵਿੱਚ, ਜਦੋਂ ਵਿਚਾਰਾਂ ਨੂੰ ਸੰਦਰਭ ਤੋਂ ਤੋੜ-ਮਰੋੜ ਕੇ ਉਨ੍ਹਾਂ ਨੂੰ ਰਾਜਨੀਤਕ ਰੰਗ ਦੇ ਕੇ ਵਿਰੋਧੀਆਂ ਨੂੰ ਘੇਰਨ ਦੀ ਕੋਸ਼ਿਸ਼ ਕੀਤੀ ਜਾਂਦੀ ਹੈ, ਚਾਹੇ ਉਹ ਮਥੁਰਾ ਅਤੇ ਕਾਸ਼ੀ ਦਾ ਮਾਮਲਾ ਹੋਵੇ, ਧਾਰਾ 370 ਜਾਂ 'ਵੰਦੇ ਮਾਤਰਮ' ਦਾ ਮੁੱਦਾ।

ਕਿਸੇ ਵਿਅਕਤੀ ਨੂੰ ਸਿਰਫ਼ ਇਹ ਕਹਿ ਕੇ ਭੀੜ ਵੱਲੋਂ ਮਾਰਿਆ-ਪਿੱਟਿਆ ਜਾ ਸਕਦਾ ਹੈ ਕਿ ਉਸ ਕੋਲ ਗਾਂ ਦਾ ਮਾਸ ਹੈ। ਬਲਾਤਕਾਰ ਦੇ ਮਾਮਲੇ ਦੀ ਜਾਂਚ ਕਰਨ ਵਾਲੇ ਪੱਤਰਕਾਰ ਨੂੰ 'ਨਕਸਲੀ' ਕਹਿ ਕੇ ਲੰਮੇ ਸਮੇਂ ਲਈ ਜੇਲ੍ਹ ਵਿੱਚ ਸੁੱਟਿਆ ਜਾ ਸਕਦਾ ਹੈ। ਕਿਸੇ ਵਿਰੋਧ ਪ੍ਰਦਰਸ਼ਨ ਵਿੱਚ ਸ਼ਾਮਲ ਲੋਕਾਂ ਨੂੰ ਸਾਜ਼ਿਸ਼ ਰਚਣ ਦੇ ਦੋਸ਼ ਲਾ ਕੇ ਜੇਲ੍ਹ ਭੇਜਿਆ ਜਾ ਸਕਦਾ ਹੈ। ਮੰਦਰ ਵਿੱਚ ਚੋਰੀ ਦਾ ਮੁੱਦਾ ਉਠਾਉਣ ਵਾਲੇ ਨੂੰ 'ਹਿੰਦੂ ਵਿਰੋਧੀ' ਕਿਹਾ ਜਾ ਸਕਦਾ ਹੈ। ਵੋਟਾਂ ਹਾਸਲ ਕਰਨ ਲਈ ਵੱਡੇ ਪੱਧਰ 'ਤੇ ਰਿਸ਼ਵਤ ਦੇਣ 'ਤੇ ਇਤਰਾਜ਼ ਕਰਨ ਵਾਲੇ ਨੂੰ 'ਔਰਤ ਵਿਰੋਧੀ' ਕਰਾਰ ਦਿੱਤਾ ਜਾ ਸਕਦਾ ਹੈ। ਪ੍ਰਧਾਨ ਮੰਤਰੀ ਦਾ ਮਜ਼ਾਕ ਉਡਾਉਣਾ ਵੀ ਮੁਕੱਦਮੇ ਦਾ ਕਾਰਨ ਬਣ ਸਕਦਾ ਹੈ।

'ਦਿਮਾਗੀ ਨਕਸਲ' ਅੱਜ ਦੇ ਤਣਾਅਪੂਰਨ ਮਾਹੌਲ ਵਿੱਚ ਇੱਕ 'ਡੌਗ ਵਿਸਲ' ਹੈ। ਇਸ ਨਾਲ ਪੁਲਸ ਲਈ ਗ੍ਰਿਫ਼ਤਾਰੀ ਕਰਨਾ ਆਸਾਨ ਹੋ ਜਾਂਦਾ ਹੈ, ਕਿਉਂਕਿ ਕੁਝ ਸਾਬਤ ਕਰਨ ਦੀ ਲੋੜ ਹੀ ਨਹੀਂ ਰਹਿੰਦੀ। ਦੇਸ਼ ਭਰ ਵਿੱਚ ਮੁਕੱਦਮੇ ਦਰਜ ਕੀਤੇ ਜਾ ਸਕਦੇ ਹਨ। ਪਹਿਲਾਂ ਹੀ ਆਲੋਚਕਾਂ ਲਈ ਮੁਕੱਦਮਾ ਖੁਦ ਸਜ਼ਾ ਬਣ ਚੁੱਕਾ ਹੈ ਅਤੇ ਇਹ ਸਥਿਤੀ ਹੋਰ ਵੀ ਖਰਾਬ ਹੋ ਸਕਦੀ ਹੈ। ਇਸ ਦਾ ਬੌਧਿਕ ਮਾਹੌਲ 'ਤੇ ਡੂੰਘਾ ਠੰਢਾ ਪ੍ਰਭਾਵ ਪਵੇਗਾ। ਪਹਿਲਾਂ ਹੀ ਬਹੁਤ ਸਾਰੇ ਬੁੱਧੀਜੀਵੀ ਚੁੱਪ ਹੋ ਚੁੱਕੇ ਹਨ ਅਤੇ ਹੋਰ ਵੀ ਚੁੱਪ ਹੋ ਜਾਣਗੇ। ਯੂਨੀਵਰਸਿਟੀਆਂ ਅਤੇ ਕਾਲਜਾਂ ਵਿੱਚ ਸਰਕਾਰ ਦੀਆਂ ਨੀਤੀਆਂ ਅਤੇ ਕਾਰਵਾਈਆਂ ਦਾ ਆਲੋਚਨਾਤਮਕ ਵਿਸ਼ਲੇਸ਼ਣ ਕਰਨ ਵਾਲੇ ਸੈਮੀਨਾਰ ਅਤੇ ਵਿਚਾਰ-ਵਟਾਂਦਰੇ ਕਰਵਾਉਣੇ ਮੁਸ਼ਕਲ ਹੋ ਗਏ ਹਨ। ਇੱਥੋਂ ਤੱਕ ਕਿ ਜੇ ਐੱਨ ਯੂ ਵਰਗੀ ਪ੍ਰਮੁੱਖ ਯੂਨੀਵਰਸਿਟੀ ਵਿੱਚ ਵੀ, ਜੋ ਵਿਰੋਧ ਦੀਆਂ ਆਵਾਜ਼ਾਂ ਵਿੱਚ ਅੱਗੇ ਰਹੀ ਹੈ, ਇਹ ਸਥਿਤੀ ਦੇਖਣ ਨੂੰ ਮਿਲ ਰਹੀ ਹੈ। ਹਾਲ ਹੀ ਵਿੱਚ ਇੱਕ ਕਿਤਾਬ 'ਤੇ ਚਰਚਾ ਲਈ ਬੁੱਕ ਕੀਤਾ ਗਿਆ ਹਾਲ ਸਮਾਗਮ ਤੋਂ ਇੱਕ ਦਿਨ ਪਹਿਲਾਂ ਹੀ ਰੱਦ ਕਰ ਦਿੱਤਾ ਗਿਆ।

**ਬੌਧਿਕ ਮਾਹੌਲ** : ਉੱਚ ਪੱਧਰ 'ਤੇ ਅਕਾਦਮਿਕ ਨਿਯੁਕਤੀਆਂ ਸੱਤਾਧਾਰੀ ਸਥਾਪਨਾ ਨਾਲ ਵਿਚਾਰਧਾਰਕ ਤਾਲਮੇਲ ਦੇ ਆਧਾਰ 'ਤੇ ਕੀਤੀਆਂ ਜਾਂਦੀਆਂ ਹਨ, ਤਾਂ ਜੋ ਉਹ ਅੱਗੇ ਅਜਿਹੇ ਅਧਿਆਪਕਾਂ ਦੀ ਨਿਯੁਕਤੀ ਕਰ ਸਕਣ, ਜੋ ਉਸੇ ਵਿਚਾਰਧਾਰਾ ਨਾਲ ਸਹਿਮਤ ਹੋਣ।

ਪਹਿਲਾਂ ਤੋਂ ਮੌਜੂਦ ਅਤੇ ਆਲੋਚਨਾਤਮਕ ਰੁਖ ਰੱਖਣ ਵਾਲੇ ਅਧਿਆਪਕਾਂ ਨੂੰ ਤਰੱਕੀਆਂ ਨਾ ਦੇ ਕੇ, ਅਕਾਦਮਿਕ ਕੰਮ ਲਈ ਛੁੱਟੀ ਨਾ ਦੇ ਕੇ ਅਤੇ ਸੰਸਥਾ ਵਿੱਚ ਅਹਿਮ ਅਹੁਦਿਆਂ 'ਤੇ ਨਿਯੁਕਤੀਆਂ ਤੋਂ ਬਾਈਪਾਸ ਕਰਕੇ ਪ੍ਰੇਸ਼ਾਨ ਕੀਤਾ ਜਾਂਦਾ ਹੈ। ਇਸ ਨਾਲ ਉਨ੍ਹਾਂ ਵਿੱਚ ਨਿਰਾਸ਼ਾ ਪੈਦਾ ਹੁੰਦੀ ਹੈ, ਜਿਸ ਦਾ ਪ੍ਰਭਾਵ ਉਨ੍ਹਾਂ ਦੀ ਖੋਜ ਅਤੇ ਅਧਿਆਪਨ 'ਤੇ ਵੀ ਪੈਂਦਾ ਹੈ।

ਨੌਜਵਾਨ ਸਵਾਲ ਪੁੱਛਣ ਲਈ ਤਿਆਰ ਰਹਿੰਦੇ ਹਨ। ਉਹ ਆਪਣੀ ਦੁਨੀਆ ਬਾਰੇ ਵਿਚਾਰਧਾਰਾ ਵਿਕਸਤ ਕਰਨ ਦੀ ਪ੍ਰਕਿਰਿਆ ਵਿੱਚ ਹੁੰਦੇ ਹਨ ਅਤੇ ਮੌਜੂਦਾ ਧਾਰਨਾਵਾਂ ਨੂੰ ਚੁਣੌਤੀ ਦਿੰਦੇ ਹਨ। ਇਸ ਲਈ ਉਨ੍ਹਾਂ ਨੂੰ 'ਦਿਮਾਗੀ ਨਕਸਲ' ਕਹਿ ਕੇ ਪ੍ਰੇਸ਼ਾਨ ਕੀਤਾ ਜਾ ਸਕਦਾ ਹੈ।

ਸੁਪਰੀਮ ਕੋਰਟ ਦੇ ਜਸਟਿਸ ਭੂਯਨ ਨੇ ਹਾਲ ਹੀ ਵਿੱਚ ਕਿਹਾ ਸੀ ਕਿ ਲੋਕਤੰਤਰ ਵਿੱਚ ਸਵਾਲ ਪੁੱਛਣ ਦਾ ਅਧਿਕਾਰ ਵਿਰੋਧ ਦੀ ਕਾਰਵਾਈ ਨਹੀਂ ਹੈ। ਇਹ ਨਾਗਰਿਕਤਾ ਅਤੇ ਸੰਵਿਧਾਨਕ ਜ਼ਿੰਮੇਵਾਰੀ ਦਾ ਜ਼ਰੂਰੀ ਪ੍ਰਗਟਾਵਾ ਹੈ। ਉਨ੍ਹਾਂ ਇਹ ਵੀ ਕਿਹਾ ਕਿ ਜਦੋਂ ਵਿਦਿਆਰਥੀ ਸਵਾਲ ਪੁੱਛਦੇ ਹਨ ਤਾਂ ਉਨ੍ਹਾਂ ਨੂੰ ਸਜ਼ਾਮੁਖੀ ਕਾਰਵਾਈ ਦੀ ਧਮਕੀ ਨਹੀਂ ਦਿੱਤੀ ਜਾ ਸਕਦੀ ਅਤੇ ਅਜਿਹਾ ਕਰਨਾ ਸੱਤਾ ਅਤੇ ਅਹੁਦੇ ਦੀ ਦੁਰਵਰਤੋਂ ਹੈ।

ਨਕਸਲੀ ਲਹਿਰ 1960 ਦੇ ਦਹਾਕੇ ਦੇ ਅਖੀਰ ਵਿੱਚ ਨੌਜਵਾਨਾਂ ਵਿੱਚ ਪੈਦਾ ਹੋਈ ਨਿਰਾਸ਼ਾ ਦੇ ਦੌਰ ਵਿੱਚ ਉੱਭਰੀ ਸੀ। ਵਧ ਰਹੀ ਅਸਮਾਨਤਾ ਅਤੇ ਭ੍ਰਿਸ਼ਟਾਚਾਰ ਕਾਰਨ ਵਿਕਾਸ ਦੇ ਲਾਭ ਗਰੀਬਾਂ ਤੱਕ ਨਹੀਂ ਪਹੁੰਚ ਰਹੇ ਸਨ। ਇਹ ਆਜ਼ਾਦੀ ਦੇ ਸਮੇਂ ਕੀਤੇ ਉਸ ਵਾਅਦੇ ਦੇ ਉਲਟ ਸੀ, ਜਿਸ ਵਿੱਚ ਗਰੀਬੀ, ਅਗਿਆਨਤਾ, ਬਿਮਾਰੀ ਅਤੇ ਅਸਮਾਨਤਾ ਨੂੰ ਖਤਮ ਕਰਨ ਅਤੇ ਇੱਕ ਸਮਾਵੇਸ਼ੀ ਸਮਾਜ ਦੀ ਉਸਾਰੀ ਦੀ ਗੱਲ ਕੀਤੀ ਗਈ ਸੀ।

ਨੌਜਵਾਨਾਂ ਨੇ ਸਵਾਲ ਕੀਤਾ ਕਿ ਲੋਕਾਂ ਨੂੰ ਹੋਰ ਕਿੰਨਾ ਸਮਾਂ ਉਡੀਕ ਕਰਨੀ ਪਵੇਗੀ, ਖ਼ਾਸ ਕਰਕੇ ਜਦੋਂ ਉਹ ਆਪਣੀਆਂ ਅੱਖਾਂ ਸਾਹਮਣੇ ਅਮੀਰਾਂ ਨੂੰ ਹੋਰ ਅਮੀਰ ਹੁੰਦੇ ਦੇਖ ਰਹੇ ਸਨ। ਮੁੱਖ ਧਾਰਾ ਵਿੱਚ ਵੀ ਸਰਕਾਰ ਨੂੰ 'ਟਾਟਾ-ਬਿਰਲਾ ਦੀ ਸਰਕਾਰ' ਕਿਹਾ ਜਾਂਦਾ ਸੀ।

ਜੇਕਰ ਸਵਾਲ ਕਰਨਾ ਖੋਜਕਰਤਾਵਾਂ ਦੀ ਆਦਤ ਬਣ ਜਾਵੇ ਤਾਂ ਇਹ ਉਨ੍ਹਾਂ ਦੇ ਸੁਭਾਅ ਦਾ ਹਿੱਸਾ ਬਣ ਜਾਂਦਾ ਹੈ ਅਤੇ ਉਹ ਆਪਣੀ ਵਿਸ਼ੇਸ਼ ਵਿਧਾ ਦੀਆਂ ਹੱਦਾਂ ਤੱਕ ਸੀਮਿਤ ਨਹੀਂ ਰਹਿੰਦੇ। ਉਹ ਸਿੱਖਿਆ ਨੀਤੀ ਦੀਆਂ ਕਮੀਆਂ ਵੱਲ ਇਸ਼ਾਰਾ ਕਰਨਗੇ। ਉਹ ਆਪਣੀ ਸੰਸਥਾ ਵਿੱਚ ਕੁਪ੍ਰਬੰਧਨ, ਦਾਖਲਾ ਨੀਤੀ, ਖੋਜ ਲਈ ਫੰਡਿੰਗ ਆਦਿ 'ਤੇ ਸਵਾਲ ਉਠਾਉਣਗੇ, ਅਤੇ ਇਸ ਲਈ ਉਨ੍ਹਾਂ ਨੂੰ 'ਦਿਮਾਗੀ ਨਕਸਲ' ਕਹਿ ਦਿੱਤਾ ਜਾਵੇਗਾ, ਭਾਵੇਂ ਉਹ ਇਮਾਨਦਾਰੀ ਨਾਲ ਇੱਕ ਬਿਹਤਰ ਸਮਾਜ ਬਣਾਉਣ ਵਿੱਚ ਯੋਗਦਾਨ ਪਾ ਰਹੇ ਹੋਣ।

**ਸਿੱਟਾ** : ਸੱਤਾਧਾਰੀ ਧਿਰ ਵੱਲੋਂ ਲਗਾਤਾਰ ਆਲੋਚਨਾ ਨੂੰ ਸੀਮਤ ਕਰਨ ਅਤੇ ਆਲੋਚਕਾਂ ਨੂੰ ਵੱਖ-ਵੱਖ ਨਾਵਾਂ ਨਾਲ ਬਦਨਾਮ ਕਰਨ ਦੀ ਕੋਸ਼ਿਸ਼ ਕੀਤੀ ਗਈ ਹੈ। 'ਦਿਮਾਗੀ ਨਕਸਲ' ਕਹਿਣਾ ਵੀ ਇਸੇ ਦਿਸ਼ਾ ਵਿੱਚ ਇੱਕ ਹੋਰ ਕਦਮ ਹੈ।

1970 ਦੇ ਦਹਾਕੇ ਵਿੱਚ ਸੱਤਾਧਾਰੀ ਧਿਰ ਨੇ ਦਲੀਲ ਦਿੱਤੀ ਸੀ ਕਿ ਸੱਤਾ ਵਿੱਚ ਲੰਮੇ ਸਮੇਂ ਤੱਕ ਬਣੇ ਰਹਿਣ ਲਈ ਸਿੱਖਿਆ, ਪੁਲਸ ਅਤੇ ਨਿਆਂਪਾਲਿਕਾ 'ਤੇ ਕੰਟਰੋਲ ਜ਼ਰੂਰੀ ਹੈ, ਜੋ ਜਾਰਜ ਔਰਵੈੱਲ ਦੇ 1984 ਦੀ ਯਾਦ ਦਿਵਾਉਂਦਾ ਹੈ।

ਅੱਜ ਸੱਤਾਧਾਰੀ ਸਥਾਪਨਾ ਨੇ ਅਕਾਦਮਿਕ ਖੇਤਰ, ਮੀਡੀਆ, ਪੁਲਸ ਅਤੇ ਨਿਆਂ ਪਾਲਿਕਾ 'ਤੇ ਕਾਫ਼ੀ ਹੱਦ ਤੱਕ ਆਪਣਾ ਪ੍ਰਭਾਵ ਬਣਾ ਲਿਆ ਹੈ। ਫਿਰ ਵੀ ਉਹ ਚਿੰਤਤ ਨਜ਼ਰ ਆਉਂਦੇ ਹਨ। ਉਹ ਸੰਸਦ ਅਤੇ ਭਾਰਤ ਦੇ ਬਹੁਤੇ ਰਾਜਾਂ ਵਿੱਚ ਸੱਤਾ ਵਿੱਚ ਹਨ। ਉਹ ਆਪਣੇ ਏਜੰਡੇ ਨੂੰ ਵੱਡੇ ਪੱਧਰ 'ਤੇ ਅੱਗੇ ਵਧਾਉਣ ਵਿੱਚ ਸਮਰੱਥ ਹਨ। ਫਿਰ ਉਹ ਹਾਸ਼ੀਏ 'ਤੇ ਖੜ੍ਹੇ ਲੋਕਾਂ ਦੀ ਆਲੋਚਨਾ ਦਾ ਸਾਹਮਣਾ ਕਰਨ ਵਿੱਚ ਆਤਮ ਵਿਸ਼ਵਾਸ ਕਿਉਂ ਨਹੀਂ ਦਿਖਾਉਂਦੇ?

ਸਪੱਸ਼ਟ ਤੌਰ 'ਤੇ ਸੱਤਾ 'ਤੇ ਆਪਣੀ ਪਕੜ ਨੂੰ ਲੈ ਕੇ ਇੱਕ ਅਸੁਰੱਖਿਆ ਦੀ ਭਾਵਨਾ ਹੈ, ਜੋ ਵਾਰ-ਵਾਰ 'ਵਿਕਸਤ ਭਾਰਤ' ਅਤੇ 'ਵਿਸ਼ਵ ਗੁਰੂ' ਵਰਗੇ ਸ਼ਬਦਾਂ ਦੀ ਵਰਤੋਂ ਵਿੱਚ ਵੀ ਦਿਖਾਈ ਦਿੰਦੀ ਹੈ।

'ਦਿਮਾਗੀ ਨਕਸਲ' ਇੱਕ ਡੌਗ ਵਿਸਲ ਹੈ ਅਤੇ ਇਹ ਸੱਤਾਧਾਰੀ ਪ੍ਰਬੰਧ ਦੀ ਅਸੁਰੱਖਿਆ ਦਾ ਪ੍ਰਗਟਾਵਾ ਹੈ। ਇਸ ਦਾ ਮਕਸਦ ਸਿਆਸੀ ਵਿਰੋਧ ਨੂੰ ਚੁੱਪ ਕਰਾਉਣਾ ਅਤੇ ਹਾਕਮਾਂ ਦੀ ਜਵਾਬਦੇਹੀ ਨੂੰ ਘਟਾਉਣਾ ਹੈ।

ਜੇਕਰ ਇਹ ਕੋਸ਼ਿਸ਼ ਸਫਲ ਹੋ ਜਾਂਦੀ ਹੈ ਤਾਂ ਦੇਸ਼ ਨੂੰ ਦਰਪੇਸ਼ ਸਮੱਸਿਆਵਾਂ—ਨੀਤੀਆਂ ਦੀਆਂ ਅਸਫਲਤਾਵਾਂ, ਵਧਦਾ ਭ੍ਰਿਸ਼ਟਾਚਾਰ, ਵਧ ਰਹੀ ਅਸਮਾਨਤਾ, ਲੋਕਾਂ ਵਿੱਚ ਵਧਦੀ ਬੇਗਾਨਗੀ ਅਤੇ ਹਾਸ਼ੀਏ 'ਤੇ ਰਹਿੰਦੇ ਲੋਕਾਂ ਲਈ ਅਸੱਭਿਅਕ ਜੀਵਨ ਹਾਲਾਤ—ਹੋਰ ਵੀ ਗੰਭੀਰ ਹੋ ਜਾਣਗੀਆਂ।

ਆਲੋਚਨਾਤਮਕ ਸੋਚ 'ਤੇ ਪੈਣ ਵਾਲਾ ਉਲਟ ਪ੍ਰਭਾਵ ਸੰਸਥਾਵਾਂ ਵਿੱਚ ਪਹਿਲਾਂ ਹੀ ਕਮਜ਼ੋਰ ਖੋਜ ਮਾਹੌਲ ਨੂੰ ਹੋਰ ਨੁਕਸਾਨ ਪਹੁੰਚਾਏਗਾ। ਇਸ ਨਾਲ ਖੋਜ ਅਤੇ ਵਿਕਾਸ ਪ੍ਰਭਾਵਤ ਹੋਵੇਗਾ ਅਤੇ ਵਿਕਸਤ ਦੇਸ਼ਾਂ ਨਾਲ ਤਕਨਾਲੋਜੀ ਦੇ ਖੇਤਰ ਵਿੱਚ ਪਾੜਾ ਪੂਰਾ ਕਰਕੇ 'ਵਿਸ਼ਵ ਗੁਰੂ' ਬਣਨ ਦੀ ਸੰਭਾਵਨਾ ਹੋਰ ਕਮਜ਼ੋਰ ਹੋਵੇਗੀ। ਹੁਣ ਸੱਤਾਧਾਰੀਆਂ ਦੇ ਸਾਹਮਣੇ ਇੱਕ ਸਪੱਸ਼ਟ ਚੋਣ ਮੌਜੂਦ ਹੈ।

***(ਅਰੁਣ ਕੁਮਾਰ, ਅਰਥ-ਸ਼ਾਸਤਰ ਦੇ ਸੇਵਾਮੁਕਤ ਪ੍ਰੋਫੈਸਰ, ਜੇ.ਐੱਨ.ਯੂ., ਜੇ ਐੱਨ ਯੂ ਟੀਚਰਜ਼ ਐਸੋਸੀਏਸ਼ਨ ਦੇ ਸਾਬਕਾ ਪ੍ਰਧਾਨ ਹਨ। ਉਹ 'ਆਜ਼ਾਦੀ ਤੋਂ ਬਾਅਦ ਦੀ ਭਾਰਤੀ ਅਰਥ-ਵਿਵਸਥਾ: ਨਿਰੰਤਰ ਬਸਤੀਵਾਦੀ ਵਿਘਨ' (2013) ਦੇ ਲੇਖਕ ਅਤੇ 'ਚੁਣੌਤੀਆਂ- ਭਾਰਤੀ ਯੂਨੀਵਰਸਿਟੀਆਂ ਸਾਹਮਣਾ ਕਰ ਰਹੀਆਂ' (2003) ਦੇ ਸੰਪਾਦਕ ਹਨ।)***

**# ਸੰਪਰਕ : +91 99884-91002**

# ਨੌਜਵਾਨੀ ਦਾ ਵਿਗੜਦਾ ਸਮੀਕਰਨ

**ਲਵਪ੍ਰੀਤ**

ਜਪਾਨ ਦੁਨੀਆ ਦੀ ਚੌਥੀ ਸਭ ਤੋਂ ਵੱਡੀ ਅਰਥ ਵਿਵਸਥਾ ਹੈ। ਲਗਭਗ 122 ਮਿਲੀਅਨ ਦੀ ਆਬਾਦੀ ਦੇ ਨਾਲ ਇਹ ਦੇਸ਼ ਤੇਜ਼ੀ ਨਾਲ ਬੁੱਢਾ ਹੋ ਰਿਹਾ ਹੈ ਅਤੇ ਵਰਤਮਾਨ ਵਿੱਚ ਦੁਨੀਆ ਦਾ ਸਭ ਤੋਂ ਪੁਰਾਣਾ ਦੇਸ਼ ਹੈ। ਜਨਮ ਦਰ ਲਗਾਤਾਰ ਘਟ ਰਹੀ ਹੈ, ਜਦੋਂ ਕਿ ਬਜ਼ੁਰਗ ਆਬਾਦੀ ਤੇਜ਼ੀ ਨਾਲ ਵਧ ਰਹੀ ਹੈ। ਅੱਜ ਜਾਪਾਨ ਦੀ ਆਬਾਦੀ ਦਾ ਲਗਭਗ 30 ਪ੍ਰਤੀਸ਼ਤ 65 ਸਾਲ ਤੋਂ ਵੱਧ ਉਮਰ ਦਾ ਹੈ, ਭਾਵ ਦਸਾਂ ਵਿੱਚੋਂ ਇੱਕ ਜਾਪਾਨੀ ਬਜ਼ੁਰਗ ਹੈ।ਇਹ ਦੇਸ਼, ਜਿਸ ਨੂੰ ਦੁਨੀਆ ਦੀਆਂ ਵਿਕਸਤ ਅਰਥ ਵਿਵਸਥਾਵਾਂ ਵਿੱਚੋਂ ਇੱਕ ਮੰਨਿਆ ਜਾਂਦਾ ਹੈ ਅਤੇ ਇੱਕ ਉਨਤ ਸਿਹਤ ਸੰਭਾਲ ਬੁਨਿਆਦੀ ਢਾਂਚੇ 'ਤੇ ਬਣਿਆ ਹੈ, ਬੁਢਾਪੇ ਕਾਰਨ ਕਮਜ਼ੋਰ ਹੋ ਰਿਹਾ ਹੈ। ਲਗਾਤਾਰ ਘਟਦੀ ਜਨਮ ਦਰ ਨੌਜਵਾਨ ਕੰਮ ਕਰਨ ਵਾਲੀ ਆਬਾਦੀ ਵਿੱਚ ਗਿਰਾਵਟ ਵੱਲ ਲੈ ਜਾ ਰਹੀ ਹੈ, ਜਿਸ ਦੇ ਨਤੀਜੇ ਵਜੋਂ ਵੱਖ-ਵੱਖ ਖੇਤਰਾਂ ਵਿੱਚ ਕਾਮਿਆਂ ਦੀ ਘਾਟ ਹੈ। ਇਸ ਸਮੱਸਿਆ ਨੂੰ ਹੱਲ ਕਰਨ ਲਈ ਜਾਪਾਨੀ ਸਰਕਾਰ ਤੇਜ਼ੀ ਨਾਲ ਆਟੋਮੇਸ਼ਨ ਅਤੇ ਰੋਬੋਟਿਕਸ ਤਕਨਾਲੋਜੀਆਂ ਵਿਕਸਤ ਕਰ ਰਹੀ ਹੈ। ਹਾਲਾਂਕਿ, ਸਮਾਜ ਭਲਾਈ ਅਤੇ ਡਾਕਟਰੀ ਖਰਚਿਆਂ ਦਾ ਵਧਦਾ ਬੋਝ, ਘਟਦੀ ਆਮਦਨ ਦੇ ਨਾਲ, ਜਾਪਾਨ ਦੇ ਕਰਜ਼ੇ ਦੇ ਬੋਝ ਨੂੰ ਵਧਾ ਰਿਹਾ ਹੈ। ਇਸ ਦੇ ਨਾਲ ਹੀ ਲਗਭਗ 1.4 ਬਿਲੀਅਨ ਦੀ ਆਬਾਦੀ ਵਾਲੇ ਭਾਰਤ ਵਿੱਚ ਇਸ ਸਮੇਂ ਦੁਨੀਆ ਦੀ ਸਭ ਤੋਂ ਵੱਡੀ ਨੌਜਵਾਨ ਆਬਾਦੀ ਹੈ, ਜੋ ਕੁੱਲ ਆਬਾਦੀ ਦਾ ਲਗਭਗ 65 ਪ੍ਰਤੀਸ਼ਤ ਹੈ। ਨਵੀਨਤਮ ਪੀਰੀਅਡਿਕ ਲੇਬਰ ਫੋਰਸ ਸਰਵੇਖਣ ਦੇ ਅਨੁਸਾਰ ਭਾਰਤ ਦੀ ਕਮਾਈ ਕਰਨ ਵਾਲੀ ਨੌਜਵਾਨ ਆਬਾਦੀ ਦਾ 15 ਤੋਂ 16 ਪ੍ਰਤੀਸ਼ਤ ਬੇਰੁਜ਼ਗਾਰ ਹੈ। ਇਸ ਦਾ ਅਰਥ ਹੈ ਕਿ ਦੇਸ਼ ਦੀ 367 ਮਿਲੀਅਨ ਨੌਜਵਾਨ ਆਬਾਦੀ ਇਸ ਸਮੇਂ ਆਰਥਿਕਤਾ ਵਿੱਚ ਸਰਗਰਮੀ ਨਾਲ ਯੋਗਦਾਨ ਪਾਉਣ ਲਈ ਤਿਆਰ ਹੈ, ਪਰ ਵਿਅੰਗਾਤਮਕ ਤੌਰ 'ਤੇ ਹਰ ਕਿਸੇ ਲਈ ਕਾਫ਼ੀ ਕੰਮ ਨਹੀਂ ਹੈ। ਵਰਤਮਾਨ ਵਿੱਚ, 15 ਤੋਂ 25 ਮਿਲੀਅਨ ਨੌਜਵਾਨ ਬੇਰੁਜ਼ਗਾਰ ਹਨ ਅਤੇ ਇਹਨਾਂ ਵਿੱਚੋਂ ਪੜ੍ਹੀ-ਲਿਖੀ ਆਬਾਦੀ ਬਹੁਗਿਣਤੀ ਹੈ। ਸਿੱਧੇ ਸ਼ਬਦਾਂ ਵਿੱਚ ਮੌਜੂਦਾ ਨੌਜਵਾਨ ਆਬਾਦੀ ਵੀ ਸਿਰਫ ਲਾਗਤਾਂ ਨੂੰ ਪੂਰਾ ਕਰਨ ਜਾਂ ਗੁਜ਼ਾਰਾ ਕਰਨ ਲਈ ਅਰਥ-ਵਿਵਸਥਾ ਵਿੱਚ ਯੋਗਦਾਨ ਪਾਉਣ ਦੇ ਯੋਗ ਹੈ। ਇਹ ਚਿੰਤਾਵਾਂ ਪੈਦਾ ਕਰਦਾ ਹੈ ਕਿ ਹੁਣ ਤੋਂ ਪੱਚੀ ਤੋਂ ਤੀਹ ਸਾਲਾਂ ਬਾਅਦ ਤਸਵੀਰ ਕਿਹੋ ਜਿਹੀ ਹੋਵੇਗੀ।

ਸੰਯੁਕਤ ਰਾਸ਼ਟਰ ਦੀ ਇੰਡੀਆ ਏਜਿੰਗ ਰਿਪੋਰਟ 2023 ਦੇ ਅਨੁਸਾਰ 2022 ਵਿੱਚ ਸੱਠ ਸਾਲ ਤੋਂ ਵੱਧ ਉਮਰ ਦੇ ਲੋਕਾਂ ਦੀ ਗਿਣਤੀ 149 ਮਿਲੀਅਨ ਸੀ ਅਤੇ ਇਹ 2050 ਤੱਕ ਵਧ ਕੇ 347 ਮਿਲੀਅਨ ਹੋਣ ਦਾ ਅਨੁਮਾਨ ਹੈ। ਇਸ ਦਾ ਅਰਥ ਹੈ ਕਿ ਪੱਚੀ ਸਾਲਾਂ ਵਿੱਚ ਪੰਜ ਵਿੱਚੋਂ ਇੱਕ ਭਾਰਤੀ ਬਜ਼ੁਰਗ ਹੋਵੇਗਾ। ਸਪੱਸ਼ਟ ਤੌਰ 'ਤੇ ਭਾਰਤ ਨੂੰ ਵਿਕਸਤ ਅਰਥ ਵਿਵਸਥਾ ਦੇ ਪੱਧਰ 'ਤੇ ਪਹੁੰਚਣ ਤੋਂ ਪਹਿਲਾਂ ਹੀ ਬੁੱਢੇ ਦੇਸ਼ਾਂ ਵਿੱਚ ਗਿਣਿਆ ਜਾਵੇਗਾ। ਬੱਚੇ ਅਤੇ ਬਜ਼ੁਰਗ ਆਰਥਿਕਤਾ 'ਤੇ ਨਿਰਭਰ ਆਬਾਦੀ ਹਨ, ਇੱਕ ਬੋਝ ਜੋ ਸਰਕਾਰ ਅਤੇ ਪਰਵਾਰ ਦੋਵਾਂ ਨੂੰ ਚੁੱਕਣ ਲਈ ਮਜਬੂਰ ਕੀਤਾ ਜਾਂਦਾ ਹੈ। ਬੱਚੇ ਭਵਿੱਖ ਲਈ ਨਿਵੇਸ਼ ਹਨ, ਭਵਿੱਖ ਵਿੱਚ ਆਮਦਨ ਵਿੱਚ ਬਦਲਣ ਦੀ ਉਮੀਦ ਹੈ, ਜਦੋਂ ਕਿ ਬਜ਼ੁਰਗ ਸਿਰਫ਼ ਬੱਚਤ ਹਨ।ਕੇਂਦਰ ਸਰਕਾਰ ਸਿਹਤ, ਸਿੱਖਿਆ ਅਤੇ ਸਮਾਜਿਕ ਭਲਾਈ 'ਤੇ ਬਜਟ ਦਾ ਲਗਭਗ 18 ਪ੍ਰਤੀਸ਼ਤ ਖਰਚ ਕਰਦੀ ਹੈ। ਇਸ ਵਿੱਚੋਂ ਸਿਰਫ 0.15-0.20 ਪ੍ਰਤੀਸ਼ਤ ਬਜ਼ੁਰਗਾਂ ਨਾਲ ਸੰਬੰਧਤ ਯੋਜਨਾਵਾਂ ਲਈ ਅਲਾਟ ਕੀਤਾ ਜਾਂਦਾ ਹੈ। ਸਰਕਾਰੀ ਖਜ਼ਾਨਾ ਬੁਢਾਪਾ ਪੈਨਸ਼ਨਾਂ 'ਤੇ 6,645 ਕਰੋੜ ਖਰਚ ਕਰਦਾ ਹੈ, ਜੋ ਗਰੀਬੀ ਰੇਖਾ ਤੋਂ ਹੇਠਾਂ ਰਹਿਣ ਵਾਲੇ ਲੋਕਾਂ ਨੂੰ ਦਿੱਤੀਆਂ ਜਾਂਦੀਆਂ ਹਨ। ਹਾਲਾਂਕਿ ਇਹ ਰਕਮ ਵੱਡੀ ਜਾਪਦੀ ਹੈ, ਕੇਂਦਰ ਸਰਕਾਰ ਬੁਢਾਪਾ ਪੈਨਸ਼ਨਾਂ ਰਾਹੀਂ ਪ੍ਰਤੀ ਵਿਅਕਤੀ ਸਿਰਫ 200 ਤੋਂ 500 ਪ੍ਰਦਾਨ ਕਰਦੀ ਹੈ, ਜਿਸ ਵਿੱਚ ਰਾਜ ਆਪਣੇ ਬਜਟ ਦਾ ਇੱਕ ਮਹੱਤਵਪੂਰਨ ਹਿੱਸਾ ਯੋਗਦਾਨ ਪਾਉਂਦੇ ਹਨ ਤਾਂ ਜੋ ਰਕਮ ਨੂੰ 2,000 ਤੋਂ 3,000 ਤੱਕ ਵਧਾਇਆ ਜਾ ਸਕੇ, ਪਰ ਮੌਜੂਦਾ ਹਾਲਤਾਂ ਵਿੱਚ ਕੀ ਏਨੀ ਘੱਟ ਮਾਸਿਕ ਪੈਨਸ਼ਨ 'ਤੇ ਗੁਜ਼ਾਰਾ ਕਰਨਾ ਸੰਭਵ ਹੈ?

ਹਾਲਾਂਕਿ ਅਰਥ ਸ਼ਾਸਤਰੀ ਅਤੇ ਨੀਤੀ ਮਾਹਰ ਇਸ ਨੂੰ ਖਰਚ ਨਹੀਂ ਮੰਨਦੇ, ਸਗੋਂ ਸਮਾਜਿਕ ਸੁਰੱਖਿਆ ਵਿੱਚ ਨਿਵੇਸ਼ ਮੰਨਦੇ ਹਨ, ਜਿੱਥੇ ਪੈਸਾ ਖਰਚ ਜਾਂ ਨਿਵੇਸ਼ ਦੇ ਰੂਪ ਵਿੱਚ ਅਰਥ ਵਿਵਸਥਾ ਵਿੱਚ ਘੁੰਮਦਾ ਹੈ ਅਤੇ ਵਾਪਸ ਆਉਂਦਾ ਹੈ। ਹਾਲਾਂਕਿ, ਇਹ ਵੀ ਸੱਚ ਹੈ ਕਿ ਬਹੁਤ ਸਾਰੀਆਂ ਰੁਕਾਵਟਾਂ ਸਰਕਾਰੀ ਨੀਤੀਆਂ ਨੂੰ ਕਾਗਜ਼ਾਂ 'ਤੇ ਲਾਗੂ ਕਰਨ ਤੋਂ ਰੋਕਦੀਆਂ ਹਨ ਅਤੇ ਯੋਜਨਾਵਾਂ ਦੀ ਇਹ ਗਲੈਮਰਸ ਤਸਵੀਰ ਅਕਸਰ ਬਜ਼ੁਰਗਾਂ ਨੂੰ ਧੁੰਦਲੀ ਕਰ ਦਿੰਦੀ ਹੈ, ਜੋ ਭੁੱਖੇ, ਇਕੱਲੇ ਅਤੇ ਆਪਣੇ ਦਰਵਾਜ਼ਿਆਂ 'ਤੇ ਬਿਮਾਰ ਹਨ। ਉਹ ਜਾਂ ਤਾਂ ਸਰਕਾਰੀ ਸਹਾਇਤਾ ਤੋਂ ਅਣਜਾਣ ਹਨ ਜਾਂ ਇਸ ਨੂੰ ਪਹੁੰਚ ਤੋਂ ਬਾਹਰ ਸਮਝਦੇ ਹਨ।ਇੱਕ ਹੋਰ ਦਿਲਚਸਪ ਤੱਥ ਇਹ ਹੈ ਕਿ ਦੇਸ਼ ਦੀ ਆਰਥਿਕਤਾ ਦੀ ਰੀੜ੍ਹ ਦੀ ਹੱਡੀ ਮੱਧ ਵਰਗ ਸਭ ਤੋਂ ਵੱਧ ਟੈਕਸ ਦਾ ਬੋਝ ਝੱਲਦਾ ਹੈ।ਤਨਖਾਹਦਾਰ ਅਤੇ ਕਾਰੋਬਾਰੀ ਮੱਧ ਵਰਗ ਆਪਣੀ ਕੁੱਲ ਆਮਦਨ ਦਾ ਲਗਭਗ 20 ਤੋਂ 45 ਪ੍ਰਤੀਸ਼ਤ ਵੱਖ-ਵੱਖ ਟੈਕਸਾਂ ਵਿੱਚ ਅਦਾ ਕਰਦੇ ਹਨ। ਇਸ ਦੇ ਬਾਵਜੂਦ ਇਸ ਵਰਗ ਨੂੰ ਸਰਕਾਰ ਤੋਂ ਸਿੱਧੀ ਸਮਾਜਿਕ ਸੁਰੱਖਿਆ ਜਾਂ ਗਾਰੰਟੀਸ਼ੁਦਾ ਬੁਢਾਪਾ ਪੈਨਸ਼ਨ ਨਹੀਂ ਮਿਲਦੀ, ਕਿਉਂਕਿ ਇਹ ਵਰਗ ਸਰਕਾਰ ਦੇ ਕਮਜ਼ੋਰ, ਗਰੀਬ ਜਾਂ ਹਾਸ਼ੀਏ 'ਤੇ ਹੋਣ ਦੇ ਮਾਪਦੰਡਾਂ ਦੇ ਅਧੀਨ ਨਹੀਂ ਆਉਂਦਾ, ਇਸ ਲਈ ਇਸ ਨੂੰ ਸਰਕਾਰੀ ਭਲਾਈ ਸਕੀਮਾਂ ਦੁਆਰਾ ਵੀ ਸਮਰਥਨ ਨਹੀਂ ਦਿੱਤਾ ਜਾਂਦਾ। ਇਸ ਦਾ ਮਤਲਬ ਹੈ ਕਿ ਇਸ ਨੂੰ ਵਰਤਮਾਨ ਅਤੇ ਭਵਿੱਖ ਵਿੱਚ ਆਪਣੇ ਆਪ ਨੂੰ ਬਚਾਉਣਾ ਪਵੇਗਾ।ਦਿੱਲੀ, ਕੇਰਲ ਅਤੇ ਤਾਮਿਲਨਾਡੂ ਵਰਗੇ ਰਾਜਾਂ ਵਿੱਚ ਜਨਮ ਦਰ ਵਿਕਸਤ ਦੇਸ਼ਾਂ ਦੇ ਮੁਕਾਬਲੇ ਘਟ ਗਈ ਹੈ। ਇਸ ਨਾਲ ਭਵਿੱਖ ਵਿੱਚ ਇੱਕ ਮਹੱਤਵਪੂਰਨ ਕਾਰਜਬਲ ਦੀ ਘਾਟ ਅਤੇ ਖੇਤਰੀ ਅਸਮਾਨਤਾ ਪੈਦਾ ਹੋਵੇਗੀ। ਨਵੀਂ ਜਨਗਣਨਾ, ਜੋ ਦੇਸ਼ ਵਿੱਚ ਸਰਕਾਰੀ ਪ੍ਰੋਗਰਾਮਾਂ ਦਾ ਆਧਾਰ ਬਣੇਗੀ, ਕਈ ਤਰੀਕਿਆਂ ਨਾਲ ਮਹੱਤਵਪੂਰਨ ਹੋਵੇਗੀ ਤੇ ਭਵਿੱਖ ਨੂੰ ਆਕਾਰ ਦੇਵੇਗੀ। ਇਸ ਦੌਰਾਨ ਬਚਪਨ ਅਤੇ ਬੁਢਾਪੇ ਲਈ ਵਿਗੜਦੇ ਅੰਕੜੇ ਚਰਚਾ ਦੀ ਨਹੀਂ, ਸਗੋਂ ਸੰਤੁਲਨ ਦੀ ਜ਼ਰੂਰਤ ਨੂੰ ਦਰਸਾਉਂਦੇ ਹਨ। ਜੇਕਰ ਇਸ ਚੁਣੌਤੀ ਨੂੰ ਹੱਲ ਕਰਨ ਲਈ ਹੁਣੇ ਕੰਮ ਸ਼ੁਰੂ ਨਹੀਂ ਕੀਤਾ ਗਿਆ, ਤਾਂ ਭਵਿੱਖ ਦੇ ਨੌਜਵਾਨ ਮੋਢੇ ਇਸ ਦਾ ਭਾਰ ਚੁੱਕਣ ਦੇ ਯੋਗ ਨਹੀਂ ਹੋਣਗੇ।

**# ਸੰਪਰਕ : 94969-00004**

# ਚੀਨ ਅੱਗੇ ਗੋਡੇ ਟੇਕਦੀ ਸਾਡੀ ਆਰਥਕਤਾ

**ਜਗਜੀਤ ਸਿੰਘ**

ਦਿੱਲੀ ਦੇ ਸਿਆਸੀ ਗਲਿਆਰਿਆਂ ਵਿੱਚ ਜਦੋਂ ਕੌਮੀ ਗ਼ੈਰਤ ਦੀ ਥਾਂ ਖਾਣ-ਪੀਣ ਦੇ ਮੀਨੂ ਦੀ ਚਰਚਾ ਹੋਣ ਲੱਗੇ, ਤਾਂ ਸਮਝ ਲੈਣਾ ਚਾਹੀਦਾ ਹੈ ਕਿ ਦੇਸ਼ ਦੀ ਅਗਵਾਈ ਅਸਲ ਸੰਕਟਾਂ ਤੋਂ ਅੱਖਾਂ ਮੀਟ ਚੁੱਕੀ ਹੈ। ਬ੍ਰਿਕਸ (BRICS) ਸੰਮੇਲਨ ਦੀ ਮੇਜ਼ਬਾਨੀ ਤੇ ਆਪਣੇ ਮੋਢੇ ਥਾਪੜਦੀ ਹੋਈ ਹਾਕਮ ਧਿਰ ਇਸ ਗੱਲ ਦਾ ਢੰਡੋਰਾ ਪਿੱਟ ਰਹੀ ਹੈ ਕਿ ਵਿਦੇਸ਼ੀ ਡੈਲੀਗੇਟਾਂ ਅੱਗੇ ਸ਼ੁੱਧ ਸ਼ਾਕਾਹਾਰੀ ਭੋਜਨ ਪਰੋਸ ਕੇ ਭਾਰਤੀ ਸੰਸਕ੍ਰਿਤੀ ਦਾ ਡੰਕਾ ਵਜਾ ਦਿੱਤਾ ਗਿਆ ਹੈ। ਦੂਜੇ ਪਾਸੇ, ਵਿਰੋਧੀ ਧਿਰ ਦੇ ਆਗੂ ਇਸ ਅਹਿਮ ਮੌਕੇ 'ਤੇ ਅੰਕੜੇ ਇਕੱਠੇ ਕਰਨ ਵਿੱਚ ਆਪਣਾ ਜ਼ੋਰ ਲਗਾ ਰਹੇ ਹਨ ਕਿ ਦੇਸ਼ ਅੰਦਰ ਕਿੰਨੇ ਫ਼ੀਸਦੀ ਲੋਕ ਮਾਸਾਹਾਰੀ ਹਨ। ਜਿਸ ਵਕਤ ਦੁਨੀਆ ਦੇ ਵੱਡੇ ਆਗੂ ਸਾਡੇ ਦਰਵਾਜ਼ੇ 'ਤੇ ਖੜ੍ਹੇ ਸਨ, ਸਾਡੀ ਸਮੁੱਚੀ ਸਿਆਸਤ ਦਾਲ-ਸਬਜ਼ੀ ਅਤੇ ਮੀਟ ਦੇ ਵਿਵਾਦ ਵਿੱਚ ਗੁਆਚੀ ਹੋਈ ਹੈ।ਇਹ ਤਸਵੀਰ ਦੇਖ ਕੇ ਹਰ ਸੁਚੇਤ ਨਾਗਰਿਕ ਦਾ ਦਿਲ ਦੁਖੀ ਹੁੰਦਾ ਹੈ ਕਿ ਅਸੀਂ ਅਸਲ ਆਰਥਿਕ ਅਤੇ ਰਣਨੀਤਕ ਖ਼ਤਰਿਆਂ ਨੂੰ ਭੁਲਾ ਕੇ ਕਿਹੋ ਜਿਹੇ ਬਚਕਾਨੇ ਮੁੱਦਿਆਂ ਵਿੱਚ ਉਲਝ ਗਏ ਹਾਂ।

ਸਾਲ 2020 ਵਿੱਚ ਗਲਵਾਨ ਘਾਟੀ ਦੀ ਬਰਫ਼ੀਲੀ ਸਰਹੱਦ 'ਤੇ ਵਾਪਰੇ ਖ਼ੂਨੀ ਸਾਕੇ ਨੂੰ ਕੋਈ ਕਿਵੇਂ ਭੁਲਾ ਸਕਦਾ ਹੈ? ਸਾਡੇ 20 ਬਹਾਦਰ ਫ਼ੌਜੀ ਜਵਾਨਾਂ ਨੇ ਆਪਣੀ ਧਰਤੀ ਦੀ ਰਾਖੀ ਕਰਦਿਆਂ ਹੱਥੋ-ਹੱਥ ਲੜਾਈ ਵਿੱਚ ਆਪਣੀਆਂ ਜਾਨਾਂ ਕੁਰਬਾਨ ਕਰ ਦਿੱਤੀਆਂ ਸਨ। ਉਸ ਵੇਲੇ ਸਰਕਾਰ ਨੇ ਲੋਕਾਂ ਦੇ ਜਜ਼ਬਾਤੀ ਗੁੱਸੇ ਨੂੰ ਕੈਸ਼ ਕਰਵਾਉਣ ਲਈ ਵੱਡੇ-ਵੱਡੇ ਦਾਅਵੇ ਕੀਤੇ। ਟਿਕਟੌਕ ਸਮੇਤ ਦਰਜਨਾਂ ਚੀਨੀ ਮੋਬਾਇਲ ਐਪ ਬੰਦ ਕਰ ਦਿੱਤੇ ਗਏ, ਚੀਨੀ ਨਿਵੇਸ਼ 'ਤੇ ਸਖ਼ਤ ਪਾਬੰਦੀਆਂ ਲਗਾ ਦਿੱਤੀਆਂ ਗਈਆਂ ਅਤੇ ਕਈ ਸੰਸਥਾਵਾਂ ਵੱਲੋਂ ਪੂਰੇ ਦੇਸ਼ ਵਿੱਚ 'ਚੀਨੀ ਸਾਮਾਨ ਦਾ ਬਾਈਕਾਟ' ਕਰਨ ਦਾ ਰੌਲਾ ਪਾਇਆ ਗਿਆ।

ਅੱਜ ਪੰਜ ਸਾਲਾਂ ਬਾਅਦ ਜਦੋਂ ਅਸੀਂ ਅੰਕੜਿਆਂ ਦੇ ਸ਼ੀਸ਼ੇ ਵਿੱਚ ਆਪਣਾ ਮੂੰਹ ਦੇਖਦੇ ਹਾਂ, ਤਾਂ ਇਹ ਦਾਅਵੇ ਖੋਖਲੇ ਅਤੇ ਸ਼ਰਮਨਾਕ ਸਾਬਤ ਹੁੰਦੇ ਹਨ। ਜਿਸ ਚੀਨ ਦੇ ਖ਼ੂਨੀ ਹਮਲੇ ਤੋਂ ਬਾਅਦ ਵਪਾਰ ਤੋੜਨ ਦੀਆਂ ਕਸਮਾਂ ਖਾਧੀਆਂ ਗਈਆਂ ਸਨ, ਉਸੇ ਚੀਨ ਨਾਲ ਸਾਡਾ ਦੁਵੱਲਾ ਵਪਾਰ ਪਿਛਲੇ ਪੰਜ ਸਾਲਾਂ ਵਿੱਚ ਘਟਣ ਦੀ ਬਜਾਏ ਲਗਭਗ ਦੁੱਗਣਾ ਹੋ ਕੇ 151 ਅਰਬ ਡਾਲਰ ਦਾ ਅੰਕੜਾ ਪਾਰ ਕਰ ਚੁੱਕਾ ਹੈ। ਸਭ ਤੋਂ ਵੱਡੀ ਤ੍ਰਾਸਦੀ ਇਹ ਹੈ ਕਿ ਇਹ ਵਪਾਰ ਬਰਾਬਰੀ ਦਾ ਨਹੀਂ। ਭਾਰਤ ਅੱਜ ਚੀਨ ਨੂੰ ਜਿੰਨਾ ਸਾਮਾਨ ਵੇਚਦਾ ਹੈ, ਉਸ ਨਾਲੋਂ ਲਗਭਗ ਸੱਤ ਗੁਣਾ ਵੱਧ ਸਾਮਾਨ ਚੀਨ ਤੋਂ ਖ਼ਰੀਦ ਰਿਹਾ ਹੈ। ਅਸੀਂ ਹਰ ਰੋਜ਼ ਅਰਬਾਂ ਰੁਪਏ ਉਸੇ ਦੇਸ਼ ਦੀ ਝੋਲੀ ਪਾ ਰਹੇ ਹਾਂ, ਜੋ ਸਾਡੀਆਂ ਸਰਹੱਦਾਂ 'ਤੇ ਫ਼ੌਜੀ ਜਮਾਵੜਾ ਕਰਕੇ ਬੈਠਾ ਹੈ।

**ਜੀਵਨ-ਰੱਖਿਅਕ ਦਵਾਈਆਂ ਦਾ ਸੰਕਟ**: ਭਾਰਤ ਦੁਨੀਆ ਭਰ ਵਿੱਚ ਸਸਤੀਆਂ ਜੈਨੇਰਿਕ ਦਵਾਈਆਂ ਸਪਲਾਈ ਕਰਦਾ ਹੈ ਅਤੇ ਇਸ ਨੂੰ ਦੁਨੀਆ ਦੀ ਫ਼ਾਰਮੇਸੀ ਕਿਹਾ ਜਾਂਦਾ ਹੈ, ਪਰ ਕੌੜਾ ਸੱਚ ਇਹ ਹੈ ਕਿ ਸਾਡੀ ਦਵਾਈ ਉਦਯੋਗ ਦਾ 70 ਫ਼ੀਸਦੀ ਤੋਂ ਵੱਧ ਕੱਚਾ ਮਾਲ (ਐਕਟਿਵ ਫ਼ਾਰਮਾਸਿਊਟੀਕਲ ਇੰਗਰੀਡੀਐਂਟਸ - API) ਚੀਨ ਤੋਂ ਆਉਂਦਾ ਹੈ। ਜੇ ਚੀਨ ਸਪਲਾਈ ਰੋਕ ਦੇਵੇ, ਤਾਂ ਸਾਡੇ ਹਸਪਤਾਲ ਦਵਾਈਆਂ ਤੋਂ ਸੱਖਣੇ ਹੋ ਜਾਣਗੇ।

**ਹਰੀ ਤਕਨਾਲੋਜੀ ਅਤੇ ਬਿਜਲਈ ਗੱਡੀਆਂ (EV)** : ਸਰਕਾਰ ਦੇਸ਼ ਵਿੱਚ ਪ੍ਰਦੂਸ਼ਣ ਘਟਾਉਣ ਅਤੇ ਇਲੈਕਟ੍ਰਿਕ ਵਾਹਨਾਂ ਨੂੰ ਉਤਸ਼ਾਹਤ ਕਰਨ ਦੇ ਵੱਡੇ ਪ੍ਰਚਾਰ ਕਰ ਰਹੀ ਹੈ, ਪਰ ਇਹਨਾਂ ਗੱਡੀਆਂ ਦੀਆਂ ਬੈਟਰੀਆਂ, ਦੁਰਲੱਭ ਧਾਤਾਂ (Rare-Earth Magnets) ਅਤੇ ਸੋਲਰ ਪੈਨਲਾਂ ਦੇ ਪੁਰਜ਼ਿਆਂ ਲਈ ਅਸੀਂ ਪੂਰੀ ਤਰ੍ਹਾਂ ਚੀਨ ਦੇ ਮੁਥਾਜ਼ ਹਾਂ। ਇਕੱਲੇ ਬੈਟਰੀ ਅਤੇ ਸੋਲਰ ਖੇਤਰ ਵਿੱਚ ਚੀਨ ਦੀਆਂ ਕੀਮਤਾਂ ਦੁਨੀਆ ਦੇ ਕਿਸੇ ਵੀ ਦੇਸ਼ ਨਾਲੋਂ 30 ਫ਼ੀਸਦੀ ਸਸਤੀਆਂ ਹਨ, ਜਿਸ ਦਾ ਮੁਕਾਬਲਾ ਸਾਡਾ ਘਰੇਲੂ ਉਦਯੋਗ ਕਰ ਹੀ ਨਹੀਂ ਪਾ ਰਿਹਾ।

ਮਸ਼ੀਨਰੀ ਅਤੇ ਇਲੈਕਟ੍ਰਾਨਿਕਸ: ਸਾਡੇ ਕਾਰਖ਼ਾਨਿਆਂ ਵਿੱਚ ਚੱਲਣ ਵਾਲੀਆਂ ਭਾਰੀ ਮਸ਼ੀਨਾਂ, ਸੈੱਲ ਫ਼ੋਨਾਂ ਦੇ ਮਦਰਬੋਰਡ ਅਤੇ ਛੋਟੇ-ਵੱਡੇ ਇਲੈਕਟ੍ਰਾਨਿਕ ਚਿਪਸ ਸਭ ਚੀਨੀ ਫ਼ੈਕਟਰੀਆਂ ਤੋਂ ਢੋਏ ਜਾ ਰਹੇ ਹਨ। ਇੱਥੋਂ ਤੱਕ ਕਿ ਜਿਨ੍ਹਾਂ ਮੋਬਾਇਲਾਂ 'ਤੇ 'ਮੇਡ ਇਨ ਇੰਡੀਆ' ਦਾ ਠੱਪਾ ਲਗਾਇਆ ਜਾਂਦਾ ਹੈ, ਉਨ੍ਹਾਂ ਦੇ ਅੰਦਰੂਨੀ ਪੁਰਜ਼ੇ ਵੀ ਚੀਨ ਤੋਂ ਮੰਗਵਾ ਕੇ ਇੱਥੇ ਸਿਰਫ਼ ਜੋੜੇ (assemble) ਜਾਂਦੇ ਹਨ।

ਸਰਕਾਰ ਨੇ ਇਹ ਭਰਮ ਪੈਦਾ ਕੀਤਾ ਸੀ ਕਿ ਕੋਰੋਨਾ ਮਹਾਂਮਾਰੀ ਤੋਂ ਬਾਅਦ ਜਦੋਂ ਦੁਨੀਆ ਦੀਆਂ ਬਹੁਰਾਸ਼ਟਰੀ ਕੰਪਨੀਆਂ ਚੀਨ ਤੋਂ ਬਾਹਰ ਨਿਕਲਣਗੀਆਂ, ਤਾਂ ਭਾਰਤ ਉਨ੍ਹਾਂ ਦਾ ਪਹਿਲਾ ਅੱਡਾ ਬਣੇਗਾ, ਪਰ ਸਾਡੀਆਂ ਕਮਜ਼ੋਰ ਉਦਯੋਗਿਕ ਨੀਤੀਆਂ, ਲਾਲ ਫ਼ੀਤਾਸ਼ਾਹੀ ਅਤੇ ਬੁਨਿਆਦੀ ਢਾਂਚੇ ਦੀ ਘਾਟ ਕਾਰਨ ਉਹ ਸਾਰਾ ਮੌਕਾ ਹੱਥੋਂ ਨਿਕਲ ਗਿਆ। ਵੀਅਤਨਾਮ ਵਰਗੇ ਛੋਟੇ ਦੇਸ਼ਾਂ ਨੇ ਚੀਨ ਨਾਲ ਬਿਹਤਰ ਸਪਲਾਈ ਚੇਨ ਬਣਾ ਕੇ ਉਹ ਸਾਰਾ ਨਿਵੇਸ਼ ਆਪਣੇ ਵੱਲ ਖਿੱਚ ਲਿਆ। ਅੱਜ ਹਾਲਾਤ ਇਹ ਹਨ ਕਿ ਜੋ ਸਾਮਾਨ ਦੱਖਣ-ਪੂਰਬੀ ਏਸ਼ੀਆਈ ਦੇਸ਼ਾਂ ਤੋਂ ਸਾਡੇ ਵੱਲ ਆਉਂਦਾ ਦਿਖਾਈ ਦਿੰਦਾ ਹੈ, ਉਸ ਵਿੱਚੋਂ ਵੀ ਵੱਡਾ ਹਿੱਸਾ ਚੀਨੀ ਮਾਲ ਹੀ ਹੁੰਦਾ ਹੈ, ਜਿਸ ਨੂੰ ਸਿਰਫ਼ ਪੈਕਿੰਗ ਬਦਲ ਕੇ ਭਾਰਤ ਭੇਜਿਆ ਜਾਂਦਾ ਹੈ।

ਦੂਜੇ ਪਾਸੇ, ਅੰਤਰਰਾਸ਼ਟਰੀ ਮੰਚ 'ਤੇ ਅਮਰੀਕਾ, ਇਜ਼ਰਾਈਲ ਅਤੇ ਈਰਾਨ ਦੇ ਤਣਾਅ ਕਾਰਨ ਤੇਲ ਅਤੇ ਊਰਜਾ ਦੀਆਂ ਕੀਮਤਾਂ ਅਸਮਾਨੀ ਚੜ੍ਹ ਰਹੀਆਂ ਹਨ। ਭਾਰਤੀ ਰੁਪਿਆ ਡਾਲਰ ਦੇ ਮੁਕਾਬਲੇ ਲਗਾਤਾਰ ਡਿੱਗ ਰਿਹਾ ਹੈ। ਅਜਿਹੇ ਗੰਭੀਰ ਸਮੇਂ ਵਿੱਚ ਚੀਨ ਤੋਂ ਵਧਦਾ ਦਰਾਮਦ ਸਾਡੇ ਵਪਾਰਕ ਘਾਟੇ (Trade Deficit) ਨੂੰ ਹੋਰ ਚੌੜਾ ਕਰ ਰਿਹਾ ਹੈ, ਜਿਸ ਦਾ ਸਿੱਧਾ ਬੋਝ ਆਮ ਲੋਕਾਂ ਦੀਆਂ ਜੇਬਾਂ ਅਤੇ ਵਧਦੀ ਮਹਿੰਗਾਈ 'ਤੇ ਪੈ ਰਿਹਾ ਹੈ।

ਸਰਕਾਰ ਦੀ ਸਥਿਤੀ ਅੱਜ ਇਹ ਬਣ ਚੁੱਕੀ ਹੈ ਕਿ ਉਹ ਨਾ ਤਾਂ ਚੀਨੀ ਸਾਮਾਨ ਨੂੰ ਰੋਕ ਸਕਦੀ ਹੈ ਅਤੇ ਨਾ ਹੀ ਖੁੱਲ੍ਹ ਕੇ ਆਪਣੀ ਨਿਰਭਰਤਾ ਮੰਨ ਸਕਦੀ ਹੈ। ਆਰਥਿਕ ਮਾਹਰ ਖ਼ੁਦ ਕਹਿ ਰਹੇ ਹਨ ਕਿ ਭਾਰਤ ਕੋਲ ਚੀਨ ਅੱਗੇ ਝੁਕਣ ਅਤੇ ਉਸ ਦੀਆਂ ਕੰਪਨੀਆਂ ਨੂੰ ਦੁਬਾਰਾ ਸੱਦਾ ਦੇਣ ਤੋਂ ਬਿਨਾਂ ਕੋਈ ਚਾਰਾ ਨਹੀਂ ਰਿਹਾ। ਚੀਨ ਦੇ ਰਾਸ਼ਟਰਪਤੀ ਸਾਲਾਂ ਬਾਅਦ ਭਾਰਤ ਦੀ ਧਰਤੀ 'ਤੇ ਆ ਕੇ ਗਏ ਹਨ, ਸਰਹੱਦਾਂ 'ਤੇ ਸਥਿਤੀ ਅਜੇ ਵੀ ਪੂਰੀ ਤਰ੍ਹਾਂ ਸਾਡੇ ਪੱਖ ਵਿਚ ਨਹੀਂ ਹੈ, ਪਰ ਸਾਡੇ ਹਾਕਮ ਆਰਥਿਕ ਮਜਬੂਰੀਆਂ ਕਾਰਨ ਚੁੱਪ ਧਾਰਨ ਲਈ ਮਜਬੂਰ ਹਨ।

ਜਦੋਂ ਤੱਕ ਸਰਕਾਰ ਥਾਲੀਆਂ ਦੀ ਰਾਜਨੀਤੀ ਅਤੇ ਧਾਰਮਿਕ ਧਰੁਵੀਕਰਨ ਦੇ ਤਮਾਸ਼ੇ ਬੰਦ ਕਰਕੇ ਅਸਲ ਉਦਯੋਗਿਕ ਕ੍ਰਾਂਤੀ ਵੱਲ ਧਿਆਨ ਨਹੀਂ ਦਿੰਦੀ, ਉਦੋਂ ਤੱਕ 'ਆਤਮ-ਨਿਰਭਰ ਭਾਰਤ' ਸਿਰਫ਼ ਇੱਕ ਚੋਣਵੀ ਜੁਮਲੇਬਾਜ਼ੀ ਬਣ ਕੇ ਰਹਿ ਜਾਵੇਗਾ ਅਤੇ ਸਾਡਾ ਦੇਸ਼ ਆਰਥਿਕ ਤੌਰ 'ਤੇ ਚੀਨ ਦਾ ਗ਼ੁਲਾਮ ਬਣਿਆ ਰਹੇਗਾ।

**# ਸੰਪਰਕ : 94230-81058**

# ਸੇਵਾ ਕੇਂਦਰ ਮੁਲਾਜ਼ਮਾਂ ਵੱਲੋਂ ਕਿਰਤ ਕਮਿਸ਼ਨਰ ਦਫ਼ਤਰ ਅੱਗੇ ਰੋਸ ਪ੍ਰਦਰਸ਼ਨ

## ਸਰਕਾਰ ਨੂੰ 2 ਅਕਤੂਬਰ ਤੱਕ ਦਾ ਅਲਟੀਮੇਟਮ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਪੰਜਾਬ ਭਰ ਤੋਂ ਪਹੁੰਚੇ ਸੇਵਾ ਕੇਂਦਰ ਮੁਲਾਜ਼ਮ ਯੂਨੀਅਨ ਪੰਜਾਬ ਦੇ ਮੈਂਬਰਾਂ ਵੱਲੋਂ ਬੁੱਧਵਾਰ ਕਿਰਤ ਕਮਿਸ਼ਨਰ ਪੰਜਾਬ ਦੇ ਦਫ਼ਤਰ ਸਾਹਮਣੇ ਸਵੇਰ ਤੋਂ ਭਾਰੀ ਧੁੱਪ ਵਿੱਚ ਇਕ ਵਿਸ਼ਾਲ ਤੇ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ ਤੇ ਪੰਜਾਬ ਸਰਕਾਰ ਤੇ ਕਿਰਤ ਕਮਿਸ਼ਨ ਪੰਜਾਬ



ਖਿਲਾਫ ਜੰਮ ਕੇ ਨਾਅਰੇਬਾਜ਼ੀ ਕੀਤੀ ਗਈ। ਪ੍ਰਦਰਸ਼ਨ ਦੌਰਾਨ ਲੰਮਾ ਸਮਾਂ ਕੋਈ ਵੀ ਉੱਚ ਅਧਿਕਾਰੀ ਮੁਲਾਜ਼ਮਾਂ ਦੀ ਸਾਰ ਲੈਣ ਨਹੀਂ ਪਹੁੰਚਿਆ, ਜਿਸ ਤੋਂ ਬਾਅਦ ਗੁੱਸੇ ਵਿੱਚ ਆਏ ਕਰਮਚਾਰੀਆਂ ਨੇ ਦਫ਼ਤਰ ਦੇ ਗੇਟ ਨੂੰ ਤਾਲਾ ਲਗਾ ਕੇ ਧਰਨਾ ਲਗਾ ਦਿੱਤਾ। ਧਰਨੇ ਦੀ ਤੀਬਰਤਾ ਨੂੰ ਦੇਖਦਿਆਂ ਡਿਪਟੀ ਲੇਬਰ ਕਮਿਸ਼ਨਰ ਬਲਜੀਤ ਸਿੰਘ ਮੌਕੇ 'ਤੇ ਪਹੁੰਚੇ ਤੇ ਮੁਲਾਜ਼ਮਾਂ ਦਾ ਮੰਗ ਪੱਤਰ ਪ੍ਰਾਪਤ ਕੀਤਾ। ਉਨ੍ਹਾਂ ਵਿਸ਼ਵਾਸ ਦਿਵਾਇਆ ਕਿ ਉੱਚ ਅਧਿਕਾਰੀਆਂ ਨਾਲ ਗੱਲਬਾਤ ਕਰਕੇ ਜਲਦੀ ਹੀ ਘੱਟੋ-ਘੱਟ ਉਜ਼ਰਤਾਂ ਤੇ ਕਿਰਤ ਕਾਨੂੰਨ ਲਾਗੂ ਕਰਵਾਏ ਜਾਣਗੇ, ਜਿਸ ਤੋਂ ਬਾਅਦ ਗੇਟ ਖੋਲ੍ਹ ਕੇ ਧਰਨਾ ਸਮਾਪਤ ਕੀਤਾ ਗਿਆ। ਇਸ ਮੌਕੇ ਯੂਨੀਅਨ ਵੱਲੋਂ ਆਪਣੀਆਂ ਮੁੱਖ ਮੰਗਾਂ ਨੂੰ ਜ਼ੋਰਦਾਰ ਤਰੀਕੇ ਨਾਲ ਰੱਖਦਿਆਂ ਦੱਸਿਆ ਗਿਆ ਕਿ ਗ੍ਰੈਜੂਏਟ ਮੁਲਾਜ਼ਮਾਂ ਨੂੰ ਮੌਜੂਦਾ ਸਮੇਂ ਸਿਰਫ਼ 14,000 ਰੁਪਏ ਤਨਖਾਹ ਦਿੱਤੀ ਜਾ ਰਹੀ ਹੈ, ਜਦੋਂ ਕਿ ਨਿਯਮਾਂ ਤਹਿਤ ਘੱਟੋ-ਘੱਟ ਉਜ਼ਰਤ 17,500 ਰੁਪਏ ਬਣਦੀ ਹੈ, ਜੋ ਕਿ ਤੁਰੰਤ ਲਾਗੂ ਕੀਤੀ ਜਾਵੇ। ਇਸ ਤੋਂ ਇਲਾਵਾ ਪ੍ਰਾਈਵੇਟ ਕੰਪਨੀਆਂ ਵੱਲੋਂ ਕਿਰਤ ਕਾਨੂੰਨਾਂ ਦੀ ਸ਼ਰੇਆਮ ਉਲੰਘਣਾ ਕੀਤੀ ਜਾ ਰਹੀ ਹੈ ਤੇ ਮੁਲਾਜ਼ਮਾਂ ਤੋਂ ਬਿਨਾਂ ਕਿਸੇ ਓਵਰਟਾਈਮ ਪੇਅ ਦੇ 9-9 ਘੰਟੇ ਕੰਮ ਲਿਆ ਜਾ ਰਿਹਾ ਹੈ। ਨਾਲ ਹੀ ਸਕਿਉਰਟੀ ਗਾਰਡਾਂ ਨੂੰ ਸਮੇਂ ਸਿਰ ਤਨਖਾਹਾਂ ਨਾ ਮਿਲਣ, ਬੋਨਸ ਤੇ ਬਣਦੀਆਂ ਛੁੱਟੀਆਂ ਦੇਣ ਤੋਂ ਇਨਕਾਰ ਕਰਨ ਵਰਗੀਆਂ ਧੱਕੇਸ਼ਾਹੀਆਂ ਦਾ ਵੀ ਤੁਰੰਤ ਨੋਟਿਸ ਲਿਆ ਜਾਵੇ। ਇਸ ਮੌਕੇ ਪੰਜਾਬ ਏਟਕ ਦੇ ਜਨਰਲ ਸਕੱਤਰ ਕਾਮਰੇਡ ਨਿਰਮਲ ਸਿੰਘ ਧਾਲੀਵਾਲ ਨੇ ਪੰਜਾਬ ਸਰਕਾਰ ਤੇ ਕਿਰਤ ਵਿਭਾਗ ਨੂੰ ਸਖ਼ਤ ਚੇਤਾਵਨੀ ਦਿੰਦਿਆਂ ਆਖਿਆ ਕਿ ਸਰਕਾਰ ਤੇ ਵਿਭਾਗ ਇਨ੍ਹਾਂ ਕਰਮਚਾਰੀਆਂ ਨੂੰ ਇਕੱਲਾ ਨਾ ਸਮਝੇ, ਇਨ੍ਹਾਂ ਦੀ ਪਿੱਠ ਪਿੱਛੇ 'ਪੰਜਾਬ ਏਟਕ' ਵਰਗੀ ਵੱਡੀ ਤੇ ਮਜ਼ਬੂਤ ਜਥੇਬੰਦੀ ਚੱਟਾਨ ਵਾਂਗ ਖੜ੍ਹੀ ਹੈ। ਉਨ੍ਹਾਂ ਸਪੱਸ਼ਟ ਕੀਤਾ ਕਿ ਜੇਕਰ ਸਰਕਾਰ ਨੇ ਜਲਦੀ ਇਨ੍ਹਾਂ ਦੀਆਂ ਮੰਗਾਂ ਨਾ ਮੰਨੀਆਂ, ਤਾਂ ਪੰਜਾਬ ਏਟਕ ਇਸ ਸੰਘਰਸ਼ ਨੂੰ ਖ਼ੁਦ ਅੱਗੇ ਹੋ ਕੇ ਲੜੇਗੀ ਤੇ ਪੂਰੇ ਪੰਜਾਬ ਵਿੱਚ ਤਿੱਖਾ ਸੰਘਰਸ਼ ਛੇੜਿਆ ਜਾਵੇਗਾ। ਇਸ ਦੇ ਨਾਲ ਹੀ, ਪੰਜਾਬ ਏਟਕ ਦੇ ਸੂਬਾ ਮੀਤ ਪ੍ਰਧਾਨ ਵਿਨੋਦ ਚੁੱਘ ਨੇ ਦੱਸਿਆ ਕਿ ਮੰਗ ਪੱਤਰ ਵਿਚ ਕਿਰਤ ਕਮਿਸ਼ਨਰ ਨੂੰ 2 ਅਕਤੂਬਰ ਤੱਕ ਦਾ ਸਮਾਂ ਦਿੱਤਾ ਗਿਆ ਹੈ। ਜੇਕਰ ਇਸ ਸਮੇਂ ਤੱਕ ਘੱਟੋ-ਘੱਟ ਉਜ਼ਰਤਾਂ ਤੇ ਕਿਰਤ ਕਾਨੂੰਨ ਲਾਗੂ ਨਹੀਂ ਕੀਤੇ ਗਏ, ਤਾਂ 2 ਅਕਤੂਬਰ ਤੋਂ ਬਾਅਦ ਪੰਜਾਬ ਭਰ ਵਿੱਚ ਕਿਰਤ ਕਮਿਸ਼ਨਰ ਤੇ ਮੁੱਖ ਮੰਤਰੀ ਪੰਜਾਬ ਦੇ ਪੁਤਲੇ ਸਾੜੇ ਜਾਣਗੇ। ਇਸ ਮੌਕੇ ਪ੍ਰਧਾਨ ਬਲਜਿੰਦਰ ਸਿੰਘ ਮਾਝਾ, ਜਨਰਲ ਸਕੱਤਰ ਗੁਰਸੇਵਕ ਸਿੰਘ, ਉਪ ਪ੍ਰਧਾਨ ਮੋਹਿਨੀ ਸ਼ਰਮਾ ਤੇ ਹੋਰਨਾਂ ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਮਸਲਾ ਹੱਲ ਨਾ ਹੋਇਆ ਤਾਂ ਪੂਰੇ ਪੰਜਾਬ ਦੇ ਸਮੂਹ ਸੇਵਾ ਕੇਂਦਰ ਮੁਕੰਮਲ ਤੌਰ 'ਤੇ ਬੰਦ ਕਰ ਦਿੱਤੇ ਜਾਣਗੇ ਤੇ ਮੋਹਾਲੀ ਵਿਖੇ ਕਿਰਤ ਕਮਿਸ਼ਨਰ ਦਫ਼ਤਰ ਬਾਹਰ ਪੱਕਾ ਮੋਰਚਾ ਲਗਾ ਦਿੱਤਾ ਜਾਵੇਗਾ। ਇਸ ਦੀ ਸਾਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਤੇ ਸਬੰਧਤ ਵਿਭਾਗ ਦੀ ਹੋਵੇਗੀ।

# ਕਰਜ਼ ਵਸੂਲੀ ਲਈ ਜ਼ਮੀਨ ਨਿਲਾਮੀ ਵਿਰੁੱਧ ਕਿਸਾਨਾਂ ਵੱਲੋਂ ਰੋਸ ਪ੍ਰਦਰਸ਼ਨ



**ਰਾਏਕੋਟ (ਸੰਤੋਖ ਗਿੱਲ)**-ਭਾਰਤੀ ਕਿਸਾਨ ਯੂਨੀਅਨ (ਏਕਤਾ ਉਗਰਾਹਾਂ) ਵੱਲੋਂ ਪਿੰਡ ਅੱਬੂਵਾਲ ਵਿੱਚ ਕਿਸਾਨ ਰਜਿੰਦਰ ਸਿੰਘ ਤੋਂ ਕਰਜ਼ ਵਸੂਲੀ ਲਈ ਜ਼ਮੀਨ ਦੀ ਨਿਲਾਮੀ ਵਿਰੁੱਧ ਉਸ ਦੇ ਖੇਤਾਂ ਵਿੱਚ ਰੋਸ ਪ੍ਰਦਰਸ਼ਨ ਕੀਤਾ ਗਿਆ।ਕਿਸਾਨਾਂ ਨੇ ਐੱਸ.ਬੀ.ਆਈ. ਸੁਧਾਰ ਬਰਾਂਚ ਵੱਲੋਂ ਜਾਰੀ ਨਿਲਾਮੀ ਨੋਟਿਸ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਚਰਨ ਸਿੰਘ ਨੂਰਪੁਰਾ ਨੇ ਕਿਹਾ ਕਿ ਕਿਸਾਨ ਰਜਿੰਦਰ ਸਿੰਘ ਨੇ ਕਰੀਬ 9 ਕਿੱਲੇ ਜ਼ਮੀਨ 'ਤੇ 50 ਲੱਖ ਰੁਪਏ ਦਾ ਕਰਜ਼ਾ ਲਿਆ ਸੀ।ਕਿਸਾਨ ਨੇ ਰਵਾਇਤੀ ਫ਼ਸਲਾਂ ਦੀ ਬਜਾਏ ਬਾਗ਼ਬਾਨੀ ਰਾਹੀਂ ਆਮਦਨ ਵਧਾਉਣ ਦੀ ਕੋਸ਼ਿਸ਼ ਕੀਤੀ ਤੇ ਖੇਤ ਵਿੱਚ ਕੇਲਿਆਂ ਆਦਿ ਦੀ ਫ਼ਸਲ ਵੀ ਲਗਾਈ ਸੀ, ਪਰ ਭਾਰੀ ਮੀਂਹ ਕਾਰਨ ਮੂੰਗੀ ਦੀ ਫ਼ਸਲ ਖ਼ਰਾਬ ਹੋ ਗਈ। ਇਸ ਤੋਂ ਬਾਅਦ ਮੱਕੀ ਦੀ ਫ਼ਸਲ ਲਗਾਉਣ 'ਤੇ ਵੀ ਝਾੜ ਘਟਣ ਕਾਰਨ ਕਿਸਾਨ ਨੂੰ ਭਾਰੀ ਨੁਕਸਾਨ ਝੱਲਣਾ ਪਿਆ।ਲਗਾਤਾਰ ਫ਼ਸਲੀ ਨੁਕਸਾਨ ਕਾਰਨ ਉਹ ਕਰਜ਼ੇ ਦੀਆਂ ਕਿਸ਼ਤਾਂ ਅਦਾ ਕਰਨ ਤੋਂ ਅਸਮਰਥ ਹੋ ਗਿਆ ਸੀ। ਉਨ੍ਹਾਂ ਕਿਹਾ ਕਿ ਕਿਸਾਨ ਪਹਿਲਾਂ ਹੀ ਆਪਣੀ ਜ਼ਮੀਨ ਗਹਿਣੇ ਰੱਖ ਕੇ ਕਰਜ਼ਾ ਲੈਂਦਾ ਹੈ ਤੇ ਫ਼ਸਲਾਂ ਦੇ ਨੁਕਸਾਨ ਦੀ ਸੂਰਤ ਵਿੱਚ ਉਸ 'ਤੇ ਕਰਜ਼ੇ ਦੀ ਵਾਪਸੀ ਦਾ ਦਬਾਅ ਹੋਰ ਵਧ ਜਾਂਦਾ ਹੈ।ਯੂਨੀਅਨ ਆਗੂਆਂ ਨੇ ਮੰਗ ਕੀਤੀ ਕਿ ਕਿਸਾਨਾਂ ਦੀਆਂ ਜ਼ਮੀਨਾਂ ਦੀ ਨਿਲਾਮੀ ਦੀ ਕਾਰਵਾਈ ਰੋਕੀ ਜਾਵੇ ਤੇ ਕਰਜ਼ੇ ਦੇ ਸੰਕਟ ਦਾ ਸਰਕਾਰੀ ਪੱਧਰ 'ਤੇ ਹੱਲ ਕੀਤਾ ਜਾਵੇ।ਇਸ ਮੌਕੇ ਸੁਦਾਗਰ ਸਿੰਘ ਘੁਡਾਣੀ ਤੇ ਮਨਜੀਤ ਸਿੰਘ ਬੁਢੇਲ ਨੇ ਕਿਹਾ ਕਿ ਕਿਸਾਨਾਂ ਨੂੰ ਕਰਜ਼ਾ ਦੇਣ ਸਮੇਂ ਜ਼ਮੀਨਾਂ ਗਹਿਣੇ ਰੱਖੀਆਂ ਜਾਂਦੀਆਂ ਹਨ, ਜਦਕਿ ਵੱਡੀਆਂ ਕੰਪਨੀਆਂ ਤੇ ਕਾਰਪੋਰੇਟ ਅਦਾਰਿਆਂ ਨੂੰ ਕਰੋੜਾਂ ਰੁਪਏ ਦੇ ਕਰਜ਼ੇ ਦਿੱਤੇ ਜਾਣ ਅਤੇ ਬਾਅਦ ਵਿੱਚ ਕਰਜ਼ਾ ਨਾ ਮੋੜਨ ਦੀ ਸੂਰਤ ਵਿੱਚ ਰਾਹਤ ਮਿਲਣ ਦੇ ਮੁੱਦੇ 'ਤੇ ਸਰਕਾਰਾਂ ਨੂੰ ਸਪੱਸ਼ਟ ਨੀਤੀ ਬਣਾਉਣੀ ਚਾਹੀਦੀ ਹੈ।ਕਿਸਾਨ ਆਗੂਆਂ ਨੇ ਰੋਸ ਪ੍ਰਗਟਾਇਆ ਕਿ ਨਿਲਾਮੀ ਦੇ ਮਾਮਲੇ ਸਬੰਧੀ ਮੌਕੇ 'ਤੇ ਕੋਈ ਵੀ ਅਧਿਕਾਰੀ ਨਹੀਂ ਪਹੁੰਚਿਆ।ਉਨ੍ਹਾਂ ਕਿਹਾ ਕਿ ਪ੍ਰਸ਼ਾਸਨ ਨੂੰ ਕਿਸਾਨ ਦੀ ਸਥਿਤੀ ਨੂੰ ਗੰਭੀਰਤਾ ਨਾਲ ਲੈਂਦਿਆਂ ਮਾਮਲੇ ਦਾ ਹੱਲ ਕੱਢਣਾ ਚਾਹੀਦਾ ਹੈ।ਇਸ ਮੌਕੇ ਦਰਸ਼ਨ ਸਿੰਘ ਫੱਲੇਵਾਲ, ਅਜੀਤ ਸਿੰਘ ਦਾਖਾ, ਤੀਰਥ ਸਿੰਘ ਤਲਵੰਡੀ, ਲਵਲੀ ਤੇ ਗੁਰਦੇਵ ਸਿੰਘ ਨਾਰੰਗਵਾਲ ਸਮੇਤ ਹੋਰ ਕਿਸਾਨ ਆਗੂ ਤੇ ਵਰਕਰ ਹਾਜ਼ਰ ਸਨ।

# ਅਕਾਲੀ ਦਲ ਨੇ ਸ਼ਾਂਤੀ ਤੇ ਭਾਈਚਾਰਕ ਸਾਂਝ ਦਾ ਦੌਰ ਕਾਇਮ ਕੀਤਾ : ਸੁਖਬੀਰ ਬਾਦਲ

**ਮੋਗਾ/ਨਿਹਾਲ ਸਿੰਘ ਵਾਲਾ/ਬੱਧਨੀ ਕਲਾਂ (ਇਕਬਾਲ ਸਿੰਘ ਖਹਿਰਾ/ਲਵਲੀ ਮਾਛੀਕੇ/ਨਛੱਤਰ ਸੰਧੂ)**-ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਵੱਲੋਂ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਨੂੰ ਦੇਖਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਆਗੂਆਂ ਤੇ ਵਰਕਰਾਂ ਵਿੱਚ ਜੋਸ਼ ਭਰਨ ਲਈ ਬੱਧਨੀ ਕਲਾਂ ਵਿਖੇ ਪੰਜਾਬ ਬਚਾਓ ਰੈਲੀ ਕੀਤੀ ਗਈ।ਇਸ ਵਿਸ਼ਾਲ ਰੈਲੀ ਦੌਰਾਨ ਪਾਰਟੀ ਪ੍ਰਧਾਨ ਸੁਖਬੀਰ ਸਿੰਘ ਬਾਦਲ ਨਾਲ ਹਲਕਾ ਧਰਮਕੋਟ ਦੇ ਇੰਚਾਰਜ ਰਾਜਵਿੰਦਰ ਸਿੰਘ ਧਰਮਕੋਟ, ਸ਼੍ਰੋਮਣੀ ਅਕਾਲੀ ਦਲ ਦੇ ਜ਼ਿਲ੍ਹਾ ਪ੍ਰਧਾਨ ਨਿਹਾਲ ਸਿੰਘ ਭੁੱਲਰ ਤਲਵੰਡੀ ਭੰਗੇਰੀਆਂ, ਕੋਰ ਕਮੇਟੀ ਮੈਂਬਰ ਜਥੇਦਾਰ ਤੀਰਥ ਸਿੰਘ ਮਾਹਲਾ, ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਮੀਤ ਪ੍ਰਧਾਨ ਰਣਵਿੰਦਰ ਸਿੰਘ ਪੱਪੂ ਰਾਮੂੰਵਾਲਾ, ਹਲਕਾ ਧਰਮਕੋਟ ਦੇ ਇੰਚਾਰਜ ਬਰਜਿੰਦਰ ਸਿੰਘ ਬਰਾੜ, ਹਲਕਾ ਮੋਗਾ ਦੇ ਇੰਚਾਰਜ ਸੰਜੀਤ ਸਿੰਘ ਸਨੀ ਗਿੱਲ, ਸ਼ਹਿਰੀ ਪ੍ਰਧਾਨ ਖਣਮੁੱਖ ਭਾਰਤੀ ਪੱਤੋਂ, ਸੀਨੀਅਰ ਅਕਾਲੀ ਆਗੂ ਬੂਟਾ ਸਿੰਘ ਦੌਲਤਪੁਰਾ, ਰਵਦੀਪ ਸਿੰਘ ਦਰਾਪੁਰ ਆਦਿ ਆਗੂ ਮੌਜੂਦ ਸਨ।

ਵਿਸ਼ਾਲ ਰੈਲੀ ਨੂੰ ਸੰਬੋਧਨ ਕਰਦਿਆਂ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਆਮ ਆਦਮੀ ਪਾਰਟੀ ਦੀ ਸਰਕਾਰ ਪੰਜਾਬ ਵਿੱਚ ਬੁਰੀ ਤਰ੍ਹਾਂ ਫੇਲ੍ਹ ਹੋਈ ਹੈ। ਮੁੱਖ ਮੰਤਰੀ ਭਗਵੰਤ ਮਾਨ ਨੇ ਲੋਕਾਂ ਦੀ ਭਲਾਈ ਲਈ ਆਪਣੇ 'ਹਰੇ ਪੈੱਨ' ਦੀ ਵਰਤੋਂ ਕਰਨ ਦਾ ਵਾਅਦਾ ਕੀਤਾ ਸੀ, ਪਰ ਇਸ ਦੀ ਵਰਤੋਂ ਸਿਰਫ਼ ਕਿਸਾਨਾਂ, ਮੁਲਾਜ਼ਮਾਂ ਤੇ ਔਰਤਾਂ 'ਤੇ ਜ਼ੁਲਮ ਕਰਨ ਲਈ ਹੀ ਕੀਤੀ ਗਈ ਹੈ।ਇਸ ਸਰਕਾਰ ਨੇ ਸ਼ੇਰੋਂ ਪਿੰਡ ਦੇ ਮੋਹਨਜੀਤ ਸਿੰਘ ਜਾਂ ਗੁਲਜ਼ਾਰ ਸਿੰਘ ਵਰਗੇ ਲੋਕਾਂ ਨੂੰ ਵੀ ਨਹੀਂ ਬਖ਼ਸ਼ਿਆ, ਜੋ ਜਮਹੂਰੀ ਢੰਗ ਨਾਲ ਰੋਸ ਪ੍ਰਦਰਸ਼ਨ ਕਰ ਰਹੇ ਸਨ ਜਾਂ ਸਿਰਫ਼ ਇਹ ਆਵਾਜ਼ ਉਠਾ ਰਹੇ ਸਨ ਕਿ ਕਿਵੇਂ ਸਿੰਥੈਟਿਕ ਨਸ਼ਿਆਂ ਦੀ ਖੁੱਲ੍ਹੀ ਉਪਲਬਧਤਾ ਪੂਰੀ ਪੀੜ੍ਹੀ ਨੂੰ ਤਬਾਹ ਕਰ ਰਹੀ ਹੈ।ਉਨ੍ਹਾਂ ਦੱਸਿਆ ਕਿ ਕਾਨੂੰਨ-ਵਿਵਸਥਾ ਇੰਨੀ ਹੇਠਲੇ ਪੱਧਰ 'ਤੇ ਪਹੁੰਚ ਗਈ ਹੈ ਕਿ ਬਾਬਾ ਸਾਹਿਬ ਬੀ. ਆਰ. ਅੰਬੇਡਕਰ ਦੇ ਬੁੱਤ ਦੀ ਦੋ ਵਾਰ ਬੇਅਦਬੀ ਕੀਤੀ ਗਈ, ਪਰ ਇਸ ਮਾਮਲੇ ਵਿੱਚ ਕੋਈ ਕਾਰਵਾਈ ਨਹੀਂ ਕੀਤੀ ਗਈ। ਸ੍ਰੀ ਬਾਦਲ ਨੇ ਲੋਕਾਂ ਨੂੰ ਆਪਣੀ ਖੇਤਰੀ ਪਾਰਟੀ ਦਾ ਸਮਰਥਨ ਕਰਨ ਦੀ ਅਪੀਲ ਕਰਦਿਆਂ ਕਿਹਾ ਕਿ ਪੰਜਾਬ ਵਿੱਚ





ਤੁਹਾਨੂੰ ਜੋ ਵੀ ਵਿਕਾਸ ਪ੍ਰੋਜੈਕਟ ਦਿਖਾਈ ਦਿੰਦੇ ਹਨ, ਇਹ ਸਭ ਅਕਾਲੀ ਦਲ ਦੇ ਸ਼ਾਸਨਕਾਲ ਦੌਰਾਨ ਹੀ ਹੋਂਦ ਵਿੱਚ ਆਏ ਸਨ।ਉਨ੍ਹਾਂ ਕਿਹਾ ਕਿ ਸਰਦਾਰ ਪ੍ਰਕਾਸ਼ ਸਿੰਘ ਬਾਦਲ ਦੀ ਅਗਵਾਈ ਹੇਠ ਅਕਾਲੀ ਦਲ ਨੇ ਸ਼ਾਂਤੀ ਤੇ ਭਾਈਚਾਰਕ ਸਾਂਝ ਦਾ ਦੌਰ ਵੀ ਕਾਇਮ ਕੀਤਾ ਸੀ।ਇਹ ਗੱਲ ਪੰਜਾਬ-ਵਿਰੋਧੀ ਤਾਕਤਾਂ ਨੂੰ ਪਸੰਦ ਨਹੀਂ ਹੈ ਤੇ ਇਸੇ ਕਰਕੇ ਮੇਰੇ 'ਤੇ ਦੋ ਵਾਰ ਹਮਲਾ ਕੀਤਾ ਗਿਆ।

## ਕਾਤਰਾਂ

### ਨਵੋਦਿਆ ਵਿਦਿਆਲਿਆ ਪ੍ਰਵੇਸ਼ ਪ੍ਰੀਖਿਆ ਲਈ ਆਵੇਦਨ 30 ਤੱਕ

**ਫਾਜ਼ਿਲਕਾ, (ਨਿਸ਼ਾ ਸ਼ਰਮਾ)**-ਪੀ.ਐੱਮ. ਸ਼੍ਰੀ ਜਵਾਹਰ ਨਵੋਦਿਆ ਵਿਦਿਆਲਿਆ ਫਾਜ਼ਿਲਕਾ ਵਿਖੇ ਸੈਸ਼ਨ 2027-28 ਲਈ ਜਮਾਤ 9ਵੀਂ ਤੇ 11ਵੀਂ ਵਿੱਚ ਪਾਸਵ ਪ੍ਰਵੇਸ਼ (ਲੇਟਰਲ ਐਂਟਰੀ) ਲਈ ਚੋਣ ਪ੍ਰੀਖਿਆ ਪ੍ਰੀਖਿਆ 10 ਅਪ੍ਰੈਲ 2027 ਨੂੰ ਹੋਵੇਗੀ।ਚਾਹਵਾਨ ਯੋਗ ਵਿਦਿਆਰਥੀ ਆਵੇਦਨ ਦੀ ਆਖਰੀ ਮਿਤੀ 30 ਸਤੰਬਰ 2026 ਤੱਕ ਆਨਲਾਈਨ ਅਪਲਾਈ ਕਰ ਸਕਦੇ ਹਨ। ਆਵੇਦਨ ਆਨ-ਲਾਈਨ ਵੈੱਬਸਾਈਟ ttps://cbseitms.nic.in/2026/ nvsix_l ਤੇ https://cbseitms.nic.in/2026/nvsxi_11 'ਤੇ ਕੀਤਾ ਜਾ ਸਕਦਾ ਹੈ।ਪ੍ਰਿੰਸੀਪਲ ਨੇ ਦੱਸਿਆ ਕਿ ਅਰਜ਼ੀ ਪ੍ਰਕਿਰਿਆ ਨਿਰਧਾਰਤ ਨਿਯਮਾਂ ਤੇ ਯੋਗਤਾ ਅਨੁਸਾਰ ਆਨਲਾਈਨ ਮਾਧਿਅਮ ਰਾਹੀਂ ਪੂਰੀ ਕੀਤੀ ਜਾਣੀ ਹੋਵੇਗੀ।ਸਾਰੇ ਮਾਪਿਆਂ ਤੇ ਵਿਦਿਆਰਥੀਆਂ ਨੂੰ ਅਪੀਲ ਕੀਤੀ ਜਾਂਦੀ ਹੈ ਕਿ ਦਾਖਲੇ ਸਬੰਧੀ ਉਮਰ ਸੀਮਾ, ਵਿੱਦਿਅਕ ਯੋਗਤਾ ਤੇ ਹੋਰ ਸ਼ਰਤਾਂ ਧਿਆਨ ਨਾਲ ਪੜ੍ਹ ਕੇ ਸਮੇਂ ਸਿਰ ਆਵੇਦਨ ਕਰਨ ਤੇ ਦਸਤਾਵੇਜ਼ ਸਹੀ ਭਰਨ।


### ਦੇਸੀ ਪਿਸਤੌਲ ਤੇ 6 ਰੌਂਦ ਸਮੇਤ ਕਾਬੂ



**ਸੁਨਾਮ (ਅਸ਼ੋਕ ਬਾਂਸਲ, ਹਾਕਮ ਭੱਟੀ)** : ਪੰਜਾਬ ਪੁਲਸ ਵੱਲੋਂ ਅਪਰਾਧੀਆਂ ਤੇ ਗੈਂਗਸਟਰਾਂ ਵਿਰੁੱਧ ਚਲਾਈ ਜਾ ਰਹੀ ਵਿਸ਼ੇਸ਼ ਮੁਹਿੰਮ ਤਹਿਤ ਸੁਨਾਮ ਸਿਟੀ ਪੁਲਸ ਨੇ ਇੱਕ ਵਿਅਕਤੀ ਨੂੰ ਕਾਬੂ ਕਰਕੇ ਉਸ ਦੇ ਕਬਜ਼ੇ ਵਿੱਚੋਂ ਦੇਸੀ ਪਿਸਤੌਲ .32 ਬੋਰ, ਇੱਕ ਮੈਗਜ਼ੀਨ ਤੇ 6 ਜ਼ਿੰਦਾ ਰੌਂਦ ਬਰਾਮਦ ਕਰਨ ਦਾ ਦਾਅਵਾ ਕੀਤਾ ਹੈ।ਪੁਲਸ ਅਨੁਸਾਰ ਇਹ ਕਾਰਵਾਈ ਡਾ. ਰਵਜੋਤ ਗਰੇਵਾਲ ਐੱਸ.ਐੱਸ.ਪੀ. ਸੰਗਰੂਰ ਦੇ ਦਿਸ਼ਾ-ਨਿਰਦੇਸ਼ਾਂ ਤੇ ਸੁਖਦੇਵ ਸਿੰਘ ਬਰਾੜ ਡੀ.ਐੱਸ.ਪੀ. ਸੁਨਾਮ ਦੀ ਨਿਗਰਾਨੀ ਹੇਠ ਕੀਤੀ ਗਈ।ਪੁਲਸ ਪਾਰਟੀ ਵੱਲੋਂ ਗਸ਼ਤ ਤੇ ਚੈਕਿੰਗ ਦੌਰਾਨ ਮਿਲੀ ਮੁਖਬਰੀ ਦੇ ਆਧਾਰ 'ਤੇ ਗੁਰਬਖ਼ਸ਼ ਸਿੰਘ ਉਰਫ਼ ਸੰਧੂ ਪੁੱਤਰ ਸ਼ੰਕਰ ਸਿੰਘ ਵਾਸੀ ਪਿੰਡ ਪੱਖੋਪੁਰ ਤਹਿਸੀਲ ਵੈਰੋਵਾਲ ਜ਼ਿਲ੍ਹਾ ਤਰਨਤਾਰਨ ਨੂੰ ਕਾਬੂ ਕੀਤਾ ਗਿਆ।ਪੁਲਸ ਨੇ ਮੁਲਜ਼ਮ ਵਿਰੁੱਧ ਮੁਕੱਦਮਾ ਥਾਣਾ ਸਿਟੀ ਸੁਨਾਮ ਵਿਖੇ ਦਰਜ ਕਰ ਮੈਜਿਸਟ੍ਰੇਟ ਸੁਨਾਮ ਦੀ ਅਦਾਲਤ ਵਿੱਚ ਪੇਸ਼ ਕੀਤਾ ਜਾ ਰਿਹਾ ਹੈ।

### ਮਨਦੀਪ ਸਿੰਘ ਬਣੇ ਆਪ ਯੂਥ ਵਿੰਗ ਦੇ ਵਾਇਸ ਜ਼ਿਲ੍ਹਾ ਪ੍ਰਧਾਨ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਆਮ ਆਦਮੀ ਪਾਰਟੀ ਵੱਲੋਂ ਪਾਰਟੀ ਲਈ ਦਿਨ-ਰਾਤ ਮਿਹਨਤ ਕਰਨ ਵਾਲੇ ਸਰਗਰਮ ਆਗੂ ਮਨਦੀਪ ਸਿੰਘ ਪਿਆਰੇਆਨਾ ਨੂੰ ਯੂਥ ਵਿੰਗ ਦਾ



ਵਾਇਸ ਜ਼ਿਲ੍ਹਾ ਪ੍ਰਧਾਨ ਨਿਯੁਕਤ ਕੀਤਾ ਗਿਆ ਹੈ। ਇਸ ਨਿਯੁਕਤੀ ਨਾਲ ਪਾਰਟੀ ਵਰਕਰਾਂ ਤੇ ਸਥਾਨਕ ਨੌਜਵਾਨਾਂ ਵਿੱਚ ਖ਼ੁਸ਼ੀ ਦੀ ਲਹਿਰ ਦੌੜ ਗਈ ਹੈ। ਇਸ ਮੌਕੇ ਹਲਕਾ ਵਿਧਾਇਕ ਰਜਨੀਸ਼ ਕੁਮਾਰ ਦਹੀਆ ਨੇ ਨਵ-ਨਿਯੁਕਤ ਵਾਇਸ ਜ਼ਿਲ੍ਹਾ ਪ੍ਰਧਾਨ ਮਨਦੀਪ ਸਿੰਘ ਨੂੰ ਵਧਾਈ ਦਿੰਦਿਆਂ ਆਖਿਆ ਕਿ ਆਮ ਆਦਮੀ ਪਾਰਟੀ ਵਿੱਚ ਨੌਜਵਾਨ ਸ਼ਕਤੀ ਦੀ ਭੂਮਿਕਾ ਸਭ ਤੋਂ ਅਹਿਮ ਹੈ। ਨੌਜਵਾਨ ਹੀ ਪਾਰਟੀ ਦੀ ਅਸਲ ਰੀੜ੍ਹ ਦੀ ਹੱਡੀ ਹਨ। ਉਨ੍ਹਾਂ ਉਮੀਦ ਜਤਾਈ ਕਿ ਮਨਦੀਪ ਸਿੰਘ ਆਪਣੀ ਇਸ ਨਵੀਂ ਜ਼ਿੰਮੇਵਾਰੀ ਨੂੰ ਪੂਰੀ ਇਮਾਨਦਾਰੀ, ਲਗਨ ਤੇ ਤਨਦੇਹੀ ਨਾਲ ਨਿਭਾਉਣਗੇ। ਆਪਣੀ ਇਸ ਮਹੱਤਵਪੂਰਨ ਨਿਯੁਕਤੀ 'ਤੇ ਖ਼ੁਸ਼ੀ ਦਾ ਪ੍ਰਗਟਾਵਾ ਕਰਦਿਆਂ ਨਵ-ਨਿਯੁਕਤ ਵਾਇਸ ਜ਼ਿਲ੍ਹਾ ਪ੍ਰਧਾਨ ਮਨਦੀਪ ਸਿੰਘ ਪਿਆਰੇਆਨਾ ਨੇ ਆਮ ਆਦਮੀ ਪਾਰਟੀ ਦੀ ਸਮੁੱਚੀ ਉੱਚ ਲੀਡਰਸ਼ਿਪ ਤੇ ਹਲਕਾ ਵਿਧਾਇਕ ਰਜਨੀਸ਼ ਕੁਮਾਰ ਦਹੀਆ ਦਾ ਤਹਿ ਦਿਲੋਂ ਧੰਨਵਾਦ ਕੀਤਾ। ਮਨਦੀਪ ਸਿੰਘ ਨੇ ਭਰੋਸਾ ਦਿਵਾਇਆ ਕਿ ਪਾਰਟੀ ਹਾਈਕਮਾਂਡ ਨੇ ਉਨ੍ਹਾਂ 'ਤੇ ਜੋ ਵਿਸ਼ਵਾਸ ਪ੍ਰਗਟਾਇਆ ਹੈ, ਉਹ ਉਸ 'ਤੇ ਪੂਰੀ ਤਰ੍ਹਾਂ ਖਰੇ ਉਤਰਨਗੇ। ਇਸ ਮੌਕੇ ਪਾਰਟੀ ਦੇ ਹੋਰ ਵੀ ਕਈ ਆਗੂ ਤੇ ਸਮਰਥਕ ਹਾਜ਼ਰ ਸਨ, ਜਿਨ੍ਹਾਂ ਨੇ ਮਨਦੀਪ ਸਿੰਘ ਦਾ ਮੂੰਹ ਮਿੱਠਾ ਕਰਵਾ ਕੇ ਉਨ੍ਹਾਂ ਨੂੰ ਸ਼ੁੱਭ-ਕਾਮਨਾਵਾਂ ਦਿੱਤੀਆਂ।

# ਦੁਕਾਨਦਾਰ 'ਤੇ ਹਮਲਾ ਕਰਨ ਵਾਲਿਆਂ ਦੀ ਗ੍ਰਿਫ਼ਤਾਰੀ ਲਈ ਥਾਣੇ ਦਾ ਘਿਰਾਓ

## ਪੁਲਸ ਤੇ ਸਰਕਾਰ ਖ਼ਿਲਾਫ਼ ਕੀਤੀ ਨਾਅਰੇਬਾਜ਼ੀ

**ਬਰੇਟਾ (ਰੀਤਵਾਲ)**-ਪਿਛਲੇ ਦਿਨੀਂ 20 ਅਗਸਤ ਦੀ ਰਾਤ ਨੂੰ ਪਿੰਡ ਕੁਲਰੀਆਂ ਵਿਖੇ ਮੋਬਾਈਲ ਫੋਨਾਂ ਦੀ ਦੁਕਾਨ ਕਰ ਰਹੇ ਹਰਬੰਸ ਸਿੰਘ ਵਾਸੀ ਜੁਗਲਾਨ 'ਤੇ ਹੋਏ ਕਾਤਲਾਨਾ



ਹਮਲੇ ਦੇ ਦੋਸ਼ੀਆਂ ਦੀ ਪੁਲਸ ਵੱਲੋਂ ਹਾਲੇ ਤੱਕ ਗ੍ਰਿਫ਼ਤਾਰੀ ਨਾ ਕੀਤੇ ਜਾਣ ਕਾਰਨ ਵੱਖ-ਵੱਖ ਸਮਾਜਿਕ ਤੇ ਵਪਾਰਕ ਜਥੇਬੰਦੀਆਂ ਤੇ ਵੱਡੀ ਗਿਣਤੀ ਵਿੱਚ ਪਿੰਡ ਵਾਸੀਆਂ ਨੇ ਅੱਜ ਬਰੇਟਾ ਪੁਲਸ ਥਾਣੇ ਦਾ ਘਿਰਾਓ ਕੀਤਾ। ਇਸ ਦੌਰਾਨ ਪ੍ਰਦਰਸ਼ਨਕਾਰੀਆਂ ਨੇ ਪੰਜਾਬ ਪੁਲਸ ਤੇ ਪੰਜਾਬ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕੀਤੀ।ਇਸ ਮੌਕੇ ਬੋਲਦਿਆਂ ਜਤਿੰਦਰ ਮੋਹਨ ਗਰਗ ਤੇ ਕੌਂਸਲਰ ਜੁਗਰਾਜ ਸਿੰਘ ਕਾਲਾ ਨੇ ਕਿਹਾ ਕਿ ਜੇਕਰ ਪੁਲਸ ਪ੍ਰਸ਼ਾਸਨ ਵੱਲੋਂ ਜਲਦ ਦੋਸ਼ੀਆਂ ਨੂੰ ਗ੍ਰਿਫ਼ਤਾਰ ਨਾ ਕੀਤਾ ਗਿਆ ਤਾਂ ਸੰਘਰਸ਼ ਹੋਰ ਤਿੱਖਾ ਕੀਤਾ ਜਾਵੇਗਾ।ਉਨ੍ਹਾਂ ਪੰਜਾਬ ਸਰਕਾਰ 'ਤੇ ਵੀ ਰੋਸ ਜਤਾਇਆ ਕਿ ਸੂਬੇ ਵਿੱਚ ਅਮਨ-ਕਾਨੂੰਨ ਦੀ ਸਥਿਤੀ ਵਿਗੜ ਰਹੀ ਹੈ ਤੇ ਅਪਰਾਧੀ ਤੱਤਾਂ ਦੇ ਹੌਸਲੇ ਬੁਲੰਦ ਹਨ।ਪ੍ਰਦਰਸ਼ਨਕਾਰੀਆਂ ਨੇ ਮੰਗ ਕੀਤੀ ਕਿ ਹਮਲੇ ਵਿੱਚ ਸ਼ਾਮਲ ਸਾਰੇ ਦੋਸ਼ੀਆਂ ਨੂੰ ਤੁਰੰਤ ਗ੍ਰਿਫ਼ਤਾਰ ਕੀਤਾ ਜਾਵੇ।ਪੀੜਤ ਦੁਕਾਨਦਾਰ ਦੇ ਪਰਵਾਰ ਨੂੰ ਬਣਦਾ ਇਨਸਾਫ਼ ਦਿੱਤਾ ਜਾਵੇ।ਇਲਾਕੇ ਵਿੱਚ ਪੁਲਸ ਗਸ਼ਤ ਵਧਾਈ ਜਾਵੇ ਤਾਂ ਜੋ ਅਜਿਹੀਆਂ ਘਟਨਾਵਾਂ ਮੁੜ ਨਾ ਵਾਪਰਨ। ਕਾਫ਼ੀ ਸਮੇਂ ਬਾਅਦ ਧਰਨੇ 'ਚ ਪਹੁੰਚੇ ਥਾਣਾ ਮੁਖੀ ਗਣੇਸ਼ਵਰ ਕੁਮਾਰ ਨੇ ਧਰਨਾਕਾਰੀਆਂ ਨੂੰ ਸ਼ਾਂਤ ਕਰਦੇ ਹੋਏ ਕਿਹਾ ਕਿ ਮਾਮਲੇ ਦੀ ਜਾਂਚ ਤੇਜ਼ੀ ਨਾਲ ਚੱਲ ਰਹੀ ਹੈ ਤੇ ਜਲਦ ਹੀ ਦੋਸ਼ੀਆਂ ਨੂੰ ਕਾਬੂ ਕਰ ਲਿਆ ਜਾਵੇਗਾ, ਪਰ ਦੂਜੇ ਪਾਸੇ ਧਰਨਾਕਾਰੀਆਂ ਵੱਲੋਂ ਧਰਨਾ ਜਾਰੀ ਰੱਖਦੇ ਹੋਏ ਇਹ ਚਿਤਾਵਨੀ ਦਿੱਤੀ ਗਈ ਕਿ ਜੇਕਰ 24 ਘੰਟਿਆਂ ਦੇ ਅੰਦਰ ਦੋਸ਼ੀਆਂ ਦੀ ਗ੍ਰਿਫ਼ਤਾਰੀ ਨਾ ਕੀਤੀ ਤਾਂ ਅਗਲੇ ਦਿਨਾਂ ਵਿੱਚ ਹੋਰ ਵੱਡਾ ਅੰਦੋਲਨ ਵਿੱਢਿਆ ਜਾਵੇਗਾ।

# ਸਰਕਾਰੀ ਐਮ ਆਰ ਕਾਲਜ 'ਚ ਏ ਆਈ ਐਸ ਐਫ ਦਾ ਯੂਨਿਟ ਸਥਾਪਿਤ

**ਜਲਾਲਾਬਾਦ/ਫਾਜ਼ਿਲਕਾ (ਬਲਵਿੰਦਰ ਸਿੰਘ)**- ਐਮ.ਆਰ. ਸਰਕਾਰੀ ਕਾਲਜ ਦੇ ਸੈਮੀਨਾਰ ਹਾਲ ਵਿੱਚ ਆਲ ਇੰਡੀਆ ਸਟੂਡੈਂਟਸ ਫੈਡਰੇਸ਼ਨ ਦੀ ਵਿਦਿਆਰਥੀ ਮੀਟਿੰਗ ਰਮਨ ਧਰਮੂਵਾਲਾ ਅਤੇ ਸਟਾਲਿਨ ਦੀ ਅਗਵਾਈ ਹੇਠ ਕਰਵਾਈ ਗਈ। ਇਸ ਮੌਕੇ ਐਮ.ਆਰ. ਕਾਲਜ ਦੇ ਸਾਬਕਾ ਪ੍ਰਧਾਨ ਨਰਿੰਦਰ ਢਾਬਾਂ, ਸਰਕਾਰੀ ਆਈ ਟੀ ਆਈ ਦੇ ਸਕੱਤਰ ਦੀਪਕ



ਅਤੇ ਖਜ਼ਾਨਚੀ ਧੀਰਜ ਵਿਸ਼ੇਸ਼ ਤੌਰ 'ਤੇ ਪਹੁੰਚੇ। ਮੀਟਿੰਗ ਦੌਰਾਨ ਵਿਦਿਆਰਥੀਆਂ ਨੂੰ ਏ.ਆਈ.ਐਸ.ਐਫ ਦੇ ਇਤਿਹਾਸ ਅਤੇ ਇਸ ਦੀਆਂ ਵਿਦਿਆਰਥੀ ਤੇ ਲੋਕਪੱਖੀ ਸਰਗਰਮੀਆਂ ਬਾਰੇ ਜਾਣਕਾਰੀ ਦਿੱਤੀ ਗਈ। ਮੀਟਿੰਗ ਵਿੱਚ ਵਿਦਿਆਰਥੀਆਂ ਨੇ ਕਾਲਜ ਨਾਲ ਜੁੜੀਆਂ ਵੱਖ-ਵੱਖ ਸਮੱਸਿਆਵਾਂ ਵੀ ਉਠਾਈਆਂ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਦੀਆਂ ਫੀਸਾਂ ਵਿੱਚ ਲਗਾਤਾਰ 20 ਫ਼ੀਸਦੀ ਵਾਧਾ ਕੀਤਾ ਜਾ ਰਿਹਾ ਹੈ, ਜਿਸ ਕਾਰਨ ਆਮ ਪਰਵਾਰਾਂ ਨਾਲ ਸੰਬੰਧਤ ਵਿਦਿਆਰਥੀਆਂ 'ਤੇ ਆਰਥਿਕ ਬੋਝ ਵਧ ਰਿਹਾ ਹੈ। ਵਿਦਿਆਰਥੀਆਂ ਨੇ ਫੀਸਾਂ ਵਿੱਚ ਕੀਤੇ ਜਾ ਰਹੇ ਵਾਧੇ ਨੂੰ ਵਾਪਸ ਲੈਣ ਅਤੇ ਸਿੱਖਿਆ ਨੂੰ ਸਸਤਾ ਤੇ ਸਭ ਲਈ ਪਹੁੰਚਯੋਗ ਬਣਾਉਣ ਦੀ ਮੰਗ ਕੀਤੀ। ਵਿਦਿਆਰਥੀਆਂ ਨੇ ਕਾਲਜ ਦੀ ਲਾਈਬ੍ਰੇਰੀ ਵਿੱਚ ਲੋੜੀਂਦੀਆਂ ਕਿਤਾਬਾਂ ਅਤੇ ਹੋਰ ਸਹੂਲਤਾਂ ਦੀ ਘਾਟ, ਕਾਲਜ ਦੀਆਂ ਇਮਾਰਤਾਂ ਦੀ ਖਸਤਾ ਹਾਲਤ ਅਤੇ ਪੀਣ ਵਾਲੇ ਸਾਫ਼ ਪਾਣੀ ਦੀ ਸਮੱਸਿਆ ਦਾ ਵੀ ਜ਼ਿਕਰ ਕੀਤਾ।ਆਗੂਆਂ ਨੇ ਕਿਹਾ ਕਿ ਕਾਲਜ ਪ੍ਰਸ਼ਾਸਨ ਅਤੇ ਸਰਕਾਰ ਨੂੰ ਇਨ੍ਹਾਂ ਬੁਨਿਆਦੀ ਸਮੱਸਿਆਵਾਂ ਦਾ ਤੁਰੰਤ ਹੱਲ ਕਰਨਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਵਿਦਿਆਰਥੀਆਂ ਅਤੇ ਨੌਜਵਾਨਾਂ ਦੇ ਭਵਿੱਖ ਨੂੰ ਸੁਰੱਖਿਅਤ ਬਣਾਉਣ ਲਈ ਸਿੱਖਿਆ ਅਤੇ ਰੁਜ਼ਗਾਰ ਦੇ ਮੁੱਦਿਆਂ 'ਤੇ ਲਗਾਤਾਰ ਸੰਘਰਸ਼ ਕੀਤਾ ਜਾਵੇਗਾ।ਮੀਟਿੰਗ ਦਾ ਦੌਰਾਨ ਨਵੀਂ ਵਿਦਿਆਰਥੀ ਕਮੇਟੀ ਦੀ ਚੋਣ ਸਰਬਸੰਮਤੀ ਨਾਲ ਕੀਤੀ ਗਈ। ਇਸ ਵਿੱਚ ਰੋਬਿਨ ਪ੍ਰਧਾਨ, ਸੁਖਿੰਦਰ ਨਵਾਂ ਸਲੇਮ ਸ਼ਾਹ ਸਕੱਤਰ, ਨਵਦੀਪ ਫੱਤੂਵਾਲਾ ਸੀਨੀਅਰ ਮੀਤ ਪ੍ਰਧਾਨ, ਗੁਰਪ੍ਰੀਤ ਸਿੰਘ ਮੀਤ ਪ੍ਰਧਾਨ, ਇੰਦਰਜੀਤ ਸਿੰਘ ਨੂੰ ਪ੍ਰੈਸ ਸਕੱਤਰ, ਮਨਪ੍ਰੀਤ ਨੂੰ ਖ਼ਜ਼ਾਨਚੀ ਅਤੇ ਗੁਰਪ੍ਰੀਤ ਸਿੰਘ ਨੂੰ ਸਹਾਇਕ ਸਕੱਤਰ ਚੁਣਿਆ ਗਿਆ। ਲੜਕੀਆਂ ਦੀ ਇੱਕ ਵੱਖਰੀ ਚੋਣ ਕੀਤੀ ਗਈ। ਜਿਸ ਵਿੱਚ ਕਨਵੀਨਰ ਪਲਕ, ਕੋ ਕਨਵੀਨਰ ਸਾਨੀਆ ਤੇ ਜਸਪ੍ਰੀਤ ਕੌਰ ਨੂੰ ਚੁਣਿਆ ਗਿਆ। ਇਸ ਮੌਕੇ ਭਰਾਤਰੀ ਜਥੇਬੰਦੀ ਦੇ ਤੌਰ 'ਤੇ ਆਲ ਇੰਡੀਆ ਯੂਥ ਫੈਡਰੇਸ਼ਨ ਦੇ ਜ਼ਿਲ੍ਹਾ ਪ੍ਰਧਾਨ ਸ਼ੁਬੇਗ ਝੰਗੜ ਭੈਣੀ, ਬਲਾਕ ਪ੍ਰਧਾਨ ਕੁਲਦੀਪ ਬਖ਼ੂ ਸ਼ਾਹ, ਗੁਰਦਿਆਲ ਢਾਬਾਂ ਅਤੇ ਰਾਜਵਿੰਦਰ ਨਿਉਲਾ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਵਿਦਿਆਰਥੀ ਹਾਜ਼ਰ ਸਨ।

# ਅਗਰਸੈਨ ਜਯੰਤੀ ਨੂੰ ਸਮਰਪਤ ਸੂਬਾ ਪੱਧਰੀ ਸਮਾਗਮ 11 ਨੂੰ



**ਜਗਰਾਉਂ, (ਸੰਜੀਵ ਅਰੋੜਾ)**- ਮਹਾਰਾਜਾ ਅਗਰਸੈਨ ਜੀ ਦੀ ਜਯੰਤੀ ਨੂੰ ਸਮਰਪਤ ਸ੍ਰੀ ਅਗਰਸੈਨ ਸਮਿਤੀ (ਰਜਿ.) ਜਗਰਾਉਂ ਅਗਰਵਾਲ ਸਮਾਜ ਵੱਲੋਂ 11 ਅਕਤੂਬਰ ਨੂੰ ਕਰਵਾਏ ਜਾ ਰਹੇ ਸੂਬਾ ਪੱਧਰੀ ਸਮਾਗਮ ਦੀ ਪ੍ਰਚਾਰ ਸਮੱਗਰੀ ਜਾਰੀ ਕੀਤੀ ਗਈ। ਲੁਧਿਆਣਾ ਦਿਹਾਤੀ ਦੇ ਐੱਸ.ਐੱਸ.ਪੀ. ਡਾ. ਅੰਕੁਰ ਗੁਪਤਾ ਨੇ ਸਮਿਤੀ ਮੈਂਬਰਾਂ ਨਾਲ ਮਿਲ ਕੇ ਇਹ ਸਮੱਗਰੀ ਜਾਰੀ ਕੀਤੀ। ਇਸ ਮੌਕੇ ਐੱਸ.ਐੱਸ.ਪੀ. ਡਾ. ਅੰਕੁਰ ਗੁਪਤਾ ਨੇ ਨੌਜਵਾਨਾਂ ਵੱਲੋਂ ਕਰਵਾਏ ਜਾ ਰਹੇ ਧਾਰਮਿਕ ਸਮਾਗਮਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਅਜਿਹੇ ਸਮਾਗਮ ਨੌਜਵਾਨ ਪੀੜ੍ਹੀ ਨੂੰ ਧਰਮ, ਸਮਾਜ ਸੇਵਾ ਤੇ ਦੇਸ਼ ਸੇਵਾ ਨਾਲ ਜੋੜਨ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ। ਸਮਿਤੀ ਦੇ ਚੇਅਰਮੈਨ ਅਨਮੋਲ ਗਰਗ, ਵਾਈਸ ਚੇਅਰਮੈਨ ਕਮਲ ਬਾਂਸਲ ਤੇ ਪ੍ਰਧਾਨ ਅਮਿਤ ਬਾਂਸਲ ਨੇ ਦੱਸਿਆ ਕਿ 11 ਅਕਤੂਬਰ ਨੂੰ ਸ਼ਾਮ 7 ਵਜੇ ਪੁਰਾਣੀ ਦਾਣਾ ਮੰਡੀ ਵਿਖੇ ਸੂਬਾ ਪੱਧਰੀ ਸਮਾਗਮ ਕਰਵਾਇਆ ਜਾਵੇਗਾ। 'ਏਕ ਸ਼ਾਮ ਸ਼੍ਰੀ ਅਗਰਸੈਨ ਜੀ ਕੇ ਨਾਮ' ਤਹਿਤ ਕਰਵਾਏ ਜਾ ਰਹੇ ਇਸ ਸਮਾਗਮ ਵਿੱਚ ਸ਼੍ਰੀ ਅਗਰਸੈਨ ਜੀ ਦਾ ਗੁਣਗਾਨ ਕੀਤਾ ਜਾਵੇਗਾ। ਇਸ ਮੌਕੇ ਸ਼੍ਰੀ ਖਾਟੂ ਧਾਮ, ਰਾਜਸਥਾਨ ਤੋਂ ਪਵਿੱਤਰ ਜੋਤੀ ਲਿਆਈ ਜਾਵੇਗੀ, ਜਦਕਿ ਵਿੰਦਾਵਨ ਧਾਮ ਤੋਂ ਸ੍ਰੀ ਕੁੰਜ ਬਿਹਾਰੀ ਦਾਸ ਜੀ ਮਹਾਰਾਜ ਭਜਨਾਂ ਦੀ ਛਹਿਬਰ ਲਾਉਣਗੇ। ਉਨ੍ਹਾਂ ਦੱਸਿਆ ਕਿ ਸਮਾਗਮ ਦੀਆਂ ਤਿਆਰੀਆਂ ਵੱਡੇ ਪੱਧਰ 'ਤੇ ਜਾਰੀ ਹਨ। ਇਸ ਮੌਕੇ ਦੀਪਕ ਗੋਇਲ, ਮੋਹਿਤ ਗੋਇਲ, ਵੈਭਵ ਜੈਨ ਬਾਂਸਲ, ਪੁਨੀਤ ਬਾਂਸਲ, ਸੰਜੀਵ ਬਾਂਸਲ, ਸਕਸ਼ਮ ਜੈਨ ਗੋਇਲ, ਹਰਸ਼ ਸਿੰਗਲਾ, ਮੋਹਿਤ ਬਾਂਸਲ, ਸ਼ੁਭਮ ਜੈਨ ਗਰਗ, ਅਮਿਤ ਸਿੰਗਲਾ, ਰੋਹਿਤ ਗੋਇਲ, ਪ੍ਰਦਿਊਮ ਬਾਂਸਲ, ਮੰਦਰ ਕਮੇਟੀ ਦੇ ਪ੍ਰਧਾਨ ਮੁਕੇਸ਼ ਬਾਂਸਲ, ਆਸ਼ੀਸ਼ ਗੁਪਤਾ, ਪੱਤਰਕਾਰ ਸੰਜੀਵ ਗੁਪਤਾ, ਕੈਪਟਨ ਨਰੇਸ਼ ਵਰਮਾ, ਯੂਟਿਊਬਰ ਬਲੌਗਰ ਸੋਨੀ ਮੱਕੜ ਤੇ ਸੈਮ ਅਰੋੜਾ ਸਮੇਤ ਵੱਡੀ ਗਿਣਤੀ ਵਿੱਚ ਸਨਾਤਨ ਪ੍ਰੇਮੀ ਹਾਜ਼ਰ ਸਨ।

# ਧਰਮ ਵੱਖ-ਵੱਖ ਹੋ ਸਕਦੇ ਹਨ, ਪਰ ਮਨੁੱਖਤਾ ਸਾਨੂੰ ਇੱਕ ਕਰਦੀ ਹੈ : ਸਤਪਾਲ ਪੂਨੀਆ



**ਸਨੌਰ (ਰਾਜਿੰਦਰ ਸਿੰਘ ਥਿੰਦ)**-ਭਾਰਤੀ ਜਨਤਾ ਪਾਰਟੀ ਦੇ ਹਲਕਾ ਸਨੌਰ ਦੇ ਇੰਚਾਰਜ ਤੇ ਜੀ ਰਾਮ ਜੀ ਸੈੱਲ ਦੇ ਜਨਰਲ ਸਕੱਤਰ ਪੰਜਾਬ ਸਤਪਾਲ ਪੂਨੀਆ ਨੇ ਅਜਮੇਰ ਸ਼ਰੀਫ਼ ਰਾਜਸਥਾਨ ਵਿਖੇ ਪਹੁੰਚ ਕੇ ਮੱਥਾ ਟੇਕਿਆ ਤੇ ਸਰਬੱਤ ਦੇ ਭਲੇ ਲਈ ਅਰਦਾਸ ਕੀਤੀ।ਇਸ ਮੌਕੇ ਉਨ੍ਹਾਂ ਦੀ ਹਾਜੀ ਸੱਯਦ ਸਲਮਾਨ ਚਿਸ਼ਤੀ ਜੀ ਨਾਲ ਮੁਲਾਕਾਤ ਹੋਈ।ਇਸ ਦੌਰਾਨ ਹਾਜੀ ਸੱਯਦ ਸਲਮਾਨ ਚਿਸ਼ਤੀ ਜੀ ਵੱਲੋਂ ਸਤਪਾਲ ਪੂਨੀਆ ਤੇ ਉਨ੍ਹਾਂ ਦੇ ਸਾਥੀਆਂ ਧਰਮਜੀਤ ਸਿੰਘ ਸੰਧੂ, ਜਗਦੀਪ ਸਿੰਘ ਸੰਧੂ, ਰਵਿੰਦਰ ਸਿੰਘ ਗਿੱਲ, ਭੁਪਿੰਦਰ ਸਿੰਘ ਪੂਨੀਆ ਤੇ ਇੰਦਰਜੀਤ ਸਿੰਘ ਦਾ ਮਾਣ-ਸਨਮਾਨ ਕੀਤਾ ਗਿਆ। ਮੁਲਾਕਾਤ ਦੌਰਾਨ ਧਰਮਾਂ ਤੇ ਜਾਤ-ਪਾਤ ਦੇ ਭੇਦਭਾਵ ਤੋਂ ਉੱਪਰ ਉੱਠ ਕੇ ਆਪਸੀ ਪਿਆਰ, ਸਤਿਕਾਰ, ਭਾਈਚਾਰਕ ਸਾਂਝ ਤੇ ਮਨੁੱਖਤਾ ਦੀ ਸੇਵਾ ਨੂੰ ਮਜ਼ਬੂਤ ਕਰਨ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਕਿਹਾ ਗਿਆ ਕਿ ਵੱਖ-ਵੱਖ ਧਰਮਾਂ ਤੇ ਭਾਈਚਾਰਿਆਂ ਵਿਚਕਾਰ ਆਪਸੀ ਸਤਿਕਾਰ ਤੇ ਸਦਭਾਵਨਾ ਹੀ ਸਮਾਜ ਨੂੰ ਹੋਰ ਮਜ਼ਬੂਤ ਬਣਾਉਂਦੀ ਹੈ।ਸਤਪਾਲ ਪੂਨੀਆ ਨੇ ਕਿਹਾ ਕਿ ਸਾਨੂੰ ਸਾਰਿਆਂ ਨੂੰ ਧਾਰਮਿਕ ਭੇਦਭਾਵ ਤੋਂ ਉੱਪਰ ਉੱਠ ਕੇ ਇੱਕ-ਦੂਜੇ ਦੇ ਧਰਮ ਤੇ ਵਿਸ਼ਵਾਸਾਂ ਦਾ ਸਤਿਕਾਰ ਕਰਨਾ ਚਾਹੀਦਾ ਹੈ।

# ਆਸ਼ਾ ਵਰਕਰਾਂ ਵੱਲੋਂ ਸਰਕਾਰ ਵਿਰੁੱਧ ਆਰ-ਪਾਰ ਦੇ ਸੰਘਰਸ਼ ਦਾ ਐਲਾਨ

## 24 ਨੂੰ ਮੁੱਖ ਮੰਤਰੀ ਦੇ ਪਿੰਡ ਸਤੌਜ ਵੱਲ ਕਰਨਗੀਆਂ ਮਾਰਚ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਆਲ ਇੰਡੀਆ ਆਸ਼ਾ ਵਰਕਰ ਤੇ ਫੈਸਿਲੀਟੇਟਰ ਟਰੇਡ ਯੂਨੀਅਨ ਪੰਜਾਬ (ਏਟਕ ਗਰੁੱਪ) ਦੀ ਇਕ ਅਹਿਮ ਮੀਟਿੰਗ ਜ਼ਿਲ੍ਹਾ ਪ੍ਰਧਾਨ ਰਜਵੰਤ ਕੌਰ ਫ਼ਿਰੋਜ਼ਪੁਰ ਦੀ ਪ੍ਰਧਾਨਗੀ ਹੇਠ ਕੀਤੀ ਗਈ। ਮੀਟਿੰਗ ਦੌਰਾਨ ਆਸ਼ਾ ਵਰਕਰਾਂ ਦੀਆਂ ਲੰਮੇ ਸਮੇਂ ਤੋਂ ਲਟਕਦੀਆਂ ਆ



ਰਹੀਆਂ ਮੰਗਾਂ ਤੇ ਪੰਜਾਬ ਸਰਕਾਰ ਦੇ ਅਣਗਹਿਲੀ ਭਰੇ ਰਵੱਈਏ 'ਤੇ ਡੂੰਘੀ ਚਿੰਤਾ ਤੇ ਰੋਸ ਪ੍ਰਗਟਾਇਆ ਗਿਆ। ਮੀਟਿੰਗ ਨੂੰ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਰਜਵੰਤ ਕੌਰ ਨੇ ਦੱਸਿਆ ਕਿ ਆਸ਼ਾ ਵਰਕਰਾਂ ਪਿਛਲੇ 18 ਸਾਲਾਂ ਤੋਂ ਬਿਨਾਂ ਕਿਸੇ ਪੱਕੀ ਤਨਖਾਹ ਦੇ ਰਾਤ-ਦਿਨ ਗਰਾਊਂਡ ਲੈਵਲ 'ਤੇ ਸਿਹਤ ਸੇਵਾਵਾਂ ਨਿਭਾ ਰਹੀਆਂ ਹਨ। ਸਰਕਾਰ ਵੱਲੋਂ ਉਨ੍ਹਾਂ ਦੇ ਕੰਮ ਦਾ ਬੋਝ ਦਿਨ-ਬ-ਦਿਨ ਵਧਾਇਆ ਜਾ ਰਿਹਾ ਹੈ, ਜਦਕਿ ਬਦਲੇ ਵਿਚ ਬਹੁਤ ਹੀ ਨਗੂਣਾ ਇਨਸੈਂਟਿਵ ਦੇ ਕੇ ਉਨ੍ਹਾਂ ਦਾ ਸ਼ੋਸ਼ਣ ਕੀਤਾ ਜਾ ਰਿਹਾ ਹੈ। ਉਨ੍ਹਾਂ ਦੁੱਖ ਪ੍ਰਗਟਾਇਆ ਕਿ ਆਸ਼ਾ ਵਰਕਰ ਭੈਣਾਂ ਬਿਨਾਂ ਕਿਸੇ ਤਨਖਾਹ ਤੇ ਪੈਨਸ਼ਨ ਸਹੂਲਤ ਤੋਂ ਰਿਟਾਇਰ ਹੋ ਰਹੀਆਂ ਹਨ, ਜੋ ਕਿ ਬਹੁਤ ਹੀ ਮੰਦਭਾਗਾ ਹੈ। ਚੋਣਾਂ ਸਮੇਂ ਆਮ ਆਦਮੀ ਪਾਰਟੀ ਨੇ ਫਿਕਸ ਤਨਖਾਹ ਦੇਣ ਦਾ ਵਾਅਦਾ ਕੀਤਾ ਸੀ, ਜੋ ਅਜੇ ਤੱਕ ਪੂਰਾ ਨਹੀਂ ਹੋਇਆ। ਯੂਨੀਅਨ ਨੇ ਪੰਜਾਬ ਸਰਕਾਰ ਤੋਂ ਮੰਗ ਕੀਤੀ ਕਿ ਆਸ਼ਾ ਵਰਕਰਾਂ ਲਈ ਘੱਟੋ-ਘੱਟ ਡੀ.ਸੀ. ਰੇਟ ਅਨੁਸਾਰ 26,000 ਰੁਪਏ ਮਹੀਨਾਵਾਰ ਤਨਖਾਹ ਫਿਕਸ ਕੀਤੀ ਜਾਵੇ, ਹਰਿਆਣਾ ਦੀ ਤਰਜ਼ 'ਤੇ ਸੇਵਾਮੁਕਤੀ (ਰਿਟਾਇਰਮੈਂਟ) ਸਮੇਂ 5 ਲੱਖ ਰੁਪਏ ਦੀ ਵਿੱਤੀ ਸਹਾਇਤਾ ਦਿੱਤੀ ਜਾਵੇ, ਸਿਹਤ ਵਿਭਾਗ ਦੀ ਹਰ ਨਵੀਂ ਭਰਤੀ 'ਚ ਆਸ਼ਾ ਵਰਕਰਾਂ ਲਈ 10 ਪ੍ਰਤੀਸ਼ਤ ਕੋਟਾ ਰਾਖਵਾਂ ਰੱਖਿਆ ਜਾਵੇ, ਆਸ਼ਾ ਵਰਕਰਾਂ ਤੇ ਫੈਸਿਲੀਟੇਟਰਾਂ ਦੇ ਟੂਰ ਅਲਾਊਂਸ ਵਿੱਚ ਵਾਧਾ ਕੀਤਾ ਜਾਵੇ ਤੇ ਕੱਟੇ ਹੋਏ ਭੱਤੇ ਬਹਾਲ ਕੀਤੇ ਜਾਣ। ਆਗੂਆਂ ਨੇ ਚੇਤਾਵਨੀ ਦਿੱਤੀ ਕਿ ਜੇਕਰ ਮੰਗਾਂ ਨਾ ਮੰਨੀਆਂ ਗਈਆਂ ਤਾਂ 24 ਸਤੰਬਰ ਨੂੰ ਪੰਜਾਬ ਭਰ ਦੀਆਂ ਆਸ਼ਾ ਵਰਕਰਾਂ ਮੁੱਖ ਮੰਤਰੀ ਭਗਵੰਤ ਮਾਨ ਦੇ ਜੱਦੀ ਪਿੰਡ ਸਤੌਜ ਵੱਲ ਵਿਸ਼ਾਲ ਮਾਰਚ ਕਰਨਗੀਆਂ। ਇਸ ਦੌਰਾਨ ਜੇਕਰ ਸਿਹਤ ਸੇਵਾਵਾਂ ਪ੍ਰਭਾਵਿਤ ਹੁੰਦੀਆਂ ਹਨ ਜਾਂ ਕੋਈ ਨੁਕਸਾਨ ਹੁੰਦਾ ਹੈ, ਤਾਂ ਉਸ ਦੀ ਪੂਰੀ ਜ਼ਿੰਮੇਵਾਰੀ ਪੰਜਾਬ ਸਰਕਾਰ ਦੀ ਹੋਵੇਗੀ।

# ਲਾਇਨਜ਼ ਕਲੱਬ ਨੇ ਮਰੀਜ਼ਾਂ ਲਈ ਮੁਫ਼ਤ ਦਵਾਈਆਂ ਦਿੱਤੀਆਂ




**ਜਗਰਾਉਂ, (ਸੰਜੀਵ ਅਰੋੜਾ)**- ਲਾਇਨਜ਼ ਕਲੱਬ ਜਗਰਾਉਂ ਮੇਨ ਵੱਲੋਂ ਸਮਾਜ ਸੇਵਾ ਦੀ ਲੜੀ ਨੂੰ ਅੱਗੇ ਤੋਰਦਿਆਂ ਸਿਵਲ ਹਸਪਤਾਲ ਜਗਰਾਉਂ ਵਿਖੇ ਮਰੀਜ਼ਾਂ ਲਈ ਮੁਫ਼ਤ ਦਵਾਈਆਂ ਮੁਹੱਈਆ ਕਰਵਾਈਆਂ ਗਈਆਂ। ਕਲੱਬ ਵੱਲੋਂ ਲੋੜਵੰਦ ਮਰੀਜ਼ਾਂ ਦੀ ਸਹਾਇਤਾ ਲਈ ਵੱਖ-ਵੱਖ ਦਵਾਈਆਂ ਹਸਪਤਾਲ ਪ੍ਰਬੰਧਕਾਂ ਨੂੰ ਸੌਂਪੀਆਂ ਗਈਆਂ। ਇਸ ਮੌਕੇ ਸਿਵਲ ਹਸਪਤਾਲ ਜਗਰਾਉਂ ਦੇ ਐਸ.ਐਮ.ਓ. ਡਾ. ਅਮਨ ਸ਼ਰਮਾ ਤੇ ਫਾਰਮਾਸਿਸਟ ਬਲਵਿੰਦਰ ਕੁਮਾਰ ਹੈਪੀ ਅਤੇ ਹੋਰ ਸਟਾਫ ਵੀ ਹਾਜ਼ਰ ਸੀ। ਐਸ.ਐਮ.ਓ. ਡਾ. ਅਮਨ ਸ਼ਰਮਾ ਨੇ ਲਾਇਨਜ਼ ਕਲੱਬ ਜਗਰਾਉਂ ਮੇਨ ਵੱਲੋਂ ਕੀਤੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਲੱਬ ਦਾ ਧੰਨਵਾਦ ਕੀਤਾ। ਕਲੱਬ ਦੇ ਪ੍ਰਧਾਨ ਲਾਇਨ ਐਡਵੋਕੇਟ ਮਹਿੰਦਰ ਸਿੰਘ ਸਿੱਧਵਾਂ ਨੇ ਜਾਣਕਾਰੀ ਸਾਂਝੀ ਕਰਦਿਆਂ ਦੱਸਿਆ ਕਿ ਲਾਇਨਜ਼ ਕਲੱਬ ਜਗਰਾਉਂ ਮੇਨ ਵੱਲੋਂ ਲੋੜਵੰਦ ਲੋਕਾਂ ਦੀ ਸਹਾਇਤਾ ਲਈ ਭਵਿੱਖ ਵਿੱਚ ਵੀ ਅਜਿਹੇ ਲੋਕ ਭਲਾਈ ਦੇ ਕਾਰਜ ਜਾਰੀ ਰੱਖੇ ਜਾਣਗੇ। ਇਸ ਮੌਕੇ ਲਾਇਨ ਐਡਵੋਕੇਟ ਮਹਿੰਦਰ ਸਿੰਘ ਸਿੱਧਵਾਂ (ਪ੍ਰਧਾਨ), ਲਾਇਨ ਪਰਮਵੀਰ ਸਿੰਘ ਗਿੱਲ (ਸੈਕਟਰੀ), ਲਾਇਨ ਗੁਰਜੋਤ ਸਿੰਘ ਗਰੇਵਾਲ (ਕੈਸ਼ੀਅਰ), ਲਾਇਨ ਅਮਰਿੰਦਰ ਸਿੰਘ, ਲਾਇਨ ਕੰਵਲਜੀਤ ਸਿੰਘ ਮੱਲ੍ਹਾ, ਲਾਇਨ ਸ਼ਰਨਦੀਪ ਸਿੰਘ ਬੈਨੀਪਾਲ, ਲਾਇਨ ਜਸਜੀਤ ਸਿੰਘ ਮੱਲੀ, ਲਾਇਨ ਨਿਰਭੈ ਸਿੰਘ ਸਿੱਧੂ, ਲਾਇਨ ਹਰਮਿੰਦਰ ਸਿੰਘ ਬੋਪਾਰਾਏ ਅਤੇ ਲਾਇਨ ਹਰਜੰਟ ਸਿੰਘ ਪੰਧੇਰ ਹਾਜ਼ਰ ਸਨ।

## ਮੋਮੋਜ਼ ਦੀ ਰੇਹੜੀ ਨੂੰ ਲੱਗੀ ਅੱਗ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਸਥਾਨਕ ਮੇਨ ਚੌਂਕ ਦੇ ਨਜ਼ਦੀਕ ਲੱਗੀ ਮੋਮੋਜ਼ ਦੀ ਰੇਹੜੀ 'ਤੇ ਪਾਈਪ ਲੀਕ ਹੋਣ ਕਾਰਨ ਅਚਾਨਕ ਅੱਗ ਲੱਗ ਗਈ।ਰੇਹੜੀ ਦੇ ਬਿਲਕੁਲ ਨੇੜੇ ਟਰਾਂਸਫਾਰਮਰ ਹੋਣ ਕਾਰਨ ਹਾਦਸਾ ਵੱਡਾ ਰੂਪ ਧਾਰਨ ਕਰ ਸਕਦਾ ਸੀ।ਰੇਹੜੀ ਚਾਲਕ ਵੱਲੋਂ ਦਿਖਾਈ ਸੂਝ-ਬੂਝ ਤੇ ਤੁਰੰਤ ਕਾਰਵਾਈ ਕਰਦਿਆਂ ਅੱਗ 'ਤੇ ਕਾਬੂ ਪਾ ਲਿਆ ਗਿਆ, ਜਿਸ ਕਾਰਨ ਵੱਡਾ ਹਾਦਸਾ ਹੋਣ ਤੋਂ ਟਲ ਗਿਆ।

# ਤਹਿਸੀਲ ਦਫਤਰ ਵਿਖੇ ਪਾਰਦਰਸ਼ੀ ਢੰਗ ਨਾਲ ਹੋ ਰਹੀਆਂ ਰਜਿਸਟਰੀਆਂ: ਆਗੂ

**ਜ਼ੀਰਾ, (ਨਰਿੰਦਰ ਅਨੇਜਾ)**-ਮੁੱਖ ਮੰਤਰੀ ਪੰਜਾਬ ਭਗਵੰਤ ਸਿੰਘ ਮਾਨ ਦੇ ਦਿਸ਼ਾ-ਨਿਰਦੇਸ਼ਾਂ ਦੇ ਅਨੁਸਾਰ ਪੰਜਾਬ ਸਰਕਾਰ ਦੇ ਈ-ਰਜਿਸਟਰੀ ਪੋਰਟਲ ਦੇ ਰਾਹੀਂ ਤਹਿਸੀਲ



ਦਫਤਰ ਜ਼ੀਰਾ ਵਿਖੇ ਆਮ ਲੋਕਾਂ ਵੱਲੋਂ ਦੁਕਾਨਾਂ,ਮਕਾਨਾਂ,ਪਲਾਟਾਂ ਅਤੇ ਪ੍ਰਾਪਰਟੀ ਦੀ ਖਰੀਦ ਵੇਚ ਨਾਲ ਸਬੰਧਿਤ ਕੀਤੇ ਜਾਂਦੇ ਸੌਦੇ ਦੀਆਂ ਰਜਿਸਟਰੀਆਂ ਤਹਿਸੀਲਦਾਰ ਵਿਨੋਦ ਕੁਮਾਰ ਵੱਲੋਂ ਪਾਰਦਰਸ਼ੀ ਢੰਗ ਨਾਲ ਕੀਤੀਆਂ ਜਾ ਰਹੀਆਂ ਹਨ।ਇਹ ਦਾਅਵਾ ਕੌਂਸਲਰ ਸੁਖਦੇਵ ਸਿੰਘ ਸੁੱਖ ਤੇ ਸ਼ਹਿਰ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਨਵੀਨ ਚੋਪੜਾ, ਗਗਨਦੀਪ ਸਿੰਘ ਉਰਫ ਗੌਤਮ ਨਾਗਪਾਲ ਤੇ ਸਰਬਜੀਤ ਸਿੰਘ ਟੋਨੀ ਨੇ ਕਰਦਿਆਂ ਕਿਹਾ ਕਿ ਤਹਿਸੀਲ ਦਫਤਰ ਜ਼ੀਰਾ ਵਿਖੇ ਹੋ ਰਹੀਆਂ ਰਜਿਸਟਰੀਆਂ ਤੋਂ ਸ਼ਹਿਰ ਦੇ ਕੇਵਲ ਇੱਕ ਵਿਅਕਤੀ ਨੂੰ ਛੱਡ ਕੇ ਹੋਰ ਕਿਸੇ ਨੂੰ ਕੋਈ ਵੀ ਤਕਲੀਫ ਨਹੀਂ ਹੈ।ਉਨ੍ਹਾਂ ਦੱਸਿਆ ਕਿ ਇਹ ਵਿਅਕਤੀ ਪੁਲਸ ਤੇ ਪ੍ਰਸ਼ਾਸਨਕ ਅਧਿਕਾਰੀਆਂ ਦੀਆਂ ਸ਼ਿਕਾਇਤਾਂ ਕਰਨ ਦਾ ਪਹਿਲਾਂ ਤੋਂ ਹੀ ਆਦੀ ਹੈ ਤੇ ਜਦੋਂ ਤਹਿਸੀਲ ਦਫਤਰ ਜ਼ੀਰਾ ਵਿਖੇ ਉਹ ਆਪਣੀ ਜਗ੍ਹਾ ਦੀ ਰਜਿਸਟਰੀ ਕਰਵਾਉਣ ਲਈ ਗਿਆ ਤਾਂ ਉਸ ਦੀ ਫਾਈਲ ਵਿੱਚ ਸਵੈ ਘੋਸ਼ਣਾ ਪੱਤਰ ਦੀ ਘਾਟ ਹੋਣ ਕਰਕੇ ਤਹਿਸੀਲਦਾਰ ਵਿਨੋਦ ਕੁਮਾਰ ਨੇ ਉਸ ਨੂੰ ਆਪਣੇ ਵੱਲੋਂ ਸਵੈ ਘੋਸ਼ਣਾ ਪੱਤਰ ਕਿਸੇ ਕੌਂਸਲਰ ਵੱਲੋਂ ਤਸਦੀਕ ਕਰਵਾ ਕੇ ਫਾਈਲ ਵਿੱਚ ਲਗਾਉਣ ਲਈ ਕਿਹਾ ਸੀ, ਪਰ ਤੈਸ਼ ਵਿੱਚ ਆ ਕੇ ਉਸ ਨੇ ਤਹਿਸੀਲਦਾਰ 'ਤੇ ਰਜਿਸਟਰੀ ਕਰਵਾਉਣ ਲਈ ਰਿਸ਼ਵਤ ਮੰਗਣ ਦੇ ਦੋਸ਼ ਲਗਾ ਦਿੱਤੇ ਅਤੇ ਮੁੱਖ ਮੰਤਰੀ ਸਮੇਤ ਉੱਚ ਅਧਿਕਾਰੀਆਂ ਨੂੰ ਤਹਿਸੀਲਦਾਰ ਵਿਨੋਦ ਕੁਮਾਰ ਦੀਆਂ ਝੂਠੀਆਂ ਸ਼ਿਕਾਇਤਾਂ ਕਰ ਦਿੱਤੀਆਂ, ਜਦੋਂਕਿ ਬਾਅਦ ਵਿੱਚ ਉਸ ਨੇ ਆਪਣੀ ਫਾਈਲ ਵਿੱਚ ਸਵੈ ਘੋਸ਼ਣਾ ਪੱਤਰ ਲਗਾ ਕੇ ਆਪਣੀ ਜਗ੍ਹਾ ਦੀ ਰਜਿਸਟਰੀ ਵੀ ਕਰਵਾ ਲਈ ਹੈ।ਉਨ੍ਹਾਂ ਕਿਹਾ ਕਿ ਤਹਿਸੀਲਦਾਰ ਵਿਨੋਦ ਕੁਮਾਰ ਆਪਣਾ ਕੰਮ ਬਿਲਕੁਲ ਸਾਫ ਸੁਥਰੇ ਢੰਗ ਨਾਲ ਕਰ ਰਹੇ ਹਨ ਤੇ ਸ਼ਹਿਰ ਵਾਸੀਆਂ ਨੂੰ ਉਨ੍ਹਾਂ ਪ੍ਰਤੀ ਕਿਸੇ ਤਰ੍ਹਾਂ ਦੀ ਕੋਈ ਵੀ ਸ਼ਿਕਾਇਤ ਨਹੀਂ ਹੈ।

# ਅਕਾਲੀ ਦਲ ਹੀ ਸਿੱਖ ਕੌਮ ਦਾ ਅਸਲੀ ਵਾਰਿਸ : ਸੁਖਬੀਰ ਬਾਦਲ

**ਫਤਿਹਗੜ੍ਹ ਸਾਹਿਬ, (ਪ੍ਰਮੋਦ ਭਾਰਦਵਾਜ)** : ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸ੍ਰ. ਸੁਖਬੀਰ ਸਿੰਘ ਬਾਦਲ ਨੇ ਕਿਹਾ ਕਿ ਸ਼੍ਰੋਮਣੀ ਅਕਾਲੀ ਦਲ ਦੇ ਹੱਕ ਵਿੱਚ ਹਨੇਰੀ ਚੱਲਣੀ ਸ਼ੁਰੂ ਹੋ ਗਈ ਹੈ ਤੇ ਅਕਾਲੀ ਦਲ ਨੂੰ ਕਮਜ਼ੋਰ ਕਰਨ ਵਾਸਤੇ ਕੇਂਦਰੀ ਏਜੰਸੀਆਂ ਨਾਲ ਰਲੇ ਸਿੱਖ ਪੰਥ ਦੇ ਗੱਦਾਰ ਤੇ ਦਿੱਲੀ ਦੀਆਂ ਪਾਰਟੀਆਂ ਇਸ ਹਨੇਰੀ ਵਿੱਚ ਉੱਡ ਜਾਣਗੇ।ਪੰਜਾਬ ਬਚਾਓ ਮੁਹਿੰਮ ਤਹਿਤ ਪਾਰਟੀ ਦੀ ਵਿਸ਼ਾਲ ਰੈਲੀ ਨੂੰ ਸੰਬੋਧਨ ਕਰਦਿਆਂ ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਨੇ ਲੋਕਾਂ ਨੂੰ ਅਪੀਲ ਕੀਤੀ ਕਿ ਉਹ ਇਹ ਪਛਾਨਣ ਕਿ ਕਿਹੜੀ ਪਾਰਟੀ ਉਨ੍ਹਾਂ ਦੀ ਆਪਣੀ ਹੈ ਤੇ ਕੌਣ ਏਜੰਸੀਆਂ ਦੀ ਕੱਠਪੁਤਲੀ ਵਾਂਗੂ ਕੰਮ ਕਰ ਰਹੇ ਹਨ।ਉਨ੍ਹਾਂ ਕਿਹਾ ਕਿ ਅਜਿਹੇ ਕਦੇ ਵੀ ਹਿੱਤਾਂ ਦੀ ਰਾਖੀ ਨਹੀਂ ਕਰ ਸਕਦੇ।ਵਾਰਿਸ ਪੰਜਾਬ ਦੇ ਜਥੇਬੰਦੀ ਦੀ ਗੱਲ ਕਰਦਿਆਂ ਉਨ੍ਹਾਂ ਕਿਹਾ ਕਿ ਇਸ ਪਾਰਟੀ ਦਾ ਇਕਲੌਤਾ ਮਕਸਦ ਅਕਾਲੀ ਦਲ ਨੂੰ ਹਰਾਉਣਾ ਹੈ।ਇਸ ਨੇ ਖੁਦ ਇਹ ਗੱਲ ਜਨਤਕ ਤੌਰ 'ਤੇ ਕਬੂਲੀ ਹੈ।ਇਹ ਤੁਹਾਡੇ ਜਾਂ ਪੰਥ ਵਾਸਤੇ ਕੋਈ ਵੀ ਉਸਾਰੂ ਕੰਮ ਨਹੀਂ ਕਰ ਸਕਦੀ। ਬਾਦਲ ਨੇ ਕਿਹਾ ਕਿ ਅਕਾਲੀ ਦਲ ਵਿਕਾਸ, ਸ਼ਾਂਤੀ ਤੇ ਭਾਈਚਾਰਕ ਸਾਂਝ ਪ੍ਰਤੀ ਵਚਨਬੱਧ ਹੈ ਤੇ ਉਹ ਗੁਰੂ ਸਾਹਿਬਾਨ ਵੱਲੋਂ ਦਰਸਾਏ ਸਰਬੱਤ ਦੇ ਭਲੇ ਦੇ ਫਲਸਫੇ 'ਤੇ ਚੱਲਦਾ ਹੈ।ਉਨ੍ਹਾਂ ਕਿਹਾ ਕਿ ਸਭ ਨੂੰ ਨਾਲ ਲੈ ਕੇ ਚੱਲਣ ਦਾ ਸਰਕਾਰ ਦਾ ਇਹ ਮਾਡਲ ਹੈ, ਜੋ ਵੰਡ-ਪਾਊ ਤਾਕਤਾਂ ਨੂੰ ਪਸੰਦ ਨਹੀਂ ਆਉਂਦਾ। ਇਸੇ ਕਾਰਨ ਮੇਰੇ 'ਤੇ ਦੋ ਵਾਰ ਹਮਲਾ ਕੀਤਾ ਗਿਆ।ਉਨ੍ਹਾਂ ਕਿਹਾ ਕਿ ਮੈਂ





ਅਜਿਹੇ ਅਨਸਰਾਂ ਨੂੰ ਸਪੱਸ਼ਟ ਦੱਸਣਾ ਚਾਹੁੰਦਾ ਹਾਂ ਕਿ ਸਾਡੇ ਸਿਰ ਕੱਟੇ ਜਾਣਗੇ, ਪਰ ਅਸੀਂ ਆਪਣੇ ਸਿਧਾਂਤਾਂ ਤੋਂ ਨਹੀਂ ਥਿੜਕਾਂਗੇ। ਮੁੱਖ ਮੰਤਰੀ ਭਗਵੰਤ ਮਾਨ 'ਤੇ ਤਿੱਖਾ ਹਮਲਾ ਬੋਲਦਿਆਂ ਅਕਾਲੀ ਦਲ ਦੇ ਪ੍ਰਧਾਨ ਨੇ ਕਿਹਾ ਕਿ ਪੰਜਾਬ ਨੇ ਇਸ ਤੋਂ ਮਾੜਾ ਮੁੱਖ ਮੰਤਰੀ ਨਹੀਂ ਵੇਖਿਆ।ਬਾਦਲ ਨੇ ਦੱਸਿਆ ਕਿ ਕਿਵੇਂ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਬੇਅਦਬੀ ਦੀਆਂ ਘਟਨਾਵਾਂ 2014 ਵਿੱਚ ਆਮ ਆਦਮੀ ਪਾਰਟੀ ਦੇ ਪੰਜਾਬ ਵਿੱਚ ਆਉਣ ਤੋਂ ਬਾਅਦ ਹੀ ਸ਼ੁਰੂ ਹੋਈਆਂ।ਉਨ੍ਹਾਂ ਕਿਹਾ ਕਿ ਆਪ ਦੇ ਐੱਮ ਐੱਲ ਏ ਨਰੇਸ਼ ਯਾਦਵ ਨੂੰ ਮਾਲੇਰਕੋਟਲਾ ਵਿੱਚ ਬੇਅਦਬੀ ਦਾ ਦੋਸ਼ੀ ਠਹਿਰਾਇਆ ਗਿਆ।ਉਨ੍ਹਾਂ ਕਿਹਾ ਕਿ ਪਿਛਲੇ 10 ਸਾਲਾਂ ਵਿੱਚ ਇਕ ਵੀ ਅਕਾਲੀ ਆਗੂ ਜਾਂ ਵਰਕਰ ਨੂੰ ਬੇਅਦਬੀ ਕੇਸ ਵਿੱਚ ਦੋਸ਼ੀ ਨਹੀਂ ਠਹਿਰਾਇਆ ਗਿਆ, ਜਦੋਂ ਕਿ ਕਾਂਗਰਸ ਤੇ ਮੌਜੂਦਾ ਆਪ ਸਰਕਾਰ ਨੇ ਬੇਅਦਬੀ ਮਾਮਲੇ 'ਤੇ ਹਮੇਸ਼ਾ ਰਾਜਨੀਤੀ ਕੀਤੀ।ਅਕਾਲੀ ਦਲ ਦੇ ਪ੍ਰਧਾਨ ਨੇ ਲੰਬੇ-ਲੰਬੇ ਬਿਜਲੀ ਕੱਟਾਂ ਕਾਰਨ ਕਿਸਾਨਾਂ ਤੇ ਘਰੇਲੂ ਖ਼ਪਤਕਾਰਾਂ ਦੀਆਂ ਮੁਸ਼ਕਲਾਂ ਦੇ ਨਾਲ-ਨਾਲ ਉਦਯੋਗਾਂ ਨੂੰ ਪੈ ਰਹੇ ਘਾਟੇ ਲਈ ਸਿਰਫ ਤੇ ਸਿਰਫ ਭਗਵੰਤ ਮਾਨ ਨੂੰ ਜ਼ਿੰਮੇਵਾਰ ਠਹਿਰਾਇਆ। ਬਾਦਲ ਨੇ ਜ਼ੋਰ ਦੇ ਕੇ ਕਿਹਾ ਕਿ ਅਕਾਲੀ ਦਲ ਹੀ ਸਿੱਖ ਕੌਮ ਦਾ ਅਸਲੀ ਵਾਰਿਸ ਹੈ ਤੇ ਪੰਜਾਬੀਆਂ ਪ੍ਰਤੀ ਆਪਣੀ ਜ਼ਿੰਮੇਵਾਰੀ ਸਮਝਦਾ ਹੈ।ਉਨ੍ਹਾਂ ਕਿਹਾ ਕਿ ਅਸੀਂ ਪੰਜਾਬ ਨੂੰ ਮੁੜ ਲੀਹ 'ਤੇ ਲਿਆਉਣ ਵਾਸਤੇ ਕਾਰਜ ਯੋਜਨਾ ਤਿਆਰ ਕੀਤੀ ਹੈ।ਮੈਂ ਸਿਰਫ ਇਹੀ ਅਪੀਲ ਕਰਦਾ ਹਾਂ ਕਿ ਤੁਸੀਂ ਆਪਣੀ ਖੇਤਰੀ ਪਾਰਟੀ ਨੂੰ ਮਜ਼ਬੂਤ ਕਰੋ ਅਤੇ ਦਿੱਲੀ ਦੀਆਂ ਸਾਰੀਆਂ ਪਾਰਟੀਆਂ ਦਾ ਖਹਿੜਾ ਛੱਡੋ। ਉਨ੍ਹਾ ਕਿਹਾ ਕਿ ਇਕ ਵਾਰ ਸੂਬੇ ਦੀ ਵਾਗਡੋਰ ਅਕਾਲੀ ਦਲ ਨੇ ਸੰਭਾਲ ਲਈ ਤਾਂ ਜਿਹੜੇ ਕਿਸਾਨਾਂ ਕੋਲ ਟਿਊਬਵੈਲ ਕੁਨੈਕਸ਼ਨ ਨਹੀਂ ਹਨ, ਉਨ੍ਹਾਂ ਨੂੰ ਕੁਨੈਕਸ਼ਨ ਦਿੱਤੇ ਜਾਣਗੇ।ਇਸੇ ਤਰੀਕੇ ਆਟਾ ਦਾਲ ਸਕੀਮ ਦੇ ਤਹਿਤ 50 ਕਿੱਲੋ ਕਣਕ ਪ੍ਰਦਾਨ ਕੀਤੀ ਜਾਵੇਗੀ ਤੇ ਸ਼ਗਨ ਸਕੀਮ ਦੀ ਰਾਸ਼ੀ ਵਧਾ ਕੇ 1 ਲੱਖ ਰੁਪਏ ਕੀਤੀ ਜਾਵੇਗੀ ਅਤੇ ਬੁਢਾਪਾ ਪੈਨਸ਼ਨ ਵਧਾ ਕੇ 3100 ਰੁਪਏ ਪ੍ਰਤੀ ਮਹੀਨਾ ਕੀਤੀ ਜਾਵੇਗੀ।ਉਨ੍ਹਾਂ ਨੇ ਇਹ ਵੀ ਐਲਾਨ ਕੀਤਾ ਕਿ ਹਰ ਜ਼ਿਲ੍ਹਾ ਹੈੱਡਕੁਆਰਟਰ 'ਤੇ ਮੈਡੀਕਲ ਤੇ ਵੈਟਨਰੀ ਕਾਲਜ ਬਣਾਏ ਜਾਣਗੇ ਤੇ ਨੌਜਵਾਨਾਂ ਨੂੰ 10 ਲੱਖ ਰੁਪਏ ਤੱਕ ਵਿਆਜ ਮੁਕਤ ਕਰਜ਼ਾ ਦਿੱਤਾ ਜਾਵੇਗਾ ਤੇ ਪਸ਼ੂ ਪਾਲਣ ਦੇ ਪ੍ਰਾਜੈਕਟਾਂ ਵਾਸਤੇ 75 ਫੀਸਦੀ ਸਬਸਿਡੀ ਦਿੱਤੀ ਜਾਵੇਗੀ।

ਇਸ ਮੌਕੇ ਸੀਨੀਅਰ ਆਗੂ ਬਲਜੀਤ ਸਿੰਘ ਭੁੱਟਾ, ਡਾ. ਦਲਜੀਤ ਸਿੰਘ ਚੀਮਾ, ਦਰਬਾਰਾ ਸਿੰਘ ਗੁਰੂ, ਗੁਰਪ੍ਰੀਤ ਸਿੰਘ ਰਾਜੂ ਖੰਨਾ, ਸਰਬਜੀਤ ਸਿੰਘ ਝਿੰਜਰ, ਸ਼ਰਨਜੀਤ ਸਿੰਘ ਚਨਾਰਥਲ, ਜਥੇਦਾਰ ਸੁਰਜੀਤ ਸਿੰਘ ਗੜ੍ਹੀ, ਐਡਵੋਕੇਟ ਅਮਰਜੀਤ ਸਿੰਘ ਧਾਰਨੀ, ਤੇਜਿੰਦਰ ਸਿੰਘ ਮਿੱਡੂਖੇੜਾ, ਅਰਸ਼ਦੀਪ ਸਿੰਘ ਕਲੇਰ ਤੇ ਮਨਮੋਹਨ ਸਿੰਘ ਮੁਕਾਰੋਂਪੁਰ ਆਦਿ ਨੇ ਵੀ ਸੰਬੋਧਨ ਕੀਤਾ।

# ਆਈ ਡੀ ਪੀ ਡੀ ਵੱਲੋਂ ਪੁਲਾੜ ਦੇ ਹਥਿਆਰੀਕਰਨ ਦਾ ਵਿਰੋਧ

**ਲੁਧਿਆਣਾ (ਐੱਮ ਐੱਸ ਭਾਟੀਆ)**- ਇੱਕ ਬਿਆਨ ਵਿੱਚ ਇੰਡੀਅਨ ਡਾਕਟਰਜ਼ ਫਾਰ ਪੀਸ ਐਂਡ ਡਿਵੈਲਪਮੈਂਟ (ਆਈ ਡੀ ਪੀ ਡੀ) ਨੇ ਪੁਲਾੜ ਨੂੰ ਜੰਗ ਦੇ ਮੈਦਾਨ ਵਿੱਚ ਬਦਲਣ ਦੀ ਕੋਸ਼ਿਸ਼ ਨੂੰ ਬੇਹੱਦ ਖ਼ਤਰਨਾਕ ਤੇ ਮਨੁੱਖਤਾ ਵਿਰੋਧੀ ਕਰਾਰ ਦਿੱਤਾ ਹੈ।ਅਮਰੀਕਾ ਨੇ ਪੁਲਾੜ ਵਿੱਚ ਹਥਿਆਰ ਤਾਇਨਾਤ ਕਰਨ ਦੀ ਪੁਸ਼ਟੀ ਕੀਤੀ ਹੈ।ਅੱਜ ਦੁਨੀਆ ਪਹਿਲਾਂ ਹੀ ਕਈ ਜੰਗਾਂ ਦੀ ਮਾਰ ਝੱਲ ਰਹੀ ਹੈ, ਜਿਨ੍ਹਾਂ ਕਾਰਨ ਮਨੁੱਖਤਾ ਇੱਕ ਗੰਭੀਰ ਸੰਕਟ ਵੱਲ ਵਧ ਰਹੀ ਹੈ।ਪੁਲਾੜ ਵਿੱਚ ਮਨੁੱਖ ਦੀ ਪਹੁੰਚ ਵਿਗਿਆਨ ਦੀ ਇੱਕ ਮਹਾਨ ਪ੍ਰਾਪਤੀ ਹੈ।ਇਸ ਦੀ ਵਰਤੋਂ ਮਨੁੱਖਤਾ ਦੀ ਭਲਾਈ ਤੇ ਵਿਗਿਆਨਕ ਖੋਜਾਂ ਤੋਂ ਪ੍ਰਾਪਤ ਹੋਣ ਵਾਲੇ ਲਾਭਾਂ ਨੂੰ ਵਧਾਉਣ ਲਈ ਕੀਤੀ ਜਾਣੀ ਚਾਹੀਦੀ ਹੈ, ਪਰ ਜੇਕਰ ਇਸ ਤਰ੍ਹਾਂ ਪੁਲਾੜ ਵਿੱਚ ਹਥਿਆਰ ਤਾਇਨਾਤ ਕੀਤੇ ਜਾਂਦੇ ਹਨ ਤਾਂ ਜੰਗ ਦੇ ਖ਼ਤਰੇ ਤੇ ਇਸ ਦੇ ਵਿਨਾਸ਼ਕਾਰੀ ਨਤੀਜੇ ਕਈ ਗੁਣਾਂ ਵੱਧ ਜਾਣਗੇ।ਪੁਲਾੜ ਵਿੱਚ ਚੱਕਰ ਲਗਾ ਰਹੇ ਉਪਗ੍ਰਹਿ ਹਰ ਸਮੇਂ ਸੰਭਾਵਿਤ ਨਿਸ਼ਾਨੇ ਬਣੇ ਰਹਿਣਗੇ, ਜਿਸ ਨਾਲ ਮਨੁੱਖੀ ਜੀਵਨ ਲਈ ਲਾਭਦਾਇਕ ਅਨੇਕਾਂ ਗਤੀਵਿਧੀਆਂ ਖ਼ਤਰੇ 'ਚ ਪੈ ਜਾਣਗੀਆਂ। ਆਈ ਡੀ ਪੀ ਡੀ ਦੇ ਪ੍ਰਧਾਨ ਡਾ. ਅਰੁਣ ਮਿੱਤਰਾ ਤੇ ਜਨਰਲ ਸਕੱਤਰ ਡਾ. ਸ਼ਕੀਲ ਉਰ ਰਹਿਮਾਨ ਨੇ ਕਿਹਾ ਕਿ ਪੁਲਾੜ ਦੀ ਖੋਜ ਤੇ ਵਰਤੋਂ ਸਿਰਫ਼ ਸ਼ਾਂਤੀਪੂਰਨ ਉਦੇਸ਼ਾਂ ਲਈ ਹੋਣੀ ਚਾਹੀਦੀ ਹੈ।ਪੁਲਾੜ ਦਾ ਸੈਨਿਕੀਕਰਨ ਭਵਿੱਖ ਵਿੱਚ ਬਹੁਤ ਗੰਭੀਰ ਖ਼ਤਰਿਆਂ ਨੂੰ ਜਨਮ ਦੇ ਸਕਦਾ ਹੈ।ਇਸ ਨਾਲ ਹਥਿਆਰਾਂ ਦੀ ਦੌੜ ਹੋਰ ਵੀ ਉੱਚੇ ਪੱਧਰ 'ਤੇ ਪਹੁੰਚੇਗੀ ਤੇ ਆਕਾਸ਼ੀ ਪਿੰਡਾਂ 'ਤੇ ਕਬਜ਼ਾ ਕਰਨ ਦੀ ਇੱਕ ਪਾਗਲ ਦੌੜ ਸ਼ੁਰੂ ਹੋ ਸਕਦੀ ਹੈ।ਇਸ ਵਿੱਚ ਬੇਹੱਦ ਵੱਡੇ ਵਿੱਤੀ ਸਰੋਤ ਬਰਬਾਦ ਹੋਣਗੇ, ਜਿਨ੍ਹਾਂ ਦੀ ਵਰਤੋਂ ਮਨੁੱਖਤਾ ਦੀ ਭਲਾਈ ਲਈ ਕੀਤੀ ਜਾ ਸਕਦੀ ਹੈ।ਇਹ ਵੀ ਧਿਆਨ ਦੇਣ ਯੋਗ ਹੈ ਕਿ ਪੁਲਾੜ ਵਿੱਚ ਅਜਿਹੇ ਹਥਿਆਰਾਂ ਦੀ ਤਾਇਨਾਤੀ ਵਿਰੋਧੀ ਦੇ ਪੁਲਾੜ ਤੇ ਧਰਤੀ-ਅਧਾਰਤ ਪ੍ਰਣਾਲੀਆਂ ਵਿਚਕਾਰ ਸੰਚਾਰ ਨੂੰ ਰੋਕਣ ਜਾਂ ਜਾਮ ਕਰਨ ਦੀ ਸਮਰੱਥਾ ਪ੍ਰਦਾਨ ਕਰ ਸਕਦੀ ਹੈ।ਇਸ ਤੋਂ ਇਲਾਵਾ, ਸਾਈਬਰ ਨੈੱਟਵਰਕਾਂ 'ਤੇ ਹਮਲਾ ਕਰਨ ਦੀ ਸਮਰੱਥਾ ਵੀ ਜੰਗ ਦੀ ਸਥਿਤੀ ਵਿੱਚ ਬੇਹੱਦ ਪ੍ਰਭਾਵਸ਼ਾਲੀ ਸਾਬਿਤ ਹੋ ਸਕਦੀ ਹੈ।ਪੁਲਾੜ ਦੇ ਹਥਿਆਰੀਕਰਨ ਨੂੰ ਰੋਕਣ ਲਈ ਤੁਰੰਤ ਅੰਤਰਰਾਸ਼ਟਰੀ ਕਾਨੂੰਨ ਬਣਾਉਣ ਦੀ ਲੋੜ ਹੈ।ਸੰਨ 1967 ਦੀ ਆਊਟਰ ਸਪੇਸ ਟ੍ਰੀਟੀ ਪੁਲਾੜ ਵਿੱਚ ਪ੍ਰਮਾਣੂ ਹਥਿਆਰਾਂ ਦੀ ਤਾਇਨਾਤੀ 'ਤੇ ਰੋਕ ਲਗਾਉਂਦੀ ਹੈ।ਇਸ ਵਿੱਚ ਸੋਧ ਕਰਕੇ ਰਵਾਇਤੀ ਹਥਿਆਰਾਂ ਨੂੰ ਵੀ ਇਸ ਦੇ ਦਾਇਰੇ ਵਿੱਚ ਸ਼ਾਮਲ ਕੀਤਾ ਜਾਣਾ ਚਾਹੀਦਾ ਹੈ। ਇਸ ਮੰਤਵ ਲਈ ਸੰਯੁਕਤ ਰਾਸ਼ਟਰ ਸੁਰੱਖਿਆ ਪ੍ਰੀਸ਼ਦ ਦੀ ਤੁਰੰਤ ਬੈਠਕ ਬੁਲਾਈ ਜਾਣੀ ਚਾਹੀਦੀ ਹੈ। ਅਸੀਂ ਦੁਨੀਆ ਦੇ ਸਾਰੇ ਦੇਸ਼ਾਂ ਤੇ ਵਿਸ਼ਵ ਭਰ ਦੀਆਂ ਸਿਵਲ ਸੋਸਾਇਟੀ ਜਥੇਬੰਦੀਆਂ ਨੂੰ ਅਪੀਲ ਕਰਦੇ ਹਾਂ ਕਿ ਉਹ ਪੁਲਾੜ ਦੇ ਸੈਨਿਕੀਕਰਨ ਤੇ ਹਥਿਆਰੀਕਰਨ ਵਿਰੁੱਧ ਸਾਂਝੀ ਆਵਾਜ਼ ਬੁਲੰਦ ਕਰਨ।

# ਲੰਮੇ ਬਿਜਲੀ ਕੱਟਾਂ ਖ਼ਿਲਾਫ਼ ਅਕਾਲੀ ਦਲ ਬਾਦਲ ਵੱਲੋਂ ਵੱਖ-ਵੱਖ ਥਾਈਂ ਰੋਸ ਪ੍ਰਦਰਸ਼ਨ


ਬਾਘਾ ਪੁਰਾਣਾ


ਮਲੋਟ


ਨਾਭਾ


ਮਹਿਲ ਕਲਾਂ

**ਬਾਘਾ ਪੁਰਾਣਾ (ਮਨੀ ਸਿੰਗਲਾ)**-ਪੰਜਾਬ ਅੰਦਰ ਲੱਗ ਰਹੇ ਅਣ-ਐਲਾਨੇ ਬਿਜਲੀ ਕੱਟਾਂ ਦੇ ਮੁੱਦੇ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਵੱਲੋਂ ਸੂਬੇ ਭਰ ਵਿੱਚ ਰੋਸ ਪ੍ਰਦਰਸ਼ਨ ਕੀਤੇ ਗਏ।ਇਸੇ ਤਹਿਤ ਵਿਧਾਨ ਸਭਾ ਹਲਕਾ ਬਾਘਾ ਪੁਰਾਣਾ ਵਿੱਚ ਹਲਕਾ ਇੰਚਾਰਜ ਜਥੇਦਾਰ ਤੀਰਥ ਸਿੰਘ ਮਾਹਲਾ ਦੀ ਅਗਵਾਈ ਹੇਠ ਅਕਾਲੀ ਦਲ ਦੇ ਆਗੂਆਂ ਤੇ ਵਰਕਰਾਂ ਵੱਲੋਂ ਬਿਜਲੀ ਘਰ ਦੇ ਸਾਹਮਣੇ ਰੋਸ ਪ੍ਰਦਰਸ਼ਨ ਕੀਤਾ ਗਿਆ ਤੇ ਪੰਜਾਬ ਸਰਕਾਰ ਦਾ ਪੁਤਲਾ ਫੂਕਿਆ ਗਿਆ।ਪ੍ਰਦਰਸ਼ਨ ਦੌਰਾਨ ਵਰਕਰਾਂ ਵੱਲੋਂ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਬਿਜਲੀ ਦੀ ਨਿਰਵਿਘਨ ਸਪਲਾਈ ਯਕੀਨੀ ਬਣਾਉਣ ਦੀ ਮੰਗ ਕੀਤੀ ਗਈ। ਪੰਜਾਬ ਵਿੱਚ ਬਿਜਲੀ ਸਪਲਾਈ ਨੂੰ ਲੈ ਕੇ ਕਿਸਾਨ ਜਥੇਬੰਦੀਆਂ ਤੇ ਉਦਯੋਗਿਕ ਖੇਤਰ ਵੱਲੋਂ ਵੀ ਹਾਲ ਹੀ ਵਿਚ ਚਿੰਤਾ ਪ੍ਰਗਟ ਕੀਤੀ ਗਈ ਹੈ।ਇਸ ਮੌਕੇ ਜਥੇਦਾਰ ਤੀਰਥ ਸਿੰਘ ਮਾਹਲਾ ਨੇ ਕਿਹਾ ਕਿ ਪੰਜਾਬ ਵਿਚ ਲੱਗ ਰਹੇ ਲੰਮੇ ਬਿਜਲੀ ਕੱਟਾਂ ਕਾਰਨ ਆਮ ਲੋਕਾਂ ਦੇ ਨਾਲ-ਨਾਲ ਕਿਸਾਨਾਂ ਨੂੰ ਵੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ।ਉਨ੍ਹਾਂ ਕਿਹਾ ਕਿ ਖੇਤੀਬਾੜੀ ਲਈ ਨਿਯਮਤ ਬਿਜਲੀ ਸਪਲਾਈ ਨਾ ਮਿਲਣ ਕਾਰਨ ਕਿਸਾਨਾਂ ਨੂੰ ਆਪਣੀਆਂ ਫ਼ਸਲਾਂ ਦੀ ਸਿੰਚਾਈ ਲਈ ਪ੍ਰੇਸ਼ਾਨੀਆਂ ਝੱਲਣੀਆਂ ਪੈ ਰਹੀਆਂ ਹਨ ਤੇ ਉਹ ਰੋਸ ਪ੍ਰਦਰਸ਼ਨ ਕਰਨ ਲਈ ਮਜਬੂਰ ਹੋ ਰਹੇ ਹਨ।ਜਥੇਦਾਰ ਮਾਹਲਾ ਨੇ ਕਿਹਾ ਕਿ ਕਿਸਾਨ ਪਹਿਲਾਂ ਹੀ ਖੇਤੀਬਾੜੀ ਨਾਲ ਜੁੜੀਆਂ ਕਈ ਸਮੱਸਿਆਵਾਂ ਦਾ ਸਾਹਮਣਾ ਕਰ ਰਹੇ ਹਨ ਤੇ ਬਿਜਲੀ ਦੀ ਅਨਿਯਮਿਤ ਸਪਲਾਈ ਉਨ੍ਹਾਂ ਲਈ ਇੱਕ ਹੋਰ ਵੱਡੀ ਚੁਣੌਤੀ ਬਣ ਰਹੀ ਹੈ।ਉਨ੍ਹਾਂ ਪੰਜਾਬ ਸਰਕਾਰ ਤੇ ਬਿਜਲੀ ਵਿਭਾਗ ਤੋਂ ਮੰਗ ਕੀਤੀ ਕਿ ਬਿਜਲੀ ਸਪਲਾਈ ਨੂੰ ਸੁਚਾਰੂ ਬਣਾਇਆ ਜਾਵੇ ਤੇ ਲੋਕਾਂ ਨੂੰ ਲੰਮੇ ਕੱਟਾਂ ਤੋਂ ਰਾਹਤ ਦਿੱਤੀ ਜਾਵੇ।ਇਸ ਮੌਕੇ ਯੂਥ ਕੋਰ ਕਮੇਟੀ ਮੈਂਬਰ ਸੁਖਜੀਤ ਸਿੰਘ ਮਾਹਲਾ, ਪ੍ਰਧਾਨ ਪਵਨ ਗੋਇਲ, ਸੋਨੀ ਪ੍ਰਧਾਨ ਸੁਖਵੀਰ ਸਿੰਘ ਬਰਾੜ ਸੁੱਖਾ ਬਾਘਾ ਪੁਰਾਣਾ, ਰਾਮ ਬਾਂਸਲ ਸ਼ਹਿਰੀ ਪ੍ਰਧਾਨ, ਸ਼ਹਿਰੀ ਪ੍ਰਧਾਨ ਪਵਨ ਢੰਡ, ਲਵਲੀ ਬਾਂਸਲ ਲਧਾਈਕੇ ਵਾਲੇ, ਸਾਬਕਾ ਚੇਅਰਮੈਨ ਸੁਖਚਰਨ ਸਿੰਘ ਛਿੰਦਾ, ਜਗਮੋਹਨ ਸਿੰਘ ਜੈ ਸਿੰਘ ਵਾਲਾ, ਰੇਸ਼ੀ ਭਾਟੀਆ, ਚੰਦਨ, ਰਣਜੀਤ ਸਿੰਘ ਚੀਦਾ, ਜਤਿੰਦਰ ਸਿੰਘ ਬਿੱਟੂ, ਸੁਖਹਰਪ੍ਰੀਤ ਸਿੰਘ ਰੋਡੇ, ਸਰਕਲ ਪ੍ਰਧਾਨ ਸੰਜੀਵ ਬਿੱਟੂ ਰੋਡੇ, ਬਲਵਿੰਦਰ ਸਿੰਘ ਜੈਲਦਾਰ, ਇਕੱਤਰ ਸਿੰਘ ਥਰਾਜ, ਜਗਰੂਪ ਸਿੰਘ ਲੰਗੇਆਣਾ, ਰਵਿੰਦਰ ਸਿੰਘ ਰਵੀ ਸਮੇਤ ਵੱਡੀ ਗਿਣਤੀ ਵਿੱਚ ਅਕਾਲੀ ਵਰਕਰ ਹਾਜ਼ਰ ਸਨ।

**ਮਲੋਟ (ਰਜਿੰਦਰ ਜੁਨੇਜਾ) :** ਪੰਜਾਬ ਭਰ ਵਿੱਚ ਗਰਮੀ ਦੇ ਮੌਸਮ ਦੌਰਾਨ ਲੱਗ ਰਹੇ ਅਣ-ਐਲਾਨੇ ਬਿਜਲੀ ਕੱਟਾਂ ਦੇ ਮੁੱਦੇ ਨੂੰ ਲੈ ਕੇ ਸ਼੍ਰੋਮਣੀ ਅਕਾਲੀ ਦਲ ਹਲਕਾ ਮਲੋਟ ਵੱਲੋਂ ਸਥਾਨਕ ਬਿਜਲੀ ਘਰ ਦੇ ਮੁੱਖ ਗੇਟ ਅੱਗੇ ਵਿਸ਼ਾਲ ਰੋਸ ਧਰਨਾ ਦਿੱਤਾ ਗਿਆ।ਇਸ ਧਰਨੇ ਵਿੱਚ ਹਲਕੇ ਭਰ ਵਿੱਚੋਂ ਪਾਰਟੀ ਦੇ ਸੀਨੀਅਰ ਆਗੂਆਂ, ਵਰਕਰਾਂ ਤੇ ਵੱਡੀ ਗਿਣਤੀ ਵਿੱਚ ਸਮਰਥਕਾਂ ਨੇ ਸ਼ਮੂਲੀਅਤ ਕੀਤੀ, ਜਿਸ ਕਾਰਨ ਧਰਨਾ ਸਥਾਨ 'ਤੇ ਸਰਕਾਰ ਵਿਰੋਧੀ ਰੋਸ ਪੂਰੀ ਤਰ੍ਹਾਂ ਭਖਦਾ ਨਜ਼ਰ ਆਇਆ।ਧਰਨੇ ਦੌਰਾਨ ਪ੍ਰਦਰਸ਼ਨਕਾਰੀਆਂ ਵੱਲੋਂ ਹੱਥਾਂ ਵਿੱਚ ਬਿਜਲੀ ਸੰਕਟ ਤੇ ਸਰਕਾਰ ਦੀ ਕਾਰਗੁਜ਼ਾਰੀ ਵਿਰੁੱਧ ਨਾਅਰੇ ਲਿਖੀਆਂ ਤਖ਼ਤੀਆਂ ਫੜੀਆਂ ਹੋਈਆਂ ਸਨ।ਇਕੱਠ ਵੱਲੋਂ ਪੰਜਾਬ ਦੀ ਆਮ ਆਦਮੀ ਪਾਰਟੀ ਸਰਕਾਰ ਤੇ ਪਾਵਰਕਾਮ ਪ੍ਰਸ਼ਾਸਨ ਦੇ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਬਿਜਲੀ ਸਪਲਾਈ ਤੁਰੰਤ ਬਹਾਲ ਕਰਨ ਦੀ ਮੰਗ ਉਠਾਈ ਗਈ।ਇਕੱਠ ਨੂੰ ਸਾਬਕਾ ਵਿਧਾਇਕ ਤੇ ਸ਼੍ਰੋਮਣੀ ਅਕਾਲੀ ਦਲ ਦੇ ਸੀਨੀਅਰ ਆਗੂ ਹਰਪ੍ਰੀਤ ਸਿੰਘ ਤੇ ਹੋਰਨਾਂ ਆਗੂਆਂ ਨੇ ਸੰਬੋਧਨ ਕੀਤਾ। ਇਸ ਵਿਸ਼ਾਲ ਰੋਸ ਧਰਨੇ ਵਿੱਚ ਹੋਰਨਾਂ ਤੋਂ ਇਲਾਵਾ ਸੀਨੀਅਰ ਆਗੂ ਬਸੰਤ ਸਿੰਘ ਕੰਗ, ਸ਼ਹਿਰੀ ਪ੍ਰਧਾਨ ਅਸ਼ੋਕ ਬਜਾਜ, ਆਲ ਇੰਡੀਆ ਯੂਥ ਵਰਕਿੰਗ ਪ੍ਰਧਾਨ ਲੱਖੀ ਈਨਾ ਖੇੜਾ ਤੇ ਪੀ.ਏ. ਕੁਲਵੀਰ ਸਿੰਘ ਕੋਟ ਭਾਈ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਇਸ ਤੋਂ ਇਲਾਵਾ ਹਲਕੇ ਦੇ ਕਈ ਪੰਚ, ਸਰਪੰਚ, ਸਰਕਲ ਜਥੇਦਾਰ ਤੇ ਵੱਡੀ ਗਿਣਤੀ ਵਿੱਚ ਵਰਕਰ ਮੌਜੂਦ ਰਹੇ।


ਕੋਟਕਪੂਰਾ (ਗੁਰਪਾਲ ਭੁੱਲਰ)-ਪਾਰਟੀ ਪ੍ਰਧਾਨ ਸ. ਸੁਖਬੀਰ ਸਿੰਘ ਬਾਦਲ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਪੰਜਾਬ ਦੀ ਭਗਵੰਤ ਮਾਨ ਸਰਕਾਰ ਵੱਲੋਂ ਲਗਾਏ ਜਾ ਰਹੇ ਭਾਰੀ ਬਿਜਲੀ ਕੱਟਾਂ ਦੇ ਵਿਰੋਧ ਵਿੱਚ ਵਿਧਾਨ ਸਭਾ ਹਲਕਾ ਕੋਟਕਪੂਰਾ ਵਿਖੇ ਵਿਸ਼ਾਲ ਰੋਸ ਧਰਨਾ ਦਿੱਤਾ ਗਿਆ।ਇਸ ਰੋਸ ਧਰਨੇ ਦੌਰਾਨ ਸਥਾਨਕ ਆਗੂਆਂ ਸਮੇਤ ਪਾਰਟੀ ਦੀ ਸਮੁੱਚੀ ਸੀਨੀਅਰ ਲੀਡਰਸ਼ਿਪ, ਅਹੁਦੇਦਾਰਾਂ ਤੇ ਵੱਡੀ ਗਿਣਤੀ ਵਿੱਚ ਪਾਰਟੀ ਵਰਕਰਾਂ ਨੇ ਸ਼ਮੂਲੀਅਤ ਕਰਕੇ ਲੋਕਾਂ ਦੀਆਂ ਮੁਸ਼ਕਲਾਂ ਤੇ ਬਿਜਲੀ ਸਪਲਾਈ ਨਾਲ ਜੁੜੇ ਮੁੱਦਿਆਂ ਨੂੰ ਜ਼ੋਰਦਾਰ ਢੰਗ ਨਾਲ ਉਠਾਇਆ।


ਭਵਾਨੀਗੜ੍ਹ

**ਨਾਭਾ (ਅਮਨ ਗਰਗ)**-ਸਮੁੱਚੇ ਪੰਜਾਬ ਵਿੱਚ ਬਿਜਲੀ ਦੇ ਲੱਗ ਰਹੇ ਲਗਾਤਾਰ ਲੰਮੇ ਲੰਮੇ ਕੱਟਾਂ ਦੇ ਰੋਸ ਵਜੋਂ ਨਾਭਾ ਬਿਜਲੀ ਗਰਿੱਡ ਸਾਹਮਣੇ ਸ਼੍ਰੋਮਣੀ ਅਕਾਲੀ ਦਲ ਨਾਭਾ ਦੇ ਹਲਕਾ ਇੰਚਾਰਜ ਮੱਖਣ ਸਿੰਘ ਲਾਲਕਾ ਦੀ ਅਗਵਾਈ ਹੇਠ ਆਮ ਆਦਮੀ ਪਾਰਟੀ ਦੀ ਸਰਕਾਰ ਖਿਲਾਫ ਰੋਸ ਧਰਨਾ ਲਗਾਇਆ ਗਿਆ। ਇਸ ਮੌਕੇ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਪੁਤਲਾ ਵੀ ਫੂਕਿਆ ਗਿਆ ਤੇ ਆਮ ਆਦਮੀ ਪਾਰਟੀ ਦੀ ਸਰਕਾਰ ਖ਼ਿਲਾਫ ਜ਼ੋਰਦਾਰ ਨਾਅਰੇਬਾਜ਼ੀ ਕੀਤੀ ਗਈ। ਇਸ ਮੌਕੇ ਵੱਡੀ ਗਿਣਤੀ ਵਿੱਚ ਅਕਾਲੀ ਦਲ ਦੇ ਬੁਲਾਰਿਆਂ ਤੋਂ ਇਲਾਵਾ ਬਲਜੰਟ ਸਿੰਘ ਖੋਖ ਸੀਨੀ ਅਕਾਲੀ ਆਗੂ, ਬਬਲੂ ਖੋਖਾ, ਬੀਬੀ ਹਰਪ੍ਰੀਤ ਕੌਰ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਪ੍ਰਿੰਸ ਤੁੰਗ, ਜੱਸਾ ਖੋਖ, ਰਣਜੀਤ ਸਿੰਘ ਘੁੰਡਰ, ਹਰਭਜਨ ਸਿੰਘ ਮੱਲੇਵਾਲ, ਅਬਜਿੰਦਰ ਸਿੰਘ ਜੋਗੀ ਨਾਨੋਂਕੀ ਨੇ ਵੀ ਇਕੱਠ ਨੂੰ ਸੰਬੋਧਨ ਕੀਤਾ। ਇਸ ਮੌਕੇ ਵੱਡੀ ਗਿਣਤੀ ਵਿੱਚ ਅਕਾਲੀ ਵਰਕਰ ਤੇ ਆਗੂ ਹਾਜ਼ਰ ਸਨ।

**ਮਹਿਲ ਕਲਾਂ, (ਪ੍ਰਦੀਪ ਸਿੰਘ ਲੋਹਗੜ੍ਹ)**-ਪੰਜਾਬ 'ਚ ਬਿਜਲੀ ਦੇ ਲਗਾਤਾਰ ਲੱਗ ਰਹੇ ਕੱਟਾਂ ਅਤੇ ਸਪਲਾਈ ਵਿੱਚ ਆ ਰਹੇ ਵਿਘਨ ਦੇ ਵਿਰੋਧ ਵਿੱਚ ਸ਼੍ਰੋਮਣੀ ਅਕਾਲੀ ਦਲ ਵੱਲੋਂ ਹਲਕਾ ਮਹਿਲ ਕਲਾਂ ਦੇ ਇੰਚਾਰਜ ਜਥੇਦਾਰ ਨਾਥ ਸਿੰਘ ਹਮੀਦੀ ਦੀ ਅਗਵਾਈ ਹੇਠ ਐੱਸ.ਡੀ.ਓ. ਦਫ਼ਤਰ ਮਹਿਲ ਕਲਾਂ ਅੱਗੇ ਧਰਨਾ ਦਿੱਤਾ ਗਿਆ।ਇਸ ਮੌਕੇ ਅਕਾਲੀ ਆਗੂਆਂ ਤੇ ਵਰਕਰਾਂ ਨੇ ਪੰਜਾਬ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਦਿਆਂ ਲੋਕਾਂ ਤੇ ਕਿਸਾਨਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਦੇਣ ਦੀ ਮੰਗ ਕੀਤੀ।

ਧਰਨੇ ਉਪਰੰਤ ਤਹਿਸੀਲਦਾਰ ਦਫ਼ਤਰ ਮਹਿਲ ਕਲਾਂ ਦੇ ਸੀਨੀਅਰ ਸਹਾਇਕ ਕਰਨ ਅਵਤਾਰ ਸਿੰਘ ਧੰਧੇਰ ਨੇ ਧਰਨਾਕਾਰੀਆਂ ਤੋਂ ਮੰਗ ਪੱਤਰ ਪ੍ਰਾਪਤ ਕੀਤਾ ਤੇ ਇਸ ਨੂੰ ਪੰਜਾਬ ਸਰਕਾਰ ਤੇ ਸਬੰਧਤ ਵਿਭਾਗ ਤੱਕ ਪਹੁੰਚਾਉਣ ਦਾ ਭਰੋਸਾ ਦਿੱਤਾ।ਇਸ ਮੌਕੇ ਸ਼੍ਰੋਮਣੀ ਅਕਾਲੀ ਦਲ ਦੇ ਜਨਰਲ ਕੌਂਸਲ ਮੈਂਬਰ ਸੁਖਵਿੰਦਰ ਸਿੰਘ ਨਿਹਾਲੂਵਾਲ, ਬਲਦੇਵ ਸਿੰਘ ਗਾਗੇਵਾਲ, ਸਰਪੰਚ ਬਚਿੱਤਰ ਸਿੰਘ ਧਾਲੀਵਾਲ, ਸਰਕਲ ਮਹਿਲ ਕਲਾਂ ਦੇ ਪ੍ਰਧਾਨ ਸੁਖਵਿੰਦਰ ਸਿੰਘ ਸੁੱਖਾ, ਸਾਬਕਾ ਬਲਾਕ ਸੰਮਤੀ ਚੇਅਰਮੈਨ ਲਛਮਣ ਸਿੰਘ ਮੂੰਮ, ਬੀਸੀ ਵਿੰਗ ਦੇ ਹਲਕਾ ਪ੍ਰਧਾਨ ਕੁਲਵੰਤ ਸਿੰਘ ਜਗਦੇ, ਸਾਬਕਾ ਸਰਪੰਚ ਨਿਸ਼ਾਨ ਸਿੰਘ ਭੋਲਾ ਗਹਿਲ, ਹਰਨੇਕ ਸਿੰਘ ਧਰੇੜੀ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਾਰਟੀ ਵਰਕਰ ਤੇ ਇਲਾਕਾ ਵਾਸੀ ਹਾਜ਼ਰ ਸਨ।

**ਭਵਾਨੀਗੜ੍ਹ (ਰਾਜ ਖੁਰਮੀ)**-ਪੰਜਾਬ ਵਿੱਚ ਲੱਗ ਰਹੇ ਅਣ-ਐਲਾਨੇ ਤੇ ਲੰਬੇ ਬਿਜਲੀ ਕੱਟਾਂ ਦੇ ਵਿਰੋਧ ਵਿੱਚ ਸ਼੍ਰੋਮਣੀ ਅਕਾਲੀ ਦਲ ਵੱਲੋਂ ਹਲਕਾ ਇੰਚਾਰਜ ਸੰਗਰੂਰ ਅਰਵਿੰਦ ਖੰਨਾ ਦੀ ਅਗਵਾਈ ਹੇਠ ਡਿਪਟੀ ਕਮਿਸ਼ਨਰ ਸੰਗਰੂਰ ਦੇ ਦਫ਼ਤਰ ਅੱਗੇ ਜ਼ੋਰਦਾਰ ਰੋਸ ਪ੍ਰਦਰਸ਼ਨ ਕੀਤਾ ਗਿਆ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਤੇਜਿੰਦਰ ਪਾਲ ਸਿੰਘ ਸੰਘਰੇੜੀ, ਇਕਬਾਲ ਸਿੰਘ ਪੂਨੀਆ, ਹਰਵਿੰਦਰ ਸਿੰਘ ਕਾਕੜਾ, ਧਰਮਿੰਦਰ ਸਿੰਘ ਢੁੱਲਟ, ਰੁਪਿੰਦਰ ਸਿੰਘ ਰੰਧਾਵਾ, ਪਰਮਜੀਤ ਕੌਰ ਵਿਰਕ, ਗੁਰਜੰਟ ਸਿੰਘ ਵਾਲੀਆਂ, ਜਸਵੀਰ ਸਿੰਘ ਬਾਲਦ, ਹਰਵਿੰਦਰ ਸਿੰਘ ਗੋਲਡੀ ਤੂਰ, ਜਤਿੰਦਰ ਸਿੰਘ ਵਿੱਕੀ ਖੱਕ, ਪਰਮਜੀਤ ਸਿੰਘ ਸੰਗਤਪੁਰਾ, ਅਮਰਜੀਤ ਸਿੰਘ ਜੀਤ, ਹਰਬੰਸ ਸਿੰਘ ਗਰਚਾ, ਸ਼ੇਰ ਸਿੰਘ ਬਾਲੇਵਾਲ, ਗੁਰਜੀਤ ਸਿੰਘ ਕਾਕਾ, ਨਰਦੀਪ ਸਿੰਘ ਕਾਲਾ ਝਾੜ, ਪਰਵਿੰਦਰ ਸਿੰਘ ਘਰਾਚੋਂ, ਗਰਨੈਬ ਸਿੰਘ ਰੋਹੀ, ਤਰਸੇਮ ਸਿੰਘ ਖੇੜੀ ਗਿੱਲਾਂ ਤੇ ਦੀਪਕ ਅਗਰਵਾਲ ਸਮੇਤ ਵੱਡੀ ਗਿਣਤੀ ਵਿੱਚ ਅਕਾਲੀ ਆਗੂ ਤੇ ਵਰਕਰ ਹਾਜ਼ਰ ਸਨ।

## ਜ਼ਿਲ੍ਹਾ ਕ੍ਰਿਕਟ ਐਸੋਸੀਏਸ਼ਨ ਵੱਲੋਂ ਅੰਡਰ 14 ਮੇਨ ਦੇ ਟਰਾਇਲ ਭਲਕੇ

ਸੰਗਰੂਰ 16 ਸਤੰਬਰ (ਪ੍ਰਵੀਨ ਸਿੰਘ)-ਜ਼ਿਲ੍ਹਾ ਕ੍ਰਿਕਟ ਐਸੋਸੀਏਸ਼ਨ ਸੰਗਰੂਰ (ਐਫੀਲੇਟਿਡ ਪੀ ਸੀ ਏ ਵੱਲੋਂ) ਅੰਡਰ 14 ਮੇਨ ਟੀਮ ਦਾ ਟਰਾਇਲ 18 ਸਤੰਬਰ ਸ਼ੁੱਕਰਵਾਰ ਸਵੇਰੇ 9:00 ਵਜੇ ਸਥਾਨ ਸਰਕਾਰੀ ਰਣਬੀਰ ਕਾਲਜ ਸੰਗਰੂਰ ਵਿਖੇ ਹੋਣਗੇ।ਜਿਨ੍ਹਾਂ ਖਿਡਾਰੀਆਂ ਦੀ ਜਨਮ ਮਿਤੀ 01 ਸੰਤਬਰ 2012 ਤੋਂ 31 ਅਗਸਤ 2014 ਤੱਕ ਦੇ ਵਿਚਕਾਰ ਹੈ, ਉਹ ਹੀ ਖਿਡਾਰੀ ਇਨ੍ਹਾਂ ਟਰਾਇਲਾਂ ਦੇ ਯੋਗ ਹੋਣਗੇ। ਟਰਾਇਲ ਦੇਣ ਦੇ ਚਾਹਵਾਨ ਖਿਡਾਰੀ ਚਿੱਟੀ ਕਿੱਟ ਵਿੱਚ ਆਉਣ ਤੇ ਆਪਣਾ ਡਿਜੀਟਲ ਜਨਮ ਸਰਟੀਫਿਕੇਟ ਅਤੇ ਅਧਾਰ ਕਾਰਡ ਲੈ ਕੇ ਆਉਣ। ਇਹ ਜਾਣਕਾਰੀ ਐਸੋਸੀਏਸ਼ਨ ਦੇ ਜਨਰਲ ਸਕੱਤਰ ਹਰੀਸ਼ ਸਚਦੇਵਾ ਨੇ ਦਿੱਤੀ।

## ਬਾਬਾ ਫਰੀਦ ਲਾਅ ਕਾਲਜ ਦੇ ਵਿਦਿਆਰਥੀ ਨੇ ਜਿੱਤਿਆ ਬੈਸਟ ਸਪੀਕਰ ਐਵਾਰਡ

**ਫਰੀਦਕੋਟ (ਐਲਿਗਜੈਂਡਰ ਡਿਸੂਜਾ) :** ਬਾਬਾ ਫਰੀਦ ਲਾਅ ਕਾਲਜ ਫਰੀਦਕੋਟ ਵੱਲੋਂ ਮਾਨਯੋਗ ਚੇਅਰਮੈਨ ਸਵ. ਸ. ਇੰਦਰਜੀਤ ਸਿੰਘ ਖਾਲਸਾ ਦੀ ਅਗਾਂਹਵਧੂ ਸੋਚ ਨੂੰ ਅੱਗੇ ਵਧਾਉਂਦੇ ਹੋਏ ਸ. ਸਿਮਰਜੀਤ ਸਿੰਘ ਸੇਖੋਂ (ਚੇਅਰਮੈਨ) ਦੀ ਰਹਿਨੁਮਾਈ ਤੇ ਪ੍ਰਿੰਸੀਪਲ ਡਾ. ਵਰਿੰਦਰ ਕੁਮਾਰ ਕੌਸ਼ਿਕ ਦੀ ਅਗਵਾਈ ਹੇਠ ਕਾਲਜ ਦੇ ਵਿਦਿਆਰਥੀ ਦਲਜੀਤ ਸਿੰਘ ਨੇ ਸੀਜੀਸੀ ਯੂਨੀਵਰਸਿਟੀ ਮੋਹਾਲੀ ਵਿਖੇ ਕਰਵਾਏ ਮੂਨ ਸਮਾਗਮ ਵਿੱਚ ਭਾਗ ਲੈ ਕੇ 'ਬੈਸਟ ਸਪੀਕਰ' ਐਵਾਰਡ ਜਿੱਤਿਆ।ਇਸ ਮੌਕੇ ਦਲਜੀਤ ਸਿੰਘ ਨੇ ਆਪਣੇ ਪ੍ਰਭਾਵਸ਼ਾਲੀ ਭਾਸ਼ਣ, ਤੱਥਾਂ-ਅਧਾਰਤ ਤਰਕ, ਸੰਸਦੀ ਸ਼ੈਲੀ ਤੇ ਵਿਸ਼ੇ ਦੀ ਡੂੰਘੀ ਸਮਝ ਨਾਲ ਆਪਣੀ ਵੱਖਰੀ ਪਛਾਣ ਬਣਾਈ।ਵਿਦਿਆਰਥੀ ਦੇ ਕਾਲਜ ਪਹੁੰਚਣ ਤੇ ਕਾਲਜ ਦੇ ਪ੍ਰਿੰਸੀਪਲ ਡਾ. ਵਰਿੰਦਰ ਕੁਮਾਰ ਕੌਸ਼ਿਕ ਨੇ ਵਿਦਿਆਰਥੀ ਨੂੰ ਸਨਮਾਨਤ ਕੀਤਾ ਤੇ ਵਧਾਈਆਂ ਦਿੱਤੀਆਂ।ਉਨ੍ਹਾਂ ਕਿਹਾ ਕਿ ਇਸ ਵਿਦਿਆਰਥੀ ਨੇ ਆਪਣੀ ਸ਼ਾਨਦਾਰ ਪ੍ਰਤਿਭਾ ਦਾ ਪ੍ਰਦਰਸ਼ਨ ਕਰਦਿਆਂ ਕਾਲਜ ਦਾ ਨਾਮ ਰੌਸ਼ਨ ਕੀਤਾ ਹੈ।ਇਸ ਮੌਕੇ ਡਾ. ਮੋਹਣ ਸਿੰਘ ਸੱਗੂ, ਡਾ. ਨਵਜੋਤ ਕੌਰ ਤੇ ਮਨਿੰਦਰ ਸਿੰਘ ਮੌਜੂਦ ਰਹੇ।



## ਨੀਰਜ ਗੁਪਤਾ ਨੇ ਕੇਂਦਰੀ ਮੰਤਰੀ ਸ਼ੇਖਾਵਤ ਨਾਲ ਕੀਤੀ ਮੁਲਾਕਾਤ



**ਸਮਾਣਾ (ਇਕਬਾਲ ਸਿੰਘ ਬੱਲ)**-ਚੰਡੀਗੜ੍ਹ ਵਿਖੇ ਸਮਾਣਾ ਦੇ ਨੀਰਜ ਕੁਮਾਰ ਗੁਪਤਾ ਨੇ ਆਪਣੇ ਸਾਥੀਆਂ ਸਮੇਤ ਭਾਰਤ ਸਰਕਾਰ ਦੇ ਮਾਨਯੋਗ ਕੇਂਦਰੀ ਸੱਭਿਆਚਾਰ ਤੇ ਸੈਰ-ਸਪਾਟਾ ਮੰਤਰੀ ਸ੍ਰੀ ਗਜੇਂਦਰ ਸਿੰਘ ਸ਼ੇਖਾਵਤ ਨਾਲ ਵਿਸ਼ੇਸ਼ ਮੁਲਾਕਾਤ ਕੀਤੀ।ਇਸ ਮੁਲਾਕਾਤ ਦੌਰਾਨ ਪੰਜਾਬ ਦੀ ਮੌਜੂਦਾ ਰਾਜਨੀਤਕ ਸਥਿਤੀ ਤੇ ਚੱਲ ਰਹੀਆਂ ਰਾਜਨੀਤਕ ਗਤੀਵਿਧੀਆਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਨੀਰਜ ਕੁਮਾਰ ਗੁਪਤਾ ਨੇ ਮਾਨਯੋਗ ਕੇਂਦਰੀ ਮੰਤਰੀ ਤੋਂ ਪਾਰਟੀ ਦੀ ਮਜ਼ਬੂਤੀ ਤੇ ਭਵਿੱਖ ਦੀਆਂ ਰਾਜਨੀਤਕ ਗਤੀਵਿਧੀਆਂ ਸਬੰਧੀ ਕੀਮਤੀ ਮਾਰਗਦਰਸ਼ਨ ਪ੍ਰਾਪਤ ਕੀਤਾ।ਇਸ ਮੌਕੇ ਡਾ. ਸੁਭਾਸ਼ ਸ਼ਰਮਾ, ਮੀਤ ਪ੍ਰਧਾਨ ਭਾਰਤੀ ਜਨਤਾ ਪਾਰਟੀ ਪੰਜਾਬ, ਰਾਜੇਸ਼ ਕੁਮਾਰ ਗੁਪਤਾ ਤੇ ਅਭਿਨਵ ਗੁਪਤਾ ਵੀ ਮੌਜੂਦ ਰਹੇ।ਨੀਰਜ ਗੁਪਤਾ ਨੇ ਕਿਹਾ ਕਿ ਸੀਨੀਅਰ ਲੀਡਰਸ਼ਿਪ ਦਾ ਮਾਰਗਦਰਸ਼ਨ ਵਰਕਰਾਂ ਵਿੱਚ ਨਵਾਂ ਉਤਸ਼ਾਹ ਪੈਦਾ ਕਰਦਾ ਹੈ ਤੇ ਪਾਰਟੀ ਨੂੰ ਜ਼ਮੀਨੀ ਪੱਧਰ 'ਤੇ ਹੋਰ ਮਜ਼ਬੂਤ ਕਰਨ ਲਈ ਪ੍ਰੇਰਿਤ ਕਰਦਾ ਹੈ।

## ਗੁਲਜ਼ਾਰ ਦੀ ਮੌਤ ਦੇ ਜ਼ਿੰਮੇਵਾਰ ਵਿਅਕਤੀਆਂ ਖ਼ਿਲਾਫ਼ ਸਖ਼ਤ ਕਾਰਵਾਈ ਹੋਣ ਤੱਕ ਕਾਂਗਰਸ ਦਾ ਸੰਘਰਸ਼ ਜਾਰੀ ਰਹੇਗਾ : ਕੰਬੋਜ



**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਪੰਜਾਬ ਕਾਂਗਰਸ ਕਾਂਗਰਸ ਨੇਤਾ ਸਚਿਨ ਪਾਇਲਟ ਤੇ ਰਾਜਾ ਵੜਿੰਗ ਦੀ ਅਗਵਾਈ ਹੇਠ ਗੁਲਜ਼ਾਰ ਸਿੰਘ ਨੂੰ ਇਨਸਾਫ ਦਿਵਾਉਣ ਲਈ ਰੋਸਮਈ ਧਰਨਾ ਪ੍ਰਦਰਸ਼ਨ ਕਰਨ ਤੋਂ ਬਾਅਦ ਉਸ ਦੀ ਮੌਤ ਲਈ ਜ਼ਿੰਮੇਵਾਰ ਲੋਕਾਂ ਵਿਰੁੱਧ ਕਾਰਵਾਈ ਕਰਨ ਤੱਕ ਪੰਜਾਬ ਕਾਂਗਰਸ ਆਪਣਾ ਸੰਘਰਸ਼ ਜਾਰੀ ਰੱਖੇਗੀ। ਹਲਕਾ ਰਾਜਪੁਰਾ ਤੋਂ ਸਾਬਕਾ ਵਿਧਾਇਕ ਅਤੇ ਕਾਂਗਰਸ ਚੋਣ ਮੈਨੀਫੈਸਟੋ ਦੇ ਕੋ ਚੇਅਰਮੈਨ ਹਰਦਿਆਲ ਸਿੰਘ ਕੰਬੋਜ ਨੇ ਸੈਂਕੜੇ ਲੋਕਾਂ ਨਾਲ ਚੰਡੀਗੜ੍ਹ ਵਿਖੇ ਲੱਗੇ ਧਰਨੇ 'ਚ ਸ਼ਾਮਲ ਹੋਣ ਤੋਂ ਬਾਅਦ ਇਸ ਦਾ ਖੁਲਾਸਾ ਕੀਤਾ। ਇਸ ਮੌਕੇ ਸਰਕਾਰ ਖਿਲਾਫ ਆਪਣਾ ਰੋਸ ਜ਼ਾਹਿਰ ਕਰਦਿਆਂ ਹਰਦਿਆਲ ਸਿੰਘ ਕੰਬੋਜ ਨੇ ਕਿਹਾ ਕਿ ਇੱਕ ਪਾਸੇ ਸੂਬੇ ਦੇ ਲੋਕ ਬਿਜਲੀ ਕੱਟਾਂ ਤੋਂ ਪ੍ਰੇਸ਼ਾਨ ਹਨ ਤੇ ਦੂਜੇ ਪਾਸੇ ਸਰਕਾਰ ਹੱਕ ਮੰਗ ਰਹੇ ਲੋਕਾਂ 'ਤੇ ਭਾਰੀ ਤਸ਼ੱਸ਼ਦ ਕਰ ਰਹੀ ਹੈ ਜਿਸ ਦਾ ਮੂੰਹਤੋੜਵਾਂ ਜਵਾਬ ਦਿੱਤਾ ਜਾਵੇਗਾ। ਇਸੇ ਦੌਰਾਨ ਕੰਬੋਜ ਅਤੇ ਹੋਰ ਕਾਂਗਰਸੀ ਆਗੂਆਂ ਅਤੇ ਵਰਕਰਾਂ ਨੇ ਸਰਕਾਰ ਖ਼ਿਲਾਫ਼ ਜ਼ੋਰਦਾਰ ਨਾਅਰੇਬਾਜ਼ੀ ਕਰਦਿਆਂ ਗੁਲਜ਼ਾਰ ਸਿੰਘ ਦੀ ਮੌਤ ਦੇ ਜ਼ਿੰਮੇਵਾਰਾਂ 'ਤੇ ਕਾਰਵਾਈ ਦੀ ਮੰਗ ਕੀਤੀ।ਉਨ੍ਹਾ ਕਿਹਾ ਕਿ ਗੁਲਜ਼ਾਰ ਸਿੰਘ ਨੂੰ ਇਨਸਾਫ ਮਿਲਣ ਤੱਕ ਪਾਰਟੀ ਦੇ ਹੁਕਮਾਂ ਅਨੁਸਾਰ ਸੰਘਰਸ਼ ਜਾਰੀ ਰਹੇਗਾ।

## ਇਨਫੋਰਸਮੈਂਟ ਡਾਇਰੈਕਟੋਰੇਟ ਵੱਲੋਂ ਇਮੀਗਰੇਸ਼ਨ ਦਫਤਰਾਂ 'ਤੇ ਛਾਪੇਮਾਰੀ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**- ਸ਼ਾਹੀ ਸ਼ਹਿਰ ਪਟਿਆਲਾ ਦੇ ਅਰਬਨ ਐਸਟੇਟ ਫੇਜ਼-2 ਵਿਖੇ ਤੜਕਸਾਰ ਇਨਫੋਰਸਮੈਂਟ ਡਾਇਰੈਕਟੋਰੇਟ ਵਲੋਂ ਛਾਪੇਮਾਰੀ ਕੀਤੇ ਜਾਣ ਦਾ ਸਮਾਚਾਰ ਹੈ।ਮਿਲੀ ਜਾਣਕਾਰੀ ਅਨੁਸਾਰ ਭਾਰਤ ਦੇਸ਼ ਦੀ ਕੇਂਦਰੀ ਜਾਂਚ ਏਜੰਸੀ ਈ. ਡੀ. ਵਲੋਂ ਜੋ ਅੱਜ ਆਪਣੇ ਅਧਿਕਾਰੀਆਂ ਦੀ ਟੀਮ ਨਾਲ ਤੜਕਸਾਰ ਪਟਿਆਲਾ ਦੇ ਅਰਬਨ ਐਸਟੇਟ ਫੇਜ਼-2 ਵਿਖੇ ਛਾਪੇਮਾਰੀ ਕੀਤੀ ਗਈ ਹੈ ਉਹ ਅਰਬਨ ਐਸਟੇਟ ਵਿਖੇ ਬਣੇ ਡੀ. ਐਮ. ਵੈਬ ਸੋਲਿਊਸ਼ਨ ਨਾਮ ਦੇ ਦਫ਼ਤਰ 'ਤੇ ਕੀਤੀ ਗਈ ਹੈ। ਪਹਿਲਾਂ ਵੀ ਵੱਖ-ਵੱਖ ਮਾਮਲਿਆਂ ਵਿਚ ਈ. ਡੀ. ਵਲੋਂ ਪਟਿਆਲਾ ਵਿਖੇ ਵੀ ਕਈ ਵਾਰ ਛਾਪੇਮਾਰੀ ਕੀਤੀ ਜਾ ਚੁੱਕੀ ਹੈ । ਇਨਫੋਰਸਮੈਂਟ ਡਾਇਰੈਕਟੋਰੇਟ ਵਲੋਂ ਉਕਤ ਦਫ਼ਤਰ 'ਤੇ ਕੀਤੀ ਗਈ ਛਾਪੇਮਾਰੀ ਦੌਰਾਨ ਇਹ ਪਤਾ ਲੱਗਿਆ ਹੈ ਕਿ ਆਈ. ਟੀ. ਕੰਪਨੀ ਦੇ ਨਾਮ ਹੇਠ ਇਥੇ ਇਕ ਵੱਡਾ ਕਾਲ ਸੈਂਟਰ ਚਲਾਇਆ ਜਾ ਰਿਹਾ ਸੀ ਜੋ ਦਿਨ ਰਾਤ ਲਗਾਤਾਰ ਕੰਮ ਕਰਦਾ ਰਹਿੰਦਾ ਸੀ । ਦਫ਼ਤਰ ਵਿਚ ਦਾਖਲ ਹੁੰਦਿਆਂ ਹੀ ਜਾਂਚ ਏਜੰਸੀ ਦੇ ਅਧਿਕਾਰੀਆਂ ਨੇ ਪੂਰੇ ਖੇਤਰ ਨੂੰ ਆਪਣੇ ਘੇਰੇ ਵਿਚ ਲੈਂਦਿਆਂ ਅੰਦਰ ਆਉਣ ਜਾਣ ਵਾਲਿਆਂ 'ਤੇ ਪੂਰੀ ਤਰ੍ਹਾਂ ਤੋਂ ਰੋਕ ਲਗਾ ਦਿੱਤੀ ਹੈ । ਪ੍ਰਾਪਤ ਸੂਚਨਾ ਮੁਤਾਬਕ ਈ. ਡੀ. ਨੂੰ ਸ਼ੱਕ ਹੈ ਕਿ ਇਸ ਕਾਲ ਸੈਂਟਰ ਦੀ ਆੜ ਵਿੱਚ ਵੱਡੇ ਪੱਧਰ 'ਤੇ ਵਿਦੇਸ਼ੀ ਨਾਗਰਿਕਾਂ ਨਾਲ ਧੋਖਾਧੜੀ ਜਾਂ ਗੈਰ-ਕਾਨੂੰਨੀ ਵਿੱਤੀ ਲੈਣ-ਦੇਣ ਕੀਤਾ ਜਾ ਰਿਹਾ ਸੀ । ਈ. ਡੀ. ਦੀ ਟੀਮ ਵੱਲੋਂ ਦਫ਼ਤਰ ਅੰਦਰ ਮੌਜੂਦ ਕੰਪਿਊਟਰ ਸਿਸਟਮ, ਲੈਪਟਾਪ, ਹਾਰਡ ਡਿਸਕਾਂ ਅਤੇ ਵਿੱਤੀ ਖਾਤਿਆਂ ਦੀ ਬਾਰੀਕੀ ਨਾਲ ਜਾਂਚ ਕੀਤੀ ਜਾ ਰਹੀ ਹੈ। ਛਾਪੇਮਾਰੀ ਦੌਰਾਨ ਉੱਥੇ ਮੌਜੂਦ ਮੁਲਾਜ਼ਮਾਂ ਦੇ ਮੋਬਾਈਲ ਫ਼ੋਨ ਜ਼ਬਤ ਕਰ ਲਏ ਗਏ ਹਨ ਅਤੇ ਉਨ੍ਹਾਂ ਤੋਂ ਪੁੱਛਗਿੱਛ ਜਾਰੀ ਹੈ। ਅਧਿਕਾਰੀਆਂ ਨੇ ਇਸ ਕਾਲ ਸੈਂਟਰ ਦੇ ਸੰਚਾਲਕਾਂ ਅਤੇ ਨਿਵੇਸ਼ਕਾਂ ਬਾਰੇ ਰਿਕਾਰਡ ਇਕੱਠਾ ਕਰਨਾ ਸ਼ੁਰੂ ਕਰ ਦਿੱਤਾ ਹੈ। ਹਾਲਾਂਕਿ ਜਾਂਚ ਏਜੰਸੀ ਵੱਲੋਂ ਅਜੇ ਤੱਕ ਕੋਈ ਅਧਿਕਾਰਤ ਬਿਆਨ ਜਾਰੀ ਨਹੀਂ ਕੀਤਾ ਗਿਆ, ਪਰ ਮੰਨਿਆ ਜਾ ਰਿਹਾ ਹੈ ਕਿ ਆਉਣ ਵਾਲੇ ਸਮੇਂ ਵਿੱਚ ਕਈ ਵੱਡੇ ਖੁਲਾਸੇ ਹੋ ਸਕਦੇ ਹਨ ।

## ਗੈਰ-ਵਿੱਦਿਅਕ ਡਿਊਟੀਆਂ ਸੰਬੰਧੀ ਮੁੱਖ ਮੰਤਰੀ ਤੇ ਸਿੱਖਿਆ ਵਿਭਾਗ ਨੂੰ ਭੇਜਿਆ ਨੋਟਿਸ

### ਸਕੂਲਾਂ 'ਚ ਸਫਾਈ ਸੇਵਕਾਂ ਦੀ ਪੱਕੀ ਭਰਤੀ ਦੀ ਕੀਤੀ ਮੰਗ

**ਸੰਗਰੂਰ (ਪ੍ਰਵੀਨ ਸਿੰਘ)**-ਪੰਜਾਬ ਦੀਆਂ ਸੰਘਰਸ਼ਸ਼ੀਲ ਅਧਿਆਪਕ ਜਥੇਬੰਦੀਆਂ ਵੱਲੋਂ ਸੂਬਾ ਪੱਧਰੀ ਸੱਦੇ ਅਨੁਸਾਰ ਸੰਗਰੂਰ ਜ਼ਿਲ੍ਹੇ ਦੀਆਂ ਸਮੂਹ ਅਧਿਆਪਕ ਜਥੇਬੰਦੀਆਂ ਵੱਲੋਂ ਅਧਿਆਪਕ ਆਗੂਆਂ ਗੁਰਜੰਟ ਸਿੰਘ ਬਾਲੀਆਂ, ਸੁਖਜਿੰਦਰ ਸਿੰਘ ਹਰੀਕਾ, ਜੋਤਿੰਦਰ ਸਿੰਘ, ਰਘਵੀਰ ਸਿੰਘ ਭਵਾਨੀਗੜ੍ਹ, ਦਾਤਾ ਸਿੰਘ, ਦੇਵੀ ਦਿਆਲ ਤੇ ਵਰਿੰਦਰਜੀਤ ਸਿੰਘ ਬਜਾਜ ਦੀ ਅਗਵਾਈ ਵਿੱਚ ਸਹਾਇਕ ਕਮਿਸ਼ਨਰ, ਜ਼ਿਲ੍ਹਾ ਸਿੱਖਿਆ ਅਫਸਰ ਸੈਕੰਡਰੀ ਤੇ ਐਲੀਮੈਂਟਰੀ ਸੰਗਰੂਰ ਰਾਹੀਂ ਮੁੱਖ ਮੰਤਰੀ ਪੰਜਾਬ ਤੇ ਡਾਇਰੈਕਟਰ ਸਕੂਲ ਸਿੱਖਿਆ ਦੇ ਨਾਂ ਅਧਿਆਪਕਾਂ ਤੋਂ ਲਏ ਜਾ ਰਹੇ ਸਮੂਹ ਗੈਰ-ਵਿੱਦਿਅਕ ਕੰਮ ਆਉਣ ਵਾਲੇ ਦਿਨਾਂ ਵਿੱਚ ਬੰਦ ਕਰਨ ਸੰਬੰਧੀ ਨੋਟਿਸ ਦਿੱਤਾ।ਨੋਟਿਸ ਰਾਹੀ ਮੰਗ ਕੀਤੀ ਕਿ ਵਿਦਿਆਰਥੀਆਂ ਦੀ ਪੜ੍ਹਾਈ ਵਿੱਚ ਅੜਿੱਕਾ ਬਣ ਰਹੇ ਅਧਿਆਪਕਾਂ ਤੋਂ ਲਏ ਜਾ ਰਹੇ ਹਰ ਤਰ੍ਹਾਂ ਦੇ ਗੈਰ ਵਿੱਦਿਅਕ ਕੰਮ ਬੰਦ ਕੀਤੇ ਜਾਣ।ਬੇਲੋੜੀਆਂ ਡਾਕਾਂ ਮੰਗਣੀਆਂ ਬੰਦ ਕੀਤੀਆਂ ਜਾਣ।ਬੱਚਿਆਂ ਦੀਆਂ ਸਕੂਲੀ ਖੇਡਾਂ ਲਈ ਖੇਡ ਫੰਡ ਜਾਰੀ ਕੀਤੇ ਜਾਣ ਤੇ ਖੇਡਾਂ ਵਤਨ ਪੰਜਾਬ ਦੀਆਂ ਵਿੱਚ ਸਕੂਲੀ ਵਿਦਿਆਰਥੀਆਂ ਦੀ ਜਬਰੀ ਰਜਿਸਟ੍ਰੇਸ਼ਨ ਬੰਦ ਕੀਤੀ ਜਾਵੇ।ਸਕੂਲਾਂ ਦੀ ਸਫਾਈ ਲਈ ਸਫਾਈ ਸੇਵਕਾਂ ਦੀ ਨਿਯੁਕਤੀ ਕੀਤੀ ਜਾਵੇ।ਅਧਿਆਪਕਾਂ ਵੱਲੋਂ ਪਿਛਲੇ ਪੰਜ ਮਹੀਨਿਆਂ ਵਿੱਚ ਮਿੱਡ ਡੇ ਮੀਲ ਲਈ ਕੀਤੇ ਗਏ ਖਰਚੇ ਦਾ ਭਗਤਾਨ ਕੀਤਾ ਜਾਵੇ ਤੇ ਮਿੱਡ ਡੇ ਮੀਲ ਦਾ ਰਾਸ਼ਨ ਤੇ ਫਲ਼ ਖ਼੍ਰੀਦਣ ਦੇ ਬਿੱਲਾਂ 'ਤੇ ਜੀ ਐੱਸ ਟੀ ਦੀ ਸ਼ਰਤ ਹਟਾਈ ਜਾਵੇ।ਐੱਸਐੱਮਸੀ ਕਮੇਟੀਆਂ ਰਾਹੀਂ ਅਧਿਆਪਕਾਂ ਤੋਂ ਸਰਕਾਰ ਦੀਆਂ ਗੈਰ ਵਿੱਦਿਅਕ ਸਕੀਮਾਂ ਦਾ ਪ੍ਰਚਾਰ ਬੰਦ ਕਰਵਾਇਆ ਜਾਵੇ।ਆਗੂਆਂ ਨੇ ਸਰਕਾਰ ਤੇ ਸਿੱਖਿਆ ਵਿਭਾਗ ਨੂੰ ਚਿਤਾਵਨੀ ਦਿੰਦਿਆਂ ਕਿਹਾ ਕਿ ਜੇਕਰ ਇੱਕ ਹਫਤੇ ਵਿੱਚ ਉਪਰੋਕਤ ਮੰਗਾਂ ਦਾ ਨਿਪਟਾਰਾ ਨਹੀਂ ਕੀਤਾ ਜਾਂਦਾ ਤਾਂ ਪੰਜਾਬ ਦੇ ਸਮੂਹ ਅਧਿਆਪਕ ਉਪਰੋਕਤ ਕੰਮਾਂ ਦਾ ਮੁਕੰਮਲ ਬਾਈਕਾਟ ਕਰਕੇ ਸਿਰਫ ਬੱਚਿਆਂ ਨੂੰ ਪੜ੍ਹਾਉਣ ਦਾ ਹੀ ਕੰਮ ਕਰਨਗੇ।ਇਸ ਮੌਕੇ ਕੁਲਵੰਤ ਸਿੰਘ ਖਨੌਰੀ, ਹਰਕੀਰਤ ਸਿੰਘ, ਬੱਗਾ ਸਿੰਘ, ਜਗਦੀਸ਼ ਗੱਗੜਪੁਰ ਤੇ ਹੋਰ ਮੌਜੂਦ ਸਨ।



## ਕੰਨਾਂ ਦੀਆਂ ਵਾਲੀਆਂ ਝਪਟੀਆਂ

**ਸ੍ਰੀ ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵਾਜ)**-ਸਰਹਿੰਦ ਵਿਖੇ ਝਪਟਮਾਰਾਂ ਵੱਲੋਂ ਇੱਕ ਕਰਿਆਨੇ ਦੀ ਦੁਕਾਨ ਚਲਾ ਰਹੀ ਮਹਿਲਾ ਦੇ ਕੰਨਾਂ ਵਿੱਚੋਂ ਸੋਨੇ ਦੀਆਂ ਵਾਲੀਆਂ ਖਿੱਚ ਕੇ ਫ਼ਰਾਰ ਹੋ ਜਾਣ ਦੀ ਸੂਚਨਾ ਹੈ।ਪ੍ਰਾਪਤ ਜਾਣਕਾਰੀ ਅਨੁਸਾਰ ਪੁਲਿਸ ਨੂੰ ਦਿੱਤੀ ਸ਼ਿਕਾਇਤ ਵਿੱਚ ਸੁਦੇਸ਼ ਕੌਰ ਨਾਮਕ ਮਹਿਲਾ ਨੇ ਦੱਸਿਆ ਕਿ ਉਹ ਇੰਡੀਅਨ ਆਇਲ ਪੈਟਰੋਲ ਪੰਪ ਦੇ ਸਾਹਮਣੇ ਕਰਿਆਨੇ ਦੀ ਦੁਕਾਨ ਚਲਾਉਂਦੀ ਹੈ।ਬੀਤੇ ਕੱਲ੍ਹ ਦੁਪਹਿਰ ਕਰੀਬ ਢਾਈ ਵਜੇ ਉਹ ਆਪਣੀ ਦੁਕਾਨ 'ਤੇ ਮੌਜੂਦ ਸੀ ਤਾਂ ਮੂੰਹ 'ਤੇ ਕੱਪੜਾ ਬੰਨ੍ਹ ਕੇ ਇੱਕ ਨਾਮਾਲੂਮ ਵਿਅਕਤੀ ਦੁਕਾਨ ਦੇ ਅੰਦਰ ਦਾਖਲ ਹੋਇਆ ਜਦੋਂ ਕਿ ਉਸ ਦਾ ਇੱਕ ਹੋਰ ਸਾਥੀ ਬਾਹਰ ਮੋਟਰਸਾਈਕਲ 'ਤੇ ਬੈਠਾ ਰਿਹਾ।ਦੁਕਾਨ ਵਿੱਚ ਆਇਆ ਵਿਅਕਤੀ ਇੱਕ ਦਮ ਉਸ ਦੇ ਕੰਨਾਂ ਵਿੱਚ ਪਾਈਆਂ ਸੋਨੇ ਦੀਆਂ ਵਾਲੀਆਂ ਖਿੱਚ ਕੇ ਲੈ ਗਿਆ ਤੇ ਆਪਣੇ ਸਾਥੀ ਸਮੇਤ ਮੋਟਰਸਾਈਕਲ 'ਤੇ ਬੈਠ ਕੇ ਕੋਟਲਾ ਬਜਵਾੜਾ ਵੱਲ ਨੂੰ ਫਰਾਰ ਹੋ ਗਿਆ।ਪੁਲਿਸ ਨੇ ਮਾਮਲਾ ਦਰਜ ਕਰ ਲਿਆ ਹੈ।

## ਦੇਵ ਸਮਾਜ ਕਾਲਜ ਫਾਰ ਵੂਮੈਨ ਵਿਖੇ ਲਾਈਫ ਸਟਾਈਲ ਡੇਅ ਦਾ ਆਯੋਜਨ

**ਫਿਰੋਜ਼ਪੁਰ (ਅਸ਼ੋਕ ਸ਼ਰਮਾ) :** ਦੇਵ ਸਮਾਜ ਕਾਲਜ ਫਾਰ ਵੂਮੈਨ ਫਿਰੋਜ਼ਪੁਰ ਵਿਖੇ ਪ੍ਰਿੰਸੀਪਲ ਡਾ. ਸੰਗੀਤਾ, ਕਰਨਲ ਸੁਨੀਲ ਕੁਮਾਰ ਕਮਾਂਡਿੰਗ ਅਫ਼ਸਰ 5 ਪੰਜਾਬ ਜੀ ਬੀ.ਐੱਨ ਐੱਨ.ਸੀ.ਸੀ. ਮੋਗਾ ਦੀ ਅਗਵਾਈ ਤੇ ਦਿਸ਼ਾ-ਨਿਰਦੇਸ਼ ਹੇਠ ਐੱਨ.ਸੀ.ਸੀ. ਵਿੰਗ ਵੱਲੋਂ ਲਾਈਫਸਟਾਈਲ ਡੇਅ 2026 ਦੇ ਹਿੱਸੇ ਵਜੋਂ ਕਾਲਜ ਆਡੀਟੋਰੀਅਮ ਵਿੱਚ ਐੱਨ.ਸੀ.ਸੀ. ਕੈਡਿਟਾਂ ਤੇ ਵਿਦਿਆਰਥਣਾਂ ਲਈ ਇਕ ਦਿਲਚਸਪ ਤੇ ਪ੍ਰੇਰਨਾਦਾਇਕ ਸੈਸ਼ਨ ਆਯੋਜਿਤ ਕੀਤਾ ਗਿਆ। ਉਨ੍ਹਾਂ ਦੀ ਅਗਵਾਈ ਲਗਾਤਾਰ ਐੱਨ.ਸੀ.ਸੀ. ਦੀਆਂ ਗਤੀਵਿਧੀਆਂ ਨੂੰ ਦਿਸ਼ਾ ਦੇਣ ਅਤੇ ਮਜ਼ਬੂਤ ਕਰਨ ਵਿਚ ਸਹਾਇਕ ਰਹੀ ਹੈ। ਇਸ ਮੌਕੇ ਵਿਦਿਆਰਥਣਾਂ ਨੂੰ ਮੇਜਰ ਸ਼ਸ਼ੀ ਸਿੰਘ, ਐਡਮਿਨਿਸਟਰੇਟਿਵ ਅਫ਼ਸਰ, 5 ਪੰਜਾਬ ਗਰਲਜ਼ ਐੱਨ.ਸੀ.ਸੀ., ਮੋਗਾ, ਦੇ ਨਾਲ ਸੂਬੇਦਾਰ ਮੁਖਤਿਆਰ ਅਹਿਮਦ ਤੇ ਮਿਸ ਸਰਿਕਾ ਬਲਦਾਵਾ, ਜੀ.ਸੀ.ਆਈ. ਨਾਲ ਵਿਚਾਰ-ਵਟਾਂਦਰਾ ਕਰਨ ਦਾ ਮੌਕਾ ਮਿਲਿਆ। ਡਾ. ਸੰਗੀਤਾ ਪ੍ਰਿੰਸੀਪਲ ਵੱਲੋਂ ਮੇਜਰ ਸ਼ਸ਼ੀ ਸਿੰਘ ਅਤੇ ਉਨ੍ਹਾਂ ਨਾਲ ਵਿਸ਼ੇਸ਼ ਮਹਿਮਾਨਾਂ ਦਾ ਵਿਸ਼ੇਸ਼ ਤੌਰ 'ਤੇ ਭਰਵਾਂ ਸਵਾਗਤ ਕੀਤਾ ਗਿਆ। ਮੇਜਰ ਸ਼ਸ਼ੀ ਸਿੰਘ ਦੁਆਰਾ ਆਪਣੇ ਪ੍ਰੇਰਨਾਦਾਇਕ ਵਿਚਾਰਾਂ ਅਤੇ ਨਿੱਜੀ ਤਜਰਬਿਆਂ ਰਾਹੀਂ ਮਹਿਮਾਨਾਂ ਨੇ ਵਿਦਿਆਰਥਣਾਂ ਨੂੰ ਅਨੁਸ਼ਾਸਨ, ਆਤਮ-ਵਿਸ਼ਵਾਸ, ਦ੍ਰਿੜ੍ਹ ਇਰਾਦੇ ਅਤੇ ਜੀਵਨ ਪ੍ਰਤੀ ਸਕਾਰਾਤਮਕ ਸੋਚ ਦੀ ਮਹੱਤਤਾ ਬਾਰੇ ਜਾਣੂ ਕਰਵਾਇਆ। ਇਹ ਗੱਲਬਾਤ ਸਿਰਫ਼ ਜਾਣਕਾਰੀ ਭਰਪੂਰ ਹੀ ਨਹੀਂ ਸੀ, ਸਗੋਂ ਇਸ ਨੇ ਵਿਦਿਆਰਥਣਾਂ ਨੂੰ ਆਪਣੇ ਟੀਚਿਆਂ, ਚੋਣਾਂ ਤੇ ਸਮਰੱਥਾ ਬਾਰੇ ਵਿਚਾਰ ਕਰਨ ਦਾ ਮੌਕਾ ਵੀ ਦਿੱਤਾ। ਵਿਦਿਆਰਥਣਾਂ ਨੇ ਬੜੇ ਉਤਸ਼ਾਹ ਨਾਲ ਮਹਿਮਾਨਾਂ ਦੀਆਂ ਗੱਲਾਂ ਸੁਣੀਆਂ ਅਤੇ ਸੈਸ਼ਨ ਵਿਚ ਸਰਗਰਮੀ ਨਾਲ ਭਾਗ ਲਿਆ, ਜਿਸ ਨਾਲ ਇਹ ਪ੍ਰੋਗਰਾਮ ਇਕ ਸਾਰਥਕ ਤੇ ਯਾਦਗਾਰ ਅਨੁਭਵ ਬਣ ਗਿਆ। ਪ੍ਰੋਗਰਾਮ ਦੇ ਅੰਤ ਵਿਚ ਵਿਦਿਆਰਥਣਾਂ ਵਿੱਚ ਆਤਮ-ਵਿਸ਼ਵਾਸ, ਜ਼ਿੰਮੇਵਾਰੀ ਤੇ ਉਦੇਸ਼ ਦੀ ਭਾਵਨਾ ਨਾਲ ਅੱਗੇ ਵਧਣ ਲਈ ਨਵਾਂ ਜੋਸ਼ ਤੇ ਪ੍ਰੇਰਨਾ ਪੈਦਾ ਹੋਈ।



## ਬਾੜੀਆਂ ਵਿਖੇ ਡਾ. ਅੰਬੇਡਕਰ ਦੇ ਬੁੱਤ ਨੂੰ ਤੋੜਨ ਵਾਲੇ ਪੰਜਾਬ ਅਮਨ ਦੇ ਦੁਸ਼ਮਣ : ਮਾਨ

**ਫ਼ਤਹਿਗੜ੍ਹ ਸਾਹਿਬ (ਪ੍ਰਮੋਦ ਭਾਰਦਵ)**-ਡਾ. ਬੀ.ਆਰ. ਅੰਬੇਡਕਰ ਨੇ ਆਪਣੇ ਜੀਵਨ ਕਾਲ ਦੌਰਾਨ ਸਮਾਜ ਦੇ ਲਤਾੜੇ ਵਰਗਾਂ, ਮਜ਼ਲੂਮਾਂ ਅਤੇ ਘੱਟ ਗਿਣਤੀ ਕੌਮਾਂ ਦੇ ਵਿਧਾਨਿਕ, ਸਮਾਜਿਕ ਹੱਕ ਹਕੂਕਾਂ ਦੀ ਰੱਖਿਆ ਲਈ ਕੇਵਲ ਦ੍ਰਿੜ੍ਹਤਾ ਪੂਰਵਕ ਸੰਘਰਸ਼ ਹੀ ਨਹੀਂ ਕੀਤਾ, ਬਲਕਿ ਇਨ੍ਹਾਂ ਵਰਗਾਂ ਦੇ ਹਰ ਖੇਤਰ ਵਿਚ ਸੁਰੱਖਿਆ ਤੇ ਅਧਿਕਾਰਾਂ ਨੂੰ ਯਕੀਨੀ ਬਣਾਉਣ ਲਈ ਇੰਡੀਅਨ ਵਿਧਾਨ ਬਣਾਉਂਦੇ ਹੋਏ ਕਾਨੂੰਨੀ ਤੌਰ 'ਤੇ ਵੀ ਮਹਿਫੂਜ਼ ਕੀਤਾ ।ਗੁਰੂ ਸਾਹਿਬਾਨ ਜੀ ਵੀ ਸਰਬੱਤ ਦੇ ਭਲੇ ਵਾਲੀ ਸੋਚ ਉਤੇ ਪਹਿਰਾ ਦੇਣ ਦੇ ਨਾਲ-ਨਾਲ ਹਰ ਤਰ੍ਹਾਂ ਦੀ ਜਾਤ-ਪਾਤ, ਊਚ-ਨੀਚ ਦੇ ਸਮਾਜਿਕ ਵਿਤਕਰੇ ਵਿਰੁੱਧ ਵੀ ਹਮੇਸ਼ਾ ਸਟੈਂਡ ਲੈਂਦੇ ਰਹੇ ਅਤੇ ਘੱਟ ਗਿਣਤੀ ਕੌਮਾਂ ਤੇ ਵਰਗਾਂ ਦੀ ਰੱਖਿਆ ਕਰਨ ਦੇ ਫਰਜ਼ ਪੂਰੇ ਕਰਦੇ ਰਹੇ । ਫਿਰ ਅਜਿਹੇ ਇਨਸਾਨ ਦੇ ਪੰਜਾਬ ਵਿਚ ਲੱਗੇ ਹੋਏ ਬੁੱਤਾਂ ਨੂੰ ਤੋੜ ਕੇ ਅਪਮਾਨ ਕਰਦੇ ਹੋਏ ਦਲਿਤ ਵਰਗਾਂ ਦੇ ਮਨਾਂ ਤੇ ਆਤਮਾਵਾਂ ਨੂੰ ਡੂੰਘੀ ਠੇਸ ਪਹੁੰਚਾਉਣ ਵਾਲੀਆਂ ਕਾਰਵਾਈਆਂ ਪੰਜਾਬ ਸੂਬੇ ਦੇ ਅਮਨ ਚੈਨ ਨੂੰ ਸੱਟ ਮਾਰਨ ਵਾਲੀਆਂ ਨਿੰਦਣਯੋਗ ਕਾਰਵਾਈਆਂ ਹਨ । ਜਿਥੇ ਅਸੀਂ ਅਜਿਹੀਆਂ ਕਾਰਵਾਈਆਂ ਦੀ ਘੋਰ ਨਿੰਦਾ ਕਰਦੇ ਹਾਂ, ਉਥੇ ਅਜਿਹੀ ਘਿਨਾਉਣੀ ਕਾਰਵਾਈ ਕਰਨ ਵਾਲੇ ਅਨਸਰਾਂ ਵਿਰੁੱਧ ਸਖਤ ਤੋਂ ਸਖਤ ਕਾਰਵਾਈ ਕਰਨ ਦੀ ਵੀ ਮੰਗ ਕਰਦੇ ਹਾਂ ।ਇਹ ਵਿਚਾਰ ਸਿਮਰਨਜੀਤ ਸਿੰਘ ਮਾਨ ਪ੍ਰਧਾਨ ਸ਼੍ਰੋਮਣੀ ਅਕਾਲੀ ਦਲ (ਅੰਮ੍ਰਿਤਸਰ) ਨੇ ਹੁਸ਼ਿਆਰਪੁਰ ਜ਼ਿਲ੍ਹੇ ਦੇ ਸਬ-ਡਿਵੀਜ਼ਨ ਮਾਹਿਲਪੁਰ ਦੇ ਲਾਗੇ ਪਿੰਡ ਬਾੜੀਆਂ ਵਿਖੇ ਡਾ. ਅੰਬੇਡਕਰ ਦੇ ਬੁੱਤ ਨੂੰ ਤੋੜਨ ਦੇ ਅਪਮਾਨਜਨਕ ਅਮਲ ਦੀ ਸਖਤ ਸ਼ਬਦਾਂ ਵਿਚ ਨਿੰਦਾ ਕਰਦੇ ਹੋਏ ਅਤੇ ਅਜਿਹੇ ਦੋਸ਼ੀਆਂ ਵਿਰੁੱਧ ਫੌਰੀ ਕਾਨੂੰਨੀ ਕਾਰਵਾਈ ਕਰਨ ਦੀ ਮੰਗ ਕਰਦੇ ਹੋਏ ਪ੍ਰਗਟ ਕੀਤੇ । ਉਨ੍ਹਾਂ ਕਿਹਾ ਕਿ ਜਿਸ ਸ਼ਖਸੀਅਤ ਨੇ ਇਨਸਾਨੀਅਤ, ਮਨੁੱਖਤਾ ਅਤੇ ਅੱਛੇ ਸਮਾਜ ਦੀ ਚਾਹਨਾ ਕਰਦੇ ਹੋਏ ਆਪਣੇ ਜੀਵਨਕਾਲ ਦੌਰਾਨ ਉਦਮ ਕੀਤੇ ਹੋਣ ਅਤੇ ਜਿਸ ਨੇ ਸੰਵਿਧਾਨ ਵਿਚ ਵੀ ਅਜਿਹੇ ਵਰਗਾਂ ਦੇ ਹੱਕ ਹਕੂਕਾਂ ਦੀ ਸੁਰੱਖਿਆ ਲਈ ਕਾਨੂੰਨੀ ਹਿਫਾਜ਼ਤ ਕੀਤੀ ਹੈ, ਅਜਿਹੀ ਸਖਸ਼ੀਅਤ ਦੇ ਬੁੱਤ ਤੋੜਨੇ ਜਾਂ ਅਪਮਾਨ ਕਰਨਾ ਕਿਸੇ ਨੂੰ ਵੀ ਸੋਭਾ ਨਹੀ ਦਿੰਦਾ ।

## ਨਸ਼ਾ ਮੁਕਤੀ ਲਈ ਸਕੂਲਾਂ-ਕਾਲਜਾਂ ਦੇ ਨਾਲ ਬਸਤੀਆਂ ਤੱਕ ਪਹੁੰਚ ਕਰਨੀ ਜ਼ਰੂਰੀ: ਡਾ. ਰਾਣਾ

**ਭਵਾਨੀਗੜ੍ਹ (ਰਾਜ ਖੁਰਮੀ)** — ਨਸ਼ਾ ਮੁਕਤੀ ਚੇਤਨਾ ਸੰਘ ਪੰਜਾਬ ਦੇ ਸੰਗਰੂਰ ਯੂਨਿਟ ਵੱਲੋਂ ਜ਼ਿਲ੍ਹਾ ਪ੍ਰਧਾਨ ਜਸਵੀਰ ਸਿੰਘ ਜੱਸੀ ਧਰਮਗੜ੍ਹ ਦੀ ਅਗਵਾਈ ਹੇਠ ਪਿੰਡ ਫਤਿਹਗੜ੍ਹ ਗੰਡੂਆਂ ਵਿਖੇ ਨਸ਼ਾ ਮੁਕਤੀ ਚੇਤਨਾ ਮਾਰਚ ਕਰਵਾਇਆ ਗਿਆ। ਇਸ ਮੌਕੇ ਸੰਘ ਦੇ ਮੀਡੀਆ ਇੰਚਾਰਜ ਡਾ. ਅਵਿਨਾਸ਼ ਰਾਣਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ।ਇਸ ਮੌਕੇ ਸੰਬੋਧਨ ਕਰਦਿਆਂ ਡਾ. ਰਾਣਾ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਜਾਗਰੂਕਤਾ ਮੁਹਿੰਮ ਨੂੰ ਸਿਰਫ਼ ਸਕੂਲਾਂ ਅਤੇ ਕਾਲਜਾਂ ਤੱਕ ਸੀਮਤ ਰੱਖਣ ਦੀ ਬਜਾਏ ਉਨ੍ਹਾਂ ਬਸਤੀਆਂ ਅਤੇ ਇਲਾਕਿਆਂ ਤੱਕ ਵੀ ਲਿਜਾਣਾ ਪਵੇਗਾ, ਜਿੱਥੇ ਨੌਜਵਾਨਾਂ ਵਿੱਚ ਨਸ਼ਿਆਂ ਦੀ ਸਮੱਸਿਆ ਵਧੇਰੇ ਹੈ। ਉਨ੍ਹਾਂ ਕਿਹਾ ਕਿ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਬਚਾਉਣ ਲਈ ਸਮਾਜ ਦੇ ਹਰ ਵਰਗ ਨੂੰ ਆਪਣੀ ਜ਼ਿੰਮੇਵਾਰੀ ਨਿਭਾਉਣੀ ਚਾਹੀਦੀ ਹੈ।ਉਨ੍ਹਾਂ ਹਾਜ਼ਰ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਦੀ ਅਪੀਲ ਕਰਦਿਆਂ ਕਿਹਾ ਕਿ ਜਿਹੜੇ ਨੌਜਵਾਨ ਨਸ਼ਾ ਛੱਡਣਾ ਚਾਹੁੰਦੇ ਹਨ, ਉਨ੍ਹਾਂ ਦੀ ਸੰਸਥਾ ਵੱਲੋਂ ਨਸ਼ਾ ਮੁਕਤੀ ਕੇਂਦਰ ਵਿੱਚ ਮੁਫ਼ਤ ਇਲਾਜ ਲਈ ਦਾਖ਼ਲਾ ਕਰਵਾਉਣ ਵਿੱਚ ਸਹਾਇਤਾ ਕੀਤੀ ਜਾਵੇਗੀ। ਡਾ. ਰਾਣਾ ਨੇ ਕਿਹਾ ਕਿ ਨਸ਼ਾ ਕਰਨ ਵਾਲਾ ਵਿਅਕਤੀ ਦੋਸ਼ੀ ਨਹੀਂ, ਸਗੋਂ ਮਰੀਜ਼ ਹੈ ਅਤੇ ਉਸ ਨੂੰ ਮਰੀਜ਼ ਦੇ ਤੌਰ 'ਤੇ ਹੀ ਸਮਝਦਿਆਂ ਇਲਾਜ ਅਤੇ ਸਹਿਯੋਗ ਦੇਣਾ ਚਾਹੀਦਾ ਹੈ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਜੇਕਰ ਕੋਈ ਵਿਅਕਤੀ ਨਸ਼ਾ ਛੱਡ ਕੇ ਇਲਾਜ ਕਰਵਾਉਣਾ ਚਾਹੁੰਦਾ ਹੈ ਤਾਂ ਸੰਸਥਾ ਨਾਲ ਸੰਪਰਕ ਕਰਕੇ ਮੁਫ਼ਤ ਇਲਾਜ ਸਬੰਧੀ ਸਹਾਇਤਾ ਲਈ ਜਾ ਸਕਦੀ ਹੈ।ਇਸ ਮੌਕੇ ਗੁਰਪ੍ਰੀਤ ਸਿੰਘ ਅਤੇ ਗੁਰਸੇਵਕ ਸਿੰਘ ਕਮਾਲਪੁਰ ਨੇ ਵੀ ਆਪਣੇ ਵਿਚਾਰ ਸਾਂਝੇ ਕਰਦਿਆਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰਹਿਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਨਸ਼ਾ ਮੁਕਤੀ ਚੇਤਨਾ ਸੰਘ ਦੀਆਂ ਟੀਮਾਂ ਵੱਲੋਂ ਜ਼ਿਲ੍ਹਾ ਸੰਗਰੂਰ ਦੇ ਵੱਖ-ਵੱਖ ਪਿੰਡਾਂ, ਸਕੂਲਾਂ, ਕਾਲਜਾਂ ਅਤੇ ਬਸਤੀਆਂ ਵਿੱਚ ਲਗਾਤਾਰ ਜਾਗਰੂਕਤਾ ਮੁਹਿੰਮ ਚਲਾਈ ਜਾ ਰਹੀ ਹੈ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਜਸਵੀਰ ਸਿੰਘ ਜੱਸੀ ਧਰਮਗੜ੍ਹ ਨੇ ਸਮਾਗਮ ਵਿੱਚ ਪਹੁੰਚੇ ਮਹਿਮਾਨਾਂ ਅਤੇ ਪਿੰਡ ਵਾਸੀਆਂ ਦਾ ਧੰਨਵਾਦ ਕੀਤਾ।



## ਰੈਵੀਨਿਊ ਪਟਵਾਰ ਯੂਨੀਅਨ ਪੰਜਾਬ ਦੇ ਸੱਦੇ 'ਤੇ ਪਟਵਾਰੀਆਂ ਵੱਲੋਂ ਧਰਨਾ



**ਫਿਰੋਜ਼ਪੁਰ (ਅਸ਼ੋਕ ਸ਼ਰਮਾ) :** ਰੈਵੀਨਿਊ ਪਟਵਾਰ ਯੂਨੀਅਨ ਪੰਜਾਬ ਦੇ ਸੱਦੇ 'ਤੇ ਫਿਰੋਜ਼ਪੁਰ ਵਿੱਚ ਰੈਵੀਨਿਊ ਪਟਵਾਰ ਯੂਨੀਅਨ ਤਹਿਸੀਲ ਫਿਰੋਜ਼ਪੁਰ ਦੇ ਸਮੂਹ ਪਟਵਾਰੀਆਂ ਨੇ ਆਪਣੀਆਂ ਮੰਗਾਂ ਨੂੰ ਲੈ ਕੇ ਤਹਿਸੀਲ ਪੱਧਰੀ ਧਰਨਾ ਦਿੱਤਾ ਤੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ। ਇਸ ਮੌਕੇ ਪ੍ਰਦਰਸ਼ਨ ਕਰ ਰਹੇ ਪਟਵਾਰੀਆਂ ਨੇ ਆਪਣੀਆਂ ਮੰਗਾਂ ਜਿਵੇਂ ਕਿ ਸਟੇਟ ਕੈਡਰ ਨੂੰ ਰੱਦ ਕਰਨ, ਜ਼ਿਲ੍ਹਾ ਕੈਡਰ ਨੂੰ ਬਹਾਲ ਕਰਨ, ਨਵੇਂ ਭਰਤੀ ਹੋਏ ਪਟਵਾਰੀਆਂ ਦੀ ਤਨਖ਼ਾਹ ਵਿੱਚ ਵਾਧਾ ਕਰਕੇ ਉਸ ਨੂੰ ਪੁਰਾਣੇ ਪਟਵਾਰੀਆਂ ਦੇ ਬਰਾਬਰ ਕਰਨ ਦੇ ਹੱਲ ਲਈ ਸਰਕਾਰ ਤੋਂ ਮੰਗ ਕੀਤੀ। ਇਸ ਦੌਰਾਨ ਉਨ੍ਹਾਂ ਸਰਕਾਰ ਨੂੰ ਚੇਤਾਵਨੀ ਦਿੱਤੀ ਕਿ ਜੇਕਰ ਸਰਕਾਰ ਨੇ ਉਨ੍ਹਾਂ ਦੀਆਂ ਮੰਗਾਂ ਦਾ ਜਲਦ ਹੱਲ ਨਾ ਕੀਤਾ ਤਾਂ ਉਹ ਸੰਘਰਸ਼ ਤੇਜ਼ ਕਰਨ ਲਈ ਮਜਬੂਰ ਹੋਣਗੇ। ਇਸ ਦੌਰਾਨ ਆਮ ਜਨਤਾ ਨੂੰ ਹੋਣ ਵਾਲੀ ਪ੍ਰੇਸ਼ਾਨੀ ਦੀ ਜ਼ਿੰਮੇਵਾਰੀ ਸਰਕਾਰ ਦੀ ਹੋਵੇਗੀ। ਇਸ ਪ੍ਰਦਰਸ਼ਨ ਵਿੱਚ ਸਾਬਕਾ ਜ਼ਿਲ੍ਹਾ ਪ੍ਰਧਾਨ ਹਰਮੀਤ ਵਿਦਿਆਰਥੀ, ਰਾਕੇਸ਼ ਕਪੂਰ ਸਾਬਕਾ ਜ਼ਿਲ੍ਹਾ ਸਕੱਤਰ, ਵਿਜੇ ਚੌਧਰੀ ਜ਼ਿਲ੍ਹਾ ਪ੍ਰਧਾਨ, ਅਭੈ ਧਵਨ ਜ਼ਿਲ੍ਹਾ ਜਨਰਲ ਸਕੱਤਰ, ਅਨਿਲ ਕੁਮਾਰ ਤਹਿਸੀਲ ਪ੍ਰਧਾਨ, ਵਤਨਪ੍ਰੀਤ ਸਿੰਘ, ਅਮਰੀਕ ਸਿੰਘ ਕਾਨੂੰਗੋ, ਗੁਰਪ੍ਰੀਤ ਸਿੰਘ ਜਨਰਲ ਸਕੱਤਰ ਤੇ ਹੋਰ ਪਟਵਾਰੀ ਸਾਥੀ ਮੌਜੂਦ ਸਨ।

## ਬਾਬਾ ਫ਼ਰੀਦ ਆਗਮਨ ਪੁਰਬ 'ਤੇ ਬੈਂਕਾਂ 'ਚ ਛੁੱਟੀ ਲਈ ਡੀ ਸੀ ਨੂੰ ਸੌਂਪਿਆ ਮੰਗ ਪੱਤਰ

**ਫਰੀਦਕੋਟ (ਐਲਿਗਜੈਂਡਰ ਡਿਸੂਜ਼ਾ) :** ਭਾਰਤੀ ਮਜ਼ਦੂਰ ਸੰਘ (ਬੀ.ਐੱਮ.ਐੱਸ.) ਦੇ ਨੁਮਾਇੰਦਿਆਂ ਨੇ ਬੈਂਕ ਮੈਨੇਜਰਾਂ ਤੇ ਬੈਂਕ ਸਟਾਫ਼ ਨਾਲ ਮਿਲ ਕੇ ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਮੈਜਿਸਟ੍ਰੇਟ ਫਰੀਦਕੋਟ, ਸ੍ਰੀ ਰਾਹੁਲ ਚਾਬਾ ਨੂੰ ਇੱਕ ਮੰਗ ਪੱਤਰ ਸੌਂਪਿਆ।ਇਸ ਪੱਤਰ ਰਾਹੀਂ ਮੰਗ ਕੀਤੀ ਗਈ ਕਿ ਬਾਬਾ ਫ਼ਰੀਦ ਜੀ ਦੇ ਆਗਮਨ ਪੁਰਬ ਮੌਕੇ ਜ਼ਿਲ੍ਹੇ ਵਿੱਚ ਦਿੱਤੀ ਜਾਂਦੀ ਸਾਲਾਨਾ ਸਥਾਨਕ ਛੁੱਟੀ ਇਸ ਵਾਰ ਬੈਂਕਿੰਗ ਸੰਸਥਾਵਾਂ ਵਿੱਚ ਵੀ ਲਾਗੂ ਕੀਤੀ ਜਾਵੇ, ਤਾਂ ਜੋ ਬੈਂਕ ਕਰਮਚਾਰੀ ਵੀ ਇਸ ਸ਼ੁਭ ਦਿਹਾੜੇ ਨੂੰ ਸ਼ਰਧਾ ਤੇ ਖੁਸ਼ੀ ਨਾਲ ਮਨਾ ਸਕਣ।ਸੰਗਠਨ ਨੇ ਪੱਤਰ ਵਿੱਚ ਹਵਾਲਾ ਦਿੱਤਾ ਕਿ ਪਿਛਲੇ ਸਾਲ 23 ਸਤੰਬਰ ਨੂੰ ਜ਼ਿਲ੍ਹੇ ਦੇ ਸਮੂਹ ਸਰਕਾਰੀ ਦਫ਼ਤਰਾਂ ਤੇ ਵਿੱਦਿਅਕ ਅਦਾਰਿਆਂ ਲਈ ਸਥਾਨਕ ਛੁੱਟੀ ਐਲਾਨੀ ਗਈ ਸੀ, ਪਰ ਬੈਂਕਾਂ ਲਈ ਨੈਗੋਸ਼ੀਏਬਲ ਇੰਸਟਰੂਮੈਂਟਸ ਐਕਟ, 1881 ਅਧੀਨ ਵੱਖਰਾ ਆਦੇਸ਼ ਨਾ ਹੋਣ ਕਰਕੇ ਬੈਂਕ ਕਰਮਚਾਰੀ ਇਸ ਤੋਂ ਵਾਂਝੇ ਰਹਿ ਗਏ ਸਨ।ਇਸ ਲਈ ਬੀ.ਐੱਮ.ਐੱਸ. ਨੇ ਬੇਨਤੀ ਕੀਤੀ ਹੈ ਕਿ ਇਸ ਸਾਲ 23 ਸਤੰਬਰ 2026 (ਬੁੱਧਵਾਰ) ਨੂੰ ਉਕਤ ਐਕਟ ਅਧੀਨ ਆਦੇਸ਼ ਜਾਰੀ ਕਰਕੇ ਬੈਂਕਾਂ ਵਿੱਚ ਵੀ ਛੁੱਟੀ ਦਾ ਐਲਾਨ ਕੀਤਾ ਜਾਵੇ।ਇਸ ਮੌਕੇ ਬੈਂਕ ਆਫ਼ ਇੰਡੀਆ ਤੇ ਫਰੀਦਕੋਟ ਸੈਂਟਰਲ ਕੋ-ਆਪ੍ਰੇਟਿਵ ਬੈਂਕ ਦੇ ਕਰਮਚਾਰੀ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।ਪੱਤਰ ਦੀ ਇੱਕ ਕਾਪੀ ਲੀਡ ਜ਼ਿਲ੍ਹਾ ਮੈਨੇਜਰ (ਐੱਲ.ਡੀ.ਐੱਮ.) ਫਰੀਦਕੋਟ ਨੂੰ ਵੀ ਅਗਲੇਰੀ ਕਾਰਵਾਈ ਲਈ ਭੇਜੀ ਗਈ।

## ਪੁਲਸ ਵੱਲੋਂ ਜ਼ਿਲ੍ਹੇ ਦੇ ਸਮੂਹ ਬੱਸ ਸਟੈਂਡਾਂ 'ਤੇ ਵਿਸ਼ੇਸ਼ ਚੈਕਿੰਗ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ /ਪੂਜਾ)**- ਸ੍ਰੀ ਅਭਿਮੰਨਿਊ ਰਾਣਾ, ਆਈ.ਪੀ.ਐਸ., ਸੀਨੀਅਰ ਪੁਲਿਸ ਕਪਤਾਨ, ਸ੍ਰੀ ਮੁਕਤਸਰ ਸਾਹਿਬ ਦੇ ਦਿਸ਼ਾ-ਨਿਰਦੇਸ਼ਾਂ ਹੇਠ ਜ਼ਿਲ੍ਹਾ ਪੁਲਿਸ ਵੱਲੋਂ ਜ਼ਿਲ੍ਹੇ ਦੇ ਸਮੂਹ ਬੱਸ ਸਟੈਂਡਾਂ ਅਤੇ ਉਨ੍ਹਾਂ ਦੇ ਆਲੇ-ਦੁਆਲੇ ਦੇ ਸੰਵੇਦਨਸ਼ੀਲ ਇਲਾਕਿਆਂ ਵਿੱਚ ਵਿਸ਼ੇਸ਼ ਸੁਰੱਖਿਆ ਚੈਕਿੰਗ ਅਤੇ ਸਰਚ ਆਪਰੇਸ਼ਨ ਚਲਾਇਆ ਗਿਆ। ਇਹ ਵਿਸ਼ੇਸ਼ ਅਭਿਆਨ ਜ਼ਿਲ੍ਹੇ ਦੀਆਂ ਚਾਰਾਂ ਸਬ-ਡਿਵੀਜ਼ਨਾਂ ਸ੍ਰੀ ਮੁਕਤਸਰ ਸਾਹਿਬ, ਮਲੋਟ, ਗਿੱਦੜਬਾਹਾ ਅਤੇ ਲੰਬੀ ਅਧੀਨ ਪੈਂਦੇ ਬੱਸ ਸਟੈਂਡਾਂ ਅਤੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਇੱਕੋ ਸਮੇਂ ਚਲਾਇਆ ਗਿਆ। ਇਸ ਦੌਰਾਨ ਬੱਸ ਸਟੈਂਡਾਂ ਦੇ ਵੇਟਿੰਗ ਹਾਲਾਂ, ਟਿਕਟ ਕਾਊਂਟਰਾਂ, ਪਾਰਕਿੰਗ ਸਥਾਨਾਂ, ਯਾਤਰੀਆਂ ਦੇ ਸਮਾਨ ਅਤੇ ਹੋਰ ਭੀੜ-ਭਾੜ ਵਾਲੇ ਸਥਾਨਾਂ ਦੀ ਐਂਟੀ-ਸਾਬੋਤਾਜ਼ ਟੀਮਾਂ ਅਤੇ ਪੁਲਿਸ ਪਾਰਟੀਆਂ ਵੱਲੋਂ ਬਾਰੀਕੀ ਨਾਲ ਜਾਂਚ ਕੀਤੀ ਗਈ। ਸ੍ਰੀ ਮੁਕਤਸਰ ਸਾਹਿਬ ਸਬ-ਡਿਵੀਜ਼ਨ ਵਿੱਚ ਸ੍ਰੀ ਅਸ਼ੋਕ ਮੀਨਾ, ਆਈ.ਪੀ.ਐੱਸ., ਐਸ.ਪੀ.ਡੀ. ਦੀ ਨਿਗਰਾਨੀ ਹੇਠ ਪੁਲਿਸ ਟੀਮਾਂ ਵੱਲੋਂ ਬੱਸ ਸਟੈਂਡ ਅਤੇ ਇਸ ਦੇ ਆਲੇ-ਦੁਆਲੇ ਦੇ ਇਲਾਕਿਆਂ ਵਿੱਚ ਵਿਸ਼ੇਸ਼ ਚੈਕਿੰਗ ਕੀਤੀ ਗਈ। ਇਸੇ ਤਰ੍ਹਾਂ ਜ਼ਿਲ੍ਹੇ ਦੀਆਂ ਬਾਕੀ ਸਬ-ਡਿਵੀਜ਼ਨਾਂ ਵਿੱਚ ਵੀ ਸਬੰਧਤ ਪੁਲਿਸ ਅਧਿਕਾਰੀਆਂ ਦੀ ਨਿਗਰਾਨੀ ਹੇਠ ਸਰਚ ਅਤੇ ਚੈਕਿੰਗ ਮੁਹਿੰਮ ਚਲਾਈ ਗਈ। ਚੈਕਿੰਗ ਦੌਰਾਨ ਸ਼ੱਕੀ ਵਿਅਕਤੀਆਂ ਅਤੇ ਉਨ੍ਹਾਂ ਦੇ ਸਮਾਨ ਦੀ ਬਾਰੀਕੀ ਨਾਲ ਤਲਾਸ਼ੀ ਲਈ ਗਈ।



## ਝੋਨੇ ਦੀ ਤੇਜ਼ ਆਮਦ ਨੂੰ ਦੇਖਦਿਆਂ ਸਰਕਾਰ 20 ਸਤੰਬਰ ਤੋਂ ਸਰਕਾਰੀ ਖਰੀਦ ਸ਼ੁਰੂ ਕਰੇ : ਪ੍ਰਧਾਨ ਕੁੰਦਰਾ



**ਮਾਛੀਵਾੜਾ ਸਾਹਿਬ, (ਸ਼ੈਂਕੀ ਸ਼ਰਮਾ, ਜਗਦੀਸ਼ ਰਾਏ)**-ਸੱਚਾ ਸੌਦਾ ਆੜ੍ਹਤੀ ਐਸੋਸੀਏਸ਼ਨ ਮਾਛੀਵਾੜਾ ਦੀ ਮੀਟਿੰਗ ਪ੍ਰਧਾਨ ਮੋਹਿਤ ਕੁੰਦਰਾ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਚੇਅਰਮੈਨ ਸੁਖਵਿੰਦਰ ਸਿੰਘ ਗਿੱਲ, ਗੁਰਨਾਮ ਸਿੰਘ ਨਾਗਰਾ, ਸਾਬਕਾ ਪ੍ਰਧਾਨ ਹਰਜਿੰਦਰ ਸਿੰਘ ਖੇੜਾ, ਰੁਪਿੰਦਰ ਸਿੰਘ ਬੈਨੀਪਾਲ, ਰਾਜੀਵ ਕੌਸ਼ਲ, ਮੇਜਰ ਸਿੰਘ ਰਹੀਮਾਬਾਦ, ਅਰਵਿੰਦਰਪਾਲ ਸਿੰਘ ਵਿੱਕੀ, ਪ੍ਰਿੰਸ ਮਿੱਠੇਵਾਲ, ਪਰਮਿੰਦਰ ਗੁਲਿਆਣੀ, ਨਿਤਿਨ ਜੈਨ, ਹਨੀ ਆਨੰਦ, ਸੁਰਿੰਦਰ ਅਗਰਵਾਲ, ਪ੍ਰਵੀਨ ਖੋਸਲਾ, ਹਰਕੇਸ਼ ਨਹਿਰਾ, ਸੰਨੀ ਸੂਦ, ਚਿਰਾਗ ਬਾਂਸਲ, ਹੈਪੀ ਬਾਂਸਲ, ਪੁਸ਼ਪਿੰਦਰ ਧੰਨੋਆ, ਹਰਵਿੰਦਰ ਸ਼ੇਰੀਆਂ, ਸਾਹਿਲ ਭਾਟੀਆ, ਲਾਲੀ ਜ਼ੈਲਦਾਰ, ਪ੍ਰਭਦੀਪ ਰੰਧਾਵਾ, ਜੈਦੀਪ, ਬਿੰਨੀ ਅਗਰਵਾਲ, ਅਰੁਣ ਚੋਪੜਾ ਵੀ ਹਾਜ਼ਰ ਸਨ। ਪ੍ਰਧਾਨ ਮੋਹਿਤ ਕੁੰਦਰਾ ਨੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਦੱਸਿਆ ਕਿ ਇਸ ਵਾਰ ਮੰਡੀਆਂ ਵਿੱਚ ਝੋਨੇ ਦੀ ਆਮਦ ਸਮੇਂ ਤੋਂ ਪਹਿਲਾਂ ਹੋਣੀ ਸ਼ੁਰੂ ਹੋ ਗਈ ਹੈ, ਕਿਉਂਕਿ ਘੱਟ ਸਮੇਂ ਵਿੱਚ ਪੱਕਣ ਵਾਲੇ ਬੀਜ ਤੇ ਗਰਮੀ ਕਾਰਨ, ਜਿਨ੍ਹਾਂ ਕਿਸਾਨਾਂ ਦਾ ਝੋਨਾ ਪੱਕ ਕੇ ਤਿਆਰ ਹੋ ਗਿਆ ਹੈ, ਉਹ ਮੰਡੀਆਂ ਵਿੱਚ ਵੇਚਣ ਲਈ ਲੈ ਕੇ ਆ ਰਹੇ ਹਨ। ਉਨ੍ਹਾਂ ਕਿਹਾ ਕਿ ਸਰਕਾਰ ਵੱਲੋਂ ਫੈਸਲਾ ਹੈ ਕਿ ਝੋਨੇ ਦੀ ਖਰੀਦ 1 ਅਕਤੂਬਰ ਤੋਂ ਸ਼ੁਰੂ ਹੋਵੇਗੀ, ਪਰ ਮੰਡੀਆਂ ਵਿੱਚ ਸਮੇਂ ਤੋਂ ਪਹਿਲਾਂ ਫਸਲ ਦੀ ਆਮਦ ਨੂੰ ਦੇਖਦਿਆਂ ਮੰਗ ਕੀਤੀ ਜਾ ਰਹੀ ਹੈ ਕਿ ਝੋਨੇ ਦੀ ਸਰਕਾਰੀ ਖਰੀਦ 20 ਸਤੰਬਰ ਤੋਂ ਸ਼ੁਰੂ ਕੀਤੀ ਜਾਵੇ। ਪ੍ਰਧਾਨ ਕੁੰਦਰਾ ਨੇ ਦੱਸਿਆ ਕਿ ਸ਼ੈਲਰ ਐਸੋਸੀਏਸ਼ਨ ਨਾਲ ਮੀਟਿੰਗ ਵਿੱਚ ਇਹ ਵੀ ਫੈਸਲਾ ਲਿਆ ਗਿਆ ਕਿ ਜੇਕਰ ਕੋਈ ਕਿਸਾਨ 17 ਫੀਸਦੀ ਤੋਂ ਵੱਧ ਨਮੀ ਵਾਲਾ ਝੋਨਾ ਵੇਚਣ ਲਈ ਲੈ ਕੇ ਆਵੇਗਾ ਤਾਂ ਉਸ ਦੀ ਖਰੀਦ ਨਹੀਂ ਹੋਵੇਗੀ, ਜਿਸ ਕਾਰਨ ਉਸ ਨੂੰ ਮੰਡੀਆਂ ਵਿੱਚ ਪ੍ਰੇਸ਼ਾਨ ਹੋਣਾ ਪਵੇਗਾ। ਇਸ ਲਈ ਕਿਸਾਨ ਜਲਦਬਾਜ਼ੀ ਨਾ ਕਰਨ, ਆਪਣੀ ਫਸਲ ਨੂੰ ਪੂਰੀ ਤਰ੍ਹਾਂ ਸੁਕਾ ਕੇ ਲਿਆਉਣ। ਇਸ ਮੌਕੇ ਸ਼ੈਲਰ ਐਸੋਸ਼ੀਏਸ਼ਨ ਦੇ ਪ੍ਰਧਾਨ ਅਸ਼ੋਕ ਸੂਦ ਤੇ ਚੇਅਰਮੈਨ ਹੁਸਨ ਲਾਲ ਮੜਕਨ ਨੇ ਕਿਹਾ ਕਿ ਅਜੇ ਤੱਕ ਪਿਛਲੇ ਸਾਲ ਦਾ ਝੋਨਾ ਪਿੜਾਈ ਲਈ ਬਕਾਇਆ ਪਿਆ ਹੈ, ਕਿਉਂਕਿ ਕੇਂਦਰ ਸਰਕਾਰ ਦੇ ਗੋਦਾਮਾਂ ਵਿੱਚ ਜਗ੍ਹਾ ਨਹੀਂ ਹੈ। ਉਨ੍ਹਾਂ ਕਿਹਾ ਕਿ ਨਵਾਂ ਝੋਨਾ ਮੰਡੀਆਂ ਵਿੱਚ ਆਉਣਾ ਸ਼ੁਰੂ ਹੋ ਗਿਆ ਹੈ ਤੇ ਜੇਕਰ ਪਿਛਲਾ ਝੋਨਾ ਪਿੜਾਈ ਤੋਂ ਬਾਅਦ ਚਾਵਲ ਗੋਦਾਮਾਂ ਵਿੱਚ ਨਾ ਲੱਗੇ ਤਾਂ ਅਗਲਾ ਝੋਨਾ ਕਿਵੇਂ ਚੁੱਕਣਗੇ, ਇਸ ਲਈ ਸ਼ੈਲਰ ਐਸੋਸੀਏਸ਼ਨ ਨੇ ਕਿਹਾ ਕਿ ਖਰੀਦ ਪ੍ਰਬੰਧ ਸੁਚਾਰੂ ਢੰਗ ਨਾਲ ਚਲਾਉਣ ਲਈ ਜਗ੍ਹਾ ਦਾ ਪ੍ਰਬੰਧ ਕਰੇ। ਆੜ੍ਹਤੀਆਂ ਤੇ ਸ਼ੈਲਰ ਮਾਲਕਾਂ ਨੇ ਸਰਕਾਰ ਤੋਂ ਮੰਗ ਕੀਤੀ ਕਿ ਗੋਦਾਮਾਂ ਵਿੱਚ ਅਨਾਜ ਭੰਡਾਰ ਦੇ ਪ੍ਰਬੰਧ ਕੀਤੇ ਜਾਣ ਤਾਂ ਜੋ ਸ਼ੈਲਰ ਮਾਲਕਾਂ ਤੇ ਆੜ੍ਹਤੀਆਂ ਨੂੰ ਕਿਸਾਨਾਂ ਦੀ ਫਸਲ ਲਿਫਟਿੰਗ ਕਰਵਾਉਣ ਵਿੱਚ ਮੁਸ਼ਕਲ ਨਾ ਆਵੇ।

## ਚੇਅਰਮੈਨ ਬਰਸਟ ਨਾਲ ਰਾਈਸ ਮਿੱਲ ਦੇ ਨੁਮਾਇੰਦਿਆਂ ਨੇ ਕੀਤੀ ਵਿਸ਼ੇਸ਼ ਮੁਲਾਕਾਤ

### ਆਗਾਮੀ ਝੋਨੇ ਦੀ ਖਰੀਦ ਤੇ ਮਿੱਲਰਾਂ ਦੀਆਂ ਸਮੱਸਿਆਵਾਂ ਬਾਰੇ ਕੀਤੀ ਚਰਚਾ



**ਸਮਾਣਾ, (ਗੁਰਪਿਆਰ ਸਿੰਘ ਬੱਲ)**-ਪੰਜਾਬ ਮੰਡੀ ਬੋਰਡ ਦੇ ਚੇਅਰਮੈਨ ਤੇ ਆਮ ਆਦਮੀ ਪਾਰਟੀ ਪੰਜਾਬ ਦੇ ਸੂਬਾ ਜਨਰਲ ਸਕੱਤਰ ਸ੍ਰ. ਹਰਚੰਦ ਸਿੰਘ ਬਰਸਟ ਨਾਲ ਸਮਾਣਾ ਵਿਖੇ ਰਾਈਸ ਮਿੱਲ ਸੈਲਾ ਪਲਾਂਟ ਐਸੋਸੀਏਸ਼ਨ ਸਮਾਣਾ ਦੇ ਨੁਮਾਇੰਦਿਆਂ ਵੱਲੋਂ ਵਿਸ਼ੇਸ਼ ਮੁਲਾਕਾਤ ਕੀਤੀ ਗਈ।ਇਸ ਮੌਕੇ ਆਗਾਮੀ ਝੋਨੇ ਦੇ ਖਰੀਦ ਸੀਜ਼ਨ ਤੇ ਮਿੱਲਰਾਂ ਦੀਆਂ ਵੱਖ-ਵੱਖ ਮੁਸ਼ਕਲਾਂ ਸਬੰਧੀ ਵਿਸਥਾਰਪੂਰਵਕ ਵਿਚਾਰ-ਵਟਾਂਦਰਾ ਕੀਤਾ ਗਿਆ।ਮੀਟਿੰਗ ਦੌਰਾਨ ਐਸੋਸੀਏਸ਼ਨ ਦੇ ਨੁਮਾਇੰਦਿਆਂ ਵੱਲੋਂ ਸ਼ੈਲਰ ਮਾਲਕਾਂ ਤੇ ਮਿੱਲਰਾਂ ਨੂੰ ਪੇਸ਼ ਆ ਰਹੀਆਂ ਸਮੱਸਿਆਵਾਂ ਤੇ ਉਨ੍ਹਾਂ ਦੀਆਂ ਮੰਗਾਂ ਬਾਰੇ ਚੇਅਰਮੈਨ ਸ. ਹਰਚੰਦ ਸਿੰਘ ਬਰਸਟ ਨੂੰ ਜਾਣੂ ਕਰਵਾਇਆ ਗਿਆ।ਇਸ ਦੌਰਾਨ ਇਨ੍ਹਾਂ ਸਮੱਸਿਆਵਾਂ ਦੇ ਸਾਰਥਕ ਤੇ ਤੁਰੰਤ ਹੱਲ ਲਈ ਵਿਚਾਰ-ਵਟਾਂਦਰਾ ਕੀਤਾ ਗਿਆ। ਚੇਅਰਮੈਨ ਸ. ਬਰਸਟ ਨੇ ਐਸੋਸੀਏਸ਼ਨ ਦੇ ਨੁਮਾਇੰਦਿਆਂ ਦੀਆਂ ਮੰਗਾਂ ਨੂੰ ਧਿਆਨਪੂਰਵਕ ਸੁਣਦਿਆਂ ਭਰੋਸਾ ਦਿੱਤਾ ਕਿ ਪੰਜਾਬ ਸਰਕਾਰ ਵੱਲੋਂ ਮਿੱਲਰਾਂ ਦੀਆਂ ਮੁਸ਼ਕਲਾਂ ਦਾ ਪਹਿਲ ਦੇ ਆਧਾਰ 'ਤੇ ਹੱਲ ਯਕੀਨੀ ਬਣਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਆਗਾਮੀ ਝੋਨੇ ਦੇ ਖਰੀਦ ਸੀਜ਼ਨ ਦੌਰਾਨ ਕਿਸਾਨਾਂ, ਆੜ੍ਹਤੀਆਂ, ਮਜ਼ਦੂਰਾਂ ਤੇ ਮਿੱਲਰਾਂ ਨੂੰ ਕਿਸੇ ਕਿਸਮ ਦੀ ਦਿੱਕਤ ਪੇਸ਼ ਨਾ ਆਵੇ, ਇਸ ਲਈ ਲੋੜੀਂਦੇ ਪ੍ਰਬੰਧਾਂ ਨੂੰ ਸੁਚਾਰੂ ਢੰਗ ਨਾਲ ਯਕੀਨੀ ਬਣਾਇਆ ਜਾਵੇਗਾ। ਇਸ ਮੌਕੇ ਰਾਈਸ ਮਿੱਲ ਸੈਲਾ ਪਲਾਂਟ ਐਸੋਸੀਏਸ਼ਨ ਦੇ ਨੁਮਾਇੰਦਿਆਂ ਤੇ ਸਮੂਹ ਮੈਂਬਰਾਂ ਨੇ ਸ੍ਰ. ਬਰਸਟ ਵੱਲੋਂ ਸਮਾਣਾ ਹਲਕੇ, ਸੜਕਾਂ ਦੇ ਨਵੀਨੀਕਰਨ ਤੇ ਮੰਡੀਆਂ ਦੇ ਵਿਕਾਸ ਲਈ ਕੀਤੇ ਜਾ ਰਹੇ ਕਾਰਜਾਂ ਦੀ ਸ਼ਲਾਘਾ ਕੀਤੀ।ਉਨ੍ਹਾਂ ਚੇਅਰਮੈਨ ਬਰਸਟ ਦੀ ਅਗਵਾਈ 'ਤੇ ਪੂਰਨ ਭਰੋਸਾ ਪ੍ਰਗਟਾਇਆ ਤੇ ਹਮੇਸ਼ਾ ਉਨ੍ਹਾਂ ਦੇ ਨਾਲ ਖੜੇ ਰਹਿਣ ਦਾ ਪ੍ਰਗਟਾਵਾ ਕੀਤਾ।ਇਸ ਮੌਕੇ ਐਸੋਸੀਏਸ਼ਨ ਦੇ ਪ੍ਰਧਾਨ ਬੀ. ਕੇ. ਮੀਨਾ, ਸੰਜੀਵ ਗੋਇਲ ਨੀਟਾ, ਹੁਸਨ ਲਾਲ, ਜੀਵਨ ਗਰਗ, ਪਵਨ ਬਾਂਸਲ, ਸੰਜੀਵ ਬਾਂਸਲ ਬੋਬੀ, ਜਗਦੀਸ਼ ਬਾਂਸਲ, ਅਨੂ ਸਿੰਗਲਾ, ਅਸ਼ੋਕ ਵਧਵਾ, ਸੰਜੇ ਧਨੇਠਾ, ਬੰਟੀ ਧਨੇਠਾ, ਨਿਸ਼ੂ ਸਿੰਗਲਾ, ਪੱਪੀ ਧਨੇਠਾ, ਵਿਜੇ ਮਿੱਤਲ ਸਮੇਤ ਹੋਰ ਮੈਂਬਰ ਹਾਜ਼ਰ ਸਨ।

# ਚੰਨੀ ਵੱਲੋਂ ਮੋਰਿੰਡਾ ਬਲਾਕ ਦੇ ਵੱਖ-ਵੱਖ ਪਿੰਡਾਂ 'ਚ ਮੀਟਿੰਗਾਂ



ਮੋਰਿੰਡਾ (ਨਿਰਮਲ ਸਿੰਘ ਕਲਸੀ)-ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵੱਲੋਂ ਹਲਕਾ ਸ੍ਰੀ ਚਮਕੌਰ ਸਾਹਿਬ ਦੇ ਪਿੰਡਾਂ ਵਿੱਚ ਮੀਟਿੰਗਾਂ ਦਾ ਸਿਲਸਿਲਾ ਜਾਰੀ ਹੈ ਜਿਸ ਦੇ ਚਲਦਿਆਂ ਉਹਨਾਂ ਵੱਲੋਂ ਬਲਾਕ ਮੋਰਿੰਡਾ ਦੇ ਪਿੰਡ ਮਲੋਹੀ ਕਲਾਂ, ਰਤਨਗੜ੍ਹ, ਬਡਵਾਲੀ, ਡੂਮਛੇੜੀ, ਸੱਖੋਮਾਜਰਾ, ਰੌਣੀ ਕਲਾਂ, ਸਮਾਣਾ ਖੁਰਦ ਪਿੰਡ ਸਹੇੜੀ ਵਿਖੇ ਭਰਵੀਆਂ ਚੋਣ ਮੀਟਿੰਗਾਂ ਨੂੰ ਸੰਬੋਧਨ ਕਰਦਿਆਂ ਆਮ ਲੋਕਾਂ ਦੀਆਂ ਮੁਸ਼ਕਲਾਂ ਵੀ ਸੁਣੀਆਂ। ਇਸ ਮੌਕੇ ਸੰਬੋਧਨ ਕਰਦਿਆਂ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਨੇ ਕਿਹਾ ਕਿ ਇਸ ਸਰਕਾਰ ਤੋਂ ਆਮ ਆਦਮੀ ਪਾਰਟੀ ਨਾਲ ਸੰਬੰਧਿਤ ਪੰਚਾਇਤਾਂ ਵੀ ਦੁਖੀ ਹਨ ਕਿਉਂਕਿ ਚਾਰ ਮਹੀਨਿਆਂ ਵਿੱਚ ਨਸ਼ਿਆਂ ਦਾ ਖਾਤਮਾ ਕਰਨ ਵਾਲੇ ਕੇਜਰੀਵਾਲ ਦੇ ਵਾਅਦੇ ਅਨੁਸਾਰ ਪੰਜਾਬ ਵਿੱਚੋਂ ਨਸ਼ਾ ਖਤਮ ਨਹੀਂ ਹੋਇਆ। ਇਸ ਮੌਕੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਵੱਲੋਂ ਹੋਰ ਵੀ ਵੱਖ-ਵੱਖ ਮਸਲਿਆਂ ਨੂੰ ਲੈ ਕੇ ਪੰਜਾਬ ਸਰਕਾਰ ਅਤੇ ਕੇਂਦਰ ਦੀ ਭਾਜਪਾ ਸਰਕਾਰ ਵਿਰੁੱਧ ਤਿੱਖੇ ਸ਼ਬਦੀ ਹਮਲੇ ਕੀਤੇ। ਇਸ ਮੌਕੇ ਪਨਗ੍ਰੇਨ ਪੰਜਾਬ ਦੇ ਸਾਬਕਾ ਚੇਅਰਮੈਨ ਬੰਤ ਸਿੰਘ ਕਲਾਰਾਂ, ਸ਼ੂਗਰ ਮੋਰਿੰਡਾ ਦੇ ਸਾਬਕਾ ਚੇਅਰਮੈਨ ਖੁਸ਼ਹਾਲ ਸਿੰਘ ਦਤਾਰਪੁਰ, ਪ੍ਰਧਾਨ ਦਰਸ਼ਨ ਸਿੰਘ ਸੰਧੂ, ਮਿਲਕ ਪਲਾਂਟ ਮੋਹਾਲੀ ਦੇ ਡਾਇਰੈਕਟਰ ਬਲਜਿੰਦਰ ਸਿੰਘ ਸਹੇੜੀ, ਜ਼ਿਲ੍ਹਾ ਪ੍ਰੀਸ਼ਦ ਮੈਂਬਰ ਗੁਰਵਿੰਦਰ ਸਿੰਘ ਕਕਰਾਲੀ, ਸਰਪੰਚ ਗੁਰਜੀਤ ਸਿੰਘ ਜੀਤੀ ਮੰਡੇਰਾਂ, ਬਲਾਕ ਸੰਮਤੀ ਮੈਂਬਰ ਹਰਕੀਰਤ ਸਿੰਘ, ਹਜਿੰਦਰ ਸਿੰਘ ਚੰਗਰਾਲੀ, ਸਾਬਕਾ ਸਰਪੰਚ ਜਗਤਾਰ ਸਿੰਘ ਸੰਧੂ ਮਾਜਰਾ, ਸਾਬਕਾ ਸੰਮਤੀ ਮੈਂਬਰ ਅਵਤਾਰ ਸਿੰਘ, ਨੰਬਰਦਾਰ ਧਰਮਵੀਰ ਸਿੰਘ, ਗਿਆਨੀ ਸੁਖਵਿੰਦਰ ਸਿੰਘ, ਤਰਲੋਚਨ ਸਿੰਘ ਡੂਮਛੇੜੀ, ਇਕਬਾਲ ਸਿੰਘ ਡੂਮਛੇੜੀ, ਕਰਮਜੀਤ ਭੁੱਲਰ, ਨਵਤੇਜ ਸਿੰਘ ਤੇਜੀ ਸਾਬਕਾ ਸਰਪੰਚ ਸਹੇੜੀ, ਸਾਬਕਾ ਸਰਪੰਚ ਮਨਪ੍ਰੀਤ ਸਿੰਘ ਮਾਵੀ ਸਮਾਣਾ ਖੁਰਦ ਆਦਿ ਹਾਜ਼ਰ ਸਨ।

# ਸਾਲਾਨਾ ਮੇਲੇ 'ਤੇ ਲਗਾਇਆ ਪੌਦਿਆਂ ਦਾ ਲੰਗਰ



ਦਸੂਹਾ (ਕਰਨੈਲ ਮਾਂਗਟ)- ਦਰਬਾਰ ਬਾਬਾ ਸ਼ਾਮੀ ਸ਼ਾਹ ਜੀ ਵਿਖੇ ਕਰਵਾਏ ਗਏ 301ਵੇਂ ਸਾਲਾਨਾ ਮੇਲੇ ਅਤੇ ਸੱਭਿਆਚਾਰਕ ਪ੍ਰੋਗਰਾਮ ਦੇ ਸ਼ੁਭ ਅਵਸਰ 'ਤੇ ਵਾਤਾਵਰਨ ਸੰਭਾਲ ਨੂੰ ਸਮਰਪਿਤ ਸੰਸਥਾ 'ਸੇਵ ਸਿਵਲਿਕ ਸੇਵ ਮਦਰ ਅਰਥ' ਵੱਲੋਂ ਪੌਦਿਆਂ ਦਾ ਵਿਸ਼ੇਸ਼ ਲੰਗਰ ਲਗਾਇਆ ਗਿਆ। ਇਸ ਲੰਗਰ ਦਾ ਸ਼ੁਭ ਉਦਘਾਟਨ ਦਰਬਾਰ ਸ਼ਾਮੀ ਸ਼ਾਹ ਦੇ ਗੱਦੀ ਨਸ਼ੀਨ ਬਾਬਾ ਪ੍ਰਿਥੀ ਸਿੰਘ ਬਾਲੀ ਨੇ ਆਪਣੇ ਕਰ-ਕਮਲਾਂ ਨਾਲ ਕੀਤਾ। ਉਦਘਾਟਨ ਉਪਰੰਤ ਸੰਸਥਾ ਵੱਲੋਂ ਬਾਬਾ ਪ੍ਰਿਥੀ ਸਿੰਘ ਬਾਲੀ ਜੀ ਦਾ ਆਸ਼ੀਰਵਾਦ ਪ੍ਰਾਪਤ ਕਰਦਿਆਂ ਉਨ੍ਹਾਂ ਨੂੰ ਸਨਮਾਨ ਚਿੰਨ੍ਹ ਭੇਟ ਕੀਤਾ ਗਿਆ। ਸੰਸਥਾ ਦੇ ਅਹੁਦੇਦਾਰਾਂ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਦੋ ਦਿਨਾਂ ਮੇਲੇ ਦੌਰਾਨ ਸੰਗਤਾਂ ਨੂੰ 1000 ਦੇ ਕਰੀਬ ਆਯੁਰਵੈਦਿਕ ਅਤੇ ਫਲਦਾਰ ਪੌਦੇ ਜਿਵੇਂ ਕਰੌਂਦਾ, ਆਂਵਲਾ, ਕਚਨਾਰ, ਹੈਮੇਟ, ਨਿੰਮ ਅਤੇ ਅਮਰੂਦ ਮੁਫ਼ਤ ਤਕਸੀਮ ਕੀਤੇ ਗਏ। ਇਸ ਦੇ ਨਾਲ ਹੀ ਲੋਕਾਂ ਨੂੰ ਪੌਦੇ ਲਗਾਉਣ ਅਤੇ ਉਨ੍ਹਾਂ ਦੀ ਦੇਖਭਾਲ ਕਰਨ ਲਈ ਜਾਗਰੂਕਤਾ ਪੈਂਫਲੇਟ ਵੀ ਵੰਡੇ ਗਏ। ਇਸ ਉਦਘਾਟਨੀ ਸਮਾਰੋਹ ਦੌਰਾਨ ਵਿਸ਼ਵ ਪੰਜਾਬੀ ਸੱਭਿਆਚਾਰਕ ਮੰਚ ਦੇ ਚੇਅਰਮੈਨ 'ਬਾਬਾ ਬੋਹੜ' ਰਾਮ ਚੰਦ ਸ਼ਾਵਰ, ਦਰਬਾਰ ਦੇ ਜਨਰਲ ਸਕੱਤਰ ਰਜਨੀਸ਼ ਕੁਮਾਰ ਸ਼ਾਵਰ, ਸੁਖਜੀਤ ਭਾਸ਼ਾ ਵਾਲਾ ਗੀਤਕਾਰ ਅਤੇ ਇੰਸਪੈਕਟਰ ਬਲਵੀਰ ਸਿੰਘ ਰਹਿਮਾਣੀਆ ਉਚੇਚੇ ਤੌਰ 'ਤੇ ਹਾਜ਼ਰ ਹੋਏ। ਮੇਲੇ ਦੌਰਾਨ ਸਟਾਲ 'ਤੇ ਪਹੁੰਚੀਆਂ ਪ੍ਰਮੁੱਖ ਸ਼ਖ਼ਸੀਅਤਾਂ-ਤਹਿਸੀਲਦਾਰ ਲਵਦੀਪ ਸਿੰਘ ਧੂਤ, ਨੰਬਰਦਾਰ ਗੁਰਦੀਪ ਸਿੰਘ ਸੁੱਧੂ, ਨੈਨੀ ਬਿਰਦੀ, ਰੋਟੇਰੀਅਨ ਦਵਿੰਦਰ ਰੋਜ਼ੀ ਦਸੂਹਾ, ਵਿਸ਼ਮ ਇਕਸਾਈਜ਼ ਤੋਂ ਕਰਮਾ ਚੱਟੀ, ਫੂਡ ਸਪਲਾਈ ਇੰਸਪੈਕਟਰ ਰਾਜ ਕੁਮਾਰ, ਕੁਲਜੀਤ ਸਿੰਘ, ਮਨਜੀਤ ਸਿੰਘ ਜਸਪਾਲ ਅਤੇ ਐੱਸ ਐੱਚ ਓ ਹਰਿੰਦਰ ਚੀਮਾ ਨੂੰ ਸੰਸਥਾ ਵੱਲੋਂ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ। ਪੌਦੇ ਵੰਡਣ ਦੀ ਸੇਵਾ ਵਿੱਚ ਪਰਵੀਨ ਸਿੰਘ ਮਾਂਗਟ, ਮੀਡੀਆ ਇੰਚਾਰਜ ਸੰਕਰੀ ਗੁਰਦਿਆਲ ਭੁੱਲਰ, ਰਣਜੀਤ ਸਿੰਘ (ਅਕਸ਼ ਡੀ ਕੇ), ਮੋਹਨ ਬਿਕਾਨਿਆਨ ਕੌਰ ਲਗਾਣਾ, ਐਡਵੋਕੇਟ ਨਰਵੈਲ, ਹਰਦੀਪ ਸਿੰਘ ਕੌਰ ਬੌਦਲ, ਸਮਯਗ ਬੌਦਲ ਅਤੇ ਰਾਜਵਿੰਦਰ ਰਹਿਸਿਆਨ ਨੇ ਅਹਿਮ ਭੂਮਿਕਾ ਨਿਭਾਈ। ਰਣਜੀਤ ਸਿੰਘ ਸਾਗਰ ਡੀ ਜੇ ਵੱਲੋਂ ਐਲ.ਈ.ਡੀ. ਸਕ੍ਰੀਨ ਦੀ ਸੇਵਾ ਦੇ ਕੇ ਮੇਲੇ ਅਤੇ ਸੰਸਥਾ ਦੇ ਵਾਤਾਵਰਨ ਕਾਰਜਾਂ ਨੂੰ ਰੰਗਮਈ ਅੰਦਾਜ਼ ਵਿੱਚ ਲੋਕਾਂ ਤੱਕ ਪਹੁੰਚਾਇਆ ਗਿਆ। ਪੂਰਾ ਸਮਾਰੋਹ ਬਾਬਾ ਰਾਮ ਚੰਦ ਸ਼ਾਵਰ ਦੇ ਮਾਰਗਦਰਸ਼ਨ ਹੇਠ ਸਫ਼ਲਤਾਪੂਰਵਕ ਨੇਪਰੇ ਚੜ੍ਹਿਆ। ਪ੍ਰੋਗਰਾਮ ਨੂੰ ਸਫ਼ਲ ਬਣਾਉਣ ਵਿੱਚ ਜਸਵੀਰ ਸਿੰਘ ਲਾਇਬ੍ਰੇਰੀਅਨ, ਪ੍ਰੋਫੈਸਰ ਜਸਵੀਰ ਬੋਦਲ, ਡਾ. ਹਰਦੀਪ (ਦੀਪ ਹਸਪਤਾਲ ਦਸੂਹਾ), ਕਮਲ ਕਾਰ ਏ.ਸੀ. ਬੇਰਛਾ, ਸੂਬੇਦਾਰ ਸਰਬਜੀਤ ਸਿੰਘ ਲੰਗਰਪੁਰ, ਗੁਰਜੀਤ ਦੁੱਗਲ ਅਧਿਆਪਕ, ਆਕਾਸ਼ਦੀਪ ਬੋਦਲ ਅਤੇ ਅੰਮ੍ਰਿਤ ਬੋਦਲ ਦਾ ਵਿਸ਼ੇਸ਼ ਸਹਿਯੋਗ ਰਿਹਾ। ਦਰਬਾਰ ਬਾਬਾ ਸ਼ਾਮੀ ਸ਼ਾਹ ਜੀ ਦੇ ਗੱਦੀ ਨਸ਼ੀਨ ਬਾਬਾ ਪ੍ਰਿਥੀ ਸਿੰਘ ਬਾਲੀ ਅਤੇ ਕਮੇਟੀ ਵੱਲੋਂ ਸੰਸਥਾ ਦੇ ਅਹੁਦੇਦਾਰਾਂ ਨੂੰ ਸਿਰੋਪਾਓ ਦੇ ਕੇ ਸਨਮਾਨਤ ਕੀਤਾ।

## ਵਿਦਿਅਕ ਸੰਸਥਾਵਾਂ 'ਚ ਵੋਟਰ ਰਜਿਸਟ੍ਰੇਸ਼ਨ ਲਈ ਲਗਾਏ ਜਾਣਗੇ ਕੈਂਪ

ਮੁਹਾਲੀ (ਗੁਰਜੀਤ ਬਿੱਲਾ)- ਭਾਰਤ ਦੇ ਚੋਣ ਕਮਿਸ਼ਨ ਦੀਆਂ ਹਦਾਇਤਾਂ ਅਤੇ ਮੁੱਖ ਚੋਣ ਅਫ਼ਸਰ ਪੰਜਾਬ ਵੱਲੋਂ ਜਾਰੀ ਨਿਰਦੇਸ਼ਾਂ ਅਨੁਸਾਰ, ਡਿਪਟੀ ਕਮਿਸ਼ਨਰ-ਕਮ-ਜ਼ਿਲ੍ਹਾ ਚੋਣ ਅਫ਼ਸਰ ਕੋਮਲ ਮਿੱਤਲ ਦੀ ਅਗਵਾਈ ਹੇਠ ਜ਼ਿਲ੍ਹਾ ਸਵੀਪ ਟੀਮ ਵੱਲੋਂ ਜ਼ਿਲ੍ਹੇ ਦੀਆਂ ਵੱਖ-ਵੱਖ ਕਾਲਜਾਂ ਅਤੇ ਯੂਨੀਵਰਸਿਟੀਆਂ ਵਿੱਚ ਯੋਗ ਨੌਜਵਾਨਾਂ ਦੀ ਵੋਟਰ ਰਜਿਸਟ੍ਰੇਸ਼ਨ ਲਈ ਵਿਸ਼ੇਸ਼ ਕੈਂਪ ਲਗਾਉਣ ਦੀ ਮੁਹਿੰਮ ਚਲਾਈ ਜਾ ਰਹੀ ਹੈ। ਇਹ ਜਾਣਕਾਰੀ ਦਿੰਦਿਆਂ ਜ਼ਿਲ੍ਹਾ ਨੋਡਲ ਅਫ਼ਸਰ ਸਵੀਪ ਪ੍ਰੋ. ਗੁਰਬਖ਼ਸ਼ੀਸ਼ ਸਿੰਘ ਅੰਟਾਲ ਨੇ ਦੱਸਿਆ ਕਿ ਜ਼ਿਲ੍ਹੇ ਵਿੱਚ 18 ਸਾਲ ਜਾਂ ਇਸ ਤੋਂ ਵੱਧ ਉਮਰ ਦੇ ਸਾਰੇ ਯੋਗ ਨੌਜਵਾਨਾਂ ਨੂੰ ਵੋਟਰ ਸੂਚੀ ਵਿੱਚ ਦਰਜ ਕਰਨ ਲਈ ਵਿਸ਼ੇਸ਼ ਉਪਰਾਲੇ ਕੀਤੇ ਜਾ ਰਹੇ ਹਨ। ਇਸ ਤਹਿਤ ਵੱਖ-ਵੱਖ ਕਾਲਜਾਂ ਅਤੇ ਯੂਨੀਵਰਸਿਟੀਆਂ ਨਾਲ ਤਾਲਮੇਲ ਕਰਕੇ ਅਗਲੇ ਦਿਨਾਂ ਵਿੱਚ ਵਿਸ਼ੇਸ਼ ਵੋਟਰ ਰਜਿਸਟ੍ਰੇਸ਼ਨ ਕੈਂਪ ਲਗਾਏ ਜਾਣਗੇ ਤਾਂ ਜੋ ਕੋਈ ਵੀ ਯੋਗ ਵਿਦਿਆਰਥੀ ਵੋਟਰ ਬਣਨ ਤੋਂ ਵਾਂਝਾ ਨਾ ਰਹੇ। ਉਨ੍ਹਾਂ ਦੱਸਿਆ ਕਿ ਵਿਦਿਅਕ ਸੰਸਥਾਵਾਂ ਦੇ ਪ੍ਰਿੰਸੀਪਲਾਂ/ਡਾਇਰੈਕਟਰਾਂ ਵੱਲੋਂ ਇਹ ਵੀ ਯਕੀਨੀ ਬਣਾਇਆ ਜਾਵੇਗਾ ਕਿ ਸੰਸਥਾ ਵਿੱਚ ਪੜ੍ਹ ਰਹੇ ਸਾਰੇ ਯੋਗ ਵਿਦਿਆਰਥੀਆਂ ਦੀ ਵੋਟਰ ਰਜਿਸਟ੍ਰੇਸ਼ਨ ਕਰਵਾਈ ਜਾਵੇ। ਇਸ ਸਬੰਧੀ ਸੰਸਥਾ ਦੇ ਮੁਖੀ ਵੱਲੋਂ ਯੋਗ ਵਿਦਿਆਰਥੀਆਂ ਦੀ ਵੋਟਰ ਰਜਿਸਟ੍ਰੇਸ਼ਨ ਮੁਕੰਮਲ ਹੋਣ ਸਬੰਧੀ ਪ੍ਰਮਾਣ ਪੱਤਰ ਵੀ ਜਾਰੀ ਕੀਤਾ ਜਾਵੇਗਾ।ਉਨ੍ਹਾਂ ਦੱਸਿਆ ਕਿ ਇਸ ਮੁਹਿੰਮ ਤਹਿਤ ਸਰਕਾਰੀ ਕਾਲਜ, ਫੇਜ਼-6, ਮੋਹਾਲੀ ਵਿਖੇ ਕਾਲਜ ਦੀ ਪ੍ਰਿੰਸੀਪਲ ਪ੍ਰੋ. ਜਸਪ੍ਰੀਤ ਕੌਰ ਬੈਂਸ ਅਤੇ ਨੋਡਲ ਅਫ਼ਸਰ ਸਵੀਪ ਡਾ. ਸਿਮਰਪ੍ਰੀਤ ਕੌਰ ਦੀ ਪ੍ਰੇਰਣਾ ਸਦਕਾ ਵਿਸ਼ੇਸ਼ ਵੋਟਰ ਰਜਿਸਟ੍ਰੇਸ਼ਨ ਮੁਹਿੰਮ ਚਲਾਈ ਗਈ। ਇਸ ਦੌਰਾਨ 127 ਨਵੇਂ ਯੋਗ ਵਿਦਿਆਰਥੀਆਂ ਵੱਲੋਂ ਵੋਟਰ ਰਜਿਸਟ੍ਰੇਸ਼ਨ ਲਈ ਫਾਰਮ ਭਰੇ ਗਏ, ਜੋ ਅਗਲੀ ਲੋੜੀਂਦੀ ਕਾਰਵਾਈ ਲਈ ਜ਼ਿਲ੍ਹਾ ਚੋਣ ਦਫ਼ਤਰ ਨੂੰ ਭੇਜੇ ਗਏ ਹਨ।ਇਸ ਮੌਕੇ ਚੋਣ ਤਹਿਸੀਲਦਾਰ ਹਰਪ੍ਰੀਤ ਕੌਰ ਅਤੇ ਚੋਣ ਕਾਨੂੰਨਗੋ ਸੁਰਿੰਦਰ ਬੱਤਰਾ ਵੀ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ।

## ਮੁਹਾਲੀ ਜ਼ਿਲ੍ਹੇ ਲਈ ਨੋਡਲ ਅਫ਼ਸਰ ਤੇ ਸਮਾਜ ਸੇਵਕਾਂ ਦੀ ਨਿਯੁਕਤੀ

ਮੁਹਾਲੀ (ਗੁਰਜੀਤ ਬਿੱਲਾ)- ਬਾਲ ਨਿਆਂ (ਬੱਚਿਆਂ ਦੀ ਦੇਖਭਾਲ ਅਤੇ ਸੁਰੱਖਿਆ) ਐਕਟ, 2015 ਤਹਿਤ ਮੁਹਾਲੀ ਜ਼ਿਲ੍ਹੇ ਵਿੱਚ ਨੋਡਲ ਅਫ਼ਸਰ ਅਤੇ ਸਮਾਜ ਸੇਵਕਾਂ ਦੀ ਨਿਯੁਕਤੀ ਕੀਤੀ ਗਈ ਹੈ। ਇਸ ਸਬੰਧੀ ਸੀਨੀਅਰ ਕਪਤਾਨ ਪੁਲਿਸ, ਐਸ.ਏ.ਐਸ. ਨਗਰ ਵੱਲੋਂ ਸਪੈਸ਼ਲ ਡਾਇਰੈਕਟਰ ਜਨਰਲ ਪੁਲਿਸ, ਕਮਿਊਨਿਟੀ ਅਫੇਅਰਜ਼ ਡਵੀਜ਼ਨ ਅਤੇ ਵੂਮੈਨ ਅਫੇਅਰਜ਼, ਪੰਜਾਬ ਨੂੰ ਪੱਤਰ ਭੇਜ ਕੇ ਅੱਪਡੇਟ ਕੀਤੀ ਜਾਣਕਾਰੀ ਦਿੱਤੀ ਗਈ ਹੈ। ਪੱਤਰ ਅਨੁਸਾਰ ਡੀ ਐੱਸ ਪੀ (ਜੋ ਕਿ ਡਬਲਿਊ ਐਂਡ ਸੀ), ਐਸ.ਏ.ਐਸ. ਨਗਰ ਵਿਖੇ ਤਾਇਨਾਤ ਅਜੀਤ ਪਾਲ ਸਿੰਘ ਨੂੰ ਜ਼ਿਲ੍ਹੇ ਦਾ ਨੋਡਲ ਅਫ਼ਸਰ ਨਿਯੁਕਤ ਕੀਤਾ ਗਿਆ ਹੈ। ਇਸ ਤਹਿਤ ਸਮਾਜ ਸੇਵੀ ਹਰਿੰਦਰ ਪਾਲ ਸਿੰਘ ਹੈਰੀ, ਡਿਸਟਰਿਕ ਅੰਬੈਸਡਰ, ਕੁਐਸਟ, ਲਾਇਨਜ਼ ਕਲੱਬ ਮੋਹਾਲੀ ਅਤੇ ਆਰ.ਪੀ. ਸਿੰਘ ਵਿੱਗ, ਚੇਅਰਮੈਨ ਦੀਵਾਨ ਸਿੰਘ ਵਿੱਗ ਐਂਡ ਸੰਨਜ਼ ਚੈਰੀਟੇਬਲ ਟਰਸਟ ਮੋਹਾਲੀ ਨੂੰ ਸਮਾਜ ਸੇਵਕ ਵਜੋਂ ਅਹੁਦੇਦਾਰ ਨਿਯੁਕਤ ਕੀਤਾ ਗਿਆ ਹੈ।ਇਨ੍ਹਾਂ ਨਿਯੁਕਤੀਆਂ ਨਾਲ ਜ਼ਿਲ੍ਹੇ ਵਿੱਚ ਬੱਚਿਆਂ ਦੀ ਦੇਖਭਾਲ, ਸੁਰੱਖਿਆ ਅਤੇ ਬਾਲ ਨਿਆਂ ਨਾਲ ਸਬੰਧਤ ਮਾਮਲਿਆਂ ਵਿੱਚ ਸਹਿਯੋਗ ਹੋਰ ਮਜ਼ਬੂਤ ਹੋਣ ਦੀ ਉਮੀਦ ਹੈ।

### PUBLIC NOTICE

This is to be put to notice that on behalf of my client VASTU HOUSING FINANCE CORPORATION LTD Public Notice for loss of loss of original document may be publish by the company/owner in loan case of NIRALE SHEKHLan No. LP0000000368373

"Nagina Khatun W/o Mohammod Neralais owner in possession of House measuring 3 Marla (1 Marla =207 Sq. Ft. comprising under Khasra No. 1334, 1341, 1344, Situated at Abadi Chak Hussian Lamba Pind Tehsil and District Jalandhar vide Sale Deed No. 6436 Dated 02.04.2026. The previous chain document i.e. Original Sale Deed No. 985 dated 04.05.2009 and Original Sale Deed No. 10463 dated 31.03.2010 and Original Sale Deed No. 12718 dated 26.07.2007have been lost/ missing & is not traceable and owner haslodge/register DDR/Lost information report is respect to loss of above said document to police. If any concern, Bank or any person having claim. Objection related to above transactions/ document and any objection regarding mortgageof said property with AHFL, he/she may raiseobjectionundersigned Advocate within 7 days from the date of publication, failing which no claim will be entertained later by Shubham Housing Development Finance Company."

Lalit Kakkar, Advocate, Jalandhar, M - 9876107449

### Public Notice

I, Dwarka Parshad son of Nannu Sharma and Menna wife of Dwarka Parshad resident of House No. 3, Ward No. 42, Near Mata Mandir, Raja Garden, Jalandhar, Punjab declare that our son Lokesh, his wife Tara and their son Nakual are out of our control. So we disinherit them from all our moveable and immoveable properties. We and our family shall not be held responsible for any kind of their act, deed and things related to them. All concerned please note.

### Public Notice

I, Kamaldeep Singh Dhindsa S/o S. Gian Singh S/o Arjan Singh, R/o Village Reru, Distt. Jalandhar declare that that I have cancelled/revoked the Power of Attorney No. 1020 dated 11.03.2019 in the name of Gurinder Singh S/o Darshan Singh S/o Gainda Singh, R/o Talhi Sahib, Kartarpur, District Jalandhar, vide Cancellation Deed No. 2026-27/186/4/811 dated 14.09.2026 duly registered in the office of Sub Registrar Jalandhar-1.

ਜਲੰਧਰ ਵਿਕਾਸ ਅਥਾਰਟੀ, ਜਲੰਧਰ
ਐੱਸ ਸੀ ਓ ਨੰ. 41, ਸਾਹਮਣੇ ਤਹਿਸੀਲ ਕੰਪਲੈਕਸ, ਜਲੰਧਰ

### ਪਬਲਿਕ ਨੋਟਿਸ

ਆਮ ਪਬਲਿਕ ਨੂੰ ਇਸ ਨੋਟਿਸ ਰਾਹੀਂ ਸੂਚਿਤ ਕੀਤਾ ਜਾਂਦਾ ਹੈ ਕਿ ਪਿੰਡ ਕਾਹਲਵਾਂ (ਹ. ਬ. ਨੰ. 327) ਤਹਿਸੀਲ ਤੇ ਜ਼ਿਲ੍ਹਾ ਜਲੰਧਰ ਵਿਖੇ ਸਮਰੱਥ ਅਧਿਕਾਰੀ ਪ੍ਰਸ਼ਾਸਕ, ਜੇ ਡੀ ਏ, ਜਲੰਧਰ ਵੱਲੋਂ ਕਮਰਸ਼ੀਅਲ ਕਾਲੋਨੀ Highway Hub, ਰਕਬਾ 9.96325 ਏਕੜ ਦਾ ਲਾਈਸੰਸ ਨੰ. ਜੇ ਡੀ ਏ/2026/107 ਮਿਤੀ 27.03.2026 M/s Deep Real Estate and Developers ਨੂੰ ਜਾਰੀ ਕੀਤਾ ਹੋਇਆ ਹੈ। ਹੁਣ ਪ੍ਰੋਮਟਰ ਵੱਲੋਂ ਪ੍ਰੋਜੈਕਟ ਦਾ ਰਿਵਾਈਜ਼ਡ ਲੇਆਊਟ ਪਲੈਨ ਡਰਾਇੰਗ ਨੰ. KAHLWAN (COMM) 06/2026 Dated 25.07.2026 ਪ੍ਰਵਾਨਗੀ ਲਈ ਪੇਸ਼ ਕੀਤਾ ਗਿਆ ਹੈ, ਜੋ ਦਫਤਰ ਮੁੱਖ ਪ੍ਰਸ਼ਾਸਕ, ਜੇ ਡੀ ਏ, ਐੱਸ ਸੀ ਓ ਨੰ. 41, ਦੂਜੀ ਮੰਜ਼ਲ, ਪੁੱਡਾ ਕੰਪਲੈਕਸ, ਲਾਡੋਵਾਲੀ ਰੋਡ, ਜਲੰਧਰ ਵਿਖੇ ਦੇਖਿਆ ਜਾ ਸਕਦਾ ਹੈ। ਇਸ ਸੰਬੰਧ ਵਿੱਚ ਜੇਕਰ ਕਾਲੋਨੀ ਦੇ ਕਿਸੇ ਵੀ ਪਲਾਟ ਹੋਲਡਰ/ਅਲਾਟੀ ਨੂੰ ਕੋਈ ਇਤਰਾਜ਼ ਹੋਵੇ ਤਾਂ ਉਹ ਇਸ ਪਬਲਿਕ ਨੋਟਿਸ ਦੇ ਪ੍ਰਕਾਸ਼ਤ ਹੋਣ ਦੀ ਮਿਤੀ ਤੋਂ 15 ਦਿਨਾਂ ਵਿੱਚ ਨਿਮਨਹਸਤਾਖਰ ਪਾਸ ਆਪਣਾ ਇਤਰਾਜ਼ ਦਾਖਲ ਕਰ ਸਕਦਾ ਹੈ। ਨਿਰਧਾਰਤ ਸਮੇਂ ਤੋਂ ਬਾਅਦ ਪ੍ਰਾਪਤ ਹੋਏ ਇਤਰਾਜ਼ਾਂ 'ਤੇ ਵਿਚਾਰ ਨਹੀਂ ਕੀਤਾ ਜਾਵੇਗਾ ਅਤੇ ਰੀਵਾਈਜ਼ਡ ਲੇਆਊਟ ਪਲੈਨ ਪ੍ਰਵਾਨ ਕਰ ਦਿੱਤਾ ਜਾਵੇਗਾ।

ਸਮਰੱਥ ਅਧਿਕਾਰੀ-ਕਮ-ਮੁੱਖ ਪ੍ਰਸ਼ਾਸਕ
ਜੇ ਡੀ ਏ, ਜਲੰਧਰ।

### PUBLIC NOTICE

This is to be put to notice that on behalf of my client Shubham Housing Development Finance Company Following Public Notice for loss of loss of original document may be publish by the company/owner in loan case of DEEPAK KUMAR APP ID APPL05530227

"Monika w/o Deepak Kumar, is owner in possession of House measuring 3 Marla 219 Sq. Feet comprising under Khasra No. 6//8/1 situated at Village Shergarh, Tehsil and Distt. Hoshiarpur vide Sale Deed No. 485 dated 20.04.2022. The previous chain document i.e. Original Sale Deed No. 8001 dated 04.01.2011 and Sale Deed No.10286 dated 01.03.2012 and Sale Deed No. 4027 dated 31.08.2016 have been lost/ missing & is not traceable and owner has lodge/register DDR/Lost information report is respect to loss of above said document to police. If any concern, Bank or any person having claim. Objection related to above transactions/ document and any objection regarding mortgage of said property with AHFL, he/she may raise objection to Shubham Housing Development Finance Company 2nd Floor, SCO 21, Chandigarh Road, Hoshiarpur or undersigned Advocate within 7 days from the date of publication, failing which no claim will be entertained later by Shubham Housing Development Finance Company."

Lalit Kakkar, Advocate, Jalandhar

### Court Notice

(U/o 5 Rule 20 CPC)
In the Court of
Sh. Divanshu Aggarwal
Judicial Magistrate-1st Class-11, Patiala
CNR No. PBPT03-009789-2025
Next Date : 05.10.2026
Tata Capital Ltd.
Vs.
Nitish Kumar

Publication Issued To:

Nitish Kumar S/o Chander Shekhar R/o 8076 Shed Wali Gali Sirki Bazar Ward 35, Bathinda City Hospital Bathinda-151005, 2nd Add. Shilp Collation Sirki Bazar, Opp. Bijli Board Sahib Bathinda-151001 (Loan No. TCFTW0381000011016760)

In above titled case, the defendant(s)/respondent(s) could not be served. It is ordered that defendant(s)/respondent(s) should appear in person or through counsel on 05-10-2026 at 10:00 a.m.

For details logon to https://highcourtchd.gov.in/?trs=district_notice&district=Patiala

Judicial Magistrate-1st class-11, Patiala

Dated this day of 16-09-2026

### ਚੋਣ ਨੋਟਿਸ

ਦੀ ਕਪੂਰਥਲਾ ਕੋਆਪ੍ਰੇਟਿਵ ਮਾਰਕੀਟਿੰਗ-ਕਮ-ਪ੍ਰੋਸੈਸਿੰਗ ਸਭਾ ਲਿਮ: ਕਪੂਰਥਲਾ ਜ਼ਿਲ੍ਹਾ ਕਪੂਰਥਲਾ ਦੀ ਪ੍ਰਬੰਧਕ ਕਮੇਟੀ ਦੀ ਚੋਣ ਸੰਬੰਧੀ ਸਭਾ ਵੱਲੋਂ ਤਿਆਰ ਕੀਤੇ ਤਜ਼ਵੀਜ਼ੀ ਜ਼ੋਨ ਪ੍ਰਵਾਨਗੀ ਹਿੱਤ ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ, ਕਪੂਰਥਲਾ ਰਾਹੀਂ ਇਸ ਦਫਤਰ ਵਿੱਚ ਪ੍ਰਾਪਤ ਹੋਏ ਹਨ। ਜੇਕਰ ਇਸ ਸਭਾ ਦੇ ਕਿਸੇ ਹਿੱਸੇਦਾਰ/ਮੈਂਬਰ ਨੂੰ ਇਨ੍ਹਾਂ ਜ਼ੋਨਾਂ ਦੀ ਬਣਤਰ 'ਤੇ ਕੋਈ ਇਤਰਾਜ਼ ਹੋਵੇ ਤਾਂ ਉਹ ਨਿਮਨਹਸਤਾਖਰ ਦੇ ਦਫਤਰ ਵਿਖੇ ਮਿਤੀ 01-10-2026 ਸ਼ਾਮ 5.00 ਵਜੇ ਤੱਕ ਲਿਖਤੀ ਰੂਪ ਵਿੱਚ ਸਬੂਤ ਸਮੇਂ ਇਤਰਾਜ਼ ਦਾਖਲ ਕਰ ਸਕਦਾ ਹੈ। ਪ੍ਰਾਪਤ ਹੋਏ ਇਤਰਾਜ਼ਾਂ ਦੀ ਸੁਣਵਾਈ ਮਿਤੀ 02-10-2026 ਨੂੰ ਸਵੇਰੇ 11.00 ਵਜੇ ਨਿਮਨ ਹਸਤਾਖਰ ਵੱਲੋਂ ਆਪਣੇ ਦਫਤਰ ਵਿਖੇ ਕੀਤੀ ਜਾਵੇਗੀ। ਇਤਰਾਜ਼ਕਰਤਾ ਖੁਦ ਜਾਂ ਆਪਣੇ ਵਕੀਲ ਰਾਹੀਂ ਸੁਣਵਾਈ ਸਮੇਂ ਹਾਜ਼ਰ ਹੋਣ।

ਇਨ੍ਹਾਂ ਜ਼ੋਨਲ ਲਿਸਟਾਂ ਦੀ ਇੱਕ-ਇੱਕ ਪੜਤ ਦੀ ਕਪੂਰਥਲਾ ਕੋਆਪ੍ਰੇਟਿਵ ਮਾਰਕੀਟਿੰਗ -ਕਮ-ਪ੍ਰੋਸੈਸਿੰਗ ਸਭਾ ਲਿਮ: ਕਪੂਰਥਲਾ ਜ਼ਿਲ੍ਹਾ ਕਪੂਰਥਲਾ, ਸਹਾਇਕ ਰਜਿਸਟਰਾਰ, ਸਹਿਕਾਰੀ ਸਭਾਵਾਂ, ਕਪੂਰਥਲਾ ਅਤੇ ਨਿਮਨਹਸਤਾਖਰ ਦੇ ਦਫਤਰ ਵਿਖੇ ਰੱਖੀ ਗਈ ਹੈ, ਜੋ ਕਿ ਕਿਸੇ ਵੀ ਕੰਮ ਵਾਲੇ ਦਿਨ ਦਫਤਰੀ ਸਮੇਂ ਵਿੱਚ ਆ ਕੇ ਵੇਖੀ ਜਾ ਸਕਦੀ ਹੈ।

ਸਹੀ/- ਜਗਜੀਤ ਸਿੰਘ (ਪੀ ਸੀ ਐੱਸ-1)
ਡਿਪਟੀ ਰਜਿਸਟਰਾਰ, ਸਹਿਕਾਰੀ ਸਭਾਵਾਂ, ਕਪੂਰਥਲਾ।

### ਉੱਤਰ ਰੇਲਵੇ

#### ਈ-ਨਿਵਿਦਾ ਸੂਚਨਾ

ਸੀਨੀਅਰ ਮੰਡਲ ਇੰਜੀਨੀਅਰ-ਤਾਲਮੇਲ, ਫਿਰੋਜ਼ਪੁਰ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੇ ਵਲੋਂ ਤੋਂ ਹੇਠਾਂ ਲਿਖਤ ਕੰਮਾਂ ਦੇ ਲਈ ਖੁਲੀਆਂ ਈ-ਨਿਵਿਦਾਵਾਂ ਦੀ ਮੰਗ ਕਰਦੇ ਹਨ, ਜੋ www.ireps.gov.in 'ਤੇ ਉਪਲਬਧ ਹਨ ਅਤੇ ਜਿਨ੍ਹਾਂ ਦੇ ਬੰਦ ਹੋਣ ਦੀ ਮਿਤੀ 06.10.2026 ਸਮਾਂ 15:00 ਵਜੇ ਤਕ ਹੈ। ਨਿਵਿਦਾਕਰਤਾ ਕੇਵਲ ਨਿਵਿਦਾ ਬੰਦ ਹੋਣ ਦੀ ਮਿਤੀ ਅਤੇ ਸਮੇਂ ਤਕ ਹੀ ਆਪਣੇ ਮੂਲ ਜਾਂ ਸੰਸ਼ੋਧਿਤ ਨਿਵਿਦਾਵਾਂ ਪੇਸ਼ ਕਰ ਸਕਣਗੇ। ਇਸ ਨਿਵਿਦਾ ਦੇ ਵਿਰੁਧ ਮੈਨੂੰਅਲ ਨਿਵਿਦਾਵਾਂ ਸਵੀਕਾਰ ਨਹੀਂ ਕੀਤੀਆਂ ਜਾਣਗੀਆਂ ਅਤੇ ਜੇਕਰ ਕੋਈ ਨਿਵਿਦਾ ਪ੍ਰਾਪਤ ਹੁੰਦੀ ਹੈ, ਤਾਂ ਕੋਈ ਵਿਚਾਰ ਨਹੀਂ ਕੀਤਾ ਜਾਵੇਗਾ। ਠੇਕੇਦਾਰ ਨੂੰ ਇਸ ਨਿਵਿਦਾ ਦੇ ਲਈ ਨਿਵਿਦਾ ਫਾਰਮ ਦੀ ਲਾਗਤ ਅਤੇ ਬਿਆਨਾ ਰਾਸ਼ੀ ਦਾ ਭੁਗਤਾਨ ਕੇਵਲ www.ireps.gov.in ਪੋਰਟਲ ਤੇ ਉਪਲਬਧ ਆਨ ਲਾਈਨ ਸਾਧਨਾਂ ਦੇ ਮਾਧਿਅਮ ਨਾਲ ਜਿਵੇਂ ਨੈਟ ਬੈਂਕਿੰਗ, ਡੇਬਿਟ ਕਾਰਡ, ਤੇ ਕਰੈਡਿਟ ਕਾਰਡ ਆਦਿ ਨਾਲ ਭੁਗਤਾਨ ਕਰ ਸਕਦੇ ਹਨ। ਡਿਮਾਂਡ ਡ੍ਰਾਫਟ, ਬੈਂਕਰਸ ਚੈਕ, ਐਫ.ਡੀ.ਆਰ. ਤੇ ਰਸੀਦਾਂ ਆਦਿ ਦੇ ਮਾਧਿਅਮ ਨਾਲ ਭੁਗਤਾਨ ਦੀ ਇਜਾਜ਼ਤ ਨਹੀਂ ਹੈ। ਵਧੇਰੇ ਜਾਣਕਾਰੀ ਦੇ ਲਈ www.ireps.gov.in 'ਤੇ ਲਾਗ ਆਨ ਕਰੋ।

| ਨਿਵਿਦਾ ਪ੍ਰਕਾਰ | ਨਿਵਿਦਾ ਅਨੁਭਾਗ | ਬੋਲੀ ਪ੍ਰਣਾਲੀ |
|---|---|---|
| ਖੁਲ੍ਹਾ | ਕੰਮ | ਏਕਲ ਬੋਲੀ ਪ੍ਰਣਾਲੀ |
| ਨਿਵਿਦਾ ਅਪਲੋਡ ਕਰਨ ਦੀ ਮਿਤੀ | ਬੋਲੀ ਸ਼ੁਰੂ ਦੀ ਮਿਤੀ | ਬੋਲੀ ਸਮਾਪਨ ਦੀ ਮਿਤੀ ਅਤੇ ਸਮਾਂ |
| 14.09.2026 | 22.09.2026 | 06.10.2026 15:00 ਵਜੇ |

| ਲੜੀ. | ਨਿਵਿਦਾ ਨੰਬਰ | ਨਿਵਿਦਾ ਦਾ ਵੇਰਵਾ |
|---|---|---|
| 1. | 146-2026-27-Sr-DEN-C-FZR | ਸਹਾਇਕ ਮੰਡਲ ਇੰਜੀਨੀਅਰ/ਜਲੰਧਰ ਕੈਂਟ ਦੇ ਤਹਿਤ ਜਲੰਧਰ ਕੈਂਟ-ਹੁਸ਼ਿਆਰਪੁਰ (JRC-HSX) ਸੈਕਸ਼ਨ ਤੇ ਹੁਸ਼ਿਆਰਪੁਰ ਗੁਡਸ ਸਾਈਡਿੰਗ ਤੇ 60,000 ਘਣ ਮੀਟਰ 65 ਮਿਲੀਮੀਟਰ ਗੇਜ ਪੱਥਰ ਗਿਟੀ (ਯਾਂਤਰਿਕ ਰੂਪ ਨਾਲ ਟੁਟੀ ਹੋਈ/ਮਸ਼ੀਨ ਕ੍ਰਸ਼) ਦੀ ਸਪਲਾਈ ਅਤੇ ਰੇਲ ਰੇਕ/ਬਾਕਸ (BOBs) ਵਿਚ ਲੋਡਿੰਗ ਦਾ ਕੰਮ। |

| ਵਿਗਿਆਪਨ ਮੁਲ (ਰੁ.) | ਬਿਆਨਾ ਰਾਸ਼ੀ | ਆਫਰ ਦੀ ਵੈਲੇਡਿਟੀ | ਸਮਾਪਤੀ ਦਾ ਸਮਾਂ |
|---|---|---|---|
| 71443800.00 | 1428900.00 | 60 ਦਿਨ | 08 ਮਹੀਨੇ |

ਸਮਾਨ ਨੇਚਰ ਦਾ ਕੰਮ- "ਰੇਲਵੇ ਹਾਈਵੇ/ਸੜਕਾਂ ਦੇ ਲਈ ਮਸ਼ੀਨ ਨਾਲ ਕੁਚਲੇ ਹੋਏ ਪੱਥਰ ਗਿਟੀ ਦੀ ਸਪਲਾਈ"।

ਨੋਟ : 1. ਨਿਵਿਦਾ ਪਾਉਣ ਤੋਂ ਪਹਿਲਾਂ ਨਿਵਿਦਾਕਰਤਾ ਨਿਵਿਦਾ ਦੇ ਸਬੰਧ ਵਿਚ ਜਾਰੀ ਕੀਤੇ ਗਏ ਕਿਸੇ ਵੀ ਸ਼ੁਧੀਪੱਤਰ ਦੀ ਜਾਂਚ ਕਰਨਗੇ। 2. ਹਿੰਦੀ ਵਿਚ ਕਿਸੇ ਵੀ ਗਲਤੀ ਲਈ ਅੰਗ੍ਰੇਜ਼ੀ ਵਰਜਨ ਦਾ ਅਵਲੋਕਨ ਕਰੋ, ਅਤੇ ਅੰਗ੍ਰੇਜ਼ੀ ਵਰਜਨ ਹੀ ਮਾਨਯ ਹੋਣਗੇ।

ਨਿਵਿਦਾ ਸੂਚਨਾ ਨੰ. 146-2026-27-Sr-DEN-C-FZR ਤਾਰੀਕ : 14.09.2026 3196/2026

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ

### ਉੱਤਰ ਰੇਲਵੇ

#### ਈ-ਟੈਂਡਰ

ਖੁਲੀ ਟੈਂਡਰ ਸੂਚਨਾ ਨੰਬਰ ਐਨਆਈਟੀ.-09/2026-27 ਮਿਤੀ 15/09/2026

ਸੀਨੀਅਰ ਡਵੀਜਨਲ ਇਲਕਿਟ੍ਰਕਲ ਇੰਜੀਨੀਅਰ/ਜੀ, ਉੱਤਰ ਰੇਲਵੇ, ਅੰਬਾਲਾ ਦੁਆਰਾ ਭਾਰਤ ਦੇ ਰਾਸ਼ਟਰਪਤੀ ਦੀ ਤਰਫ ਤੋਂ ਈ-ਟੈਂਡਰ ਦੇ ਦੁਵਾਰਾ ਤੋਂ ਇਛੁਕ ਠੇਕੇਦਾਰਾਂ ਤੋਂ ਹੇਠਾ ਲਿਖੇ ਕੰਮਾਂ ਦੇ ਲਈ 15.00 ਵਜੇ ਤਕ ਜਾਂ ਕੰਮ ਦੇ ਸਾਮਨੇ ਦਿਖਾਈ ਗਈ ਸਮਾਪਤੀ ਦੀ ਮਿਤੀ ਤਕ ਖੁਲੀ ਟੈਂਡਰਾ ਮੰਗ ਕੀਤੀ ਜਾਂਦੀ ਹੈ।

| ਲ. ਨੰ: | ਟੈਂਡਰ ਨੰਬਰ | ਕੰਮ ਦਾ ਨਾਮ | ਲਗਭਗ ਲਾਗਤ (ਰੁ:) | ਬੋਲੀ ਪ੍ਰਤੀਭੂਤੀ (ਰੁ:) | ਪੂਰਾ ਹੋਣ ਦਾ ਸਮਾਂ | ਬੰਦ ਕਰਨ ਅਤੇ ਖੁਲਣ ਦੀ ਮਿਤੀ |
|---|---|---|---|---|---|---|
| 1 | 30-ਵਿਯੁਤ 09/2026-27 (ਓਪਨ ਟੈਂਡਰ) | ਅੰਬਾਲਾ ਡਵੀਜਨ ਦੇ ਅੰਤਰਗਤ ADEN/SIR ਅਧਿਕਾਰ ਖੇਤਰ ਵਿਚ ਆਉਣ ਵਾਲੇ ਸਰਹਿੰਦ, ਕੁਰਾਲੀ, ਮੋਰਿੰਡਾ, ਅੰਬ ਅੰਦੋਰਾ, ਊਨਾ ਹਿਮਾਚਲ ਅਤੇ ਨਾਂਗਲ ਡੈਮ ਸਟੇਸ਼ਨ ਦੀ ਰੇਲਵੇ ਕਲੋਨੀਆਂ ਵਿਚ ਪਾਨੀ ਦੀ ਸਪਲਾਈ ਵਿਵਸਥਾ ਨੂੰ ਬੇਹਤਰ ਬਣਾਨਾ ਅਤੇ ਪੁਰਾਨੀ ਅਤੇ ਜਰਜਰ ਪਾਨੀ ਦੀ ਸਪਲਾਈ ਪਾਇਪਲਾਈਨਾਂ, ਪਾਨੀ ਦੇ ਸਟੋਰੇਜ ਟੈਂਕਾਂ ਅਤੇ ਹੋਰ ਸਬੰਧਿਤ ਕੰਮਾਂ ਨੂੰ ਬਦਲਨ ਲਈ ਵਿਯੁਤੀਯ ਕੰਮ। | Rs. 2912776.18 | Rs. 58300.00 | 03 ਮਹੀਨੇ | 07.10.2026 |

1) ਟੈਂਡਰਕਰਤਾਵਾਂ ਨੂੰ ਸ਼ਰਤਾਂ ਦੇ ਅਨੁਸਾਰ PAN/TIN/GST ਸਹਿਤ ਸਾਰੇ ਸਬੰਧਿਤ ਪਾਤਰ ਦਸਤਾਵੇਜਾਂ ਦੀ ਸਕੈਨ ਕੀਤੀ ਹੋਈ ਕਾਪੀਆਂ ਨੂੰ ਅਪਲੋਡ ਕਰਨਾ ਜ਼ਰੂਰੀ ਹੈ। 2) ਜ਼ਰੂਰੀ ਬੋਲੀ ਸੁਰੱਖਿਆ ਨੇਟ ਬੈਂਕਿੰਗ / ਜਾਂ ਭੁਗਤਾਨ ਗੇਟਵੇ ਦੇ ਦੁਵਾਰਾ ਤੋਂ ਕੇਵਲ ਟੈਂਡਰ ਦੀ ਆਖਰੀ ਮਿਤੀ ਅਤੇ ਸਮੇਂ ਦੇ 15.00 ਵਜੇ ਤੋਂ ਪਹਿਲਾ ਹੀ ਆਨਲਾਇਨ ਭੁਗਤਾਨ ਸਵੀਕਾਰ ਹੋਵੇਗੀ। 3) ਕੰਮ ਟੈਂਡਰਾ ਦੀ ਈ-ਟੈਂਡਰ ਵਿਚ ਭਾਗ ਲੈਣ ਦੇ ਲਈ ਟੈਂਡਰਕਰਤਾਵਾਂ ਦੇ ਕੋਲ ਤੀਸਰੀ ਸ਼੍ਰੇਣੀ ਦਾ ਡਿਜੀਟਲ ਦਸਖਤ ਪ੍ਰਮਾਣਪੱਤਰ ਹੋਣਾ ਚਾਹੀਦਾ। 4) ਵੇਰਵੇ ਦੇ ਲਏ, ਕ੍ਰਿਪਾ ਆਈਆਰਈਪੀਐਸ ਵੇਬਸਾਈਟ www.ireps.gov.in ਉਤੇ ਲਾਗ ਆਨ ਕਰੋ। 5) ਜੀਐਸਟੀ ਅਧਿਨਿਯਮ 2017 ਦੇ ਅਨੁਸਾਰ ਜੀਐਸਟੀ ਲਗਾਇਆ ਜਾਵੇਗਾ।

ਗ੍ਰਾਹਕਾਂ ਦੀ ਸੇਵਾ ਵਿਚ ਮੁਸਕਾਨ ਦੇ ਨਾਲ 3197/26

# ਕਲਾਸੀਫਾਈਡ ਇਸ਼ਤਿਹਾਰ

### ਆਮ ਸੂਚਨਾ

ਮੈਂ ਅਨੀਤਾ ਕਪੂਰ ਪਤਨੀ ਵਿਨੋਦ ਕਪੂਰ ਵਾਸੀ 415 ਗ੍ਰੀਨ ਐਵੀਨਿਊ ਅੰਮ੍ਰਿਤਸਰ ਬਿਆਨ ਕਰਦੀ ਹਾਂ ਕਿ ਮੈਂ ਬਿਊਟੀ ਐਵੀਨਿਊ ਵਿਖੇ ਇਕ ਕੋਠੀ ਜਿਸਦਾ ਨੰਬਰ 4 ਹੈ ਖਰੀਦੀ ਹੈ ਅਗਰ ਕਿਸੇ ਨੂੰ ਕੋਈ ਇਤਰਾਜ ਹੈ ਤੇ ਹੇਠ ਲਿਖੇ ਨੰਬਰ ਤੇ ਸੰਪਰਕ ਕਰ ਸਕਦਾ ਹੈ 98144-05385

### ਆਮ ਸੂਚਨਾ

ਲਾਲ ਸਿੰਘ ਪੁੱਤਰ ਸਾਧੂ ਸਿੰਘ ਪਿੰਡ ਬਲਰਾਂ ਬੀ ਏ-107 ਦੇ ਨਾਮ ਮੋਟਰ ਕੁਨੈਕਸ਼ਨ ਹੈ। ਇਸ ਨੂੰ ਬਦਲ ਕੇ ਗੁਰਸੇਵਕ ਸਿੰਘਪੁੱਤਰ ਰਘਵੀਰ ਸਿੰਘਪਿੰਡ ਬਲਰਾਂਦੇ ਨਾਮ ਬਦਲੀ ਕਰਨ ਦੀ ਅਰਜ਼ੀ ਆਈ ਹੈ। ਜੇਕਰ ਕਿਸੇ ਨੂੰ ਇਤਰਾਜ਼ ਹੈ ਤਾਂ 10 ਦਿਨਾ ਵਿੱਚ ਕਰ ਸਕਦਾ ਹੈ। ਵੱਲੋਂ:- ਐਸ.ਡੀ.ਓ ਪੰਜਾਬ ਰਾਜ ਪਾਵਰ ਕਾਰਪੋਰੇਸ਼ਨ ਲਿਮ: ਮੂਨਕ।

ਮੈਂ, ਸੁਰਿੰਦਰ ਪਾਲ ਪੁੱਤਰ ਲਾਲ ਚੰਦ ਵਾਸੀ ਪੱਤੀ ਮਾਂਗਾ, ਤਹਿਸੀਲ ਫਿਲੌਰ ਜ਼ਿਲ੍ਹਾ ਜਲੰਧਰ ਬਿਆਨ ਕਰਦਾ ਹਾਂ ਕਿ ਮੈਂ ਆਪਣੀ ਲੜਕੀ ਨੈਨਾ ਸਹੋਤਾ ਨੂੰ ਮੇਰੇ ਕਹਿਣੇ ਵਿੱਚ ਨਾ ਹੋਣ ਕਰਕੇ ਮਿਤੀ 14 -02- 2024 ਨੂੰ ਅਖ਼ਬਾਰ 'ਨਵਾਂ ਜ਼ਮਾਨਾ' ਰਾਹੀਂ ਬੇਦਖਲ ਕੀਤਾ ਸੀ। ਹੁਣ ਮੇਰੀ ਲੜਕੀ ਨੈਨਾ ਸਹੋਤਾ ਮੇਰੇ ਕਹਿਣੇ ਕੰਟਰੋਲ ਵਿੱਚ ਹੈ। ਹੁਣ ਮੈਂ ਇਸ ਦੀ ਉਪਰੋਕਤ ਕੀਤੀ ਬੇਦਖਲੀ ਕੈਂਸਲ ਕਰਦਾ ਹਾਂ। ਹੁਣ ਮੇਰੀ ਇਹ ਲੜਕੀ ਮੇਰੀ ਚੱਲ - ਅਚੱਲ ਜਾਇਦਾਦ ਦੀ ਹੱਕਦਾਰ ਹੋਵੇਗੀ।

ਗੁਰਬਚਨ ਸਿੰਘ ਪੁੱਤਰ ਰਾਮੇਸ਼ਵਰ ਦਾਸ ਰਕਬਾ ਜੋਗੇਵਾਲਾ ਏ ਪੀ 0928298 ਐੱਕਸ ਦੀ ਨਾਂਅ ਬਦਲੀ ਹੋਸ਼ਿਆਰ ਸਿੰਘ ਪੁੱਤਰ ਸਤਬੀਰ ਸਿੰਘ ਰਕਬਾ ਜੋਗੇਵਾਲਾ ਦੇ ਨਾਂਅ 'ਤੇ ਕੀਤੀ ਜਾ ਰਹੀ ਹੈ। ਇਸ ਸੰਬੰਧੀ ਜੇਕਰ ਕਿਸੇ ਨੂੰ ਇਤਰਾਜ਼ ਹੈ ਤਾਂ 15 ਦਿਨਾਂ ਦੇ ਅੰਦਰ-ਅੰਦਰ ਸਹਾਇਕ ਕਾਰਜਕਾਰੀ ਇੰਜੀਨੀਅਰ ਸ਼ੁਤਰਾਣਾ ਦੇ ਦਫਤਰ ਵਿਖੇ ਆਪਣਾ ਇਤਰਾਜ਼ ਦਰਜ ਕਰਵਾ ਸਕਦਾ ਹੈ।

ਮੈਂ, ਰਾਮਬੀਰ ਸਿੰਘ ਸਪੁੱਤਰ ਲੇਟ ਸ੍ਰੀ ਇੰਦਰਜੀਤ ਸਿੰਘ ਵਾਸੀ ਮਕਾਨ ਨੰ. ਬੀ-27, ਦੱਤਾ ਇਨਕਲੇਵ, 27 ਫੁੱਟ ਮਜੀਠਾ ਰੋਡ, ਅੰਮ੍ਰਿਤਸਰ ਦਾ ਰਹਿਣ ਵਾਲਾ ਹਾਂ ਅਤੇ ਬਿਆਨ ਕਰਦਾ ਹਾਂ ਕਿ ਆਪਣੇ ਮਾਤਾ-ਪਿਤਾ ਦੀ ਜਾਇਦਾਦ ਵਿੱਚੋਂ ਮੇਰਾ ਭਰਾ ਮਨਜੀਤ ਸਿੰਘ ਸਪੁੱਤਰ ਲੇਟ ਸ੍ਰੀ ਇੰਦਰਜੀਤ ਸਿੰਘ ਨੂੰ ਜੋ ਵੀ ਬਣਦਾ ਹਿੱਸਾ ਦੇ ਦਿੱਤਾ ਗਿਆ ਹੈ। ਅੱਜ ਤੋਂ ਬਾਅਦ ਮੇਰਾ ਆਪਣੇ ਭਰਾ ਮਨਜੀਤ ਸਿੰਘ ਅਤੇ ਉਸ ਦੀ ਪਤਨੀ ਗੁਰਪ੍ਰੀਤ ਕੌਰ ਨਾਲ ਕੋਈ ਤਾਲੁਕ-ਵਾਸਤਾ ਨਹੀਂ ਹੈ ਅਤੇ ਜੇਕਰ ਇਹ ਕੋਈ ਝਗੜਾ ਜਾਂ ਬਾਹਰ ਕੋਈ ਲੈਣ-ਦੇਣ ਕਰਦੇ ਹਨ, ਤਾਂ ਉਸ ਦੀ ਮੇਰੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੋਟਰ ਕੁਨੈਕਸ਼ਨ ਖਾਤਾ ਨੰਬਰ ਜੇ 52 ਏ ਪੀ 111441 ਜੇ (3004668112) ਲੋਡ 7.5 ਐੱਚ ਪੀ, ਜੋ ਕਿ ਪਿਆਰਾ ਸਿੰਘ ਪੁੱਤਰ ਇੰਦਰ ਸਿੰਘ ਵਾਸੀ ਮੋਟਰ ਰਾਣੀਪੁਰ ਦੇ ਨਾਂਅ 'ਤੇ ਪਿੰਡ ਰਾਣੀਪੁਰ ਕੰਬੋਆ ਵਿਖੇ ਹਦਬਸਤ ਨੰਬਰ 78 ਖਸਰਾ ਨੰਬਰ 145 ਵਿਖੇ ਚੱਲ ਰਹੀ ਹੈ। ਇਸ ਦਾ ਨਾਂਅ ਹੁਣ ਬਦਲ ਕੇ ਸ੍ਰੀ ਮਨਜਿੰਦਰ ਸਿੰਘ ਪੁੱਤਰ ਕੁਲਵਿੰਦਰ ਸਿੰਘ ਦੇ ਨਾਂਅ 'ਤੇ ਕਰਨਾ ਹੈ। ਜੇਕਰ ਕਿਸੇ ਨੂੰ ਇਸ ਨਾਂਅ ਦੀ ਤਬਦੀਲੀ ਸੰਬੰਧੀ ਕਿਸੇ ਕਿਸਮ ਦਾ ਇਤਰਾਜ਼ ਹੈ ਤਾਂ ਉਹ 15 ਦਿਨਾਂ ਦੇ ਅੰਦਰ-ਅੰਦਰ ਆਪਣਾ ਇਤਰਾਜ਼ ਐੱਸ ਡੀ ਓ ਸਾਹਿਬ ਚਹੇੜੂ ਕੋਲ ਦਰਜ ਕਰਵਾ ਸਕਦਾ ਹੈ। 15 ਦਿਨਾਂ ਬਾਅਦ ਇਹ ਮੋਟਰ ਬਿਨਾਂ ਕਿਸੇ ਨੋਟਿਸ ਦੇ ਮਨਜਿੰਦਰ ਸਿੰਘ ਪੁੱਤਰ ਸ੍ਰੀ ਕੁਲਵਿੰਦਰ ਸਿੰਘ ਦੇ ਨਾਂਅ 'ਤੇ ਕਰ ਦਿੱਤੀ ਜਾਵੇਗੀ।

ਮੈਂ, ਰੇਸ਼ਮ ਰਾਮ ਪੁੱਤਰ ਮੱਘਰ ਰਾਮ ਵਾਸੀ ਪਿੰਡ ਫਾਂਬੜਾ, ਡਾਕ: ਭੂੰਗਾ, ਤਹਿਸੀਲ ਅਤੇ ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਬਿਆਨ ਕਰਦਾ ਹਾਂ ਕਿ ਮੈਂ ਆਪਣੀ ਲੜਕੀ ਰੇਖਾ ਨੂੰ ਕਹਿਣੇ ਤੋਂ ਬਾਹਰ ਹੋਣ ਕਾਰਨ ਅਖਬਾਰ ਵਿੱਚ ਇਸ਼ਤਿਹਾਰ ਰਾਹੀਂ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕੀਤਾ ਸੀ। ਹੁਣ ਮੇਰੀ ਲੜਕੀ ਮੇਰੇ ਕਹਿਣੇ ਵਿੱਚ ਹੈ। ਇਸ ਲਈ ਮੈਂ ਆਪਣੀ ਬੇਦਖਲੀ ਵਾਪਿਸ ਲੈਂਦਾ ਹਾਂ। ਸਬੰਧਿਤ ਨੋਟ ਕਰਨ।

### ਬੇਦਖਲੀ ਨੋਟਿਸ

ਮੈਂ, ਪ੍ਰੀਤੋ ਦੇਵੀ ਪਤਨੀ ਲੇਟ ਸੋਦਾਗਰ ਮਸੀਹ ਵਾਸੀ ਪਿੰਡ ਤੇ ਡਾਕ: ਸੰਸਾਰਪੁਰ, ਜ਼ਿਲ੍ਹਾ ਜਲੰਧਰ, ਪੰਜਾਬ ਬਿਆਨ ਕਰਦੀ ਹਾਂ ਕਿ ਮੇਰੇ ਲੜਕੇ ਰਵੀ ਦੀ ਮੌਤ ਹੋ ਚੁੱਕੀ ਹੈ ਅਤੇ ਉਸਦੀ ਪਤਨੀ ਘਰ ਛੱਡ ਕੇ ਜਾ ਚੁੱਕੀ ਹੈ। ਮੇਰਾ ਪੋਤਾ ਸੈਮਸਨ ਉਰਫ ਮਨੀ ਪੁੱਤਰ ਲੇਟ ਰਵੀ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਆਪਣੇ ਨਫੇ ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਮੈਂ, ਦਲਜੀਤ ਸਿੰਘ ਘਟੋੜਾ ਪੁੱਤਰ ਜੋਗਿੰਦਰ ਸਿੰਘ ਵਾਸੀ ਪਿੰਡ ਤੇ ਡਾਕ: ਸਮੁੰਦੜਾ, ਤਹਿਸੀਲ ਗੜ੍ਹਸ਼ੰਕਰ, ਜ਼ਿਲ੍ਹਾ ਹੁਸ਼ਿਆਰਪੁਰ, ਪੰਜਾਬ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਪ੍ਰਦੀਪ ਸਿੰਘ ਘਟੋੜਾ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਇਸ ਨੂੰ ਆਪਣੀ ਚੱਲ ਵਾ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਸ ਨਾਲ ਲੈਣ ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ, ਮੇਰੀ ਜਾਂ ਮੇਰੇ ਪਰਿਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸਬੰਧਿਤ ਨੋਟ ਕਰਨ।

ਮੈ ਬਲਵਿੰਦਰ ਸਿੰਘ ਪੁੱਤਰ ਪ੍ਰਕਾਸ਼ ਲਾਲ ਵਾਸੀ ਪਿੰਡ ਠੀਕਰੀਵਾਲ ਡਾਕਖਾਨਾ ਨੂਰਪੁਰ ਲੁਬਾਣਾ ਜਿਲ੍ਹਾਂ ਕਪੂਰਥਲਾ ਬਿਆਨ ਕਰਦਾ ਹਾਂ ਕਿ ਮੇਰਾ ਲੜਕਾ ਪਰਮਜੀਤ ਸਿੰਘ ਮੇਰੇ ਤੋਂ ਅਲੱਗ ਰਹਿੰਦਾ ਹੈ। ਜੋ ਮੇਰੇ ਕਹਿਣੇਕਾਰ ਤੂੰ ਬਾਹਰ ਹੈ। ਆਪਣੀਆ ਮਨ ਮਰਜੀਆ ਕਰਦਾ ਹੈ ਤੇ ਹਰ ਤਰ੍ਹਾਂ ਦੇ ਫੈਸਲੇ ਵੀ ਆਪ ਲੈ ਰਿਹਾ ਹੈ। ਮੈ ਆਪਣੇ ਲੜਕੇ ਨੂੰ ਆਪਣੀ ਸਾਰੀ ਚੱਲ- ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਅੱਜ ਤੋਂ ਬਾਅਦ ਇਸ ਦਾ ਮੇਰੇ ਨਾਲ ਕੋਈ ਵੀ ਤਲਕ ਵਾਸਤਾ ਨਹੀਂ ਰਿਹਾ। ਇਸ ਨਾਲ ਲੈਣ ਦੇਣ ਕਾਰਨ ਵਾਲਾ ਖੁੱਦ ਜ਼ਿੰਮੇਵਾਰ ਹੋਵੇਗਾ। ਸਬੰਧਤ ਨੋਟ ਕਰਨ।

ਅਸੀਂ ਬਲਹਾਰ ਸਿੰਘ ਪੁੱਤਰ ਪਿਆਰਾ ਸਿੰਘ ਅਤੇ ਬਲਜਿੰਦਰ ਕੌਰ ਪਤਨੀ ਬਲਹਾਰ ਸਿੰਘ ਵਾਸੀਆਨ ਪਿੰਡ ਬੁੱਲੋਵਾਲ ਡਾਕਖਾਨਾ ਪਿੰਡ ਬੁੱਟਰਾਂ ਥਾਣਾ ਭੋਗਪੁਰ ਜ਼ਿਲਾ ਜਲੰਧਰ ਬਿਆਨ ਕਰਦੇ ਹਾਂ ਕਿ ਸਾਡਾ ਪੁੱਤਰ ਗੁਰਪ੍ਰੀਤ ਸਿੰਘ ਕੰਗ ਅਤੇ ਸਾਡੀ ਨੂੰਹ ਸ਼ਰਨਜੀਤ ਕੌਰ ਪਤਨੀ ਗੁਰਪ੍ਰੀਤ ਸਿੰਘ ਕੰਗ ਸਾਡੇ ਕਹਿਣੇ ਤੋਂ ਬਾਹਰ ਹਨ ਇਸ ਲਈ ਅਸੀਂ ਉਨ੍ਹਾਂ ਦੋਵਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦੇ ਹਾਂ ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਬੰਧਤ ਨੋਟ ਕਰਨ।

ਮੈਂ, ਜੋਗਿੰਦਰ ਕੌਰ ਵਿਧਵਾ ਧੰਨਾ ਸਿੰਘ ਵਾਸੀ ਪਿੰਡ ਕੋਲੋਵਾਲ ਤਹਿ ਲੋਪੋਕੇ ਜਿਲਾ ਅੰਮ੍ਰਿਤਸਰ ਇਹ ਬਿਆਨ ਕਰਦੀ ਹਾਂ ਕਿ ਮੇਰੀ ਨੂੰਹ ਸਰਬਜੀਤ ਕੌਰ ਵਿਧਵਾ ਲਖਵਿੰਦਰ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਨੂੰ ਮੈਂ ਆਪਣੀ ਚੱਲ-ਅਚੱਲ ਜਾਇਦਾਦ ਤੋ ਬੇਦਖਲ ਕਰਦੀ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜਿੰਮੇਵਾਰ ਹੋਵੇਗਾ।

ਮੈਂ ਕੁਲਦੀਪ ਸਿੰਘ ਪੁੱਤਰ ਹਰਨਾਮ ਸਿੰਘ, ਵਾਸੀ ਸਿੰਘਪੁਰਾ, ਤਹਿਸੀਲ ਬਾਬਾ ਬਕਾਲਾ (ਅੰਮ੍ਰਿਤਸਰ) ਆਪਣੇ ਲੜਕੇ ਜੁਝਾਰ ਸਿੰਘ, ਨੂੰਹ ਕਿਰਨਜੀਤ ਕੌਰ ਨੂੰ ਕਹਿਣੇ ਤੋਂ ਬਾਹਰੀ ਹੋਣ ਕਾਰਣ ਆਪਣੀ ਚੱਲ ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ।

### ਬੇਦਖਲੀ ਨੋਟਿਸ

ਮੈ ਮਹਿਲ ਸਿੰਘ ਪੁੱਤਰ ਦਲੀਪ ਸਿੰਘ ਵਾਸੀ ਕੋਟ ਬੁੱਢਾ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦਾ ਰਹਿਣ ਵਾਲਾ ਹਾਂ। ਮੇਰਾ ਲੜਕਾ ਸੁਰਜੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਮੈਂ ਆਪਣੇ ਲੜਕੇ ਨੂੰ ਆਪਣੀ ਚੱਲ ਤੇ ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦਾ ਹਾਂ। ਇਸ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ੁੰਮੇਵਾਰ ਹੋਵੇਗਾ।

ਮੈਂ ਮਨਜੀਤ ਸਿੰਘ ਪੁੱਤਰ ਚਣਨ ਸਿੰਘ ਵਾਸੀ ਪਿੰਡ ਕਾਦੀਆਂ ਗੁਜਰਾਂ ਤਹਿਸੀਲ ਡੇਰਾ ਬਾਬਾ ਨਾਨਕ ਜ਼ਿਲ੍ਹਾ ਗੁਰਦਾਸਪੁਰ ਦਾ ਰਹਿਣ ਵਾਲਾ ਹਾਂ । ਮੈਂ ਬਿਆਨ ਹਲਫੀਆ ਕਰਦਾ ਹਾਂ ਕਿ ਮੇਰਾ ਬੇਟਾ ਸਮਸ਼ੇਰ ਸਿੰਘ ਅਤੇ ਨੂੰਹ ਸੁਮਨਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ ਅਤੇ ਮੇਰੀ ਸੇਵਾ ਸੰਭਾਲ ਨਹੀਂ ਕਰਦੇ । ਮੈਂ ਆਪਣੇ ਪੁੱਤਰ ਸਮਸ਼ੇਰ ਸਿੰਘ ਅਤੇ ਨੂੰਹ ਸੁਮਨਪ੍ਰੀਤ ਕੋਰ ਨੂੰ ਆਪਣੀ ਚੱਲ ਅਤੇ ਅਚੱਲ ਜਾਇਦਾਦ ਤੋਂ ਬੇਦਖ਼ਲ ਕਰਦਾ ਹਾਂ । ਇਨਾਂ ਨਾਲ ਲੈਣ ਦੇਣ ਕਰਨ ਵਾਲਾ ਖ਼ੁਦ ਜ਼ਿੰਮੇਵਾਰ ਹੋਵੇਗਾ । ਸਬੰਧਤ ਨੋਟ ਕਰਨ।

ਮੈਂ ਵੱਸਣ ਸਿੰਘ ਪੁੱਤਰ ਕੁੰਦਨ ਸਿੰਘ, ਵਾਸੀ ਗਰੀਨ ਐਵਨਿਊ, ਤਹਿਸੀਲ ਅਤੇ ਜ਼ਿਲ੍ਹਾ ਤਰਨ ਤਾਰਨ, ਬਿਆਨ ਕਰਦਾ ਹਾਂ ਕਿ ਮੇਰਾ ਪੁੱਤਰ ਮਨਦੀਪ ਸਿੰਘ ਲਗਭਗ 9 ਮਹੀਨੇ ਤੋਂ ਪਹਿਲਾਂ ਆਪਣੀ ਮਰਜ਼ੀ ਨਾਲ ਲਵ ਮੈਰਿਜ ਕਰਵਾ ਕੇ ਆਪਣੀ ਪਤਨੀ ਸਮੇਤ ਮੇਰੇ ਪਰਿਵਾਰ ਤੋਂ ਅਲੱਗ ਰਹਿ ਰਿਹਾ ਹੈ। ਇਸ ਲਈ ਮੈਂ ਮਨਦੀਪ ਸਿੰਘ ਅਤੇ ਉਸ ਦੀ ਪਤਨੀ ਨੂੰ ਆਪਣੀ ਚੱਲ-ਅਚੱਲ ਜਾਇਦਾਦ ਅਤੇ ਪਰਿਵਾਰਕ ਸਬੰਧਾਂ ਤੋਂ ਬੇਦਖਲ ਕਰਦਾ ਹਾਂ। ਉਨ੍ਹਾਂ ਵੱਲੋਂ ਕੀਤੇ ਕਿਸੇ ਵੀ ਕਿਸਮ ਦੇ ਪੈਸੇ ਦੇ ਲੈਣ-ਦੇਣ, ਕਰਜ਼ੇ ਜਾਂ ਹੋਰ ਕਾਰਵਾਈ ਲਈ ਮੈਂ ਜਾਂ ਮੇਰੇ ਪਰਿਵਾਰ ਦਾ ਕੋਈ ਮੈਂਬਰ ਜ਼ਿੰਮੇਵਾਰ ਨਹੀਂ ਹੋਵੇਗਾ। ਆਮ ਜਨਤਾ ਉਕਤ ਦੋਵਾਂ ਨਾਲ ਕੋਈ ਵੀ ਲੈਣ-ਦੇਣ ਕਰੇਗਾ ਤਾਂ ਆਪ ਜ਼ਿੰਮੇਂਵਾਰ ਹੋਵੇਗਾ ।

ਅਸੀਂ ਬਲਦੇਵ ਰਾਜ ਪੁੱਤਰ ਮੰਨਾ ਲਾਲ, ਪਰਵੀਨ ਪਤਨੀ ਬਲਦੇਵ ਰਾਜ ਵਾਸੀਆਨ ਵਾਰਡ ਨੰਬਰ 1 ਪੱਟੀ ਤਹਿਸੀਲ ਪੱਟੀ ਜ਼ਿਲ੍ਹਾ ਤਰਨਤਾਰਨ ਦੇ ਰਹਿਣ ਵਾਲੇ ਹਾਂ। ਸਾਡਾ ਲੜਕਾ ਅਭਿਸ਼ੇਕ ਕੁਮਾਰ ਤੇ ਇਸਦੀ ਪਤਨੀ ਕੰਵਲਜੀਤ ਕੌਰ ਤੇ ਇਹਨਾਂ ਦਾ ਲੜਕਾ ਰਿਹਾਨ ਕੁਮਾਰ ਤਿੰਨੇ ਸਾਡੇ ਕਹਿਣੇ ਤੋਂ ਬਾਹਰ ਹਨ । ਅਸੀਂ ਆਪਣੇ ਲੜਕੇ ਨੂੰਹ ਤੇ ਪੋਤਰੇ ਤਿੰਨਾਂ ਨੂੰ ਆਪਣੀ ਚੱਲ ਤੇ ਅਚੱਲ ਜਾਇਦਾਦ ਵਿੱਚੋਂ ਬੇਦਖ਼ਲ ਕਰਦੇ ਹਾਂ। ਇਹਨਾਂ ਨਾਲ ਲੈਣ-ਦੇਣ ਕਰਨ ਵਾਲਾ ਖੁਦ ਜ਼ੁੰਮੇਵਾਰ ਹੋਵੇਗਾ।

ਮੈਂ, ਜਸਬੀਰ ਕੌਰ ਪਤਨੀ ਕੁਲਵੰਤ ਰਾਏ ਵਾਸੀ ਮਕਾਨ ਨੰ. 306, ਜੋਗਿੰਦਰ ਨਗਰ, ਲੱਧੇਵਾਲੀ, ਤਹਿਸੀਲ ਵਾ ਜ਼ਿਲ੍ਹਾ ਜਲੰਧਰ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਪ੍ਰਦੀਪ ਕੁਮਾਰ ਅਤੇ ਉਸ ਦੀ ਪਤਨੀ ਪਰਮਜੀਤ ਕੌਰ ਅਤੇ ਇਨ੍ਹਾਂ ਦਾ ਬੱਚਾ ਹਰਸ਼ਿਵ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਰੋਸ਼ਨ ਲਾਲ ਪੁੱਤਰ ਹਰਬੰਸ ਲਾਲ ਵਾਸੀ ਮਕਾਨ ਨੰ. ਬੀ-9-622, ਮੁਹੱਲਾ ਸੰਤੋਖਪੁਰਾ, ਜਲੰਧਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਦੀਪਕ ਕੁਮਾਰ ਅਤੇ ਮੇਰੀ ਨੂੰਹ ਦਿਲਪ੍ਰੀਤ ਕੌਰ ਤੇ ਮੇਰੀ ਪੋਤੀ ਮਨਰੋਏ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਊਸ਼ਾ ਪਤਨੀ ਸੋਨੂ ਵਾਸੀ ਪਿੰਡ ਭਾਦੋਂ, ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਸੂਚਿਤ ਕਰਦੀ ਹਾਂ ਕਿ ਮੇਰੀ ਨਾਬਾਲਗ ਲੜਕੀ ਕਿਰਨਦੀਪ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਨਿਰਮਲ ਸਿੰਘ ਪੁੱਤਰ ਮਹਿੰਗਾ ਸਿੰਘ ਵਾਸੀ ਪਿੰਡ ਨਵਾਂ ਕਿਲ੍ਹਾ ਤਹਿਸੀਲ ਸ਼ਾਹਕੋਟ, ਜ਼ਿਲ੍ਹਾ ਜਲੰਧਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਸਿਮਰਨਪ੍ਰੀਤ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਅਸੀਂ, ਹਰਜਿੰਦਰ ਸਿੰਘ ਪੁੱਤਰ ਚੰਨਣ ਸਿੰਘ ਅਤੇ ਹਰਵਿੰਦਰ ਕੌਰ ਪਤਨੀ ਹਰਜਿੰਦਰ ਸਿੰਘ ਵਾਸੀਆਨ ਮਕਾਨ ਨੰ. 60, ਗਲੀ ਨੰ. 1, ਸਤਿ ਕਰਤਾਰ ਨਗਰ, ਛੇਹਰਟਾ ਰੋਡ, ਅੰਮ੍ਰਿਤਸਰ ਸੂਚਿਤ ਕਰਦੇ ਹਾਂ ਕਿ ਸਾਡਾ ਲੜਕਾ ਹਰਪ੍ਰੀਤ ਸਿੰਘ ਅਤੇ ਉਸ ਦੀ ਪਤਨੀ ਮਨਜਿੰਦਰ ਕੌਰ ਸਾਡੇ ਕਹਿਣੇ ਤੋਂ ਬਾਹਰ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਅਸੀਂ, ਸੁਰਜੀਤ ਸਿੰਘ ਪੁੱਤਰ ਹਜ਼ਾਰਾ ਸਿੰਘ ਅਤੇ ਹਰਜਿੰਦਰ ਕੌਰ ਪਤਨੀ ਸੁਰਜੀਤ ਸਿੰਘ ਵਾਸੀਆਨ 3061, ਵਾਰਡ ਨੰ. 19, ਤੁੰਗਪਾਈ, ਬਟਾਲਾ ਰੋਡ, ਅੰਮ੍ਰਿਤਸਰ ਸੂਚਿਤ ਕਰਦੇ ਹਾਂ ਕਿ ਸਾਡਾ ਲੜਕਾ ਗੌਰਵ ਸਾਡੇ ਕਹਿਣੇ ਤੋਂ ਬਾਹਰ ਹੈ। ਇਸ ਲਈ ਅਸੀਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਗੁਰਦਿਆਲ ਸਿੰਘ ਪੁੱਤਰ ਤਾਰਾ ਸਿੰਘ ਵਾਸੀ ਪਿੰਡ ਝਬਾਲ ਕਲਾਂ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਨਿਸ਼ਾਨ ਸਿੰਘ ਅਤੇ ਉਸ ਦੀ ਘਰਵਾਲੀ ਰਜਵੰਤ ਕੌਰ ਉਰਫ ਸਿਮਰ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਅਸੀਂ, ਗੁਰਨਾਮ ਸਿੰਘ ਪੁੱਤਰ ਸਵਰਨ ਸਿੰਘ ਅਤੇ ਤਜਿੰਦਰ ਕੌਰ ਪਤਨੀ ਗੁਰਨਾਮ ਸਿੰਘ ਵਾਸੀ ਪਿੰਡ ਬੋਦਲ ਕੋਟਲੀ, ਡਾਕਖਾਨਾ ਨੰਗਲ ਖੂੰਗਾ, ਤਹਿਸੀਲ ਟਾਂਡਾ (ਹੁਸ਼ਿਆਰਪੁਰ) ਬਿਆਨ ਕਰਦੇ ਹਾਂ ਕਿ ਸਾਡਾ ਲੜਕਾ ਅਵਤਾਰ ਸਿੰਘ (32 ਸਾਲ) ਜੋ ਸਾਡੇ ਕਹਿਣੇ ਤੋਂ ਬਾਹਰ ਹੈ। ਅਸੀਂ ਅਵਤਾਰ ਸਿੰਘ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਸ ਨਾਲ ਕਿਸੇ ਪ੍ਰਕਾਰ ਦਾ ਲੈਣ-ਦੇਣ, ਸੰਬੰਧ ਰੱਖਣ ਵਾਲਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਅਤੇ ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ।

ਮੈਂ, ਬਿਹਾਰੀ ਲਾਲ ਪੁੱਤਰ ਨਾਨਕ ਰਾਮ ਵਾਸੀ ਸਾਹਮਣੇ ਬਿਜਲੀਘਰ, ਕੱਥੂਨੰਗਲ ਰੋਡ, ਮਜੀਠਾ, ਜ਼ਿਲ੍ਹਾ ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਅਜੇ ਕੁਮਾਰ ਅਤੇ ਉਸ ਦੀ ਪਤਨੀ ਕ੍ਰਿਸ਼ਨਾ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

### ਬੇਦਖਲੀ ਨੋਟਿਸ

ਮੈਂ, ਹਰੀ ਸਿੰਘ ਪੁੱਤਰ ਗਿਆਨ ਸਿੰਘ ਵਾਸੀ ਮਕਾਨ ਨੰ. 75, ਭਾਈ ਮੰਝ ਸਿੰਘ ਰੋਡ, ਨੇੜੇ ਗੁਰਦੁਆਰਾ ਬਾਬਾ ਜ਼ਿੰਦਗੀ, ਤਰਨ ਤਾਰਨ ਰੋਡ, ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਜਤਿੰਦਰ ਸਿੰਘ ਅਤੇ ਉਸ ਦੀ ਪਤਨੀ ਚਰਨਜੋਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਪਰਮਜੀਤ ਕੌਰ ਪਤਨੀ ਚਰਨਜੀਤ ਸਿੰਘ ਵਾਸੀ ਗਲੀ ਨੰ. 6, ਨਿਊ ਕਪੂਰ ਨਗਰ, ਮਕਾਨ ਨੰ. 276, 987, ਸੁਲਤਾਨਵਿੰਡ ਰੋਡ, ਅੰਮ੍ਰਿਤਸਰ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਅਰਸ਼ਦੀਪ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਨਿਰਮਲ ਕੌਰ ਪਤਨੀ ਕੁਲਵੰਤ ਸਿੰਘ ਵਾਸੀ ਪਿੰਡ ਉਗਰ ਔਲਖ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਸੂਚਿਤ ਕਰਦੀ ਹਾਂ ਕਿ ਮੇਰਾ ਲੜਕਾ ਗੁਰਸੇਵਕ ਸਿੰਘ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਅਸੀਂ, ਸੁਭਾਸ਼ ਪੁੱਤਰ ਲਾਲੂ ਸ਼ਾਹ ਅਤੇ ਸ੍ਰੀਮਤੀ ਸੁਨੀਤਾ ਪਤਨੀ ਸੁਭਾਸ਼ ਵਾਸੀਆਨ ਮਕਾਨ ਨੰ. 432, ਪਿੰਡ ਮਾਹਲ, ਰਾਮ ਤੀਰਥ ਰੋਡ, ਅੰਮ੍ਰਿਤਸਰ ਸੂਚਿਤ ਕਰਦੇ ਹਾਂ ਕਿ ਸਾਡਾ ਲੜਕਾ ਰਾਹੁਲ ਅਤੇ ਉਸ ਦੀ ਪਤਨੀ ਮਨੀਸ਼ਾ ਸਾਡੇ ਕਹਿਣੇ ਤੋਂ ਬਾਹਰ ਹਨ। ਇਸ ਲਈ ਅਸੀਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਸਵਿੰਦਰ ਸਿੰਘ ਪੁੱਤਰ ਦਰਬਾਰਾ ਸਿੰਘ ਵਾਸੀ ਵਾਰਡ ਨੰ. 10, ਰਾਜਾਸਾਂਸੀ, ਮੁਹੱਲਾ ਰਲੇਵਾਲਾ, ਤਹਿਸੀਲ ਅਜਨਾਲਾ, ਜ਼ਿਲ੍ਹਾ ਅੰਮ੍ਰਿਤਸਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਰਾਜਨ ਸਿੰਘ ਅਤੇ ਉਸ ਦੀ ਪਤਨੀ ਅਮਰਜੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦਾ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਅਸੀਂ, ਅਨੋਖ ਸਿੰਘ ਪੁੱਤਰ ਕਰਨੈਲ ਸਿੰਘ ਅਤੇ ਮਹਿੰਦਰ ਕੌਰ ਪਤਨੀ ਅਨੋਖ ਸਿੰਘ ਵਾਸੀ ਪਿੰਡ ਭੋਜੀਆ, ਤਹਿਸੀਲ ਤੇ ਜ਼ਿਲ੍ਹਾ ਤਰਨ ਤਾਰਨ ਸੂਚਿਤ ਕਰਦੇ ਹਾਂ ਕਿ ਸਾਡਾ ਲੜਕਾ ਸ਼ਿਰਮਲ ਸਿੰਘ ਸਾਡੇ ਕਹਿਣੇ ਤੋਂ ਬਾਹਰ ਹੈ। ਇਸ ਲਈ ਅਸੀਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੇ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਸਾਡੀ ਜਾਂ ਸਾਡੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਮੰਗਤ ਸਿੰਘ ਪੁੱਤਰ ਸਰਦਾਰਾ ਰਾਮ ਵਾਸੀ ਪਿੰਡ ਬਰਸਾਲ, ਡਾਕਖਾਨਾ ਉਦੋਪੁਰ, ਜ਼ਿਲ੍ਹਾ ਜਲੰਧਰ ਸੂਚਿਤ ਕਰਦਾ ਹਾਂ ਕਿ ਮੇਰਾ ਲੜਕਾ ਜਸਵੀਰ ਸਿੰਘ ਅਤੇ ਮੇਰੀ ਨੂੰਹ ਪ੍ਰਵੀਨ ਕੁਮਾਰੀ ਮੇਰੇ ਕਹਿਣੇ ਤੋਂ ਬਾਹਰ ਹਨ। ਇਸ ਲਈ ਮੈਂ ਇਨ੍ਹਾਂ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਇਨ੍ਹਾਂ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

ਮੈਂ, ਰਮਨਪ੍ਰੀਤ ਕੌਰ ਵਿਧਵਾ ਹਰੀਸ਼ ਚੰਦਰ ਵਾਸੀ ਮਕਾਨ ਨੰ. 1579, ਨੇੜੇ ਨੈਸਲੇ ਗੇਟ ਨੰ. 2, ਗਲੀ ਨੰ. 07, ਗੁਰੂ ਰਾਮ ਦਾਸ ਨਗਰ, ਮੋਗਾ, ਤਹਿਸੀਲ ਵਾ ਜ਼ਿਲ੍ਹਾ ਮੋਗਾ ਸੂਚਿਤ ਕਰਦਾ ਹਾਂ ਕਿ ਮੇਰੀ ਲੜਕੀ ਹਰਪ੍ਰੀਤ ਕੌਰ ਮੇਰੇ ਕਹਿਣੇ ਤੋਂ ਬਾਹਰ ਹੈ। ਇਸ ਲਈ ਮੈਂ ਉਸ ਨੂੰ ਆਪਣੀ ਚੱਲ-ਅਚੱਲ ਜਾਇਦਾਦ ਤੋਂ ਬੇਦਖਲ ਕਰਦੀ ਹਾਂ। ਉਸ ਨਾਲ ਲੈਣ-ਦੇਣ ਕਰਨ ਵਾਲਾ ਆਪਣੇ ਨਫੇ-ਨੁਕਸਾਨ ਦਾ ਖੁਦ ਜ਼ਿੰਮੇਵਾਰ ਹੋਵੇਗਾ। ਮੇਰੀ ਜਾਂ ਮੇਰੇ ਪਰਵਾਰ ਦੀ ਕੋਈ ਜ਼ਿੰਮੇਵਾਰੀ ਨਹੀਂ ਹੋਵੇਗੀ। ਸੰਬੰਧਤ ਨੋਟ ਕਰਨ।

### ਨਾਂਅ ਦੀ ਬਦਲੀ

ਮੈਂ ਸ਼ਾਬੁਦੀਨ ਸਪੁੱਤਰ ਸ੍ਰੀ ਰਾਮਧਾਰੀ ਪਿੰਡ ਉਚਾਨਾ, ਤਹਿਸੀਲ ਉਚਾਨਾ, ਜ਼ਿਲ੍ਹਾ ਜੀਂਦ, ਹਰਿਆਣਾ ਨੇ ਆਪਣਾ ਨਾਂਅ ਸਾਹਬੁਦੀਨ ਤੋਂ ਬਦਲ ਕੇ ਸ਼ਾਬੁਦੀਨ ਰੱਖ ਲਿਆ ਹੈ। ਸੰਬੰਧਤ ਨੋਟ ਕਰਨ ।

ਮੈਂ ਕੋਮਲ ਸ਼ਰਮਾ ਮਾਰਫਤ ਮਨਮੋਹਨ ਕੁਮਾਰ , ਨਰੋਤਮ ਵਿਹਾਰ, ਕਪੂਰਥਲਾ ਨੇ ਆਪਣਾ ਨਾਂਅ ਬਦਲ ਕੇ ਕੋਮਲ ਤੋਂ ਰਿੱਕੀ ਸ਼ਰਮਾ ਰੱਖ ਲਿਆ ਹੈ ਤੇ ਰਿੱਕੀ ਸ਼ਰਮਾ ਤੇ ਕੋਮਲ ਇੱਕ ਹੀ ਔਰਤ ਦੇ ਦੋ ਨਾਂਅ ਹਨ। ਅੱਜ ਤੋ ਬਾਦ ਮੈਨੂੰ ਰਿੱਕੀ ਸ਼ਰਮਾ ਦੇ ਨਾਂਅ ਨਾਲ ਜਾਣਿਆ ਤੇ ਬੁਲਾਇਆ ਜਾਵੇ। ਸਾਰੇ ਸਬੰਧਤ ਨੋਟ ਕਰਨ।

ਮੈਂ, ਡਿੰਪਲ ਪੁੱਤਰੀ ਮਦਨ ਲਾਲ ਵਾਸੀ ਮਕਾਨ ਨੰ. 49/30, ਨਿਊ ਹਰਦਿਆਲ ਨਗਰ, ਪਿੰਡ ਤੇ ਡਾਕਖਾਨਾ ਸ਼ੇਖੇ, ਜਿਲ੍ਹਾ ਜਲੰਧਰ ਨੇ ਆਪਣਾ ਨਾਮ ਡਿੰਪਲ ਤੋਂ ਬਦਲ ਕੇ ਡਿੰਪਲ ਕੌਰ ਰੱਖ ਲਿਆ ਹੈ, ਸੰਬੰਧਿਤ ਨੋਟ ਕਰਨ।

### Change of Name

I, Mahabir Jain S/o Madan Lal Jain R/o H.No. 93-L, Model Town, Jalandhar, Punjab have changed my name to Mahabir Prashad Jain. All concerned please note.

I, Lovedeep S/o Kulwinder Singh R/o Garhi Bakhsha, PO: Pachranga, Distt. Jalandhar, Punjab-144201 have changed my name from Lovedeep to Lovedeep Singh (Singh as Surname). All concerned please note. (R)

I, Amar Kaur W/O Darshan Singh, R/o Kamalpur, Patiala, Punjab-147101. have changed my name and shall hereafter be Known as Amarjit Kaur.

I, Shallu D/o Sunil R/o H.No. 134, Gujral Nagar, Jalandhar (PB) have changed my name from Shallu to Shallu Masih. All concerned please note.

I, Jasjit Kaur W/o Kamaldeep Singh Randhawa R/o H.No. 171, Golden Avenue, Phase-II, Jalandhar, Punjab have changed my name from Jasjit Kaur to Jasjit Kaur Randhawa, After Marriage. All Please Note.

I, Jaskaran Randhawa S/o Tarsem Singh R/o Village Rupowali Khurd, Kathu Nangal, PO Kathunangal, Distt. Amritsar, Punjab- 143502 have changed my name from Jaskaran Randhawa to Jaskaran Singh and Singh is my surname and Jaskaran is my given name.

### Change of Name

I, Shallini W/O Anil Kumar R/O 95,Gali No.2,Batala Road, Bharat Nagar, Amritsar,Punjab have changed my name from Shallini to Shalini Kumari.Concerned note

I, Gurbir Singh son of Sukhbir Singh Village Booh Hathar Tehsil Patti District Tarn Taran have changed my name from Gurbir Singh Batth to Surname as Singh and my given name is Gurbir Plz note it.

I, Chanan Ram S/o Tulsi Ram R/o V.P.O Chandpur Rurki Kalan Tehsil Balachaur Distt. S.B.S Nagar have changed my name to Chanan Singh. Concerned Note.

I, Balwinder Kaur W/o Nishan Singh R/o VPO Dhianpur, Tehsil Baba Bakala, Distt. Amritsar, Punjab, have changed my name from Balwinder Kaur to Balwinder is given name and Kaur is surname. Concerned note please.

I, Sukhjinder Singh S/o Gurdip Singh R/o VPO Dhianpur, Tehsil Baba Bakala, Distt. Amritsar, Punjab, have changed my name from Sukhjinder Singh to Sukhjinder is given name and "Singh" is surname. Concerned note please.

I, Navjit Kaur W/o Manmeet Singh R/o H.No.1153-54, New Partap Nagar Gali No.2, Guru Lal Bazar, G.T Road, Near Kisaan Dairy Amritsar have changed my name from Navjit Kaur to Navjeet Kaur

I, Fateh Singh S/o Balwinder Singh R/o VPO Kohali Tehsil Lopoke, District Amritsar have declare that Fateh is my given name and Singh is my Surname

I Randeep Kumar S/O Mangat Ram R/O 45, Shamsher Nagar, Kale Ghanupur, Amritsar,143105. Have Changed My Name From Randeep Kumar To Randeep I Need Kumar As My Surname .

I, Amarjit Singh Bhullar S/o Arjan Singh R/o H no.38, Gali no. 8, Sardar Avenue, Tung Bala, Majitha Road, Amritsar -143001(pb) have changed my name from Amarjit Singh Bhullar to Amar Bhullar, please note.

I, Ajit Singh S/o Balwinder Singh R/o VPO Chhajal Wadi Tehsil Baba Bakala District Amritsar have declare that Ajit is my Given name and Singh is my surname

I, Suman Bala and Simran Kaur W/o Ravinder Singh R/o H.No.3241, Tungpai Batala Road, Amritsar have declare that above both names are mine one and same person

I, Sumitra Devi W/o Lekhraj R/o 5 Indra Colony, Warpal District Amritsar have changed my name from Sumitra Devi to Samitara

I, Bindu Kataria W/o Deepak Kumar R/o Ward No. 09, KhemKaran, Tehsil Patti, Distt. TarnTaran, Punjab- 143419 have changed my name from Bindu Kataria to Bindu.

I, Gurvinder Kaur W/o Gursahab Singh R/o Bhojian, PO Chabhal, Distt. TarnTaran, Punjab- 143301 have changed my name from Gurvinder Kaur to Gurwinder Kaur.

I, Manpreet Singh S/o Gurmej Singh R/o 1976, Gali No. 3, Himmatpura, Gilwali Gate, Amritsar, Punjab- 143001 have changed my name from Manpreet Singh to Singh is my surname and Manpreet is my given name.

I, Gagandeep Ladhar S/o Manohar Lal R/o Po Dhanowali, Distt Jalandhar Punjab 144023 I have changed my name from Gagandeep to Gagandeep Ladhar and declare that Gagandeep is my given name and Ladhar is my Surname.

I, Sunita W/o Ram R/o Vill. Bainch Baja, Tehsil Tanda, Distt. Hoshiapur, Punjab,144202, have changed my name from Sunita to Sunita Devi. For all Purpose.

I, Inderjeet Singh S/o Kirtan Parkash Singh R/o Patti Behniwal, Sultanwind Pind Amritsar have declare that Inderjeet is my given name and Singh is my Surname

I, Mamta D/o Joginder Pal R/o 97, Baba Kahan Dass Nagar, Jalandhar-144021 (PB) have changed my name from Mamta to Mamta Masih. All concerned please note.

I, Satya W/o Pal Ram R/o Village Umarpur, PO. Umarpur Kalan, Distt. Jalandhar, Punjab-144039 have changed my name from Satya to Satya Balu (Balu as Surname). All concerned please note.

I hitherto known as GIAN KAUR W/O DALBIR SINGH BAL, R/o Village Butala, Distt. Kapurthala, Punjab-144804, have changed my name and shall hereafter be known as KAUR GIAN.

I hitherto known as PRAJAL DHILLON D/O PARAMJIT SINGH & BALWINDER KAUR R/O Dhilwan, District Kapurthala, Punjab-144804, have changed my name and shall here after be known as SIMAR KAUR DHILLON. All concerned note.

## ਸ਼ੈਰੀ ਕਲਸੀ ਵੱਲੋਂ ਸ਼ਹਿਰ ਨੂੰ ਸਾਫ਼-ਸੁਥਰਾ ਰੱਖਣ ਦੀ ਅਪੀਲ

ਬਟਾਲਾ, (ਡਾ. ਮਲਵਿੰਦਰ ਸਿੰਘ)-ਬਾਬਾ ਜੀ ਦੇ ਵਿਆਹ ਪੁਰਬ ਸਮਾਗਮਾਂ ਦੇ ਸਬੰਧ ਵਿੱਚ ਬਟਾਲਾ ਵਿਖੇ ਦੇਸ਼-ਵਿਦੇਸ਼ ਤੋਂ ਪਹੁੰਚ ਰਹੀ ਸੰਗਤਾਂ ਦੀ ਸਹੂਲਤ ਅਤੇ ਸ਼ਹਿਰ ਨੂੰ ਸਾਫ਼-ਸੁਥਰਾ ਰੱਖਣ ਲਈ ਸਮਾਜ ਸੇਵੀ ਸੰਸਥਾਵਾਂ ਅੱਗੇ ਆ ਕੇ ਵੱਡੀ ਭੂਮਿਕਾ ਨਿਭਾਉਣ ਤਾਂ ਜੋ ਸਾਰੇ ਰਲ ਮਿਲ ਕੇ ਮਹਾਨ ਵਿਆਹ ਪੁਰਬ ਸਮਾਗਮ ਨੂੰ ਸਫਲਤਾਪੂਰਵਕ ਨੇਪਰੇ ਚਾੜ੍ਹਿਆ ਜਾ ਸਕੇ।ਇਹ ਪ੍ਰਗਟਾਵਾ ਪੰਜਾਬ ਦੇ ਕਾਰਜਕਾਰੀ ਪ੍ਰਧਾਨ ਅਤੇ ਬਟਾਲਾ ਦੇ ਵਿਧਾਇਕ ਅਮਨਸ਼ੇਰ ਸਿੰਘ ਸ਼ੈਰੀ ਕਲਸੀ ਨੇ ਨਗਰ ਨਿਗਮ ਬਟਾਲਾ ਦਫਤਰ ਵਿਖੇ ਸਮਾਜ ਸੇਵੀ ਸੰਸਥਾਵਾਂ ਦੇ ਮੁੱਖ ਸੇਵਾਦਾਰਾਂ ਤੇ ਨੁਮਾਇੰਦਿਆਂ ਨਾਲ ਮੀਟਿੰਗ ਦੌਰਾਨ ਕੀਤਾ। ਇਸ ਮੌਕੇ ਕਮਿਸ਼ਨਰ ਨਗਰ ਨਿਗਮ ਬਟਾਲਾ ਗੁਰਸਿਮਰਨ ਸਿੰਘ ਢਿੱਲੋਂ ਵੀ ਮੌਜੂਦ ਸਨ।ਵਿਧਾਇਕ ਸ਼ੈਰੀ ਕਲਸੀ ਨੇ ਕਿਹਾ ਕਿ ਸਮਾਜ ਸੇਵੀ ਸੰਸਥਾਵਾਂ ਨੇ ਹਮੇਸ਼ਾ ਨਿਰਸਵਾਰਥ ਭਾਵਨਾ ਨਾਲ ਸਮਾਜ ਦੀ ਸੇਵਾ ਵਿੱਚ ਵੱਡਾ ਯੋਗਦਾਨ ਪਾਇਆ ਹੈ ਅਤੇ ਉਨਾਂ ਨੂੰ ਪੂਰਾ ਵਿਸ਼ਵਾਸ ਹੈ ਕਿ ਹੁਣ ਵੀ ਇਹ ਸੰਸਥਾਵਾਂ ਸ਼ਹਿਰ ਨੂੰ ਸੁੰਦਰ ਰੱਖਣ ਲਈ ਵੱਡਮੁੱਲਾ ਯੋਗਦਾਨ ਪਾਉਣਗੀਆਂ।ਉਨ੍ਹਾਂ ਸਮਾਜ ਸੇਵੀ ਸੰਸਥਾਵਾਂ ਨੂੰ ਅਪੀਲ ਕੀਤੀ ਕਿ ਉਹ ਆਪਣੀ ਸ਼ਰਧਾ ਭਾਵਨਾ ਨਾਲ ਵਿਆਹ ਪੁਰਬ ਸਮਾਗਮ ਨੂੰ ਮੁੱਖ ਰੱਖਦਿਆਂ ਅੱਗੇ ਆਉਣ ਤਾਂ ਜੋ ਸ਼ਹਿਰ ਦੀ ਸਾਫ਼-ਸਫਾਈ ਨੂੰ ਵੱਧ ਤੋਂ ਵੱਧ ਹੋਰ ਬਿਹਤਰ ਕੀਤਾ ਜਾ ਸਕੇ।ਇਸ ਮੌਕੇ ਸਮਾਜ ਸੇਵੀ ਸੰਸਥਾਵਾਂ ਦੇ ਪ੍ਰਤੀਨਿਧੀਆਂ ਨੇ ਭਰੋਸਾ ਦਿੱਤਾ ਕਿ ਉਹ ਆਪਣੇ ਸਾਥੀਆਂ ਨਾਲ ਪੂਰਨ ਸਹਿਯੋਗ ਕਰਨਗੀਆਂ।ਇਸ ਮੌਕੇ ਉਨ੍ਹਾਂ ਵੱਲੋਂ ਆਪਣੇ ਕੀਮਤੀ ਸੁਝਾਅ ਵੀ ਦਿੱਤੇ ਗਏ।

## ਲੇਜ਼ ਨੇ 'ਖੋਲ੍ਹੋ, ਰਣਬੀਰ ਨੂੰ ਮਿਲੋ' ਮੁਹਿੰਮ ਕੀਤੀ ਸ਼ੁਰੂ

ਜਲੰਧਰ: ਲੇਜ਼ ਨੇ ਆਪਣੇ ਬ੍ਰਾਂਡ ਅੰਬੈਸਡਰ ਰਣਬੀਰ ਕਪੂਰ ਨਾਲ ਮੁਲਾਕਾਤ ਦਾ ਮੌਕਾ ਦੇਣ ਵਾਲੀ 'ਲੇਜ਼ ਖੋਲ੍ਹੋ, ਰਣਬੀਰ ਨੂੰ ਮਿਲੋ' ਮੁਹਿੰਮ ਸ਼ੁਰੂ ਕੀਤੀ ਹੈ। ਛੇ ਹਫ਼ਤਿਆਂ ਤੱਕ ਚੱਲਣ ਵਾਲੀ ਇਸ ਮੁਹਿੰਮ ਤਹਿਤ ?20 ਵਾਲੇ ਯੋਗ ਲੇਜ਼ ਪੈਕ ਰਾਹੀਂ ਭਾਗ ਲੈ ਕੇ ਕੁੱਲ ?2 ਕਰੋੜ ਤੱਕ ਦੇ ਇਨਾਮ ਜਿੱਤਣ ਦਾ ਮੌਕਾ ਮਿਲੇਗਾ।

ਗਾਹਕ ਵਟਸਐਪ ਰਾਹੀਂ ਪੈਕ ਅਪਲੋਡ ਅਤੇ ਵੈਰੀਫਾਈ ਕਰਕੇ ਮੁਕਾਬਲੇ ਵਿੱਚ ਸ਼ਾਮਲ ਹੋ ਸਕਦੇ ਹਨ। 3 ਪੈਕ 'ਤੇ ਗੇਮਿੰਗ ਕੰਸੋਲ, 5 ਪੈਕ 'ਤੇ ਪ੍ਰੀਮੀਅਮ ਸਮਾਰਟਫੋਨ, 10 ਪੈਕ 'ਤੇ ਇੰਟਰਨੈਸ਼ਨਲ ਹਾਲੀਡੇ ਅਤੇ 20 ਪੈਕ ਪੂਰੇ ਕਰਨ 'ਤੇ ਰਣਬੀਰ ਕਪੂਰ ਨਾਲ ਮੁਲਾਕਾਤ ਦਾ ਮੌਕਾ ਮਿਲੇਗਾ। ਪੈਪਸੀਕੋ ਇੰਡੀਆ ਦੀ ਮਾਰਕੀਟਿੰਗ ਡਾਇਰੈਕਟਰ ਆਸਥਾ ਭਸੀਨ ਨੇ ਕਿਹਾ ਕਿ ਮੁਹਿੰਮ ਦਾ ਕੇਂਦਰ ਖਪਤਕਾਰਾਂ ਨਾਲ ਜੁੜਾਅ ਹੈ।

### Change of Name

I, Sarabjit Kaur W/O Avtar Singh Bajwa R/O Flat No. 1006, Block - M2, Backside Smart Homes, 66 Feet Road, Jalandhar Heights-2, Pholriwala, Po: Garha, Distt: Jalandhar 144022 Punjab India Have Changed Name From Sarbjit Kaur To Sarabjit Kaur. All Note.

I Ravi Pal S/O Satish Kumar R/O Vpo Sammipur, Jalandhar, Punjab, India, Have Changed My Name From Ravi Pal To Pal Ravi. (Surname As Pal).

I, Lakhvir Kaur W/O Ranbir Singh R/O Vill. Mahal Khurd, Po. Garcha, Teh. Nawanshahr, Distt. S.B.S Nagar Pin. 144417, Punjab Have Changed My Name Lakhvir Kaur To Kaur Lakhvir. (Surname As Kaur).

I, Gurdial Singh S/O Kashmir Singh R/O Vill. Sodhian, Po. Bohara, Teh. Nawanshahr , Distt. S.B.S. Nagar Pin. 144421, Punjab Have Changed My Name Gurdial Singh To Singh Gurdial. (Surname As Singh)

I Rameen C/O Aasif Ali VPO Jaijon Teh. Garhshankar Distt Hoshiarpur (pb.)have changed my name from Rameen to Rameen Ali all concerned note please

I Mehvish C/O Tahir Hussain VPO Jaijon Teh. Garhshankar Distt. Hoshiarpur(pb.) have changed my name from Mehvish to Mehvish hussain all concerned note please

I hitherto known as DALBIR SINGH BAL S/O HAZARA SINGH, R/o Village Butala, Distt. Kapurthala, Punjab-144804, have changed my name and shall hereafter be known as SINGH BAL DALBIR.

I, Rani Rawat w/o Varinder Singh Rawat R/o 110, Arjun Nagar, Jalandhar declare that Rani Rawat and Leela Rawat is one and the same person. All Please Note.

I, Karanraj Singh s/o Tejvir Singh R/o VPO. Kurala Kalan, Distt. Hoshiarpur-144204, Punjab have changed my name to Singh Karanraj. All Please Note.

I, Gurpreet Kaur w/o Tejvir Singh R/o VPO. Kurala Kalan, Distt.Hoshiarpur-144204, Punjab have changed my name to Kaur Gurpreet. All Please Note.

I, Ishak clinton s/o Rakesh Masih R/o H.No.2/62, Garden Colony, Jalandhar have changed my name from Ishak clinton to Ishak clinton Masih. All Please Note.

I Sumit S/O Subhash Kumar R/O H No 4068, Gali Kapoora Wali,Gali No.2, Pultighar Distt Amritsar I Have Changed My Name From Sumit To Sumit Sumit.

### ਇਸ਼ਤਿਹਾਰਾਂ ਸੰਬੰਧੀ ਜ਼ਰੂਰੀ ਬੇਨਤੀ

'ਨਵਾਂ ਜ਼ਮਾਨਾ' ਅਖ਼ਬਾਰ ਵਿੱਚ ਛਪੇ ਇਸ਼ਤਿਹਾਰਾਂ (ਡਿਸਪਲੇ/ ਕਲਾਸੀਫਾਈਡ) ਦੇ ਤੱਥਾਂ ਤੇ ਦਾਅਵਿਆਂ ਦੀ ਜ਼ਿੰਮੇਵਾਰੀ ਨਹੀਂ ਲੈਂਦਾ। ਸਾਡਾ ਅਖ਼ਬਾਰ ਇਹਨਾਂ ਨੂੰ ਤਸਦੀਕ ਨਹੀਂ ਕਰਦਾ। ਪਾਠਕਾਂ ਨੂੰ ਬੇਨਤੀ ਕੀਤੀ ਜਾਂਦੀ ਹੈ ਕਿ ਉਹ ਇਹਨਾਂ ਇਸ਼ਤਿਹਾਰਾਂ 'ਤੇ ਕਾਰਵਾਈ ਤੇ ਭਰੋਸੇ ਤੋਂ ਪਹਿਲਾਂ ਤੱਥਾਂ ਦੀ ਪੁਸ਼ਟੀ ਕਰ ਲੈਣ।

# ਪੰਜ ਪਿਆਰਿਆਂ ਦੀ ਅਗਵਾਈ 'ਚ ਸਜੀ ਸ੍ਰੀ ਗੁਰੂ ਨਾਨਕ ਦੇਵ ਜੀ ਦੀ ਬਰਾਤ

**ਸੁਲਤਾਨਪੁਰ ਲੋਧੀ (ਬਲਵਿੰਦਰ ਸਿੰਘ ਧਾਲੀਵਾਲ)**- ਸ੍ਰੀ ਗੁਰੂ ਨਾਨਕ ਦੇਵ ਜੀ ਮਹਾਰਾਜ ਅਤੇ ਜਗਤ ਮਾਤਾ ਸੁਲੱਖਣੀ ਜੀ ਦੇ ਪਵਿੱਤਰ ਵਿਆਹ ਪੁਰਬ ਦੀਆਂ ਖੁਸ਼ੀਆਂ ਬੁੱਧਵਾਰ ਨੂੰ ਪਵਿੱਤਰ ਨਗਰੀ ਸੁਲਤਾਨਪੁਰ ਲੋਧੀ ਵਿੱਚ ਚਰਮ 'ਤੇ ਨਜ਼ਰ ਆਈਆਂ। ਇਤਿਹਾਸਕ ਗੁਰਦੁਆਰਾ ਸ੍ਰੀ ਬੇਰ ਸਾਹਿਬ ਤੋਂ ਪੂਰੀ ਸ਼ਰਧਾ ਅਤੇ ਗੁਰਮਰਿਆਦਾ ਅਨੁਸਾਰ ਵਿਸ਼ਾਲ ਨਗਰ ਕੀਰਤਨ ਬਟਾਲਾ ਲਈ ਰਵਾਨਾ ਹੋਇਆ।

ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛਤਰ-ਛਾਇਆ ਅਤੇ ਪੰਜ ਪਿਆਰਿਆਂ ਦੀ ਅਗਵਾਈ ਹੇਠ ਸਜਿਆ ਬਰਾਤ ਰੂਪੀ ਨਗਰ ਕੀਰਤਨ ਸ਼ਰਧਾਲੂਆਂ ਲਈ ਵਿਸ਼ੇਸ਼ ਖਿੱਚ ਦਾ ਕੇਂਦਰ ਬਣਿਆ।ਨਗਰ ਕੀਰਤਨ ਦੀ ਆਰੰਭਤਾ ਮੌਕੇ ਗੁਰਦੁਆਰਾ ਸ੍ਰੀ ਬੇਰ ਸਾਹਿਬ ਵਿਖੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਭਰੀ। ਗੁਰਬਾਣੀ ਕੀਰਤਨ ਅਤੇ 'ਸਤਿਨਾਮ ਵਾਹਿਗੁਰੂ' ਦੇ ਜੈਕਾਰਿਆਂ ਨਾਲ ਸਮੁੱਚਾ ਇਲਾਕਾ ਗੂੰਜ ਉੱਠਿਆ। ਇਸ ਮੌਕੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਐਡਵੋਕੇਟ ਹਰਜਿੰਦਰ ਸਿੰਘ ਧਾਮੀ, ਵਿਧਾਇਕ ਰਾਣਾ ਇੰਦਰ ਪ੍ਰਤਾਪ ਸਿੰਘ, 'ਆਪ' ਹਲਕਾ ਇੰਚਾਰਜ ਸੱਜਣ ਸਿੰਘ ਚੀਮਾ ਸਮੇਤ ਵੱਖ-ਵੱਖ ਧਾਰਮਿਕ, ਸਮਾਜਿਕ ਅਤੇ ਰਾਜਨੀਤਿਕ ਸ਼ਖ਼ਸੀਅਤਾਂ ਮੌਜੂਦ ਸਨ।



ਵਿਆਹ ਪੁਰਬ ਨੂੰ ਲੈ ਕੇ ਸੰਗਤਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਬੱਚਿਆਂ, ਨੌਜਵਾਨਾਂ ਅਤੇ ਬਜ਼ੁਰਗਾਂ ਸਮੇਤ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਨਗਰ ਕੀਰਤਨ ਵਿੱਚ ਸ਼ਮੂਲੀਅਤ ਕੀਤੀ। ਗੁਰਦੁਆਰਾ ਸ੍ਰੀ ਬੇਰ ਸਾਹਿਬ ਨੂੰ ਰੰਗ-ਬਿਰੰਗੇ ਫੁੱਲਾਂ ਨਾਲ ਸਜਾਇਆ ਗਿਆ ਸੀ, ਜਿਸ ਨੇ ਪਵਿੱਤਰ ਨਗਰੀ ਦੀ ਰੌਣਕ ਨੂੰ ਹੋਰ ਚਾਰ ਚੰਨ ਲਾ ਦਿੱਤੇ।ਨਗਰ ਕੀਰਤਨ ਦੇ ਰਸਤੇ ਵਿੱਚ ਵੱਖ-ਵੱਖ ਥਾਵਾਂ 'ਤੇ ਸੰਗਤਾਂ ਵੱਲੋਂ ਸਵਾਗਤ ਲਈ ਪ੍ਰਬੰਧ ਕੀਤੇ ਗਏ ਹਨ। ਲੰਗਰ ਅਤੇ ਛਬੀਲਾਂ ਰਾਹੀਂ ਸੰਗਤ ਦੀ ਸੇਵਾ ਕੀਤੀ ਜਾ ਰਹੀ ਹੈ, ਜਦਕਿ ਧਾਰਮਿਕ ਜਥਿਆਂ ਵੱਲੋਂ ਕੀਤੇ ਜਾ ਰਹੇ ਗੁਰਬਾਣੀ ਕੀਰਤਨ ਨਾਲ ਸਮੁੱਚਾ ਮਾਹੌਲ ਰੂਹਾਨੀਅਤ ਨਾਲ ਭਰਿਆ ਹੋਇਆ ਹੈ।

# ਬਿਜਲੀ ਕੱਟ ਖ਼ਿਲਾਫ਼ ਅਕਾਲੀ ਦਲ ਦਾ ਡੀ ਸੀ ਦਫ਼ਤਰ ਅੱਗੇ ਧਰਨਾ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਜ਼ਿਲ੍ਹਾ ਅਕਾਲੀ ਦਲ ਪ੍ਰਧਾਨ ਪਰਵਿੰਦਰ ਸਿੰਘ ਸੋਹਾਣਾ ਨੇ ਕਿਹਾ ਕਿ ਲੰਮੇ ਪਾਵਰ ਕੱਟ ਤੁਰੰਤ ਬੰਦ ਕਰੇ ਸਰਕਾਰ, ਪਿੰਡਾਂ ਅਤੇ ਉਦਯੋਗਾਂ ਨੂੰ ਨਿਰਵਿਘਨ ਬਿਜਲੀ ਦੇਵੇ ਜ਼ਿਲ੍ਹਾ ਪੱਧਰ 'ਤੇ ਬਿਜਲੀ ਕੱਟਾਂ ਅਤੇ ਸਪਲਾਈ ਦੀ ਰੋਜ਼ਾਨਾ ਜਨਤਕ ਰਿਪੋਰਟ ਜਾਰੀ ਕੀਤੀ ਜਾਵੇ, ਤਾਂ ਜੋ ਖਪਤਕਾਰਾਂ ਨੂੰ ਅਸਲ ਸਥਿਤੀ ਦੀ ਜਾਣਕਾਰੀ ਮਿਲ ਸਕੇ।

ਅਕਾਲੀ ਦਲ ਦੇ ਹਲਕਾ ਇੰਚਾਰਜ ਤੇ ਜਿਲਾ ਪ੍ਰਧਾਨ ਪਰਵਿੰਦਰ ਸਿੰਘ ਸੋਹਾਣਾ ਦੀ ਅਗਵਾਈ ਹੇਠ ਵੱਡੀ ਗਿਣਤੀ ਵਿੱਚ ਪਾਰਟੀ ਆਗੂਆਂ ਅਤੇ ਵਰਕਰਾਂ ਨੇ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕੀਤੀ ਅਤੇ ਲੋਕਾਂ ਨੂੰ ਤੁਰੰਤ ਰਾਹਤ ਦੇਣ ਦੀ ਮੰਗ ਕੀਤੀ। ਪਰਵਿੰਦਰ ਸਿੰਘ ਸੋਹਾਣਾ ਨੇ ਕਿਹਾ ਕਿ ਮੋਹਾਲੀ ਸਮੇਤ ਪੰਜਾਬ ਦੇ ਕਈ ਸ਼ਹਿਰਾਂ, ਪਿੰਡਾਂ ਅਤੇ ਉਦਯੋਗਿਕ ਖੇਤਰਾਂ ਵਿੱਚ ਲੰਮੇ ਬਿਜਲੀ ਕੱਟਾਂ ਕਾਰਨ ਆਮ ਲੋਕਾਂ, ਕਿਸਾਨਾਂ ਅਤੇ ਉਦਯੋਗਪਤੀਆਂ ਨੂੰ ਭਾਰੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ। ਅਨਿਯਮਿਤ ਬਿਜਲੀ ਸਪਲਾਈ ਕਾਰਨ ਉਦਯੋਗਿਕ ਉਤਪਾਦਨ ਪ੍ਰਭਾਵਿਤ ਹੋ ਰਿਹਾ ਹੈ ਅਤੇ ਕਾਰੋਬਾਰੀਆਂ ਨੂੰ ਆਰਥਿਕ ਨੁਕਸਾਨ ਝੱਲਣਾ ਪੈ ਰਿਹਾ ਹੈ। ਅਕਾਲੀ ਦਲ ਨੇ ਸਰਕਾਰ ਅੱਗੇ ਪੰਜ ਸੂਤਰੀ ਮੰਗ ਰੱਖਦਿਆਂ ਕਿਹਾ ਕਿ ਪਿੰਡਾਂ ਅਤੇ ਉਦਯੋਗਾਂ ਵਿੱਚ ਲਗਾਏ ਜਾ ਰਹੇ ਲੰਮੇ ਬਿਜਲੀ ਕੱਟ ਤੁਰੰਤ ਬੰਦ ਕੀਤੇ ਜਾਣ,



ਹਰੇਕ ਖੇਤਰ ਲਈ ਬਿਜਲੀ ਕੱਟਾਂ ਦਾ ਪਹਿਲਾਂ ਤੋਂ ਜਨਤਕ ਸ਼ਡਿਊਲ ਜਾਰੀ ਕੀਤਾ ਜਾਵੇ, ਉਦਯੋਗਿਕ ਫੀਡਰਾਂ 'ਤੇ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਈ ਜਾਵੇ, ਖ਼ਰਾਬ ਟਰਾਂਸਫਾਰਮਰਾਂ ਅਤੇ ਬਿਜਲੀ ਲਾਈਨਾਂ ਨੂੰ ਤੁਰੰਤ ਬਦਲਿਆ ਜਾਵੇ ਅਤੇ ਬਿਜਲੀ ਕੱਟਾਂ ਨਾਲ ਪ੍ਰਭਾਵਿਤ ਖਪਤਕਾਰਾਂ ਤੇ ਉਦਯੋਗਾਂ ਲਈ ਢੁਕਵੀਂ ਰਾਹਤ ਦੀ ਵਿਵਸਥਾ ਕੀਤੀ ਜਾਵੇ। ਸੋਹਾਣਾ ਨੇ ਕਿਹਾ ਕਿ ਸਰਕਾਰ ਨੂੰ ਸਿਰਫ਼ ਬਿਜਲੀ ਉਪਲਬਧਤਾ ਦੇ ਅੰਕੜੇ ਜਾਰੀ ਕਰਨ ਦੀ ਬਜਾਏ ਜ਼ਮੀਨੀ ਪੱਧਰ 'ਤੇ ਸਪਲਾਈ ਦੀ ਸਥਿਤੀ ਸੁਧਾਰਨੀ ਚਾਹੀਦੀ ਹੈ। ਉਨ੍ਹਾਂ ਮੰਗ ਕੀਤੀ ਕਿ ਜ਼ਿਲ੍ਹਾ ਪੱਧਰ 'ਤੇ ਬਿਜਲੀ ਕੱਟਾਂ ਅਤੇ ਅਸਲ ਸਪਲਾਈ ਦੀ ਸਥਿਤੀ ਬਾਰੇ ਰੋਜ਼ਾਨਾ ਜਨਤਕ ਰਿਪੋਰਟ ਜਾਰੀ ਕੀਤੀ ਜਾਵੇ, ਤਾਂ ਜੋ ਲੋਕਾਂ ਨੂੰ ਅਸਲ ਸਥਿਤੀ ਬਾਰੇ ਜਾਣਕਾਰੀ ਮਿਲ ਸਕੇ। ਇਸ ਮੌਕੇ ਅਕਾਲੀ ਦਲ ਵੱਲੋਂ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਮਾਨ ਦਾ ਪੁਤਲਾ ਵੀ ਫੂਕਿਆ ਗਿਆ।

ਇਸ ਉਪਰੰਤ ਆਗੂਆਂ ਨੇ ਆਪਣੀਆਂ ਮੰਗਾਂ ਸਬੰਧੀ ਮੰਗ ਪੱਤਰ ਮੋਹਾਲੀ ਜ਼ਿਲ੍ਹੇ ਦੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਨਿਖਿਲ ਅਰੋੜਾ ਨੂੰ ਸੌਂਪਿਆ। ਧਰਨੇ ਦੌਰਾਨ ਪਰਵਿੰਦਰ ਸਿੰਘ ਸੋਹਾਣਾ, ਬੀਬੀ ਪਰਮਜੀਤ ਕੌਰ ਲਾਂਡਰਾਂ, ਸੁਖਵਿੰਦਰ ਸਿੰਘ ਸ਼ਿੰਦੀ, ਸਰਬਜੀਤ ਸਿੰਘ ਪਾਰਸ , ਐਡਵੋਕੇਟ ਸੁਖਬੀਰ ਸਿੰਘ ਗਿੱਲ ਕੌਂਸਲਰ ਅਤੇ ਹਰਜੀਤ ਸਿੰਘ ਸੀ ਏ ਨੇ ਵਰਕਰਾਂ ਨੂੰ ਸੰਬੋਧਨ ਕਰਦਿਆਂ ਕਿਹਾ ਕਿ ਲੰਮੇ ਬਿਜਲੀ ਕੱਟਾਂ ਕਾਰਨ ਲੋਕਾਂ, ਕਿਸਾਨਾਂ ਅਤੇ ਉਦਯੋਗਾਂ ਨੂੰ ਭਾਰੀ ਪਰੇਸ਼ਾਨੀ ਦਾ ਸਾਹਮਣਾ ਕਰਨਾ ਪੈ ਰਿਹਾ ਹੈ।

# ਭਾਰਤੀ ਫੌਜ ਦੀ ਪੱਛਮੀ ਕਮਾਂਡ ਨੇ ਸਥਾਪਨਾ ਦਿਵਸ ਮਨਾਇਆ

**ਜਲੰਧਰ (ਇਕਬਾਲ ਸਿੰਘ ਉਭੀ, ਸੁਰਿੰਦਰ ਕੁਮਾਰ)**- ਭਾਰਤੀ ਫੌਜ ਦੀ ਪੱਛਮੀ ਕਮਾਂਡ ਨੇ 15 ਸਤੰਬਰ 2026 ਨੂੰ ਚੰਡੀਮੰਦਰ ਵਿਖੇ ਆਪਣਾ 80ਵਾਂ ਸਥਾਪਨਾ ਦਿਵਸ ਮਨਾਇਆ। ਇਸ ਪਵਿੱਤਰ ਮੌਕੇ ਲੈਫਟੀਨੈਂਟ ਜਨਰਲ ਪ੍ਰਸ਼ੋਤਮ ਸਿੰਘ ਏ ਵੀ ਐੱਸ ਐੱਮ, ਐੱਸ ਐੱਮ, ਜਨਰਲ ਅਫਸਰ ਕਮਾਂਡਿੰਗ-ਇਨ-ਚੀਫ਼, ਪੱਛਮੀ ਕਮਾਂਡ ਨੇ ਵੀਰ ਸਮ੍ਰਿਤੀ ਯੁੱਧ ਸਮਾਰਕ 'ਤੇ ਫੁੱਲਮਾਲਾ ਭੇਟ ਕਰਕੇ ਸਰਵੋਚ ਕੁਰਬਾਨੀ ਦੇਣ ਵਾਲੇ ਬਹਾਦਰ



ਸੈਨਿਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ।ਜਨਰਲ ਵੀ ਪੀ ਮਲਿਕ ਪੀ ਵੀ ਐੱਸ ਐੱਮ ਏ ਵੀ ਐੱਸ ਐੱਮ (ਸੇਵਾਮੁਕਤ), ਸਾਬਕਾ ਫੌਜ ਮੁਖੀ ਨੇ ਵੀ ਉਨ੍ਹਾਂ ਬਹਾਦਰ ਸੈਨਿਕਾਂ ਨੂੰ ਸ਼ਰਧਾਂਜਲੀ ਭੇਟ ਕੀਤੀ ਜਿਨ੍ਹਾਂ ਦੀ ਸਰਵਉੱਚ ਕੁਰਬਾਨੀ ਨੇ ਕਮਾਂਡ ਦੀ ਸ਼ਾਨਦਾਰ ਵਿਰਾਸਤ ਨੂੰ ਅਮੀਰ ਬਣਾਇਆ ਹੈ।ਪੱਛਮੀ ਕਮਾਂਡ ਦੀ ਸ਼ੁਰੂਆਤ 1905 ਦੇ ਕਿਚਨਰ ਸੁਧਾਰਾਂ ਅਧੀਨ ਭਾਰਤੀ ਫੌਜ ਦੇ ਪੁਨਰਗਠਨ ਵਿੱਚ ਹੋਈ।ਆਜ਼ਾਦੀ ਅਤੇ ਵੰਡ ਤੋਂ ਬਾਅਦ, ਸਤੰਬਰ 1947 ਵਿੱਚ ਸਾਬਕਾ ਉੱਤਰੀ ਫੌਜ ਦੇ ਪੂਰਬੀ ਹਿੱਸੇ ਨੂੰ ਦਿੱਲੀ ਅਤੇ ਪੂਰਬੀ ਪੰਜਾਬ ਕਮਾਂਡ ਵਜੋਂ ਪੁਨਰਗਠਿਤ ਕੀਤਾ ਗਿਆ ਸੀ, ਜੋ ਬਾਅਦ ਵਿੱਚ ਜਨਵਰੀ 1948 ਵਿੱਚ ਪੱਛਮੀ ਕਮਾਂਡ ਵਿੱਚ ਵਿਕਸਤ ਹੋਈ। ਉਦੋਂ ਤੋਂ ਕਮਾਂਡ ਨੇ 1947-48, 1962, 1965 ਅਤੇ 1971 ਦੀਆਂ ਜੰਗਾਂ ਸਮੇਤ ਕਈ ਸ਼ਾਨਦਾਰ ਕਾਰਜਾਂ ਵਿੱਚ ਆਪਣੇ ਆਪ ਨੂੰ ਵੱਖਰਾ ਕੀਤਾ ਹੈ।ਹਾਲ ਹੀ ਵਿੱਚ ਆਪ੍ਰੇਸ਼ਨ ਸਿੰਦੂਰ ਦੌਰਾਨ ਪੱਛਮੀ ਕਮਾਂਡ ਨੇ ਪੱਛਮੀ ਮੋਰਚੇ 'ਤੇ ਆਪਣੇ ਨਿਰਧਾਰਤ ਕਾਰਜਾਂ ਨੂੰ ਪ੍ਰਭਾਵਸ਼ਾਲੀ ਢੰਗ ਨਾਲ ਚਲਾਉਣ ਅਤੇ ਸਾਂਝੇ ਤਾਲਮੇਲ ਦਾ ਪ੍ਰਦਰਸ਼ਨ ਕੀਤਾ। ਇਹ ਅਟੁੱਟ ਵਚਨਬੱਧਤਾ 2025 ਵਿੱਚ ਆਪ੍ਰੇਸ਼ਨ ਰਾਹਤ ਦੌਰਾਨ ਵੀ ਸਪੱਸ਼ਟ ਸੀ, ਜਦੋਂ ਕਮਾਂਡ ਨੇ ਪ੍ਰਭਾਵਿਤ ਭਾਈਚਾਰਿਆਂ ਨੂੰ ਸਮੇਂ ਸਿਰ ਬਚਾਅ, ਰਾਹਤ ਅਤੇ ਸਹਾਇਤਾ ਪ੍ਰਦਾਨ ਕਰਨ ਲਈ ਆਪਣੇ ਸਰੋਤਾਂ ਨੂੰ ਤੇਜ਼ੀ ਨਾਲ ਜੁਟਾ ਲਿਆ।

# ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਮੁਹਾਲੀ ਤੋਂ ਤਿੰਨ ਬੱਸਾਂ ਰਵਾਨਾ

**ਮੁਹਾਲੀ (ਗੁਰਜੀਤ ਬਿੱਲਾ)**- ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀ ਗਈ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਮੋਹਾਲੀ ਵਿਧਾਨ ਸਭਾ ਹਲਕੇ ਤੋਂ ਤਿੰਨ ਬੱਸਾਂ ਸ਼ਰਧਾਲੂਆਂ ਨੂੰ ਲੈ ਕੇ ਸ੍ਰੀ ਅੰਮ੍ਰਿਤਸਰ ਸਾਹਿਬ ਲਈ ਰਵਾਨਾ ਹੋਈਆਂ। ਵਿਧਾਇਕ ਕੁਲਵੰਤ ਸਿੰਘ ਨੇ ਸੈਕਟਰ-78 ਅਤੇ ਸੈਕਟਰ-79 ਤੋਂ ਦੋ ਬੱਸਾਂ ਨੂੰ ਹਰੀ ਝੰਡੀ ਦੇ ਕੇ ਰਵਾਨਾ ਕੀਤਾ, ਜਦਕਿ ਤੀਜੀ ਬੱਸ ਪਿੰਡ ਮੌਜਪੁਰ ਤੋਂ ਅੰਮ੍ਰਿਤਸਰ ਲਈ ਰਵਾਨਾ ਕੀਤੀ ਗਈ।ਇਸ ਮੌਕੇ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਦੇ ਹਲਕਾ ਕੋਆਰਡੀਨੇਟਰ ਅਤੇ ਸਟੇਟ ਐਵਾਰਡੀ ਫੂਲਰਾਜ ਸਿੰਘ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਸੈਕਟਰ-78 ਤੋਂ ਕੌਂਸਲਰ ਸ਼ਰਨਜੀਤ ਕੌਰ ਅਤੇ ਸੈਕਟਰ-79 ਤੋਂ ਕੌਂਸਲਰ ਹਰਜੀਤ ਸਿੰਘ ਭੋਲੂ ਦੀ ਅਗਵਾਈ ਹੇਠ ਸੀਨੀਅਰ ਸਿਟੀਜ਼ਨ ਸ਼ਰਧਾਲੂ ਅੰਮ੍ਰਿਤਸਰ ਲਈ ਰਵਾਨਾ ਹੋਏ।ਇਸ ਮੌਕੇ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਵਿਧਾਇਕ ਕੁਲਵੰਤ ਸਿੰਘ ਨੇ ਦੱਸਿਆ ਕਿ ਹੁਣ ਤੱਕ ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ ਤਹਿਤ ਮੋਹਾਲੀ ਵਿਧਾਨ ਸਭਾ ਹਲਕੇ ਤੋਂ 144 ਬੱਸਾਂ ਰਵਾਨਾ ਕੀਤੀਆਂ ਜਾ ਚੁੱਕੀਆਂ ਹਨ ਤੇ ਤਿੰਨ ਹੋਰ ਬੱਸਾਂ ਸ਼ਰਧਾਲੂਆਂ ਨੂੰ ਲੈ ਕੇ ਰਵਾਨਾ ਹੋਈਆਂ ਹਨ। ਉਨ੍ਹਾਂ ਕਿਹਾ ਕਿ ਯਾਤਰਾ ਨੂੰ ਲੈ ਕੇ ਸ਼ਰਧਾਲੂਆਂ ਵਿੱਚ ਲਗਾਤਾਰ ਉਤਸ਼ਾਹ ਦੇਖਣ ਨੂੰ ਮਿਲ ਰਿਹਾ ਹੈ।ਉਨ੍ਹਾਂ ਦੱਸਿਆ ਕਿ ਮੋਹਾਲੀ ਵਿਧਾਨ ਸਭਾ ਹਲਕੇ ਵਿੱਚ 254 ਬੂਥ ਹਨ ਅਤੇ ਯੋਜਨਾ ਤਹਿਤ ਘੱਟੋ-ਘੱਟ ਇੱਕ ਬੱਸ ਹਰ ਬੂਥ ਤੋਂ ਰਵਾਨਾ ਕਰਨ ਦਾ ਟੀਚਾ ਰੱਖਿਆ ਗਿਆ ਹੈ। ਉਨ੍ਹਾਂ ਕਿਹਾ ਕਿ 254 ਬੱਸਾਂ ਰਵਾਨਾ ਕਰਨ ਤੋਂ ਬਾਅਦ ਵੀ ਇਹ ਯਾਤਰਾ ਸਿਲਸਿਲਾ ਲਗਾਤਾਰ ਜਾਰੀ ਰੱਖਿਆ ਜਾਵੇਗਾ, ਤਾਂ ਜੋ ਵੱਧ ਤੋਂ ਵੱਧ ਸ਼ਰਧਾਲੂ ਇਸ ਯੋਜਨਾ ਦਾ ਲਾਭ ਲੈ ਸਕਣ। ਵਿਧਾਇਕ ਕੁਲਵੰਤ ਸਿੰਘ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਸੀਨੀਅਰ ਸਿਟੀਜ਼ਨ ਸ਼ਰਧਾਲੂਆਂ ਦੀ ਧਾਰਮਿਕ ਆਸਥਾ ਨੂੰ ਧਿਆਨ ਵਿੱਚ ਰੱਖਦਿਆਂ ਸ਼ੁਰੂ ਕੀਤੀ ਗਈ ਇਸ ਯੋਜਨਾ ਲਈ ਉਹ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦਾ ਧੰਨਵਾਦ ਕਰਦੇ ਹਨ। ਇਸ ਮੌਕੇ ਡਿਪਟੀ ਮੇਅਰ, ਮੋਹਾਲੀ ਨਗਰ ਨਿਗਮ ਹਰਪਾਲ ਸਿੰਘ ਚੰਨਾ, ਭੁਪਿੰਦਰ ਸਿੰਘ ਜੌਹਲ, ਅਵਤਾਰ ਸਿੰਘ ਮੌਲੀ, ਦੀਦਾਰ ਸਿੰਘ ਅਤੇ ਮੇਜਰ ਸਿੰਘ ਸਮੇਤ ਹੋਰ ਪਤਵੰਤੇ ਹਾਜ਼ਰ ਸਨ। ਪਿੰਡ ਮੌਜਪੁਰ ਵਿਖੇ ਸਰਪੰਚ ਸੰਦੀਪ ਕੌਰ, ਸੁਖਵਿੰਦਰ ਸਿੰਘ ਮਿੱਠਾ, ਪੰਚ ਗੁਰਪ੍ਰੀਤ ਸਿੰਘ, ਧਰਮਪ੍ਰੀਤ ਸਿੰਘ, ਗੁਰਜੀਤ ਸਿੰਘ, ਜਸਵੀਰ ਸਿੰਘ ਅਤੇ ਪਰਮਿੰਦਰ ਕੌਰ ਸਮੇਤ ਵੱਡੀ ਗਿਣਤੀ ਵਿੱਚ ਇਲਾਕਾ ਵਾਸੀ ਵੀ ਮੌਜੂਦ ਸਨ।



# ਦਲਜੀਤ ਕੌਰ ਪੰਜਾਬ ਰਾਜ ਅਧਿਆਪਕ ਪੁਰਸਕਾਰ 2026 ਨਾਲ ਸਨਮਾਨਤ

**ਫਗਵਾੜਾ (ਡਾ. ਰਮਨ)**- ਰਾਮਗੜ੍ਹੀਆ ਕਾਲਜ ਆਫ਼ ਐਜੂਕੇਸ਼ਨ ਫਗਵਾੜਾ ਲਈ ਇਹ ਬੜੇ ਮਾਣ ਵਾਲੀ ਗੱਲ ਹੈ ਕਿ ਇਸ ਦੀ ਸਾਬਕਾ ਵਿਦਿਆਰਥਣ ਦਲਜੀਤ ਕੌਰ (ਸੈਸ਼ਨ



1991-92), ਜੋ ਇਸ ਸਮੇਂ ਪੀ ਐੱਮ ਸ੍ਰੀ ਸਰਕਾਰੀ ਕੰਨਿਆ ਸੀਨੀਅਰ ਸੈਕੰਡਰੀ ਸਕੂਲ ਫਗਵਾੜਾ ਵਿੱਚ ਪੰਜਾਬੀ ਲੈਕਚਰਾਰ ਵਜੋਂ ਸੇਵਾ ਨਿਭਾ ਰਹੇ ਹਨ। ਉਹਨਾਂ ਨੂੰ ਪੰਜਾਬ ਸਰਕਾਰ ਦੁਆਰਾ ਪ੍ਰਤਿਸ਼ਠਿਤ ਪੰਜਾਬ ਰਾਜ ਅਧਿਆਪਕ ਪੁਰਸਕਾਰ 2026 ਨਾਲ ਸਨਮਾਨਤ ਕੀਤਾ ਗਿਆ ਹੈ। ਇਹ ਪੁਰਸਕਾਰ 5 ਸਤੰਬਰ 2026 ਨੂੰ ਅਧਿਆਪਕ ਦਿਵਸ ਦੇ ਮੌਕੇ 'ਤੇ ਰਾਜ ਪੱਧਰੀ ਅਧਿਆਪਕ ਸਨਮਾਨ ਸਮਾਰੋਹ ਵਿੱਚ ਪੇਸ਼ ਕੀਤਾ ਗਿਆ ਸੀ ਜਿੱਥੇ ਪੁਰਸਕਾਰ ਜੇਤੂਆਂ ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੁਆਰਾ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੀ ਮੌਜੂਦਗੀ ਵਿੱਚ ਸਨਮਾਨਤ ਕੀਤਾ ਗਿਆ ਸੀ। ਪੰਜਾਬ ਸਰਕਾਰ ਨੇ ਅਧਿਆਪਕਾਂ ਨੂੰ ਸਿੱਖਿਆ, ਬਿਹਤਰ ਸਿੱਖਿਆ ਪ੍ਰਬੰਧ ਅਤੇ ਵਿਦਿਆਰਥੀਆਂ ਦੇ ਵਿਕਾਸ ਵਿੱਚ ਉਨ੍ਹਾਂ ਦੇ ਕੀਮਤੀ ਯੋਗਦਾਨ ਲਈ ਸਨਮਾਨਤ ਕੀਤਾ। ਰਾਜ ਅਧਿਆਪਕ ਪੁਰਸਕਾਰ ਸਿੱਖਿਆ ਖੇਤਰ ਪ੍ਰਤੀ ਅਧਿਆਪਕਾਂ ਦੇ ਸਮਰਪਣ ਅਤੇ ਯੋਗਦਾਨ ਦੀ ਇੱਕ ਮਹੱਤਵਪੂਰਨ ਮਾਨਤਾ ਹੈ।

ਮਨਪ੍ਰੀਤ ਕੌਰ ਭੋਗਲ, ਚੇਅਰਪਰਸਨ, ਰਾਮਗੜ੍ਹੀਆ ਐਜੂਕੇਸ਼ਨਲ ਕੌਂਸਲ ਨੇ ਪੁਰਸਕਾਰ ਪ੍ਰਾਪਤਕਰਤਾ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੀ ਪ੍ਰਾਪਤੀ 'ਤੇ ਬਹੁਤ ਮਾਣ ਪ੍ਰਗਟ ਕੀਤਾ। ਡਾ. ਸੁਰਿੰਦਰ ਜੀਤ ਕੌਰ, ਪ੍ਰਿੰਸੀਪਲ, ਰਾਮਗੜ੍ਹੀਆ ਕਾਲਜ ਆਫ਼ ਐਜੂਕੇਸ਼ਨ ਨੇ ਵੀ ਪੁਰਸਕਾਰ ਪ੍ਰਾਪਤ ਕਰਤਾ ਨੂੰ ਦਿਲੋਂ ਵਧਾਈ ਦਿੱਤੀ।

# ਸੈਨੇਟ ਦੀ ਚੋਣ ਲੜ ਰਹੇ ਡਾ. ਸੁਖਦੇਵ ਸਿੰਘ ਸਿਰਸਾ ਦੀ ਹਮਾਇਤ ਦਾ ਐਲਾਨ

**ਚੰਡੀਗੜ੍ਹ (ਗੁਰਜੀਤ ਬਿੱਲਾ, ਸੁਰਜੀਤ ਸੁਮਨ)**- ਮੁਲਾਜ਼ਮ ਆਗੂਆਂ, ਸਮਾਜਿਕ ਕਾਰਕੁਨਾ ਅਤੇ ਰੰਗਕਰਮੀਆਂ ਵੱਲੋਂ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੀ ਸੈਨਟ ਚੋਣ ਵਿੱਚ ਗਰੈਜੂਏਟ ਚੋਣ ਹਲਕੇ ਤੋਂ ਚੋਣ ਲੜ ਰਹੇ ਸੁਹਿਰਦ ਅਧਿਆਪਕ, ਕਵੀ, ਆਲੋਚਕ, ਚਿੰਤਕ, ਸਾਹਿਤਕ ਜੱਥੇਬੰਦੀਆਂ ਦੇ ਅਣਥਕ ਕਾਮੇ ਅਤੇ ਪੰਜਾਬ ਯੂਨੀਵਿਰਸਟੀ, ਚੰਡੀਗੜ੍ਹ ਦੇ ਪੰਜਾਬੀ ਅਧਿਐਨ ਸਕੂਲ ਦੇ ਪ੍ਰੋਫੈਸਰ ਅਤੇ ਮੁਖੀ ਰਹੇ ਡਾ. ਸੁਖਦੇਵ ਸਿੰਘ ਸਿਰਸਾ (ਸੀਰੀਅਲ ਨੰ.47) ਦੀ ਹਮਾਇਤ ਕਰਨ ਦਾ ਐਲਾਨ ਕੀਤਾ ਹੈ।

ਮੁਲਾਜ਼ਮ ਆਗੂ, ਪੰਜਾਬ ਅਤੇ ਯੂਟੀ ਸਾਂਝੀ ਐਕਸ਼ਨ ਕਮੇਟੀ ਦੇ ਸਾਬਕਾ ਆਗੂ ਗੁਰਮੇਲ ਸਿੱਧੂ, ਸਮਾਜਿਕ ਕਾਕੁਨ ਸਤਬੀਰ ਸਿੰਘ ਧਨੋਆਂ ਅਤੇ ਇਪਟਾ, ਪੰਜਾਬ ਦੇ ਪ੍ਰਧਾਨ ਨਾਟਕਰਮੀ ਸੰਜੀਵਨ ਸਿੰਘ ਵੱਲੋਂ ਨੇ ਅਕਾਦਮਿਕ ਖ਼ੁਦਮੁਖ਼ਤਿਆਰੀ, ਅਧਿਆਪਕਾਂ ਅਤੇ ਵਿਦਆਰਥੀਆਂ ਦੇ ਹੱਕ, ਖੋਜ ਦੀ ਆਜ਼ਾਦੀ, ਪੰਜਾਬੀ ਭਾਸ਼ਾ ਅਤੇ ਮਨੁੱਖੀ ਵਿਗਿਆਨਾਂ ਦੀ ਮਹੱਤਤਾ, ਯੂਨੀਵਰਸਿਟੀ ਦੇ ਲੋਕਤੰਤਰਿਕ ਸਰੂਪ ਦੀ ਰੱਖਿਆ ਅਤੇ ਉੱਚ ਸਿੱਖਿਆ ਨੂੰ ਬਾਜ਼ਾਰੂ ਦਬਾਵਾਂ ਤੋਂ ਬਚਾਉਣ ਦਾ ਸਵਾਲ ਨੂੰ ਲੈਕੇ ਚੋਣ ਡਾ. ਸੁਖਦੇਵ ਸਿੰਘ ਸਿਰਸਾ ਨੂੰ 20 ਸਤੰਬਰ ਨੂੰ ਹੋ ਰਹੀ ਚੋਣ ਵਿੱਚ ਪਹਿਲੀ ਤਰਜੀਹ ਦੀਆਂ ਵੋਟਾਂ ਪਾਉਣ ਦੀ ਗੁਜ਼ਾਰਿਸ਼ ਕੀਤੀ ਹੈ। ਉਨ੍ਹਾਂ ਅੱਗੇ ਕਿਹਾ ਕਿ ਪ੍ਰਗਤੀਸ਼ੀਲ ਲੇਖਕ ਸੰਘ ਦੇ ਮੌਜੂਦਾ ਰਾਸ਼ਟਰੀ ਜਨਰਲ ਸੱਕਤਰ ਅਤੇ ਕੇਂਦਰੀ ਪੰਜਾਬੀ ਲੇਖਕ ਸਭਾ ਤੇ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਪ੍ਰਧਾਨ ਅਤੇ ਜਨਰਲ ਸਕੱਤਰ ਰਹੇ ਮੋਗਾ ਜ਼ਿਲ੍ਹੇ ਦੇ ਪਿੰਡ ਦੌਧਰ ਵਿਚ ਖ਼ੁਸ਼ਹਾਲ ਪਰਵਾਰ ਨਾਲ ਸਬੰਧਤ ਡਾ. ਸਿਰਸਾ ਦਾ ਕਾਵਿ-ਸੰਗ੍ਰਹਿ 'ਕਵਿਤਾ ਦਾ ਦੇਸ' ਪਿਛਲੇ ਸਾਲ 2025 ਵਿਚ ਸਾਹਿਤਕ ਹਲਕਿਆਂ ਦੀ ਚਰਚਿਤ ਹਨ।

# ਪਲੇਸਮੈਂਟ ਕੈਂਪ ਅੱਜ

**ਮੁਹਾਲੀ (ਗੁਰਜੀਤ ਬਿੱਲਾ)**- ਜ਼ਿਲ੍ਹਾ ਰੋਜ਼ਗਾਰ ਅਤੇ ਕਾਰੋਬਾਰ ਬਿਊਰੋ ਤੇ ਮਾਡਲ ਕਰੀਅਰ ਸੈਂਟਰ ਐੱਸ ਏ ਐੱਸ ਨਗਰ ਵੱਲੋਂ 17 ਸਤੰਬਰ, ਦਿਨ ਵੀਰਵਾਰ ਨੂੰ ਇੱਕ ਪਲੇਸਮੈਂਟ ਕੈਂਪ ਦਾ ਆਯੋਜਨ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਕਮਰਾ ਨੰ.461 ਤੀਜੀ ਮੰਜਿਲ ਸੈਕਟਰ-76 ਐੱਸ ਏ ਐੱਸ ਨਗਰ ਵਿਖੇ ਕੀਤਾ ਜਾ ਰਿਹਾ ਹੈ।ਡਿਪਟੀ ਡਾਇਰੈਕਟਰ ਹਰਪ੍ਰੀਤ ਸਿੰਘ ਮਾਨਸ਼ਾਹੀਆਂ ਵੱਲੋਂ ਵਧੇਰੇ ਜਾਣਕਾਰੀ ਦਿੰਦੇ ਹੋਏ ਦੱਸਿਆ ਗਿਆ ਕਿ ਸਰਕਾਰ ਵੱਲੋਂ ਪ੍ਰਾਰਥੀਆਂ ਨੂੰ ਰੋਜ਼ਗਾਰ ਦੇਣ ਦਾ ਉਪਰਾਲਾ ਕੀਤਾ ਜਾ ਰਿਹਾ ਹੈ, ਜਿਸ ਤਹਿਤ ਉਕਤ ਪਲੇਸਮੈਂਟ ਕੈਂਪ ਦਾ ਆਯੋਜਨ ਕੀਤਾ ਜਾਣਾ ਹੈ। ਉਨ੍ਹਾਂ ਅੱਗੇ ਦੱਸਿਆ ਕਿ ਇਸ ਪਲੇਸਮੈਂਟ ਕੈਂਪ ਵਿੱਚ ਕਿਊਜ਼, ਜੀਓ, ਸੋਲਰ ਕੰਪਨੀ-ਪੈਨ ਪੰਜਾਬ, ਸ਼ੌਪਰਜ਼ ਸਟਾਪ ਅਤੇ ਸਵਿਗੀ ਦੀਆਂ ਵੱਖ-ਵੱਖ ਅਸਾਮੀਆਂ ਲਈ 10ਵੀਂ, 12ਵੀਂ ਅਤੇ ਗਰੈਜੂਏਟ ਪਾਸ ਪ੍ਰਾਰਥੀਆਂ ਦੀ ਚੋਣ ਕੀਤੀ ਜਾਵੇਗੀ। ਉਨ੍ਹਾਂ ਦੱਸਿਆ ਚੁਣੇ ਗਏ ਪ੍ਰਾਰਥੀਆਂ ਦੀ ਤਨਖਾਹ ਕੰਪਨੀ ਨੋਰਮਜ਼ ਅਨੁਸਾਰ ਹੋਵੇਗੀ ਅਤੇ ਕੰਮ ਕਰਨ ਦਾ ਸਥਾਨ ਮੋਹਾਲੀ ਹੋਵੇਗਾ।

# ਤਹਿਸੀਲ ਕੰਪਲੈਕਸ ਫਿਲੌਰ ਵਿਖੇ ਪਾਸਪੋਰਟ ਸੇਵਾ ਮੇਲਾ ਸ਼ੁਰੂ

**ਫਿਲੌਰ (ਨਿਰਮਲ)**- ਤਹਿਸੀਲ ਕੰਪਲੈਕਸ ਫਿਲੌਰ ਵਿਖੇ 3 ਰੋਜ਼ਾ ਪਾਸਪੋਰਟ ਸੇਵਾ ਮੇਲਾ ਬੁੱਧਵਾਰ ਤੋਂ ਸ਼ੁਰੂ ਹੋ ਗਿਆ ਹੈ। ਇਹ ਮੇਲਾ 17 ਤੇ 18 ਸਤੰਬਰ ਤੱਕ ਲਾਇਆ ਜਾਵੇਗਾ। ਪਾਸਪੋਰਟ



ਅਧਿਕਾਰੀ (ਜਲੰਧਰ) ਯਸ਼ਪਾਲ ਨੇ ਉਪਰੋਕਤ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਆਮ ਲੋਕਾਂ ਦੀ ਸਹੂਲਤ ਲਈ ਭਾਰਤ ਸਰਕਾਰ ਦੇ ਦਿਸ਼ਾ ਨਿਰਦੇਸ਼ਾਂ ਤਹਿਤ ਵਿਭਾਗ ਨੇ 3 ਰੋਜ਼ਾ ਉਕਤ ਪਾਸਪੋਰਟ ਸੇਵਾ ਮੇਲਾ ਸ਼ੁਰੂ ਕੀਤਾ ਹੈ। ਉਨ੍ਹਾਂ ਦੱਸਿਆ ਕਿ ਲੋਕਾਂ ਦੀ ਲੰਬੇ ਸਮੇਂ ਤੋਂ ਮੰਗ ਸੀ ਕਿ ਪਾਸਪੋਰਟ ਸੇਵਾਵਾਂ ਤਹਿਸੀਲ ਪੱਧਰ 'ਤੇ ਵੀ ਦਿੱਤੀਆਂ ਜਾਣ, ਕਿਉਂਕਿ ਹਰੇਕ ਵਿਅਕਤੀ ਲਈ ਜਲੰਧਰ ਸਥਿਤ ਮੁੱਖ ਦਫ਼ਤਰ ਤੱਕ ਪਹੁੰਚ ਕਰਨਾ ਔਖਾ ਹੁੰਦਾ ਹੈ। ਆਰ ਪੀ ਓ ਯਸ਼ਪਾਲ ਨੇ ਦੱਸਿਆ ਕਿ ਪਾਸਪੋਰਟ ਦਫ਼ਤਰ ਜਲੰਧਰ ਦੀ ਆਧੁਨਿਕ ਯੰਤਰਾਂ ਨਾਲ ਲੈਸ ਵੈਨ ਤਹਿਸੀਲ ਕੰਪਲੈਕਸ ਫਿਲੌਰ ਵਿਖੇ ਭੇਜੀ ਹੋਈ ਹੈ। ਉਨ੍ਹਾਂ ਆਮ ਜਨਤਾ ਨੂੰ ਅਪੀਲ ਕੀਤੀ ਕਿ ਉਹ ਇਸ ਪਾਸਪੋਰਟ ਸੇਵਾ ਮੇਲੇ ਦਾ ਵੱਧ ਤੋਂ ਵੱਧ ਲਾਭ ਉਠਾਉਣ। ਉਨ੍ਹਾਂ ਦੱਸਿਆ ਕਿ ਵਿਭਾਗ ਦੇ ਅਧਿਕਾਰੀ ਗੁਲਾਬ ਸਿੰਘ, ਹਰਸ਼ ਅਤੇ ਸੁਰਿੰਦਰ ਸਿੰਘ ਸੋਢੀ ਉਕਤ ਵਿਸ਼ੇਸ਼ ਵੈਨ ਵਿਚ ਹਾਜ਼ਰ ਰਹਿਣਗੇ ਅਤੇ ਲੋਕਾਂ ਦੀ ਮਦਦ ਕਰਨਗੇ।

# ਸ਼ਰਾਰਤੀ ਅਨਸਰਾਂ ਨਾਲ ਸਖ਼ਤੀ ਨਾਲ ਨਜਿੱਠਿਆ ਜਾਵੇਗਾ : ਈ ਟੀ ਓ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਕੈਬਨਿਟ ਮੰਤਰੀ ਹਰਭਜਨ ਸਿੰਘ ਈ ਟੀ ਓ ਨੇ ਹੁਸ਼ਿਆਰਪੁਰ ਜ਼ਿਲ੍ਹੇ ਦੇ ਪਿੰਡ ਬਾੜੀਆਂ ਕਲਾਂ ਵਿਖੇ ਭਾਰਤੀ ਸੰਵਿਧਾਨ ਦੇ ਰਚੇਤਾ ਬਾਬਾ ਸਾਹਿਬ ਡਾ. ਬੀ ਆਰ ਅੰਬੇਡਕਰ ਦੇ ਬੁੱਤ ਨੂੰ ਨੁਕਸਾਨ ਪਹੁੰਚਾਉਣ ਦੀ ਕੋਸ਼ਿਸ਼ ਕਰਨ ਵਾਲੇ ਸ਼ਰਾਰਤੀ ਅਨਸਰਾਂ ਵਿਰੁੱਧ ਸਖ਼ਤ ਰੁੱਖ ਅਖਤਿਆਰ ਕਰਦਿਆਂ ਇਸ ਘਟਨਾ ਦੀ ਕਰੜੇ ਸ਼ਬਦਾਂ ਵਿੱਚ ਨਿੰਦਾ ਕੀਤੀ ਹੈ। ਮੰਤਰੀ ਨੇ ਚੇਤਾਵਨੀ ਦਿੱਤੀ ਕਿ ਪੰਜਾਬ ਦਾ ਮਾਹੌਲ ਖਰਾਬ ਕਰਨ ਅਤੇ ਸਮਾਜਿਕ ਭਾਈਚਾਰੇ ਵਿੱਚ ਜ਼ਹਿਰ ਘੋਲਣ ਦੀ ਸਾਜ਼ਿਸ਼ ਰਚਣ ਵਾਲੇ ਸਮਾਜ ਵਿਰੋਧੀ ਅਨਸਰਾਂ ਨਾਲ ਸਖ਼ਤੀ ਨਾਲ ਨਜਿੱਠਿਆ ਜਾਵੇਗਾ। ਮੰਤਰੀ ਹਰਭਜਨ ਸਿੰਘ ਈ ਟੀ ਓ ਨੇ ਕਿਹਾ ਕਿ ਬਾਬਾ ਸਾਹਿਬ ਡਾ. ਬੀ ਆਰ ਅੰਬੇਡਕਰ ਸਾਡੇ ਸਾਰਿਆਂ ਦੇ ਪ੍ਰੇਰਨਾ ਸਰੋਤ ਹਨ, ਜਿਨ੍ਹਾਂ ਨੇ ਦੇਸ਼ ਨੂੰ ਮਜ਼ਬੂਤ ਸੰਵਿਧਾਨ ਦੇ ਕੇ ਹਰ ਨਾਗਰਿਕ ਨੂੰ ਬਰਾਬਰ ਦੇ ਅਧਿਕਾਰ ਦਿੱਤੇ ਹਨ। ਉਨ੍ਹਾਂ ਦੇ ਪ੍ਰਤੀ ਅਜਿਹੀ ਬਦਨੀਤੀ ਅਤੇ ਨਫ਼ਰਤ ਨਾਲ ਭਰੀ ਕਰਤੂਤ ਕਰਨ ਵਾਲੇ ਅਨਸਰ ਪੰਜਾਬ ਦੀ ਅਮਨ-ਕਾਨੂੰਨ ਦੀ ਸਥਿਤੀ ਨੂੰ ਭੰਗ ਕਰਨ ਦੀ ਨਾਕਾਮ ਕੋਸ਼ਿਸ਼ ਕਰ ਰਹੇ ਹਨ, ਜਿਸ ਨੂੰ ਸਰਕਾਰ ਕਿਸੇ ਵੀ ਸੂਰਤ ਵਿੱਚ ਬਰਦਾਸ਼ਤ ਨਹੀਂ ਕਰੇਗੀ। ਉਨ੍ਹਾਂ ਦੱਸਿਆ ਕਿ ਪੁਲਿਸ ਪ੍ਰਸ਼ਾਸਨ ਨੂੰ ਘਟਨਾ ਦੀ ਤੁਰੰਤ ਜਾਂਚ ਕਰਕੇ ਦੋਸ਼ੀਆਂ ਨੂੰ ਜਲਦ ਤੋਂ ਜਲਦ ਗ੍ਰਿਫ਼ਤਾਰ ਕਰਨ ਦੇ ਨਿਰਦੇਸ਼ ਦਿੱਤੇ ਗਏ ਹਨ।

# ਫਲਪੋਤਾ ਤੋਂ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਤਹਿਤ ਧਾਰਮਿਕ ਅਸਥਾਨ ਲਈ ਬੱਸ ਰਵਾਨਾ

**ਫਿਲੌਰ (ਨਿਰਮਲ)**- ਹਲਕਾ ਫਿਲੌਰ ਦੇ ਪਿੰਡ ਫਲਪੋਤਾ ਤੋਂ 'ਮੁੱਖ ਮੰਤਰੀ ਤੀਰਥ ਯਾਤਰਾ ਯੋਜਨਾ' ਤਹਿਤ ਸੰਗਤਾਂ ਨੂੰ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਲੈ ਕੇ ਜਾਣ ਵਾਲੀ ਬੱਸ ਨੂੰ ਹਲਕਾ ਇੰਚਾਰਜ ਹਰਜੋਤ ਕੌਰ ਲੋਹਟੀਆ ਵੱਲੋਂ ਹਰੀ




ਝੰਡੀ ਦੇ ਕੇ ਰਵਾਨਾ ਕੀਤੀ ਗਈ।ਬੱਸ ਦੀ ਰਵਾਨਗੀ ਮੌਕੇ ਪਿੰਡ ਵਾਸੀਆਂ ਅਤੇ ਸੰਗਤਾਂ ਵਿੱਚ ਭਾਰੀ ਉਤਸ਼ਾਹ ਦੇਖਣ ਨੂੰ ਮਿਲਿਆ। ਸੰਗਤਾਂ ਨੇ ਇਸ ਧਾਰਮਿਕ ਯਾਤਰਾ ਲਈ ਖੁਸ਼ੀ ਦਾ ਪ੍ਰਗਟਾਵਾ ਕਰਦਿਆਂ ਮੁੱਖ ਮੰਤਰੀ ਪੰਜਾਬ ਵੱਲੋਂ ਸ਼ੁਰੂ ਕੀਤੀ ਇਸ ਯੋਜਨਾ ਦੀ ਸ਼ਲਾਘਾ ਕੀਤੀ।ਇਸ ਮੌਕੇ ਮਾਤਾਵਾਂ-ਭੈਣਾਂ ਵੱਲੋਂ ਧਾਰਮਿਕ ਬੋਲੀਆਂ ਅਤੇ ਸ਼ਬਦ ਗਾ ਕੇ ਮਾਹੌਲ ਨੂੰ ਪੂਰੀ ਤਰ੍ਹਾਂ ਭਗਤੀ ਰੰਗ ਵਿੱਚ ਰੰਗ ਦਿੱਤਾ ਗਿਆ। ਸੰਗਤਾਂ ਵੱਲੋਂ ਯਾਤਰਾ ਦੌਰਾਨ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਕੇ ਸਰਬੱਤ ਦੇ ਭਲੇ ਅਤੇ ਪੰਜਾਬ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ ਗਈ।ਹਲਕਾ ਇੰਚਾਰਜ ਹਰਜੋਤ ਕੌਰ ਲੋਹਟੀਆ ਨੇ ਕਿਹਾ ਕਿ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਸੰਗਤਾਂ ਨੂੰ ਸੁਵਿਧਾ ਪ੍ਰਦਾਨ ਕਰਨਾ ਇਸ ਯੋਜਨਾ ਦਾ ਮਹੱਤਵਪੂਰਨ ਉਦੇਸ਼ ਹੈ। ਉਨ੍ਹਾਂ ਕਿਹਾ ਕਿ ਅਜਿਹੀਆਂ ਯਾਤਰਾਵਾਂ ਸੰਗਤਾਂ ਨੂੰ ਆਪਣੇ ਧਾਰਮਿਕ ਅਤੇ ਇਤਿਹਾਸਕ ਅਸਥਾਨਾਂ ਨਾਲ ਜੋੜਨ ਵਿੱਚ ਸਹਾਇਕ ਹਨ। ਇਸ ਮੌਕੇ ਬਲਾਕ ਪ੍ਰਧਾਨ ਰਮੇਸ਼ਵਰ ਪੰਡਿਤ, ਸਾਬਕਾ ਸਰਪੰਚ ਜਸਵਿੰਦਰ ਕੌਰ, ਚੇਅਰਮੈਨ ਗੌਰਵ ਬਾਵਾ ਬੈਰਾਗੀ ਵੈਲਫੇਅਰ ਬੋਰਡ ਤੇ ਮੀਡੀਆ ਵਾਇਸ ਕੋਆਰਡੀਨੇਟਰ ਹਲਕਾ ਫਿਲੌਰ, ਸੰਤੋਖ ਸਿੰਘ ਬੰਡਾਲਾ, ਗੁਰਮੁਖ ਫਲਪੋਤਾ, ਕੇਵਲ ਸਿੰਘ ਪਟਵਾਰੀ, ਮਨਜਿੰਦਰ ਸਿੰਘ ਪੰਚ, ਰਜਨੀ ਬਾਲਾ ਪੰਚ, ਜਸਵਿੰਦਰ ਸਿੰਘ ਸ਼ੇਰਾ, ਰਾਜ ਬਹਾਦਰ ਸਾਬਕਾ ਪੰਚ, ਅਸ਼ਵਨੀ, ਰੁਪਿੰਦਰ ਕੌਰ, ਡਾਕਟਰ ਗੁਰਚਰਨ ਭਾਟੀਆ ਤੋਂ ਇਲਾਵਾ ਪਾਰਟੀ ਵਰਕਰ ਅਤੇ ਪਿੰਡ ਵਾਸੀ ਵੱਡੀ ਗਿਣਤੀ ਵਿਚ ਹਾਜ਼ਰ ਸਨ।

# ਡਾ. ਰਵਜੋਤ ਸਿੰਘ ਨੇ ਪਿੰਡਾਂ ਦੇ ਵਿਕਾਸ ਕਾਰਜਾਂ ਲਈ 9 ਕਰੋੜ ਦੀ ਗਰਾਂਟ ਦੇ ਚੈੱਕ ਵੰਡੇ

**ਹੁਸ਼ਿਆਰਪੁਰ (ਓ ਪੀ ਰਾਣਾ)**- ਪੰਜਾਬ ਦੇ ਜੇਲਾਂ, ਪ੍ਰਵਾਸੀ ਭਾਰਤੀ ਮਾਮਲੇ ਅਤੇ ਸੰਸਦੀ ਕਾਰਜ ਮੰਤਰੀ ਡਾ. ਰਵਜੋਤ ਸਿੰਘ ਨੇ ਵਿਧਾਨ ਸਭਾ ਹਲਕਾ ਸ਼ਾਮਚੁਰਾਸੀ ਦੇ ਪਿੰਡਾਂ ਦੇ ਵਿਕਾਸ ਕਾਰਜਾਂ ਨੂੰ ਨਵੀਂ ਗਤੀ ਦੇਣ ਲਈ



ਗਰਾਂਟਾਂ ਵਜੋਂ 9 ਕਰੋੜ ਰੁਪਏ ਦੇ ਚੈੱਕ ਭੇਟ ਕਰਦਿਆਂ ਕਿਹਾ ਕਿ ਪੰਜਾਬ ਸਰਕਾਰ ਵਲੋਂ ਪਿੰਡਾਂ ਦੇ ਸਰਵਪੱਖੀ ਅਤੇ ਇਕਸਾਰ ਵਿਕਾਸ ਲਈ ਜੰਗੀ ਪੱਧਰ 'ਤੇ ਕੰਮ ਕਰਵਾਏ ਜਾ ਰਹੇ ਹਨ ਤਾਂ ਜੋ ਪਿੰਡਾਂ ਵਿਚ ਹਰ ਲੋੜੀਂਦੀ ਸਹੂਲਤ ਯਕੀਨੀ ਬਣਾਈ ਜਾ ਸਕੇ। ਪੰਚਾਇਤਾਂ ਨੂੰ ਗਰਾਂਟਾਂ ਦੇ ਚੈੱਕ ਸੌਂਪਦਿਆਂ ਕੈਬਨਿਟ ਮੰਤਰੀ ਡਾ. ਰਵਜੋਤ ਸਿੰਘ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਪਿਛਲੇ ਸਾਢੇ ਚਾਰ ਸਾਲਾਂ ਦੌਰਾਨ 76 ਹਜ਼ਾਰ ਤੋਂ ਵੱਧ ਪਰਵਾਰਾਂ ਨੂੰ ਘਰ ਬਣਾਉਣ ਲਈ ਮਦਦ ਕੀਤੀ ਗਈ ਜਿਨ੍ਹਾਂ ਵਿਚ 30 ਹਜ਼ਾਰ ਪਰਵਾਰ ਹੜ੍ਹ ਪ੍ਰਭਾਵਿਤ ਸਨ। ਉਨ੍ਹਾਂ ਦੱਸਿਆ ਕਿ ਪਿੰਡਾਂ ਦੀਆਂ 40 ਹਜ਼ਾਰ ਕਿਲੋਮੀਟਰ ਤੋਂ ਵੱਧ ਲਿੰਕ ਸੜਕਾਂ ਦਾ ਨਵੀਨੀਕਰਨ ਵੀ ਪੂਰੀ ਰਫ਼ਤਾਰ 'ਤੇ ਜਾਰੀ ਹੈ ਜਿਨ੍ਹਾਂ ਦੀ ਅਗਲੇ ਪੰਜ ਸਾਲ ਤੱਕ ਦੇਖਭਾਲ ਦੀ ਗਰੰਟੀ ਵੀ ਲਈ ਜਾਵੇਗੀ। ਉਨ੍ਹਾਂ ਕਿਹਾ ਕਿ ਪਿੰਡਾਂ ਵਿਚ ਸਾਫ਼-ਸਫ਼ਾਈ ਅਤੇ ਮੁੱਢਲੀਆਂ ਸਹੂਲਤਾਂ ਉਪਲਬੱਧ ਕਰਵਾਉਣ ਲਈ ਆਮ ਆਦਮੀ ਪਾਰਟੀ ਦੀ ਸਰਕਾਰ ਨੇ ਵੱਡੇ ਪੱਧਰ 'ਤੇ ਕੰਮ ਕਰਵਾਏ ਹਨ ਜਿਸ ਦਾ ਪਿੰਡਾਂ ਦੇ ਵਸਨੀਕਾਂ ਨੂੰ ਬੇਹੱਦ ਲਾਭ ਹੋਇਆ ਹੈ। ਕੈਬਨਿਟ ਮੰਤਰੀ ਨੇ ਪੰਚਾਇਤਾਂ ਦੇ ਨੁਮਾਇੰਦਿਆਂ ਨੂੰ ਤਾਕੀਦ ਕੀਤੀ ਕਿ ਪਿੰਡਾਂ ਵਿਚ ਚੱਲ ਰਹੇ ਕੰਮਾਂ ਦੀ ਰੈਗੂਲਰ ਸਮੀਖਿਆ ਵੀ ਯਕੀਨੀ ਬਣਾਈ ਜਾਵੇ ਤਾਂ ਜੋ ਕੰਮਾਂ ਦਾ ਉਚ ਪੱਧਰੀ ਮਿਆਰ ਅਤੇ ਗੁਣਵੱਤਾ ਨੂੰ ਬਰਕਰਾਰ ਰੱਖਿਆ ਜਾ ਸਕੇ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਿਚ ਸੂਬੇ ਦੇ 13,400 ਤੋਂ ਵੱਧ ਪਿੰਡਾਂ ਦੇ ਛੱਪੜਾਂ ਦੀ ਸਫ਼ਾਈ ਨੂੰ ਅਮਲੀਜਾਮਾ ਪਹਿਨਾਉਂਣ ਤੋਂ ਇਲਾਵਾ ਕਿਸਾਨਾਂ ਦੀ ਸਹੂਲਤ ਲਈ ਪਿੰਡਾਂ ਵਿਚ ਮੰਡੀਆਂ ਨੂੰ ਆਧੁਨਿਕ ਬਣਾਇਆ ਜਾ ਰਿਹਾ ਹੈ ਜਿਥੇ 664 ਕਵਰਸ਼ੈੱਡ ਅਤੇ 36 ਮੰਡੀਆਂ ਵਿਚ ਸੋਲਰ ਪੈਨਲ ਲਾਏ ਗਏ ਹਨ। ਇਸ ਮੌਕੇ ਸਰਪੰਚ ਨੀਲਮ ਮਿੱਠੇਵਾਲ, ਸਰਪੰਚ ਅੰਜਲੀ ਕਬੀਰਪੁਰ ਸ਼ੇਖਾਂ, ਸਰਪੰਚ ਗੁਰਜੀਤ ਖਾਨਪੁਰ, ਸਰਪੰਚ ਮਾਈਕਲ ਕੱਤੋਵਾਲ, ਸਰਪੰਚ ਖਾਨਪੁਰ ਥਿਆੜਾ, ਸਰਪੰਚ ਪ੍ਰਵੀਨ ਕੁਮਾਰੀ, ਸਰਪੰਚ ਸੁਖਜੀਤ ਕੌਰ, ਸਰਪੰਚ ਅਮਨਦੀਪ ਸਿੰਘ, ਸਰਪੰਚ ਕ੍ਰਿਸ਼ਨਾ ਆਦੋਵਾਲ, ਪੰਚ ਰਜਵੰਤ ਕੌਰ ਡਗਾਣਾ ਖੁਰਦ ਵੀ ਮੌਜੂਦ ਸਨ।

# ਸ੍ਰੀ ਗਣੇਸ਼ ਚਤੁਰਥੀ ਮਹਾਂਉਤਸਵ ਦੀ ਸ਼ੁਰੂਆਤ

**ਫਿਲਵਾ (ਪਲਵਿੰਦਰ ਸਿੰਘ ਜੈ ਰਾਮਪੁਰ)**- ਮੰਦਿਰ ਸੁਧਾਰ ਸਭਾ ਫਿਲਵਾਂ ਰਜਿ ਵੱਲੋਂ ਪ੍ਰਵਾਸੀ ਵੀਰਾਂ ਅਤੇ ਇਲਾਕਾ ਨਿਵਾਸੀਆ ਦੇ ਸਹਿਯੋਗ ਨਾਲ ਸ੍ਰੀ ਗਣੇਸ਼ ਚਤੁਰਥੀ ਮਹਾਂਉਤਸਵ ਅੰਦਰਲੇ ਸਿਵ ਮੰਦਿਰ ਫਿਲਵਾਂ ਬੜੀ ਸ਼ਰਧਾ ਅਤੇ ਧੂਮ ਧਾਮ ਨਾਲ ਅਰੰਭ ਕੀਤਾ ਗਿਆ, ਜਨਰਲ ਸੈਕਟਰੀ ਰਾਜਨ ਸ਼ਰਮਾ, ਖਜਾਨਚੀ ਵਿਸ਼ਾਲ ਅਰੋੜਾ, ਡਾਕਟਰ ਪ੍ਰੇਮ ਨਾਥ ਗਰੋਵਰ ਸਾਬਕਾ ਪ੍ਰਧਾਨ ਨੇ ਦੱਸਿਆ ਕਿ ਸਵੇਰੇ ਮੰਦਿਰ ਵਿੱਚ ਗਣੇਸ਼ ਜੀ ਦੀ ਮੂਰਤੀ ਸੁਸ਼ੋਭਿਤ ਕੀਤੀ ਗਈ,ਜਿਸ ਦੀ ਸ਼ੁਰੂਆਤ ਵਿਧੀ ਪੂਰਵਕ ਸ੍ਰੀ ਗਣਪਤੀ ਜੀ ਦੀ ਪੂਜਾ ਅਰਚਨਾ ਅਤੇ ਆਰਤੀ ਨਾਲ ਕੀਤੀ ਗਈ। ਉਪਰੰਤ ਮੰਦਰ ਵਿੱਚ ਭਗਵਾਨ ਸ੍ਰੀ ਗਣੇਸ਼ ਜੀ ਦੇ ਭਜਨਾ ਦਾ ਗੁਣ ਗਾਣ ਕੀਤਾ ਗਿਆ । ਉਹਨਾਂ ਨੇ ਦੱਸਿਆ ਕਿ 24 ਸਤੰਬਰ ਤੱਕ ਰੋਜ਼ਾਨਾ ਰਾਤ 8 ਵਜੇ ਤੋਂ 10 ਵਜੇ ਤੱਕ ਭਗਵਾਨ ਸ੍ਰੀ ਗਣੇਸ਼ ਦਾ ਗੁਣਗਾਨ ਹੋਵੇਗਾ।25 ਸਿਤੰਬਰ 2026 ਨੂੰ ਸਵੇਰੇ ਹਵਨ ਯੱਗ ਹੋਵੇਗਾ। 25 ਸਿਤੰਬਰ ਨੂੰ ਸਵੇਰੇ 10 ਵਜੇ ਤੋਂ 12 ਵਜੇ ਤੱਕ ਭਗਵਾਨ ਸ੍ਰੀ ਗਣੇਸ਼ ਦਾ ਭਜਨ ਗੁਣਗਾਨ ਹੋਵੇਗਾ।ਲੰਗਰ ਭੰਡਾਰਾਂ ਅਟੁੱਟ ਵਰਤੇਗਾ।

# ਵਕੀਲ ਚੰਦ ਬਣੇ ਸਬ-ਇੰਸਪੈਕਟਰ

**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਪਿੰਡ ਢੇਰ ਦੇ ਏ ਐਸ ਆਈ ਵਕੀਲ ਚੰਦ ਜੋ ਬੀ ਬੀ ਐੱਮ ਬੀ ਸੀ ਆਈ ਡੀ ਨੰਗਲ ਵਿਖੇ ਭਾਖੜਾ ਨੰਗਲ ਪ੍ਰੋਜੈਕਟ ਦੀ ਸੁਰੱਖਿਆ ਲਈ ਤੈਨਾਤ



ਹੈ। ਸਬ ਇੰਸਪੈਕਟਰ ਰੈਂਕ ਵਿਚ ਤਰੱਕੀ ਹੋਣ ਤੇ ਸਟਾਰ ਡੀ ਐੱਸ ਪੀ ਸੁਰਿੰਦਰਪਾਲ ਸਿੰਘ ਲਿੱਦੜ ਅਤੇ ਇੰਸਪੈਕਟਰ ਰਾਜੇਸ਼ ਕੁਮਾਰ ਕਾਲੀਆ ਨੇ ਲਗਾਇਆ। ਇਸ ਮੌਕੇ ਤੇ ਪਿੰਡ ਵਾਸੀਆਂ ਵਿੱਚ ਭਾਰੀ ਖੁਸ਼ੀ ਪਾਈ ਜਾ ਰਹੀ ਹੈ।ਐਸ ਆਈ ਬਣਨ ਤੇ ਕਾਮਰੇਡ ਸੁਰਜੀਤ ਸਿੰਘ ਢੇਰ ਸਾਬਕਾ ਸਰਪੰਚ, ਨੰਬਰਦਾਰ ਸੁਰਿੰਦਰਪਾਲ ਸਿੰਘ, ਐਡਵੋਕੇਟ ਜਤਿੰਦਰਪਾਲ ਸਿੰਘ ਢੇਰ, ਸਾਬਕਾ ਸਰਪੰਚ ਰਜਿੰਦਰ ਸਿੰਘ ਡੋਡ, ਸਰਪੰਚ ਮੱਖਣ ਸਿੰਘ, ਗੁਰਮੀਤ ਸਿੰਘ ਡੋਡ ਸਾਬਕਾ ਸੰਮਤੀ ਮੈਂਬਰ,ਅਮਰੀਕ ਸਿੰਘ ਕਾਕੂ, ਬਰਜਿੰਦਰ ਸਿੰਘ ਡੋਡ, ਜਸਵਿੰਦਰ ਸਿੰਘ ਭੰਗਲ, ਡਾਕਟਰ ਰਵਿੰਦਰ ਨਾਥ,ਚਰਨ ਸਿੰਘ ਅਟਵਾਲ, ਗੁਰਦਿਆਲ ਸਿੰਘ ਅਟਵਾਲ, ਡਾਇਰੈਕਟਰ ਜਸਵਿੰਦਰ ਸਿੰਘ ਬਡਿਆਲ ਨੇ ਵਕੀਲ ਚੰਦ ਤੇ ਉਸ ਦੇ ਪਰਵਾਰ ਨੂੰ ਵਧਾਈਆਂ ਦਿੱਤੀਆਂ।

# ਗੁਰਸ਼ਰਨ ਸਿੰਘ ਦਾ ਜਨਮ ਦਿਨ ਮਨਾਇਆ

**ਮੁਹਾਲੀ (ਗੁਰਜੀਤ ਬਿੱਲਾ)**- ਪੰਜਾਬੀ ਰੰਗਮੰਚ ਦੇ ਸ਼ਾਹ ਅਸਵਾਰ ਗੁਰਸ਼ਰਨ ਸਿੰਘ ਦਾ ਜਨਮ ਦਿਨ ਗੁਰਸ਼ਰਨ ਸਿੰਘ ਮੈਮੋਰੀਅਲ ਗੈਲਰੀ, ਸੈਕਟਰ 70 ਮੋਹਾਲੀ ਵਿੱਚ ਮਨਾਇਆ ਗਿਆ, ਜੋ ਸੁਚੇਤਕ ਸਕੂਲ ਆਫ਼ ਐਕਟਿੰਗ ਵਿੱਚ ਸਥਾਪਤ ਕੀਤੀ ਗਈ ਹੈ। ਇਸ ਦੀ ਸੰਚਾਲਕ ਅਨੀਤਾ ਸ਼ਬਦੀਸ਼ ਨੇ ਦੱਸਿਆ ਕਿ ਇਸ ਦੀ ਸਥਾਪਨਾ 2012 ਰਮਾ ਤਰਨ ਦੇ ਸਹਿਯੋਗ ਨਾਲ ਸਾਰੰਗ ਲੋਕ ਮੋਹਾਲੀ ਵਿੱਚ ਕੀਤੀ ਗਈ ਸੀ। ਇਹ ਗੈਲਰੀ 2019 ਗੁਰਸ਼ਰਨ ਸਿੰਘ ਦੀ ਰਹਾਇਸ਼ ਸੈਕਟਰ 43-ਬੀ ਵਿੱਚ ਸ਼ਿਫਟ ਕੀਤੀ ਗਈ ਸੀ। ਉਸ ਘਰ ਦੀ ਵਿਕਰੀ ਹੋਣ ਤੋਂ ਬਾਅਦ ਚਾਰ ਸਾਲ ਪਹਿਲਾਂ ਦੁਬਾਰਾ ਸ਼ਿਫਟ ਕਰਨੀ ਪਈ ਸੀ। ਇਸ ਗੈਲਰੀ ਵਿੱਚ 2012 ਤੋਂ ਹੀ ਜਨਮ ਦਿਨ ਮਨਾਇਆ ਜਾ ਰਿਹਾ ਹੈ, ਜੋ 16 ਸਤੰਬਰ ਨੂੰ ਹੁੰਦਾ ਹੈ। ਇਹ ਦਿਨ ਉਨ੍ਹਾਂ ਦੇ ਜੱਦੀ ਘਰ ਅੰਮ੍ਰਿਤਸਰ ਵਿੱਚ ਵੀ ਮਨਾਇਆ ਜਾ ਰਿਹਾ ਹੈ। ਅਸੀਂ ਉਸ ਵਿੱਚ ਸ਼ਿਰਕਤ ਕਰਨ ਜਾ ਰਹੇ ਹਾਂ। ਇਹ ਲਗਾਤਾਰਤਾ ਬਣਾਈ ਰੱਖਣ ਲਈ ਹੀ ਇੱਕ ਦਿਨ ਪਹਿਲਾਂ ਮੋਹਾਲੀ ਗੈਲਰੀ ਵਿੱਚ ਦਿਨ ਮਨਾਇਆ ਜਾ ਰਿਹਾ ਹੈ। ਇਸ ਮੌਕੇ 'ਤੇ ਸੁਰਿੰਦਰ ਗਿੱਲ, ਡਾ. ਰੌਣਕੀ ਰਾਮ, ਸੁਨੀਲ ਸਿਨਹਾ, ਗੌਬਿਨ ਬਤਰਾ, ਗੁਰਨਾਮ ਕੰਵਰ, ਸਰਦਾਰਾ ਸਿੰਘ ਚੀਮਾ, ਭੂਪਿੰਦਰ ਸਿੰਘ ਮਲਿਕ ਨੇ ਸ਼ਿਰਕਤ ਕੀਤੀ। ਕੇਂਦਰੀ ਪੰਜਾਬੀ ਲੇਖਕ ਸਭਾ (ਰਾਜਿ.) ਦੇ ਜਨਰਲ ਸਕੱਤਰ ਸੁਸ਼ੀਲ ਦੁਸਾਂਝ ਨੇ ਬੋਲਦਿਆਂ ਕਿਹਾ ਕਿ ਗੁਰਸ਼ਰਨ ਸਿੰਘ



ਸਾਲ ਦੇ 365 ਦਿਨਾਂ 'ਚੋਂ 280 ਦਿਨ ਪਿੰਡਾਂ ਵਿੱਚ ਨਾਟਕ ਕਰਨ ਜਾਂਦੇ ਹਨ। ਉਹ ਇਸ ਪੱਖ ਤੋਂ ਇਤਿਹਾਸਕ ਹਸਤੀ ਹਨ, ਜਿਸ ਦਾ ਮੁਕਾਬਲਾ ਸ਼ਾਇਦ ਹੀ ਕੋਈ ਨਾਟਕਕਾਰ ਕਰ ਸਕੇਗਾ। ਇਸ ਤੋਂ ਵੱਡੀ ਗੱਲ ਹੈ ਕਿ ਉਹ ਹਰ ਨਾਟਕ ਵਿੱਚ ਕੋਈ ਨਾ ਕੋਈ ਸਵਾਲ ਉਠਾਉਂਦੇ ਸਨ। ਇਹ ਤੁਸੀਂ ਅੱਜ ਖੇਡੇ 'ਨਵਾਂ ਜਨਮ' ਨਾਟਕ ਵਿੱਚ ਵੀ ਵੇਖ ਸਕਦੇ ਹੋ। ਡਾ. ਰੌਣਕੀ ਰਾਮ, ਗੁਰਨਾਮ ਕੰਵਰ ਤੇ ਸੁਰਿੰਦਰ ਗਿੱਲ ਨੇ ਆਪੋ-ਆਪਣੇ ਸਮੇਂ ਦੀਆਂ ਯਾਦਾਂ ਸਾਂਝੀਆਂ ਕੀਤੀਆਂ। ਇਸ ਗੱਲਬਾਤ ਇੱਕੋ ਵੇਲ਼ੇ ਕਈ ਪੀੜ੍ਹੀਆਂ ਦਾ ਅਨੁਭਵ ਸੀ, ਜਿਸਨੇ ਨਵੇਂ ਕਲਾਕਾਰਾਂ ਪ੍ਰਭਾਵਤ ਕੀਤਾ। ਗੁਰਸ਼ਰਨ ਸਿੰਘ ਨੂੰ ਯਾਦ ਕਰਦਿਆਂ ਸ਼ਬਦੀਸ਼ ਨੇ ਕਿਹਾ ਕਿ 2029 ਉਨ੍ਹਾਂ ਦਾ ਸ਼ਤਾਬਦੀ ਸਾਲ ਹੈ ਤੇ ਅਸੀਂ ਹੁਣੇ ਤੋਂ ਸੋਚ ਰਹੇ ਹਾਂ ਕਿ ਉਸ ਸਾਲ ਨੂੰ ਕਿਵੇਂ ਮਨਾਇਆ ਜਾਵੇਗਾ? ਇਸ ਅਵਸਰ 'ਤੇ ਗੁਰਸ਼ਰਨ ਸਿੰਘ ਦਾ ਨਾਟਕ 'ਨਵਾਂ ਜਨਮ' ਖੇਡਿਆ ਗਿਆ। ਇਹ ਨਾਟਕ ਸਰਵਮੀਤ ਦੀ ਕਹਾਣੀ 'ਕਲਾਣ' 'ਤੇ ਅਧਾਰਤ ਹੈ, ਜੋ ਜਾਤ ਦਾ ਸਾਂਸੀ ਹੈ ਅਤੇ ਪਿੰਡ ਦੇ ਵੱਡੇ ਲੋਕਾਂ ਦੀ ਬੁੱਤੀਆਂ ਕਰਨ ਨੂੰ ਆਪਣੇ ਵੱਡ-ਵਡੇਰਿਆਂ ਦੀ ਵਿਰਾਸਤ ਸਮਝਦਾ ਸਮਝ ਕੇ ਸੇਵਾ-ਭਾਵ ਨਾਲ ਕਰਦਾ ਹੈ। ਜਦ ਉਸਨੂੰ ਅਹਿਸਾਸ ਹੁੰਦਾ ਹੈ ਕਿ ਉੱਚ ਜਾਤੀ ਲੋਕਾਂ ਦਾ ਘੁਮੰਡ ਤਾਂ ਉਸ ਨੂੰ ਗੁਲਾਮ ਸਮਝਦਾ ਹੈ। ਜਦੋਂ ਉਨ੍ਹਾਂ ਦਾ ਪੁੱਤਰ ਬਲਦੇਵ ਸਿੰਘ 50ਵਾਂ ਜਨਮ ਦਿਨ ਮਨਾਉਂਦਾ ਹੈ ਤਾਂ ਉਹ ਐਲਾਨ ਕਰਦਾ ਹੈ ਕਿ ਹੁਣ ਸਾਂਸੀਆਂ ਦਾ ਸ਼ਿੱਬੂ ਨਹੀਂ ਹਾਂ, ਨਸੀਬ ਸਿੰਘ ਮਾਹਲਾ ਬਣ ਗਿਆ ਹਾਂ, ਕਿਉਂਕਿ ਪੰਜਾਹ ਸਾਲਾਂ ਬਾਅਦ ਮੇਰਾ ਨਵਾਂ ਜਨਮ ਦਿਨ ਹੋਇਆ ਹੈ। ਇਸ ਨਾਟਕ ਵਿੱਚ ਨਿਰਦੇਸ਼ਕਾ ਅਨੀਤਾ ਸ਼ਬਦੀਸ਼, ਇਕੱਤਰ ਸਿੰਘ, ਤਜਿੰਦਰ ਸਿੰਘ, ਰਾਹੁਲ ਰਾਏ ਤੇ ਮਹਿੰਦਰ ਸਿੰਘ ਨੇ ਭੂਮਿਕਾਵਾਂ ਅਦਾ ਕੀਤੀਆਂ।

# ਚੱਬੇਵਾਲ ਨੇ ਬਲਾਕ ਪੱਧਰੀ ਟੈਨਿਸ ਬਾਲ ਕ੍ਰਿਕਟ ਮੁਕਾਬਲਿਆਂ ਦਾ ਕੀਤਾ ਉਦਘਾਟਨ

**ਫ਼ਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)**- ਮੈਂਬਰ ਪਾਰਲੀਮੈਂਟ ਡਾ. ਰਾਜ ਕੁਮਾਰ ਚੱਬੇਵਾਲ ਨੇ ਪਿੰਡ ਰਾਮਪੁਰ ਸੁੰਨੜਾ ਵਿਖੇ 'ਖੇਡਾਂ ਵਤਨ ਪੰਜਾਬ ਦੀਆਂ' ਤਹਿਤ ਬਲਾਕ ਪੱਧਰੀ ਟੈਨਿਸ ਬਾਲ ਕ੍ਰਿਕਟ ਮੁਕਾਬਲਿਆਂ ਦਾ ਉਦਘਾਟਨ ਕੀਤਾ, ਜਿਸ ਨਾਲ ਨੌਜਵਾਨ ਖਿਡਾਰੀਆਂ ਨੂੰ ਜ਼ਮੀਨੀ ਪੱਧਰ 'ਤੇ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨ ਅਤੇ ਮੁਕਾਬਲਾ ਕਰਨ ਦਾ ਮੌਕਾ ਮਿਲਿਆ ਹੈ।



ਖਿਡਾਰੀਆਂ ਨਾਲ ਮੁਲਾਕਾਤ ਕਰਨ ਤੋਂ ਬਾਅਦ ਇਕੱਠ ਨੂੰ ਸੰਬੋਧਨ ਕਰਦਿਆਂ ਡਾ. ਚੱਬੇਵਾਲ ਨੇ ਦੱਸਿਆ ਕਿ 'ਖੇਡਾਂ ਵਤਨ ਪੰਜਾਬ ਦੀਆਂ' ਖੇਡ ਮਹਾਕੁੰਭ ਦੇ ਹਿੱਸੇ ਵਜੋਂ ਇਸ ਸਾਲ ਪਹਿਲੀ ਵਾਰ ਟੈਨਿਸ ਬਾਲ ਕ੍ਰਿਕਟ ਨੂੰ ਸ਼ਾਮਲ ਕੀਤਾ ਗਿਆ ਹੈ। ਉਨ੍ਹਾਂ ਦੱਸਿਆ ਕਿ ਇਹ ਮੁਕਾਬਲੇ ਕਪੂਰਥਲਾ ਜ਼ਿਲ੍ਹੇ ਦੇ ਸਾਰੇ ਪੰਜ ਬਲਾਕਾਂ ਵਿੱਚ ਕਰਵਾਏ ਜਾ ਰਹੇ ਹਨ ਅਤੇ ਇਹ 14 ਸਾਲ ਅਤੇ ਇਸ ਤੋਂ ਵੱਧ ਉਮਰ ਦੇ ਮਰਦਾਂ ਤੇ ਔਰਤਾਂ ਲਈ ਖੁੱਲ੍ਹੇ ਹਨ। ਉਨ੍ਹਾਂ ਦੱਸਿਆ ਕਿ ਕਪੂਰਥਲਾ ਬਲਾਕ ਵਿੱਚ ਟੈਨਿਸ ਬਾਲ ਕ੍ਰਿਕਟ ਮੁਕਾਬਲੇ 17 ਸਤੰਬਰ ਨੂੰ ਸਕੂਲ ਆਫ਼ ਐਮੀਨੈਂਸ, ਕਪੂਰਥਲਾ ਵਿਖੇ ਕਰਵਾਏ ਜਾ ਰਹੇ ਹਨ। ਫ਼ਗਵਾੜਾ ਬਲਾਕ ਵਿੱਚ ਰਾਮਪੁਰ ਸੁੰਡਾਂ ਵਿਖੇ, ਜਦਕਿ ਸੁਲਤਾਨਪੁਰ ਲੋਧੀ ਬਲਾਕ ਵਿੱਚ ਅਕਾਲ ਅਕੈਡਮੀ ਸਕੂਲ, ਸੁਲਤਾਨਪੁਰ ਲੋਧੀ ਵਿਖੇ ਮੈਚ ਆਯੋਜਿਤ ਕੀਤੇ ਜਾ ਰਹੇ ਹਨ। ਇਸੇ ਤਰ੍ਹਾਂ ਨਡਾਲਾ ਬਲਾਕ ਦੇ ਮੈਚ ਜੀ ਐਚ ਐਸ ਸਕੂਲ ਖ਼ਾਸਾਂ ਅਤੇ ਢਿਲਵਾਂ ਬਲਾਕ ਦੇ ਮੈਚ ਜੀ ਐਸ ਐਸ ਸਕੂਲ ਢਿਲਵਾਂ ਵਿਖੇ ਕਰਵਾਏ ਜਾ ਰਹੇ ਹਨ। ਐੱਮ ਪੀ ਨੇ ਦੱਸਿਆ ਕਿ ਇਹ ਮੈਚ ਪੁਆਇੰਟ ਪ੍ਰਣਾਲੀ ਦੇ ਆਧਾਰ 'ਤੇ ਛੇ-ਛੇ ਓਵਰਾਂ ਦੇ ਫਾਰਮੈਟ ਵਿੱਚ ਖੇਡੇ ਜਾ ਰਹੇ ਹਨ ਅਤੇ ਬਿਹਤਰੀਨ ਪ੍ਰਦਰਸ਼ਨ ਕਰਨ ਵਾਲੇ ਖਿਡਾਰੀਆਂ ਨੂੰ ਜ਼ਿਲ੍ਹਾ ਪੱਧਰ 'ਤੇ ਚੋਣ ਲਈ ਵਿਚਾਰਿਆ ਜਾਵੇਗਾ। ਉਨ੍ਹਾਂ ਦੱਸਿਆ ਕਿ ਭਾਗ ਲੈਣ ਲਈ ਘੱਟੋ-ਘੱਟ ਉਮਰ 14 ਸਾਲ ਹੈ, ਜਿਸ ਲਈ ਭਾਗੀਦਾਰਾਂ ਦਾ ਜਨਮ 1 ਜਨਵਰੀ 2012 ਨੂੰ ਜਾਂ ਇਸ ਤੋਂ ਪਹਿਲਾਂ ਹੋਣਾ ਜ਼ਰੂਰੀ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਇਨ੍ਹਾਂ ਮੁਕਾਬਲਿਆਂ ਵਿੱਚ ਐਲ ਬੀ ਡਬਲਿਊ ਦਾ ਨਿਯਮ ਲਾਗੂ ਨਹੀਂ ਹੋਵੇਗਾ। ਡਾ. ਚੱਬੇਵਾਲ ਨੇ ਕਿਹਾ ਕਿ ਪੰਜਾਬ ਸਰਕਾਰ ਖੇਡ ਢਾਂਚੇ ਨੂੰ ਮਜ਼ਬੂਤ ਕਰਨ ਅਤੇ ਸੂਬੇ ਭਰ ਵਿੱਚ ਖੇਡ ਪ੍ਰਤਿਭਾ ਨੂੰ ਉਤਸ਼ਾਹਿਤ ਕਰਨ 'ਤੇ ਵਿਸ਼ੇਸ਼ ਜ਼ੋਰ ਦੇ ਰਹੀ ਹੈ। ਉਨ੍ਹਾਂ ਕਿਹਾ ਕਿ ਖੇਡਾਂ ਵਿੱਚ ਵਧੇਰੇ ਨਿਵੇਸ਼, ਖੇਡ ਮੈਦਾਨਾਂ ਤੇ ਖੇਡ ਸਹੂਲਤਾਂ ਦਾ ਵਿਕਾਸ ਅਤੇ ਅਥਲੀਟਾਂ ਨੂੰ ਬਲਾਕ, ਜ਼ਿਲ੍ਹਾ ਤੇ ਰਾਜ ਪੱਧਰ 'ਤੇ ਮੁਕਾਬਲਾ ਕਰਨ ਦੇ ਮੌਕੇ ਪੰਜਾਬ ਵਿੱਚ ਇੱਕ ਮਜ਼ਬੂਤ ਖੇਡ ਵਾਤਾਵਰਣ ਸਿਰਜਣ ਵਿੱਚ ਮਦਦ ਕਰ ਰਹੇ ਹਨ।

# ਸਾਲਾਨਾ ਜਾਗਰਣ 26 ਨੂੰ

**ਫਿਲਵਾਂ (ਪਲਵਿੰਦਰ ਸਿੰਘ ਜੈ ਰਾਮਪੁਰ)**- ਵੈਸ਼ਨੋ ਮੰਡਲੀ ਫਿਲਵਾਂ ਵੱਲੋਂ ਸਮੂਹ ਨਗਰ ਨਿਵਾਸੀਆਂ ਦੇ ਸਹਿਯੋਗ ਨਾਲ ਮਾਤਾ ਰਾਣੀ ਜੀ ਦਾ ਸਾਲਾਨਾ ਜਾਗਰਣ 26 ਸਤੰਬਰ ਨੂੰ ਕਿਸ਼ੋਰੀ ਵਾਲਾ ਚੌਂਕ ਫਿਲਵਾਂ ਵਿਖੇ ਬਹੁਤ ਹੀ ਧੂਮ-ਧਾਮ ਨਾਲ ਕਰਵਾਇਆ ਜਾ ਰਿਹਾ ਹੈ। ਵੈਸ਼ਨੋ ਭਜਨ ਮੰਡਲੀ ਦੇ ਰਾਜਨ ਸ਼ਰਮਾ, ਜਤਿੰਦਰ ਸ਼ਰਮਾ ਨੇ ਦੱਸਿਆ ਕਿ ਮਹਾਕਾਲ ਤਾਂਡਵ ਗਰੁੱਪ, ਆਸ਼ੂ ਸਿਕੰਦਰ,ਕੁਮਾਰ ਜਤਿਨ ਮਾਤਾ ਦੀਆਂ ਭੇਟਾਂ ਗਾ ਕੇ ਹਾਜ਼ਿਰ ਸੰਗਤਾਂ ਨੂੰ ਨਿਹਾਲ ਕਰਨਗੇ, ਲੰਗਰ ਭੰਡਾਰਾ ਅਟੁੱਟ ਵਰਤੇਗਾ।ਇਸ ਮੌਕੇ ਮਨਦੀਪ, ਸ਼ਰਨਜੀਤ, ਰੁਪਿੰਦਰ, ਰਣਜੀਤ, ਸਚਿਨ, ਵਿਕਾਸ, ਜਸਵਿੰਦਰ, ਸਾਜਨ, ਨਰਿੰਦਰ, ਹਰਭਜਨ, ਸ਼ਮਸ਼ੇਰ ਆਦਿ ਹਾਜ਼ਰ ਸਨ।

# ਸਵਾਤੀ ਤੇ ਦੀਕਸ਼ਾ ਨੂੰ ਗਹਿਰਾ ਸਦਮਾ, ਮਾਤਾ ਦਾ ਦੇਹਾਂਤ



**ਸ੍ਰੀ ਅਨੰਦਪੁਰ ਸਾਹਿਬ (ਅਰਵਿੰਦਰ ਸਿੰਘ ਬਿੰਦੀ)**- ਗੁਰੂ ਨਗਰੀ ਸ੍ਰੀ ਅਨੰਦਪੁਰ ਸਾਹਿਬ ਦੇ ਨਿਵਾਸੀ ਸਵਾਤੀ ਅਤੇ ਦੀਕਸ਼ਾ ਨੂੰ ਉਸ ਸਮੇਂ ਗਹਿਰਾ ਸਦਮਾ ਲੱਗਾ, ਜਦੋਂ ਉਨ੍ਹਾਂ ਦੀ ਮਾਤਾ ਇੰਦੂ ਬਾਲਾ ਦਾ ਦੇਹਾਂਤ ਹੋ ਗਿਆ। ਇੰਦੂ ਬਾਲਾ 57 ਸਾਲਾਂ ਦੇ ਸਨ ਅਤੇ ਸੀਨੀਅਰ ਲੈਬ ਅਸਿਸਟੈਂਟ ਵਜੋਂ ਆਪਣੀਆਂ ਸੇਵਾਵਾਂ ਨਿਭਾਉਣ ਤੋਂ ਬਾਅਦ ਪਿਛਲੇ ਕੁਝ ਸਮੇਂ ਤੋਂ ਬਿਮਾਰ ਚੱਲ ਰਹੇ ਸਨ। ਬਿਮਾਰੀ ਦੇ ਚੱਲਦਿਆਂ ਉਨ੍ਹਾਂ ਨੇ ਆਖ਼ਰੀ ਸਾਹ ਲਿਆ।ਇੰਦੂ ਬਾਲਾ ਦੇ ਦੇਹਾਂਤ ਨਾਲ ਪਰਵਾਰ ਅਤੇ ਉਨ੍ਹਾਂ ਨੂੰ ਜਾਣਨ ਵਾਲਿਆਂ ਵਿੱਚ ਸੋਗ ਦੀ ਲਹਿਰ ਦੌੜ ਗਈ।

ਉਹ ਆਪਣੇ ਪਿੱਛੇ ਦੋ ਬੇਟੀਆਂ ਸਵਾਤੀ ਅਤੇ ਦੀਕਸ਼ਾ ਸਮੇਤ ਪਰਵਾਰਕ ਮੈਂਬਰਾਂ ਨੂੰ ਛੱਡ ਗਏ ਹਨ। ਦੱਸਿਆ ਜਾਂਦਾ ਹੈ ਕਿ ਇਸ ਤੋਂ ਪਹਿਲਾਂ ਇੰਦੂ ਬਾਲਾ ਦੀ ਮਾਤਾ ਅਤੇ ਉਨ੍ਹਾਂ ਦੇ ਪਤੀ ਦਾ ਵੀ ਦੇਹਾਂਤ ਹੋ ਚੁੱਕਾ ਹੈ। ਪਰਵਾਰ ਲਈ ਇਹ ਲਗਾਤਾਰ ਵਾਪਰੇ ਦੁੱਖਦਾਈ ਵਿਛੋੜੇ ਬੇਹੱਦ ਪੀੜਾਦਾਇਕ ਹਨ। ਇੰਦੂ ਬਾਲਾ ਦੇ ਦੇਹਾਂਤ ਦੀ ਖ਼ਬਰ ਮਿਲਦਿਆਂ ਹੀ ਵੱਖ-ਵੱਖ ਵਰਗਾਂ ਨਾਲ ਸਬੰਧਤ ਲੋਕਾਂ ਵੱਲੋਂ ਪਰਵਾਰ ਨਾਲ ਦੁੱਖ ਸਾਂਝਾ ਕੀਤਾ ਗਿਆ। ਇਸ ਦੁੱਖ ਦੀ ਘੜੀ ਵਿੱਚ ਪਰਿਵਾਰ ਨਾਲ ਹਮਦਰਦੀ ਪ੍ਰਗਟ ਕਰਦਿਆਂ ਨੀਰਜ ਵਰਮਾ ਸਮੇਤ ਹੋਰਨਾਂ ਨੇ ਗਹਿਰੇ ਦੁੱਖ ਦਾ ਪ੍ਰਗਟਾਵਾ ਕੀਤਾ। ਉਨ੍ਹਾਂ ਕਿਹਾ ਕਿ ਮਾਤਾ ਇੰਦੂ ਬਾਲਾ ਦਾ ਵਿਛੋੜਾ ਪਰਿਵਾਰ ਲਈ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਹੈ।

# ਭਗਤ ਚੂੰਨੀ ਲਾਲ ਦੇ ਦੇਹਾਂਤ 'ਤੇ ਸਿਸੋਦੀਆ ਨੇ ਭਗਤ ਪਰਵਾਰ ਨਾਲ ਦੁੱਖ ਸਾਂਝਾ ਕੀਤਾ

**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ, ਇਕਬਾਲ ਸਿੰਘ ਉਭੀ)**- ਪੰਜਾਬ ਦੇ ਕੈਬਨਿਟ ਮੰਤਰੀ ਮੋਹਿੰਦਰ ਭਗਤ ਦੇ ਪਿਤਾ ਅਤੇ ਪੰਜਾਬ ਦੇ ਸਾਬਕਾ ਮੰਤਰੀ ਭਗਤ ਚੂੰਨੀ ਲਾਲ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ ਕਰਨ ਲਈ ਦਿੱਲੀ ਦੇ ਸਾਬਕਾ ਉਪ ਮੁੱਖ ਮੰਤਰੀ ਮਨੀਸ਼ ਸਿਸੋਦੀਆ ਬੁੱਧਵਾਰ ਨੂੰ ਜਲੰਧਰ ਪਹੁੰਚੇ। ਉਨ੍ਹਾਂ ਨੇ ਜੇ ਪੀ ਨਗਰ ਸਥਿਤ ਕੈਬਨਿਟ ਮੰਤਰੀ ਮੋਹਿੰਦਰ ਭਗਤ ਦੇ ਨਿਵਾਸ 'ਤੇ ਪਹੁੰਚ ਕੇ ਭਗਤ ਪਰਿਵਾਰ ਨਾਲ ਦੁੱਖ ਸਾਂਝਾ ਕੀਤਾ ਅਤੇ ਵਿਛੜੀ ਰੂਹ ਨੂੰ ਸ਼ਰਧਾਂਜਲੀ ਭੇਟ ਕੀਤੀ। ਇਸ ਮੌਕੇ ਮੋਹਿੰਦਰ ਭਗਤ ਦੇ ਭਰਾ ਅਸ਼ਵਨੀ ਭਗਤ ਪੁੱਤਰ ਅਤੁਲ ਭਗਤ, ਭਤੀਜੇ ਚੰਦਨ ਭਗਤ ਸਮੇਤ ਪਰਵਾਰ ਦੇ ਹੋਰ ਮੈਂਬਰ ਮੌਜੂਦ ਸਨ।ਮਨੀਸ਼ ਸਿਸੋਦੀਆ ਨੇ ਪਰਵਾਰਕ ਮੈਂਬਰਾਂ ਨਾਲ ਮੁਲਾਕਾਤ ਕਰਦਿਆਂ ਇਸ ਦੁੱਖ ਦੀ ਘੜੀ ਵਿੱਚ ਉਨ੍ਹਾਂ ਨੂੰ ਹੌਸਲਾ ਅਤੇ ਧੀਰਜ ਬਣਾਈ ਰੱਖਣ ਦਾ ਸੰਦੇਸ਼ ਦਿੱਤਾ। ਇਸ ਮੌਕੇ ਮਨੀਸ਼ ਸਿਸੋਦੀਆ ਨੇ ਕਿਹਾ ਕਿ ਭਗਤ ਚੂੰਨੀ ਲਾਲ ਦਾ ਸਮਾਜਿਕ ਅਤੇ ਰਾਜਨੀਤਿਕ ਖੇਤਰ ਵਿੱਚ ਮਹੱਤਵਪੂਰਨ ਯੋਗਦਾਨ ਰਿਹਾ ਹੈ। ਉਨ੍ਹਾਂ ਨੇ ਆਪਣੇ ਲੰਮੇ ਜਨਤਕ ਜੀਵਨ ਦੌਰਾਨ ਆਮ ਲੋਕਾਂ ਦੇ ਹਿੱਤਾਂ ਲਈ ਨਿਰੰਤਰ ਕੰਮ ਕੀਤਾ ਅਤੇ ਸਮਾਜ ਵਿੱਚ ਆਪਣੀ ਵਿਲੱਖਣ ਪਛਾਣ ਬਣਾਈ। ਕੈਬਨਿਟ ਮੰਤਰੀ ਮੋਹਿੰਦਰ ਭਗਤ ਨੇ ਮਨੀਸ਼ ਸਿਸੋਦੀਆ ਵੱਲੋਂ ਪਰਵਾਰ ਨਾਲ ਦੁੱਖ ਸਾਂਝਾ ਕਰਨ ਅਤੇ ਸੰਵੇਦਨਾਵਾਂ ਪ੍ਰਗਟ ਕਰਨ ਲਈ ਉਨ੍ਹਾਂ ਦਾ ਧੰਨਵਾਦ ਕੀਤਾ। ਇਸ ਮੌਕੇ ਹਲਕਾ ਵਿਧਾਇਕ ਕਰਤਾਰਪੁਰ ਬਲਕਾਰ ਸਿੰਘ, ਸੈਰ ਸਪਾਟਾ ਤੇ ਸਭਿਆਚਾਰਕ ਮਾਮਲਿਆਂ ਦੇ ਸਲਾਹਕਾਰ ਦੀਪਕ ਬਾਲੀ, ਮੇਅਰ ਅਤੇ ਹਲਕਾ ਨਾਰਥ ਦੇ ਇੰਚਾਰਜ ਵਿਨੀਤ ਧੀਰ, ਚੇਅਰਮੈਨ ਜ਼ਿਲ੍ਹਾ ਯੋਜਨਾ ਕਮੇਟੀ ਅਤੇ ਜ਼ਿਲ੍ਹਾ ਪ੍ਰਧਾਨ ਆਪ (ਸ਼ਹਿਰੀ) ਅੰਮ੍ਰਿਤਪਾਲ ਸਿੰਘ, ਪੰਜਾਬ ਗਊ



ਸੇਵਾ ਕਮਿਸ਼ਨ ਦੇ ਉਪ ਚੇਅਰਮੈਨ ਕੀਮਤੀ ਭਗਤ, ਹਲਕਾ ਸੈਂਟਰਲ ਦੇ ਇੰਚਾਰਜ ਨਿਤਿਨ ਕੋਹਲੀ, ਰਵਿੰਦਰ ਬੰਸਲ, ਸਾਬਕਾ ਵਿਧਾਇਕ ਬੰਸਲ, ਹਰਚਰਨ ਸਿੰਘ ਸੰਧੂ, ਰਾਜਵਿੰਦਰ ਕੌਰ ਥਿਆੜਾ, ਜ਼ਿਲ੍ਹਾ ਪ੍ਰਧਾਨ ਆਪ (ਦਿਹਾਤੀ) ਪ੍ਰਦੀਪ ਦੁੱਗਲ, ਭਾਰਤ ਭੂਸ਼ਣ ਜੈਰਥ, ਓਂਕਾਰ ਟਿੱਕਾ, ਅਯੂਬ ਦੁੱਗਲ, ਸੌਰਭ ਸੇਠ, ਕੁਲਦੀਪ ਭਗਤ ਗਗਨ ਸਮੇਤ ਜਲੰਧਰ ਵੈਸਟ ਦੇ ਸਾਰੇ ਕੌਂਸਲਰ, ਚੇਅਰਮੈਨ ਅਤੇ ਹੋਰ ਪਤਵੰਤੇ ਹਾਜ਼ਰ ਸਨ।ਸਾਰੇ ਆਗੂਆਂ ਅਤੇ ਪਤਵੰਤਿਆਂ ਨੇ ਸਾਬਕਾ ਮੰਤਰੀ ਭਗਤ ਚੂੰਨੀ ਲਾਲ ਨੂੰ ਸ਼ਰਧਾਂਜਲੀ ਭੇਟ ਕਰਦਿਆਂ ਉਨ੍ਹਾਂ ਦੇ ਦੇਹਾਂਤ 'ਤੇ ਡੂੰਘੇ ਦੁੱਖ ਦਾ ਪ੍ਰਗਟਾਵਾ ਕੀਤਾ।

# 'ਫੈਸਟਸ਼ਿਫ਼ਟ: ਏ ਟ੍ਰਿਬਿਊਟ ਟੂ ਦ ਅਕਾਦਮਿਕ ਲੀਡਰਸ਼ਿਪ ਐਂਡ ਮੈਂਟਰਸ਼ਿਪ ਆਫ਼ ਪ੍ਰੋ. ਭੀਮ ਐੱਸ. ਦਹੀਆ' ਲੋਕ ਅਰਪਣ

**ਚੰਡੀਗੜ੍ਹ (ਗੁਰਜੀਤ ਬਿੱਲਾ)**- ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਦੇ ਆਈ ਸੀ ਐੱਸ ਐੱਸ ਆਰ ਸੈਮੀਨਾਰ ਹਾਲ ਵਿਖੇ ਇੱਕ ਵਿਸ਼ੇਸ਼ ਸਮਾਰੋਹ ਕਰਵਾਇਆ ਗਿਆ, ਜਿਸ ਵਿੱਚ ਪ੍ਰੋ. ਭੀਮ ਐੱਸ ਦਹੀਆ ਦੇ ਸਨਮਾਨ ਵਜੋਂ 'ਫੈਸਟਸ਼ਿਫ਼ਟ: ਏ ਟ੍ਰਿਬਿਊਟ ਟੂ ਦ ਅਕਾਦਮਿਕ ਲੀਡਰਸ਼ਿਪ ਐਂਡ ਮੈਂਟਰਸ਼ਿਪ ਆਫ਼ ਪ੍ਰੋ. ਭੀਮ ਐੱਸ ਦਹੀਆ' ਲੋਕ ਅਰਪਣ ਕੀਤੀ ਗਈ।ਇਹ ਪੁਸਤਕ ਉੱਘੇ ਵਿਦਵਾਨ, ਆਲੋਚਕ, ਸਾਹਿਤਕ ਅਧਿਆਪਕ ਅਤੇ ਪ੍ਰਸ਼ਾਸਕ ਪ੍ਰੋਫੈਸਰ ਭੀਮ ਐੱਸ ਦਹੀਆ ਦੇ ਜੀਵਨ, ਸਕਾਰਲਸ਼ਿਪ, ਗਤੀਸ਼ੀਲ ਅਗਵਾਈ ਅਤੇ ਪ੍ਰੇਰਨਾਦਾਇਕ ਮਾਰਗਦਰਸ਼ਨ ਨੂੰ ਸਮਰਪਿਤ ਹੈ।ਇਸ ਮੌਕੇ 'ਤੇ ਆਪਣੇ ਸੰਬੋਧਨ ਵਿੱਚ, ਪ੍ਰੋ. ਭੀਮ ਐੱਸ. ਦਹੀਆ ਨੇ ਇਸ ਪੁਸਤਕ ਨੂੰ ਤਿਆਰ ਕਰਨ ਲਈ ਆਪਣੇ ਸਾਥੀਆਂ, ਵਿਦਿਆਰਥੀਆਂ ਅਤੇ ਸੰਪਾਦਕੀ ਟੀਮ ਦਾ ਤਹਿ ਦਿਲੋਂ ਧੰਨਵਾਦ ਕੀਤਾ। ਉਨ੍ਹਾਂ ਨੇ ਆਪਣੇ ਅਕਾਦਮਿਕ ਸਫ਼ਰ ਨੂੰ ਯਾਦ ਕਰਦਿਆਂ ਆਧੁਨਿਕ ਸਿੱਖਿਆ ਵਿੱਚ ਆਲੋਚਨਾਤਮਕ ਸੋਚ, ਮਾਰਗ-ਦਰਸ਼ਨ ਅਤੇ ਨੈਤਿਕ ਅਗਵਾਈ ਦੀ ਅਹਿਮ ਭੂਮਿਕਾ 'ਤੇ ਜ਼ੋਰ ਦਿੱਤਾ।ਪੁਸਤਕ ਦੇ ਸੰਪਾਦਕ ਡਾ. ਸੁਸ਼ਮਾ ਆਰੀਆ ਅਤੇ ਪ੍ਰੋ. ਐੱਸ ਪੀ ਐੱਸ ਦਹੀਆ ਨੇ ਕਿਹਾ ਕਿ ਇਹ ਪ੍ਰਕਾਸ਼ਨ ਸਾਹਿਤਕ ਖੋਜ, ਅਕਾਦਮਿਕ ਅਗਵਾਈ ਅਤੇ ਮਾਰਗ-ਦਰਸ਼ਨ




ਪ੍ਰਤੀ ਪ੍ਰੋ. ਦਹੀਆ ਦੇ ਜੀਵਨ-ਭਰ ਦੇ ਸਮਰਪਣ ਅਤੇ ਉਚੇਰੀ ਸਿੱਖਿਆ ਦੇ ਖੇਤਰ ਵਿੱਚ ਉਨ੍ਹਾਂ ਦੇ ਸ਼ਾਨਦਾਰ ਯੋਗਦਾਨ ਲਈ ਵਿਸ਼ੇਸ਼ ਸਨਮਾਨ ਹੈ। ਸਿੱਖਿਆ, ਅਗਵਾਈ ਅਤੇ ਸਾਹਿਤਕ ਵਿਰਾਸਤ ਨੂੰ ਉਜਾਗਰ ਕਰਨ ਵਾਲੀ, ਹਾਲ ਹੀ ਵਿੱਚ ਜਾਰੀ ਕੀਤੀ ਗਈ 'ਫੈਸਟਸ਼ਿਫ਼ਟ' ਪ੍ਰੋਫੈਸਰ ਭੀਮ ਐੱਸ ਦਹੀਆ ਦੇ ਅਕਾਦਮਿਕ ਅਤੇ ਜਨਤਕ ਖੇਤਰਾਂ ਵਿੱਚ ਪਾਏ ਗਏ ਵੱਡਮੁੱਲੇ ਯੋਗਦਾਨ ਨੂੰ ਸਮਰਪਿਤ ਹੈ।ਇਸ ਸਮਾਗਮ ਵਿੱਚ ਪੰਜਾਬ ਯੂਨੀਵਰਸਿਟੀ ਦੇ ਅੰਗਰੇਜ਼ੀ ਵਿਭਾਗ ਦੇ ਸੇਵਾ-ਮੁਕਤ ਪ੍ਰੋਫੈਸਰ, ਪ੍ਰੋ. ਸ਼ੈਲੀ ਵਾਲੀਆ ਨੇ ਮੁੱਖ ਮਹਿਮਾਨ ਵਜੋਂ ਅਤੇ ਈ ਐੱਫ ਐੱਲ ਯੂ, ਹੈਦਰਾਬਾਦ ਦੇ ਸਾਬਕਾ ਉਪ-ਕੁਲਪਤੀ ਡਾ. ਅਭੈ ਮੌਰਿਆ ਨੇ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕੀਤੀ। ਇਸ ਸਮਾਗਮ ਦੀ ਪ੍ਰਧਾਨਗੀ ਸੈਂਟਰਲ ਯੂਨੀਵਰਸਿਟੀ, ਨਾਰਨੌਲ ਦੇ ਸਾਬਕਾ ਉਪ-ਕੁਲਪਤੀ ਡਾ. ਆਰ. ਸੀ. ਕੁਹਾਡ ਨੇ ਕੀਤੀ।ਇਸ ਮੌਕੇ ਪ੍ਰੋ. ਕੇ ਕੇ ਗੌਤਮ, ਪ੍ਰੋ. ਅਕਸ਼ੈ, ਪ੍ਰੋ. ਪੰਕਜ ਸ਼ਰਮਾ ਅਤੇ ਡਾ. ਉੱਜਵਲ ਸ਼ਰਮਾ ਨੇ ਭਾਸ਼ਣ ਦਿੱਤਾ ਅਤੇ ਅਕਾਦਮਿਕ ਵਿਚਾਰ ਸਾਂਝੇ ਕੀਤੇ।

# 'ਮੁੱਖ ਮੰਤਰੀ ਤੀਰਥ ਸਥਾਨ ਯਾਤਰਾ' ਤਹਿਤ ਲਾਲੜੂ ਤੋਂ ਤਿੰਨ ਬੱਸਾਂ ਰਵਾਨਾ



**ਲਾਲੜੂ (ਵਿਨੈ ਕੁਮਾਰ ਜੈਨ)**- ਸੰਗਤਾਂ ਨੂੰ ਧਾਰਮਿਕ ਸਥਾਨਾਂ ਦੇ ਦਰਸ਼ਨਾਂ ਦੀ ਸੁਵਿਧਾ ਮੁਹੱਈਆ ਕਰਵਾਉਣ ਦੇ ਉਦੇਸ਼ ਨਾਲ ਪੰਜਾਬ ਸਰਕਾਰ ਵੱਲੋਂ ਚਲਾਈ ਜਾ ਰਹੀ 'ਮੁੱਖ ਮੰਤਰੀ ਤੀਰਥ ਸਥਾਨ ਯਾਤਰਾ ਯੋਜਨਾ' ਤਹਿਤ ਲਾਲੜੂ ਹਲਕੇ ਤੋਂ ਤਿੰਨ ਬੱਸਾਂ ਤੀਰਥ ਸਥਾਨਾਂ ਲਈ ਰਵਾਨਾ ਕੀਤੀਆਂ ਗਈਆਂ। ਹਲਕਾ ਵਿਧਾਇਕ ਕੁਲਜੀਤ ਸਿੰਘ ਰੰਧਾਵਾ ਨੇ ਪਿੰਡ ਬਟੌਲੀ ਤੋਂ 139ਵੀਂ, ਪਿੰਡ ਕੁਰਲੀ ਤੋਂ 140ਵੀਂ ਅਤੇ ਪਿੰਡ ਝਰਮੜੀ ਤੋਂ 141ਵੀਂ ਬੱਸ ਨੂੰ ਸੰਗਤਾਂ ਸਮੇਤ ਰਵਾਨਾ ਕੀਤਾ।

ਇਸ ਮੌਕੇ ਵਿਧਾਇਕ ਸ. ਕੁਲਜੀਤ ਸਿੰਘ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਧਾਰਮਿਕ ਆਸਥਾ ਨਾਲ ਜੁੜੀਆਂ ਸੰਗਤਾਂ ਲਈ ਇਹ ਯੋਜਨਾ ਇੱਕ ਸੁਵਿਧਾਜਨਕ ਯਾਤਰਾ ਸੇਵਾ ਵਜੋਂ ਚਲਾਈ ਜਾ ਰਹੀ ਹੈ, ਜਿਸ ਰਾਹੀਂ ਵੱਖ-ਵੱਖ ਤੀਰਥ ਸਥਾਨਾਂ ਦੇ ਦਰਸ਼ਨਾਂ ਲਈ ਜਾਣ ਵਾਲੀਆਂ ਸੰਗਤਾਂ ਨੂੰ ਯਾਤਰਾ ਦੀ ਸਹੂਲਤ ਮਿਲ ਰਹੀ ਹੈ।ਉਨ੍ਹਾਂ ਕਿਹਾ ਕਿ ਤੀਰਥ ਸਥਾਨਾਂ ਦੇ ਦਰਸ਼ਨ ਕਰਨਾ ਸੰਗਤਾਂ ਦੀ ਲੰਮੇ ਸਮੇਂ ਤੋਂ ਆਸਥਾ ਅਤੇ ਇੱਛਾ ਨਾਲ ਜੁੜਿਆ ਹੋਇਆ ਹੈ।

ਮੁੱਖ ਮੰਤਰੀ ਤੀਰਥ ਸਥਾਨ ਯਾਤਰਾ ਰਾਹੀਂ ਸਰਕਾਰ ਵੱਲੋਂ ਇਸ ਆਸਥਾ ਨੂੰ ਸਹੂਲਤ ਨਾਲ ਜੋੜਨ ਦਾ ਉਪਰਾਲਾ ਕੀਤਾ ਗਿਆ ਹੈ। ਉਨ੍ਹਾਂ ਤੀਰਥ ਯਾਤਰਾ 'ਤੇ ਜਾ ਰਹੀਆਂ ਸੰਗਤਾਂ ਨੂੰ ਸ਼ੁਭਕਾਮਨਾਵਾਂ ਦਿੰਦਿਆਂ ਸਰਬੱਤ ਦੇ ਭਲੇ ਅਤੇ ਪੰਜਾਬ ਦੀ ਚੜ੍ਹਦੀ ਕਲਾ ਲਈ ਅਰਦਾਸ ਕੀਤੀ। ਵਿਧਾਇਕ ਰੰਧਾਵਾ ਨੇ ਕਿਹਾ ਕਿ ਹਲਕੇ ਦੇ ਵੱਖ-ਵੱਖ ਪਿੰਡਾਂ ਅਤੇ ਸ਼ਹਿਰੀ ਖੇਤਰਾਂ ਤੋਂ ਸੰਗਤਾਂ ਨੂੰ ਤੀਰਥ ਸਥਾਨਾਂ ਦੇ ਦਰਸ਼ਨਾਂ ਲਈ ਬੱਸਾਂ ਦੀ ਇਹ ਸੇਵਾ ਲਗਾਤਾਰ ਮੁਹੱਈਆ ਕਰਵਾਈ ਜਾ ਰਹੀ ਹੈ। ਲਾਲੜੂ ਖੇਤਰ ਤੋਂ ਰਵਾਨਾ ਹੋਈਆਂ ਤਿੰਨ ਬੱਸਾਂ ਸਮੇਤ ਤੀਰਥ ਯਾਤਰਾ ਲਈ ਰਵਾਨਾ ਕੀਤੀਆਂ ਗਈਆਂ ਬੱਸਾਂ ਦੀ ਗਿਣਤੀ 141 ਤੱਕ ਪਹੁੰਚ ਗਈ ਹੈ।

## 18 ਕਰੋੜ ਦੀ ਲਾਗਤ ਨਾਲ ਨੰਗਲ ਨੂੰ ਨਹਿਰੀ ਪਾਣੀ ਦੀ ਸਹੂਲਤ ਦਿੱਤੀ ਜਾਏਗੀ : ਬੈਂਸ

**ਸਿੰਚਾਈ ਤੇ ਪੀਣ ਵਾਲੇ ਪਾਣੀ ਦੀ ਸਮੱਸਿਆ ਹੋਵੇਗੀ ਹੱਲ**



ਨੰਗਲ ਭਲਾਣ (ਹਰਭਜਨ ਸਿੰਘ ਢਿੱਲੋਂ)- ਵਿਧਾਨ ਸਭਾ ਹਲਕਾ ਸ੍ਰੀ ਅਨੰਦਪੁਰ ਸਾਹਿਬ ਦੇ ਵਿਧਾਇਕ ਅਤੇ ਪੰਜਾਬ ਸਰਕਾਰ ਦੇ ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਨੰਗਲ ਦੇ ਲੋਕਾਂ ਨਾਲ ਕੀਤੇ ਵਾਅਦਿਆਂ ਨੂੰ ਜ਼ਮੀਨੀ ਪੱਧਰ 'ਤੇ ਪੂਰਾ ਕਰਨ ਲਈ ਪੰਜਾਬ ਸਰਕਾਰ ਵੱਲੋਂ ਲਗਾਤਾਰ ਕਦਮ ਚੁੱਕੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਨੰਗਲ ਸ਼ਹਿਰ ਅਤੇ ਆਸ-ਪਾਸ ਦੇ ਇਲਾਕਿਆਂ ਦੇ ਵਿਕਾਸ ਲਈ ਬੁਨਿਆਦੀ ਸਹੂਲਤਾਂ ਨੂੰ ਮਜ਼ਬੂਤ ਕਰਨਾ ਸਰਕਾਰ ਦੀ ਪ੍ਰਮੁੱਖ ਤਰਜੀਹ ਹੈ। ਲੋਕਾਂ ਦੀਆਂ ਲੋੜਾਂ ਅਨੁਸਾਰ ਵਿਕਾਸ ਕਾਰਜਾਂ ਨੂੰ ਅੱਗੇ ਵਧਾਇਆ ਜਾ ਰਿਹਾ ਹੈ, ਤਾਂ ਜੋ ਨੰਗਲ ਵਾਸੀਆਂ ਨੂੰ ਰੋਜ਼ਾਨਾ ਜੀਵਨ ਵਿੱਚ ਬਿਹਤਰ ਸਹੂਲਤਾਂ ਮਿਲ ਸਕਣ। ਕੈਬਨਿਟ ਮੰਤਰੀ ਨੇ ਦੱਸਿਆ ਕਿ ਨੰਗਲ ਲਈ ਕਰੀਬ 18 ਕਰੋੜ ਰੁਪਏ ਦੀ ਲਾਗਤ ਨਾਲ ਨਹਿਰੀ ਪਾਣੀ ਦੀ ਸਹੂਲਤ ਮੁਹੱਈਆ ਕਰਵਾਉਣ ਵੱਲ ਮਹੱਤਵਪੂਰਨ ਕੰਮ ਕੀਤਾ ਜਾ ਰਿਹਾ ਹੈ। ਇਸ ਪ੍ਰਾਜੈਕਟ ਨਾਲ ਖੇਤੀਬਾੜੀ ਲਈ ਸਿੰਚਾਈ ਵਾਸਤੇ ਪਾਣੀ ਦੀ ਉਪਲੱਬਧਤਾ ਵਿੱਚ ਸੁਧਾਰ ਹੋਣ ਦੇ ਨਾਲ-ਨਾਲ ਲੋਕਾਂ ਨੂੰ ਪੀਣ ਵਾਲੇ ਪਾਣੀ ਦੀ ਸਹੂਲਤ ਵੀ ਮਿਲੇਗੀ। ਉਨ੍ਹਾਂ ਕਿਹਾ ਕਿ ਪਾਣੀ ਲੋਕਾਂ ਦੀ ਬੁਨਿਆਦੀ ਲੋੜ ਹੈ ਅਤੇ ਇਸ ਸਹੂਲਤ ਨੂੰ ਮਜ਼ਬੂਤ ਕਰਨ ਨਾਲ ਇਲਾਕੇ ਦੇ ਵਸਨੀਕਾਂ ਨੂੰ ਲੰਮੇ ਸਮੇਂ ਲਈ ਲਾਭ ਮਿਲੇਗਾ। ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਨੰਗਲ ਦੇ ਵਿਕਾਸ ਨੂੰ ਸਿਰਫ਼ ਐਲਾਨਾਂ ਤੱਕ ਸੀਮਤ ਨਾ ਰੱਖਦਿਆਂ ਕਾਰਜਾਂ ਨੂੰ ਜ਼ਮੀਨੀ ਪੱਧਰ 'ਤੇ ਲਾਗੂ ਕੀਤਾ ਜਾ ਰਿਹਾ ਹੈ। ਸ਼ਹਿਰ ਵਿੱਚ ਪਾਣੀ, ਸਫਾਈ, ਸੜਕਾਂ, ਸੀਵਰੇਜ ਅਤੇ ਹੋਰ ਬੁਨਿਆਦੀ ਸਹੂਲਤਾਂ ਨਾਲ ਸਬੰਧਤ ਕੰਮਾਂ ਵੱਲ ਵਿਸ਼ੇਸ਼ ਧਿਆਨ ਦਿੱਤਾ ਜਾ ਰਿਹਾ ਹੈ। ਕੈਬਨਿਟ ਮੰਤਰੀ ਹਰਜੋਤ ਸਿੰਘ ਬੈਂਸ ਨੇ ਕਿਹਾ ਕਿ ਨੰਗਲ ਦੇ ਲੋਕਾਂ ਨੇ ਉਨ੍ਹਾਂ 'ਤੇ ਜੋ ਭਰੋਸਾ ਪ੍ਰਗਟਾਇਆ ਹੈ, ਉਸ ਨੂੰ ਵਿਕਾਸ ਕਾਰਜਾਂ ਰਾਹੀਂ ਕਾਇਮ ਰੱਖਣ ਲਈ ਉਹ ਲਗਾਤਾਰ ਯਤਨਸ਼ੀਲ ਹਨ।

## ਡਾ. ਲਾਭ ਸਿੰਘ ਖੀਵਾ ਦੀ ਪੁਸਤਕ 'ਮਲਵਈ ਗਾਉਣ : ਅਧਿਐਨ ਅਤੇ ਸੰਪਾਦਨ' ਰਿਲੀਜ਼



ਚੰਡੀਗੜ੍ਹ (ਸੁਰਜੀਤ ਸੁਮਨ)- ਪੰਜਾਬੀ ਲੇਖਕ ਸਭਾ ਚੰਡੀਗੜ੍ਹ ਵੱਲੋਂ ਪੰਜਾਬ ਕਲਾ ਪਰਿਸ਼ਦ ਦੇ ਸਹਿਯੋਗ ਨਾਲ ਕਰਵਾਏ ਗਏ ਇੱਕ ਪ੍ਰਭਾਵਸ਼ਾਲੀ ਸਮਾਗਮ ਵਿੱਚ ਉੱਘੇ ਲੇਖਕ, ਆਲੋਚਕ ਤੇ ਚਿੰਤਕ ਡਾ. ਲਾਭ ਸਿੰਘ ਖੀਵਾ ਦੀ ਪੁਸਤਕ 'ਮਲਵਈ ਗਾਉਣ: ਅਧਿਐਨ ਅਤੇ ਸੰਪਾਦਨ' ਲੋਕ-ਅਰਪਣ ਕੀਤੀ ਗਈ।ਇਸ ਸਮਾਗਮ ਦੀ ਪ੍ਰਧਾਨਗੀ ਪੰਜਾਬੀ ਸਾਹਿਤ ਅਕਾਦਮੀ ਲੁਧਿਆਣਾ ਦੇ ਪ੍ਰਧਾਨ ਡਾ. ਸਰਬਜੀਤ ਸਿੰਘ ਨੇ ਕੀਤੀ, ਪ੍ਰਸਿੱਧ ਸਾਹਿਤਕਾਰ ਜੰਗ ਬਹਾਦਰ ਗੋਇਲ ਇਸ ਮੌਕੇ ਮੁੱਖ ਮਹਿਮਾਨ, ਜਦਕਿ ਡਾ. ਜਲੌਰ ਸਿੰਘ ਖੀਵਾ ਤੇ ਡਾ. ਦਵਿੰਦਰ ਸਿੰਘ ਬੋਹਾ ਨੇ ਬਤੌਰ ਬੁਲਾਰੇ ਸ਼ਿਰਕਤ ਕੀਤੀ। ਕਿਤਾਬ ਰਿਲੀਜ਼ ਕਰਨ ਵੇਲੇ ਪੰਜਾਬੀ ਲੇਖਕ ਸਭਾ ਵੱਲੋਂ ਗੁਰਨਾਮ ਕੰਵਰ ਅਤੇ ਸੱਚਪ੍ਰੀਤ ਖੀਵਾ ਨੇ ਮੌਜੂਦਗੀ ਦਰਜ ਕਰਵਾਈ। ਮੰਚ ਸੰਚਾਲਨ ਕਰਦਿਆਂ ਸਭਾ ਦੇ ਜਨਰਲ ਸਕੱਤਰ ਭੁਪਿੰਦਰ ਸਿੰਘ ਮਲਿਕ ਨੇ ਆਖਿਆ ਕਿ ਮਲਵਈ ਗਾਉਣ ਪ੍ਰੰਪਰਾ ਇੱਕ ਅਮੀਰ ਵਿਰਾਸਤ ਦੀ ਤਰਜਮਾਨੀ ਕਰਦੀ ਹੈ। ਗੁਰਨਾਮ ਕੰਵਰ ਨੇ ਸੁਆਗਤੀ ਸ਼ਬਦਾਂ ਵਿੱਚ ਕਿਹਾ ਕਿ ਅਜਿਹੇ ਉਪਰਾਲੇ ਪੰਜਾਬੀ ਲੇਖਕ ਸਭਾ ਦੇ ਵਿਲੱਖਣ ਕਾਰਜਾਂ ਲਈ ਹੋਰ ਪ੍ਰੇਰਣਾ ਸਰੋਤ ਬਣਦੇ ਹਨ। ਅਮਰਜੀਤ ਕੌਰ ਅਤੇ ਹਰਪ੍ਰੀਤ ਕੌਰ ਨੇ ਲੰਮੀ ਹੇਕ ਵਾਲੇ ਦੋ ਮਲਵਈ ਗੀਤ ਸੁਣਾ ਕੇ ਹਾਜ਼ਿਰ ਦਰਸ਼ਕਾਂ ਦੀ ਭਰਪੂਰ ਪ੍ਰਸ਼ੰਸਾ ਖੱਟੀ। ਕਹਾਣੀਕਾਰ ਪਰਮਜੀਤ ਮਾਨ ਨੇ ਕਿਹਾ ਕਿ ਮਲਵਈ ਸਾਹਿਤ ਨੂੰ ਸਮਾਜਿਕ, ਆਰਥਿਕ, ਇਤਿਹਾਸਕ ਅਤੇ ਧਾਰਮਿਕ ਪਰਿਪੇਖ ਰਾਹੀਂ ਜਾਣ ਕੇ ਇਸ ਨੂੰ ਸਮਝਿਆ ਜਾ ਸਕਦਾ ਹੈ। ਲੇਖਕ ਡਾ. ਲਾਭ ਸਿੰਘ ਖੀਵਾ ਨੇ ਆਪਣੀ ਸਿਰਜਣ ਪ੍ਰਕ੍ਰਿਆ ਬਾਰੇ ਬੋਲਦਿਆਂ ਕਿਹਾ ਕਿ ਖਿੱਤੇ ਦੀ ਮਾਨਸਿਕਤਾ ਗੀਤਾਂ ਅਤੇ ਰੀਤਾਂ ਵਿੱਚ ਹੁੰਦੀ ਹੈ, ਜਿਸ ਦੀ ਵਿਰਾਸਤੀ ਮਹੱਤਤਾ ਹੈ। ਜੰਗ ਬਹਾਦਰ ਗੋਇਲ ਨੇ ਕਿਹਾ ਕਿ ਸਾਡੀ ਗਾਇਕੀ ਵਾਲੀ ਵਿਰਾਸਤ ਲੋਰੀ ਤੋਂ ਲੈ ਕੇ ਵੈਣ ਪਾਉਣ ਤੱਕ ਹੈ, ਜਿਹੜੀ ਮਲਵਈਆਂ ਦੀ ਮੂਲ ਪਛਾਣ ਹੈ। ਜਿਨ੍ਹਾਂ ਸ਼ਖ਼ਸੀਅਤਾਂ ਨੇ ਇਸ ਸਮਾਗਮ ਨੂੰ ਨਿੱਠ ਕੇ ਮਾਣਿਆ, ਉਹਨਾਂ ਵਿੱਚ ਬਲਕਾਰ ਸਿੱਧੂ, ਕੈਪਟਨ ਨਰਿੰਦਰ ਸਿੰਘ, ਡਾ. ਅਵਤਾਰ ਸਿੰਘ ਪਤੰਗ, ਦਵਿੰਦਰ ਦਮਨ, ਜਸਵੰਤ ਦਮਨ, ਊਸ਼ਾ ਕੰਵਰ, ਮਨਜੀਤ ਕੌਰ ਮੀਤ, ਸੁਖਵਿੰਦਰ ਸਿੱਧੂ, ਹਰਮਿੰਦਰ ਕਾਲੜਾ, ਧਿਆਨ ਸਿੰਘ ਕਾਹਲੋਂ, ਗੁਰਮੇਲ ਸਿੰਘ ਮੋਜੋਵਾਲ, ਹਰਿੰਦਰ ਸਿੰਘ ਸੋਹਲ, ਹਰਪ੍ਰੀਤ ਸਿੰਘ ਚੰਨੂੰ, ਦਿਲਦਾਰ ਸਿੰਘ, ਅਮੀਰ ਸੁਲਤਾਨਾ, ਮਨਦੀਪ ਸਿੰਘ, ਡਾ. ਗੁਰਦੇਵ ਸਿੰਘ ਗਿੱਲ, ਡਾ. ਹਰਬੰਸ ਕੌਰ ਗਿੱਲ, ਅਮਰਾਓ ਗਿੱਲ, ਤੇਜਾ ਸਿੰਘ ਥੂਹਾ, ਸੰਜੀਤ ਕੁਮਾਰ, ਪਰਮਜੀਤ ਪਰਮ, ਸਰਦਾਰਾ ਸਿੰਘ ਚੀਮਾ, ਰਮਨ ਸੰਧੂ, ਵਰਿੰਦਰ ਚੱਠਾ, ਡਾ. ਸੁਰਿੰਦਰ ਗਿੱਲ, ਕਮਲਜੀਤ ਸਿੰਘ ਬਨਵੈਤ, ਵਿੰਦਰ ਮਾਝੀ, ਡਾ. ਰੇਖਾ ਮਿੱਤਲ, ਪੂਜਾ ਕੰਬੋਜ, ਕੋਮਲ, ਰਾਜਵੀਰ ਕੌਰ, ਬੇਅੰਤ ਕੌਰ, ਸਰਬਜੀਤ ਸਿੰਘ ਪੱਡਾ, ਡਾ. ਰਿਚਪਾਲ ਕੌਰ, ਇਕਬਾਲ ਸਿੰਘ ਭਾਕਰ, ਸ਼ਮਸ਼ੀਲ ਸਿੰਘ ਸੋਢੀ, ਚਰਨਜੀਤ ਕੌਰ ਬਾਠ, ਸੁਖਵਿੰਦਰ ਸਿੰਘ, ਸੁਰਿੰਦਰ ਕੁਮਾਰ, ਕੁਲਦੀਪ ਕੌਰ, ਗੁਰਵਿੰਦਰ ਸਿੰਘ ਭੁੱਲਰ, ਦੀਪਕ ਮਹਿਤਾ, ਸੁਖਰਾਜ ਕੌਰ, ਸੀਮਾ ਸ਼ਰਮਾ, ਪ੍ਰਤਾਪ ਪਾਰਸ ਗੁਰਦਾਸਪੁਰੀ, ਬਲਦੇਵ ਸਿੰਘ ਬਿੰਦਰਾ, ਦਿਲਬਾਗ ਬਾਗ, ਗੁਰਮੀਤ ਸਿੰਘ ਸਿੰਗਲ, ਕੰਵਲਦੀਪ ਕੌਰ, ਸਰੂਪ ਸਿਆਲਵੀ, ਸੁਰਜੀਤ ਸੁਮਨ, ਇੰਦਰਜੀਤ ਪ੍ਰੇਮੀ, ਗੁਰਲਾਲ ਸਿੰਘ, ਰਾਜ ਸਮੱਧਰ, ਗੁਰਚਰਨ ਸਿੰਘ, ਨਰਿੰਦਰ ਕੌਰ ਮਠਾੜੂ, ਨਿਰਵੈਰ ਕੌਰ, ਹਰਨਾਮ ਸਿੰਘ ਡੱਲਾ, ਗੁਰਮੀਤ ਸਿੰਘ ਸਿੰਗਲ, ਗੁਰਜੰਟ ਸਿੰਘ, ਮੋਹਣ ਲਾਲ ਰਾਹੀ, ਰੂਪ ਸਿੰਘ ਦਿਓਲ, ਕਮਲਜੀਤ ਕੌਰ, ਸਰਵਜੀਤ ਸਿੰਘ, ਗੁਰਪ੍ਰੀਤ ਖੋਖਰ, ਰਾਣੀ ਸੁਨੀਤਾ ਸਿੰਘ, ਰਾਬਿੰਦਰ ਸ਼ਰਮਾ, ਇੰਦਰਜੀਤ ਪ੍ਰੇਮੀ, ਪਰਮਿੰਦਰ ਸਿੰਘ ਮਦਾਨ, ਬਲਰਾਜ ਸਹੋਤਾ, ਰੈਕਟਰ ਕਥੂਰੀਆ, ਕਾਰਤਿਕਾ ਸਿੰਘ, ਤਰਲੋਚਨ ਸਿੰਘ, ਬਲਵਿੰਦਰ ਸਿੰਘ ਢਿੱਲੋਂ, ਅਨੁਰਾਧਾ ਵਸ਼ਿਸ਼ਟ ਅਤੇ ਸਰਬਜੀਤ ਸਿੰਘ ਦੇ ਨਾਂਅ ਕਾਬਿਲੇ ਜ਼ਿਕਰ ਹਨ।

## ਬਿਜਲੀ ਕੱਟ ਖਿਲਾਫ ਅਕਾਲੀ ਦਲ ਦੇ ਵਰਕਰਾਂ ਨੇ ਦਿੱਤਾ ਧਰਨਾ



ਡੇਰਾਬੱਸੀ (ਵਿਨੈ ਕੁਮਾਰ ਜੈਨ)- ਸ਼੍ਰੋਮਣੀ ਅਕਾਲੀ ਦਲ ਦੇ ਖਜ਼ਾਨਚੀ ਅਤੇ ਸਾਬਕਾ ਵਿਧਾਇਕ ਐਨ.ਕੇ. ਸ਼ਰਮਾ ਨੇ ਕਿਹਾ ਹੈ ਕਿ ਸਰਕਾਰ ਸੂਬੇ ਦੇ ਲੋਕਾਂ ਨੂੰ ਬਿਜਲੀ ਮੁਹੱਈਆ ਕਰਵਾਉਣ ਵਿੱਚ ਬੁਰੀ ਤਰ੍ਹਾਂ ਫੇਲ੍ਹ ਸਾਬਿਤ ਹੋਈ ਹੈ। ਐੱਨ ਕੇ ਸ਼ਰਮਾ ਬਿਜਲੀ ਕੱਟਾਂ ਦੇ ਵਿਰੋਧ ਵਿੱਚ ਐੱਸ ਡੀ ਐੱਮ ਦਫ਼ਤਰ ਦੇ ਬਾਹਰ ਅਕਾਲੀ ਦਲ ਵੱਲੋਂ ਦਿੱਤੇ ਗਏ ਧਰਨੇ ਨੂੰ ਸੰਬੋਧਨ ਕਰ ਰਹੇ ਸਨ।ਧਰਨੇ ਦੌਰਾਨ ਐੱਨ ਕੇ ਸ਼ਰਮਾ ਨੇ ਅਜਿਹੇ ਕਈ ਲੋਕਾਂ ਨੂੰ ਪੇਸ਼ ਕੀਤਾ ਜਿਨ੍ਹਾਂ ਨੂੰ ਪਿਛਲੇ ਕੁਝ ਮਹੀਨਿਆਂ ਵਿੱਚ ਹਜ਼ਾਰਾਂ ਅਤੇ ਲੱਖਾਂ ਰੁਪਏ ਦੇ ਬਿਜਲੀ ਬਿੱਲ ਆਏ ਹਨ। ਸ਼ਰਮਾ ਨੇ ਕਿਹਾ ਕਿ ਪੰਜਾਬ ਵਿੱਚ ਅਕਾਲੀ ਦਲ ਦੀ ਸਰਕਾਰ ਦੌਰਾਨ ਸੂਬੇ ਨੇ 12,464 ਮੈਗਾਵਾਟ ਬਿਜਲੀ ਪੈਦਾ ਕੀਤੀ ਜਾਂਦੀ ਸੀ, ਜਦੋਂ ਕਿ ਪੰਜਾਬ ਦੀ ਮੰਗ 11,000 ਮੈਗਾਵਾਟ ਬਿਜਲੀ ਸੀ। ਅਕਾਲੀ ਦਲ ਦੀ ਸਰਕਾਰ ਦੌਰਾਨ ਪੰਜਾਬ ਨੇ ਦੂਜੇ ਰਾਜਾਂ ਨੂੰ ਬਿਜਲੀ ਵੇਚੀ ਹੈ। ਅਕਾਲੀ ਦਲ ਦੀ ਸਰਕਾਰ ਨੇ ਬਿਜਲੀ ਉਤਪਾਦਨ ਅਤੇ ਵੰਡ 'ਤੇ 27,000 ਕਰੋੜ ਰੁਪਏ ਖਰਚ ਕੀਤੇ ਸਨ। ਇਸ ਮੌਕੇ ਪਾਰਟੀ ਦੇ ਸੀਨੀਅਰ ਆਗੂ ਮਨਜੀਤ ਸਿੰਘ ਮਲਿਕਪੁਰ, ਗੁਰਵਿੰਦਰ ਸਿੰਘ ਹਸਨਪੁਰ, ਰਜਿੰਦਰ ਸਿੰਘ ਈਸਾਪੁਰ, ਸੁਰੇਸ਼ ਸ਼ਾਰਦਾ, ਓ ਪੀ ਸ਼ਰਮਾ, ਬ੍ਰਿਜੇਸ਼ ਰਾਣਾ, ਪਰਮਿੰਦਰ ਸਿੰਘ ਜੋਲਾ, ਹਰਦਮ ਸਿੰਘ ਜਾਸਧਨਾ, ਬਿਕਰਮ ਸਰਪੰਚ ਸਰਸੀਣੀ, ਕਰਮਪਾਲ ਖੇੜੀ ਗੁੱਜਰਾਂ, ਰੋਹਿਤ ਰਤਨ ਹਸੀਜਾ, ਸੰਜੂ ਪ੍ਰਜਾਪਤ, ਦਿਲਬਾਗ ਚੰਡਿਆਲਾ, ਨਰੈਣ ਸਿੰਘ ਬੇਹੜਾ, ਕੁਲਵਿੰਦਰ ਸੋਹੀ, ਤਰਨਬੀਰ ਸਿੰਘ ਪੂਨੀਆ, ਹਰਵਿੰਦਰ ਪਿੰਕਾ, ਨਛੱਤਰ ਸਿੰਘ, ਗੌਰਵ ਸ਼ਰਮਾ ਤੇ ਅਮਰੀਸ਼ ਭੱਲਾ ਸਮੇਤ ਕਈ ਆਗੂ ਹਾਜ਼ਰ ਸਨ।

## ਮੁਲਾਜ਼ਮਾਂ ਦੀਆਂ ਮੰਗਾਂ 'ਤੇ ਬਣੀ ਸਹਿਮਤੀ, 25 ਨੂੰ ਹੋਵੇਗੀ ਹਾਊਸ ਮੀਟਿੰਗ



ਜ਼ੀਰਕਪੁਰ (ਜਤਿੰਦਰ ਕੁਮਾਰ)- ਨਗਰ ਕੌਂਸਲ ਜ਼ੀਰਕਪੁਰ ਦੇ ਕਾਰਜ ਸਾਧਕ ਅਫ਼ਸਰ ਦੀ ਪ੍ਰਧਾਨਗੀ ਹੇਠ ਸਫ਼ਾਈ ਕਰਮਚਾਰੀਆਂ ਸਮੇਤ ਆਊਟਸੋਰਸ ਅਤੇ ਕਾਂਟ੍ਰੈਕਟ 'ਤੇ ਕੰਮ ਕਰ ਰਹੇ ਕਰਮਚਾਰੀਆਂ ਨਾਲ ਅਹਿਮ ਮੀਟਿੰਗ ਕੀਤੀ ਗਈ। ਮੀਟਿੰਗ ਦੌਰਾਨ ਕਰਮਚਾਰੀਆਂ ਵੱਲੋਂ ਲੰਮੇ ਸਮੇਂ ਤੋਂ ਲੰਬਿਤ ਚਲ ਰਹੀਆਂ ਮੰਗਾਂ 'ਤੇ ਵਿਚਾਰ-ਵਟਾਂਦਰਾ ਕੀਤਾ ਗਿਆ। ਮੀਟਿੰਗ ਵਿੱਚ ਆਊਟਸੋਰਸ ਕਰਮਚਾਰੀਆਂ ਨੂੰ ਕਾਂਟ੍ਰੈਕਟ ਬੇਸ 'ਤੇ ਕਰਨ ਅਤੇ ਕਾਂਟ੍ਰੈਕਟ ਕਰਮਚਾਰੀਆਂ ਨੂੰ ਰੈਗੂਲਰ ਕਰਨ ਸਬੰਧੀ ਮਾਮਲੇ ਨੂੰ ਹਾਊਸ ਦੀ ਮੀਟਿੰਗ ਵਿੱਚ ਲਿਆਉਣ ਦਾ ਭਰੋਸਾ ਦਿੱਤਾ ਗਿਆ। ਅਧਿਕਾਰੀਆਂ ਦੱਸਿਆ ਕਿ 25 ਸਤੰਬਰ ਨੂੰ ਹਾਊਸ ਦੀ ਮੀਟਿੰਗ ਕਰਕੇ ਇਸ ਸੰਬੰਧੀ ਮਤੇ ਪਾਸ ਕਰਨ ਲਈ ਅਗਲੀ ਕਾਰਵਾਈ ਅਮਲ ਵਿੱਚ ਲਿਆਂਦੀ ਜਾਵੇਗੀ। ਕਰਮਚਾਰੀਆਂ ਨੇ ਇਸ ਭਰੋਸੇ 'ਤੇ ਸੰਤੁਸ਼ਟੀ ਪ੍ਰਗਟ ਕਰਦਿਆਂ ਆਪਣੀਆਂ ਮੰਗਾਂ ਦੇ ਹੱਲ ਦੀ ਉਮੀਦ ਜਤਾਈ।

## ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ ਚੋਣਾਂ 'ਚ ਇੱਕ ਸੰਗਤ ਗਰੁੱਪ ਦੀ ਹੂੰਝਾ-ਫੇਰ ਜਿੱਤ



ਮੇਹਟੀਆਣਾ/ਨਾਟਿੰਘਮ (ਜਗਤਾਰ ਸਿੰਘ ਭੁੰਗਰਨੀ)- ਸ੍ਰੀ ਗੁਰੂ ਸਿੰਘ ਸਭਾ ਗੁਰਦੁਆਰਾ ਨਾਟਿੰਘਮ (ਯੂ ਕੇ) ਦੀ ਨਵੀਂ ਪ੍ਰਬੰਧਕ ਕਮੇਟੀ ਦੀ ਚੋਣ 13 ਸਤੰਬਰ ਨੂੰ ਸਫਲਤਾਪੂਰਵਕ ਕਰਵਾਈ ਗਈ। ਇਕ ਸੰਗਤ ਗਰੁੱਪ ਨੇ ਕਮੇਟੀ ਦੀਆਂ ਸਾਰੀਆਂ 15 ਸੀਟਾਂ ਜਿੱਤ ਕੇ ਵੱਡੀ ਅਤੇ ਫੈਸਲਾਕੁੰਨ ਜਿੱਤ ਹਾਸਲ ਕੀਤੀ ਹੈ।ਇਹ ਚੋਣ ਸੁਪਰੀਮ ਸਿੱਖ ਕੌਂਸਲ ਯੂ ਕੇ ਦੀ ਚੋਣ ਪ੍ਰਬੰਧਨ ਟੀਮ ਵੱਲੋਂ ਕਰਵਾਈ ਗਈ ਅਤੇ ਇਸ ਦੀ ਨਿਗਰਾਨੀ ਕੀਤੀ ਗਈ।ਟੀਮ ਦੀ ਅਗਵਾਈ ਦਿਲਬਾਗ ਸਿੰਘ ਬੈਂਸ ਅਤੇ ਚੰਦਰ ਸ਼ੇਖਰ ਸਿੰਘ ਗੁਰੂ ਨੇ ਕੀਤੀ। ਉਨ੍ਹਾਂ ਇਸ ਬਾਰੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਚੋਣ ਮੈਦਾਨ ਵਿੱਚ ਕੁੱਲ 28 ਉਮੀਦਵਾਰ ਸਨ ,ਜੋ ਮੁੱਖ ਧਿਰਾਂ ਵਿੱਚੋਂ ਸਾਧ ਸੰਗਤ ਗਰੁੱਪ ਦੇ 11 ਅਤੇ ਇਕ ਸੰਗਤ ਗਰੁੱਪ ਵੱਲੋਂ 15 ਉਮੀਦਵਾਰ ਖੜ੍ਹੇ ਕੀਤੇ, ਜਦਕਿ ਦੋ ਉਮੀਦਵਾਰ ਆਜ਼ਾਦ ਤੌਰ 'ਤੇ ਚੋਣ ਲੜੇ। ਹਰੇਕ ਵੋਟਰ ਨੇ 28 ਉਮੀਦਵਾਰਾਂ ਵਿੱਚੋਂ 15 ਦੀ ਚੋਣ ਕਰਨੀ ਸੀ। ਵੋਟ ਪਾਉਣ ਦਾ ਅਧਿਕਾਰ ਨਾਟਿੰਘਮ ਅਤੇ ਨਾਟਿੰਘਮ ਸ਼ਹਿਰ ਦੇ ਯੋਗ ਨਿਵਾਸੀਆਂ ਨੂੰ ਸੀ।ਪਛਾਣ ਦੀ ਸਖ਼ਤ ਜਾਂਚ ਕੀਤੀ ਗਈ ਅਤੇ ਕੇਵਲ ਉਹਨਾਂ ਵੋਟਰਾਂ ਨੂੰ ਹੀ ਅੰਦਰ ਜਾਣ ਦੀ ਇਜਾਜ਼ਤ ਦਿੱਤੀ ਗਈ ਜਿਨ੍ਹਾਂ ਕੋਲ ਪੂਰਾ ਫੋਟੋ ਪਛਾਣ-ਪੱਤਰ ਅਤੇ ਰਿਹਾਇਸ਼ ਦਾ ਸਬੂਤ ਸੀ। ਚੋਣ ਪ੍ਰਕਿਰਿਆ ਸਵੇਰੇ 7 ਵਜੇ ਅਰੰਭ ਹੋਈ ਤੇ ਸ਼ਾਮ 5 ਵਜੇ ਤੱਕ ਸਾਰਾ ਦਿਨ ਵੋਟਰਾਂ ਦੀ ਭਾਰੀ ਆਮਦ ਰਹੀ। ਸੰਗਤ ਦੇ ਬਹੁਤ ਸਾਰੇ ਮੈਂਬਰ ਆਪਣੇ ਪਰਵਾਰਾਂ ਸਮੇਤ ਪਹੁੰਚੇ ਅਤੇ ਰੁਝੇਵੇਂ ਵਾਲੇ ਸਮਿਆਂ ਦੌਰਾਨ ਕਈਆਂ ਨੂੰ ਆਪਣੀ ਵਾਰੀ ਲਈ ਘੰਟਿਆਂ ਤੱਕ ਉਡੀਕ ਕਰਨੀ ਪਈ। ਇਸ ਦੇ ਬਾਵਜੂਦ ਸੰਗਤ ਨੇ ਬਹੁਤ ਸਬਰ ਅਤੇ ਲੋਕਤੰਤਰੀ ਪ੍ਰਕਿਰਿਆ ਵਿੱਚ ਸਹਿਯੋਗ ਦਿਖਾਇਆ ।ਇਸ ਚੋਣ ਦੇ ਨਤੀਜੇ ਰਾਤ 8.30 ਵਜੇ ਤੋਂ ਬਾਅਦ ਐਲਾਨੇ ਗਏ। ਉਸ ਸਮੇਂ ਤੱਕ ਗੁਰਦੁਆਰਾ ਸਾਹਿਬ ਦੇ ਕਾਰ ਪਾਰਕ ਵਿੱਚ ਸੈਂਕੜੇ ਲੋਕ ਇਕੱਠੇ ਹੋ ਚੁੱਕੇ ਸਨ। ਇਸ ਮੌਕੇ ਇੱਕ ਸੰਗਤ ਗਰੁੱਪ ਦੇ ਸਾਰੇ 15 ਉਮੀਦਵਾਰ ਵੱਡੇ ਬਹੁਮਤ ਨਾਲ ਜੇਤੂ ਐਲਾਨੇ ਗਏ ਜਿਨ੍ਹਾਂ ਵਿਚ ਗੁਰਜੀਤ ਸਿੰਘ ਪੁਰੇਵਾਲ ਪਹਿਲੇ ਨੰਬਰ,ਅਮਰਦੀਪ ਸਿੰਘ ਪੁਰੇਵਾਲ ਦੂਸਰੇ, ਬੂਟਾ ਸਿੰਘ ਜੌਹਲ ਤੀਸਰੇ, ਕਰਮਵੀਰ ਸਿੰਘ ਤੱਖਰ ਚੌਥੇ, ਰਾਵਿੰਦਰ ਸਿੰਘ ਥਿਆੜਾ ਪੰਜਵੇਂ ਨੰਬਰ ਤੇ ਰਹੇ। ਇਸੇ ਤਰ੍ਹਾਂ ਕ੍ਰਮਵਾਰ ਸੰਦੀਪ ਸਿੰਘ ਲੇਹਲ,ਗੁਰਜੀਤ ਸਿੰਘ ਸੰਧੂ,ਕਰਨਦੀਪ ਕੌਰ ,ਜਗਦੀਸ਼ ਸਿੰਘ ਗਰੇਵਾਲ,ਸੁਖਵਿੰਦਰ ਸਿੰਘ ਸਿੱਧੂ (ਬਿੱਟੂ),ਰਿਆਜ਼ ਸਿੰਘ ਗਿੱਲ,ਦਸਤੇਜ ਸਿੰਘ ਗੋਲਰ, ਰਸ਼ਮੀ ਕੌਰ ਗਿੱਲ,ਪਾਵੇਲ ਸਿੰਘ ਪੁਰੀ, ਸ਼ੌਨਦੀਪ ਸਿੰਘ ਮੇਹਟ ਜੇਤੂ ਰਹੇ । ਚੋਣ ਪ੍ਰਬੰਧਕ ਟੀਮ ਵੱਲੋਂ ਸਾਰੇ ਜੇਤੂ ਉਮੀਦਵਾਰਾਂ ਨੂੰ ਵਧਾਈ ਦਿੱਤੀ ਅਤੇ ਸਮੁੱਚੀ ਸੰਗਤ, ਉਮੀਦਵਾਰਾਂ, ਸੇਵਾਦਾਰਾਂ ਅਤੇ ਅਧਿਕਾਰੀਆਂ ਦਾ ਦਿਲੋਂ ਧੰਨਵਾਦ ਕੀਤਾ, ਜਿਨ੍ਹਾਂ ਦੇ ਸਹਿਯੋਗ ਨਾਲ ਚੋਣ ਸ਼ਾਂਤੀਪੂਰਵਕ, ਸਫਲਤਾਪੂਰਵਕ ਅਤੇ ਬਿਨਾਂ ਕਿਸੇ ਹਿੰਸਾ ਜਾਂ ਅਨਸੁਖਾਵੀਂ ਘਟਨਾ ਦੇ ਸੰਪੰਨ ਹੋਈ। ਨਵੀਂ ਚੁਣੀ ਗਈ ਕਮੇਟੀ ਹੁਣ ਗੁਰਦੁਆਰਾ ਸਾਹਿਬ ਦੇ ਪ੍ਰਬੰਧ ਅਤੇ ਪ੍ਰਸ਼ਾਸਨ ਦੀ ਜ਼ਿੰਮੇਵਾਰੀ ਸੰਭਾਲੇਗੀ ਅਤੇ ਏਕਤਾ, ਪਾਰਦਰਸ਼ਤਾ ਅਤੇ ਚੜ੍ਹਦੀ ਕਲਾ ਦੀ ਭਾਵਨਾ ਨਾਲ ਸੰਗਤ ਦੀ ਸੇਵਾ ਕਰੇਗੀ।

## ਮੁੱਖ ਮੰਤਰੀ ਵੱਲੋਂ ਸੇਵਾ ਸੰਕਲਪ ਮੁਹਿੰਮ ਦੀਆਂ ਤਿਆਰੀਆਂ ਦੀ ਸਮੀਖਿਆ

ਚੰਡੀਗੜ੍ਹ (ਕ੍ਰਿਸ਼ਨ ਗਰਗ)- ਪ੍ਰਧਾਨ ਮੰਤਰੀ ਨਰਿੰਦਰ ਮੋਦੀ ਦੇ 25 ਸਾਲਾਂ ਦੇ ਜਨਤਕ ਜੀਵਨ ਦੀ ਸੇਵਾ-ਯਾਤਰਾ ਅਤੇ ਵਿਕਸਿਤ ਭਾਰਤ ਦੇ ਸੰਕਲਪ ਨੂੰ ਜਨ-ਭਾਗੀਦਾਰੀ ਨਾਲ ਅੱਗੇ ਵਧਾਉਣ ਦੇ ਉਦੇਸ਼ ਨਾਲ ਹਰਿਆਣਾ ਸਰਕਾਰ ਵਿੱਚ 17 ਸਤੰਬਰ ਤੋਂ 17 ਅਕਤੂਬਰ ਤੱਕ ਆਯੋਜਿਤ ਹੋਣ ਵਾਲੇ ਸੇਵਾ ਸੰਕਲਪ ਮੁਹਿੰਮ ਦਾ ਆਗਾਜ਼ ਅੱਜ ਪੂਰੇ ਸੂਬੇ ਵਿੱਚ 'ਅਸ਼ੀਰਵਾਦ ਦਾ ਦੀਵਾ' ਪ੍ਰੋਗਰਾਮ ਨਾਲ ਹੋਵੇਗਾ, ਜਿਸ ਵਿੱਚ ਨਾਗਰਿਕ ਉਤਸ਼ਾਹ ਨਾਲ ਹਿੱਸਾ ਲੈ ਕੇ ਸੇਵਾ, ਸਮਰਪਣ ਅਤੇ ਸਮਾਜਿਕ ਸਰੋਕਾਰਾਂ ਪ੍ਰਤੀ ਆਪਣੀ ਵਚਨਬੱਧਤਾ ਪ੍ਰਗਟ ਕਰਨਗੇ। 'ਅਸ਼ੀਰਵਾਦ ਦਾ ਦੀਵਾ' ਪ੍ਰੋਗਰਾਮ ਰਾਹੀਂ ਸਮਾਜ ਦੇ ਵੱਖ-ਵੱਖ ਵਰਗਾਂ ਨੂੰ ਸੇਵਾ ਦੀ ਭਾਵਨਾ ਨਾਲ ਜੋੜਨ ਦਾ ਯਤਨ ਕੀਤਾ ਜਾ ਰਿਹਾ ਹੈ। ਇਸ ਮੌਕੇ ਚਿੰਨ੍ਹਿਤ ਸਥਾਨਾਂ 'ਤੇ ਲੋਕ ਆਪਣੇ ਪਰਵਾਰਾਂ ਨਾਲ ਦੀਵੇ ਜਗਾਉਣਗੇ। ਮੁੱਖ ਮੰਤਰੀ ਸ੍ਰੀ ਨਾਇਬ ਸਿੰਘ ਸੈਣੀ ਬੁੱਧਵਾਰ ਨੂੰ ਚੰਡੀਗੜ੍ਹ ਵਿੱਚ 'ਸੇਵਾ ਸੰਕਲਪ ਮੁਹਿੰਮ' ਦੀਆਂ ਤਿਆਰੀਆਂ ਨੂੰ ਲੈ ਕੇ ਆਯੋਜਿਤ ਇੱਕ ਮਹੱਤਵਪੂਰਨ ਮੀਟਿੰਗ ਦੀ ਪ੍ਰਧਾਨਗੀ ਕਰ ਰਹੇ ਸਨ। ਮੀਟਿੰਗ ਵਿੱਚ ਉਨ੍ਹਾਂ ਨੇ ਮੁਹਿੰਮ ਤਹਿਤ ਪ੍ਰਸਤਾਵਿਤ ਵੱਖ-ਵੱਖ ਪ੍ਰੋਗਰਾਮਾਂ ਦੀਆਂ ਤਿਆਰੀਆਂ ਦੀ ਵਿਸਥਾਰ ਨਾਲ ਸਮੀਖਿਆ ਕੀਤੀ ਅਤੇ ਅਧਿਕਾਰੀਆਂ ਨੂੰ ਜ਼ਰੂਰੀ ਦਿਸ਼ਾ-ਨਿਰਦੇਸ਼ ਦਿੱਤੇ।

## ਅੱਤਿਆਚਾਰ ਰੋਕਥਾਮ ਐਕਟ ਅਧੀਨ ਜ਼ਿਲ੍ਹਾ ਪੱਧਰੀ ਕਮੇਟੀ ਦੀ ਮੀਟਿੰਗ



ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)- ਕੋਮਲ ਮਿੱਤਲ ਡਿਪਟੀ ਕਮਿਸ਼ਨਰ ਸਾਹਿਬਜ਼ਾਦਾ ਅਜੀਤ ਸਿੰਘ ਨਗਰ ਦੇ ਹੁਕਮਾਂ ਅਨੁਸਾਰ ਅਨੁਸੂਚਿਤ ਜਾਤੀਆਂ ਅਤੇ ਅਨੁਸੂਚਿਤ ਕਬੀਲਿਆਂ (ਅੱਤਿਆਚਾਰ ਰੋਕਥਾਮ) ਐਕਟ, 1989 ਅਧੀਨ ਸਾਲ ਦੀ ਦੂਜੀ ਤਿਮਾਹੀ ਦੀ ਜ਼ਿਲ੍ਹਾ ਪੱਧਰੀ ਕਮੇਟੀ ਦੀ ਮੀਟਿੰਗ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ, ਐਸ.ਏ.ਐਸ. ਨਗਰ ਵਿਖੇ ਵਧੀਕ ਡਿਪਟੀ ਕਮਿਸ਼ਨਰ (ਆਰ.ਡੀ.) ਸੋਨਮ ਚੌਧਰੀ ਦੀ ਪ੍ਰਧਾਨਗੀ ਹੇਠ ਹੋਈ। ਮੀਟਿੰਗ ਦੌਰਾਨ ਅਸ਼ੀਸ਼ ਕਥੂਰੀਆ, ਜ਼ਿਲ੍ਹਾ ਸਮਾਜਿਕ ਨਿਆਂ ਅਤੇ ਅਧਿਕਾਰਤਾ ਅਫ਼ਸਰ-ਕਮ-ਮੈਂਬਰ ਸਕੱਤਰ ਵੱਲੋਂ ਕਮੇਟੀ ਨੂੰ ਐਕਟ ਅਧੀਨ ਦਰਜ ਮਾਮਲਿਆਂ ਦੀ ਪ੍ਰਗਤੀ ਸਬੰਧੀ ਜਾਣਕਾਰੀ ਦਿੱਤੀ ਗਈ। ਉਨ੍ਹਾਂ ਦੱਸਿਆ ਕਿ ਵੱਖ-ਵੱਖ ਅਦਾਲਤਾਂ ਵਿੱਚ ਇਸ ਸਮੇਂ 12 ਕੇਸ ਵਿਚਾਰ ਅਧੀਨ ਹਨ, ਜਿਨ੍ਹਾਂ ਵਿੱਚੋਂ 6 ਕੇਸਾਂ ਵਿੱਚ ਪੀੜਤਾਂ ਨੂੰ ਮੁਆਵਜ਼ਾ ਦਿੱਤਾ ਜਾ ਚੁੱਕਾ ਹੈ, ਜਦਕਿ 3 ਕੇਸਾਂ ਵਿੱਚ ਪੀੜਤਾਂ ਨੂੰ ਮੁਆਵਜ਼ਾ ਜਲਦ ਮੁਹੱਈਆ ਕਰਵਾਇਆ ਜਾਵੇਗਾ। ਬਾਕੀ 3 ਕੇਸਾਂ ਵਿੱਚ ਕਾਰਵਾਈ ਜਾਰੀ ਹੈ। ਉਨ੍ਹਾਂ ਇਹ ਵੀ ਦੱਸਿਆ ਕਿ 17 ਕੇਸ ਐਸ.ਐਸ.ਪੀ. ਦਫ਼ਤਰ ਵਿਖੇ ਜੇਰੇ-ਤਫ਼ਤੀਸ਼ ਚੱਲ ਰਹੇ ਹਨ। ਮੀਟਿੰਗ ਵਿੱਚ ਇਨ੍ਹਾਂ ਮਾਮਲਿਆਂ ਦੀ ਜਾਂਚ ਅਤੇ ਪੀੜਤਾਂ ਨੂੰ ਸਮੇਂ ਸਿਰ ਬਣਦਾ ਮੁਆਵਜ਼ਾ ਅਤੇ ਹੋਰ ਸਹਾਇਤਾ ਮੁਹੱਈਆ ਕਰਵਾਉਣ ਸਬੰਧੀ ਕਾਰਵਾਈ ਦੀ ਸਮੀਖਿਆ ਕੀਤੀ ਗਈ। ਵਧੀਕ ਡਿਪਟੀ ਕਮਿਸ਼ਨਰ (ਆਰ.ਡੀ.) ਸੋਨਮ ਚੌਧਰੀ ਨੇ ਪੁਲਿਸ ਵਿਭਾਗ ਨੂੰ ਹਦਾਇਤ ਕੀਤੀ ਕਿ ਬਕਾਇਆ ਮਾਮਲਿਆਂ ਦੀ ਜਾਂਚ ਜਲਦ ਮੁਕੰਮਲ ਕੀਤੀ ਜਾਵੇ ਅਤੇ ਪੀੜਤਾਂ ਨੂੰ ਸਹੂਲਤਾਂ ਸਬੰਧੀ ਸਕੀਮ ਦੇ ਨਿਯਮਾਂ ਅਤੇ ਮਾਪਦੰਡਾਂ ਬਾਰੇ ਵੀ ਜਾਗਰੂਕ ਕੀਤਾ ਜਾਵੇ, ਤਾਂ ਜੋ ਉਨ੍ਹਾਂ ਨੂੰ ਸਰਕਾਰ ਵੱਲੋਂ ਮੁਹੱਈਆ ਕਰਵਾਈਆਂ ਜਾ ਰਹੀਆਂ ਸਹੂਲਤਾਂ ਦਾ ਸਮੇਂ ਸਿਰ ਲਾਭ ਮਿਲ ਸਕੇ। ਮੀਟਿੰਗ ਵਿੱਚ ਹਰਦੀਪ ਸਿੰਘ, ਜ਼ਿਲ੍ਹਾ ਅਟਾਰਨੀ, ਰਮਨਦੀਪ ਸਿੰਘ, ਪੰਜਾਬ ਪੁਲਸ, ਗੁਰਚਰਨ ਸਿੰਘ ਮਾਨ, ਖੇਤੀਬਾੜੀ ਵਿਭਾਗ, ਐਸ.ਏ.ਐਸ. ਨਗਰ ਤੋਂ ਇਲਾਵਾ ਕਮੇਟੀ ਦੇ ਗੈਰ-ਸਰਕਾਰੀ ਮੈਂਬਰ ਗੁਰਚਰਨ ਸਿੰਘ ਅਤੇ ਗੁਰਪ੍ਰੀਤ ਸਿੰਘ ਵੀ ਹਾਜ਼ਰ ਸਨ।

## ਡਿਪਟੀ ਕਮਿਸ਼ਨਰ ਵੱਲੋਂ ਫੂਡ ਸੇਫਟੀ ਵਿੰਗ ਨੂੰ ਚੈਕਿੰਗ ਤੇਜ਼ ਕਰਨ ਦੇ ਨਿਰਦੇਸ਼



ਕਪੂਰਥਲਾ (ਮਨਜੀਤ ਮਾਨ)- ਪੰਜਾਬ ਸਰਕਾਰ ਅਤੇ ਜ਼ਿਲ੍ਹਾ ਪ੍ਰਸ਼ਾਸਨ ਦੀ ਲੋਕਾਂ ਦੀ ਸਿਹਤ ਦੀ ਰਾਖੀ ਕਰਨ ਅਤੇ ਮਿਆਰੀ ਤੇ ਸੁਰੱਖਿਅਤ ਖਾਧ ਪਦਾਰਥਾਂ ਦੀ ਉਪਲਬਧਤਾ ਯਕੀਨੀ ਬਣਾਉਣ ਦੀ ਵਚਨਬੱਧਤਾ ਨੂੰ ਦੁਹਰਾਉਂਦਿਆਂ ਡਿਪਟੀ ਕਮਿਸ਼ਨਰ ਅਕਾਸ਼ ਬਾਂਸਲ ਵੱਲੋਂ ਜ਼ਿਲ੍ਹਾ ਪੱਧਰੀ ਐਡਵਾਈਜ਼ਰੀ ਕਮੇਟੀ ਦੀ ਮੀਟਿੰਗ ਦੀ ਪ੍ਰਧਾਨਗੀ ਕੀਤੀ ਗਈ। ਮੀਟਿੰਗ ਵਿੱਚ ਸਿਹਤ ਵਿਭਾਗ ਦੇ ਫੂਡ ਸੇਫਟੀ ਵਿੰਗ ਦੇ ਕੰਮਕਾਜ, ਖਾਧ ਪਦਾਰਥਾਂ ਦੀ ਸੈਂਪਲਿੰਗ, ਜਾਗਰੂਕਤਾ ਗਤੀਵਿਧੀਆਂ ਅਤੇ ਜ਼ਿਲ੍ਹੇ ਵਿੱਚ ਚੱਲ ਰਹੀਆਂ ਫੂਡ ਸੇਫਟੀ ਪਹਿਲਕਦਮੀਆਂ ਦੀ ਪ੍ਰਗਤੀ ਦਾ ਜਾਇਜ਼ਾ ਲਿਆ ਗਿਆ। ਡਿਪਟੀ ਕਮਿਸ਼ਨਰ ਅਕਾਸ਼ ਬਾਂਸਲ ਨੇ ਫੂਡ ਸੇਫਟੀ ਵਿੰਗ ਨੂੰ ਖਾਣ-ਪੀਣ ਦੀਆਂ ਦੁਕਾਨਾਂ/ਸੰਸਥਾਵਾਂ ਦੀ ਚੈਕਿੰਗ ਤੇਜ਼ ਕਰਨ ਅਤੇ ਸੈਂਪਲਿੰਗ ਵਧਾਉਣ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਅਧਿਕਾਰੀਆਂ ਨੂੰ ਇਹ ਵੀ ਕਿਹਾ ਕਿ ਫੂਡ ਸੇਫਟੀ ਮਾਪਦੰਡਾਂ ਦੀ ਸਖ਼ਤੀ ਨਾਲ ਪਾਲਣਾ ਹੋਵੇ, ਇਸ ਲਈ ਰਾਜ ਦੇ ਹੋਰ ਹਿੱਸਿਆਂ ਤੋਂ ਜ਼ਿਲ੍ਹੇ ਵਿੱਚ ਦਾਖਲ ਹੋਣ ਵਾਲੇ ਖਾਧ ਪਦਾਰਥਾਂ ਵਾਲੇ ਵਾਹਨਾਂ ਦੀ ਨਿਯਮਤ ਚੈਕਿੰਗ ਕੀਤੀ ਜਾਵੇ। ਡਿਪਟੀ ਕਮਿਸ਼ਨਰ ਨੇ ਅਧਿਕਾਰੀਆਂ ਨੂੰ ਘੱਟੋ-ਘੱਟ ਤਿੰਨ ਸਕੂਲਾਂ ਵਿੱਚ ਮਿਡ-ਡੇ-ਮੀਲ ਦੀ ਨਿਯਮਤ ਜਾਂਚ ਅਤੇ ਸੈਂਪਲਿੰਗ ਕਰਨ ਦੇ ਵੀ ਨਿਰਦੇਸ਼ ਦਿੱਤੇ। ਉਨ੍ਹਾਂ ਸ਼ਾਲੀਮਾਰ ਬਾਗ, ਮਾਲ ਰੋਡ ਅਤੇ ਫਗਵਾੜਾ ਦੇ ਹਰਗੋਬਿੰਦ ਨਗਰ ਸਮੇਤ ਜ਼ਿਲ੍ਹੇ ਦੇ ਹੋਰ ਬਾਜ਼ਾਰਾਂ ਅਤੇ ਭੀੜ-ਭੜੱਕੇ ਵਾਲੇ ਇਲਾਕਿਆਂ ਵਿੱਚ ਚੱਲ ਰਹੇ ਫੂਡ ਸਟਾਲਾਂ ਦੀ ਚੈਕਿੰਗ ਤੇਜ਼ ਕਰਨ ਦੇ ਹੁਕਮ ਦਿੱਤੇ।

## ਪੰਜਾਬ ਸਟੇਟ ਪੈਨਸ਼ਨਰਜ਼ ਕਨਫੈਡਰੇਸ਼ਨ ਦੀ ਤਿਮਾਹੀ ਮੀਟਿੰਗ ਭਲਕੇ

ਫਗਵਾੜਾ (ਜਸਵਿੰਦਰ ਢੱਡਾ)- ਪੰਜਾਬ ਸਟੇਟ ਪੈਨਸ਼ਨਰਜ਼ ਵੈਲਫੇਅਰ ਕਨਫੈਡਰੇਸ਼ਨ (ਰਜਿ) ਦੇ ਸੂਬਾ ਪ੍ਰਧਾਨ ਕਰਮ ਸਿੰਘ ਧਨੋਆ ਅਤੇ ਜਨਰਲ ਸਕੱਤਰ ਕੁਲਵਰਨ ਸਿੰਘ ਵਲੋਂ ਜਾਰੀ ਕੀਤੇ ਗਏ ਪੱਤਰ ਸੰਬੰਧੀ ਜਾਣਕਾਰੀ ਦਿੰਦੇ ਹੋਏ ਸੂਬਾ ਪ੍ਰੈੱਸ ਸਕੱਤਰ ਕੁਲਦੀਪ ਸਿੰਘ ਕੌੜਾ ਨੇ ਪ੍ਰੈੱਸ ਨੂੰ ਜਾਣਕਾਰੀ ਦਿੰਦੇ ਹੋਏ ਦੱਸਿਆ ਕਿ ਪੰਜਾਬ ਸਟੇਟ ਪੈਨਸ਼ਨਰਜ਼ ਕਨਫੈਡਰੇਸ਼ਨ (ਰਜਿ) ਦੀ ਸੂਬਾਈ ਤਿਮਾਹੀ ਮੀਟਿੰਗ 18 ਸਤੰਬਰ ਨੂੰ ਪੈਨਸ਼ਨਰ ਭਵਨ ਲੁਧਿਆਣਾ ਵਿਖੇ ਹੋ ਰਹੀ ਹੈ।

ਇਸ ਮੀਟਿੰਗ ਵਿੱਚ ਸੂਬਾ ਕਾਰਜਕਾਰਨੀ ਦੇ ਮੈਂਬਰਾਂ ਤੋਂ ਇਲਾਵਾ ਕਨਫੈਡਰੇਸ਼ਨ ਨਾਲ ਸੰਬੰਧਿਤ ਪੈਨਸ਼ਨਰ ਜਥੇਬੰਦੀਆਂ ਦੇ ਜ਼ਿਲ੍ਹਾ ਪ੍ਰਧਾਨ, ਸਕੱਤਰ ਅਤੇ ਸਬ ਯੂਨਿਟਾਂ ਦੇ ਪ੍ਰਧਾਨ ਸਕੱਤਰ ਵੱਡੀ ਗਿਣਤੀ ਵਿੱਚ ਸ਼ਾਮਲ ਹੋਣਗੇ।

ਮੀਟਿੰਗ ਵਿੱਚ ਪਿਛਲੀ ਤਿਮਾਹੀ ਦੌਰਾਨ ਕੀਤੇ ਗਏ ਸੰਘਰਸ਼ਾਂ ਦਾ ਤੇ ਕੀਤੀ ਗਈ ਸ਼ਮੂਲੀਅਤ ਦਾ ਰਿਵਿਊ ਕਰਦੇ ਹੋਏ ਭਵਿੱਖ ਵਿੱਚ ਕੀਤੇ ਜਾਣ ਵਾਲੇ ਸੰਘਰਸ਼ਾਂ ਦੀ ਰੂਪ ਰੇਖਾ ਉਲੀਕੀ ਜਾਵੇਗੀ।

## ਡਿਪਟੀ ਕਮਿਸ਼ਨਰ ਵੱਲੋਂ ਪਰਾਲੀ ਤੇ ਫ਼ਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਾਉਣ ਦੀ ਅਪੀਲ



ਹੁਸ਼ਿਆਰਪੁਰ (ਬਲਵੀਰ ਸਿੰਘ ਸੈਣੀ)- ਪੰਜਾਬ ਦੇ ਖੇਤੀਬਾੜੀ ਅਤੇ ਕਿਸਾਨ ਭਲਾਈ ਵਿਭਾਗ ਅਤੇ ਜ਼ਿਲ੍ਹਾ ਪ੍ਰਸ਼ਾਸਨ ਵਲੋਂ ਕਿਸਾਨਾਂ ਨੂੰ ਖੇਤਾਂ ਵਿਚ ਪਰਾਲੀ ਜਾਂ ਫ਼ਸਲਾਂ ਦੀ ਰਹਿੰਦ-ਖੂੰਹਦ ਨਾ ਸਾੜਨ ਲਈ ਜਾਗਰੂਕ ਕਰਨ ਦੇ ਮਕਸਦ ਨਾਲ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਤੋਂ 3 ਵੈਨਾਂ ਰਵਾਨਾ ਕਰਦਿਆਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਸਾਨਾਂ ਨੂੰ ਅਪੀਲ ਕੀਤੀ ਕਿ ਝੋਨੇ ਦੇ ਸੀਜ਼ਨ ਦੌਰਾਨ ਵਾਤਾਵਰਣ ਦੀ ਸਾਂਭ-ਸੰਭਾਲ ਅਤੇ ਮਨੁੱਖੀ ਸਿਹਤ ਨੂੰ ਸੁਰੱਖਿਅਤ ਰੱਖਣ ਦੇ ਮੱਦੇਨਜ਼ਰ ਖੇਤਾਂ ਵਿਚ ਪਰਾਲੀ ਨੂੰ ਅੱਗ ਨਾ ਲਾਈ ਜਾਵੇ। ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਨੇ ਕਿਹਾ ਕਿ ਪਿਛਲੇ ਸਾਲਾਂ ਦੌਰਾਨ ਕਿਸਾਨਾਂ ਵਲੋਂ ਪੂਰੀ ਸੁਹਿਰਦਤਾ ਦਿਖਾਉਂਦਿਆਂ ਖੇਤਾਂ ਵਿਚ ਫ਼ਸਲਾਂ ਦੀ ਰਹਿੰਦ-ਖੂੰਹਦ ਨੂੰ ਅੱਗ ਨਾ ਲਾਉਣ ਦੇ ਮਾਮਲਿਆਂ ਨੂੰ ਵੱਡੇ ਪੱਧਰ 'ਤੇ ਠੱਲ੍ਹ ਪਾਉਂਦਿਆਂ ਵਾਤਾਵਰਣ, ਮਨੁੱਖੀ ਸਿਹਤ, ਮਿੱਟੀ ਦੀ ਉਪਜਾਊ ਸ਼ਕਤੀ ਨੂੰ ਬਰਕਰਾਰ ਰੱਖਣ ਅਤੇ ਮਿੱਤਰ ਕੀੜਿਆਂ ਦੇ ਬਚਾਅ ਲਈ ਸ਼ਲਾਘਾਯੋਗ ਸਹਿਯੋਗ ਨੂੰ ਯਕੀਨੀ ਬਣਾਇਆ ਗਿਆ ਹੈ ਅਤੇ ਇਸ ਸੀਜ਼ਨ ਵਿਚ ਵੀ ਕਿਸਾਨਾਂ ਤੋਂ ਇਹੀ ਉਮੀਦ ਹੈ। ਉਨ੍ਹਾਂ ਕਿਹਾ ਕਿ ਕੌਮੀ ਗਰੀਨ ਟ੍ਰਿਬਿਊਨਲ ਅਤੇ ਸੁਪਰੀਮ ਕੋਰਟ ਵਲੋਂ ਇਸ ਸਬੰਧੀ ਸਮੇਂ-ਸਮੇਂ 'ਤੇ ਲੋੜੀਂਦੇ ਹੁਕਮ ਜਾਰੀ ਕੀਤੇ ਗਏ ਹਨ ਜਿਨ੍ਹਾਂ ਦੀ ਪਾਲਣਾ ਨੂੰ ਯਕੀਨੀ ਬਣਾਉਣਾ ਸਾਰਿਆਂ ਦਾ ਮੁੱਢਲਾ ਫਰਜ਼ ਹੈ ਤਾਂ ਜੋ ਵਾਤਾਵਰਣ ਨੂੰ ਹਰਿਆ-ਭਰਿਆ, ਸਾਫ਼-ਸੁਥਰਾ ਅਤੇ ਪ੍ਰਦੂਸ਼ਣ ਮੁਕਤ ਰੱਖਿਆ ਜਾ ਸਕੇ। ਉਨ੍ਹਾਂ ਦੱਸਿਆ ਕਿ ਜ਼ਿਲ੍ਹੇ ਵਿਚ ਲਗਾਤਾਰ ਨਿਗਰਾਨੀ ਅਤੇ ਜਾਗਰੂਕਤਾ ਲਈ 485 ਨੋਡਲ ਅਫ਼ਸਰ ਅਤੇ 125 ਕਲੱਸਟਰ ਅਫ਼ਸਰ ਤਾਇਨਾਤ ਕੀਤੇ ਗਏ ਹਨ।

ਜਾਗਰੂਕਤਾ ਵੈਨਾਂ ਬਾਰੇ ਦੱਸਦਿਆਂ ਡਿਪਟੀ ਕਮਿਸ਼ਨਰ ਆਸ਼ਿਕਾ ਜੈਨ ਨੇ ਕਿਹਾ ਕਿ ਇਹ ਵੈਨਾਂ ਜ਼ਿਲ੍ਹੇ ਦੇ ਹਰ ਬਲਾਕ, ਹਰ ਪਿੰਡ ਪਹੁੰਚ ਕੇ ਪਰਾਲੀ ਨਾ ਸਾੜਨ ਬਾਰੇ ਸੁਨੇਹਾ ਦੇਣਗੀਆਂ। ਉਨ੍ਹਾਂ ਦੱਸਿਆ ਕਿ ਖੇਤੀਬਾੜੀ ਵਿਭਾਗ ਵਲੋਂ ਕਿਸਾਨਾਂ, ਕੋ-ਅਪਰੇਟਿਵ ਸੁਸਾਇਟੀਆਂ, ਪੰਚਾਇਤਾਂ ਅਤੇ ਕਿਸਾਨ ਸਮੂਹਾਂ ਨੂੰ ਸਬਸਿਡੀ 'ਤੇ ਮਸ਼ੀਨਾਂ ਮੁਹੱਈਆ ਕਰਵਾਈਆਂ ਗਈਆਂ ਹਨ ਤਾਂ ਜੋ ਖੇਤਾਂ ਵਿਚ ਪਰਾਲੀ ਅਤੇ ਫ਼ਸਲਾਂ ਦੀ ਰਹਿੰਦ-ਖੂੰਹਦ ਦਾ ਸੁਚੱਜਾ ਪ੍ਰਬੰਧਨ ਯਕੀਨੀ ਬਣਾਇਆ ਜਾ ਸਕੇ।

## ਲੋੜਵੰਦ ਪਰਵਾਰਾ ਨੂੰ ਵੰਡਿਆ ਗਿਆ ਰਾਸ਼ਨ



ਗੁਰਾਇਆ (ਬਿੰਦਰ ਸੁਮਨ)- ਧੰਨ ਧੰਨ ਬਾਬਾ ਬਸਾਉ ਦੇ ਪਵਿੱਤਰ ਅਸਥਾਨ ਪਿੰਡ ਰੁਪੋਵਾਲ ਵਿਖੇ ਹੋਣ ਵਾਲੇ ਛਿੰਝ ਮੇਲੇ ਦੀ ਖ਼ੁਸ਼ੀ ਵਿੱਚ ਹਰੇਕ ਸਾਲ ਦੀ ਤਰਾਂ ਇਸ ਸਾਲ ਵੀ ਜੀਤ ਬਾਬਾ ਬੈਲਜੀਅਮ ਅਤੇ ਸਾਜਨ ਬੈਲਜੀਅਮ ਵਲੋਂ ਸੋਮਨਾਥ ਥਿੰਦ, ਵਿਜੈ ਸੰਧੂ ਯੂ ਕੇ, ਸੱਤੀ ਬਰਸਲ ਅਤੇ ਲਾਡੀ ਗਿੱਲ ਦੇ ਸਹਿਯੋਗ ਨਾਲ ਲੋੜਵੰਦ ਪਰਵਾਰਾਂ ਨੂੰ ਰਾਸ਼ਨ ਵੰਡਿਆ ਗਿਆ। ਰਾਸ਼ਨ ਵੰਡਣ ਦੀ ਸ਼ੁਰੂਆਤ ਅਰਦਾਸ ਉਪਰੰਤ ਕੀਤੀ ਗਈ। ਇਸ ਮੌਕੇ ਗਰਾਮ ਪੰਚਾਇਤ ਅਤੇ ਨਗਰ ਨਿਵਾਸੀਆਂ ਵਲੋਂ ਰਾਸ਼ਨ ਵੰਡਣ ਵਾਲੇ ਵੀਰਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ। ਇਸ ਮੌਕੇ ਐਨ ਆਰ ਆਈ ਵੀਰਾਂ ਨੇ ਕਿਹਾ ਕਿ ਇਹ ਕਾਰਜ ਆਉਣ ਵਾਲੇ ਸਮੇਂ ਦੌਰਾਨ ਵੀ ਜਾਰੀ ਰਹੇਗਾ। ਇਸ ਮੌਕੇ ਪਿੰਡ ਦੇ ਸਰਪੰਚ ਪਰਮਜੀਤ ਕੌਰ, ਗੁਰਦੀਪ ਸਿੰਘ ਢੇਸੀ, ਮਾਸਟਰ ਜਗਦੀਸ਼ ਪੰਚ, ਸੰਦੀਪ ਵਿਰਦੀ, ਬਲਵਿੰਦਰ ਸਿੰਘ ਭੋਗਲ, ਨਛੱਤਰ ਕੌਰ ਪੰਚ, ਸਾਬਕਾ ਸਰਪੰਚ ਤਲਜੀਤ ਢੇਸੀ, ਬਲਿਹਾਰ ਮਹਿਮੀ, ਪਰਵਿੰਦਰ ਮਹਿਮੀ ਵਾਇਸ ਪ੍ਰਧਾਨ, ਜਸਪਾਲ ਸਿੰਘ, ਮਨਵੀਰ ਭੋਗਲ, ਬਲਵੀਰ ਸਿੰਘ ਮਹਿਮੀ ਆਦਿ ਹਾਜ਼ਰ ਸਨ।

## ਧਾਰਮਿਕ ਗੀਤ 'ਦਾਤਾ ਅਲੀ ਅਹਿਮਦ ਦਾ ਪੀਰ' ਦਾ ਪੋਸਟਰ ਰਿਲੀਜ਼



ਬੰਗਾ (ਅਵਤਾਰ ਕਲੇਰ)- ਦਰਬਾਰ ਸੱਯਦ ਉੱਲ ਸੇਖ ਬਾਬਾ ਅਬਦੁੱਲਾ ਸ਼ਾਹ ਕਾਦਰੀ ਜੀ ਰੌਜ਼ਾ ਸ਼ਰੀਫ਼ ਮੰਢਾਲੀ ਦੇ ਤੀਸਰੇ ਗੱਦੀ ਨਸ਼ੀਨ ਸਾਬਰ ਦਾਤਾ ਅਲੀ ਅਹਿਮਦ ਸ਼ਾਹ ਕਾਦਰੀ ਜੀ ਦੀ ਯਾਦ ਨੂੰ ਸਮਰਪਿਤ ਧਾਰਮਿਕ ਗੀਤ ਦਾਤਾ 'ਅਲੀ ਅਹਿਮਦ ਦਾ ਪੀਰ' ਸਿੰਗਲ ਟਰੈਕ ਰਿਲੀਜ਼ ਕੀਤਾ ਗਿਆ। ਇਸ ਧਾਰਮਿਕ ਗੀਤ ਨੂੰ ਗਾਇਆ ਤੇ ਲਿਖਿਆ ਚਰਚਿਤ ਪੰਜਾਬੀ ਕਲਾਕਾਰ ਨੂਰ ਮੁਹੰਮਦ ਨੇ। ਸੰਗੀਤ ਅਤੇ ਵੀਡੀਓ ਪ੍ਰੀਤ ਬਲਿਹਾਰ ਅਤੇ ਪੇਸ਼ਕਸ਼ ਪੀ.ਬੀ ਮਿਉਜ਼ਕ ਟੋਨ ਤੇ ਪ੍ਰੀਤ ਬਲਿਹਾਰ ਫਗਵਾੜਾ। ਪੋਸਟਰ ਰਿਲੀਜ਼ ਕਰਨ ਮੌਕੇ ਸਾਈਂ ਉਮਰੇ ਸ਼ਾਹ ਕਾਦਰੀ ਗੱਦੀ ਨਸ਼ੀਨ ਰੌਜ਼ਾ ਸ਼ਰੀਫ਼ ਮੰਢਾਲੀ, ਗਾਇਕ ਬੂਟਾ ਮੁਹੰਮਦ, ਬਾਬਾ ਸੋਢੀ ਸ਼ਾਹ ਲਲਵਾਨ, ਮਨੀ ਸਾਈਂ ਲੁਧਿਆਣਾ, ਸਾਈਂ ਫੱਕਰ ਸ਼ਾਹ ਕਾਦਰੀ ਦਾਦੂਵਾਲ, ਸਾਈਂ ਜੀਤ ਸ਼ਾਹ ਕਾਦਰੀ ਰੁੜਕਾ ਕਲਾਂ, ਸਾਈਂ ਮਨਦੀਪ ਸ਼ਾਹ, ਸਾਈਂ ਮੁੰਨਾ ਸ਼ਾਹ,ਗਾਇਕ ਨੂਰ ਮੁਹੰਮਦ ਆਦਿ ਹਾਜ਼ਰ ਸਨ।

## ਆਂਗਣਵਾੜੀ ਵਰਕਰਾਂ ਨੂੰ ਨਿੱਕੇ ਕਦਮ ਪ੍ਰੋਜੈਕਟ ਤਹਿਤ ਫੇਜ਼-2 ਦੀ ਦਿੱਤੀ ਟ੍ਰੇਨਿੰਗ




ਨਵਾਂਸ਼ਹਿਰ (ਮਨੋਜ ਲਾਡੀ)- ਪੰਜਾਬ ਦੇ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਦੇ ਨਿਰਦੇਸ਼ਾਂ ਅਤੇ ਜ਼ਿਲ੍ਹਾ ਪ੍ਰੋਗਰਾਮ ਅਫ਼ਸਰ ਜਗਰੂਪ ਸਿੰਘ ਅਤੇ ਸੀ ਡੀ ਪੀ ਓ ਪੂਰਨ ਪੰਕਜ ਸ਼ਰਮਾ ਦੀ ਅਗਵਾਈ ਹੇਠ ਨਵਾਂਸ਼ਹਿਰ ਜ਼ਿਲ੍ਹੇ ਦੇ ਬਲਾਕ ਬਲਾਚੌਰ ਵਿੱਚ ਆਂਗਣਵਾੜੀ ਵਰਕਰਾਂ ਨੂੰ ਨਿੱਕੇ ਕਦਮ ਪ੍ਰੋਜੈਕਟ ਤਹਿਤ ਫੇਜ਼-2 ਦੀ ਟ੍ਰੇਨਿੰਗ ਦਿੱਤੀ ਗਈ। ਇਹ ਟ੍ਰੇਨਿੰਗ ਜ਼ਿਲ੍ਹਾ ਕੋਆਰਡੀਨੇਟਰ ਗੁਰਦੀਪ ਕੌਰ ਵੱਲੋਂ ਸਫਲਤਾਪੂਰਵਕ ਕਰਵਾਈ ਗਈ। ਇਸ ਦੌਰਾਨ ਆਂਗਣਵਾੜੀ ਵਰਕਰਾਂ ਨੂੰ ਸ਼ੁਰੂਆਤੀ ਬਚਪਨ ਦੀ ਦੇਖਭਾਲ ਅਤੇ ਸਿੱਖਿਆ, ਬੱਚਿਆਂ ਦੇ ਵਿਕਾਸ, ਪੋਸ਼ਣ ਅਤੇ ਛੋਟੇ ਬੱਚਿਆਂ ਲਈ ਵੱਖ-ਵੱਖ ਗਤੀਵਿਧੀਆਂ ਨਾਲ ਸਬੰਧਤ ਜਾਣਕਾਰੀ ਅਤੇ ਟ੍ਰੇਨਿੰਗ ਦਿੱਤੀ ਗਈ। ਟ੍ਰੇਨਿੰਗ ਦੌਰਾਨ ਸ਼ੁਰੂਆਤੀ ਬਚਪਨ ਦੇ ਵਿਕਾਸ ਦੀ ਮਹੱਤਤਾ, ਬੱਚਿਆਂ ਦੀ ਉਮਰ ਅਨੁਸਾਰ ਗਤੀਵਿਧੀਆਂ, ਖੇਡ ਰਾਹੀਂ ਸਿੱਖਿਆ, ਪੋਸ਼ਣ ਅਤੇ ਬੱਚਿਆਂ ਦੇ ਸਮੁੱਚੇ ਵਿਕਾਸ ਵਰਗੇ ਵੱਖ-ਵੱਖ ਵਿਸ਼ਿਆਂ ਨੂੰ ਕਵਰ ਕੀਤਾ ਗਿਆ।

ਅਧਿਕਾਰੀਆਂ ਨੇ ਇਹ ਵੀ ਜ਼ੋਰ ਦਿੱਤਾ ਕਿ ਆਂਗਣਵਾੜੀ ਵਰਕਰ ਟ੍ਰੇਨਿੰਗ ਦੌਰਾਨ ਸਿੱਖੀਆਂ ਗਈਆਂ ਗਤੀਵਿਧੀਆਂ ਅਤੇ ਜਾਣਕਾਰੀ ਨੂੰ ਆਪਣੇ-ਆਪਣੇ ਆਂਗਣਵਾੜੀ ਕੇਂਦਰਾਂ ਵਿੱਚ ਲਾਗੂ ਕਰਨ, ਤਾਂ ਜੋ ਬੱਚਿਆਂ ਅਤੇ ਉਨ੍ਹਾਂ ਦੇ ਪਰਿਵਾਰਾਂ ਨੂੰ ਇਸ ਪ੍ਰੋਗਰਾਮ ਦਾ ਵੱਧ ਤੋਂ ਵੱਧ ਲਾਭ ਮਿਲ ਸਕੇ। ਵਿਭਾਗ ਵੱਲੋਂ ਆਂਗਣਵਾੜੀ ਵਰਕਰਾਂ ਅਤੇ ਪ੍ਰੋਜੈਕਟ ਟੀਮ ਦੇ ਯਤਨਾਂ ਦੀ ਸ਼ਲਾਘਾ ਕੀਤੀ ਗਈ ਅਤੇ ਉਨ੍ਹਾਂ ਨੂੰ ਛੋਟੇ ਬੱਚਿਆਂ ਦੇ ਵਿਕਾਸ ਅਤੇ ਸਿੱਖਣ ਦੇ ਨਤੀਜਿਆਂ ਵਿੱਚ ਸੁਧਾਰ ਲਈ ਲਗਾਤਾਰ ਕੰਮ ਕਰਨ ਲਈ ਉਤਸ਼ਾਹਿਤ ਕੀਤਾ ਗਿਆ।

## ਮੁਸਲਿਮ ਭਾਈਚਾਰੇ ਵੱਲੋਂ ਮਲਕੀਤ ਚੰਦ ਮੇਹਲੀ ਭਵਨ ਵਿਖੇ ਵੱਡਾ ਇਕੱਠ

**26 ਨੂੰ ਮੋਗਾ 'ਚ ਭਾਜਪਾ-ਆਰ ਐੱਸ ਐੱਸ ਵਿਰੋਧੀ ਰੈਲੀ 'ਚ ਵੱਡੀ ਗਿਣਤੀ 'ਚ ਸ਼ਮੂਲੀਅਤ ਦੀ ਅਪੀਲ**

ਨਵਾਂਸ਼ਹਿਰ (ਮਨੋਜ ਲਾਡੀ)- ਮੁਸਲਿਮ ਭਾਈਚਾਰੇ ਵੱਲੋਂ ਮਲਕੀਤ ਚੰਦ ਮੇਹਲੀ ਭਵਨ ਵਿਖੇ ਇਕੱਠ ਕੀਤਾ ਗਿਆ । ਇਸ ਦੌਰਾਨ ਭਾਜਪਾ-ਆਰ ਐੱਸ ਐੱਸ ਦੀਆਂ ਮੁਸਲਿਮ ਵਿਰੋਧੀ, ਘੱਟਗਿਣਤੀ ਵਿਰੋਧੀ ਅਤੇ ਫ਼ਾਸ਼ੀਵਾਦੀ ਨੀਤੀਆਂ ਸਬੰਧੀ ਵਿਚਾਰ-ਚਰਚਾ ਕੀਤੀ। ਇਕੱਠ ਨੂੰ ਇੰਡੀਅਨ ਫੈਡਰੇਸ਼ਨ ਆਫ਼ ਟਰੇਡ ਯੂਨੀਅਨਜ਼ (ਇਫਟੂ) ਪੰਜਾਬ ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ, ਅਵਤਾਰ ਸਿੰਘ ਤਾਰੀ ਅਤੇ ਮੁਹੰਮਦ ਸ਼ਾਹਿਦ ਨੇ ਸੰਬੋਧਨ ਕੀਤਾ।

ਬੁਲਾਰਿਆਂ ਨੇ ਭਾਜਪਾ-ਆਰ ਐੱਸ ਐੱਸ ਦੀਆਂ ਘੱਟਗਿਣਤੀਆਂ, ਕਮਿਊਨਿਸਟਾਂ, ਦਲਿਤਾਂ ਅਤੇ ਅੰਬੇਡਕਰਵਾਦੀਆਂ ਵਿਰੁੱਧ ਅਪਣਾਈਆਂ ਜਾ ਰਹੀਆਂ ਨੀਤੀਆਂ ਦੀ ਆਲੋਚਨਾ ਕੀਤੀ। ਉਨ੍ਹਾਂ ਕਿਹਾ ਕਿ ਇਨ੍ਹਾਂ ਨੀਤੀਆਂ ਦਾ ਵਿਰੋਧ ਕਰਨ ਲਈ ਸਮੂਹ ਮਿਹਨਤਕਸ਼ ਅਤੇ ਜਮਹੂਰੀ ਤਾਕਤਾਂ ਨੂੰ ਇਕਜੁੱਟ ਹੋਣ ਦੀ ਲੋੜ ਹੈ। ਮੀਟਿੰਗ ਵਿਚ ਫ਼ੈਸਲਾ ਕੀਤਾ ਕਿ 26 ਸਤੰਬਰ ਨੂੰ ਮੋਗਾ ਵਿਖੇ ਹੋ ਰਹੀ ਭਾਜਪਾ-ਆਰ ਐੱਸ ਐੱਸ ਵਿਰੋਧੀ ਰੈਲੀ ਵਿਚ ਵੱਡੀ ਗਿਣਤੀ ਵਿਚ ਸ਼ਮੂਲੀਅਤ ਕੀਤੀ ਜਾਵੇ।

ਇਸ ਰੈਲੀ ਵਿਚ ਘੱਟਗਿਣਤੀਆਂ ਅਤੇ ਹੋਰ ਦੱਬੇ-ਕੁਚਲੇ ਵਰਗਾਂ ਵਿਰੁੱਧ ਹੋ ਰਹੇ ਜ਼ੁਲਮਾਂ ਦੇ ਨਾਲ-ਨਾਲ ਪੰਜਾਬ ਦੇ ਅਹਿਮ ਮੁੱਦੇ ਵੀ ਉਠਾਏ ਜਾਣਗੇ। ਇਨ੍ਹਾਂ ਮੁੱਦਿਆਂ ਵਿਚ ਪੰਜਾਬ ਦੇ ਪਾਣੀਆਂ ਦੀ ਰਾਖੀ, ਚੰਡੀਗੜ੍ਹ ਪੰਜਾਬ ਨੂੰ ਦੇਣ, ਡੈਮ ਸੇਫਟੀ ਐਕਟ ਰੱਦ ਕਰਨ, ਮਨਰੇਗਾ ਬਹਾਲ ਕਰਨ ਘੱਟੋ-ਘੱਟ ਸਮਰਥਨ ਮੁੱਲ (ਐੱਮ ਐੱਸ ਪੀ) ਲਾਗੂ ਕਰਨ ਅਤੇ ਚਾਰ ਲੇਬਰ ਕੋਡਾਂ ਨੂੰ ਰੱਦ ਕਰਨ ਦੀ ਮੰਗ ਸ਼ਾਮਲ ਹੈ।

ਇਕੱਠ ਵਿਚ ਇਨ੍ਹਾਂ ਮੁੱਦਿਆਂ ਨੂੰ ਲੈ ਕੇ ਸੰਘਰਸ਼ ਨੂੰ ਹੋਰ ਮਜ਼ਬੂਤ ਕਰਨ ਦਾ ਸੱਦਾ ਦਿੱਤਾ। ਇਸ ਮੌਕੇ ਪੀ ਐੱਸ ਯੂ ਦੇ ਜ਼ਿਲ੍ਹਾ ਪ੍ਰਧਾਨ ਬਲਜੀਤ ਧਰਮਕੋਟ ਤੇ ਜ਼ਿਲ੍ਹਾ ਆਗੂ ਰਾਜੂ ਬਰਨਾਲਾ, ਮੁਸਲਿਮ ਵੈਲਫੇਅਰ ਕਮੇਟੀ ਦੇ ਪ੍ਰਧਾਨ ਮੁਹੰਮਦ ਨਿਜ਼ਾਮ, ਡਾ. ਅਸ਼ਰਫ਼ ਮੁਹੰਮਦ ਸ਼ਾਹਿਦ, ਆਜ਼ਾਦ ਤੇ ਹੋਰ ਸ਼ਾਮਲ ਸਨ।

## ਟੋਰੋਵਾਲ ਵਿਖੇ ਅਜੇ ਮੰਗੂਪੁਰ ਨੇ ਕੀਤੀ ਲੋਕ ਮਿਲਣੀ



ਪੋਜੇਵਾਲ (ਰਾਮ ਲਾਲ)- ਵਿਧਾਨ ਸਭਾ ਹਲਕਾ ਬਲਾਚੌਰ ਦੇ ਪਿੰਡ ਟੋਰੋਵਾਲ ਵਿਖੇ ਕਾਂਗਰਸ ਦੇ ਜ਼ਿਲ੍ਹਾ ਪ੍ਰਧਾਨ ਅਜੇ ਮੰਗੂਪੁਰ ਵੱਲੋਂ ਲੋਕ ਮਿਲਣੀ ਕੀਤੀ ਗਈ। ਇਸ ਦੌਰਾਨ ਉਨ੍ਹਾਂ ਪਿੰਡ ਵਾਸੀਆਂ ਨਾਲ ਮੁਲਾਕਾਤ ਕਰਦਿਆਂ ਉਨ੍ਹਾਂ ਦੇ ਵਿਚਾਰ ਸੁਣੇ ਅਤੇ ਇਲਾਕੇ ਨਾਲ ਸਬੰਧਤ ਵੱਖ-ਵੱਖ ਮਸਲਿਆਂ ਬਾਰੇ ਵਿਚਾਰ-ਵਟਾਂਦਰਾ ਕੀਤਾ। ਪਿੰਡ ਵਾਸੀਆਂ ਨੇ ਵੀ ਆਪਣੇ ਇਲਾਕੇ ਦੀਆਂ ਸਮੱਸਿਆਵਾਂ ਅਤੇ ਲੋੜਾਂ ਸਬੰਧੀ ਆਪਣੇ ਵਿਚਾਰ ਸਾਂਝੇ ਕੀਤੇ।ਇਸ ਮੌਕੇ ਅਜੇ ਮੰਗੂਪੁਰ ਨੇ ਕਿਹਾ ਕਿ ਲੋਕਾਂ ਨਾਲ ਸਿੱਧਾ ਸੰਵਾਦ ਹੀ ਜ਼ਮੀਨੀ ਹਕੀਕਤ ਨੂੰ ਸਮਝਣ ਦਾ ਸਭ ਤੋਂ ਵਧੀਆ ਰਾਹ ਹੈ। ਉਨ੍ਹਾਂ ਕਿਹਾ ਕਿ ਲੋਕਾਂ ਵੱਲੋਂ ਮਿਲ ਰਿਹਾ ਪਿਆਰ, ਸਨੇਹ ਅਤੇ ਭਰੋਸਾ ਉਨ੍ਹਾਂ ਨੂੰ ਹਮੇਸ਼ਾ ਨਵੀਂ ਤਾਕਤ ਦਿੰਦਾ ਹੈ। ਲੋਕਾਂ ਦੀਆਂ ਸਮੱਸਿਆਵਾਂ ਨੂੰ ਸੁਣਨਾ ਅਤੇ ਉਨ੍ਹਾਂ ਦੇ ਹੱਲ ਲਈ ਯਤਨ ਕਰਨਾ ਉਨ੍ਹਾਂ ਦੀ ਮੁੱਖ ਤਰਜੀਹ ਹੈ। ਲੋਕ ਮਿਲਣੀ ਦੌਰਾਨ ਸੈਂਕੜੇ ਪਰਵਾਰਾਂ ਨੇ ਕਾਂਗਰਸ ਪਾਰਟੀ ਦੀਆਂ ਨੀਤੀਆਂ ਵਿੱਚ ਭਰੋਸਾ ਪ੍ਰਗਟ ਕਰਦਿਆਂ ਕਾਂਗਰਸ ਪਾਰਟੀ ਵਿੱਚ ਸ਼ਾਮਲ ਹੋਣ ਦਾ ਐਲਾਨ ਕੀਤਾ। ਨਵੇਂ ਸ਼ਾਮਲ ਹੋਏ ਪਰਵਾਰਾਂ ਦਾ ਕਾਂਗਰਸੀ ਆਗੂਆਂ ਵੱਲੋਂ ਸਵਾਗਤ ਕੀਤਾ ਗਿਆ ਅਤੇ ਉਨ੍ਹਾਂ ਨੂੰ ਪਾਰਟੀ ਵਿੱਚ ਬਣਦਾ ਮਾਣ-ਸਤਿਕਾਰ ਦੇਣ ਦਾ ਭਰੋਸਾ ਦਿੱਤਾ ਗਿਆ।ਇਸ ਮੌਕੇ ਤਰਸੇਮ ਚੰਨਿਆਣੀ, ਬਲਵੀਰ ਵਾਈਸ ਚੇਅਰਮੈਨ ਸੜੋਆ, ਮਾਸਟਰ ਬਲਵੀਰ ਪੋਜੇਵਾਲ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਪਿੰਡ ਵਾਸੀ ਹਾਜ਼ਰ ਸਨ।

## ਰਾਸ਼ਟਰੀ ਇੰਜੀਨੀਅਰ ਦਿਵਸ ਮਨਾਇਆ




ਜਲੰਧਰ (ਸ਼ੈਲੀ ਐਲਬਰਟ)- ਮੇਹਰ ਚੰਦ ਪੋਲੀਟੈਕਨਿਕ ਕਾਲਜ ਜਲੰਧਰ ਦੇ ਸਿਵਲ ਇੰਜੀਨੀਅਰਿੰਗ ਵਿਭਾਗ ਵੱਲੋਂ ਰਾਸ਼ਟਰੀ ਇੰਜੀਨੀਅਰ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ।ਇਹ ਦਿਵਸ ਮਹਾਨ ਇੰਜੀਨੀਅਰ, ਦੂਰਦਰਸ਼ੀ ਅਤੇ ਰਾਸ਼ਟਰ ਨਿਰਮਾਤਾ ਸਰ ਮੋਕਸ਼ਗੁੰਡਮ ਵਿਸ਼ਵੇਸ਼ਵਰੱਈਆ ਦੀ ਜਨਮ ਵਰ੍ਹੇਗੰਢ ਨੂੰ ਸਮਰਪਿਤ ਸੀ। ਕਾਲਜ ਦੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਅਤੇ ਸਿਵਲ ਇੰਜੀਨੀਅਰਿੰਗ ਵਿਭਾਗ ਦੇ ਮੁਖੀ ਡਾ. ਰਾਜੀਵ ਭਾਟੀਆ ਦੀ ਯੋਗ ਅਗਵਾਈ ਹੇਠ ਵਿਭਾਗ ਵੱਲੋਂ ਅੱਜ ਦੇ ਯੁੱਗ ਵਿੱਚ ਸਿਵਲ ਇੰਜੀਨੀਅਰਾਂ ਦੀ ਭੂਮਿਕਾ ਵਿਸ਼ੇ 'ਤੇ ਇੱਕ ਗਿਆਨਵਰਧਕ ਮਾਹਿਰ ਭਾਸ਼ਣ ਕਰਵਾਇਆ ਗਿਆ। ਇਸ ਮੌਕੇ 'ਤੇ ਅਡਾਨੀ ਸੀਮੈਂਟ ਜਲੰਧਰ ਦੇ ਟੈਕਨੀਕਲ ਟੀਮ ਮੁਖੀ ਇੰਜੀਨੀਅਰ ਸੁਰੇਸ਼ ਅਰੋੜਾ ਨੇ ਵਿਦਿਆਰਥੀਆਂ ਨੂੰ ਸੰਬੋਧਨ ਕੀਤਾ। ਉਨ੍ਹਾਂ ਨੇ ਆਧੁਨਿਕ ਨਿਰਮਾਣ ਉਦਯੋਗ ਵਿੱਚ ਸਿਵਲ ਇੰਜੀਨੀਅਰਾਂ ਦੀ ਬਦਲਦੀ ਭੂਮਿਕਾ ਤੇ ਜ਼ਿੰਮੇਵਾਰੀਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਨੇ ਸੀਮੈਂਟ ਨੂੰ ਇੱਕ ਮਹੱਤਵਪੂਰਨ ਨਿਰਮਾਣ ਸਮੱਗਰੀ ਦੱਸਦਿਆਂ ਇਸ ਦੀ ਮਹੱਤਤਾ 'ਤੇ ਚਾਨਣਾ ਪਾਇਆ। ਇਸ ਤੋਂ ਇਲਾਵਾ ਉਨ੍ਹਾਂ ਨੇ ਢੁਕਵੀਆਂ ਨਿਰਮਾਣ ਤਕਨੀਕਾਂ ਅਪਣਾਉਣ ਅਤੇ ਖੇਤਰ ਵਿੱਚ ਹੋ ਰਹੀਆਂ ਤਕਨੀਕੀ ਤਰੱਕੀਆਂ ਨਾਲ ਕਦਮ ਮਿਲਾ ਕੇ ਚੱਲਣ ਦੀ ਲੋੜ 'ਤੇ ਵੀ ਜ਼ੋਰ ਦਿੱਤਾ। ਡਾ. ਰਾਜੀਵ ਭਾਟੀਆ ਨੇ ਮਾਹਿਰ ਬੁਲਾਰੇ ਦੀ ਜਾਣ-ਪਛਾਣ ਕਰਵਾਈ। ਆਪਣੇ ਸੰਬੋਧਨ ਦੌਰਾਨ ਉਨ੍ਹਾਂ ਕਿਹਾ ਇੰਜੀਨੀਅਰਿੰਗ ਸਿਰਫ਼ ਇੱਕ ਪੇਸ਼ਾ ਨਹੀਂ ਹੈ, ਸਗੋਂ ਸਮੱਸਿਆਵਾਂ ਦੇ ਹੱਲ ਲੱਭਣ ਅਤੇ ਬਿਹਤਰ ਭਵਿੱਖ ਦੀ ਉਸਾਰੀ ਦਾ ਇੱਕ ਢੰਗ ਹੈ। ਕਾਲਜ ਦੇ ਪ੍ਰਿੰਸੀਪਲ ਡਾ. ਜਗਰੂਪ ਸਿੰਘ ਨੇ ਸਿਵਲ ਇੰਜੀਨੀਅਰਿੰਗ ਵਿਭਾਗ ਵੱਲੋਂ ਰਾਸ਼ਟਰੀ ਇੰਜੀਨੀਅਰ ਦਿਵਸ ਮਨਾਉਣ ਲਈ ਕੀਤੇ ਉਪਰਾਲਿਆਂ ਦੀ ਸ਼ਲਾਘਾ ਕੀਤੀ। ਇਸ ਪ੍ਰੋਗਰਾਮ ਦਾ ਤਾਲਮੇਲ ਇੰਜੀਨੀਅਰ ਕਨਵ ਮਹਾਜਨ ਅਤੇ ਇੰਜੀਨੀਅਰ ਅਮਿਤ ਖੰਨਾ ਵੱਲੋਂ ਕੀਤਾ ਗਿਆ। ਉਨ੍ਹਾਂ ਦੇ ਯਤਨਾਂ ਸਦਕਾ ਇਹ ਸਮਾਗਮ ਸਫਲਤਾਪੂਰਵਕ ਸੰਪੰਨ ਹੋਇਆ।

## ਪ੍ਰਧਾਨ ਮੰਤਰੀ ਆਦਰਸ਼ ਗ੍ਰਾਮ ਯੋਜਨਾ ਤਹਿਤ 44 ਪਿੰਡਾਂ ਦੇ ਵਿਲੇਜ ਡਿਵੈੱਲਪਮੈਂਟ ਪਲਾਨ ਮਨਜ਼ੂਰ



ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)- ਸੋਨਮ ਚੌਧਰੀ, ਵਧੀਕ ਡਿਪਟੀ ਕਮਿਸ਼ਨਰ (ਪੇਂਡੂ ਵਿਕਾਸ) ਦੀ ਪ੍ਰਧਾਨਗੀ ਹੇਠ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਐਸ.ਏ.ਐਸ. ਨਗਰ ਵਿਖੇ ਪ੍ਰਧਾਨ ਮੰਤਰੀ ਆਦਰਸ਼ ਗ੍ਰਾਮ ਯੋਜਨਾ ਸਕੀਮ ਤਹਿਤ ਜ਼ਿਲ੍ਹਾ ਪੱਧਰੀ ਕੰਨਵਰਜੈਂਸ ਕਮੇਟੀ ਦੀ ਮੀਟਿੰਗ ਕਰਵਾਈ ਗਈ। ਮੀਟਿੰਗ ਦੌਰਾਨ ਜ਼ਿਲ੍ਹੇ ਨਾਲ ਸੰਬੰਧਤ 44 ਪਿੰਡਾਂ ਦੇ ਵਿਲੇਜ ਡਿਵੈਲਪਮੈਂਟ ਪਲਾਨ ਨੂੰ ਮਨਜ਼ੂਰੀ ਦਿੱਤੀ ਗਈ। ਇਨ੍ਹਾਂ ਪਿੰਡਾਂ ਵਿੱਚ ਬੁਨਿਆਦੀ ਢਾਂਚੇ ਦੇ ਵਿਕਾਸ ਅਤੇ ਹੋਰ ਲੋੜੀਂਦੇ ਕੰਮਾਂ ਲਈ 20 ਲੱਖ ਰੁਪਏ ਪ੍ਰਤੀ ਪਿੰਡ ਦੇ ਹਿਸਾਬ ਨਾਲ ਗ੍ਰਾਂਟ ਮੁਹੱਈਆ ਕਰਵਾਈ ਜਾਵੇਗੀ। ਅਧਿਕਾਰੀਆਂ ਨੇ ਦੱਸਿਆ ਕਿ ਇਸ ਯੋਜਨਾ ਤਹਿਤ ਸ਼ੁਰੂਆਤੀ ਚਰਨ ਵਿੱਚ 11 ਪਿੰਡਾਂ ਨੂੰ ਗ੍ਰਾਂਟ ਪ੍ਰਾਪਤ ਹੋ ਰਹੀ ਹੈ, ਜਦਕਿ ਬਾਕੀ ਪਿੰਡਾਂ ਨੂੰ ਵੀ ਅਗਲੇ ਪੜਾਅ ਵਿੱਚ ਗ੍ਰਾਂਟ ਮੁਹੱਈਆ ਕਰਵਾਈ ਜਾਵੇਗੀ। ਇਸ ਗ੍ਰਾਂਟ ਦੀ ਵਰਤੋਂ ਪਿੰਡਾਂ ਦੀਆਂ ਲੋੜਾਂ ਅਨੁਸਾਰ ਸੋਲਰ ਲਾਈਟਾਂ ਲਗਾਉਣ, ਲਿਕਵਿਡ ਵੇਸਟ ਮੈਨੇਜਮੈਂਟ, ਸੋਲਿਡ ਵੇਸਟ ਮੈਨੇਜਮੈਂਟ, ਆਂਗਣਵਾੜੀ ਕੇਂਦਰਾਂ ਨਾਲ ਸੰਬੰਧਤ ਕੰਮਾਂ ਅਤੇ ਹੋਰ ਬੁਨਿਆਦੀ ਸਹੂਲਤਾਂ ਦੇ ਵਿਕਾਸ ਲਈ ਕੀਤੀ ਜਾਵੇਗੀ। ਇਹ ਕੰਮ ਸਬੰਧਤ ਪਿੰਡਾਂ ਦੀਆਂ ਗ੍ਰਾਮ ਪੰਚਾਇਤਾਂ ਦੇ ਸਹਿਯੋਗ ਅਤੇ ਸਾਂਝੇ ਤਾਲਮੇਲ ਨਾਲ ਕਰਵਾਏ ਜਾਣਗੇ।

## ਰਾਸ਼ਨ ਵੰਡ ਤੇ ਸਾਲਾਨਾ ਸਨਮਾਨ ਸਮਾਗਮ ਦੀਆਂ ਤਿਆਰੀਆਂ ਜਾਰੀ : ਕੰਗ



ਫਗਵਾੜਾ (ਡਾ. ਰਮਨ, ਜਸਵਿੰਦਰ ਢੱਡਾ)- ਲਾਇਨਜ਼ ਕਲੱਬ ਫਗਵਾੜਾ ਪ੍ਰਾਈਡ ਅਤੇ ਬਾਬਾ ਬਾਲਕ ਨਾਥ ਸੇਵਾ ਸੁਸਾਇਟੀ ਵੱਲੋਂ ਲੋੜਵੰਦ ਪਰਵਾਰਾਂ ਦੀ ਸਹਾਇਤਾ ਲਈ ਆਯੋਜਿਤ ਕੀਤੇ ਜਾ ਰਹੇ ਮਹੀਨਾਵਾਰ ਰਾਸ਼ਨ ਵੰਡ ਅਤੇ ਸਾਲਾਨਾ ਸਨਮਾਨ ਸਮਾਗਮਾਂ ਦੀ ਲੜੀ ਹੁਣ ਆਪਣੇ 100ਵੇਂ ਪੜਾਅ 'ਤੇ ਪਹੁੰਚ ਗਈ ਹੈ। ਇਸ ਸਬੰਧੀ 20 ਸਤੰਬਰ ਨੂੰ 100ਵਾਂ ਰਾਸ਼ਨ ਵੰਡ ਅਤੇ ਸਨਮਾਨ ਸਮਾਗਮ ਕਰਵਾਇਆ ਜਾ ਰਿਹਾ ਹੈ, ਜਿਸ ਵਿੱਚ ਸ਼ਾਮਲ ਹੋਣ ਲਈ ਕਲੱਬ ਦੇ ਚਾਰਟਰ ਪ੍ਰਧਾਨ ਅਤੇ ਡਿਸਟ੍ਰਿਕਟ ਚੇਅਰਮੈਨ (321-ਡੀ) ਲਾਇਨ ਗੁਰਦੀਪ ਸਿੰਘ ਕੰਗ (ਐਮ.ਜੇ.ਐਫ.) ਵਲੋਂ ਬੰਗਾ ਦੇ ਵਿਧਾਇਕ ਡਾ. ਸੁਖਵਿੰਦਰ ਕੁਮਾਰ ਸੁੱਖੀ ਨੂੰ ਸੱਦਾ ਪੱਤਰ ਦਿੱਤਾ ਗਿਆ। ਇਸ ਮੌਕੇ ਜਾਣਕਾਰੀ ਦਿੰਦਿਆਂ ਲਾਇਨ ਕੰਗ ਨੇ ਦੱਸਿਆ ਕਿ ਸਮਾਗਮ ਦਾ ਸ਼ਾਨਦਾਰ ਆਯੋਜਨ 20 ਸਤੰਬਰ ਦਿਨ ਐਤਵਾਰ ਨੂੰ ਹੋਟਲ ਗਰੈਂਡ ਅੰਬੇਸਡਰ ਰੇਲਵੇ ਰੋਡ ਫਗਵਾੜਾ ਵਿਖੇ ਕੀਤਾ ਜਾਵੇਗਾ। ਉਹਨਾਂ ਦੱਸਿਆ ਕਿ ਸਮਾਗਮ ਦੀਆਂ ਤਿਆਰੀਆਂ ਅਤੇ ਸੱਦਾ ਪੱਤਰ ਦੇਣ ਦਾ ਸਿਲਸਿਲਾ ਲਗਾਤਾਰ ਜਾਰੀ ਹੈ। ਜਲਦੀ ਹੀ ਤਿਆਰੀਆਂ ਦੀ ਸਮੀਖਿਆ ਸਬੰਧੀ ਮੀਟਿੰਗ ਵੀ ਕੀਤੀ ਜਾਵੇਗੀ। ਉਹਨਾਂ ਨੇ ਕਿਹਾ ਕਿ 100ਵਾਂ ਰਾਸ਼ਨ ਵੰਡ ਸਮਾਗਮ ਸਿਰਫ਼ ਇੱਕ ਗਿਣਤੀ ਪੂਰੀ ਹੋਣ ਦਾ ਮੌਕਾ ਨਹੀਂ, ਸਗੋਂ ਲੋੜਵੰਦਾਂ ਦੀ ਸੇਵਾ ਪ੍ਰਤੀ ਸਮਰਪਣ, ਨਿਰੰਤਰਤਾ ਅਤੇ ਸਮਾਜਿਕ ਜ਼ਿੰਮੇਵਾਰੀ ਦੀ ਇੱਕ ਲੰਬੀ ਯਾਤਰਾ ਦਾ ਪ੍ਰਤੀਕ ਹੈ। ਲਾਇਨਜ਼ ਕਲੱਬ ਫਗਵਾੜਾ ਪ੍ਰਾਈਡ ਅਤੇ ਬਾਬਾ ਬਾਲਕ ਨਾਥ ਸੇਵਾ ਸੁਸਾਇਟੀ ਵੱਲੋਂ ਮਨੁੱਖਤਾ ਦੀ ਸੇਵਾ ਦੇ ਇਸ ਕਾਰਜ ਨੂੰ ਭਵਿੱਖ ਵਿੱਚ ਵੀ ਪੂਰੀ ਤਨਦੇਹੀ ਨਾਲ ਜਾਰੀ ਰੱਖਿਆ ਜਾਵੇਗਾ। ਲਾਇਨ ਕੰਗ ਨੇ ਕਿਹਾ ਕਿ ਸੇਵਾ ਦੇ ਕਾਰਜਾਂ ਵਿੱਚ ਸਮਾਜ ਦੇ ਹੋਰ ਲੋਕਾਂ ਨੂੰ ਵੀ ਜੋੜਨਾ ਸਮੇਂ ਦੀ ਲੋੜ ਹੈ, ਤਾਂ ਜੋ ਕੋਈ ਵੀ ਲੋੜਵੰਦ ਪਰਿਵਾਰ ਆਪਣੇ ਆਪ ਨੂੰ ਇਕੱਲਾ ਮਹਿਸੂਸ ਨਾ ਕਰੇ। ਉਨ੍ਹਾਂ 100ਵੇਂ ਸਮਾਗਮ ਨੂੰ ਸਫਲ ਬਣਾਉਣ ਲਈ ਮਿਹਨਤ ਕਰ ਰਹੇ ਸਮੂਹ ਸਹਿਯੋਗੀਆਂ ਅਤੇ ਸੇਵਾਦਾਰਾਂ ਦਾ ਧੰਨਵਾਦ ਵੀ ਕੀਤਾ। ਜ਼ਿਕਰਯੋਗ ਹੈ ਕਿ ਲਾਇਨ ਗੁਰਦੀਪ ਸਿੰਘ ਕੰਗ ਐੱਮ.ਜੇ.ਐੱਫ. ਵੱਲੋਂ ਲਾਇਨਜ਼ ਕਲੱਬ ਫਗਵਾੜਾ ਪ੍ਰਾਈਡ ਰਾਹੀਂ ਸਮਾਜ ਸੇਵਾ ਦੇ ਵੱਖ-ਵੱਖ ਕਾਰਜਾਂ ਨੂੰ ਲਗਾਤਾਰ ਉਤਸ਼ਾਹਿਤ ਕੀਤਾ ਜਾ ਰਿਹਾ ਹੈ। ਡਿਸਟ੍ਰਿਕਟ 321-ਡੀ ਦੇ ਚੇਅਰਮੈਨ (ਯੂਥ) ਵਜੋਂ ਵੀ ਉਹ ਨੌਜਵਾਨਾਂ ਨੂੰ ਸੇਵਾ ਕਾਰਜਾਂ ਲਈ ਪ੍ਰੇਰਿਤ ਕਰਨ ਦੇ ਨਾਲ ਵੱਧ ਤੋਂ ਵੱਧ ਲੋਕਾਂ ਨੂੰ ਸਮਾਜ ਸੇਵਾ ਨਾਲ ਜੋੜਨ ਲਈ ਸਰਗਰਮ ਭੂਮਿਕਾ ਨਿਭਾ ਰਹੇ ਹਨ। ਇਸ ਮੌਕੇ ਆਲ ਇੰਡੀਆ ਐਂਟੀ ਕੁਰੱਪਸ਼ਨ ਫੋਰਮ ਦੇ ਜ਼ਿਲ੍ਹਾ ਪ੍ਰਧਾਨ ਚੰਦਰਸ਼ੇਖਰ ਖੁੱਲਰ, ਲਾਇਨ ਸਤਵਿੰਦਰ ਸਿੰਘ ਭਮਰਾ, ਲਾਇਨ ਰੋਹਿਤ ਚੋਪੜਾ, ਸਤਪਾਲ ਕੋਛੜ ਅਤੇ ਅਜੇ ਕੋਛੜ ਸਮੇਤ ਹੋਰ ਕਲੱਬ ਮੈਂਬਰ ਤੇ ਪਤਵੰਤੇ ਵੀ ਹਾਜ਼ਰ ਸਨ।

## ਮੁਸਲਿਮ ਭਾਈਚਾਰੇ ਵੱਲੋਂ 26 ਦੀ ਰੈਲੀ 'ਚ ਸ਼ਮੂਲੀਅਤ ਦਾ ਫੈਸਲਾ

ਨਵਾਂਸ਼ਹਿਰ (ਮਨੋਜ ਲਾਡੀ)- ਮੁਸਲਿਮ ਭਾਈਚਾਰੇ ਵੱਲੋਂ ਮਲਕੀਤ ਚੰਦ ਮੇਹਲੀ ਭਵਨ ਵਿਖੇ ਇਕੱਠ ਕੀਤਾ ਗਿਆ।ਇਸ ਦੌਰਾਨ ਭਾਜਪਾ-ਆਰ ਐੱਸ ਐੱਸ ਦੀਆਂ ਮੁਸਲਿਮ ਵਿਰੋਧੀ, ਘੱਟਗਿਣਤੀ ਵਿਰੋਧੀ ਅਤੇ ਫ਼ਾਸ਼ੀਵਾਦੀ ਨੀਤੀਆਂ ਸੰਬੰਧੀ ਵਿਚਾਰ-ਚਰਚਾ ਕੀਤੀ। ਇਕੱਠ ਨੂੰ ਇੰਡੀਅਨ ਫੈਡਰੇਸ਼ਨ ਆਫ਼ ਟਰੇਡ ਯੂਨੀਅਨਜ਼ (ਇਫਟੂ) ਪੰਜਾਬ ਦੇ ਸੂਬਾ ਪ੍ਰਧਾਨ ਕੁਲਵਿੰਦਰ ਸਿੰਘ ਵੜੈਚ, ਅਵਤਾਰ ਸਿੰਘ ਤਾਰੀ ਅਤੇ ਮੁਹੰਮਦ ਸ਼ਾਹਿਦ ਨੇ ਸੰਬੋਧਨ ਕੀਤਾ। ਬੁਲਾਰਿਆਂ ਨੇ ਭਾਜਪਾ-ਆਰ ਐੱਸ ਐੱਸ ਦੀਆਂ ਘੱਟਗਿਣਤੀਆਂ, ਕਮਿਊਨਿਸਟਾਂ, ਦਲਿਤਾਂ ਅਤੇ ਅੰਬੇਡਕਰਵਾਦੀਆਂ ਵਿਰੁੱਧ ਅਪਣਾਈਆਂ ਜਾ ਰਹੀਆਂ ਨੀਤੀਆਂ ਦੀ ਆਲੋਚਨਾ ਕੀਤੀ। ਉਨ੍ਹਾਂ ਕਿਹਾ ਕਿ ਇਨ੍ਹਾਂ ਨੀਤੀਆਂ ਦਾ ਵਿਰੋਧ ਕਰਨ ਲਈ ਸਮੂਹ ਮਿਹਨਤਕਸ਼ ਅਤੇ ਜਮਹੂਰੀ ਤਾਕਤਾਂ ਨੂੰ ਇਕਜੁੱਟ ਹੋਣ ਦੀ ਲੋੜ ਹੈ।

ਮੀਟਿੰਗ ਵਿਚ ਫ਼ੈਸਲਾ ਕੀਤਾ ਕਿ 26 ਸਤੰਬਰ ਨੂੰ ਮੋਗਾ ਵਿਖੇ ਹੋ ਰਹੀ ਭਾਜਪਾ-ਆਰ ਐੱਸ ਐੱਸ ਵਿਰੋਧੀ ਰੈਲੀ ਵਿਚ ਵੱਡੀ ਗਿਣਤੀ ਵਿਚ ਸ਼ਮੂਲੀਅਤ ਕੀਤੀ। ਇਸ ਰੈਲੀ ਵਿਚ ਘੱਟਗਿਣਤੀਆਂ ਅਤੇ ਹੋਰ ਦੱਬੇ-ਕੁਚਲੇ ਵਰਗਾਂ ਵਿਰੁੱਧ ਹੋ ਰਹੇ ਜ਼ੁਲਮਾਂ ਦੇ ਨਾਲ-ਨਾਲ ਪੰਜਾਬ ਦੇ ਅਹਿਮ ਮੁੱਦੇ ਵੀ ਉਠਾਏ ਜਾਣਗੇ।

ਇਨ੍ਹਾਂ ਮੁੱਦਿਆਂ ਵਿਚ ਪੰਜਾਬ ਦੇ ਪਾਣੀਆਂ ਦੀ ਰਾਖੀ, ਚੰਡੀਗੜ੍ਹ ਪੰਜਾਬ ਨੂੰ ਦੇਣ, ਡੈਮ ਸੇਫਟੀ ਐਕਟ ਰੱਦ ਕਰਨ, ਮਨਰੇਗਾ ਬਹਾਲ ਕਰਨ ਘੱਟੋ-ਘੱਟ ਸਮਰਥਨ ਮੁੱਲ (ਐੱਮ ਐੱਸ ਪੀ) ਲਾਗੂ ਕਰਨ ਅਤੇ ਚਾਰ ਲੇਬਰ ਕੋਡਾਂ ਨੂੰ ਰੱਦ ਕਰਨ ਦੀ ਮੰਗ ਸ਼ਾਮਲ ਹੈ। ਇਕੱਠ ਵਿਚ ਇਨ੍ਹਾਂ ਮੁੱਦਿਆਂ ਨੂੰ ਲੈ ਕੇ ਸੰਘਰਸ਼ ਨੂੰ ਹੋਰ ਮਜ਼ਬੂਤ ਕਰਨ ਦਾ ਸੱਦਾ ਦਿੱਤਾ। ਇਸ ਮੌਕੇ ਪੀ ਐੱਸ ਯੂ ਦੇ ਜ਼ਿਲ੍ਹਾ ਪ੍ਰਧਾਨ ਬਲਜੀਤ ਧਰਮਕੋਟ ਤੇ ਜ਼ਿਲ੍ਹਾ ਆਗੂ ਰਾਜੂ ਬਰਨਾਲਾ, ਮੁਸਲਿਮ ਵੈਲਫੇਅਰ ਕਮੇਟੀ ਦੇ ਪ੍ਰਧਾਨ ਮੁਹੰਮਦ ਨਿਜ਼ਾਮ, ਡਾ. ਅਸ਼ਰਫ਼ ਮੁਹੰਮਦ ਸ਼ਾਹਿਦ, ਆਜ਼ਾਦ ਤੇ ਹੋਰ ਸ਼ਾਮਲ ਸਨ।

## ਟਿੰਕੂ ਦਾ ਹਾਲਚਾਲ ਜਾਣਨ ਪਹੁੰਚੇ ਚੰਨੀ ਤੇ ਰਾਜ ਬੱਬਰ



ਮੋਰਿੰਡਾ (ਨਿਹਾਲ ਸਿੰਘ ਕਲਸੀ)- ਪੰਜਾਬ ਦੇ ਸਾਬਕਾ ਮੁੱਖ ਮੰਤਰੀ ਚਰਨਜੀਤ ਸਿੰਘ ਚੰਨੀ ਅਤੇ ਕਾਂਗਰਸ ਦੇ ਸੀਨੀਅਰ ਆਗੂ ਰਾਜ ਬੱਬਰ ਨੇ ਸੋਮਵਾਰ ਨੂੰ ਖਰੜ ਹਲਕੇ ਦੇ ਕਾਂਗਰਸ ਇੰਚਾਰਜ ਵਿਜੈ ਸ਼ਰਮਾ 'ਟਿੰਕੂ' ਦੀ ਮੋਰਿੰਡਾ ਸਥਿਤ ਰਿਹਾਇਸ਼ 'ਤੇ ਪਹੁੰਚ ਕੇ ਉਨ੍ਹਾਂ ਦਾ ਹਾਲਚਾਲ ਜਾਣਿਆ। ਦੋਵਾਂ ਆਗੂਆਂ ਨੇ ਟਿੰਕੂ ਦੇ ਜਲਦ ਸਿਹਤਯਾਬ ਹੋਣ ਦੀ ਕਾਮਨਾ ਕੀਤੀ। ਇਸ ਮੁਲਾਕਾਤ ਦੌਰਾਨ ਚਰਨਜੀਤ ਸਿੰਘ ਚੰਨੀ ਅਤੇ ਰਾਜ ਬੱਬਰ ਨੇ ਟਿੰਕੂ ਨਾਲ ਖਰੜ ਹਲਕੇ ਦੀ ਮੌਜੂਦਾ ਸਿਆਸੀ ਸਥਿਤੀ ਬਾਰੇ ਵਿਚਾਰ-ਵਟਾਂਦਰਾ ਕੀਤਾ।ਕਾਂਗਰਸ ਆਗੂਆਂ ਨੇ ਆਮ ਆਦਮੀ ਪਾਰਟੀ ਦੀ ਸਰਕਾਰ 'ਤੇ ਤਿੱਖਾ ਹਮਲਾ ਕਰਦਿਆਂ ਕਿਹਾ ਕਿ ਮਰਹੂਮ ਗੁਲਜ਼ਾਰ ਸਿੰਘ ਨੂੰ ਇਨਸਾਫ਼ ਦਿਵਾਉਣ ਲਈ ਕਾਂਗਰਸ ਸੜਕਾਂ 'ਤੇ ਉਤਰੇਗੀ। ਕਾਂਗਰਸ ਆਗੂਆਂ ਨੇ ਕਿਹਾ ਕਿ ਭਗਵੰਤ ਮਾਨ ਸਰਕਾਰ ਤੋਂ ਮਰਹੂਮ ਗੁਲਜ਼ਾਰ ਸਿੰਘ ਨੂੰ ਇਨਸਾਫ਼ ਦਿਵਾਉਣਾ ਅਤੇ ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਦਾ ਅਸਤੀਫ਼ਾ ਲੈਣਾ ਹੀ ਉਨ੍ਹਾਂ ਦਾ ਮੁੱਖ ਉਦੇਸ਼ ਹੈ।

# ਜ਼ਿਲ੍ਹਾ ਮਾਨਸਾ ਦੇ ਮਿਊਂਸਪਲ ਮੁਲਾਜ਼ਮਾਂ ਦੀ ਮੀਟਿੰਗ

**ਭੀਖੀ, (ਧਰਮਵੀਰ ਸ਼ਰਮਾ)**-ਜ਼ਿਲ੍ਹਾ ਮਾਨਸਾ ਦੇ ਮਿਊਂਸਪਲ ਮੁਲਾਜ਼ਮਾਂ ਦੀ ਇੱਕ ਜ਼ਰੂਰੀ ਮੀਟਿੰਗ ਪੰਜਾਬ ਮਿਊਂਸਪਲ ਵਰਕਰਜ਼ ਯੂਨੀਅਨ ਦੇ ਜ਼ਿਲ੍ਹਾ ਮਾਨਸਾ ਦੇ ਪ੍ਰਧਾਨ ਬੋਹੜ ਸਿੰਘ ਸਰਦੂਲਗੜ੍ਹ ਦੀ ਪ੍ਰਧਾਨਗੀ ਹੇਠ ਹੋਈ, ਜਿਸ ਵਿੱਚ ਯੂਨੀਅਨ ਦੇ ਸੂਬਾ



ਸਰਪ੍ਰਸਤ ਜਨਕ ਰਾਜ ਮਾਨਸਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਇਸ ਮੀਟਿੰਗ ਵਿੱਚ ਨਗਰ ਪੰਚਾਇਤ ਭੀਖੀ ਦੇ ਮੁਲਾਜ਼ਮਾਂ ਨੂੰ 7-8 ਮਹੀਨਿਆਂ ਤੋਂ ਤਨਖਾਹ ਨਾ ਦੇਣੀ, ਨਗਰ ਪੰਚਾਇਤ ਭੀਖੀ, ਸਰਦੂਲਗੜ੍ਹ ਤੇ ਨਗਰ ਕੌਂਸਲ ਮਾਨਸਾ ਦੇ ਮੁਲਾਜ਼ਮਾਂ ਦਾ ਕਾਰਜ ਸਾਧਕ ਅਫ਼ਸਰ ਤੇ ਲੇਖਾਕਾਰ ਵੱਲੋਂ ਲੰਮੇ ਸਮੇਂ ਦਾ ਪੀ. ਐੱਫ. ਜਮ੍ਹਾਂ ਨਾ ਕਰਵਾਉਣ ਦੀ ਸਖ਼ਤ ਨਿਖੇਧੀ ਕੀਤੀ ਗਈ। ਜ਼ਿਲ੍ਹਾ ਪ੍ਰਧਾਨ ਬੋਹੜ ਸਿੰਘ ਨੇ ਸੰਬੰਧਤ ਅਧਿਕਾਰੀਆਂ ਤੋਂ ਮੰਗ ਕੀਤੀ ਕਿ ਭੀਖੀ ਦੇ ਮੁਲਾਜ਼ਮਾਂ ਨੂੰ ਪੈਂਡਿੰਗ ਪਈਆਂ ਤਨਖਾਹਾਂ ਦੇ ਕੇ ਰੈਗੂਲਰ ਕੀਤੀਆਂ ਜਾਣ, ਇੱਕ ਮਹੀਨੇ ਤੱਕ ਮਾਨਸਾ, ਭੀਖੀ ਤੇ ਸਰਦੂਲਗੜ੍ਹ ਦੇ ਮੁਲਾਜ਼ਮਾਂ ਦਾ ਪੀ.ਐੱਫ. ਜਮ੍ਹਾਂ ਕਰਵਾਇਆ ਜਾਵੇ। ਨਗਰ ਕੌਂਸਲ ਭੀਖੀ ਦੇ ਕੱਚੇ ਮੁਲਾਜ਼ਮ ਜਿਨ੍ਹਾਂ ਨੇ ਜ਼ਿਲ੍ਹਾ ਨਗਰ ਕੌਂਸਲ ਮਾਨਸਾ ਵਿਖੇ ਕੀਤੀ ਡਿਊਟੀ ਦਾ ਸਮਾਂ ਭੀਖੀ ਦੇ ਡਿਊਟੀ ਦੇ ਸਮੇਂ ਵਿੱਚ ਮਰਜ਼ ਕੀਤਾ ਜਾਵੇ ਤੇ ਉਸ ਦਾ ਮਾਨਸਾ ਵਿੱਚ ਕੱਟਿਆ ਪੀ.ਐੱਫ. ਜਮ੍ਹਾਂ ਕਰਵਾਇਆ ਜਾਵੇ। ਇਸ ਮੌਕੇ ਸੂਬਾ ਸਰਪ੍ਰਸਤ ਜਨਕ ਰਾਜ ਮਾਨਸਾ ਨੇ ਮਿਊਂਸਪਲ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਸਰਕਾਰ ਦੇ ਅੜੀਅਲ ਰਵੱਈਏ ਦੀ ਸਖ਼ਤ ਨਿਖੇਧੀ ਕੀਤੀ ਗਈ ਤੇ ਮੰਗ ਕੀਤੀ ਗਈ ਕਿ ਐਲ.ਟੀ.ਸੀ. ਤੇ ਮੈਡੀਕਲ ਭੱਤਾ ਪੈਨਸ਼ਨ ਨਾਲ ਜੋੜ ਕੇ ਦਿੱਤਾ ਜਾਵੇ, ਨਗਰ ਕੌਂਸਲ ਨੂੰ ਅਪ੍ਰੈਲ 2026 ਤੋਂ ਹੁਣ ਤੱਕ ਭੇਜੇ ਗਏ ਫੰਡ ਤੇ ਐਕਸਾਈਜ਼ ਦੀ ਰਕਮ ਦੀ ਜਾਂਚ ਕੀਤੀ ਜਾਵੇ। ਇਸ ਮੀਟਿੰਗ ਨੂੰ ਜ਼ਿਲ੍ਹਾ ਸਕੱਤਰ ਪਵਨ ਕੁਮਾਰ ਮਾਨਸਾ, ਰਾਮ ਸਿੰਘ ਭੀਖੀ, ਸੁਖਪਾਲ ਸਿੰਘ ਮਾਨਸਾ, ਅਨਿਲ ਕੁਮਾਰ ਜੋਗਾ ਨੇ ਵੀ ਸੰਬੋਧਨ ਕੀਤਾ। ਅਗਲੀ ਜ਼ਿਲ੍ਹਾ ਪੱਧਰੀ ਮੀਟਿੰਗ ਜਲਦੀ ਹੀ ਸਰਦੂਲਗੜ੍ਹ ਜਾਂ ਭੀਖੀ ਵਿਖੇ ਰੱਖਣ ਦਾ ਜ਼ਿਲ੍ਹਾ ਪ੍ਰਧਾਨ ਵੱਲੋਂ ਫੈਸਲਾ ਕੀਤਾ ਗਿਆ।

# ਕੰਪਿਊਟਰ ਕੋਰਸ ਕਰ ਚੁੱਕੀਆਂ ਔਰਤਾਂ ਨੂੰ ਵੰਡੇ ਸਰਟੀਫਿਕੇਟ



**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)**-ਸੰਸਥਾ (ਪ੍ਰਸਤਾਵਿਤ ਫਾਰ ਸਰਵਿਸ ਟੂ ਵਲੰਟਰੀ ਏਜੰਸੀਜ਼) ਰਾਹੀਂ ਪੰਜਾਬ ਸਰਕਾਰ ਪਾਸੋਂ ਪ੍ਰਾਪਤ ਗਰਾਂਟ ਅਧੀਨ ਸੰਕਲਪ ਔਜ਼ਬੰਸਲ ਵੈੱਲਫੇਅਰ ਸੋਸਾਇਟੀ (ਰਜਿ.) ਵੱਲੋਂ 30 ਔਰਤਾਂ ਨੂੰ ਛਮਾਹੀ ਕੰਪਿਊਟਰ ਕੋਰਸ ਪੂਰਾ ਹੋਣ 'ਤੇ ਸਰਟੀਫਿਕੇਟ ਵੰਡੇ ਗਏ। ਜਾਣਕਾਰੀ ਦਿੰਦਿਆਂ ਸੰਸਥਾ ਦੇ ਪ੍ਰਧਾਨ ਨਰਿੰਦਰ ਸਿੰਘ ਪੰਮਾ ਸੰਧੂ ਨੇ ਦੱਸਿਆ ਕਿ ਇਸ ਮੌਕੇ ਬਤੌਰ ਮੁੱਖ ਮਹਿਮਾਨ ਵਜੋਂ ਸੂਬੇ ਦੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਪੁੱਜੇ।ਆਪਣੇ ਸੰਬੋਧਨ ਦੌਰਾਨ ਡਾ. ਬਲਜੀਤ ਕੌਰ ਨੇ ਸੰਸਥਾ ਦੁਆਰਾ ਪਿਛਲੇ ਕਰੀਬ 17 ਸਾਲ ਤੋਂ ਕੀਤੇ ਜਾ ਰਹੇ ਸਮਾਜ ਸੇਵੀ ਕਾਰਜਾਂ ਦੀ ਭਰਪੂਰ ਸ਼ਲਾਘਾ ਕੀਤੀ।ਉਨ੍ਹਾਂ ਇਸ ਮੌਕੇ ਕੋਰਸ ਪੂਰਾ ਕਰ ਚੁੱਕੀਆਂ ਔਰਤਾਂ ਨਾਲ ਗੱਲਬਾਤ ਕਰਦਿਆਂ ਉਨ੍ਹਾਂ ਨੂੰ ਆਧੁਨਿਕ ਸਮੇਂ ਦਾ ਹਾਣੀ ਤੇ ਤਕਨੀਕੀ ਸਮਾਜ ਦਾ ਹਿੱਸਾ ਬਣਨ ਦਾ ਸੱਦਾ ਦਿੱਤਾ।ਸੰਧੂ ਨੇ ਦੱਸਿਆ ਕਿ ਇਹ ਕੋਰਸ ਪੂਰਾ ਕਰਨ ਤੋਂ ਬਾਅਦ ਲਾਭਪਾਤਰੀਆਂ ਨੂੰ ਰੁਜ਼ਗਾਰ ਦੇ ਵਸੀਲੇ ਲਈ ਸਿੱਧੇ ਤੌਰ 'ਤੇ ਇਕ ਕੰਪਨੀ ਨਾਲ ਆਨਲਾਈਨ ਘਰ ਬੈਠ ਕੇ ਕੰਮ ਕਰਨ ਲਈ ਜੋੜਿਆ ਜਾ ਚੁੱਕਾ ਹੈ।ਸੰਸਥਾ ਨਾਲ ਜੁੜੇ ਵਲੰਟੀਅਰਾਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਤ ਕੀਤਾ ਗਿਆ।ਇਸ ਮੌਕੇ ਜਿਲਾਵਾਰ ਸਿੰਘ ਪੀਏ, ਪ੍ਰਬਜਿੰਦਰ ਸਿੰਘ ਬਰਾੜ ਜੰਡੋਕੇ, ਕੋਆਰਡੀਨੇਟਰ ਦਵਿੰਦਰ ਪਾਲ ਸਿੰਘ ਬਰਾੜ, ਜਸਕੀਰਤ ਸਿੰਘ ਬਰਾੜ ਉਦੇਕਰਨ, ਮਨਪ੍ਰੀਤ ਸਿੰਘ ਭਾਰੀ, ਸੁਮੀਤ ਸਿੰਘ, ਮੈਡਮ ਕੋਮਲਪ੍ਰੀਤ ਕੌਰ, ਅਰਦਾਸ ਕੌਰ ਉਦੇਕਰਨ ਤੇ ਭਵਕੀਰਤ ਸਿੰਘ ਸੰਧੂ ਮੌਜੂਦ ਸਨ।

# ਮਾਤਾ ਸਾਹਿਬ ਕੌਰ ਕਾਲਜ 'ਚ ਪ੍ਰਤਿਭਾ ਖੋਜ ਮੁਕਾਬਲੇ ਕਰਵਾਏ



**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਇਲਾਕੇ ਦੀ ਮੰਨੀ-ਪ੍ਰਮੰਨੀ ਸੰਸਥਾ ਮਾਤਾ ਸਾਹਿਬ ਕੌਰ ਖਾਲਸਾ ਕਾਲਜ ਤਲਵੰਡੀ ਭਾਈ ਜੋ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਅਧੀਨ ਸੁਚੱਜੇ ਢੰਗ ਨਾਲ ਚੱਲ ਰਹੀ ਹੈ ਵਿਖੇ ਵਿਦਿਆਰਥੀਆਂ ਲਈ ਪ੍ਰਤਿਭਾ ਖੋਜ ਮੁਕਾਬਲੇ ਕਰਵਾਏ ਗਏ। ਇਹ ਪ੍ਰੋਗਰਾਮ ਕਾਲਜ ਪ੍ਰਿੰਸੀਪਲ ਪ੍ਰੋਫੈਸਰ ਰਾਜਵਿੰਦਰ ਕੌਰ ਦੇ ਦਿਸ਼ਾ-ਨਿਰਦੇਸ਼ਾਂ ਤੇ ਯੂਥ ਫੈਸਟੀਵਲ ਇੰਚਾਰਜ ਪ੍ਰੋਫੈਸਰ ਗਗਨਦੀਪ ਕੌਰ ਤੇ ਪ੍ਰੋਫੈਸਰ ਅਮਨਦੀਪ ਕੌਰ ਦੀ ਦੇਖ-ਰੇਖ ਹੇਠ ਕਰਵਾਇਆ ਗਿਆ। ਇਨ੍ਹਾਂ ਮੁਕਾਬਲਿਆਂ ਦਾ ਮੁੱਖ ਮਨੋਰਥ ਵਿਦਿਆਰਥੀਆਂ ਵਿੱਚ ਮੌਜੂਦ ਹੁਨਰ ਨੂੰ ਬਾਹਰ ਲਿਆਉਣਾ ਅਤੇ ਉਨ੍ਹਾਂ ਨੂੰ ਅੱਗੇ ਵਧਣ ਦੇ ਮੌਕੇ ਪ੍ਰਦਾਨ ਕਰਨਾ ਸੀ। ਕਾਲਜ ਦੇ ਵਿਦਿਆਰਥੀਆਂ ਨੇ ਵੱਡੀ ਗਿਣਤੀ ਵਿੱਚ ਇਨ੍ਹਾਂ ਮੁਕਾਬਲਿਆਂ ਵਿੱਚ ਸ਼ਮੂਲੀਅਤ ਕੀਤੀ ਅਤੇ ਆਪਣੀ ਕਲਾ ਦਾ ਮੁਜ਼ਾਹਰਾ ਕੀਤਾ। ਵਿਦਿਆਰਥੀਆਂ ਨੇ ਸੁੰਦਰ ਲਿਖਾਈ, ਕ੍ਰਿਏਟਿਵ ਰਾਈਟਿੰਗ, ਪੋਸਟਰ ਮੇਕਿੰਗ, ਰੰਗੋਲੀ ਅਤੇ ਮਹਿੰਦੀ ਲਗਾਉਣ ਦੇ ਮੁਕਾਬਲਿਆਂ ਵਿੱਚ ਆਪਣੀਆਂ ਰਚਨਾਤਮਕ ਕਲਾਵਾਂ ਦਿਖਾਈਆਂ। ਇਸ ਦੇ ਨਾਲ ਹੀ ਨਾਚ, ਲੋਕ ਗੀਤ, ਗਿੱਧਾ ਤੇ ਭੰਗੜਾ ਵਰਗੀਆਂ ਸੱਭਿਆਚਾਰਕ ਵੰਨਗੀਆਂ ਦੀ ਪੇਸ਼ਕਾਰੀ ਨੇ ਸਮੁੱਚੇ ਮਾਹੌਲ ਨੂੰ ਉਤਸ਼ਾਹ ਨਾਲ ਭਰ ਦਿੱਤਾ। ਸਮਾਗਮ ਦੌਰਾਨ ਪਹੁੰਚੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਦੇ ਮੈਂਬਰ ਸਤਪਾਲ ਸਿੰਘ ਤਲਵੰਡੀ ਨੇ ਵਿਦਿਆਰਥੀਆਂ ਨੂੰ ਆਸ਼ੀਰਵਾਦ ਦਿੰਦਿਆਂ ਕਿਹਾ ਕਿ ਵਿਦਿਆ ਦੇ ਨਾਲ-ਨਾਲ ਖੇਡਾਂ ਅਤੇ ਸੱਭਿਆਚਾਰਕ ਗਤੀਵਿਧੀਆਂ ਵੀ ਜੀਵਨ ਦਾ ਮਹੱਤਵਪੂਰਨ ਹਿੱਸਾ ਹਨ। ਮਾਸਟਰ ਨਾਇਬ ਸਿੰਘ ਨੇ ਵੀ ਵਿਦਿਆਰਥੀਆਂ ਦੀ ਹੌਸਲਾ ਅਫਜ਼ਾਈ ਕੀਤੀ ਤੇ ਕਿਹਾ ਕਿ ਅਜਿਹੇ ਮੰਚਾਂ ਨਾਲ ਬੱਚਿਆਂ ਦਾ ਮਨੋਬਲ ਵੱਧਦਾ ਹੈ। ਕਾਲਜ ਦੇ ਪ੍ਰਿੰਸੀਪਲ ਪ੍ਰੋਫੈਸਰ ਰਾਜਵਿੰਦਰ ਕੌਰ ਨੇ ਕਿਹਾ ਕਿ ਅਜਿਹੇ ਪ੍ਰਤਿਭਾ ਖੋਜ ਮੁਕਾਬਲੇ ਵਿਦਿਆਰਥੀਆਂ ਵਿੱਚ ਛੁਪੇ ਹੁਨਰ ਨੂੰ ਤਰਾਸ਼ਣ ਤੇ ਉਨ੍ਹਾਂ ਦੇ ਬੌਧਿਕ ਵ ਸਰਬਪੱਖੀ ਵਿਕਾਸ ਵਿੱਚ ਸਹਾਈ ਹੁੰਦੇ ਹਨ। ਉਨ੍ਹਾਂ ਨੇ ਸਾਰੇ ਭਾਗ ਲੈਣ ਵਾਲੇ ਵਿਦਿਆਰਥੀਆਂ ਨੂੰ ਆਗਾਮੀ ਯੂਥ ਫੈਸਟੀਵਲ ਲਈ ਅਜੇ ਤੋਂ ਹੀ ਕਰੜੀ ਤਿਆਰੀ ਕਰਨ ਦਾ ਸੱਦਾ ਦਿੱਤਾ। ਪ੍ਰੋਗਰਾਮ ਦੇ ਅੰਤ ਵਿਚ ਸਾਰੀਆਂ ਵੰਨਗੀਆਂ ਵਿੱਚੋਂ ਪਹਿਲਾ, ਦੂਜਾ ਅਤੇ ਤੀਜਾ ਸਥਾਨ ਹਾਸਲ ਕਰਨ ਵਾਲੇ ਅਤੇ ਵਧੀਆ ਪ੍ਰਦਰਸ਼ਨ ਕਰਨ ਵਾਲੇ ਜੇਤੂ ਵਿਦਿਆਰਥੀਆਂ ਨੂੰ ਸ਼ਾਨਦਾਰ ਇਨਾਮ ਅਤੇ ਪ੍ਰਸ਼ੰਸਾ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ।

# ਸਿਟੀਜ਼ਨ ਵੈੱਲਫੇਅਰ ਕੌਂਸਲ ਵੱਲੋਂ ਕੋਠੀ ਸਕੂਲ ਨੂੰ ਪੱਖੇ ਦਾਨ



**ਜਲਾਲਾਬਾਦ, (ਜੀਤ ਕੁਮਾਰ)**-ਸਿਟੀਜ਼ਨ ਵੈੱਲਫੇਅਰ ਕੌਂਸਲ ਜਲਾਲਾਬਾਦ ਵੱਲੋਂ ਸਰਕਾਰੀ ਪ੍ਰਾਇਮਰੀ ਸਕੂਲ (ਕੋਠੀ ਸਕੂਲ) ਨੂੰ ਬੱਚਿਆਂ ਦੀ ਜ਼ਰੂਰਤ ਨੂੰ ਮੁੱਖ ਰੱਖਦੇ ਹੋਏ 3 ਪੱਖੇ ਦਾਨ ਕੀਤੇ ਗਏ ਹਨ। ਇਸ ਸਬੰਧੀ ਆਯੋਜਿਤ ਸਮਾਗਮ ਵਿੱਚ ਪ੍ਰਧਾਨ ਪ੍ਰਕਾਸ਼ ਦੋਸ਼ੀ, ਬੀ.ਪੀ.ਈ.ਓ. ਜਸਪਾਲ ਸਿੰਘ, ਸਮਾਜ ਸੇਵਕ ਦੇਵਰਾਜ ਸ਼ਰਮਾ, ਜਨਰਲ ਸਕੱਤਰ ਦੂਨੀ ਚੰਦ ਬੱਤਰਾ, ਖਜ਼ਾਨਚੀ ਅਸ਼ੋਕ ਗਗਨੇਜਾ, ਸਰਪ੍ਰਸਤ ਰਾਜ ਕੁਮਾਰ ਗਗਨੇਜਾ, ਰੋਸ਼ਨ ਲਾਲ ਅਸੀਜਾ, ਗੁਰਜਿੰਦਰ ਸਿੰਘ ਧਮੀਜਾ, ਰੂਪ ਚੰਦ ਸੇਠੀ, ਕੇਦਾਰ ਨਾਥ ਨਾਗਪਾਲ, ਪ੍ਰਵੇਸ਼ ਖੰਨਾ, ਗੁਰਦੀਪ ਛਾਬੜਾ, ਸਤੀਸ਼ ਕੁਮਾਰ ਚਰਾਇਆ, ਰਣਜੀਤ ਕੌਰ ਐੱਚ. ਟੀ., ਰੁਚੀ, ਮਮਤਾ ਰਾਣੀ, ਗੁਰਮੀਤ ਕੌਰ, ਅਨੁਪਮਾ, ਨੀਲੂ, ਅੰਜੂ, ਗੀਤਾ ਰਾਣੀ ਆਦਿ ਮੌਜੂਦ ਸਨ।

# ਪਟਿਆਲਾ ਨੂੰ ਨਸ਼ਾ ਮੁਕਤ ਬਣਾਉਣ ਲਈ ਮੁਹਿੰਮ ਜਾਰੀ ਰਹੇਗੀ : ਕੋਹਲੀ



**ਪਟਿਆਲਾ, (ਰਾਜਿੰਦਰ ਸਿੰਘ ਥਿੰਦ)** : ਪੰਜਾਬ ਦੇ ਮੁੱਖ ਮੰਤਰੀ ਸ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਵਿੱਢੀ ਗਈ ਮੁਹਿੰਮ ਤਹਿਤ 551 ਦਿਨ ਪੂਰੇ ਹੋਣ 'ਤੇ ਹਰੇਕ ਵਿਧਾਨ ਸਭਾ ਹਲਕੇ ਵਿੱਚ ਹਲਕਾ ਪੱਧਰੀ ਮੀਟਿੰਗਾਂ ਕੀਤੀਆਂ ਜਾ ਰਹੀਆਂ ਹਨ।ਇਸੇ ਤਹਿਤ ਪਟਿਆਲਾ ਵਿਧਾਨ ਸਭਾ ਹਲਕੇ ਵਿੱਚ ਵਿਧਾਇਕ ਸ. ਅਜੀਤਪਾਲ ਸਿੰਘ ਕੋਹਲੀ ਵੱਲੋਂ ਹਲਕਾ ਪੱਧਰੀ ਮੀਟਿੰਗ ਕੀਤੀ ਗਈ, ਜਿਸ ਵਿੱਚ ਨਸ਼ਿਆਂ ਦੀ ਰੋਕਥਾਮ ਤੇ ਨਸ਼ਾ ਮੁਕਤੀ ਸਬੰਧੀ ਕੀਤੇ ਜਾ ਰਹੇ ਉਪਰਾਲਿਆਂ ਬਾਰੇ ਵਿਚਾਰ-ਵਟਾਂਦਰਾ ਕੀਤਾ ਗਿਆ। ਇਸ ਮੌਕੇ ਹਲਕਾ ਪ੍ਰਧਾਨ ਦਵਿੰਦਰ ਪਾਲ ਸਿੰਘ ਵਿੱਕੀ, ਡੀ.ਐੱਸ.ਪੀ. ਸਿਟੀ ਸੰਜੀਵ ਸਿੰਗਲਾ ਤੇ ਐੱਸ.ਡੀ.ਐੱਮ. ਗੁਰਦੇਵ ਸਿੰਘ ਧੰਮ ਸਮੇਤ ਹੋਰ ਪਤਵੰਤੇ ਤੇ ਸਬੰਧਤ ਅਧਿਕਾਰੀ ਮੌਜੂਦ ਸਨ। ਵਿਧਾਇਕ ਕੋਹਲੀ ਨੇ ਕਿਹਾ ਕਿ ਪੰਜਾਬ ਸਰਕਾਰ ਵੱਲੋਂ ਨਸ਼ਿਆਂ ਵਿਰੁੱਧ ਚਲਾਈ ਜਾ ਰਹੀ ਮੁਹਿੰਮ ਤਹਿਤ ਨਸ਼ਾ ਤਸਕਰਾਂ ਖ਼ਿਲਾਫ਼ ਸਖ਼ਤ ਕਾਰਵਾਈ ਕੀਤੀ ਜਾ ਰਹੀ ਹੈ।ਉਨ੍ਹਾਂ ਕਿਹਾ ਕਿ ਪਟਿਆਲਾ ਹਲਕੇ ਵਿੱਚ ਵੀ ਨਸ਼ਿਆਂ ਦੀ ਰੋਕਥਾਮ ਲਈ ਪੁਲਸ ਤੇ ਪ੍ਰਸ਼ਾਸਨ ਨਾਲ ਮਿਲ ਕੇ ਪਟਿਆਲਾ ਨੂੰ ਨਸ਼ਾ ਮੁਕਤ ਬਣਾਉਣ ਲਈ ਮੁਹਿੰਮ ਲਗਾਤਾਰੀ ਜਾਰੀ ਰਹੇਗੀ।ਉਨ੍ਹਾਂ ਦੱਸਿਆ ਕਿ ਬੀ.ਡੀ.ਸੀ. ਤੇ ਡਬਲਯੂ.ਡੀ.ਸੀ. ਮੈਂਬਰਾਂ ਵੱਲੋਂ ਨਸ਼ਿਆਂ ਨਾਲ ਸਬੰਧਤ ਮਾਮਲਿਆਂ ਬਾਰੇ ਦਿੱਤੀ ਜਾਣਕਾਰੀ ਨੂੰ ਗੰਭੀਰਤਾ ਨਾਲ ਲੈਂਦਿਆਂ ਸਬੰਧਤ ਮਾਮਲਿਆਂ ਵਿੱਚ ਕਾਰਵਾਈ ਕਰਵਾਈ ਜਾ ਰਹੀ ਹੈ।ਇਸ ਤੋਂ ਇਲਾਵਾ ਨਸ਼ੀਲੇ ਪਦਾਰਥਾਂ ਦੀ ਬਰਾਮਦਗੀ ਤੇ ਨਸ਼ਾ ਤਸਕਰੀ ਨਾਲ ਸਬੰਧਤ ਵਿਅਕਤੀਆਂ ਖ਼ਿਲਾਫ਼ ਕਾਨੂੰਨੀ ਕਾਰਵਾਈ ਵੀ ਕੀਤੀ ਜਾ ਰਹੀ ਹੈ। ਇਸ ਮੌਕੇ ਹਲਕਾ ਪ੍ਰਧਾਨ ਸ੍ਰ. ਦਵਿੰਦਰ ਪਾਲ ਸਿੰਘ ਵਿੱਕੀ ਨੇ ਕਿਹਾ ਕਿ ਨਸ਼ਿਆਂ ਵਿਰੁੱਧ ਇਹ ਲੜਾਈ ਲੰਬੀ ਹੈ ਤੇ ਇਹ ਉਦੋਂ ਤੱਕ ਜਾਰੀ ਰਹੇਗੀ, ਜਦੋਂ ਤੱਕ ਪਟਿਆਲਾ ਵਿੱਚੋਂ ਨਸ਼ੇ ਦੀ ਅਖੀਰਲੀ ਪੁੜੀ ਵੀ ਖ਼ਤਮ ਨਹੀਂ ਹੋ ਜਾਂਦੀ।ਉਨ੍ਹਾਂ ਕਿਹਾ ਕਿ ਨਸ਼ਿਆਂ ਦੇ ਖ਼ਾਤਮੇ ਲਈ ਸਾਰਿਆਂ ਦੇ ਸਹਿਯੋਗ ਨਾਲ ਲਗਾਤਾਰ ਯਤਨ ਕੀਤੇ ਜਾਂਦੇ ਰਹਿਣਗੇ।

# ਆਯੂਸ਼ ਮੈਡੀਕਲ ਕੈਂਪ ਦੌਰਾਨ 715 ਮਰੀਜ਼ਾਂ ਦੀ ਜਾਂਚ

**ਸੁਨਾਮ ਊਧਮ ਸਿੰਘ ਵਾਲਾ (ਅਸ਼ੋਕ ਬਾਂਸਲ, ਹਾਕਮ ਭੱਟੀ)**-ਡਾਇਰੈਕਟਰ ਆਯੁਰਵੈਦਾ ਪੰਜਾਬ ਡਾਕਟਰ ਰਮਨ ਖੰਨਾ ਤੇ ਡਾਇਰੈਕਟਰ ਹੋਮਿਓਪੈਥੀ ਡਾ. ਹਰਿੰਦਰਪਾਲ, ਜ਼ਿਲ੍ਹਾ ਆਯੁਰਵੈਦਿਕ ਤੇ ਯੂਨਾਨੀ ਅਫਸਰ ਡਾ. ਸੀਮਾ ਜੈਨ ਤੇ ਜ਼ਿਲ੍ਹਾ ਹੋਮਿਓਪੈਥੀ ਅਫ਼ਸਰ ਡਾਕਟਰ



ਰਾਜੀਵ ਜਿੰਦੀਆ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਗੁਰਦੁਆਰਾ ਕਮੇਟੀ ਇਮਲੀ ਸਾਹਿਬ ਦੇ ਸਰਪ੍ਰਸਤ ਡਾ. ਬਲਦੇਵ ਸਿੰਘ ਤੇ ਪ੍ਰਧਾਨ ਗੁਰਮੇਜ ਸਿੰਘ ਦੇ ਸਹਿਯੋਗ ਨਾਲ ਗੁਰਦੁਆਰਾ ਇਮਲੀ ਸਾਹਿਬ ਸੁਨਾਮ ਵਿਖੇ ਵਿਭਾਗ ਵੱਲੋਂ ਮੁਫ਼ਤ ਆਯੂਸ਼ ਕੈਂਪ ਲਗਾਇਆ ਗਿਆ।ਇਸ ਮੈਡੀਕਲ ਕੈਂਪ ਸਬੰਧੀ ਜਾਣਕਾਰੀ ਦਿੰਦਿਆਂ ਕੈਂਪ ਇੰਚਾਰਜ ਡਾ. ਗੁਰਪ੍ਰੀਤ ਕੌਰ ਨੇ ਦੱਸਿਆ ਕਿ ਮੁਫ਼ਤ ਆਯੂਸ਼ ਮੈਡੀਕਲ ਕੈਂਪ ਦੌਰਾਨ ਕੁੱਲ 715 ਮਰੀਜ਼ਾਂ ਦੀ ਜਾਂਚ ਕੀਤੀ ਗਈ।ਡਾ. ਗੁਰਪ੍ਰੀਤ, ਡਾ. ਲਲਿਤ, ਡਾ. ਦਿਵਿਆ, ਉੱਪ-ਵੈਦ ਪਰਮਿੰਦਰ ਸਿੰਘ, ਮਨਪ੍ਰੀਤ, ਈਸ਼ਾ, ਹੋਮਿਓਪੈਥਿਕ ਡਾਕਟਰ ਜਸਦੀਪ ਸਿੰਘ, ਡਾ. ਅਮਰਿੰਦਰ ਕੌਰ, ਡਿਸਪੈਂਸਰ ਇੰਦਰਜੀਤ, ਕਰਨੈਲ ਆਦਿ ਵੱਲੋਂ ਕੈਂਪ ਦੌਰਾਨ ਸਿਹਤ ਸੇਵਾਵਾਂ ਨਿਭਾਈਆਂ ਗਈਆਂ ਤੇ ਆਮ ਲੋਕਾਂ ਨੂੰ ਆਯੁਰਵੈਦਾ ਤੇ ਹੋਮਿਓਪੈਥੀ ਬਾਰੇ ਜਾਣਕਾਰੀ ਦਿੱਤੀ ਗਈ।

# ਦੇਸ਼ ਭਗਤ ਯੂਨੀਵਰਸਿਟੀ ਦੇ ਜੌਬ ਫੈਸਟ 'ਚ 40 ਕੰਪਨੀਆਂ ਪੁੱਜੀਆਂ

## 900 ਦੇ ਕਰੀਬ ਨੌਜਵਾਨਾਂ ਨੇ ਕਰਵਾਈ ਰਜਿਸਟ੍ਰੇਸ਼ਨ

**ਸ੍ਰੀ ਮੁਕਤਸਰ ਸਾਹਿਬ (ਸ਼ਮਿੰਦਰ ਪਾਲ/ਪੂਜਾ)** ਸ੍ਰੀ ਮੁਕਤਸਰ ਸਾਹਿਬ ਦੇ ਦੇਸ਼ ਭਗਤ ਯੂਨੀਵਰਸਿਟੀ ਦੇ ਕਾਂਸਟੀਚਿਊਟ ਕਾਲਜ ਤੇ ਆਈ ਟੀ ਕੈਂਪਸ ਵਿੱਚ 78ਵਾਂ ਜੌਬ ਫੈਸਟ ਕਰਵਾਇਆ ਗਿਆ।ਇਸ ਮੌਕੇ ਕੈਬਨਿਟ ਮੰਤਰੀ ਡਾ. ਬਲਜੀਤ ਕੌਰ ਮੁੱਖ ਮਹਿਮਾਨ ਵਜੋਂ




ਪੁੱਜੇ, ਜਦਕਿ ਹਲਕਾ ਵਿਧਾਇਕ ਜਗਦੀਪ ਸਿੰਘ ਕਾਕਾ ਬਰਾੜ ਨੇ ਵੀ ਸ਼ਿਰਕਤ ਕੀਤੀ।ਦੇਸ਼ ਭਗਤ ਯੂਨੀਵਰਸਿਟੀ ਦੇ ਚਾਂਸਲਰ ਡਾ. ਜੋਰਾ ਸਿੰਘ ਨੇ ਦੱਸਿਆ ਕਿ ਜੌਬ ਫੈਸਟ ਵਿੱਚ ਕਰੀਬ 40 ਕੰਪਨੀਆਂ ਨੇ ਹਿੱਸਾ ਲਿਆ। ਇਨ੍ਹਾਂ ਕੰਪਨੀਆਂ ਵੱਲੋਂ ਵੱਖ-ਵੱਖ ਖੇਤਰਾਂ ਵਿੱਚ ਕਰੀਬ 3 ਹਜ਼ਾਰ ਨੌਕਰੀਆਂ ਦੇ ਮੌਕੇ ਦਿੱਤੇ ਗਏ।ਫੈਸਟ ਵਿੱਚ ਕਰੀਬ 900 ਨੌਜਵਾਨਾਂ ਨੇ ਰਜਿਸਟ੍ਰੇਸ਼ਨ ਕਰਵਾਈ। ਡਾ. ਜੋਰਾ ਸਿੰਘ ਨੇ ਦੱਸਿਆ ਕਿ ਦੇਸ਼ ਭਗਤ ਯੂਨੀਵਰਸਿਟੀ ਵੱਲੋਂ ਵੱਖ-ਵੱਖ ਥਾਵਾਂ 'ਤੇ ਲਗਾਤਾਰ ਜੌਬ ਫੈਸਟ ਕਰਵਾਏ ਜਾਂਦੇ ਹਨ।ਪੰਜਾਬ ਤੋਂ ਇਲਾਵਾ ਜੰਮੂ-ਕਸ਼ਮੀਰ ਤੇ ਹੋਰ ਸੂਬਿਆਂ ਵਿੱਚ ਵੀ ਅਜਿਹੇ ਫੈਸਟ ਕਰਵਾਏ ਜਾ ਚੁੱਕੇ ਹਨ।ਸ੍ਰੀ ਮੁਕਤਸਰ ਸਾਹਿਬ ਵਿੱਚ ਕਰਵਾਇਆ ਗਿਆ ਇਹ 78ਵਾਂ ਜੌਬ ਫੈਸਟ ਸੀ।ਇਹ ਜੌਬ ਫੈਸਟ ਹਿਮਾਲੀਅਨ ਕਲੱਬ ਟਰੱਸਟ ਤੇ ਪੰਜਾਬ ਸਰਕਾਰ ਦੇ ਜ਼ਿਲ੍ਹਾ ਰੁਜ਼ਗਾਰ ਤੇ ਉੱਦਮ ਬਿਊਰੋ ਦੇ ਸਹਿਯੋਗ ਨਾਲ ਕਰਵਾਇਆ ਗਿਆ।ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਮਲੋਟ ਵਿਖੇ ਵੀ ਜੌਬ ਫੈਸਟ ਕਰਵਾਉਣ ਦਾ ਯਤਨ ਕੀਤਾ ਜਾਵੇਗਾ।

# ਪਰਾਲੀ ਪ੍ਰਬੰਧਨ ਲਈ ਬਲਾਕ ਪੱਧਰੀ ਕਿਸਾਨ ਸਿਖਲਾਈ ਕੈਂਪ ਲਾਇਆ

**ਗੁਰੂ ਹਰਸਹਾਏ (ਮਨਦੀਪ ਸਿੰਘ ਸੋਢੀ)**-ਵਧੀਕ ਡਿਪਟੀ ਕਮਿਸ਼ਨਰ ਵਿਕਾਸ ਕ੍ਰਿਸ਼ਨ ਪਾਲ ਰਾਜਪੂਤ ਤੇ ਮੁੱਖ ਖੇਤੀਬਾੜੀ ਅਫਸਰ ਫਿਰੋਜ਼ਪੁਰ ਬਲਵਿੰਦਰ ਸਿੰਘ ਦੀ ਯੋਗ ਅਗਵਾਈ ਹੇਠ ਗੁਰੂ ਹਰਸਹਾਏ ਦੇ ਪਿੰਡ ਝੰਡੂ ਵਾਲਾ ਵਿਖੇ ਝੋਨੇ ਦੀ ਪਰਾਲੀ ਪ੍ਰਬੰਧਨ ਸਬੰਧੀ ਬਲਾਕ ਪੱਧਰੀ ਕਿਸਾਨ



ਸਿਖਲਾਈ ਕੈਂਪ ਲਗਾਇਆ ਗਿਆ।ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਵੱਲੋਂ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਪ੍ਰਬੰਧਨ ਲਈ ਪ੍ਰਸ਼ਾਸਨ ਨਾਲ ਸਹਿਯੋਗ ਕਰਨ ਤੇ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਤੇ ਪ੍ਰਸ਼ਾਸਨ ਵੱਲੋਂ ਕੀਤੀ ਜਾਣ ਵਾਲੀ ਕਾਰਵਾਈ ਬਾਰੇ ਵੀ ਜਾਣੂ ਕਰਵਾਇਆ ਗਿਆ। ਮਾਨਯੋਗ ਮੁੱਖ ਖੇਤੀਬਾੜੀ ਅਫਸਰ ਫਿਰੋਜ਼ਪੁਰ ਨੇ ਕਿਸਾਨਾਂ ਨੂੰ ਝੋਨੇ ਦੀ ਪਰਾਲੀ ਨੂੰ ਅੱਗ ਲਗਾਉਣ ਦੇ ਮਾੜੇ ਪ੍ਰਭਾਵਾਂ ਤੇ ਅੱਗ ਨਾ ਲਗਾਉਣ ਦੇ ਚੰਗੇ ਪ੍ਰਭਾਵਾਂ ਬਾਰੇ ਦੱਸਿਆ।ਮਹਿਕਮੇ ਵੱਲੋਂ ਕਿਸਾਨਾਂ ਦੀ ਸਹੂਲਤ ਲਈ ਸਬਸਿਡੀ 'ਤੇ ਆਏ ਪਰਾਲੀ ਪ੍ਰਬੰਧਨ ਲਈ ਖੇਤੀ ਸੰਦਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ।ਡਾ. ਸ਼ਿਸ਼ਪਾਲ ਗੋਦਾਰਾ, ਬਲਾਕ ਖੇਤੀਬਾੜੀ ਅਫਸਰ ਗੁਰੂ ਹਰਸਹਾਏ ਨੇ ਕੈਂਪ 'ਚ ਪਹੁੰਚੇ ਮਾਨਯੋਗ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਤੇ ਮੁੱਖ ਖੇਤੀਬਾੜੀ ਅਫਸਰ ਦਾ ਸਵਾਗਤ ਕੀਤਾ ਤੇ ਕਿਸਾਨਾਂ ਨੂੰ ਪਰਾਲੀ ਪ੍ਰਬੰਧਨ 'ਚ ਆਉਣ ਵਾਲੀਆਂ ਸਮੱਸਿਆਵਾਂ ਤੇ ਉਸ ਦੇ ਹੱਲ ਬਾਰੇ ਜਾਣਕਾਰੀ ਦਿੱਤੀ ਗਈ। ਕੈਂਪ ਵਿੱਚ ਜਰਮਨਜੀਤ ਸਿੰਘ (ਏ.ਐਸ.ਆਈ), ਮਨਜੀਤ ਸਿੰਘ (ਏ.ਟੀ.ਐਮ), ਵਰਿੰਦਰਪਾਲ ਸਿੰਘ (ਏ .ਟੀ.ਐਮ) ਦੁਆਰਾ ਪਰਾਲੀ ਪ੍ਰਬੰਧਨ ਤੇ ਮਹਿਕਮੇ ਵਿੱਚ ਕਿਸਾਨਾਂ ਦੀ ਸਹੂਲਤ ਲਈ ਆ ਰਹੀਆਂ ਵੱਖ-ਵੱਖ ਸਕੀਮਾਂ ਬਾਰੇ ਵੀ ਜਾਣਕਾਰੀ ਦਿੱਤੀ ਗਈ।ਕਿਸਾਨਾਂ ਵੱਲੋਂ ਮਾਨਯੋਗ ਵਧੀਕ ਡਿਪਟੀ ਕਮਿਸ਼ਨਰ (ਵਿਕਾਸ) ਤੇ ਮੁੱਖ ਖੇਤੀਬਾੜੀ ਅਫਸਰ ਫਿਰੋਜ਼ਪੁਰ ਨੂੰ ਆਪਣੀਆਂ ਸਮੱਸਿਆਵਾਂ ਸਬੰਧੀ ਮੰਗ ਪੱਤਰ ਵੀ ਦਿੱਤੇ ਗਏ।

# ਫੂਡ ਸੇਫਟੀ ਟੀਮ ਵੱਲੋਂ ਵਿਸ਼ੇਸ਼ ਚੈਕਿੰਗ ਮੁਹਿੰਮ, 35 ਕਿੱਲੋ ਪਨੀਰ ਨਸ਼ਟ





**ਲੁਧਿਆਣਾ, (ਰੈਕਟਰ ਕਥੂਰੀਆ)**-ਲੋਕਾਂ ਨੂੰ ਸੁਰੱਖਿਅਤ ਤੇ ਮਿਆਰੀ ਖੁਰਾਕ ਪਦਾਰਥ ਮੁਹੱਈਆ ਕਰਵਾਉਣ ਲਈ ਮਾਨਯੋਗ ਡਿਪਟੀ ਕਮਿਸ਼ਨਰ ਲੁਧਿਆਣਾ ਸ੍ਰੀ ਹਿਮਾਂਸ਼ੂ ਜੈਨ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਸਿਹਤ ਵਿਭਾਗ ਦੀ ਫੂਡ ਸੇਫਟੀ ਟੀਮ ਵੱਲੋਂ ਜ਼ਿਲ੍ਹੇ ਦੇ ਵੱਖ-ਵੱਖ ਇਲਾਕਿਆਂ ਵਿੱਚ ਵਿਸ਼ੇਸ਼ ਚੈਕਿੰਗ ਮੁਹਿੰਮ ਚਲਾਈ ਗਈ।ਇਸ ਦੌਰਾਨ ਸਬਜ਼ੀ ਮੰਡੀਆਂ, ਕਨਫੈਕਸ਼ਨਰੀ ਯੂਨਿਟਾਂ ਤੇ ਖਾਣ-ਪੀਣ ਵਾਲੀਆਂ ਦੁਕਾਨਾਂ ਦੀ ਜਾਂਚ ਕਰਨ ਦੇ ਨਾਲ ਨਾਲ ਖੁਰਾਕੀ ਪਦਾਰਥਾਂ ਦੀ ਮੁੱਢਲੀ ਜਾਂਚ ਤੇ ਲੋਕਾਂ ਨੂੰ ਖੁਰਾਕ ਸੁਰੱਖਿਆ ਸਬੰਧੀ ਜਾਗਰੂਕ ਕੀਤਾ ਗਿਆ।ਚੈਕਿੰਗ ਦੌਰਾਨ ਸਬਜ਼ੀ ਮੰਡੀ ਵਿੱਚ ਪਪੀਤੇ ਦਾ ਇੱਕ ਸੈਂਪਲ, ਹੀਰੋ ਬੇਕਰੀ ਚੌਂਕ ਤੇ ਅਬਦੁੱਲਾ ਬਸਤੀ ਵਿਖੇ ਖਾਣ-ਪੀਣ ਵਾਲੀਆਂ ਦੁਕਾਨਾਂ ਤੋਂ ਤਿਆਰਸ਼ੁਦਾ ਚਿਕਨ ਤੇ ਪੈਟੀਜ਼ ਦੇ ਸੈਂਪਲ ਤੇ ਬਹਾਦਰਕੇ ਰੋਡ ਸਬਜ਼ੀ ਮੰਡੀ ਤੋਂ ਪਨੀਰ ਦੇ ਦੋ ਸੈਂਪਲ ਲੈ ਕੇ ਅਧਿਕਾਰਤ ਫੂਡ ਟੈਸਟਿੰਗ ਲੈਬਾਰਟਰੀ ਨੂੰ ਜਾਂਚ ਲਈ ਭੇਜੇ ਗਏ।ਬਹਾਦਰਕੇ ਰੋਡ ਮੰਡੀ ਵਿੱਚ ਚੈਕਿੰਗ ਦੌਰਾਨ ਲਗਭਗ 35 ਕਿਲੋਗ੍ਰਾਮ ਪਨੀਰ ਮਿਆਰਾਂ ਅਨੁਸਾਰ ਨਾ ਪਾਏ ਜਾਣ ਤੇ ਮਨੁੱਖੀ ਖਪਤ ਲਈ ਅਣਉਚਿਤ ਹੋਣ ਦੇ ਸ਼ੱਕ ਦੇ ਆਧਾਰ 'ਤੇ ਮੌਕੇ 'ਤੇ ਹੀ ਨਸ਼ਟ ਕਰਵਾਇਆ ਗਿਆ।

ਇਸ ਮੌਕੇ ਡਾ. ਆਸ਼ਿਸ਼ ਚਾਵਲਾ, ਜ਼ਿਲ੍ਹਾ ਸਿਹਤ ਅਫ਼ਸਰ, ਲੁਧਿਆਣਾ ਨੇ ਕਿਹਾ ਕਿ ਲੋਕਾਂ ਦੀ ਸਿਹਤ ਨਾਲ ਜੁੜੇ ਮਾਮਲੇ ਵਿੱਚ ਖੁਰਾਕ ਸੁਰੱਖਿਆ ਵਿਭਾਗ ਦੀ ਮੁੱਖ ਤਰਜੀਹ ਹੈ ਤੇ ਖੁਰਾਕ ਦੀ ਗੁਣਵੱਤਾ ਨਾਲ ਕਿਸੇ ਵੀ ਤਰ੍ਹਾਂ ਦਾ ਸਮਝੌਤਾ ਬਰਦਾਸ਼ਤ ਨ੍ਹੀਂ ਕੀਤਾ ਜਾਵੇਗਾ।ਉਨ੍ਹਾਂ ਕਿਹਾ ਕਿ ਲੈਬਾਰਟਰੀ ਰਿਪੋਰਟਾਂ ਦੇ ਆਧਾਰ 'ਤੇ ਜੇਕਰ ਕੋਈ ਸੈਂਪਲ ਨਿਰਧਾਰਤ ਮਾਪਦੰਡਾਂ 'ਤੇ ਖਰਾ ਨਹੀਂ ਉਤਰਦਾ ਤਾਂ ਸਬੰਧਤ ਫੂਡ ਬਿਜ਼ਨੈੱਸ ਆਪ੍ਰੇਟਰ ਵਿਰੁੱਧ ਫੂਡ ਸੇਫਟੀ ਐਕਟ ਅਧੀਨ ਬਣਦੀ ਕਾਨੂੰਨੀ ਕਾਰਵਾਈ ਕੀਤੀ ਜਾਵੇਗੀ।

# ਫ਼ਸਲਾਂ 'ਤੇ ਐੱਮ ਐੱਸ ਪੀ ਦੇ ਕੇ ਹੀ ਖੇਤੀ ਵਿਭਿੰਨਤਾ ਹੋ ਸਕਦੀ : ਭੁਪਿੰਦਰ ਦੌਲਤਪੁਰਾ

**ਮੋਗਾ, (ਇਕਬਾਲ ਸਿੰਘ ਖਹਿਰਾ)**-ਭਾਰਤੀ ਕਿਸਾਨ ਯੂਨੀਅਨ ਲੱਖੋਵਾਲ ਜ਼ਿਲ੍ਹਾ ਮੋਗਾ ਦੀ ਮਹੀਨਾਵਾਰ ਮੀਟਿੰਗ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਦੀ ਅਗਵਾਈ ਹੇਠ ਹੋਈ।ਮੀਟਿੰਗ ਦੀ ਕਾਰਵਾਈ ਜ਼ਿਲ੍ਹਾ ਜਨਰਲ ਸਕੱਤਰ ਰਵਿੰਦਰ ਸਿੰਘ ਭੋਲਾ ਵੱਲੋਂ ਚਲਾਈ ਗਈ।ਇਸ ਮੀਟਿੰਗ ਦੌਰਾਨ ਸੂਬਾ ਆਗੂਆਂ, ਜ਼ਿਲ੍ਹਾ ਆਗੂਆਂ, ਬਲਾਕ ਆਗੂਆਂ ਤੇ ਮੈਂਬਰਾਂ ਨੇ ਆਪੋ-ਆਪਣੇ ਵਿਚਾਰ ਪੇਸ਼ ਕੀਤੇ।ਇਸ ਮੌਕੇ ਜ਼ਿਲ੍ਹਾ ਮੀਡੀਆ ਸਕੱਤਰ ਬਲਕਰਨ ਸਿੰਘ ਢਿੱਲੋਂ ਨੇ ਦੱਸਿਆ ਕਿ ਪੰਜਾਬ ਵਿੱਚ ਖੇਤੀ



ਵਿਭਿੰਨਤਾ ਨੂੰ ਉਤਸ਼ਾਹਤ ਕਰਨ ਤੇ ਕਿਸਾਨਾਂ ਨੂੰ ਝੋਨੇ-ਕਣਕ ਦੇ ਰਵਾਇਤੀ ਫ਼ਸਲੀ ਚੱਕਰ ਵਿੱਚੋਂ ਬਾਹਰ ਕੱਢਣ ਸਬੰਧੀ ਵਿਸਥਾਰ ਨਾਲ ਸਹਿਤ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਜ਼ਿਲ੍ਹਾ ਪ੍ਰਧਾਨ ਭੁਪਿੰਦਰ ਸਿੰਘ ਦੌਲਤਪੁਰਾ ਨੇ ਕਿਹਾ ਕਿ ਅਖ਼ਬਾਰ ਵਿੱਚ ਪ੍ਰਕਾਸ਼ਿਤ ਬਾਸਮਤੀ ਦੀ ਫ਼ਸਲ ਸਬੰਧੀ ਲੇਖ ਦਾ ਹਵਾਲਾ ਦਿੰਦਿਆਂ ਕਿਹਾ ਕਿ ਜੇਕਰ ਕੇਂਦਰ ਤੇ ਪੰਜਾਬ ਸਰਕਾਰ ਸੱਚਮੁੱਚ ਪੰਜਾਬ ਦੀ ਕਿਸਾਨੀ ਨੂੰ ਪ੍ਰਫੁੱਲਿਤ ਤੇ ਖੁਸ਼ਹਾਲ ਕਰਨਾ ਚਾਹੁੰਦੀਆਂ ਹਨ ਤਾਂ ਸਿਰਫ਼ ਫ਼ਸਲੀ ਵਿਭਿੰਨਤਾ ਦੇ ਨਾਅਰੇ ਲਗਾਉਣ ਦੀ ਬਜਾਏ ਬਾਸਮਤੀ, ਦਾਲਾਂ, ਸਬਜ਼ੀਆਂ ਤੇ ਹੋਰ ਬਦਲਵੀਆਂ ਫ਼ਸਲਾਂ ਲਈ ਲਾਹੇਵੰਦ ਐੱਮ.ਐੱਸ.ਪੀ. ਤੇ ਖਰੀਦ ਦੀ ਗਾਰੰਟੀ ਦੇਣੀ ਚਾਹੀਦੀ ਹੈ।ਉਨ੍ਹਾਂ ਕਿਹਾ ਕਿ ਬਾਸਮਤੀ ਪੰਜਾਬ ਦੀ ਇੱਕ ਮਹੱਤਵਪੂਰਨ ਫ਼ਸਲ ਹੈ, ਜਿਸ ਦੀ ਦੇਸ਼-ਵਿਦੇਸ਼ ਵਿੱਚ ਵੱਡੀ ਮੰਗ ਹੈ।ਜੇਕਰ ਕਿਸਾਨ ਨੂੰ ਬਾਸਮਤੀ ਸਮੇਤ ਹੋਰ ਫ਼ਸਲਾਂ ਦਾ ਲਾਹੇਵੰਦ ਅਤੇ ਯਕੀਨੀ ਭਾਅ ਮਿਲੇ ਤੇ ਮੰਡੀਕਰਨ ਦੀ ਗਾਰੰਟੀ ਹੋਵੇ ਤਾਂ ਕਿਸਾਨ ਖੁਦ ਹੀ ਝੋਨੇ ਦਾ ਰਕਬਾ ਘਟਾ ਕੇ ਬਦਲਵੀਆਂ ਫ਼ਸਲਾਂ ਵੱਲ ਵੱਡੇ ਪੱਧਰ 'ਤੇ ਰੁਖ ਕਰ ਸਕਦਾ ਹੈ।ਦੌਲਤਪੁਰਾ ਨੇ ਕਿਹਾ ਕਿ ਪੰਜਾਬ ਵਿੱਚ ਧਰਤੀ ਹੇਠਲੇ ਪਾਣੀ ਦਾ ਪੱਧਰ ਲਗਾਤਾਰ ਚਿੰਤਾ ਦਾ ਵਿਸ਼ਾ ਬਣਿਆ ਹੋਇਆ ਹੈ।ਇਸ ਲਈ ਖੇਤੀ ਵਿਭਿੰਨਤਾ ਸਮੇਂ ਦੀ ਮੁੱਖ ਲੋੜ ਹੈ, ਪਰ ਇਸ ਦਾ ਸਾਰਾ ਬੋਝ ਕਿਸਾਨ ਦੇ ਸਿਰ ਪਾ ਕੇ ਇਹ ਟੀਚਾ ਹਾਸਲ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਬਾਸਮਤੀ ਤੋਂ ਇਲਾਵਾ ਦਾਲਾਂ, ਮੱਕੀ, ਤੇਲ ਬੀਜਾਂ, ਸਬਜ਼ੀਆਂ ਤੇ ਹੋਰ ਵੱਖ-ਵੱਖ ਫ਼ਸਲਾਂ ਲਈ ਵੀ ਲਾਹੇਵੰਦ ਐੱਮ.ਐੱਸ.ਪੀ. ਤੈਅ ਕਰਕੇ ਉਸ 'ਤੇ ਸਰਕਾਰੀ ਖਰੀਦ ਯਕੀਨੀ ਬਣਾਈ ਜਾਵੇ।ਇਸ ਨਾਲ ਕਿਸਾਨਾਂ ਦੀ ਆਮਦਨ ਵਿੱਚ ਵਾਧਾ ਹੋਵੇਗਾ, ਧਰਤੀ ਹੇਠਲੇ ਪਾਣੀ ਦੀ ਬੱਚਤ ਹੋਵੇਗੀ ਤੇ ਪੰਜਾਬ ਦੀ ਖੇਤੀ ਆਰਥਿਕ ਤੌਰ 'ਤੇ ਹੋਰ ਮਜ਼ਬੂਤ ਹੋ ਸਕੇਗੀ। ਇਸ ਮੌਕੇ ਮੀਟਿੰਗ ਵਿੱਚ ਅਨੁਸ਼ਾਸਨ ਕਮੇਟੀ ਮੈਂਬਰ ਹਰਜੀਤ ਸਿੰਘ ਮਨਾਵਾਂ, ਜ਼ਿਲ੍ਹਾ ਮੀਤ ਪ੍ਰਧਾਨ ਪ੍ਰੇਮ ਲਾਲ ਪੁਰੀ, ਮੀਤ ਪ੍ਰਧਾਨ ਜਗਸੀਰ ਸਿੰਘ ਜੱਗੀ ਬਾਘਾ ਪੁਰਾਣਾ, ਜਸਵੰਤ ਸਿੰਘ ਬਲਾਕ ਪ੍ਰਧਾਨ, ਮੀਤ ਪ੍ਰਧਾਨ ਲਖਵਿੰਦਰ ਸਿੰਘ ਰੌਲੀ, ਹਰਦੀਪ ਸਿੰਘ ਪੰਡੋਰੀ, ਗੁਰਮੇਲ ਸਿੰਘ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ।

# ਤਿਉਹਾਰਾਂ ਮੌਕੇ ਅੰਮ੍ਰਿਤਸਰ ਤੋਂ ਕੋਲਕਾਤਾ ਤੇ ਬਰੌਨੀ ਲਈ ਚੱਲਣਗੀਆਂ ਰਿਜ਼ਰਵਡ ਸਪੈਸ਼ਲ ਟਰੇਨਾਂ

**ਫਿਰੋਜ਼ਪੁਰ (ਅਸ਼ੋਕ ਸ਼ਰਮਾ)** : ਆਉਣ ਵਾਲੇ ਤਿਉਹਾਰਾਂ ਦੇ ਮੱਦੇਨਜ਼ਰ ਰੇਲ ਯਾਤਰੀਆਂ ਦੀ ਵਧਦੀ ਭੀੜ ਤੇ ਸੁਵਿਧਾਜਨਕ ਆਵਾਜਾਈ ਨੂੰ ਧਿਆਨ ਵਿੱਚ ਰੱਖਦਿਆਂ ਉੱਤਰ ਰੇਲਵੇ ਵੱਲੋਂ ਅੰਮ੍ਰਿਤਸਰ ਤੋਂ ਕੋਲਕਾਤਾ ਤੇ ਬਰੌਨੀ ਲਈ ਰਿਜ਼ਰਵਡ ਤਿਉਹਾਰ ਸਪੈਸ਼ਲ ਐਕਸਪ੍ਰੈਸ ਰੇਲਗੱਡੀਆਂ ਚਲਾਉਣ ਦਾ ਫੈਸਲਾ ਕੀਤਾ ਗਿਆ ਹੈ। ਇਨ੍ਹਾਂ ਰੇਲਗੱਡੀਆਂ ਦੇ ਚੱਲਣ ਨਾਲ ਤਿਉਹਾਰੀ ਸੀਜ਼ਨ ਦੌਰਾਨ ਪੰਜਾਬ, ਉੱਤਰ ਪ੍ਰਦੇਸ਼, ਬਿਹਾਰ ਅਤੇ ਪੱਛਮੀ ਬੰਗਾਲ ਵੱਲ ਜਾਣ ਵਾਲੇ ਯਾਤਰੀਆਂ ਨੂੰ ਵਾਧੂ ਰੇਲ ਸਹੂਲਤ ਮਿਲੇਗੀ। ਰੇਲਗੱਡੀ ਨੰਬਰ 04624 ਅੰਮ੍ਰਿਤਸਰ-ਕੋਲਕਾਤਾ ਰਿਜ਼ਰਵਡ ਸਪੈਸ਼ਲ ਐਕਸਪ੍ਰੈਸ 7 ਅਕਤੂਬਰ ਤੋਂ 25 ਨਵੰਬਰ 2026 ਤੱਕ ਹਰ ਬੁੱਧਵਾਰ ਅੰਮ੍ਰਿਤਸਰ ਤੋਂ ਰਾਤ 8.10 ਵਜੇ ਰਵਾਨਾ ਹੋਵੇਗੀ ਅਤੇ 42 ਘੰਟੇ 50 ਮਿੰਟ ਬਾਅਦ ਦੁਪਹਿਰ 3 ਵਜੇ ਕੋਲਕਾਤਾ ਪਹੁੰਚੇਗੀ। ਇਸੇ ਤਰ੍ਹਾਂ 04623 ਕੋਲਕਾਤਾ-ਅੰਮ੍ਰਿਤਸਰ ਸਪੈਸ਼ਲ ਰੇਲਗੱਡੀ 10 ਅਕਤੂਬਰ ਤੋਂ 28 ਨਵੰਬਰ ਤੱਕ ਹਰ ਸ਼ਨੀਵਾਰ ਸਵੇਰੇ 4.45 ਵਜੇ ਕੋਲਕਾਤਾ ਤੋਂ ਚੱਲ ਕੇ ਰਾਤ 9:05 ਵਜੇ ਅੰਮ੍ਰਿਤਸਰ ਪਹੁੰਚੇਗੀ। ਇਸ ਦੇ ਕੁੱਲ 8-8 ਟ੍ਰਿਪ ਹੋਣਗੇ। ਇਹ ਰੇਲਗੱਡੀ ਦੋਵੇਂ ਦਿਸ਼ਾਵਾਂ ਵਿੱਚ ਬਿਆਸ, ਜਲੰਧਰ ਸਿਟੀ, ਫਗਵਾੜਾ, ਢੰਡਾਰੀ ਕਲਾਂ, ਅੰਬਾਲਾ ਛਾਉਣੀ, ਯਮੁਨਾਨਗਰ-ਜਗਾਧਰੀ, ਸਹਾਰਨਪੁਰ, ਮੁਰਾਦਾਬਾਦ, ਬਰੇਲੀ, ਸ਼ਾਹਜਹਾਂਪੁਰ, ਸੀਤਾਪੁਰ, ਗੋਂਡਾ, ਗੋਰਖਪੁਰ, ਬਰੌਨੀ ਸਮੇਤ ਕਈ ਮਹੱਤਵਪੂਰਨ ਸਟੇਸ਼ਨਾਂ 'ਤੇ ਰੁਕੇਗੀ। ਰੇਲ ਵਿੱਚ ਏਸੀ 2-ਟੀਅਰ ਦਾ 1, ਏਸੀ 3-ਟੀਅਰ ਦੇ 2, ਸਲੀਪਰ ਦੇ 9 ਅਤੇ ਜਨਰਲ ਸ਼੍ਰੇਣੀ ਦੇ 6 ਕੋਚ ਹੋਣਗੇ। ਇਸੇ ਤਰ੍ਹਾਂ 04668 ਅੰਮ੍ਰਿਤਸਰ-ਬਰੌਨੀ ਰਿਜ਼ਰਵਡ ਸਪੈਸ਼ਲ ਐਕਸਪ੍ਰੈਸ 4 ਅਕਤੂਬਰ ਤੋਂ 29 ਨਵੰਬਰ ਤੱਕ ਹਰ ਐਤਵਾਰ ਅੰਮ੍ਰਿਤਸਰ ਤੋਂ ਰਾਤ 8.10 ਵਜੇ ਚੱਲੇਗੀ ਅਤੇ ਅਗਲੇ ਦਿਨ ਸਵੇਰੇ 2:10 ਵਜੇ ਬਰੌਨੀ ਪਹੁੰਚੇਗੀ। ਇਸ ਦੇ 9 ਟ੍ਰਿਪ ਹੋਣਗੇ। ਵਾਪਸੀ ਵਿਚ 04667 ਬਰੌਨੀ-ਅੰਮ੍ਰਿਤਸਰ 6 ਅਕਤੂਬਰ ਤੋਂ 1 ਦਸੰਬਰ ਤੱਕ ਹਰ ਮੰਗਲਵਾਰ ਸਵੇਰੇ 5.05 ਵਜੇ ਰਵਾਨਾ ਹੋ ਕੇ ਦੁਪਹਿਰ 1.50 ਵਜੇ ਅੰਮ੍ਰਿਤਸਰ ਪਹੁੰਚੇਗੀ। ਇਹ ਰੇਲਗੱਡੀ ਬਿਆਸ, ਜਲੰਧਰ ਸਿਟੀ, ਫਗਵਾੜਾ, ਢੰਡਾਰੀ ਕਲਾਂ, ਅੰਬਾਲਾ ਛਾਉਣੀ, ਸਹਾਰਨਪੁਰ, ਮੁਰਾਦਾਬਾਦ, ਬਰੇਲੀ, ਹਰਦੋਈ, ਰਾਏਬਰੇਲੀ, ਵਾਰਾਣਸੀ, ਗਾਜ਼ੀਪੁਰ ਸਿਟੀ, ਬਲੀਆ, ਛਪਰਾ, ਸੋਨਪੁਰ, ਹਾਜੀਪੁਰ ਅਤੇ ਸ਼ਾਹਪੁਰ ਪਟੋਰੀ ਸਮੇਤ ਵੱਖ-ਵੱਖ ਸਟੇਸ਼ਨਾਂ 'ਤੇ ਰੁਕੇਗੀ। ਇਸ ਵਿਚ ਵੀ ਏਸੀ 2-ਟੀਅਰ ਦਾ 1, ਏਸੀ 3-ਟੀਅਰ ਦੇ 2, ਸਲੀਪਰ ਦੇ 9 ਤੇ ਜਨਰਲ ਸ਼੍ਰੇਣੀ ਦੇ 6 ਕੋਚ ਲਗਾਏ ਗਏ ਹਨ। ਉੱਤਰ ਰੇਲਵੇ ਫਿਰੋਜ਼ਪੁਰ ਮੰਡਲ ਦੇ ਸੀਨੀਅਰ ਮੰਡਲ ਵਪਾਰਕ ਪ੍ਰਬੰਧਕ ਬਸੰਤ ਕੁਮਾਰ ਨੇ ਯਾਤਰੀਆਂ ਨੂੰ ਅਪੀਲ ਕੀਤੀ ਕਿ ਉਹ ਤਿਉਹਾਰ ਸਪੈਸ਼ਲ ਰੇਲਗੱਡੀਆਂ ਦੀ ਸਹੂਲਤ ਦਾ ਲਾਭ ਲੈਣ ਤੇ ਆਪਣੀ ਯਾਤਰਾ ਨੂੰ ਸੁਗਮ ਤੇ ਆਸਾਨ ਬਣਾਉਣ।

# ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਨੇ ਲੋੜਵੰਦਾਂ ਨੂੰ ਚੈੱਕ ਵੰਡੇ



**ਸੰਗਰੂਰ (ਪ੍ਰਵੀਨ ਸਿੰਘ)**-ਡਾ. (ਪ੍ਰੋ) ਐੱਸ. ਪੀ. ਸਿੰਘ ਓਬਰਾਏ ਮੈਨੇਜਿੰਗ ਟਰੱਸਟ ਸਰਬੱਤ ਦਾ ਭਲਾ ਚੈਰੀਟੇਬਲ ਟਰੱਸਟ ਵੱਲੋਂ ਲੋੜਵੰਦਾਂ ਨੂੰ ਪੈਨਸ਼ਨ ਤੇ ਹੋਰ ਭਲਾਈ ਸਕੀਮਾਂ ਲਈ ਹਰਮਨ ਹੋਟਲ ਵਿਖੇ ਸਮਾਗਮ ਕੀਤਾ ਗਿਆ।ਇਸ ਦੌਰਾਨ 32 ਲੋੜਵੰਦਾਂ ਤੇ 8 ਮੈਡੀਕਲ ਸਹਾਇਤਾ ਸਮੇਤ 40 ਦੇ ਕਰੀਬ ਚੈੱਕ ਵੰਡੇ ਗਏ।ਇਸ ਸਮੇਂ ਦੌਰਾਨ ਟਰੱਸਟ ਦੀ ਜ਼ਿਲ੍ਹਾ ਟੀਮ ਮੈਂਬਰ ਵਿੱਚੋਂ ਕੁਲਵੰਤ ਸਿੰਘ ਬਾਜਵਾ, ਮੈਡਮ ਸੰਤੋਖ ਸਿੰਘ, ਬਲਕਾਰ ਸਿੰਘ, ਫਤਿਹ ਪ੍ਰਭਾਕਰ, ਹਰਮੇਲ ਸਿੰਘ ਲੱਡਾ ਜ਼ਿਲ੍ਹਾ ਕਮੇਟੀ ਮੈਂਬਰ ਹਾਜ਼ਰ ਸਨ।ਇਸ ਸਮੇਂ ਟਰੱਸਟ ਦੇ ਪ੍ਰਧਾਨ ਸੁਖਵਿੰਦਰ ਸਿੰਘ ਹਰਮਨ ਨੇ ਜਾਣਕਾਰੀ ਦਿੰਦਿਆਂ ਦੱਸਿਆ ਕਿ ਟਰੱਸਟ ਵੱਲੋਂ ਚਲਾਈਆਂ ਜਾ ਰਹੀਆਂ ਸਕੀਮ ਤਹਿਤ ਹਰ ਮਹੀਨੇ ਦੀ 15 ਤਾਰੀਖ਼ ਨੂੰ ਚੈੱਕ ਵੰਡੇ ਜਾਂਦੇ ਹਨ।ਇਸ ਚੈੱਕ ਵੰਡ ਸਮਾਗਮ ਦੌਰਾਨ ਚਾਹ ਪਾਣੀ ਦਾ ਪ੍ਰਬੰਧ ਵੀ ਹਰ ਵਾਰ ਦੀ ਤਰ੍ਹਾਂ ਕੀਤਾ ਗਿਆ।

# ਦੌਧਰ ਸਰਕੀ ਵਿਖੇ ਅੱਖਾਂ ਦਾ ਮੁਫ਼ਤ ਮੈਡੀਕਲ ਕੈਂਪ ਅੱਜ

**ਨਿਹਾਲ ਸਿੰਘ ਵਾਲਾ (ਲਵਲੀ ਕੁਮਾਰ)**-ਮਨੁੱਖਤਾ ਦੀ ਸੇਵਾ ਨੂੰ ਸਭ ਤੋਂ ਵੱਡੀ ਸੇਵਾ ਮੰਨਦਿਆਂ ਸਮੂਹ ਸਿੱਧੂ ਪਰਵਾਰ ਵੱਲੋਂ ਉੱਘੀ ਸਮਾਜ ਸੇਵੀ ਸੰਸਥਾ ਲਾਇਨਜ਼ ਕਲੱਬ ਬਧਨੀ ਕਲਾਂ ਦੇ ਸਹਿਯੋਗ ਨਾਲ ਸਵ. ਜਸਵਿੰਦਰਜੀਤ ਸਿੰਘ ਸਿੱਧੂ ਦੌਧਰ (ਕਾਲਾ ਮਨੀਲਾ) ਦੀ ਨਿੱਘੀ ਯਾਦ ਨੂੰ ਸਮਰਪਤ ਅੱਖਾਂ ਦਾ ਮੁਫ਼ਤ ਮੈਡੀਕਲ ਕੈਂਪ 17 ਸਤੰਬਰ ਨੂੰ ਪਿੰਡ ਦੌਧਰ ਸਰਕੀ (ਮੋਗਾ) ਵਿਖੇ ਲਗਾਇਆ ਜਾ ਰਿਹਾ ਹੈ।ਪ੍ਰਬੰਧਕਾਂ ਨੇ ਦੱਸਿਆ ਕਿ ਇਹ ਕੈਂਪ ਧਰਮਸ਼ਾਲਾ ਪੱਤੀ ਗੁਰੀਆ, ਨੇੜੇ ਹਨੂਮਾਨ ਮੰਦਰ ਵਿਖੇ ਲਗਾਇਆ ਜਾਵੇਗਾ। ਲਾਇਨਜ਼ ਆਈ ਕੇਅਰ ਸੈਂਟਰ ਜੈਤੋ ਵੱਲੋਂ ਅੱਖਾਂ ਦੇ ਮਾਹਰ ਡਾਕਟਰਾਂ ਦੀ ਮੈਡੀਕਲ ਟੀਮ ਮਰੀਜ਼ਾਂ ਦੀਆਂ ਅੱਖਾਂ ਦੀ ਮੁਫ਼ਤ ਜਾਂਚ ਕਰੇਗੀ।ਇਸ ਦੌਰਾਨ ਲੋੜਵੰਦ ਮਰੀਜ਼ਾਂ ਨੂੰ ਮੁਫ਼ਤ ਦਵਾਈਆਂ ਦਿੱਤੀਆਂ ਜਾਣਗੀਆਂ ਤੇ ਲੋੜ ਅਨੁਸਾਰ ਮੁਫ਼ਤ ਅੱਖਾਂ ਦੇ ਆਪ੍ਰੇਸ਼ਨ ਵੀ ਕੀਤੇ ਜਾਣਗੇ।ਮਰੀਜ਼ ਆਪਣਾ ਆਧਾਰ ਕਾਰਡ ਨਾਲ ਲੈ ਕੇ ਕੈਂਪ ਵਿੱਚ ਪਹੁੰਚਣ।ਉਨ੍ਹਾਂ ਦੱਸਿਆ ਕਿ ਮੈਡੀਕਲ ਟੀਮ ਵੱਲੋਂ ਦੁਪਹਿਰ 1 ਵਜੇ ਤੱਕ ਹੀ ਮਰੀਜ਼ਾਂ ਦੀ ਜਾਂਚ ਕੀਤੀ ਜਾਵੇਗੀ।

# ਜਮਹੂਰੀ ਅਧਿਕਾਰ ਸਭਾ ਵੱਲੋਂ ਵਿਚਾਰ-ਚਰਚਾ 20 ਨੂੰ


**ਸੰਗਰੂਰ (ਪ੍ਰਵੀਨ ਸਿੰਘ)**-ਜਮਹੂਰੀ ਅਧਿਕਾਰ ਸਭਾ ਪੰਜਾਬ ਦੀ ਸੰਗਰੂਰ ਇਕਾਈ ਵੱਲੋਂ 'ਮੌਜੂਦਾ ਫਾਸ਼ੀਵਾਦੀ ਦੌਰ ਅਧਿਕਾਰਾਂ ਨੂੰ ਚੁਣੌਤੀਆਂ ਤੇ ਭਾਰਤ ਵਿੱਚ ਨਾਗਰਿਕਤਾ ਦਾ ਸਵਾਲ ਤੇ ਜਮਹੂਰੀ ਅਧਿਕਾਰ' ਵਿਸ਼ੇ ਉੱਪਰ ਵਿਚਾਰ ਚਰਚਾ 20 ਸਤੰਬਰ 2026 ਨੂੰ ਅਗਰਵਾਲ ਧਰਮਸ਼ਾਲਾ ਨੇੜੇ ਬੜਾ ਚੌਕ ਸੰਗਰੂਰ ਵਿਖੇ ਕਰਵਾਈ ਜਾ ਰਹੀ ਹੈ।ਚਰਚਾ ਸਬੰਧੀ ਜਾਣਕਾਰੀ ਦਿੰਦਿਆਂ ਸਭਾ ਦੇ ਜ਼ਿਲ੍ਹਾ ਪ੍ਰਧਾਨ ਜਗਜੀਤ ਭਟਾਲ ਤੇ ਜਨਰਲ ਸਕੱਤਰ ਕੁਲਦੀਪ ਸਿੰਘ ਨੇ ਇੱਕ ਪ੍ਰੈੱਸ ਬਿਆਨ ਵਿੱਚ ਦੱਸਿਆ ਕਿ ਉਕਤ ਵਿਚਾਰ ਚਰਚਾ ਵਿੱਚ ਮੁੱਖ ਬੁਲਾਰੇ ਬੂਟਾ ਸਿੰਘ ਮਹਿਮੂਦਪੁਰ ਮੌਜੂਦਾ ਜਮਹੂਰੀ ਅਧਿਕਾਰਾਂ ਨੂੰ ਚੁਣੌਤੀਆਂ ਵਿਸ਼ੇ ਉੱਪਰ ਮੁੱਖ ਬੁਲਾਰੇ ਵਜੋਂ ਵਿਚਾਰ ਪ੍ਰਗਟ ਕਰਨਗੇ। ਇਸ ਤੋਂ ਬਿਨਾਂ ਭਾਰਤ ਵਿੱਚ ਭਾਰਤ ਵਿੱਚ ਨਾਗਰਿਕਤਾ ਦਾ ਸਵਾਲ ਤੇ ਜਮਹੂਰੀ ਅਧਿਕਾਰ ਵਿਸ਼ੇ ਉੱਪਰ ਬੁਲਾਰੇ ਵੱਜੋਂ ਬੁਲਾਰੇ ਵੱਜੋਂ ਸਵਰਨਜੀਤ ਸਿੰਘ ਸੰਗਰੂਰ ਚਰਚਾ ਕਰਨਗੇ। ਪ੍ਰੋਗਰਾਮ 20 ਸਤੰਬਰ 2026 ਨੂੰ ਸਵੇਰੇ 10:30 ਵਜੇ ਅਗਰਵਾਲ ਧਰਮਸ਼ਾਲਾ ਨੇੜੇ ਬੜਾ ਚੌਕ ਸੰਗਰੂਰ ਵਿਖੇ ਹੋਵੇਗਾ। ਆਗੂਆਂ ਨੇ ਜਮਹੂਰੀ ਸ਼ਕਤੀਆਂ ਤੇ ਜਨਤਕ ਜਥੇਬੰਦੀਆਂ ਨੂੰ ਉਕਤ ਚਰਚਾ ਸਮੇਂ ਵੱਡੀ ਗਿਣਤੀ 'ਚ ਪੁੱਜਣ ਤੇ ਪ੍ਰੋਗਰਾਮ ਨੂੰ ਸਫਲ ਬਣਾਉਣ ਵਿੱਚ ਹੱਥ ਵਟਾਉਣ ਦੀ ਅਪੀਲ ਕੀਤੀ।

# ਪੰਜਾਬ ਗ੍ਰਾਮੀਣ ਬੈਂਕ ਨੇ ਸਥਾਪਨਾ ਦਿਵਸ ਮਨਾਇਆ



**ਮਾਨਸਾ (ਆਤਮਾ ਸਿੰਘ ਪਮਾਰ)**-ਪੰਜਾਬ ਗ੍ਰਾਮੀਣ ਬੈਂਕ ਬ੍ਰਾਂਚ ਮਾਨਸਾ ਵਿਖੇ ਬੈਂਕ ਦਾ 22ਵਾਂ ਸਥਾਪਨਾ ਦਿਵਸ ਬੈਂਕ ਕਰਮਚਾਰੀਆਂ ਤੇ ਗਾਹਕਾਂ ਵੱਲੋਂ ਮਿਲ ਕੇ ਸਾਂਝੇ ਤੌਰ 'ਤੇ ਕੇਕ ਕੱਟ ਕੇ ਮਨਾਇਆ ਗਿਆ।ਇਸ ਮੌਕੇ ਬੈਂਕ ਅਧਿਕਾਰੀਆਂ ਤੇ ਗਾਹਕਾਂ ਨੇ ਇਕ-ਦੂਜੇ ਨੂੰ ਸਥਾਪਨਾ ਦਿਵਸ ਦੀਆਂ ਵਧਾਈਆਂ ਦਿੱਤੀਆਂ ਤੇ ਬੈਂਕ ਦੀਆਂ ਸੇਵਾਵਾਂ ਸਬੰਧੀ ਵਿਚਾਰ-ਵਟਾਂਦਰਾ ਵੀ ਕੀਤਾ।ਬ੍ਰਾਂਚ ਮੈਨੇਜਰ ਮੁਕੇਸ਼ ਕੁਮਾਰ ਦੀ ਅਗਵਾਈ ਹੇਠ ਮਨਾਏ ਗਏ ਇਸ ਸਮਾਗਮ ਦੌਰਾਨ ਬੈਂਕ ਅਧਿਕਾਰੀਆਂ ਨੇ ਕਿਹਾ ਕਿ ਪੰਜਾਬ ਗ੍ਰਾਮੀਣ ਬੈਂਕ ਵੱਲੋਂ ਗਾਹਕਾਂ ਨੂੰ ਬਿਹਤਰ ਬੈਂਕਿੰਗ ਸਹੂਲਤਾਂ ਮੁਹੱਈਆ ਕਰਵਾਉਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।ਉਨ੍ਹਾਂ ਕਿਹਾ ਕਿ ਬੈਂਕ ਆਪਣੇ ਗਾਹਕਾਂ ਨਾਲ ਬਿਹਤਰ ਤਾਲਮੇਲ ਬਣਾ ਕੇ ਉਨ੍ਹਾਂ ਦੀਆਂ ਬੈਂਕਿੰਗ ਲੋੜਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕਰਨ ਲਈ ਵਚਨਬੱਧ ਹੈ।ਇਸ ਮੌਕੇ ਸਹਾਇਕ ਮੈਨੇਜਰ ਰਾਜੇਸ਼ ਮਿੰਟੂ, ਕੈਸ਼ੀਅਰ ਸੁਸ਼ੀਲ ਤੇ ਸੁਖਦੇਵ ਸਿੰਘ, ਗੰਨਮੈਨ ਕਾਕਾ ਸਿੰਘ ਤੋਂ ਇਲਾਵਾ ਗ੍ਰਾਹਕ ਕਰਨਵੀਰ ਮਾਨ, ਜਿੰਮੀ ਗੋਇਲ, ਜੈਕੀ ਗੋਇਲ, ਜਸਵਿੰਦਰ ਸਿੰਘ ਸਰਪੰਚ ਡੇਲੂਆਣਾ, ਸੁਖਵਿੰਦਰ ਸਿੰਘ ਜਵਾਹਰਕੇ, ਸੁਰੇਸ਼ ਅਗਰਵਾਲ ਆਦਿ ਹਾਜ਼ਰ ਸਨ।

# ਡੰਡੋਆ ਦੀ ਸਮੁੱਚੀ ਪੰਚਾਇਤ ਸਮੇਤ ਕਈ ਲੋਕ ਆਪ 'ਚ ਸ਼ਾਮਲ



**ਸਨੌਰ, (ਰਾਜਿੰਦਰ ਸਿੰਘ ਥਿੰਦ)** : ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਪੰਜਾਬ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਤੇ ਵਿਕਾਸ ਕਾਰਜਾਂ ਤੋਂ ਪ੍ਰਭਾਵਿਤ ਹੋ ਕੇ ਹਲਕਾ ਸਨੌਰ ਅੰਦਰ ਆਮ ਆਦਮੀ ਪਾਰਟੀ ਦਾ ਕਾਫ਼ਲਾ ਲਗਾਤਾਰ ਵਿਸ਼ਾਲ ਹੁੰਦਾ ਜਾ ਰਿਹਾ ਹੈ।ਇਸੇ ਲੜੀ ਤਹਿਤ ਪਿੰਡ ਡੰਡੋਆ ਵਿਖੇ ਰਵਾਇਤੀ ਪਾਰਟੀਆਂ ਨੂੰ ਉਸ ਵੇਲੇ ਤਕੜਾ ਝਟਕਾ ਲੱਗਾ, ਜਦੋਂ ਮੌਜੂਦਾ ਸਰਪੰਚ ਨੇ ਸਮੁੱਚੀ ਪੰਚਾਇਤ ਤੇ ਦਰਜਨਾਂ ਪਿੰਡ ਵਾਸੀਆਂ ਸਮੇਤ ਰਵਾਇਤੀ ਧਿਰਾਂ ਨੂੰ ਸਦਾ ਲਈ ਅਲਵਿਦਾ ਆਖ ਕੇ ਹਲਕਾ ਸਨੌਰ ਇੰਚਾਰਜ ਸ੍ਰ. ਰਣਜੋਧ ਸਿੰਘ ਹਡਾਣਾ ਦੀ ਅਗਵਾਈ ਵਿੱਚ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਣ ਦਾ ਰਸਮੀ ਐਲਾਨ ਕਰ ਦਿੱਤਾ।ਇਸ ਮੌਕੇ ਚੇਅਰਮੈਨ ਹੈਪੀ ਪਹਾੜੀਪੁਰ, ਚੇਅਰਮੈਨ ਜਗਪ੍ਰੀਤ ਰਹਿਲ, ਸਰਪੰਚ ਰਾਜਾ ਧੰਜੂ ਤੇ ਹੋਰ ਆਪ ਆਗੂ ਵਿਸ਼ੇਸ਼ ਤੌਰ 'ਤੇ ਮੌਜੂਦ ਸਨ। ਇਸ ਮੌਕੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਨੇ ਆਮ ਆਦਮੀ ਪਾਰਟੀ ਵਿੱਚ ਸ਼ਾਮਲ ਹੋਏ ਸਰਪੰਚ, ਸਮੂਹ ਪੰਚਾਂ ਤੇ ਪਤਵੰਤਿਆਂ ਨੂੰ ਸਿਰੋਪਾਓ ਭੇਟ ਕਰਕੇ ਜੀ ਆਇਆਂ ਆਖਿਆ।ਉਨ੍ਹਾਂ ਭਰੋਸਾ ਦਿਵਾਇਆ ਕਿ ਪਾਰਟੀ ਵਿੱਚ ਸ਼ਾਮਲ ਹੋਏ ਹਰੇਕ ਸਾਥੀ ਨੂੰ ਬਣਦਾ ਪੂਰਾ ਮਾਣ-ਸਤਿਕਾਰ ਮਿਲੇਗਾ ਤੇ ਪਿੰਡ ਡੰਡੋਆ ਦੇ ਸਮੁੱਚੇ ਵਿਕਾਸ ਕਾਰਜ ਬਿਨਾਂ ਕਿਸੇ ਪੱਖਪਾਤ ਤੋਂ ਪਹਿਲ ਦੇ ਆਧਾਰ 'ਤੇ ਕਰਵਾਏ ਜਾਣਗੇ।ਪਾਰਟੀ ਵਿੱਚ ਸ਼ਾਮਲ ਹੋਣ ਵਾਲਿਆਂ ਵਿੱਚ ਸਰਪੰਚ ਮਨਜੀਤ ਕੌਰ, ਮਲਕੀਤ ਸਿੰਘ, ਹਰੀ ਸਿੰਘ, ਬਲਵਿੰਦਰ ਸਿੰਘ, ਗਿਆਨ ਸਿੰਘ, ਮਲਕੀਤ ਸਿੰਘ, ਗੁਰਧਿਆਨ ਸਿੰਘ, ਗੁਰਮੇਲ ਸਿੰਘ, ਗੁਰਜੰਟ ਸਿੰਘ, ਲਖਵਿੰਦਰ ਸਿੰਘ, ਰਣਜੀਤ ਸਿੰਘ, ਹਾਕਮ ਸਿੰਘ, ਦਰਸ਼ਨ ਸਿੰਘ, ਅਜੈਬ ਸਿੰਘ ਤੇ ਹੋਰ ਕਈ ਪਿੰਡ ਵਾਸੀਆਂ ਨੇ ਆਖਿਆ ਕਿ ਉਹ ਮੁੱਖ ਮੰਤਰੀ ਭਗਵੰਤ ਮਾਨ ਦੀ ਸੋਚ ਤੇ ਹਲਕਾ ਇੰਚਾਰਜ ਰਣਜੋਧ ਸਿੰਘ ਹਡਾਣਾ ਦੀ ਸਾਫ਼-ਸੁਥਰੀ ਕਾਰਜਸ਼ੈਲੀ ਤੇ ਮਿਲਣਸਾਰ ਸੁਭਾਅ ਤੋਂ ਪ੍ਰਭਾਵਿਤ ਹੋ ਕੇ 'ਆਪ' ਪਰਵਾਰ ਨਾਲ ਜੁੜੇ ਹਨ ਤੇ ਉਨ੍ਹਾਂ ਪਾਰਟੀ ਦੀ ਮਜ਼ਬੂਤੀ ਲਈ ਦਿਨ-ਰਾਤ ਇੱਕ ਕਰਨ ਦਾ ਅਹਿਦ ਲਿਆ।

# ਚੇਅਰਮੈਨ ਹੈਪੀ ਬਣੇ 'ਆਪ' ਦੇ ਹਲਕਾ ਸੰਗਠਨ ਇੰਚਾਰਜ

• ਰਣਜੋਧ ਹਡਾਣਾ ਨੇ ਦਿੱਤੀ ਵਧਾਈ



**ਸਨੌਰ, (ਰਾਜਿੰਦਰ ਸਿੰਘ ਥਿੰਦ)** : ਆਮ ਆਦਮੀ ਪਾਰਟੀ ਵੱਲੋਂ ਜਥੇਬੰਦਕ ਢਾਂਚੇ ਦਾ ਵਿਸਥਾਰ ਕਰਦਿਆਂ ਹਲਕਾ ਸਨੌਰ ਤੋਂ ਸੀਨੀਅਰ ਆਪ ਆਗੂ ਚੇਅਰਮੈਨ ਹੈਪੀ ਪਹਾੜੀਪੁਰ ਨੂੰ ਹਲਕਾ ਸਨੌਰ ਤੋਂ ਸੰਗਠਨ ਇੰਚਾਰਜ ਨਿਯੁਕਤ ਕੀਤਾ ਗਿਆ ਹੈ।ਉਨ੍ਹਾਂ ਦੀ ਇਸ ਨਿਯੁਕਤੀ ਨਾਲ ਪਾਰਟੀ ਵਰਕਰਾਂ ਤੇ ਵਲੰਟੀਅਰਾਂ ਵਿੱਚ ਭਾਰੀ ਉਤਸ਼ਾਹ ਪਾਇਆ ਜਾ ਰਿਹਾ ਹੈ।ਇਸ ਮੌਕੇ ਹਲਕਾ ਇੰਚਾਰਜ ਸਰਦਾਰ ਰਣਜੋਧ ਸਿੰਘ ਹਡਾਣਾ ਨੇ ਹੈਪੀ ਪਹਾੜੀਪੁਰ ਨੂੰ ਮੁਬਾਰਕਬਾਦ ਦਿੰਦਿਆਂ ਪਾਰਟੀ ਹਾਈਕਮਾਂਡ ਦਾ ਧੰਨਵਾਦ ਕੀਤਾ।ਉਨ੍ਹਾਂ ਕਿਹਾ ਕਿ ਮਿਹਨਤੀ ਆਗੂਆਂ ਨੂੰ ਜ਼ਿੰਮੇਵਾਰੀ ਮਿਲਣ ਨਾਲ ਸੰਗਠਨ ਨੂੰ ਨਵੀਂ ਤਾਕਤ ਮਿਲੇਗੀ ਤੇ ਸਰਕਾਰ ਦੀਆਂ ਲੋਕ-ਪੱਖੀ ਨੀਤੀਆਂ ਹਰ ਘਰ ਤੱਕ ਪਹੁੰਚਣਗੀਆਂ।ਨਵ-ਨਿਯੁਕਤ ਹਲਕਾ ਸੰਗਠਨ ਇੰਚਾਰਜ ਹੈਪੀ ਪਹਾੜੀਪੁਰ ਨੇ ਹਾਈਕਮਾਂਡ ਤੇ ਹਲਕਾ ਇੰਚਾਰਜ ਰਣਜੋਧ ਹਡਾਣਾ ਦਾ ਧੰਨਵਾਦ ਕਰਦਿਆਂ ਭਰੋਸਾ ਦਿੱਤਾ ਕਿ ਉਹ ਸਾਰੇ ਸਾਥੀਆਂ ਨੂੰ ਨਾਲ ਲੈ ਕੇ ਪਾਰਟੀ ਦੀ ਮਜ਼ਬੂਤੀ ਲਈ ਦਿਨ-ਰਾਤ ਕੰਮ ਕਰਨਗੇ।ਇਸ ਮੌਕੇ ਵਾਈਸ ਚੇਅਰਮੈਨ ਹਰਪ੍ਰੀਤ ਸਿੰਘ ਘੁੰਮਣ, ਚੇਅਰਮੈਨ ਜਗਪ੍ਰੀਤ ਰੇਹਲ, ਬਲਾਕ ਪ੍ਰਧਾਨ ਮਨਦੀਪ ਬੱਤੀ, ਲਾਡੀ ਮਰਦਾਹੇੜੀ, ਸਰਪੰਚ ਗੁਰਪ੍ਰੀਤ ਸਿੰਘ, ਗੁਰਪ੍ਰੀਤ ਬਲਬੇੜਾ, ਹਰਮਨ ਚਰਾਸੋ, ਵਿਸ਼ਾਲ ਪਹਾੜੀਪੁਰ, ਅਕਾਸ਼ਦੀਪ ਹਡਾਣਾ ਤੇ ਹੋਰ ਕਈ ਆਪ ਆਗੂ ਵਿਸ਼ੇਸ਼ ਤੌਰ 'ਤੇ ਮੌਜੂਦ ਸਨ।

# ਆਗਮਨ ਪੁਰਬ ਦੇ ਸੁਚੱਜੇ ਪ੍ਰਬੰਧਾਂ ਲਈ ਵੱਖ-ਵੱਖ ਕਮੇਟੀਆਂ ਦਾ ਗਠਨ

**ਫਰੀਦਕੋਟ (ਗੁਰਪ੍ਰੀਤ ਸਿੰਘ ਬੇਦੀ)**-12ਵੀਂ ਸਦੀ ਦੇ ਮਹਾਨ ਸੂਫ਼ੀ ਸੰਤ ਬਾਬਾ ਸ਼ੇਖ ਫਰੀਦ ਜੀ ਦੀ ਚਰਨ-ਛੋਹ ਪ੍ਰਾਪਤ ਪਵਿੱਤਰ ਨਗਰੀ ਫਰੀਦਕੋਟ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਬਾਬਾ ਸ਼ੇਖ ਫਰੀਦ ਜੀ ਦਾ ਆਗਮਨ-ਪੁਰਬ 19 ਤੋਂ 23 ਸਤੰਬਰ ਤੱਕ ਪੂਰੀ ਸ਼ਰਧਾ, ਉਤਸ਼ਾਹ ਅਤੇ ਧੂਮ-ਧਾਮ ਨਾਲ ਮਨਾਇਆ ਜਾ ਰਿਹਾ ਹੈ।ਬਾਬਾ ਫਰੀਦ ਧਾਰਮਿਕ ਅਤੇ ਵਿੱਦਿਅਕ ਸੰਸਥਾਵਾਂ ਵੱਲੋਂ ਮਨਾਏ ਜਾ ਰਹੇ 57ਵੇਂ ਬਾਬਾ ਫਰੀਦ ਆਗਮਨ-ਪੁਰਬ ਨੂੰ ਸੁਚੱਜੇ ਢੰਗ ਨਾਲ ਨੇਪਰੇ ਚਾੜ੍ਹਨ ਲਈ ਹੋਈ ਮੀਟਿੰਗ ਦੌਰਾਨ ਵੱਖ-ਵੱਖ ਸੇਵਾ ਕਮੇਟੀਆਂ ਦਾ ਗਠਨ ਕੀਤਾ ਗਿਆ।ਮੀਟਿੰਗ ਉਪਰੰਤ ਪੱਤਰਕਾਰਾਂ ਨਾਲ ਗੱਲਬਾਤ ਕਰਦਿਆਂ ਸੰਸਥਾ ਦੇ ਪ੍ਰਧਾਨ ਸਿਮਰਜੀਤ ਸਿੰਘ ਸੇਖੋਂ ਨੇ ਦੱਸਿਆ ਕਿ ਆਗਮਨ-ਪੁਰਬ ਦੌਰਾਨ ਸੰਗਤਾਂ ਦੀ ਸਹੂਲਤ, ਸੇਵਾ ਤੇ ਪ੍ਰਬੰਧਾਂ ਨੂੰ ਯਕੀਨੀ ਬਣਾਉਣ ਲਈ ਜ਼ਿੰਮੇਵਾਰੀਆਂ ਵੱਖ-ਵੱਖ ਵੱਖ-ਕਮੇਟੀਆਂ ਨੂੰ ਸੌਂਪੀਆਂ ਗਈਆਂ ਹਨ।ਉਹਨਾਂ ਦੱਸਿਆ ਕਿ ਬੇਰੀਕੇਡ ਦੀ ਸੇਵਾ ਆਤਮਾ ਸਿੰਘ ਸਰਪੰਚ ਕੰਮੇਆਣਾ, ਗੁਰਲਾਭ ਸਿੰਘ ਤੇ ਟੀਮ ਨੂੰ, ਛੋਟੇ ਹਾਲ ਦੀ ਸੇਵਾ ਜਗਦੀਸ਼ ਸਿੰਘ ਨੰਬਰਦਾਰ ਅਤੇ ਉਨ੍ਹਾਂ ਦੀ ਟੀਮ ਨੂੰ, ਪ੍ਰਸ਼ਾਦ ਦੀ ਸੇਵਾ ਗੁਰਚਰਨ ਸਿੰਘ, ਗੁਰਜੀਤ ਸਿੰਘ ਚਮੇਲੀ, ਸਰਬਜੀਤ ਕੌਰ, ਰਮਿੰਦਰ ਕੌਰ ਤੇ ਕਿੰਨ੍ਹ ਕੌਰ ਨੂੰ ਸੌਂਪੀ ਗਈ ਹੈ।ਉਨ੍ਹਾਂ ਦੱਸਿਆ ਕਿ ਦੇਗ ਦੀ ਸੇਵਾ ਸਾਹਿਬ ਸਿੰਘ, ਪਰਮਜੀਤ ਸਿੰਘ ਤੇ ਸੁਖਮੰਦਰ ਸਿੰਘ ਸੰਭਾਲਣਗੇ।ਜੋੜਾ ਘਰ ਦੀ ਸੇਵਾ ਜਰਨੈਲ ਸਿੰਘ, ਜਗਤਾਰ ਸਿੰਘ, ਜਗਜੀਵਨ ਸਿੰਘ ਤੇ ਪ੍ਰਭਜੋਤ ਸਿੰਘ ਨੂੰ ਦਿੱਤੀ ਗਈ ਹੈ।ਲੰਗਰ ਹਾਲ ਦੀ ਸੇਵਾ ਇਕਬਾਲ ਸਿੰਘ, ਹਰਪ੍ਰੀਤ ਸਿੰਘ, ਵਿਨਾਇਕ, ਦਵਿੰਦਰ ਸਿੰਘ, ਅਸ਼ੋਕ ਸੱਚਰ ਤੇ ਅਸ਼ਵਨੀ ਬਾਂਸਲ ਨੂੰ ਸੌਂਪੀ ਗਈ ਹੈ।ਰਸਦ ਦੀ ਖਰੀਦ ਲਈ ਕੁਲਜੀਤ ਸਿੰਘ ਮੰਗੀਆ, ਨਰਿੰਦਰ ਪਾਲ ਸਿੰਘ ਬਰਾੜ, ਇਕਬਾਲ ਸਿੰਘ ਤੇ ਹਰਪ੍ਰੀਤ ਸਿੰਘ ਜ਼ਿੰਮੇਵਾਰ ਹੋਣਗੇ।ਸਫਾਈ ਦੀ ਸੇਵਾ ਰਾਜੂ ਸਿੰਘ ਤੇ ਉਨ੍ਹਾਂ ਦੀ ਟੀਮ ਸਮੇਤ ਜਸ਼ਨ ਸਿੰਘ, ਨਵ ਸਿੰਘ, ਗੁਰਪਿਆਰ ਸਿੰਘ, ਅਮਿਤਪਾਲ ਸਿੰਘ ਤੇ ਮੱਖਣ ਸਿੰਘ ਸੰਭਾਲਣਗੇ।ਲੰਗਰ ਵਰਤਾਉਣ ਦੀ ਸੇਵਾ ਲਾਅ ਕਾਲਜ ਦੇ ਪ੍ਰੋ. ਮੋਹਨ ਸਿੰਘ ਸੰਗੂ ਤੇ ਪ੍ਰੋ. ਪਰਮਿੰਦਰ ਸਿੰਘ ਬੁੱਟਰ ਨੂੰ ਸੌਂਪੀ ਗਈ ਹੈ।ਇਸੇ ਤਰ੍ਹਾਂ ਜਲ ਸੇਵਾ ਲਈ ਡਾ. ਗੁਰਇੰਦਰ ਮੋਹਨ ਸਿੰਘ ਤੇ ਕੈਪਟਨ ਧਰਮ ਸਿੰਘ, ਵਿੱਤ ਕਮੇਟੀ ਲਈ ਗੁਰਜਾਪ ਸਿੰਘ ਸੇਖੋਂ, ਸੁਰਿੰਦਰ ਸਿੰਘ ਰੋਮਾਣਾ ਤੇ ਡਾ. ਗੁਰਇੰਦਰ ਮੋਹਨ ਸਿੰਘ ਨੂੰ ਜ਼ਿੰਮੇਵਾਰੀ ਦਿੱਤੀ ਗਈ ਹੈ।ਸ਼ਿਕਾਇਤ ਕਮੇਟੀ ਵਿੱਚ ਵੀ ਦੀਪਇੰਦਰ ਸਿੰਘ ਸੇਖੋਂ ਤੇ ਨਰਿੰਦਰ ਪਾਲ ਸਿੰਘ ਬਰਾੜ ਆਪਣਾ ਪੂਰਾ ਸਹਿਯੋਗ ਦੇਣਗੇ।ਪ੍ਰਧਾਨ ਸਿਮਰਜੀਤ ਸਿੰਘ ਸੇਖੋਂ ਨਗਰ ਕੀਰਤਨ ਦੌਰਾਨ ਟਰੈਫਿਕ ਦੀ ਸਮੱਸਿਆ ਦੇ ਮੱਦੇਨਜ਼ਰ ਪ੍ਰਸ਼ਾਸਨ ਨੂੰ ਵੀ ਪੁਖ਼ਤਾ ਪ੍ਰਬੰਧ ਕਰਨ ਦੀ ਅਪੀਲ ਕੀਤੀ।ਇਸ ਮੌਕੇ ਵਿਧਾਇਕ ਗੁਰਦਿੱਤ ਸਿੰਘ ਸੇਖੋਂ ਤੇ ਨਗਰ ਕੌਂਸਲ ਦੇ ਪ੍ਰਧਾਨ ਬਲਜਿੰਦਰ ਸਿੰਘ ਅਹੂਜਾ ਨੇ ਵਿਸ਼ੇਸ਼ ਤੌਰ 'ਤੇ ਸ਼ਿਰਕਤ ਕੀਤੀ। ਉਨ੍ਹਾਂ ਭਰੋਸਾ ਦਿੱਤਾ ਕਿ ਆਗਮਨ ਪੁਰਬ ਦੀ ਸਫਲਤਾ ਲਈ ਪ੍ਰਸ਼ਾਸਨ ਵੱਲੋਂ ਹਰ ਸੰਭਵ ਸਹਿਯੋਗ ਦਿੱਤਾ ਜਾਵੇਗਾ।

# ਕਿਸਾਨ ਯੂਨੀਅਨ ਵੱਲੋਂ ਲੈਂਡ ਮਾਰਗੇਜ਼ ਬੈਂਕ ਅਧਿਕਾਰੀਆਂ ਨਾਲ ਮੀਟਿੰਗ

**ਪਟਿਆਲਾ (ਰਾਜਿੰਦਰ ਸਿੰਘ ਥਿੰਦ)**-ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਜ਼ਿਲ੍ਹਾ ਪਟਿਆਲਾ ਦਾ ਵਫਦ ਜਗਦੀਪ ਸਿੰਘ ਛੰਨਾ ਸੀਨੀਅਰ ਮੀਤ ਪ੍ਰਧਾਨ ਦੀ ਅਗਵਾਈ ਵਿੱਚ ਲੈਂਡਮਾਰਕ ਬੈਂਕ ਐੱਸਐੱਸਟੀ ਨਗਰ ਪਟਿਆਲਾ ਦੇ ਮੈਨੇਜਰ ਅਨਮੋਲ ਸਿੰਘ ਸਿੱਧੂ ਨੂੰ



ਕਿਸਾਨਾਂ ਦੀਆਂ ਮੰਗਾਂ ਨੂੰ ਲੈ ਕੇ ਮਿਲਿਆ। ਮੀਟਿੰਗ ਦੀ ਜਾਣਕਾਰੀ ਦਿੰਦੇ ਹੋਏ ਸੁਖਵਿੰਦਰ ਸਿੰਘ ਵਾਰਨ ਨੇ ਦੱਸਿਆ ਕਿ ਖੇਤੀ ਨਾਲ ਸੰਬੰਧਤ ਲਾਗਤ ਵਸਤੂਆਂ ਦੇ ਮਹਿੰਗੇ ਹੋਣ ਕਾਰਨ ਕਿਸਾਨੀ ਧੰਦਾ ਘਾਟੇ ਦਾ ਸੌਦਾ ਬਣ ਗਿਆ ਹੈ। ਛੋਟੀ ਕਿਸਾਨੀ ਕਰਜ਼ੇ ਨਾਲ ਜੂਝ ਰਹੀ ਹੈ, ਉਸ ਦੀਆਂ ਨਾ ਸਰਕਾਰ ਤੇ ਨਾ ਹੀ ਬੈਂਕਾਂ ਵੱਲੋਂ ਕੋਈ ਵਿੱਤੀ ਲੋੜਾਂ ਨੂੰ ਪੂਰਾ ਕੀਤਾ ਜਾ ਰਿਹਾ ਹੈ।ਇਸ ਹਾਲਾਤ ਵਿੱਚ ਛੋਟੇ ਕਿਸਾਨਾਂ ਨੂੰ ਕਰਜ਼ਾ ਮਾਫੀ ਤੇ ਜਿਹੜੇ ਕਿਸਾਨ ਕਰਜ਼ੇ ਦਾ ਨਿਪਟਾਰਾ ਕਰਨੇ ਚਾਹੁੰਦੇ ਹਨ, ਉਨ੍ਹਾਂ ਨੂੰ ਵਨ ਟਾਈਮ ਸੈਟਲਮੈਂਟ ਸਕੀਮ ਲਿਆ ਕੇ ਫੌਰੀ ਰਾਹਤ ਦਿੱਤੀ ਜਾ ਸਕਦੀ ਹੈ, ਪਰ ਬੈਂਕਾਂ ਵੱਲੋਂ ਤਾਂ ਛੋਟੇ ਕਿਸਾਨਾਂ ਨੂੰ ਲੋਨ ਦੇਣਾ ਵੀ ਬੰਦ ਕਰ ਦਿੱਤਾ ਗਿਆ ਹੈ। ਜਥੇਬੰਦੀ ਨੇ ਅਧਿਕਾਰੀਆਂ ਦੇ ਧਿਆਨ ਵਿੱਚ ਲਿਆ ਕੇ ਸਰਕਾਰ ਤੋਂ ਮੰਗ ਕੀਤੀ ਹੈ ਕਿ ਸਰਕਾਰ ਨੂੰ ਅਜਿਹੀਆਂ ਸਕੀਮਾਂ ਲਿਆ ਕੇ ਕਿਸਾਨਾਂ ਦੀ ਬਾਂਹ ਫੜਨੀ ਚਾਹੀਦੀ ਹੈ। ਬੈਂਕ ਅਧਿਕਾਰੀਆਂ ਨੇ ਸਪੱਸ਼ਟ ਕੀਤਾ ਕਿ ਉਨ੍ਹਾਂ ਵੱਲੋਂ ਲਗਾਤਾਰ ਕਿਸਾਨਾਂ ਦੀ ਹਾਲਤ ਬਾਰੇ ਮਹਿਕਮੇ ਦੇ ਧਿਆਨ ਵਿੱਚ ਲਿਆਂਦਾ ਜਾ ਰਿਹਾ ਹੈ।

# ਸਰਕਾਰ ਦੀਆਂ ਲੋਕ-ਪੱਖੀ ਸਹੂਲਤਾਂ ਆਮ ਪਰਵਾਰਾਂ ਲਈ ਵੱਡੀ ਰਾਹਤ: ਸੇਖੋਂ

**ਫਰੀਦਕੋਟ (ਐਲਿਗਜ਼ੈਂਡਰ ਡਿਸੂਜ਼ਾ)** : ਵਿਧਾਇਕ ਸ੍ਰ. ਗੁਰਦਿੱਤ ਸਿੰਘ ਸੇਖੋਂ ਨੇ ਸਮੂਹ ਬਲਾਕ ਪ੍ਰਧਾਨਾਂ, ਸਰਪੰਚਾਂ ਤੇ ਪੰਚਾਂ ਨਾਲ ਮੀਟਿੰਗ ਕਰਕੇ ਹਲਕੇ ਵਿੱਚ ਚੱਲ ਰਹੇ ਵਿਕਾਸ



ਕਾਰਜਾਂ ਦਾ ਜਾਇਜ਼ਾ ਲਿਆ।ਮੀਟਿੰਗ ਦੌਰਾਨ ਪਿੰਡਾਂ ਨਾਲ ਸਬੰਧਤ ਵੱਖ-ਵੱਖ ਵਿਕਾਸ ਕਾਰਜਾਂ ਤੇ ਲੋਕਾਂ ਦੀਆਂ ਲੋੜਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ ਗਿਆ।ਇਸ ਮੌਕੇ ਸ੍ਰੀ ਆਯੂਸ਼ ਵਿਸ਼ੇਸ਼ ਤੌਰ 'ਤੇ ਹਾਜ਼ਰ ਸਨ। ਵਿਧਾਇਕ ਸ੍ਰ. ਗੁਰਦਿੱਤ ਸਿੰਘ ਸੇਖੋਂ ਨੇ ਪੰਜਾਬ ਸਰਕਾਰ ਵੱਲੋਂ ਆਮ ਲੋਕਾਂ ਤੇ ਪਰਵਾਰਾਂ ਨੂੰ ਦਿੱਤੀਆਂ ਜਾ ਰਹੀਆਂ ਵੱਖ-ਵੱਖ ਸਹੂਲਤਾਂ ਤੇ ਰਾਹਤਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਮੁੱਖ ਮੰਤਰੀ ਸ੍ਰ. ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਸਰਕਾਰ ਨੇ ਲੋਕਾਂ ਦੇ ਘਰੇਲੂ ਖਰਚਿਆਂ ਨੂੰ ਘਟਾਉਣ ਤੇ ਉਨ੍ਹਾਂ ਦੀ ਆਰਥਿਕ ਹਾਲਤ ਨੂੰ ਮਜ਼ਬੂਤ ਕਰਨ ਲਈ ਕਈ ਅਹਿਮ ਫੈਸਲੇ ਲਏ ਹਨ।ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਨੀਤੀਆਂ ਦਾ ਕੇਂਦਰ ਆਮ ਪਰਵਾਰ ਹੈ ਤੇ ਕੋਸ਼ਿਸ਼ ਕੀਤੀ ਜਾ ਰਹੀ ਹੈ ਕਿ ਲੋਕਾਂ ਨੂੰ ਬਿਜਲੀ, ਸਿੱਖਿਆ, ਸਿਹਤ, ਰਾਸ਼ਨ ਤੇ ਹੋਰ ਜ਼ਰੂਰੀ ਸਹੂਲਤਾਂ 'ਤੇ ਵੱਧ ਤੋਂ ਵੱਧ ਰਾਹਤ ਮਿਲ ਸਕੇ।ਇਸ ਮੌਕੇ ਗਗਨਦੀਪ ਸਿੰਘ ਧਾਲੀਵਾਲ ਚੇਅਰਮੈਨ ਇੰਪਰੂਵਮੈਂਟ ਟਰੱਸਟ, ਗੁਰਤੇਜ ਸਿੰਘ ਖੋਸਾ ਚੇਅਰਮੈਨ ਜ਼ਿਲ੍ਹਾ ਯੋਜਨਾ ਬੋਰਡ, ਤਜਿੰਦਰਦਾਸ ਰਿੰਕੂ ਸਮਾਧਾਂ ਵਾਲਾ, ਅਮਰਜੀਤ ਸਿੰਘ ਪਰਮਾਰ ਚੇਅਰਮੈਨ ਵਿਮੁਕਤ ਜਾਤੀ, ਬਲਜਿੰਦਰ ਸਿੰਘ ਅਹੂਜਾ ਪ੍ਰਧਾਨ ਨਗਰ ਕੌਂਸਲ ਫਰੀਦਕੋਟ ਤੋਂ ਇਲਾਵਾ ਸਮੂਹ ਪੰਚ/ਸਰਪੰਚ ਬਲਾਕ ਪ੍ਰਧਾਨ ਹਾਜ਼ਰ ਸਨ।



**ਰਾਜਪੁਰਾ ਦੇ ਐੱਸ ਪੀ ਸ੍ਰੀ ਵਿਕਰਮਜੀਤ ਸਿੰਘ ਬਰਾੜ ਜੋ ਕਿ 5 ਵਾਰ ਰਾਸ਼ਟਰਪਤੀ ਐਵਾਰਡ ਨਾਲ ਸਨਮਾਨਤ ਹੋ ਚੁੱਕੇ ਹਨ, ਨੂੰ ਪੰਜਾਬ ਦੇ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਉਨ੍ਹਾਂ ਨਾਲ ਖੜੇ ਡੀ ਜੀ ਪੀ ਪੰਜਾਬ ਤੇ ਹੋਰ ਸੀਨੀਅਰ ਅਧਿਕਾਰੀ ਇਨਕਾਉਂਟਰ ਸਪੈਸ਼ਲਿਸਟ ਤੇ ਗੈਂਗਸਟਾਰ ਟਾਸਕ ਫੋਰਸ (ਏ ਜੀ ਟੀ ਐੱਫ) ਦੇ ਅਧਿਕਾਰੀ ਸ੍ਰੀ ਬਰਾੜ ਨੂੰ ਸਨਮਾਨਤ ਕਰਦੇ ਹੋਏ। ਪਿਛਲੇ ਦਿਨ ਸ੍ਰੀ ਬਰਾੜ ਵਿਦੇਸ਼ ਤੋਂ ਗੈਂਗਸਟਾਰ ਅੰਮ੍ਰਿਤਪਾਲ ਸਿੰਘ ਨੂੰ ਗ੍ਰਿਫਤਾਰ ਕਰਕੇ ਇੱਥੇ ਲਿਆਏ ਸੀ।** (ਫੋਟੋ ਤੇ ਵੇਰਵਾ-ਰਮੇਸ਼ ਕਟਾਰੀਆ, ਰਾਜਪੁਰਾ)

# ਗੁਰਸ਼ਰਨ ਭਾਅ ਜੀ ਦੇ ਜਨਮ ਦਿਹਾੜੇ 'ਤੇ ਮਜ਼ਬੂਤ ਇਨਕਲਾਬੀ ਜਮਹੂਰੀ ਲਹਿਰ ਖੜੀ ਕਰਨ ਦਾ ਅਹਿਦ



**ਅੰਮ੍ਰਿਤਸਰ (ਜਸਬੀਰ ਸਿੰਘ ਪੱਟੀ)**- ਗੁਰਸ਼ਰਨ ਸਿੰਘ ਯਾਦਗਾਰੀ ਟਰੱਸਟ ਵੱਲੋਂ ਗੁਰਸ਼ਰਨ ਸਿੰਘ ਵਿਰਾਸਤ ਸੰਭਾਲ ਕਮੇਟੀ, ਮੰਚ ਰੰਗਮੰਚ ਅਤੇ ਭਰਾਤਰੀ ਜਥੇਬੰਦੀਆਂ ਦੇ ਸਹਿਯੋਗ ਨਾਲ ਪ੍ਰਸਿੱਧ ਲੋਕ ਪੱਖੀ ਇਨਕਲਾਬੀ ਨਾਟਕਕਾਰ ਅਤੇ ਸਮਾਜਿਕ ਚਿੰਤਕ ਗੁਰਸ਼ਰਨ ਭਾਅ ਜੀ ਦੇ 97ਵੇਂ ਜਨਮ ਦਿਹਾੜੇ ਮੌਕੇ ਉਨ੍ਹਾਂ ਵੱਲੋਂ ਲੋਕ ਪੱਖੀ ਰੰਗ ਮੰਚ ਦੇ ਖੇਤਰ ਵਿੱਚ ਪਾਏ ਵੱਡਮੁੱਲੇ ਯੋਗਦਾਨ ਨੂੰ ਯਾਦ ਕਰਦਿਆਂ ਉਨ੍ਹਾਂ ਦੇ ਜੱਦੀ ਘਰ ਗੁਰੂ ਖਾਲਸਾ ਨਿਵਾਸ, ਰਣਜੀਤਪੁਰਾ ਵਿਖੇ ਇਕ ਪ੍ਰਭਾਵਸ਼ਾਲੀ ਸਮਾਗਮ ਕੀਤਾ ਗਿਆ ਜਿਸ ਵਿੱਚ ਗੁਰਸ਼ਰਨ ਭਾਅ ਜੀ ਦੀ ਜੀਵਨ ਘਾਲਣਾ ਬਾਰੇ ਵਿਚਾਰ ਚਰਚਾ, ਲੋਕ ਪੱਖੀ ਇਨਕਲਾਬੀ ਰੰਗ ਮੰਚ, ਗੀਤ ਸੰਗੀਤ, ਦਸਤਾਵੇਜ਼ੀ ਫਿਲਮ ਅਤੇ ਸੱਭਿਆਚਾਰਕ ਵੰਨਗੀਆਂ ਦੀ ਭਰਪੂਰ ਪੇਸ਼ਕਾਰੀ ਕੀਤੀ ਗਈ।ਸ਼੍ਰੋਮਣੀ ਨਾਟਕਕਾਰ ਕੇਵਲ ਧਾਲੀਵਾਲ ਨੇ ਸਟੇਜ ਦਾ ਸੰਚਾਲਨ ਕਰਦੇ ਹੋਏ ਗੁਰਸ਼ਰਨ ਭਾਅ ਜੀ ਦੀ ਲੋਕ ਪੱਖੀ ਰੰਗ ਮੰਚ ਪ੍ਰਤੀ ਪ੍ਰਤੀਬੱਧਤਾ, ਉਨ੍ਹਾਂ ਨਾਲ ਖੇਡੇ ਵੱਖ ਵੱਖ ਨਾਟਕਾਂ ਅਤੇ ਬਿਤਾਏ ਸੁਨਹਿਰੀ ਪਲਾਂ ਨੂੰ ਯਾਦ ਕੀਤਾ ਅਤੇ ਮੰਚ ਰੰਗਮੰਚ ਦੇ ਕਲਾਕਾਰਾਂ ਨੇ 'ਛੱਟਾ ਚਾਨਣਾ ਦਾ ਦੇਈ ਜਾਣਾ' ਗੀਤ ਨਾਲ ਪ੍ਰੋਗਰਾਮ ਦਾ ਆਗਾਜ਼ ਕੀਤਾ ।ਮਨੁੱਖੀ ਅਧਿਕਾਰਾਂ ਦੇ ਨਾਮਵਰ ਚਿੰਤਕ ਅਤੇ ਭਾਅ ਜੀ ਦੀ ਬੇਟੀ ਡਾ. ਨਵਸ਼ਰਨ ਨੇ ਗੁਰਸ਼ਰਨ ਭਾਅ ਜੀ ਵੱਲੋਂ ਇਨਕਲਾਬੀ ਰੰਗ ਮੰਚ ਅਤੇ ਸਮਾਜਿਕ ਤਬਦੀਲੀ ਦੇ ਖੇਤਰ ਵਿੱਚ ਪੰਜ ਦਹਾਕੇ ਲਗਾਤਾਰ ਪਾਏ ਅਮੁੱਲੇ ਯੋਗਦਾਨ ਬਾਰੇ ਵਿਸਥਾਰ ਵਿੱਚ ਚਾਨਣਾ ਪਾਇਆ।ਪ੍ਰਸਿੱਧ ਲੋਕ ਪੱਖੀ ਗਾਇਕਾਂ ਧਰਮਿੰਦਰ ਮਸਾਣੀ, ਕੁਸ਼ਾਗਰ ਕਾਲੀਆ ਤੋਂ ਇਲਾਵਾ ਅਮੋਲਕ ਸਿੰਘ, ਜੇਰਾ ਸਿੰਘ ਨਸਰਾਲੀ ਤੇ ਕਸਤੂਰੀ ਲਾਲ ਨੇ ਆਪਣੀ ਬੁਲੰਦ ਆਵਾਜ਼ ਰਾਹੀਂ ਸਮਾਗਮ ਨੂੰ ਇਨਕਲਾਬੀ ਰੰਗ ਵਿੱਚ ਰੰਗਿਆ।ਭਾਰਤੀ ਕਿਸਾਨ ਯੂਨੀਅਨ ਏਕਤਾ ਉਗਰਾਹਾਂ ਦੇ ਸੂਬਾ ਪ੍ਰਧਾਨ ਜੋਗਿੰਦਰ ਉਗਰਾਹਾਂ ਨੇ ਗੁਰਸ਼ਰਨ ਭਾਅ ਜੀ ਦੀ ਜੀਵਨ ਘਾਲਣਾ ਨੂੰ ਸਲਾਮ ਕੀਤਾ।ਪੰਜਾਬ ਲੋਕ ਸਭਿਆਚਾਰਕ ਮੰਚ ਦੇ ਪ੍ਰਧਾਨ ਅਤੇ ਜਮਹੂਰੀ ਲਹਿਰ ਦੇ ਅਣਥੱਕ ਕਾਮੇ ਅਮੋਲਕ ਸਿੰਘ ਨੂੰ 'ਗੁਰਸ਼ਰਨ ਸਿੰਘ ਸਿਮਰਤੀ ਚਿੰਨ੍ਹ' ਨਾਲ ਸਲਾਮ ਕੀਤਾ ਗਿਆ।ਡਾ. ਸਵਰਾਜਬੀਰ ਅਤੇ ਡਾ. ਅਰੀਤ ਨੇ ਗੁਰਸ਼ਰਨ ਭਾਅ ਜੀ ਅਤੇ ਸਾਥੀਆਂ ਵੱਲੋਂ ਸਥਾਪਤ ਪਲਸ ਮੰਚ ਅਤੇ ਇਨਕਲਾਬੀ ਜਮਹੂਰੀ ਲਹਿਰ ਦੇ ਵਿਕਾਸ ਵਿੱਚ ਅਮੋਲਕ ਸਿੰਘ ਵੱਲੋਂ ਪਿਛਲੇ ਪੰਜ ਦਹਾਕੇ ਤੋਂ ਨਿਭਾਈ ਜਾ ਰਹੀ ਵੱਡੀ ਭੂਮਿਕਾ ਬਾਰੇ ਦੱਸਿਆ ਅਤੇ ਉਨ੍ਹਾਂ ਸਬੰਧੀ ਲਿਖਿਆ ਸਲਾਮ ਪੱਤਰ ਪੜ੍ਹਿਆ ਗਿਆ।ਇਸ ਮੌਕੇ ਅਮੋਲਕ ਸਿੰਘ ਨੇ ਗੁਰਸ਼ਰਨ ਭਾਅ ਜੀ ਦੇ ਸਿਰੜ ਨੂੰ ਸਿਜਦਾ ਕਰਦਿਆਂ ਪਲਸ ਮੰਚ ਅਤੇ ਸਮੁੱਚੀ ਇਨਕਲਾਬੀ ਸਾਹਿਤਕ ਤੇ ਸਭਿਆਚਾਰਕ ਲਹਿਰ ਨੂੰ ਹੋਰ ਵੀ ਬੁਲੰਦੀਆਂ ਤੇ ਲਿਜਾਣ ਲਈ ਹਰ ਸੰਭਵ ਯਤਨ ਕਰਨ ਦਾ ਅਹਿਦ ਲਿਆ।ਉਪਰੰਤ ਨਾਟਕਕਾਰ ਅਨੀਤਾ ਸ਼ਬਦੀਸ਼ ਅਤੇ ਇਕੱਤਰ ਸਿੰਘ ਵੱਲੋਂ ਗੁਰਸ਼ਰਨ ਭਾਅ ਜੀ ਦੇ ਲਿਖੇ ਨਾਟਕ 'ਨਵਾਂ ਜਨਮ' ਅਤੇ ਕੋਰਿਓਗ੍ਰਾਫੀ 'ਮਸ਼ਾਲਾਂ ਬਾਲ ਕੇ ਚੱਲਣਾ' ਦਾ ਸਫਲ ਮੰਚਨ ਕੀਤਾ ਗਿਆ।ਇਸ ਮੌਕੇ ਕਨਵੀਨਰ ਡਾ.ਪਰਮਿੰਦਰ ਸਿੰਘ ਨੇ ਸਮਾਗਮ ਵਿੱਚ ਸ਼ਾਮਲ ਸਮੂਹ ਹਾਜ਼ਰੀਨ ਦਾ ਧੰਨਵਾਦ ਕੀਤਾ। ਗੁਰਸ਼ਰਨ ਭਾਅ ਜੀ ਨੂੰ ਇਨਕਲਾਬੀ ਸਿਜਦਾ ਕਰਦੇ ਹੋਏ ਉਨ੍ਹਾਂ ਦੀ ਜੱਦੀ ਘਰ ਦੀ ਛੱਤ ਉਤੇ ਮੋਮਬੱਤੀਆਂ ਜਗਾਉਣ ਉਪਰੰਤ ਪ੍ਰਸਿੱਧ ਦਸਤਾਵੇਜ਼ੀ ਫਿਲਮ ਨਿਰਮਾਤਾ ਨਕੁਲ ਸਾਹਨੀ ਵੱਲੋਂ ਇਤਿਹਾਸਕ ਕਿਸਾਨ ਅੰਦੋਲਨ ਉਤੇ ਤਿਆਰ ਕੀਤੀ ਵਿਸ਼ੇਸ਼ ਦਸਤਾਵੇਜ਼ੀ ਫਿਲਮ 'ਲੱਖਾਂ ਬਗਾਵਤਾਂ' ਦਾ ਪ੍ਰਸਾਰਨ ਕੀਤਾ ਗਿਆ ਜਿਸ ਨੂੰ ਦਰਸ਼ਕਾਂ ਵੱਲੋਂ ਬੇਹੱਦ ਪਸੰਦ ਕੀਤਾ ਗਿਆ। ਇਸ ਮੌਕੇ ਸਰਬਸੰਮਤੀ ਨਾਲ ਪਾਸ ਕੀਤੇ ਮਤਿਆਂ ਵਿੱਚ ਮੋਦੀ ਹਕੂਮਤ ਵੱਲੋਂ ਪਿਛਲੇ ਛੇ ਸਾਲਾਂ ਤੋਂ ਬਿਨਾਂ ਕਿਸੇ ਸਬੂਤਾਂ ਅਤੇ ਸੁਣਵਾਈ ਦੇ ਜੇਲ੍ਹਾਂ ਵਿੱਚ ਨਜਾਇਜ਼ ਡੱਕੇ ਉਮਰ ਖ਼ਾਲਿਦ, ਸ਼ਰਜੀਲ ਇਮਾਮ, ਸੁਰਿੰਦਰ ਗਾਡਲਿੰਗ ਸਮੇਤ ਸਾਰੇ ਜਮਹੂਰੀ ਕਾਰਕੁਨਾਂ ਅਤੇ ਰਾਜਨੀਤਿਕ ਕੈਦੀਆਂ ਨੂੰ ਬਿਨਾਂ ਸ਼ਰਤ ਤੁਰੰਤ ਰਿਹਾਅ ਕਰਨ ਅਤੇ ਤਲਵੰਡੀ ਸਲੇਮ ਵਿਖੇ ਸ਼ਹੀਦ ਪਾਸ਼-ਹੰਸ ਰਾਜ ਯਾਦਗਾਰੀ ਕੰਪਲੈਕਸ ਦਾ ਪੁਰਾਤਨ ਸਰੂਪ ਬਹਾਲ ਕਰਨ ਅਤੇ ਕਮੇਟੀ ਆਗੂ ਹਰਮੇਸ਼ ਮਾਲੜੀ ਨੂੰ ਧਮਕੀਆਂ ਦੇਣ ਵਾਲੇ ਸਰਪੰਚ ਅਤੇ ਹੋਰਨਾਂ ਦੋਸ਼ੀਆਂ ਨੂੰ ਗ੍ਰਿਫਤਾਰ ਕਰਨ ਦੀ ਜ਼ੋਰਦਾਰ ਮੰਗ ਕੀਤੀ ਗਈ।ਸਮਾਗਮ ਵਿੱਚ ਦੇਸ਼ ਵਿਦੇਸ਼ ਤੇ ਪੰਜਾਬ ਦੇ ਵੱਖ ਵੱਖ ਜ਼ਿਲਿਆਂ ਤੋਂ ਅਤੇ ਲੋਕ ਪੱਖੀ ਜਨਤਕ ਤੇ ਜਮਹੂਰੀ ਕਿਸਾਨ, ਮਜ਼ਦੂਰ, ਮੁਲਾਜ਼ਮ, ਔਰਤਾਂ, ਸਾਹਿਤਕ, ਰੰਗਮੰਚ, ਸੱਭਿਆਚਾਰਕ, ਤਰਕਸ਼ੀਲ, ਨੌਜਵਾਨਾਂ ਦੀਆਂ ਜਥੇਬੰਦੀਆਂ ਦੇ ਆਗੂ ਅਤੇ ਕਾਰਕੁੰਨ ਵੱਡੀ ਗਿਣਤੀ ਵਿੱਚ ਸ਼ਾਮਿਲ ਹੋਏ ।

# ਮੁੱਖ ਮੰਤਰੀ ਤੀਰਥ ਯਾਤਰਾ ਲਈ ਬੱਸ ਰਵਾਨਾ




**ਬੁਤਾਲਾ (ਨਿਰਮਲ ਸਿੰਘ ਸੰਘਾ)**- ਪਿੰਡ ਬੁਤਾਲਾ ਤੋਂ ਮੁੱਖ ਮੰਤਰੀ ਤੀਰਥ ਯਾਤਰਾ ਲਈ ਇੱਕ ਬੱਸ ਸ੍ਰੀ ਅਨੰਦਪੁਰ ਸਾਹਿਬ , ਸ੍ਰੀ ਕੀਰਤਪੁਰ ਸਾਹਿਬ, ਮਾਤਾ ਨੈਣਾਂ ਦੇਵੀ ਦੇ ਧਾਰਮਿਕ ਅਸਥਾਨਾਂ ਦੇ ਦਰਸ਼ਨਾਂ ਲਈ ਰਵਾਨਾ ਹੋਈ।

ਇਸ ਮੌਕੇ ਪਿੰਡ ਬੁਤਾਲਾ ਦੀ ਸੰਗਤ ਵੱਲੋਂ ਪੰਜਾਬ ਦੇ ਮੁਖ ਮੰਤਰੀ ਭਗਵੰਤ ਸਿੰਘ ਮਾਨ ਤੇ ਹਲਕਾ ਵਿਧਾਇਕ ਦਲਬੀਰ ਸਿੰਘ ਸਿੰਘ ਟੌਂਗ ਦਾ ਵਿਸ਼ੇਸ਼ ਧੰਨਵਾਦ ਕੀਤਾ ਗਿਆ।ਇਸ ਮੌਕੇ ਆਪ ਮਹਿਲਾ ਆਗੂ ਡਾ: ਸਤਬੀਰ ਕੌਰ ਬੱਲ ਨੇ ਕਿਹਾ ਕਿ ਮੁੱਖ ਮੰਤਰੀ ਤੀਰਥ ਯਾਤਰਾ ਦੀ ਸਹੂਲਤ ਨਾਲ ਸੰਗਤ ਨੂੰ ਵੱਖ-ਵੱਖ ਧਾਰਮਿਕ ਅਸਥਾਨਾਂ ਦੇ ਦਰਸ਼ਨ ਕਰਨ ਦਾ ਮੌਕਾ ਮਿਲ ਰਿਹਾ ਹੈ।ਆਪ ਦੇ ਸੀਨੀਅਰ ਆਗੂ ਤੇਜਵੰਤ ਸਿੰਘ ਬੱਲ ਨੇ ਇਸ ਉਪਰਾਲੇ ਲਈ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਅਤੇ ਹਲਕਾ ਵਿਧਾਇਕ ਦਲਬੀਰ ਸਿੰਘ ਟੌਂਗ ਦਾ ਧੰਨਵਾਦ ਕੀਤਾ। ਇਸ ਮੌਕੇ ਸੁਪਰਵਾਈਜ਼ਰ ਜ਼ਸਨਦੀਪ, ਗੁਰਮੀਤ ਕੌਰ, ਤੇਜਵੰਤ ਸਿੰਘ ਬੱਲ, ਸਰਪੰਚ ਤੇਜਿੰਦਰ ਸਿੰਘ ਰਾਜਪੁਰ, ਸਰਪੰਚ ਸੋਹਣ ਸਿੰਘ ਨਰੰਗਪੁਰ, ਮਹਿਲਾਂ ਪਰਧਾਨ ਜੋਗਿੰਦਰ ਕੌਰ, ਹਰਜੀਤ ਕੌਰ, ਦਰਸ਼ਨ ਕੌਰ,ਸ਼ਰਨਜੀਤ ਕੌਰ ਸੱਤੋਵਾਲ, ਪ੍ਰਭਜੀਤ ਸਿੰਘ ਨੰਬਰਦਾਰ, ਗੁਰਚਰਨ ਸਿੰਘ ਸੋਨੀ, ਨਿਰਮਲ ਸਿੰਘ ਜੈਲਦਾਰ ਆਦਿ ਹਾਜ਼ਰ ਸਨ।

ਸੁਪਰਵਾਈਜ਼ਰ ਜ਼ਸਨਦੀਪ ਨੇ ਦੱਸਿਆ ਕਿ ਸੰਗਤ ਲਈ ਵਧੀਆ ਖਾਣੇ ਅਤੇ ਰਹਿਣ ਲਈ ਏ ਸੀ ਕਮਰਿਆਂ ਦਾ ਪ੍ਰਬੰਧ ਕੀਤਾ ਹੋਇਆ ਹੈ ਤਾਂ ਜੋ ਕਿਸੇ ਵੀ ਸ਼ਰਧਾਲੂ ਨੂੰ ਅਰਾਮ ਕਰਨ ਵੇਲੇ ਕੋਈ ਸਮੱਸਿਆ ਨਾ ਆਵੇ।

# ਬਾਬਾ ਬੁੱਢਾ ਜੀ ਦੇ ਜੋੜ ਮੇਲੇ ਸਬੰਧੀ ਪੰਚਾਂ-ਸਰਪੰਚਾਂ ਦੀ ਮੀਟਿੰਗ 21 ਨੂੰ

**ਸਰਾਏ ਅਮਾਨਤ ਖਾਂ (ਮੱਖਣ ਮਨੋਜ)**- ਮਾਝੇ ਦੇ ਇਤਿਹਾਸਕ ਪਵਿੱਤਰ ਅਸਥਾਨ ਬੀੜ ਬਾਬਾ ਬੁੱਢਾ ਸਾਹਿਬ ਜੀ ਵਿਖੇ ਸਾਲਾਨਾ ਦੋ ਦਿਨਾ ਜੋੜ ਮੇਲਾ ਜੋ ਕਿ ਹਰ ਸਾਲ ਗੁਰਦੁਆਰਾ ਸੰਤ ਨਿਵਾਸ ਬੀੜ ਸਾਹਿਬ ਵਿਖੇ ਬਾਬਾ ਸੰਤੋਖ ਸਿੰਘ ਜੀ ਬੀੜ ਸਾਹਿਬ ਵਾਲਿਆਂ ਦੀ ਅਗਵਾਈ ਵਿੱਚ ਹਰ ਸਾਲ ਮਨਾਇਆ ਜਾਂਦਾ ਹੈ, ਦੀਆਂ ਤਿਆਰੀਆਂ ਨੂੰ ਲੈ ਕੇ ਇਲਾਕੇ ਦੇ ਪੰਚਾਂ-ਸਰਪੰਚਾਂ, ਮੋਹਤਬਰਾਂ ਅਤੇ ਧਾਰਮਿਕ ਜਥੇਬੰਦੀਆਂ ਦੇ ਆਗੂਆਂ ਨਾਲ ਵਿਚਾਰ ਵਿਟਾਂਦਰਾ ਕਰਨ ਲਈ ਜ਼ਰੂਰੀ ਮੀਟਿੰਗ 21 ਸਤੰਬਰ ਦਿਨ ਸ਼ਨੀਵਾਰ ਨੂੰ ਗੁਰਦੁਆਰਾ ਸੰਤ ਨਿਵਾਸ ਬੀੜ ਸਾਹਿਬ ਦੇ ਦੀਵਾਨ ਹਾਲ ਵਿਖੇ ਕੀਤੀ ਜਾ ਰਹੀ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਸੰਤ ਨਿਵਾਸ ਦੇ ਸੇਵਾਦਾਰ ਜਥੇਦਾਰ ਬਾਬਾ ਭੋਲਾ ਸਿੰਘ ਬੀੜ ਸਾਹਿਬ ਵਾਲਿਆਂ ਨੇ ਦੱਸਿਆ ਕਿ ਇਸ ਮੀਟਿੰਗ ਵਿੱਚ ਵੱਡੀ ਗਿਣਤੀ ਵਿੱਚ ਇਲਾਕੇ ਦੇ ਪਤਵੰਤੇ ਪਹੁੰਚ ਕੇ ਸਾਲਾਨਾ ਜੋੜ ਮੇਲੇ ਦੇ ਪ੍ਰਬੰਧਾਂ ਸਬੰਧੀ ਵਿਚਾਰ ਵਟਾਂਦਰਾ ਕਰਨਗੇ ।ਉਨ੍ਹਾਂ ਇਲਾਕੇ ਦੀ ਸੰਗਤ ਨੂੰ ਹੁੰਮ-ਹੁਮਾ ਕੇ ਪਹੁੰਚਣ ਦੀ ਅਪੀਲ ਕੀਤੀ।



# ਦੇਸ਼ ਭਗਤ ਯਾਦਗਾਰ ਹਾਲ ਜਲੰਧਰ 'ਚ ਕੀਤੀ ਜਾ ਰਹੀ ਰੈਲੀ ਦੀਆਂ ਤਿਆਰੀਆਂ ਮੁਕੰਮਲ : ਮੁਖਤਾਰ ਸਿੰਘ ਮੱਲ੍ਹਾ

**ਖਡੂਰ ਸਾਹਿਬ (ਸਰਬਜੋਤ ਸਿੰਘ ਸੰਧਾ)** ਜਮਹੂਰੀ ਕਿਸਾਨ ਸਭਾ ਪੰਜਾਬ ਅਤੇ ਪੰਜਾਬ ਕਿਸਾਨ ਯੂਨੀਅਨ ਵੱਲੋਂ ਦੇਸ਼ ਭਗਤ ਯਾਦਗਾਰ ਹਾਲ 'ਚ 20 ਸਤੰਬਰ ਨੂੰ ਕੀਤੀ ਜਾ ਰਹੀ ਇਤਿਹਾਸਕ ਵਿਸ਼ਾਲ ਰੈਲੀ ਦੀਆਂ ਤਿਆਰੀਆਂ ਮੁਕੰਮਲ ਕਰ ਲਈਆਂ ਹਨ। ਇਹ ਜਾਣਕਾਰੀ ਸਭਾ ਦੇ ਸੂਬਾਈ ਆਗੂ ਮੁਖਤਾਰ ਸਿੰਘ ਮੱਲ੍ਹਾ, ਰੇਸ਼ਮ ਸਿੰਘ ਫੈਲੋਕੇ, ਬਲਦੇਵ ਸਿੰਘ ਪੰਡੋਰੀ ਨੇ ਦਿੱਤੀ।ਇਨ੍ਹਾਂ ਆਗੂਆਂ ਨੇ ਦੱਸਿਆ ਕਿ ਜ਼ਿਲ੍ਹੇ ਭਰ 'ਚੋਂ ਹਜ਼ਾਰਾਂ ਕਿਸਾਨ ਮਜ਼ਦੂਰ ਵੱਡੀ ਗਿਣਤੀ 'ਚ ਔਰਤਾਂ ਰੈਲੀ 'ਚ ਸ਼ਾਮਿਲ ਹੋਣਗੀਆਂ।



ਇਹਨਾ ਆਗੂਆਂ ਨੇ ਕਿਹਾ ਕਿ ਪਿਛਲੇ ਲੰਮੇ ਸਮੇਂ ਤੋਂ ਪੰਜਾਬ ਦੇ ਲਟਕਦੇ ਆ ਰਹੇ ਮਸਲੇ ਚੰਡੀਗੜ੍ਹ ਪੰਜਾਬ ਦੇ ਹਵਾਲੇ ਕਰਨ, ਪੰਜਾਬੀ ਬੋਲਦੇ ਇਲਾਕੇ ਪੰਜਾਬ ਵਿਚ ਸ਼ਾਮਲ ਕੀਤੇ ਜਾਣ, ਪੰਜਾਬੀ ਮਾਂ ਬੋਲੀ ਨੂੰ ਗੁਆਂਢੀ ਸੂਬਿਆਂ ਵਿਚ ਦੂਜਾ ਸਥਾਨ, ਦਰਿਆਈ ਪਾਣੀਆਂ ਦੀ ਰੀਪੇਰੀਅਨ ਅਸੂਲ ਮੁਤਾਬਕ ਵੰਡ, ਡੈਮਾਂ ਦਾ ਪ੍ਰਬੰਧ ਪੰਜਾਬ ਦੇ ਹਵਾਲੇ ਕਰਨ, ਕਾਲੇ ਦੌਰ ਚ ਪੰਜਾਬ ਸਿਰ ਚੜ੍ਹਿਆ ਕਰਜ਼ਾ ਮੁਆਫ਼ ਕਰਨ, ਯੂ. ਏ. ਪੀ. ਏ. ਤਹਿਤ ਜੇਲ੍ਹਾਂ 'ਚ ਬੰਦ ਬੁੱਧੀਜੀਵੀਆਂ, ਸਿਆਸੀ ਕਾਰਕੁੰਨਾਂ ਅਤੇ ਸਜ਼ਾਵਾਂ ਭੁਗਤ ਚੁੱਕੇ ਸਾਰੇ ਕੈਦੀਆਂ ਨੂੰ ਤੁਰੰਤ ਰਿਹਾਅ ਕਰਨ ਦੇ ਮੁਦੇ ਹੱਲ ਕਰਵਾਉਣ ਲਈ ਕੇਂਦਰ 'ਤੇ ਦਬਾਅ ਪਾਇਆ ਜਾਵੇ।ਆਗੂਆਂ ਨੇ ਵਾਤਾਵਰਣ, ਕੁਦਰਤੀ ਸੋਮਿਆਂ, ਦਰਿਆਈ, ਧਰਤੀ ਹੇਠਲੇ ਅਤੇ ਵਰਖਾ ਦੇ ਪਾਣੀ ਦੀ ਸਾਂਭ-ਸੰਭਾਲ ਦੀ ਠੋਸ ਨੀਤੀ ਬਣਾਉਣ, ਹਰ ਖੇਤ ਤੱਕ ਨਹਿਰੀ ਪਾਣੀ ਪੁੱਜਦਾ ਕਰਨ ਅਤੇ [illegible] ਪੀਣ ਯੋਗ ਸਾਫ ਪਾਣੀ ਦੇਣ ਦੀ ਮੰਗ ਕੀਤੀ ਗਈ।

ਇਹਨਾ ਆਗੂਆਂ ਨੇ ਕਿਹਾ ਕਿ ਬੇਰੁਜ਼ਗਾਰਾਂ ਨੂੰ ਯੋਗਤਾ ਅਨੁਸਾਰ ਪੱਕਾ ਕੰਮ ਜਾਂ ਢੁਕਵਾਂ ਬੇਰੁਜ਼ਗਾਰੀ ਭੱਤਾ ਦੇਣ, ਨਿੱਜੀਕਰਨ ਦੀ ਨੀਤੀ ਤਿਆਗ ਕੇ ਖਾਲੀ ਪਈਆਂ ਸਾਰੀਆਂ ਅਸਾਮੀਆਂ ਪੱਕੇ ਤੌਰ 'ਤੇ ਪੁਰ ਕਰਨ, ਵੇਰਕਾ ਵਰਗੇ ਜਨਤਕ ਖੇਤਰ ਦੇ ਅਦਾਰਿਆਂ ਨੂੰ ਮੁੜ ਪੈਰਾਂ ਸਿਰ ਖੜ੍ਹਾ ਕਰਨ ਲਈ ਵਸੀਲੇ ਜੁਟਾਉਣ, ਖੇਤੀ ਸਮੇਤ ਛੋਟੇ ਤੇ ਦਰਮਿਆਨੇ ਉਦਯੋਗ, ਕਾਰੋਬਾਰ ਅਤੇ ਪ੍ਰਚੂਨ ਵਪਾਰ ਨੂੰ ਪ੍ਰਫੁਲਿਤ ਕਰਨ ਦੀ ਨੀਤੀ ਬਣਾਉਣ ਦੀ ਮੰਗ ਕੀਤੀ ਗਈ।

# ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਸੰਗਤਾਂ ਨੇ ਬਾਬਾ ਸ੍ਰੀ ਚੰਦ ਜੀ ਦਾ 532ਵਾਂ ਜਨਮ ਦਿਹਾੜਾ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵੱਡੇ ਸਪੁੱਤਰ ਬਾਬਾ ਸ੍ਰੀ ਚੰਦ ਜੀ ਦਾ 532ਵਾਂ ਜਨਮ ਦਿਹਾੜਾ ਦੱਸ ਡੋਗਰਾ ਮਾਰਗ ਸਥਿਤ ਗੁਰਦੁਆਰਾ ਸ੍ਰੀ ਚੰਦ ਜੀ ਵਿਖੇ ਚੈਰੀਟੇਬਲ ਟਰੱਸਟ ਦੇ ਚੇਅਰਮੈਨ ਬਾਬਾ ਰਜਿੰਦਰ ਸਿੰਘ ਬੇਦੀ ਦੀ ਅਗਵਾਈ ਚ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਮਨਾਇਆ ਗਿਆ। [illegible]



[illegible] ਘਰ ਦੀ ਬਖਸ਼ਿਸ਼ ਸਿਰੋਪਾਓ ਸਾਹਿਬ ਅਤੇ ਸਨਮਾਨ ਚਿੰਨ੍ਹ ਦੇ ਕੇ ਵਿਸ਼ੇਸ਼ ਤੌਰ ਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਡੇਰਾ [illegible] ਬੇਦੀ, ਰਮਿੰਦਰਜੀਤ ਸਿੰਘ ਬੇਦੀ ਆਸਟ੍ਰੇਲੀਆ, ਸੁਖਮਿੰਦਰ ਜੋਧ ਸਿੰਘ ਬੇਦੀ ਆਸਟ੍ਰੇਲੀਆ, ਬਾਬਾ ਮੰਗਲਦਾਸ, ਤਰਲੋਚਨ ਸਿੰਘ ਸੋਖੀ, ਪ੍ਰਿੰਸੀਪਲ ਬਿਕਰਮਜੀਤ [illegible]

# ਭਾਈ ਸਾਲ੍ਹੋ ਜੀ ਦੇ ਸਾਲਾਨਾ ਧਾਰਮਿਕ ਸਮਾਗਮ ਸਬੰਧੀ ਤਿਆਰੀਆਂ ਸ਼ੁਰੂ

**ਮਜੀਠਾ (ਸੋਇਮ ਆਨੰਦ)** ਗੁਰੂ ਰਾਮਦਾਸ ਜੀ ਦੇ ਅਨਿਨ ਸੇਵਕ ਬਾਬਾ ਭਾਈ ਸਾਲ੍ਹੋ ਜੀ ਦਾ ਸਾਲਾਨਾ ਮੇਲਾ ਧਾਰਮਿਕ ਸਮਾਗਮ ਡੇਰਾ ਬਾਬਾ ਭਾਈ ਸਾਲ੍ਹੋ ਜੀ ਮਜੀਠਾ ਵਿਖੇ ਸਮੂਹ ਇਲਾਕਾ ਨਿਵਾਸੀ ਸੰਗਤਾਂ



ਦੇ ਸਹਿਯੋਗ ਨਾਲ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਬੜੀ ਸ਼ਰਧਾ ਨਾਲ ਮਨਾਇਆ ਜਾ ਰਿਹਾ ਹੈ।ਇਸ ਮੌਕੇ ਜਾਣਕਾਰੀ ਦਿੰਦਿਆਂ ਬਾਬਾ ਭਾਈ ਸਾਲ੍ਹੋ ਜੀ ਦੀ ਅੰਸ਼ ਬੰਸ ਸੱਚ ਖੰਡ ਵਾਸੀ ਬਾਬਾ ਗੁਰਦਿਆਲ ਸਿੰਘ ਜੀ ਸਪੁੱਤਰ ਮੁੱਖ ਸੇਵਾਦਾਰ ਬਾਬਾ ਹਰਪਿੰਦਰ ਸਿੰਘ ਨੇ ਦੱਸਿਆ ਕਿ 29 ਸਤੰਬਰ ਦਿਨ ਮੰਗਲਵਾਰ ਨੂੰ ਬਾਬਾ ਜੀ ਦਾ ਸਲਾਨਾਂ ਮੇਲਾ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ ਜਿਸ ਦੀਆਂ ਤਿਆਰੀਆਂ ਸ਼ੁਰੂ ਹਨ ਜਿਸ ਵਿਚ ਸ੍ਰੀ ਅਖੰਡ ਪਾਠ ਸਾਹਿਬ ਦੇ ਭੋਗ ਤੋਂ ਉਪਰੰਤ ਖੁੱਲੇ ਪੰਡਾਲ ਵਿੱਚ ਧਾਰਮਿਕ ਦਿਵਾਨ ਸਜਾਏ ਜਾਣਗੇ ਜਿਸ ਵਿੱਚ ਪੰਥ ਪ੍ਰਸਿੱਧ ਰਾਗੀ, ਢਾਡੀ, ਕਵੀਸ਼ਰ ਅਤੇ ਕਥਾਵਾਚਕ ਜਥੇ ਸੰਗਤਾਂ ਨੂੰ ਬਾਬਾ ਭਾਈ ਸਾਲ੍ਹੋ ਜੀ ਦੀ ਜੀਵਨੀ ਅਤੇ ਗੁਰਇਤਿਹਾਸ ਤੋਂ ਜਾਣੂ ਕਰਵਾਉਣਗੇ। ਸਟੇਜ ਦੀ ਭੂਮਿਕਾ ਬਾਬਾ ਸੁਖਪਾਲ ਸਿੰਘ ਨਿਬਾਉਣਗੇ।ਇਸ ਮੌਕੇ ਮੁੱਖ ਸੇਵਾਦਾਰ ਬਾਬਾ ਹਰਪਿੰਦਰ ਸਿੰਘ, ਬਾਬਾ ਕੁਲਦੀਪ ਸਿੰਘ, ਬਾਬਾ ਬਲਦੇਵ ਸਿੰਘ, ਮਾ ਜਗਜੀਤ ਸਿੰਘ ਬੁਰਜ, ਤਰਲੋਕ ਸਿੰਘ , ਅਜੀਤ ਸਿੰਘ ,ਬਾਬਾ ਸੁਖਪਾਲ ਸਿੰਘ, ਦਲਜੀਤ ਸਿੰਘ, ਰਸ਼ਪਾਲ ਸਿੰਘ ਲਖਨਾ, ਬਲਵਿੰਦਰ ਸਿੰਘ, ਕਸ਼ਮੀਰ ਸਿੰਘ,ਜੱਸਾ ਸਿੰਘ, ਲਾਡਾ ਸਿੰਘ, ਸਵਿੰਦਰ ਸਿੰਘ, ਸਤਪਾਲ ਸਿੰਘ, ਦਲਜਿੰਦਰ ਸਿੰਘ ਬੱਬੂ, ਗੁਰਸ਼ਰਨ ਸਿੰਘ, ਮਲਕੀਤ ਸਿੰਘ, ਜ਼ੋਰਾਵਰ ਸਿੰਘ, ਗੁਰਪ੍ਰੀਤ ਸਿੰਘ, ਹਰਜੀਤ ਕੌਰ, ਸੁਖਰਾਜ ਕੌਰ, ਕਵਲਜੀਤ ਕੋਰ, ਨਵਦੀਪ ਕੌਰ, ਰਾਜਪ੍ਰੀਤ, ਲਖਵਿੰਦਰ ਕੌਰ, ਮਨਜੀਤ ਕੌਰ ਆਦਿ ਹਾਜ਼ਰ ਸਨ।

# ਵਿਧਾਇਕ ਰੰਧਾਵਾ ਨੇ ਪਿੰਡ ਰੋਸਾ ਦੇ ਲੋਕਾਂ ਨੂੰ ਦਰਪੇਸ਼ ਮੁਸ਼ਕਲਾਂ ਸੁਣੀਆਂ



**ਗੁਰਦਾਸਪੁਰ, (ਜਨਕ ਮਹਾਜਨ)**- ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਲਗਾਤਾਰ ਪਿੰਡਾਂ ਵਿਚ ਲੋਕਾਂ ਨੂੰ ਮਿਲ ਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਹੱਲ ਕੀਤੀਆਂ ਜਾ ਰਹੀਆਂ ਹਨ। ਵਿਧਾਇਕ ਗੁਰਦੀਪ ਸਿੰਘ ਰੰਧਾਵਾ ਵੱਲੋਂ ਪਿੰਡ ਰੋਸਾ ਵਿਖੇ ਸਰਪੰਚ ਹਰਜਿੰਦਰ ਸਿੰਘ ਵੱਲੋਂ ਕਰਵਾਈ ਲੋਕ ਮਿਲਣੀ ਵਿੱਚ ਸ਼ਿਰਕਤ ਕੀਤੀ ਅਤੇ ਪਿੰਡ ਵਾਸੀਆਂ ਨਾਲ ਰੂ-ਬ-ਰੂ ਹੋ ਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਸੁਣੀਆਂ ਅਤੇ ਇਲਾਕੇ ਦੇ ਵਿਕਾਸ ਕਾਰਜਾਂ ਸਬੰਧੀ ਵਿਚਾਰ-ਵਟਾਂਦਰਾ ਕੀਤਾ। ਇਸ ਮੌਕੇ ਗੱਲਬਾਤ ਕਰਦਿਆਂ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਪਿਛਲੇ ਕਰੀਬ ਸਾਢੇ ਚਾਰ ਸਾਲਾਂ ਤੋਂ ਹਲਕਾ ਡੇਰਾ ਬਾਬਾ ਨਾਨਕ ਵਿਖੇ ਵੱਖ-ਵੱਖ ਵਿਕਾਸ ਕੰਮ ਕਰਵਾਏ ਗਏ ਹਨ ਅਤੇ ਲੋਕਾਂ ਨੂੰ ਮਿਲਕੇ ਉਨ੍ਹਾਂ ਦੀਆਂ ਮੁਸ਼ਕਿਲਾਂ ਹੱਲ ਕੀਤੀਆਂ ਗਈਆਂ ਹਨ। ਉਨ੍ਹਾਂ ਕਿਹਾ ਕਿ ਇਲਾਕੇ ਦੇ ਲੋਕਾਂ ਨੂੰ ਬਿਹਤਰ ਆਵਾਜਾਈ ਸਹੂਲਤਾਂ ਪ੍ਰਦਾਨ ਕਰਨ ਦੇ ਨਾਲ-ਨਾਲ ਪੇਂਡੂ ਬੁਨਿਆਦੀ ਢਾਂਚੇ ਨੂੰ ਹੋਰ ਮਜ਼ਬੂਤ ਕੀਤਾ ਜਾ ਰਿਹਾ ਹੈ। ਸੂਬਾ ਸਰਕਾਰ ਵੱਲੋਂ ਪਿੰਡਾਂ ਦੇ ਸਰਬਪੱਖੀ ਵਿਕਾਸ ਲਈ ਸੜਕਾਂ ਸਮੇਤ ਵੱਖ ਵੱਖ ਵਿਕਾਸ ਕਾਰਜ ਕਰਵਾਏ ਗਏ ਹਨ। ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਕਿਹਾ ਕਿ ਪੰਜਾਬ ਸਰਕਾਰ ਨੇ ਪਿੰਡਾਂ ਦੀਆਂ ਸੜਕਾਂ ਦੇ ਕਾਇਆ ਕਲਪ ਲਈ ਵੱਡੇ ਪੱਧਰ 'ਤੇ ਕੰਮ ਕੀਤੇ ਹਨ। ਉਨ੍ਹਾਂ ਕਿਹਾ ਕਿ ਇਸੇ ਤਹਿਤ ਪਿਛਲੇ ਚਾਰ ਸਾਲਾਂ ਦੌਰਾਨ ਕਰੋੜਾਂ ਰੁਪਏ ਦੀ ਲਾਗਤ ਨਾਲ ਹਲਕੇ ਅੰਦਰ ਸੜਕਾਂ ਦੀ ਵੀ ਨੁਹਾਰ ਬਦਲੀ ਗਈ ਹੈ।ਉਨ੍ਹਾਂ ਕਿਹਾ ਕਿ ਆਉਂਦੇ ਦਿਨਾਂ 'ਚ ਇਸ ਕੰਮ ਵਿੱਚ ਹੋਰ ਵੀ ਤੇਜ਼ੀ ਲਿਆਂਦੀ ਜਾਵੇਗੀ। ਇਸ ਮੌਕੇ ਉਨ੍ਹਾਂ ਪਿੰਡ ਵਾਸੀਆਂ ਵੱਲੋਂ ਮਿਲੇ ਪਿਆਰ, ਸਤਿਕਾਰ ਅਤੇ ਸਹਿਯੋਗ ਲਈ ਧੰਨਵਾਦ ਕੀਤਾ।

# 27 ਕਿੱਲੋ ਹੈਰੋਇਨ ਤੇ ਅਤਿ-ਆਧੁਨਿਕ ਪਿਸਤੌਲ ਬਰਾਮਦ; ਚਾਰ ਕਾਬੂ

**ਜੰਡਿਆਲਾ ਗੁਰੂ/ਅੰਮ੍ਰਿਤਸਰ (ਹਰਿੰਦਰ ਪਾਲ ਸਿੰਘ)** ਕਾਊਂਟਰ ਇੰਟੈਲੀਜੈਂਸ ਅੰਮ੍ਰਿਤਸਰ ਨੇ ਸੀਮਾ ਪਾਰੋਂ ਤਸਕਰੀ ਦੇ ਮਾਡਿਊਲ ਨੂੰ ਨਾਕਾਮ ਕਰਦਿਆਂ 27 ਕਿਲੋ ਹੈਰੋਇਨ, ਇੱਕ ਅਤਿ-ਆਧੁਨਿਕ ਵਿਦੇਸ਼ੀ .30 ਬੋਰ ਪੀ ਐਕਸ 5 ਪਿਸਤੌਲ ਅਤੇ ਤਿੰਨ ਕਾਰਤੂਸਾਂ ਸਮੇਤ ਚਾਰ ਵਿਅਕਤੀਆਂ ਨੂੰ ਗ੍ਰਿਫ਼ਤਾਰ ਕੀਤਾ ਹੈ।ਇਹ ਜਾਣਕਾਰੀ ਡਾਇਰੈਕਟਰ ਜਨਰਲ ਆਫ਼ ਪੁਲਸ (ਡੀਜੀਪੀ) ਪੰਜਾਬ ਗੌਰਵ ਯਾਦਵ ਨੇ ਦਿੱਤੀ।ਗ੍ਰਿਫ਼ਤਾਰ ਕੀਤੇ ਗਏ ਵਿਅਕਤੀਆਂ ਦੀ ਪਛਾਣ ਵਿਸ਼ਾਲ ਸਿੰਘ ਉਰਫ਼ ਸ਼ਾਲੂ, ਮਨਪ੍ਰੀਤ ਸਿੰਘ ਉਰਫ਼ ਸੰਨੀ ਅਤੇ ਸਮਾਰਟਪ੍ਰੀਤ ਸਿੰਘ, ਤਿੰਨੋਂ ਵਾਸੀ ਭੱਲਾ ਕਲੋਨੀ, ਛੇਹਰਟਾ, ਅੰਮ੍ਰਿਤਸਰ ਅਤੇ ਕਰਨ ਸਿੰਘ ਵਾਸੀ ਪਿੰਡ ਭੁੱਸੇ, ਤਰਨ ਤਾਰਨ ਵਜੋਂ ਹੋਈ ਹੈ।ਨਸ਼ੀਲੇ ਪਦਾਰਥਾਂ ਅਤੇ ਹਥਿਆਰਾਂ ਦੀ ਬਰਾਮਦਗੀ ਤੋਂ ਇਲਾਵਾ ਪੁਲਸ ਟੀਮਾਂ ਨੇ ਉਨ੍ਹਾਂ ਦਾ ਇੱਕ ਕਾਲੇ ਰੰਗ ਦਾ ਸਪਲੈਂਡਰ ਮੋਟਰਸਾਈਕਲ (ਪੀਬੀ 02-ਸੀਡਬਲਯੂ-6647) ਅਤੇ ਗ੍ਰੇਅ ਰੰਗ ਦਾ ਹੌਂਡਾ ਐਕਟਿਵਾ (ਪੀਬੀ 02-ਈਐਕਸ-4503) ਵੀ ਜ਼ਬਤ ਕੀਤਾ ਹੈ, ਜਿਨ੍ਹਾਂ ਦੀ ਵਰਤੋਂ ਤਸਕਰੀ ਦੀਆਂ ਗਤੀਵਿਧੀਆਂ ਲਈ ਕੀਤੀ ਜਾ ਰਹੀ ਸੀ।ਡੀਜੀਪੀ ਗੌਰਵ ਯਾਦਵ ਨੇ ਦੱਸਿਆ ਕਿ ਆਰੰਭਿਕ ਜਾਂਚ ਤੋਂ ਪਤਾ ਲੱਗਾ ਹੈ ਕਿ ਦੋਸ਼ੀ ਦੁਬਈ ਅਧਾਰਤ ਸੰਚਾਲਕ ਅਤੇ ਸੀਮਾ ਪਾਰੋਂ ਤਸਕਰਾਂ ਨਾਲ ਤਾਲਮੇਲ ਕਰਕੇ ਕੰਮ ਕਰ ਰਹੇ ਸਨ।ਉਨ੍ਹਾਂ ਦੱਸਿਆ ਕਿ ਨਸ਼ਿਆਂ ਅਤੇ ਗੈਰ-ਕਾਨੂੰਨੀ ਹਥਿਆਰਾਂ ਦੀ ਖੇਪ ਪ੍ਰਾਪਤ ਕਰਨ ਤੋਂ ਬਾਅਦ, ਗ੍ਰਿਫ਼ਤਾਰ ਕੀਤੇ ਮੁਲਜ਼ਮਾਂ ਨੇ ਆਪਣੇ ਹੈਂਡਲਰਾਂ ਦੇ ਨਿਰਦੇਸ਼ਾਂ ਤੇ ਅੱਗੇ ਸਪਲਾਈ ਕਰਨੀ ਸੀ।ਡੀਜੀਪੀ ਨੇ ਦੱਸਿਆ ਕਿ ਤਸਕਰੀ ਨੈੱਟਵਰਕ ਵਿੱਚ ਸ਼ਾਮਲ ਸਾਰੇ ਵਿਅਕਤੀਆਂ ਦੀ ਪਛਾਣ ਕਰਨ ਅਤੇ ਇਸ ਮਾਮਲੇ ਵਿੱਚ ਅਗਲੇ-ਪਿਛਲੇ ਸਬੰਧਾਂ ਦਾ ਮੁਕੰਮਲ ਪਤਾ ਲਗਾਉਣ ਲਈ ਅੱਗੇ ਦੀ ਤਫਤੀਸ਼ ਜਾਰੀ ਹੈ।ਇਸ ਸਬੰਧੀ ਥਾਣਾ ਸਟੇਟ ਸਪੈਸ਼ਲ ਆਪ੍ਰੇਸ਼ਨ ਸੈੱਲ, ਅੰਮ੍ਰਿਤਸਰ ਵਿਖੇ ਐੱਨ. ਡੀ. ਪੀ. ਐੱਸ. ਐਕਟ ਦੀਆਂ ਧਾਰਾਵਾਂ 21, 25, 29 ਅਤੇ ਅਸਲਾ ਐਕਟ ਦੀ ਧਾਰਾ 25 ਤਹਿਤ ਮਿਤੀ 15-09-2026 ਨੂੰ ਐੱਫ. ਆਈ. ਆਰ. ਨੰਬਰ 58 ਦਰਜ ਕੀਤੀ ਗਈ ਹੈ।




# ਵਜ਼ੀਰ ਭੁੱਲਰ ਵਿਖੇ ਭਾਜਪਾ ਦੇ ਜ਼ਿਲ੍ਹਾ ਦਿਹਾਤੀ ਦੇ ਸਕੱਤਰ ਖੋਜੇਵਾਲ ਦੀ ਅਗਵਾਈ 'ਚ ਮੀਟਿੰਗ

**ਬਿਆਸ (ਪਰਮਜੀਤ ਸਿੰਘ ਰੱਖੜਾ)** ਭਾਰਤੀ ਜਨਤਾ ਪਾਰਟੀ ਦੇ ਅੰਮ੍ਰਿਤਸਰ ਦਿਹਾਤੀ ਦੇ ਪ੍ਰਭਾਰੀ ਰਣਜੀਤ ਸਿੰਘ ਖੋਜੇਵਾਲ ਦੀ ਅਗਵਾਈ ਹੇਠ ਭਾਜਪਾ ਦੇ ਸੀਨੀਅਰ ਆਗੂ ਸਾਬਕਾ ਰਾਜ ਮੰਤਰੀ ਮਨਜੀਤ ਸਿੰਘ ਮੰਨਾ ਦੇ ਹੱਕ ਵਿੱਚ ਪਿੰਡ ਵਜ਼ੀਰ ਭੁੱਲਰ ਵਿਖੇ ਬਾਬਾ ਅਵਤਾਰ ਸਿੰਘ ਦੇ ਗ੍ਰਹਿ ਵਿਖੇ ਭਾਜਪਾ ਆਗੂਆਂ ਅਤੇ ਵਰਕਰਾਂ ਨਾਲ ਮੀਟਿੰਗ ਕੀਤੀ। ਮੀਟਿੰਗ ਵਿੱਚ ਇਲਾਕੇ ਦੇ ਭਾਜਪਾ ਵਰਕਰਾਂ ਨੇ ਸ਼ਮੂਲੀਅਤ ਕੀਤੀ। ਇਸ ਮੌਕੇ ਭਾਜਪਾ ਆਗੂਆਂ ਵੱਲੋਂ ਰਣਜੀਤ ਸਿੰਘ ਖੋਜੇਵਾਲ ਦਾ ਨਿੱਘਾ ਸਵਾਗਤ ਕੀਤਾ ਗਿਆ। ਇਸ ਮੌਕੇ ਖੋਜੇਵਾਲ ਵੱਲੋਂ ਭਾਰਤੀ ਜਨਤਾ ਪਾਰਟੀ ਵੱਲੋਂ ਆਈਆਂ ਹਦਾਇਤਾਂ ਅਨੁਸਾਰ ਪਾਰਟੀ ਦੇ ਵਰਕਰਾਂ ਅਤੇ ਆਗੂਆਂ ਨੂੰ ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਲਈ ਪ੍ਰੇਰਿਤ ਕੀਤਾ ਗਿਆ। ਇਸ ਮੌਕੇ ਖੋਜੇਵਾਲ ਨੇ ਦੱਸਿਆ ਕਿ ਭਾਰਤੀ ਜਨਤਾ ਪਾਰਟੀ ਵੱਲੋਂ 18 ਸਤੰਬਰ ਤੋਂ ਲੈ ਕੇ 21 ਸਤੰਬਰ ਤੱਕ 4 ਨਸ਼ਾ ਮੁਕਤ ਯਾਤਰਾਵਾਂ ਕੱਢੀਆਂ ਜਾ ਰਹੀਆਂ ਹਨ। ਪਹਿਲੀ ਯਾਤਰਾ 18 ਸਤੰਬਰ ਨੂੰ ਮਾਧੋਪੁਰ ਦੇ ਏਕਤਾ ਸਥਲ ਤੋਂ ਭਾਜਪਾ ਦੇ ਕੌਮੀ ਪ੍ਰਧਾਨ ਨਿਤਿਨ ਨਬੀਨ ਵੱਲੋਂ ਰਵਾਨਾ ਕੀਤੀ ਜਾਵੇਗੀ।ਇਹ ਯਾਤਰਾ ਮਜੀਠਾ, ਜੰਡਿਆਲਾ, ਬਾਬਾ ਬਕਾਲਾ ਸਾਹਿਬ, ਤਰਨ ਤਾਰਨ, ਖਡੂਰ ਸਾਹਿਬ, ਖੇਮਕਰਨ, ਪੱਟੀ, ਫ਼ਿਰੋਜ਼ਪੁਰ ਸਮੇਤ ਵੱਖ-ਵੱਖ ਹਲਕਿਆਂ ਤੋਂ ਹੁੰਦੀ ਹੋਈ ਅੱਗੇ ਵਧੇਗੀ। ਇਸ ਮੌਕੇ ਤਰਸੇਮ ਸਿੰਘ ਹੀਰਾ, ਬਲਜੀਤ ਸਿੰਘ, ਬਲਦੇਵ ਸਿੰਘ, ਸੂਬੇਦਾਰ ਸਰਦੂਲ ਸਿੰਘ, ਸੂਬੇਦਾਰ ਮਹਿੰਦਰ ਸਿੰਘ, ਮਾਹਨ ਸਿੰਘ, ਪਿੰਦਰ ਦੌਲੋ ਨੰਗਲ, ਬੂਟਾ ਸਿੰਘ, ਤਰਲੋਕ ਸਿੰਘ, ਸਾਬਕਾ ਮੈਂਬਰ ਕਸ਼ਮੀਰ ਸਿੰਘ, ਗੁਰਮੀਤ ਸਿੰਘ ਟੀਟੂ, ਜਗੀਰ ਸਿੰਘ, ਹਰਪਾਲ ਸਿੰਘ, ਬੂਟਾ ਸਿੰਘ, ਨਿਸ਼ਾਨ ਸਿੰਘ, ਗੱਬੂ ਭੁੱਲਰ, ਸੁਖਵਿੰਦਰ ਸਿੰਘ ਕਾਕਾ, ਲਵਲੀ ਤੇ ਹੋਰ ਹਾਜ਼ਰ ਸਨ।



# ਪੰਜਾਬ ਰਾਜ ਬਿਜਲੀ ਬੋਰਡ ਕਰਮਚਾਰੀ ਦਲ ਚੀਫ਼ ਇੰਜੀਨੀਅਰ ਨੂੰ ਮਿਲਿਆ



**ਗੁਰਦਾਸਪੁਰ, (ਜਨਕ ਮਹਾਜਨ)**- ਪੰਜਾਬ ਰਾਜ ਬਿਜਲੀ ਬੋਰਡ ਕਰਮਚਾਰੀ ਦਲ ਬਿਜਲੀ ਬੋਰਡ ਰੈਸਟ ਹਾਊਸ ਗੁਰਦਾਸਪੁਰ ਵਿਖੇ ਕਰਮਚਾਰੀ ਦਲ ਵੱਲੋਂ ਬਾਰਡਰ ਜ਼ੋਨ ਪ੍ਰਧਾਨ ਜਸਵਿੰਦਰ ਸਿੰਘ ਗਿੱਲ ਦੀ ਪ੍ਰਧਾਨਗੀ ਹੇਠ ਬਾਰਡਰ ਜ਼ੋਨ ਦੇ ਚੀਫ ਇੰਜੀ. ਸੁਰਿੰਦਰਪਾਲ ਬੈਂਸ ਨਾਲ ਮੁਲਾਕਾਤ ਕਰਕੇ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਕੀਤੀ ਗੱਲਬਾਤ ਕੀਤੀ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਰਵੇਲ ਸਿੰਘ ਸਹਾਏਪੁਰ ਸੂਬਾ ਪ੍ਰਧਾਨ ਹੇਠ ਮੁਲਾਜ਼ਮਾਂ ਦੀਆਂ ਮੰਗਾਂ ਪ੍ਰਤੀ ਅਤੇ ਮੁਲਾਜ਼ਮਾਂ ਨੂੰ ਆ ਰਹੀਆਂ ਮੁਸ਼ਕਲਾਂ ਸਬੰਧੀ ਜਾਣਕਾਰੀ ਸਾਂਝੀ ਕੀਤੀ ਗਈ। ਇਸ ਦੌਰਾਨ ਚੀਫ ਇੰਜੀ. ਵੱਲੋਂ ਮੁਲਾਜ਼ਮਾਂ ਨੂੰ ਵਿਸ਼ਵਾਸ ਦਿੱਤਾ ਗਿਆ ਕਿ ਮੁਲਾਜ਼ਮਾਂ ਦੀਆਂ ਮੁਸ਼ਕਲਾਂ ਦਾ ਜਲਦੀ ਤੋਂ ਜਲਦੀ ਹੱਲ ਕਰ ਦਿੱਤਾ ਜਾਵੇਗਾ। ਇਸ ਤੋਂ ਇਲਾਵਾ ਸੁਖਵਿੰਦਰ ਸਿੰਘ ਗਿੱਲ, ਸਰਕਲ ਸੁਪਰਡੈਂਟ ਗੁਰਜੀਤ ਸਿੰਘ ਘੁੰਮਣ, ਬਲਵਿੰਦਰ ਸਿੰਘ ਬਾਜਵਾ, ਹਰਵਿੰਦਰ ਸਿੰਘ ਕਲੇਰ, ਦਵਿੰਦਰ ਸਿੰਘ ਵੜੈਂਚ, ਸੁਖਵਿੰਦਰ ਸਿੰਘ ਖ਼ਾਲਸਾ, ਗੁਰਮੁੱਖ ਸਿੰਘ ਦਾਲਮ, ਬਿਕਰਮਜੀਤ ਸਿੰਘ, ਤਰਲੋਕ ਸਿੰਘ, ਬਲਕਾਰ ਸਿੰਘ, ਜਸਵਿੰਦਰ ਸਿੰਘ, ਸਵਿੰਦਰ ਸਿੰਘ, ਹਰਦੇਵ ਸਿੰਘ ਦੁਲਾਨੰਗਲ ਆਦਿ ਹਾਜ਼ਰ ਸਨ।

# ਖੇਡਾਂ ਵਤਨ ਪੰਜਾਬ ਦੀਆਂ ਧੂਮ-ਧੜੱਕੇ ਨਾਲ ਸ਼ੁਰੂ



**ਮਜੀਠਾ (ਸੋਇਮ ਆਨੰਦ)** ਪੰਜਾਬ ਸਰਕਾਰ ਵੱਲੋਂ ਸੂਬੇ ਦੇ ਨੌਜਵਾਨਾਂ ਨੂੰ ਨਸ਼ਿਆਂ ਵੱਲੋਂ ਹਟ ਕੇ ਖੇਡਾਂ ਵਿੱਚ ਰੁਚੀ ਦਿਖਾਉਣ ਵਾਸਤੇ ਸੂਬਾ ਭਰ ਵਿਚ ਖੇਡਾਂ ਵਤਨ ਪੰਜਾਬ ਦੀਆਂ ਸ਼ੁਰੂ ਕੀਤੀਆਂ ਗਈਆਂ ਹਨ ਜਿਸ ਦੇ ਤਹਿਤ ਸੂਬੇ ਵਿੱਚ ਵੱਖ-ਵੱਖ ਸਕੂਲਾਂ ਵਿੱਚ ਵੱਖ-ਵੱਖ ਉਮਰ ਵਰਗ ਦੇ ਬੱਚਿਆਂ ਦੀਆਂ ਖੇਡਾਂ ਕਰਵਾਈਆਂ ਜਾ ਰਹੀਆਂ ਹਨ। ਇਸੇ ਤਹਿਤ ਹਲਕੇ ਦੇ ਸ੍ਰੀ ਦਸਮੇਸ਼ ਸੀਨੀਅਰ ਸੈਕੰਡਰੀ ਪਬਲਿਕ ਸਕੂਲ ਕੋਟਲਾ ਸੁਲਤਾਨ ਸਿੰਘ ਵਿਖੇ ਖੇਡਾਂ ਵਤਨ ਪੰਜਾਬ ਦੀਆਂ ਆਰੰਭ ਕਰਵਾਈਆਂ ਗਈਆਂ ਜਿਸ ਵਿਚ ਬਲਾਕ ਮਜੀਠਾ ਤੋਂ ਪਹਿਲੇ ਦਿਨ ਦੀਆਂ ਅੰਡਰ 14 ਸਾਲ ਉਮਰ ਵਰਗ ਵਿਚ ਫੁੱਟਬਾਲ, ਵਾਲੀਬਾਲ, ਖੋ-ਖੋ, ਕਬੱਡੀ, ਅਥਲੈਟਿਕਸ ਦੀਆਂ ਖੇਡਾਂ ਕਰਵਾਈਆਂ ਗਈਆਂ।ਇਨ੍ਹਾਂ ਖੇਡਾਂ ਦਾ ਉਦਘਾਟਨ ਸਕੂਲ ਦੇ ਪ੍ਰਿੰਸੀਪਲ ਵਿਨੋਦ ਸ਼ਰਮਾ ਨੇ ਆਪਣੇ ਕਰ ਕਮਲਾਂ ਨਾਲ ਕੀਤਾ।ਉਨ੍ਹਾਂ ਨੇ ਆਪਣੇ ਸੰਬੋਧਨ ਵਿਚ ਬੱਚਿਆਂ ਨੂੰ ਚੰਗੀ ਖੇਡ ਭਾਵਨਾ ਨਾਲ ਖੇਡਾਂ ਵਿਚ ਭਾਗ ਲੈਣ ਲਈ ਪ੍ਰੇਰਿਤ ਕੀਤਾ ਤਾਂ ਕਿ ਵੱਡੇ ਹੋ ਕੇ ਸਮਾਜ ਵਿਚ ਚੰਗੇ ਨਾਗਰਿਕ ਵਜੋਂ ਵਿਚਰ ਸਕਣ।ਇਸ ਮੌਕੇ ਹਾਜ਼ਰ ਕੋਚ ਅਤੇ ਅਧਿਆਪਕ ਇਕਬਾਲ ਸਿੰਘ ਡੀ. ਪੀ. ਈ, ਸੁਖਜੀਤ ਸਿੰਘ ਬੱਲ ਅਥਲੈਟਿਕਸ ਕੋਚ, ਆਕਾਸ਼ਦੀਪ ਸਿੰਘ ਜਿਮਨਾਸਟਿਕ ਕੋਚ, ਹਰਨੇਕ ਸਿੰਘ ਡੀ. ਪੀ. ਈ, ਜਗਦੀਪ ਸਿੰਘ, ਪਰਮਜੀਤ ਸਿੰਘ, ਗੁਰਪ੍ਰੀਤ ਸਿੰਘ ਚੰਨਣਕੇ, ਪ੍ਰਿਤਪਾਲ ਸਿੰਘ ਸਮੇਤ ਵੱਡੀ ਗਿਣਤੀ ਵਿਚ ਖੇਡ ਪ੍ਰੇਮੀ ਹਾਜ਼ਰ ਸਨ।

# ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਡਰੋਨ ਸ਼ੋਅ 20 ਤੇ 21 ਨੂੰ

**ਪੱਟੀ (ਬਲਦੇਵ ਸਿੰਘ ਸੰਧੂ ਕਿਰਤੋਵਾਲ)**- ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ 650ਵੇਂ ਪ੍ਰਕਾਸ਼ ਪੁਰਬ ਨੂੰ ਸਮਰਪਿਤ ਸਾਲ ਭਰ ਚੱਲਣ ਵਾਲੇ ਸਮਾਗਮਾਂ ਦੀ ਲੜੀ ਤਹਿਤ 20 ਅਤੇ 21 ਸਤੰਬਰ ਨੂੰ ਤਰਨ ਤਾਰਨ ਜ਼ਿਲ੍ਹੇ ਵਿਚ ਡਰੋਨ ਸ਼ੋਅ ਕਰਵਾਏ ਜਾ ਰਹੇ ਹਨ।ਇਸ ਤਹਿਤ ਪਹਿਲਾ ਸ਼ੋਅ 20 ਸਤੰਬਰ ਨੂੰ ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸਕੂਲ, ਤਰਨ ਤਾਰਨ ਵਿਖੇ ਅਤੇ ਦੂਜਾ ਸ਼ੋਅ 21 ਸਤੰਬਰ ਨੂੰ ਸਕੂਲ ਆਫ ਐਮੀਨੈਂਸ, ਪੱਟੀ ਵਿਖੇ ਹੋਵੇਗਾ।ਡਿਪਟੀ ਕਮਿਸ਼ਨਰ ਰਾਹੁਲ ਨੇ ਸਥਾਨਕ ਜ਼ਿਲ੍ਹਾ ਪ੍ਰਬੰਧਕੀ ਕੰਪਲੈਕਸ ਵਿਖੇ ਡਰੋਨ ਸ਼ੋਅ ਦੀਆਂ ਤਿਆਰੀਆਂ ਦਾ ਜਾਇਜ਼ਾ ਲੈਂਦਿਆਂ ਅਧਿਕਾਰੀਆਂ ਨੂੰ ਢੁੱਕਵੇਂ ਇੰਤਜ਼ਾਮ ਸਮੇਂ ਸਿਰ ਮੁਕੰਮਲ ਕਰਨ ਦੇ ਨਿਰਦੇਸ਼ ਦਿੱਤੇ। ਉਨ੍ਹਾਂ ਦੱਸਿਆ ਕਿ ਸ਼ਾਮ ਸਮੇਂ ਹੋਣ ਵਾਲੇ ਇਹ ਡਰੋਨ ਸ਼ੋਅ ਆਪਣੀ ਕਿਸਮ ਦੇ ਵਿਲੱਖਣ ਸ਼ੋਅ ਹਨ, ਜੋ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ, ਫ਼ਲਸਫ਼ੇ ਅਤੇ ਸਿੱਖਿਆਵਾਂ ਦੀ ਬਾਕਮਾਲ ਪੇਸ਼ਕਾਰੀ ਕਰਨਗੇ।ਉਨ੍ਹਾਂ ਦੱਸਿਆ ਕਿ ਡਰੋਨ ਸ਼ੋਅ ਵਾਲੀਆਂ ਥਾਵਾਂ 'ਤੇ ਸੰਗਤ ਦੇ ਬੈਠਣ ਦੇ ਢੁੱਕਵੇਂ ਇੰਤਜ਼ਾਮ ਹੋਣਗੇ, ਜਿਥੇ ਸ਼ੋਅ ਦੀ ਸ਼ੁਰੂਆਤ ਰਾਗੀ ਜਥੇ ਵੱਲੋਂ ਕੀਰਤਨ ਰਾਹੀਂ ਕੀਤੀ ਜਾਵੇਗੀ।ਉਨ੍ਹਾਂ ਦੱਸਿਆ ਕਿ ਸ਼ਾਮ 6:30 ਵਜੇ ਤੋਂ ਸਮਾਗਮ ਸ਼ੁਰੂ ਹੋਣਗੇ, ਜਿਨ੍ਹਾਂ ਵਿਚ ਗੁਰਬਾਣੀ ਕੀਰਤਨ ਤੋਂ ਬਾਅਦ 8:00 ਵਜੇ ਡਰੋਨ ਸ਼ੋਅ ਹੋਵੇਗਾ। ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਸ੍ਰੀ ਗੁਰੂ ਰਵਿਦਾਸ ਜੀ ਦੇ ਜੀਵਨ ਅਤੇ ਸਿੱਖਿਆਵਾਂ ਤੇ ਆਧਾਰਿਤ ਡਰੋਨ ਸ਼ੋਅ ਦੌਰਾਨ ਇਕੋ ਸਮੇਂ 500 ਡਰੋਨ ਅਸਮਾਨ ਵਿਚ ਉਡਦੇ ਹੋਏ ਗੁਰੂ ਜੀ ਦੇ ਫ਼ਲਸਫ਼ੇ ਬਾਰੇ ਡਿਜੀਟਲ ਢੰਗ ਨਾਲ ਪੇਸ਼ਕਾਰੀ ਕਰਨਗੇ।ਉਨ੍ਹਾਂ ਦੱਸਿਆ ਕਿ ਪੰਜਾਬ ਸਰਕਾਰ ਵੱਲੋਂ ਅਜਿਹੇ 92 ਡਰੋਨ ਸ਼ੋਅ ਸੂਬੇ ਭਰ ਵਿਚ ਕਰਵਾਏ ਜਾ ਰਹੇ ਹਨ।ਉਨ੍ਹਾਂ ਨੇ ਜ਼ਿਲ੍ਹਾ ਵਾਸੀਆਂ ਨੂੰ ਇਨ੍ਹਾਂ ਵਿਲੱਖਣ ਪੇਸ਼ਕਾਰੀਆਂ ਨੂੰ ਦੇਖਣ ਲਈ ਹੁੰਮ-ਹੁੰਮਾਂ ਕੇ ਪਹੁੰਚਣ ਦਾ ਸੱਦਾ ਦਿੱਤਾ। ਇਸ ਮੌਕੇ ਵਧੀਕ ਡਿਪਟੀ ਕਮਿਸ਼ਨਰ (ਜ) ਡਾ. ਆਦਿੱਤਿਆ ਸ਼ਰਮਾ, ਐੱਸ. ਡੀ. ਐੱਮ ਤਰਨ ਤਾਰਨ ਡਾ. ਕਰਨਵੀਰ ਸਿੰਘ, ਐੱਸ. ਡੀ. ਐੱਮ. ਪੱਟੀ ਅਮਨਦੀਪ, ਡਰੋਨ ਕੰਪਨੀ ਦੇ ਨੁਮਾਇੰਦੇ ਗਿਆਨਜੋਤ ਸਿੰਘ ਤੋਂ ਇਲਾਵਾ ਹੋਰ ਅਧਿਕਾਰੀ ਹਾਜ਼ਰ ਸਨ।

# ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵਿਆਹ ਪੁਰਬ 'ਤੇ ਸਾਫ-ਸਫਾਈ ਦਾ ਖਾਸ ਧਿਆਨ ਰੱਖਣ ਦੀ ਅਪੀਲ



**ਫਤਿਹਗੜ੍ਹ ਚੂੜੀਆਂ (ਜਸਦੇਵ ਸਿੰਘ ਮਾਨ)**- ਸ੍ਰੀ ਗੁਰੂ ਨਾਨਕ ਦੇਵ ਜੀ ਅਤੇ ਮਾਤਾ ਸੁਲੱਖਣੀ ਜੀ ਦਾ ਵਿਆਹ ਪੁਰਬ 18 ਸਤੰਬਰ ਨੂੰ ਬੜੀ ਸ਼ਰਧਾ ਭਾਵਨਾ ਨਾਲ ਮਨਾਇਆ ਜਾ ਰਿਹਾ ਹੈ।ਇਸ ਪਵਿੱਤਰ ਦਿਹਾੜੇ ਤੇ ਬਟਾਲਾ ਸ਼ਹਿਰ ਅਤੇ ਵੱਖ-ਵੱਖ ਪਿੰਡਾਂ ਕਸਬਿਆਂ ਅਤੇ ਮੁੱਖ ਮਾਰਗਾਂ ਤੇ ਸੰਗਤਾਂ ਵੱਲੋਂ ਢੁਕਵੀਆਂ ਅਤੇ ਸੁਰੱਖਿਅਤ ਥਾਵਾਂ ਤੇ ਅਖੰਡ ਪਾਠ ਸਾਹਿਬ ਆਰੰਭ ਕਰਵਾਏ ਗਏ ਹਨ।ਇਸਦੇ ਨਾਲ ਹੀ ਵਿਆਹ ਪੁਰਬ ਵਿਚ ਸ਼ਾਮਲ ਹੋਣ ਆਈਆਂ ਸੰਗਤਾਂ ਦੀ ਸੇਵਾ ਲਈ ਵੱਖ-ਵੱਖ ਪਕਵਾਨਾਂ ਦੇ ਲੰਗਰ ਲਗਾਏ ਜਾ ਰਹੇ ਹਨ।ਇਸ ਸੰਬੰਧੀ ਵੱਖ-ਵੱਖ ਸਖਸ਼ੀਅਤਾਂ ਰਵੀ ਮਾਨ ਆਸਟ੍ਰੇਲੀਆ, ਮਾਸਟਰ ਸਰਬਜੀਤ ਸਿੰਘ, ਮਾਸਟਰ ਮਲਕੀਤ ਸਿੰਘ ਖਹਿਰਾ ਤੇ ਸਤਪਾਲ ਸਿੰਘ ਮਾਨ ਕੈਨੇਡਾ ਨੇ ਪਵਿੱਤਰ ਵਿਆਹ ਪੁਰਬ ਦੀਆਂ ਵਧਾਈਆਂ ਦਿੰਦੇ ਹੋਏ ਮੀਡੀਆ ਨਾਲ ਆਪਣੇ ਵਿਚਾਰ ਸਾਂਝੇ ਕੀਤੇ ਹਨ।ਉਨ੍ਹਾਂ ਕਿਹਾ ਕਿ ਪਵਿੱਤਰ ਵਿਆਹ ਪੁਰਬ ਮੌਕੇ ਸੇਵਾਦਾਰਾਂ ਵੱਲੋਂ ਬੜੀ ਸ਼ਰਧਾ ਤੇ ਉਤਸ਼ਾਹ ਨਾਲ ਲੰਗਰ ਲਗਾਏ ਗਏ ਹਨ ਪਰ ਵੇਖਣ ਵਿੱਚ ਆਉਂਦਾ ਹੈ ਕਿ ਲੰਗਰ ਛਕਾਉਣ ਲਈ ਡਿਸਪੋਜ਼ੇਬਲ ਥਾਲੀਆਂ ਤੇ ਪਲਾਸਟਿਕ ਦੇ ਗਿਲਾਸ ਵਰਤੋਂ ਤੋਂ ਬਾਅਦ ਡਸਟਬਿਨ ਵਿੱਚ ਪਾਉਣ ਦੀ ਬਜਾਏ ਇਧਰ ਉਧਰ ਖਿੱਲਰੇ ਨਜ਼ਰ ਆਉਂਦੇ ਹਨ ਜੋ ਵੇਖਣ ਨੂੰ ਕੂੜੇ ਦੇ ਢੇਰ ਹੀ ਲੱਗਦੇ ਹਨ। ਇਸ ਤੋਂ ਇਲਾਵਾ ਰੇਹੜੀਆਂ ਸਟਾਲਾਂ ਤੇ ਖਾਣ ਪੀਣ ਦਾ ਸਾਮਾਨ ਵੇਚਣ ਵਾਲੇ ਵੀ ਆਪਣੇ ਵੱਲੋਂ ਵਰਤਿਆ ਜਾਂਦਾ ਡਿਸਪੋਜ਼ੇਬਲ ਸਾਮਾਨ ਇੱਧਰ ਉਧਰ ਸੁੱਟ ਦਿੰਦੇ ਹਨ ਜਿਸ ਕਾਰਨ ਕੂੜੇ ਦੇ ਵੱਡੇ ਢੇਰ ਲੱਗ ਜਾਂਦੇ ਨੇ ਜੋ ਜੋੜ ਮੇਲੇ ਵਿਚ ਪਹੁੰਚੇ ਸ਼ਰਧਾਲੂਆਂ ਲਈ ਮੁਸ਼ਕਿਲ ਖੜੀ ਕਰਦੇ ਹਨ। ਉਨ੍ਹਾਂ ਲੰਗਰ ਲਗਾਉਣ ਵਾਲੀਆਂ ਜਥੇਬੰਦੀਆਂ ਤੇ ਸੇਵਾਦਾਰਾਂ ਨੂੰ ਬੇਨਤੀ ਕਰਦਿਆਂ ਕਿਹਾ ਕਿ ਜਿੱਥੇ ਆਪਾਂ ਲੰਗਰਾਂ ਵਿੱਚ ਇੰਨੀ ਸੇਵਾ ਕਰਦੇ ਹਾਂ ਉਥੇ ਹੀ ਇਸ ਡਿਸਪੋਜ਼ੇਬਲ ਅਤੇ ਬਾਕੀ ਬਚਦੀ ਰਹਿੰਦ ਖੂੰਹਦ ਨੂੰ ਕੂੜੇਦਾਨ ਵਿੱਚ ਹੀ ਪਾਇਆ ਜਾਵੇ। ਸਾਡੇ ਇਨ੍ਹਾਂ ਸੁਹਿਰਦ ਯਤਨਾਂ ਸਦਕਾ ਹੀ ਸਾਡਾ ਸ਼ਹਿਰ ਸਾਫ ਸੁਥਰਾ ਹੋਏਗਾ ਤਾਂ ਹੀ ਦੂਰ ਨੇੜਿਉਂ ਆਉਣ ਵਾਲੀਆਂ ਸੰਗਤਾਂ ਤੇ ਵਧੀਆ ਪ੍ਰਭਾਵ ਪਏਗਾ।

# 'ਖੇਡਾਂ ਵਤਨ ਪੰਜਾਬ-2026 ਦੀਆਂ' ਵਿੱਚ ਹਿੱਸਾ ਲੈਣ ਵਾਲੇ ਖਿਡਾਰੀ ਸਨਮਾਨਿਤ

**ਡੇਰਾ ਬਾਬਾ ਨਾਨਕ (ਰਮੇਸ਼ ਸ਼ਰਮਾ)**- ਪੰਜਾਬ ਸਰਕਾਰ ਵੱਲੋਂ ਸ਼ੁਰੂ ਕੀਤੀਆਂ ਗਈਆਂ 'ਖੇਡਾਂ ਵਤਨ ਪੰਜਾਬ ਦੀਆਂ' ਤਹਿਤ ਅੱਜ ਸ਼ਹੀਦ ਭਗਤ ਸਿੰਘ ਸਟੇਡੀਅਮ ਡੇਰਾ ਬਾਬਾ ਨਾਨਕ ਵਿਖੇ ਬੱਚਿਆਂ ਅਤੇ ਨੌਜਵਾਨਾਂ ਦੇ ਬਲਾਕ ਪੱਧਰੀ ਖੇਡ ਮੁਕਾਬਲਿਆਂ ਵਿੱਚ ਵੱਖ-ਵੱਖ ਵਰਗਾਂ ਦੇ ਖਿਡਾਰੀਆਂ ਵਿਚਕਾਰ ਖੇਡ ਮੁਕਾਬਲੇ ਕਰਵਾਏ ਗਏ।ਖੇਡਾਂ ਦੇ ਆਖਰੀ ਦਿਨ ਖੇਡਾਂ ਵਿੱਚ ਭਾਗ ਲੈਣ ਵਾਲੇ ਖਿਡਾਰੀਆਂ ਨੂੰ ਵਿਸ਼ੇਸ਼ ਤੌਰ 'ਤੇ ਸਨਮਾਨਿਤ ਕੀਤਾ ਗਿਆ।ਇਸ ਮੌਕੇ ਆਮ ਆਦਮੀ ਪਾਰਟੀ ਦੇ ਹਲਕਾ ਵਿਧਾਇਕ ਗੁਰਦੀਪ ਸਿੰਘ ਰੰਧਾਵਾ ਨੇ ਵਿਸ਼ੇਸ਼ ਤੌਰ ਤੇ ਸ਼ਿਰਕਤ ਕੀਤੀ ਅਤੇ ਬਲਾਕ ਪੱਧਰੀ ਖੇਡ ਮੁਕਾਬਲਿਆਂ ਵਿੱਚ ਵੱਖ-ਵੱਖ ਪੁਜ਼ੀਸ਼ਨਾਂ ਹਾਸਲ ਕਰਨ ਵਾਲੇ ਖਿਡਾਰੀਆਂ ਨੂੰ ਸਨਮਾਨਿਤ ਕੀਤਾ ਗਿਆ।ਉਨ੍ਹਾਂ ਕਿਹਾ ਕਿ ਆਉਣ ਵਾਲੇ ਸਮੇਂ ਵਿੱਚ ਪੰਜਾਬ ਦੇਸ਼ ਦਾ ਮੋਹਰੀ ਸੂਬਾ ਬਣ ਕੇ ਉਭਰੇਗਾ।ਖੇਡਾਂ ਦੀ ਮਹੱਤਤਾ ਬਾਰੇ ਗੱਲ ਕਰਦਿਆਂ ਰੰਧਾਵਾ ਨੇ ਕਿਹਾ ਕਿ ਖੇਡਾਂ ਨਾ ਸਿਰਫ ਸਾਨੂੰ ਤੰਦਰੁਸਤ ਰੱਖਦੀਆਂ ਹਨ ਬਲਕਿ ਇਹ ਅਨੁਸ਼ਾਸਨ ਅਤੇ ਜੀਵਨ ਜਾਚ ਵੀ ਸਿਖਾਉਂਦੀਆਂ ਹਨ।ਉਨ੍ਹਾਂ ਨੌਜਵਾਨਾਂ ਨੂੰ ਸੱਦਾ ਦਿੱਤਾ ਕਿ ਉਹ 'ਖੇਡਾਂ ਵਤਨ ਪੰਜਾਬ ਦੀਆਂ' ਨਾਲ ਜੁੜ ਕੇ ਰੰਗਲਾ ਪੰਜਾਬ ਸਿਰਜਣ ਵਿੱਚ ਆਪਣਾ ਯੋਗਦਾਨ ਪਾਉਣ।ਇਸ ਦੌਰਾਨ ਉਨ੍ਹਾਂ ਖਿਡਾਰੀਆਂ ਨਾਲ ਗੱਲਬਾਤ ਕਰਕੇ ਉਨ੍ਹਾਂ ਦੀ ਹੌਸਲਾ ਅਫਜ਼ਾਈ ਕੀਤੀ।ਇਨਾਮ ਵੰਡ ਸਮਾਰੋਹ ਮੌਕੇ ਲੜਕੇ ਅਤੇ ਲੜਕੀਆਂ ਦੇ ਵੱਖ-ਵੱਖ ਵਰਗਾਂ ਦੇ ਅਥਲੈਟਿਕਸ, ਖੋ-ਖੋ ਦੇ ਮੁਕਾਬਲੇ ਕਰਵਾਏ ਗਏ।ਇਸ ਮੌਕੇ ਐੱਸ ਡੀ ਐੱਮ ਲਛਮਣ ਸਿੰਘ, ਐੱਸ. ਐੱਚ ਓ ਅਸ਼ੋਕ ਕੁਮਾਰ ਸ਼ਰਮਾ, ਚੇਅਰਮੈਨ ਬਲਵਿੰਦਰ ਸਿੰਘ ਹੁਰਵਾਲ, ਚੇਅਰਮੈਨ ਰੇਸ਼ਮ ਸਿੰਘ ਪੱਡਾ, ਪੀ ਏ ਲਵਪ੍ਰੀਤ ਸਿੰਘ ਸਮੇਤ ਹੋਰ ਵਿਭਾਗਾਂ ਦੇ ਅਧਿਕਾਰੀ ਤੇ ਵੱਖ-ਵੱਖ ਸਕੂਲਾਂ ਦੇ ਵਿਦਿਆਰਥੀਆਂ ਤੋ ਇਲਾਵਾ ਵੱਡੀ ਗਿਣਤੀ ਵਿੱਚ ਖੇਡ ਪ੍ਰੇਮੀ ਵੀ ਹਾਜ਼ਰ ਸਨ।



# ਸਿੱਧਵਾਂ ਵਿਖੇ ਬਾਬਾ ਸ੍ਰੀ ਚੰਦ ਜੀ ਦਾ ਪ੍ਰਕਾਸ਼ ਦਿਹਾੜਾ 20 ਨੂੰ

**ਬੁਤਾਲਾ (ਨਿਰਮਲ ਸਿੰਘ ਸੰਘਾ)**- ਸ੍ਰੀ ਗੁਰੂ ਨਾਨਕ ਦੇਵ ਜੀ ਦੇ ਵੱਡੇ ਸਪੁੱਤਰ ਬਾਬਾ ਸ੍ਰੀ ਚੰਦ ਜੀ ਮਹਾਰਾਜ ਦਾ 532ਵਾਂ ਪ੍ਰਕਾਸ਼ ਦਿਹਾੜਾ ਪਿੰਡ ਸਿੱਧਵਾਂ ਗੁਰਦੁਆਰਾ ਬਾਬਾ ਸ੍ਰੀ ਚੰਦ ਜੀ ਜ਼ਿਲ੍ਹਾ ਗੁਰਦਾਸਪੁਰ ਵਿਖੇ ਬੜੀ ਸ਼ਰਧਾ ਭਾਵਨਾ ਨਾਲ ਮੌਜੂਦਾ ਗੱਦੀਨਸ਼ੀਨ ਮਹੰਤ ਸ਼ਿਵਚਰਨ ਦਾਸ ਉਦਾਸੀਨ ਅਤੇ ਸਮੂਹ ਸਾਧ-ਸੰਗਤ ਤੇ ਸੇਵਾਦਾਰਾਂ ਦੇ ਸਹਿਯੋਗ ਨਾਲ ਮਨਾਇਆ ਜਾ ਰਿਹਾ ਹੈ।16 ਤਰੀਖ ਨੂੰ ਸ੍ਰੀ ਅਖੰਡ-ਪਾਠ ਸਾਹਿਬ ਜੀ ਦੀ ਲੜੀ ਸ਼ੁਰੂ ਹੋਈ ਜਿਸਦੇ ਭੋਗ 18 ਤਰੀਖ ਨੂੰ ਪੈਣਗੇ।18 ਤਰੀਖ ਨੂੰ ਫਿਰ ਲੜੀ ਸ਼ੁਰੂ ਹੋਵੇਗੀ ਜਿਸਦੇ ਭੋਗ 20 ਸਤੰਬਰ ਦਿਨ ਐਤਵਾਰ 11 ਵਜੇ ਪੈਣਗੇ।ਭੋਗ ਉਪਰੰਤ ਕੀਰਤਨ ਦਰਬਾਰ ਹੋਵੇਗਾ, ਜਿਸ ਵਿੱਚ ਰਾਗੀ, ਢਾਡੀ ਬਾਬਾ ਸ੍ਰੀ ਚੰਦ ਜੀ ਦੇ ਜੀਵਨ ਤੇ ਇਤਿਹਾਸ ਬਾਰੇ ਦੱਸ ਕੇ ਸੰਗਤਾਂ ਨੂੰ ਨਿਹਾਲ ਕਰਨਗੇ ।





ਬਾਬਾ ਪਾਲਾ ਜੀ ਦੀ 8ਵੀਂ ਬਰਸੀ ਨੂੰ ਸਮਰਪਿਤ ਪਿੰਡ ਬੁਤਾਲਾ ਦੇ ਨੌਜਵਾਨਾਂ ਨੇ ਠੰਡੀ-ਮਿੱਠੀ ਸ਼ਰਦਾਈ ਦਾ ਲੰਗਰ ਲਗਾਇਆ।ਇਸ ਮੌਕੇ ਬਾਬਾ ਬਕਾਲਾ ਸਾਹਿਬ ਤੋਂ ਆਏ ਨੌਜਵਾਨ ਅਤੇ ਪਿੰਡ ਬੁਤਾਲਾ ਦੇ ਨੌਜਵਾਨ ਹਾਜ਼ਰ ਸਨ। (ਫੋਟੋ ਤੇ ਤਸਵੀਰ: ਨਿਰਮਲ ਸਿੰਘ ਸੰਘਾ)

# ਮਨੀਸ਼ ਸਿਸੋਦੀਆ ਨਾਲ ਬਲਬੀਰ ਬੋਪਾਰਾਏ ਦੀ ਵਿਸ਼ੇਸ਼ ਮੁਲਾਕਾਤ

**ਚਵਿੰਡਾ ਦੇਵੀ, (ਖੁਸ਼ਹਾਲ ਸੁੰਦਰ)**: ਹਲਕਾ ਮਜੀਠਾ ਮਾਰਕੀਟ ਕਮੇਟੀ ਦੇ ਚੇਅਰਮੈਨ ਬਲਬੀਰ ਸਿੰਘ ਬੋਪਾਰਾਏ ਨੇ ਪੰਜਾਬ ਦੇ ਸਕੱਤਰ ਮਨੀਸ਼ ਸਿਸੋਦੀਆ ਨਾਲ ਵਿਸ਼ੇਸ਼ ਮੁਲਾਕਾਤ ਕੀਤੀ। ਇਸ ਦੌਰਾਨ ਹਲਕਾ ਮਜੀਠਾ ਦੇ ਵਿਕਾਸ ਕਾਰਜਾਂ ਸਬੰਧੀ ਵਿਸਥਾਰ ਨਾਲ ਵਿਚਾਰ-ਵਟਾਂਦਰਾ ਕੀਤਾ ਗਿਆ।ਮੁਲਾਕਾਤ ਦੌਰਾਨ ਮਨੀਸ਼ ਸਿਸੋਦੀਆ ਨੇ ਹਲਕਾ ਮਜੀਠਾ ਦੇ ਇੰਚਾਰਜ ਤਲਬੀਰ ਸਿੰਘ ਗਿੱਲ ਵੱਲੋਂ ਹਲਕੇ ਵਿੱਚ ਕਰਵਾਏ ਜਾ ਰਹੇ ਵਿਕਾਸ ਕਾਰਜਾਂ ਦੀ ਸ਼ਲਾਘਾ ਕੀਤੀ।ਉਨ੍ਹਾਂ ਹਲਕੇ ਵਿੱਚ ਚੱਲ ਰਹੇ ਅਤੇ ਆਉਣ ਵਾਲੇ ਵਿਕਾਸ ਕਾਰਜਾਂ ਬਾਰੇ ਵੀ ਵਿਚਾਰ-ਵਟਾਂਦਰਾ ਕੀਤਾ।ਇਸ ਮੌਕੇ ਬਲਬੀਰ ਸਿੰਘ ਬੋਪਾਰਾਏ ਨੇ ਕਿਹਾ ਕਿ ਹਲਕਾ ਮਜੀਠਾ ਦੇ ਲੋਕਾਂ ਦੀਆਂ ਜ਼ਰੂਰਤਾਂ ਨੂੰ ਮੁੱਖ ਰੱਖਦਿਆਂ ਵਿਕਾਸ ਕਾਰਜਾਂ ਨੂੰ ਹੋਰ ਗਤੀ ਦੇਣ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ।



# ਖੰਡ ਮਿੱਲ ਸੇਰੋਂ ਵਿਖੇ ਲੱਗੇ ਪੱਕੇ ਮੋਰਚੇ ਦੇ 119ਵੇਂ ਦਿਨ ਰੋਹ ਦਾ ਪ੍ਰਗਟਾਵਾ

**ਤਰਨਤਾਰਨ (ਪ੍ਰਿਤਪਾਲ ਸਿੰਘ)**- ਪੰਜਾਬ ਦੀ ਮਾਨ ਸਰਕਾਰ ਵਲੋਂ ਸੇਰੋਂ ਖੰਡ ਮਿੱਲ ਦੀ ਜ਼ਮੀਨ ਦੀ ਮਾਲਕੀ ਤਬਦੀਲ ਕਰਨ ਦੇ ਖਿਲਾਫ ਸੰਯੁਕਤ ਕਿਸਾਨ ਮੋਰਚੇ ਵਿੱਚ ਕੰਮ ਕਰ ਰਹੀਆਂ ਵੱਖ-ਵੱਖ ਕਿਸਾਨ ਜਥੇਬੰਦੀਆਂ ਵੱਲੋਂ 21 ਮਈ ਤੋਂ ਲਗਾਏ ਪੱਕੇ ਮੋਰਚੇ ਦੇ 119ਵੇਂ ਦਿਨ ਬੁੱਧਵਾਰ ਨੂੰ ਕਿਸਾਨ ਆਗੂਆਂ ਨੇ ਮਾਨ ਸਰਕਾਰ ਦੀਆਂ ਲੋਕ ਵਿਰੋਧੀ ਨੀਤੀਆਂ ਖਿਲਾਫ ਆਪਣੇ ਰੋਹ ਦਾ ਪ੍ਰਗਟਾਵਾ ਕੀਤਾ। ਇਸ ਮੌਕੇ ਹਾਜ਼ਰ ਕਿਸਾਨ ਆਗੂਆਂ ਹਰਜਿੰਦਰ ਸਿੰਘ ਟਾਂਡਾ, ਨਛੱਤਰ ਸਿੰਘ ਪੰਨੂ, ਤਰਸੇਮ ਸਿੰਘ ਲੁਹਾਰ, ਡਾਕਟਰ ਇੰਦਰਜੀਤ ਸਿੰਘ ਮਰਹਾਣਾ, ਮਾਸਟਰ ਦਲਜੀਤ ਸਿੰਘ ਦਿਆਲਪੁਰਾ, ਗੁਰਪ੍ਰੀਤ ਸਿੰਘ ਗੰਡੀਵਿੰਡ ਆਦਿ ਨੇ ਕਿਹਾ ਕਿ ਸੂਬੇ ਦੀ ਭਗਵੰਤ ਮਾਨ ਸਰਕਾਰ 2022 ਤੋਂ ਬਾਅਦ 2027 ਵਿੱਚ ਫਿਰ ਵਿਧਾਨ ਸਭਾ ਦੀਆਂ ਚੋਣਾਂ ਵਿੱਚ ਮੁੜ ਤੋਂ ਰਾਜ ਭਾਗ ਬਰਕਰਾਰ ਰੱਖਣ ਲਈ ਪੰਜਾਬ ਨੂੰ ਕਰਜ਼ੇ ਦੇ ਮੱਕੜ ਜਾਲ ਵਿੱਚ ਫਸਾਉਂਦੀ ਜਾ ਰਹੀ ਹੈ ਜਦਕਿ ਖੇਤੀ ਪ੍ਰਧਾਨ ਸੂਬਾ ਪੰਜਾਬ ਪਹਿਲਾਂ ਹੀ ਰਵਾਇਤੀ ਰਾਜਨੀਤਕ ਪਾਰਟੀਆਂ ਦੇ ਆਗੂਆਂ ਨੇ ਗਲਤ ਨੀਤੀਆਂ ਲਾਗੂ ਕਰਕੇ ਬਲਦੀ ਦੇ ਬੁੱਥੇ ਦੇ ਦੇ ਦਿੱਤਾ ਹੈ।ਸਰਕਾਰ ਕੰਧ 'ਤੇ ਲਿਖਿਆ ਪੜ੍ਹਨ ਦੀ ਜਗ੍ਹਾ ਝੂਠ ਦੇ ਮਹਿਲ ਉਸਾਰ ਕੇ ਪੰਜਾਬ ਦੇ ਅਸਲ ਮੁੱਦਿਆਂ ਤੇ ਮਿੱਟੀ ਪਾ ਕੇ ਸਰਕਾਰੀ ਜਾਂ ਸਹਿਕਾਰੀ ਅਦਾਰਿਆਂ ਦੀਆਂ ਜ਼ਮੀਨਾਂ ਵੇਚ ਕੇ ਪੰਜਾਬ ਨੂੰ ਕੰਗਾਲ ਕਰ ਰਹੀ ਹੈ ।ਇਸ ਮੌਕੇ ਹੋਰਨਾਂ ਤੋਂ ਇਲਾਵਾ ਬਾਬਾ ਮਹਿੰਦਰ ਸਿੰਘ ਵੇਈਂਪੂਈਂ, ਮੁਖਤਾਰ ਸਿੰਘ ਮੱਲਾ, ਸੁਖਦੇਵ ਸਿੰਘ ਤੁੜ, ਰੇਸ਼ਮ ਸਿੰਘ ਫੈਲੋਕੇ, ਮੇਘ ਸਿੰਘ ਬਸੰਬਰਪੁਰ, ਵੀਰ ਸਿੰਘ ਮਾਨੋਚਾਹਲ, ਬਲਦੇਵ ਸਿੰਘ ਪੰਡੋਰੀ, ਨਿਰਮਲ ਸਿੰਘ ਉਸਮਾ, ਗੁਰਵਿੰਦਰ ਸਿੰਘ ਠੱਠੀਆਂ ਮਹੰਤਾਂ , ਬਲਵਿੰਦਰ ਸਿੰਘ ਮੁੰਡਾਪਿੰਡ, ਜਸਬੀਰ ਸਿੰਘ ਨਿੱਝਰ, ਮਨਜੀਤ ਸਿੰਘ ਬੱਗੂ, ਮਹੀਪਾਲ ਸਿੰਘ ਠੱਠੀਆਂ ਮਹੰਤਾਂ, ਸੁਖਜੀਤ ਸਿੰਘ ਬਿੱਲਾ ਲੁਹਾਰ ਆਦਿ ਨੇ ਮਾਨ ਸਰਕਾਰ ਨੂੰ ਚੇਤਾਵਨੀ ਭਰੇ ਲਹਿਜੇ ਵਿੱਚ ਕਿਹਾ ਕਿ ਤੁਰੰਤ ਖੰਡ ਮਿੱਲ ਚਾਲੂ ਕੀਤੀ ਜਾਵੇ।



# ਫਾਸਟਵੇ ਕੇਬਲ ਦਾ ਪ੍ਰਤੀ ਮਹੀਨਾ ਕਿਰਾਇਆ ਜ਼ਿਆਦਾ ਤੇ ਚੈਨਲ ਘੱਟ ਹੋਣ ਕਰਕੇ ਲੋਕ ਪ੍ਰੇਸ਼ਾਨ

**ਗੁਰਦਾਸਪੁਰ, (ਜਨਕ ਮਹਾਜਨ)**- ਪੰਜਾਬ ਵਿਚ 90 ਫੀਸਦੀ ਘਰਾਂ ਵਿੱਚ ਫਾਸਟ ਵੇ ਚੈਨਲ ਚੱਲ ਰਹੇ ਹਨ ਅਤੇ ਇਸ ਦਾ ਕਿਰਾਇਆ ਵੀ ਲਗਭਗ 400 ਰੁਪਏ ਪ੍ਰਤੀ ਮਹੀਨਾ ਹੈ ਜਦਕਿ ਪਿਛਲੀ ਕਾਂਗਰਸ ਸਰਕਾਰ ਵੱਲੋਂ ਲੋਕਾਂ ਨਾਲ ਵਾਅਦਾ ਕੀਤਾ ਗਿਆ ਸੀ ਕਿ ਕਿਰਾਏ ਦੇ ਰੇਟ ਘਟਾਏ ਜਾਣਗੇ ਪਰ ਹੋਇਆ ਕੁਝ ਵੀ ਨਹੀਂ ਬਲਕਿ ਦੂਸਰੀਆਂ ਕੰਪਨੀਆਂ ਨਾਲੋਂ ਵੀ ਘੱਟ ਸਹੂਲਤਾਂ ਮਿਲ ਰਹੀਆਂ ਹਨ। ਗੱਲ ਕਰੀਏ ਇਸ ਫਸਟ ਵੇ ਚੈਨਲ 'ਤੇ ਖਬਰਾਂ ਬਾਰੇ ਤਾਂ ਪੰਜਾਬੀ ਖਬਰਾਂ ਨੂੰ ਲੈ ਕੇ ਪੰਜਾਬ ਦੇ ਕੁਝ ਹੀ ਜ਼ਿਲ੍ਹਿਆਂ ਜਿਵੇਂ ਅੰਮ੍ਰਿਤਸਰ, ਜਲੰਧਰ, ਲੁਧਿਆਣਾ, ਬਠਿੰਡਾ, ਚੰਡੀਗੜ੍ਹ ਆਦਿ ਸ਼ਹਿਰਾਂ ਦੀਆਂ ਖਬਰਾਂ ਨਸ਼ਰ ਕਰਦੇ ਹਨ ਜਦਕਿ ਗੁਰਦਾਸਪੁਰ ਵਰਗੇ ਸ਼ਹਿਰ ਦੇ ਜ਼ਿਲ੍ਹੇ ਹੈੱਡ ਕੁਆਰਟਰ ਹੋਣ ਦੇ ਬਾਵਜੂਦ ਇਸ ਜ਼ਿਲ੍ਹੇ ਦੀ ਕੋਈ ਪੁੱਛਗਿੱਛ ਨਹੀਂ ਹੈ ਅਤੇ ਇਸ ਜ਼ਿਲ੍ਹੇ ਵਿੱਚ ਆਏ ਦਿਨ ਨਸ਼ਿਆਂ ਦੀ ਬਰਾਮਦਗੀ ਅਤੇ ਗੈਂਗਸਟਰਾਂ ਦੀਆਂ ਗ੍ਰਿਫਤਾਰੀਆਂ ਆ ਰਹੀਆਂ ਹੁੰਦੀਆਂ ਰਹਿੰਦੀਆਂ ਹਨ ਪਰ ਫਾਸਟਵੇ ਵੱਲੋਂ ਇਸ ਜ਼ਿਲ੍ਹੇ ਦੀਆਂ ਖਬਰਾਂ ਨਹੀਂ ਦਿਖਾਈਆਂ ਜਾਂਦੀਆਂ। ਵਰਨਣਯੋਗ ਹੈ ਕਿ ਮਾਰਕੀਟ ਵਿੱਚ ਫਾਸਟਵੇ ਤੋਂ ਇਲਾਵਾ ਹੋਰ ਵੀ ਕਈ ਕੰਪਨੀਆਂ ਦੀਆਂ ਡਿਸ਼ਾਂ ਲੋਕਾਂ ਨੇ ਆਪਣੇ ਘਰਾਂ ਵਿੱਚ ਲਗਾਈਆਂ ਹਨ। ਖਾਸ ਕਰਕੇ ਦਿਹਾਤੀ ਖੇਤਰ ਵਿੱਚ ਪ੍ਰਾਈਵੇਟ ਕੰਪਨੀਆਂ ਦੀਆਂ ਜ਼ਿਆਦਾਤਰ ਡਿਸ਼ਾਂ ਲੋਕਾਂ ਨੇ ਲਗਵਾਈਆਂ ਹਨ ਪਰ ਸ਼ਹਿਰੀ ਖੇਤਰ ਵਿਚ 90 ਫੀਸਦੀ ਲੋਕਾਂ ਦੇ ਘਰਾਂ ਵਿਚ ਫਾਸਟਵੇ ਦੀਆਂ ਕੇਬਲਾਂ ਲੱਗੀਆਂ ਹੋਈਆਂ ਹਨ ਜਿਸ ਕਾਰਨ ਇਹ ਆਪਣੀ ਮਨ ਮਰਜ਼ੀ ਕਰਦੀ ਹੈ।

ਇਸ 'ਤੇ ਖਬਰਾਂ ਵਾਲੇ ਚੈਨਲਾਂ ਵੀ ਬਾਕੀ ਡਿਸ਼ ਕੰਪਨੀਆਂ ਨਾਲੋਂ ਘੱਟ ਹਨ ਅਤੇ ਕਿਰਾਇਆ ਵੀ ਮਨਮਾਨੀ ਨਾਲ ਵਸੂਲ ਰਹੇ ਹਨ। ਪੰਜਾਬ ਦੇ ਲੋਕਾਂ ਦੀ ਮੰਗ ਹੈ ਕਿ ਫਾਸਟਵੇ 'ਤੇ ਖਬਰਾਂ ਕੁਝ ਸ਼ਹਿਰਾਂ ਤੋਂ ਇਲਾਵਾ ਗੁਰਦਾਸਪੁਰ, ਪਠਾਨਕੋਟ, ਫਿਰੋਜ਼ਪੁਰ ਆਦਿ ਜ਼ਿਲ੍ਹੇ ਦੀਆਂ ਖਬਰਾਂ ਵੀ ਸਪੈਸ਼ਲ ਚੈਨਲਾਂ ਰਾਹੀਂ ਨਸ਼ਰ ਕਰਵਾਈਆਂ ਜਾਣ ਜਿਸ ਨਾਲ ਲੋਕਾਂ ਨੂੰ ਆਪਣੇ ਸ਼ਹਿਰ ਦੀ ਵੱਧ ਤੋਂ ਵੱਧ ਜਾਣਕਾਰੀ ਮਿਲ ਸਕੇ। ਪੰਜਾਬ ਦੇ ਲੋਕਾਂ ਦੀ ਇਹ ਵੀ ਮੰਗ ਹੈ ਕਿ ਫਾਸਟਵੇ ਕੇਬਲ ਦੇ ਕਿਰਾਏ ਵੀ ਘਟਾਏ ਜਾਣ ਜਿਸ ਨਾਲ ਗਰੀਬ ਅਤੇ ਮਿਡਲ ਦਫਤਰ ਦੇ ਲੋਕਾ ਨੂੰ ਰਾਹਤ ਮਿਲ ਸਕੇ।

# ਨਸ਼ੇ ਦੀਆਂ ਗੋਲੀਆਂ ਸਮੇਤ ਕਾਬੂ

**ਨਵਾਂਸ਼ਹਿਰ (ਮਨੋਜ ਲਾਡੀ)**- ਥਾਣਾ ਸਿਟੀ ਨਵਾਂਸ਼ਹਿਰ ਦੀ ਪੁਲਸ ਵਲੋਂ 20 ਨਸ਼ੇ ਦੀਆਂ ਗੋਲੀਆਂ ਸਮੇਤ ਇਕ ਵਿਅਕਤੀ ਨੂੰ ਕਾਬੂ ਕੀਤਾ ਗਿਆ।ਦਰਜ ਕੀਤੇ ਮਾਮਲੇ ਅਨੁਸਾਰ ਏ ਐੱਸ ਆਈ ਰਵੀ ਕੁਮਾਰ ਨੇ ਦੱਸਿਆ ਕਿ ਸਮੇਤ ਪੁਲਸ ਪਾਰਟੀ ਦੇ ਨਵਾਂਸ਼ਹਿਰ ਤੋਂ ਮਹਿੰਦੀਪੁਰ ਬਾਈਪਾਸ ਤੋਂ ਹੋ ਕੇ ਕੱਲਰਾਂ ਮੁਹੱਲਾ ਸਾਈਡ ਨੂੰ ਜਾ ਰਹੇ ਸੀ, ਜਦੋਂ ਪੁਲਸ ਪਾਰਟੀ ਦੀ ਗੱਡੀ ਕੱਲਰਾਂ ਮੁਹੱਲਾ ਪਾਸ ਪੁਲੀ ਕੋਲ ਪੁੱਜੀ ਤਾਂ ਪੁਲੀ 'ਤੇ ਸੜਕ ਕਿਨਾਰੇ ਇੱਕ ਨੌਜਵਾਨ ਖੜ੍ਹਾ ਦਿਖਾਈ ਦਿੱਤਾ। ਜਿਸ ਨੇ ਅਚਾਨਕ ਪੁਲਸ ਪਾਰਟੀ ਦੀ ਗੱਡੀ ਆਪਣੇ ਵੱਲ ਆਉਂਦੀ ਦੇਖ ਕੇ ਇਕਦਮ ਘਬਰਾ ਕੇ ਆਪਣੇ ਸੱਜੇ ਹੱਥ ਵਿੱਚ ਫੜੀ ਇੱਕ ਪਾਰਦਰਸ਼ੀ ਮੋਮੀ ਲਿਫਾਫੀ ਸੜਕ ਕਿਨਾਰੇ ਸੁੱਟ ਦਿੱਤੀ ਅਤੇ ਆਪ ਪਿੱਛੇ ਨੂੰ ਭੱਜਣ ਲੱਗਾ ਤਾਂ ਕਾਬੂ ਕਰ ਕੇ ਨਾਮ ਪਤਾ ਪੁੱਛਿਆ।ਜਿਸ ਨੇ ਆਪਣਾ ਨਾਮ ਵਕੀਲ ਪਾਸਵਾਨ ਪੁੱਤਰ ਸ਼ਿਵਾਲਿਕ ਪਾਸਵਾਨ ਪੁੱਤਰ ਵਾਸੀ ਡਾਕਖਾਨਾ ਗੋਸੂਪਰ ਪਿੰਡ ਬਰਿਆਰਪੁਰ ਬਜ਼ੁਰਗ ਜ਼ਿਲ੍ਹਾ ਵੈਸ਼ਾਲੀ ਬਿਹਾਰ ਹਾਲ ਵਾਸੀ ਗੁਰੂ ਨਾਨਕ ਨਗਰ ਗਲੀ ਨੰਬਰ 3 ਨਵਾਂਸ਼ਹਿਰ ਦੱਸਿਆ। ਏ ਐੱਸ ਆਈ ਰਵੀ ਕੁਮਾਰ ਨੇ ਉਸ ਵੱਲੋਂ ਹੇਠਾਂ ਸੁੱਟੀ ਗਈ ਲਿਫਾਫੀ ਨੂੰ ਚੁੱਕ ਕੇ ਦੇਖਿਆ, ਜਿਸ ਵਿਚੋਂ 2 ਪੱਤੇ ਨਸ਼ੇ ਦੀਆਂ ਗੋਲੀਆਂ ਕੁੱਲ 20 ਗੋਲੀਆਂ ਬਰਾਮਦ ਕਰ ਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਹੈ।

# ਬਿਜਲੀ ਕੱਟ ਖ਼ਿਲਾਫ਼ ਅਕਾਲੀ ਦਲ ਨੇ ਦਿੱਤਾ ਧਰਨਾ

**ਗੁਰਾਇਆ (ਬਿੰਦਰ ਸੁਮਨ)**- ਸ਼੍ਰੋਮਣੀ ਅਕਾਲੀ ਦਲ ਦੇ ਪ੍ਰਧਾਨ ਸੁਖਬੀਰ ਸਿੰਘ ਬਾਦਲ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ, ਹਲਕਾ ਫਿਲੌਰ ਵੱਲੋਂ ਪੰਜਾਬ ਵਿੱਚ ਬਣੇ ਗੰਭੀਰ ਬਿਜਲੀ ਸੰਕਟ ਖ਼ਿਲਾਫ਼ ਐਕਸੀਅਨ ਦਫ਼ਤਰ ਗੁਰਾਇਆ ਵਿਖੇ ਰੋਸ ਧਰਨਾ ਦਿੱਤਾ ਗਿਆ।ਇਸ ਧਰਨੇ ਵਿੱਚ ਹਲਕੇ ਦੇ ਵੱਖ-ਵੱਖ ਪਿੰਡਾਂ ਵਿੱਚੋਂ ਵੱਡੀ ਗਿਣਤੀ ਵਿੱਚ ਲੋਕਾਂ ਨੇ ਸ਼ਮੂਲੀਅਤ ਕਰਕੇ ਸਰਕਾਰ ਖ਼ਿਲਾਫ਼ ਆਪਣਾ ਰੋਸ ਪ੍ਰਗਟ ਕੀਤਾ।ਇਸ ਮੌਕੇ ਸੀਨੀਅਰ ਅਕਾਲੀ ਆਗੂ ਜਥੇਦਾਰ ਹਰਜਿੰਦਰ ਸਿੰਘ ਲੱਲੀਆਂ ਸਾਬਕਾ ਐੱਸ ਜੀ ਪੀ ਸੀ ਮੈਂਬਰ, ਜਥੇਦਾਰ ਚੂਹੜ ਸਿੰਘ ਜਨਰਲ ਸਕੱਤਰ ਪੰਜਾਬ, ਜਸਵੀਰ ਸਿੰਘ ਸਾਬਕਾ ਚੇਅਰਮੈਨ ਰੁੜਕਾ ਖ਼ੁਰਦ ਅਤੇ ਮੈਂਬਰ ਪੀ ਏ ਸੀ ਕਮੇਟੀ, ਬਲਵਿੰਦਰ ਸਿੰਘ ਗੜ੍ਹੀ ਮਹਾਸਿੰਘ, ਸੰਤੋਖ ਸਿੰਘ ਘਾਰੂ ਜੀ (ਬੁੰਡਾਲਾ)-ਮੈਂਬਰ ਜਨਰਲ ਕੌਂਸਲ ਪੰਜਾਬ, ਸੁਲੱਖਣ ਸਿੰਘ (ਰਾਏਪੁਰ ਅਰਾਈਆਂ)-ਮੈਂਬਰ ਜਨਰਲ ਕੌਂਸਲ ਪੰਜਾਬ, ਕੁਲਦੀਪ ਸਿੰਘ ਜੌਹਲ (ਅੱਪਰਾ)-ਮੈਂਬਰ ਜਨਰਲ ਕੌਂਸਲ ਪੰਜਾਬ, ਚੂਹੜ ਸਿੰਘ (ਬੜਾ ਪਿੰਡ)-ਮੈਂਬਰ ਜਨਰਲ ਕੌਂਸਲ ਪੰਜਾਬ, ਕੁਲਦੀਪ ਸਿੰਘ ਬਾਜਵਾ ਢੱਕ ਮਜ਼ਾਰਾ, ਪ੍ਰਿੰਸੀਪਲ ਰਾਮਤੀਰਥ ਸਿੰਘ ਕੋਟ ਗਰੇਵਾਲ, ਜਸਵਿੰਦਰ ਸਿੰਘ ਕਾਲਾ-ਬਲਾਕ ਸੰਮਤੀ ਮੈਂਬਰ ਤੇ ਹਲਕਾ ਐੱਸ ਸੀ ਵਿੰਗ ਪ੍ਰਧਾਨ, ਜਗਜੀਤ ਸਿੰਘ ਮੰਗਾ-ਹਲਕਾ ਬੀ ਸੀ ਵਿੰਗ ਪ੍ਰਧਾਨ, ਅਮਨਿੰਦਰ ਸਿੰਘ ਤੱਗਰ-ਹਲਕਾ ਯੂਥ ਵਿੰਗ ਪ੍ਰਧਾਨ, ਵਿਕਾਸ ਸ਼ਰਮਾ-ਹਲਕਾ ਟ੍ਰੇਡਿੰਗ ਵਿੰਗ ਪ੍ਰਧਾਨ, ਪ੍ਰਦੀਪ ਚੰਦ-ਹਲਕਾ ਕ੍ਰਿਸਟੀਨ ਵਿੰਗ ਪ੍ਰਧਾਨ, ਕੁਲਵਿੰਦਰ ਸਿੰਘ ਸੰਧੂ-ਸਰਕਲ ਪ੍ਰਧਾਨ ਗੋਰਾਇਆ ਸਿਟੀ, ਜਸਵਿੰਦਰ ਸਿੰਘ ਵਿਕੀ-ਸਰਕਲ ਪ੍ਰਧਾਨ ਗੋਰਾਇਆ ਦਿਹਾਤੀ, ਭੁਵਨੇਸ਼ ਸ਼ਰਮਾ-ਸਰਕਲ ਪ੍ਰਧਾਨ ਫਿਲੌਰ ਸਿਟੀ, ਮਨਜੀਤ ਸਿੰਘ ਬਿੱਲਾ-ਸਰਕਲ ਪ੍ਰਧਾਨ ਫਿਲੌਰ ਦਿਹਾਤੀ, ਮਲਕੀਤ ਸਿੰਘ-ਸਰਕਲ ਪ੍ਰਧਾਨ ਮੌ ਸਾਹਿਬ, ਸੁਖਦੀਪ ਸਿੰਘ ਸੁੱਖਾ-ਸਰਕਲ ਪ੍ਰਧਾਨ ਬੁੰਡਾਲਾ, ਦਲਜੀਤ ਸਿੰਘ ਜੀਤਾ-ਸਰਕਲ ਪ੍ਰਧਾਨ ਰੁੜਕਾ ਕਲਾਂ, ਅਮਰਜੀਤ ਸਿੰਘ ਢੇਸੀ- ਸਰਕਲ ਪ੍ਰਧਾਨ ਸੰਘ ਢੇਸੀਆਂ, ਬਹਾਦਰ ਸਿੰਘ-ਸਰਕਲ ਪ੍ਰਧਾਨ ਵਿਰਕਾਂ, ਅਮਰਜੀਤ ਸਿੰਘ ਕਟਾਨਾ-ਸਰਕਲ ਪ੍ਰਧਾਨ ਧੁਲੇਤਾ, ਹਰਜਿੰਦਰ ਸਿੰਘ ਖਾਨਪੁਰ-ਸਰਕਲ ਪ੍ਰਧਾਨ ਅਪਰਾ, ਅਜੀਤ ਸਿੰਘ ਲਸਾੜਾ-ਸਰਕਲ ਪ੍ਰਧਾਨ ਲਸਾੜਾ, ਜਤਿੰਦਰਪਾਲ ਸਿੰਘ-ਸਰਕਲ ਪ੍ਰਧਾਨ ਨਗਰ ਹਾਜ਼ਰ ਸਨ। ਐਕਸੀਅਨ ਨੂੰ ਹੇਠ ਲਿਖੀਆਂ ਮੰਗਾਂ ਦਾ ਮੰਗ ਪੱਤਰ ਸੌਂਪਿਆ ਗਿਆ, ਇਲਾਕੇ ਵਿੱਚ ਲੱਗ ਰਹੇ ਵਾਰ-ਵਾਰ ਅਤੇ ਲੰਬੇ ਬਿਜਲੀ ਕੱਟਾਂ ਨੂੰ ਤੁਰੰਤ ਘਟਾਇਆ ਜਾਵੇ। ਜੇਕਰ ਕਿਸੇ ਕਾਰਨ ਕਰਕੇ ਬਿਜਲੀ ਬੰਦ ਕਰਨੀ ਜ਼ਰੂਰੀ ਹੋਵੇ ਤਾਂ ਪਹਿਲਾਂ ਤੋਂ ਸੂਚਨਾ ਦਿੱਤੀ ਜਾਵੇ। ਖ਼ਰਾਬ ਟਰਾਂਸਫਾਰਮਰ, ਤਾਰਾਂ ਅਤੇ ਹੋਰ ਤਕਨੀਕੀ ਸਮੱਸਿਆਵਾਂ ਨੂੰ ਤੁਰੰਤ ਠੀਕ ਕੀਤਾ ਜਾਵੇ। ਘੱਟ ਵੋਲਟੇਜ ਅਤੇ ਵਾਰ-ਵਾਰ ਟ੍ਰਿਪਿੰਗ ਦੀ ਸਮੱਸਿਆ ਦਾ ਸਥਾਈ ਹੱਲ ਕੀਤਾ ਜਾਵੇ।ਬਿਜਲੀ ਸਪਲਾਈ ਨੂੰ ਸੁਚਾਰੂ ਬਣਾਉਣ ਲਈ ਲੋੜੀਂਦੇ ਨਵੇਂ ਟਰਾਂਸਫਾਰਮਰ/ਲਾਈਨਾਂ ਦੀ ਵਿਵਸਥਾ ਕੀਤੀ ਜਾਵੇ। ਬਿਜਲੀ ਦੀਆਂ ਸ਼ਿਕਾਇਤਾਂ ਦਾ ਨਿਪਟਾਰਾ ਕਰਨ ਲਈ ਸਬੰਧਤ ਸਟਾਫ਼ ਨੂੰ ਤੁਰੰਤ ਕਾਰਵਾਈ ਦੇ ਨਿਰਦੇਸ਼ ਦਿੱਤੇ ਜਾਣ।



# ਖਾਲਸਾ ਏਡ ਵੱਲੋਂ ਗੁਰਦੁਆਰਾ ਬੁੱਢਾ ਜੋੜ ਸਾਹਿਬ ਵਿਖੇ ਜਲ ਸੇਵਾ ਨਿਭਾਈ

**ਜਲੰਧਰ (ਨ ਜ਼ ਸ)**- ਖਾਲਸਾ ਏਡ ਵੱਲੋਂ ਰਾਜਸਥਾਨ ਸਥਿਤ ਇਤਿਹਾਸਕ ਗੁਰਦੁਆਰਾ ਬੁੱਢਾ ਜੋੜ ਸਾਹਿਬ ਵਿਖੇ ਸ਼ਹੀਦ ਬਾਬਾ ਸੁੱਖਾ ਸਿੰਘ ਜੀ ਅਤੇ ਬਾਬਾ ਮਹਿਤਾਬ ਸਿੰਘ ਜੀ ਦੀ ਸਾਲਾਨਾ ਬਰਸੀ ਮੌਕੇ ਜਲ ਸੇਵਾ ਨਿਭਾਈ ਗਈ। ਇਸ ਮੌਕੇ ਖਾਲਸਾ ਏਡ ਦੇ ਸੇਵਾਦਾਰਾਂ ਵੱਲੋਂ ਗੁਰਦੁਆਰਾ ਸਾਹਿਬ ਵਿਖੇ ਨਤਮਸਤਕ ਹੋਣ ਲਈ ਪਹੁੰਚੀ ਸੰਗਤ ਅਤੇ ਬਰਸੀ ਸਮਾਗਮ ਵਿੱਚ ਸ਼ਾਮਲ ਸ਼ਰਧਾਲੂਆਂ ਲਈ ਜਲ ਦੀ ਸੇਵਾ ਕੀਤੀ ਗਈ।ਗੁਰਦੁਆਰਾ ਬੁੱਢਾ ਜੋੜ ਸਾਹਿਬ ਸਿੱਖ ਇਤਿਹਾਸ ਦਾ ਇੱਕ ਮਹੱਤਵਪੂਰਨ ਅਤੇ ਇਤਿਹਾਸਕ ਅਸਥਾਨ ਹੈ। ਇਹ ਪਵਿੱਤਰ ਅਸਥਾਨ ਸ਼ਹੀਦ ਬਾਬਾ ਸੁੱਖਾ ਸਿੰਘ ਅਤੇ ਬਾਬਾ ਮਹਿਤਾਬ ਸਿੰਘ ਦੀ ਲਾਸਾਨੀ ਸੂਰਬੀਰਤਾ ਨਾਲ ਜੁੜਿਆ ਹੋਇਆ ਹੈ। ਸਿੱਖ ਇਤਿਹਾਸ ਵਿੱਚ ਦਰਜ ਹੈ ਕਿ ਦੋਵੇਂ ਸੂਰਬੀਰਾਂ ਨੇ ਮੱਸਾ ਰੰਗੜ ਦਾ ਸਿਰ ਵੱਢ ਕੇ ਉਸ ਨੂੰ ਇੱਥੇ ਲਿਆਂਦਾ ਸੀ। ਇਸ ਕਰਕੇ ਇਹ ਅਸਥਾਨ ਸਿੱਖ ਕੌਮ ਲਈ ਵਿਸ਼ੇਸ਼ ਸ਼ਰਧਾ ਅਤੇ ਇਤਿਹਾਸਕ ਮਹੱਤਵ ਰੱਖਦਾ ਹੈ।ਸ਼ਹੀਦ ਬਾਬਾ ਸੁੱਖਾ ਸਿੰਘ ਅਤੇ ਬਾਬਾ ਮਹਿਤਾਬ ਸਿੰਘ ਨੇ ਧਰਮ ਅਤੇ ਸਿੱਖੀ ਦੀ ਆਨ-ਸ਼ਾਨ ਲਈ ਆਪਣਾ ਜੀਵਨ ਸਮਰਪਿਤ ਕੀਤਾ। ਉਨ੍ਹਾਂ ਦੀ ਬਹਾਦਰੀ, ਦਲੇਰੀ ਅਤੇ ਕੁਰਬਾਨੀ ਸਿੱਖ ਇਤਿਹਾਸ ਵਿੱਚ ਹਮੇਸ਼ਾ ਪ੍ਰੇਰਨਾ ਦਾ ਸਰੋਤ ਰਹੀ ਹੈ। ਹਰ ਸਾਲ ਬਰਸੀ ਮੌਕੇ ਵੱਡੀ ਗਿਣਤੀ ਵਿੱਚ ਸੰਗਤ ਗੁਰਦੁਆਰਾ ਸਾਹਿਬ ਵਿਖੇ ਪਹੁੰਚ ਕੇ ਸ਼ਹੀਦਾਂ ਨੂੰ ਸ਼ਰਧਾ ਦੇ ਫੁੱਲ ਭੇਟ ਕਰਦੀ ਹੈ ਅਤੇ ਉਨ੍ਹਾਂ ਦੀ ਮਹਾਨ ਕੁਰਬਾਨੀ ਨੂੰ ਯਾਦ ਕਰਦੀ ਹੈ

ਖਾਲਸਾ ਏਡ ਵੱਲੋਂ ਸ਼ਹੀਦਾਂ ਦੀ ਯਾਦ ਅਤੇ ਸੰਗਤ ਪ੍ਰਤੀ ਸੇਵਾ ਭਾਵਨਾ ਨੂੰ ਸਮਰਪਿਤ ਕਰਦਿਆਂ ਇਸ ਪਵਿੱਤਰ ਅਸਥਾਨ 'ਤੇ ਜਲ ਸੇਵਾ ਨਿਭਾਈ ਗਈ। ਖਾਲਸਾ ਏਡ ਦੇ ਸੇਵਾਦਾਰਾਂ ਵੱਲੋਂ ਜਿੱਥੇ ਦੁਨੀਆ ਭਰ ਵਿੱਚ ਲੋੜਵੰਦਾਂ ਦੀ ਮਦਦ ਕੀਤੀ ਜਾਂਦੀ ਹੈ, ਉੱਥੇ ਧਾਰਮਿਕ ਅਤੇ ਇਤਿਹਾਸਕ ਅਸਥਾਨਾਂ 'ਤੇ ਸੰਗਤ ਦੀ ਸੇਵਾ ਵੀ ਨਿਰੰਤਰ ਕੀਤੀ ਜਾ ਰਹੀ ਹੈ। ਇਹ ਸੇਵਾ ਨਿਸ਼ਕਾਮ ਸੇਵਾ, ਮਨੁੱਖਤਾ ਅਤੇ ਗੁਰੂ ਸਾਹਿਬ ਦੀਆਂ ਸਿੱਖਿਆਵਾਂ ਪ੍ਰਤੀ ਸਮਰਪਣ ਦੀ ਭਾਵਨਾ ਨੂੰ ਦਰਸਾਉਂਦੀ ਹੈ। ਬਰਸੀ ਮੌਕੇ ਨਿਭਾਈ ਗਈ ਇਸ ਜਲ ਸੇਵਾ ਦੌਰਾਨ ਸੇਵਾਦਾਰਾਂ ਨੇ ਸੰਗਤ ਦੀ ਸਹੂਲਤ ਦਾ ਵਿਸ਼ੇਸ਼ ਧਿਆਨ ਰੱਖਿਆ। ਸੰਗਤ ਵੱਲੋਂ ਖਾਲਸਾ ਏਡ ਦੇ ਇਸ ਉਪਰਾਲੇ ਦੀ ਸ਼ਲਾਘਾ ਕਰਦਿਆਂ ਕਿਹਾ ਗਿਆ ਕਿ ਸ਼ਹੀਦਾਂ ਦੀ ਯਾਦ ਵਿੱਚ ਕੀਤੀ ਜਾ ਰਹੀ ਅਜਿਹੀ ਸੇਵਾ ਨਵੀਂ ਪੀੜ੍ਹੀ ਨੂੰ ਸਿੱਖ ਇਤਿਹਾਸ, ਸੂਰਬੀਰਤਾ ਅਤੇ ਨਿਸ਼ਕਾਮ ਸੇਵਾ ਨਾਲ ਜੋੜਨ ਦਾ ਉਪਰਾਲਾ ਹੈ। ਖਾਲਸਾ ਏਡ ਦੇ ਮੈਂਬਰ ਲਖਵੀਰ ਸਿੰਘ ਰਿੰਪਾ ਨੇ ਦੱਸਿਆ ਕਿ ਸ਼ਹੀਦ ਬਾਬਾ ਸੁੱਖਾ ਸਿੰਘ ਜੀ ਅਤੇ ਬਾਬਾ ਮਹਿਤਾਬ ਸਿੰਘ ਜੀ ਦੀ ਮਹਾਨ ਕੁਰਬਾਨੀ ਸਿੱਖ ਕੌਮ ਲਈ ਸਦਾ ਪ੍ਰੇਰਨਾ ਦਾ ਸਰੋਤ ਰਹੇਗੀ। ਉਨ੍ਹਾਂ ਕਿਹਾ ਕਿ ਸ਼ਹੀਦਾਂ ਦੀ ਯਾਦ ਵਿੱਚ ਗੁਰਦੁਆਰਾ ਸਾਹਿਬ ਵਿਖੇ ਪਹੁੰਚ ਰਹੀ ਸੰਗਤ ਦੀ ਸੇਵਾ ਕਰਨਾ ਖਾਲਸਾ ਏਡ ਲਈ ਮਾਣ ਵਾਲੀ ਗੱਲ ਹੈ। ਖਾਲਸਾ ਏਡ ਵੱਲੋਂ ਮਨੁੱਖਤਾ ਦੀ ਸੇਵਾ ਦੇ ਨਾਲ-ਨਾਲ ਇਤਿਹਾਸਕ ਅਤੇ ਧਾਰਮਿਕ ਅਸਥਾਨਾਂ 'ਤੇ ਸੰਗਤ ਦੀ ਸੇਵਾ ਨੂੰ ਵੀ ਆਪਣਾ ਫਰਜ਼ ਸਮਝਿਆ ਜਾਂਦਾ ਹੈ।ਲਖਵੀਰ ਸਿੰਘ ਰਿੰਪਾ ਨੇ ਕਿਹਾ ਕਿ ਅਜਿਹੇ ਇਤਿਹਾਸਕ ਸਮਾਗਮ ਨੌਜਵਾਨ ਪੀੜ੍ਹੀ ਨੂੰ ਆਪਣੇ ਮਹਾਨ ਵਿਰਸੇ ਅਤੇ ਸ਼ਹੀਦਾਂ ਦੀਆਂ ਕੁਰਬਾਨੀਆਂ ਨਾਲ ਜੋੜਨ ਦਾ ਵੱਡਾ ਮਾਧਿਅਮ ਹਨ। ਸਾਨੂੰ ਆਪਣੇ ਇਤਿਹਾਸ ਨੂੰ ਯਾਦ ਰੱਖਣ ਦੇ ਨਾਲ-ਨਾਲ ਗੁਰੂ ਸਾਹਿਬਾਨ ਵੱਲੋਂ ਦਰਸਾਏ ਸੇਵਾ, ਸਿਮਰਨ ਅਤੇ ਮਨੁੱਖਤਾ ਦੇ ਮਾਰਗ 'ਤੇ ਚੱਲਣ ਦੀ ਲੋੜ ਹੈ।ਉਨ੍ਹਾਂ ਕਿਹਾ ਕਿ ਖਾਲਸਾ ਏਡ ਵੱਲੋਂ ਭਵਿੱਖ ਵਿੱਚ ਵੀ ਮਨੁੱਖਤਾ ਦੀ ਸੇਵਾ ਦੇ ਨਾਲ-ਨਾਲ ਅਜਿਹੇ ਇਤਿਹਾਸਕ ਮੌਕਿਆਂ 'ਤੇ ਸੰਗਤ ਦੀ ਸੇਵਾ ਜਾਰੀ ਰੱਖੀ ਜਾਵੇਗੀ।



# ਝਿੰਗੜਾਂ ਵਿਖੇ ਸਾਲਾਨਾ ਛਿੰਝ ਮੇਲਾ ਭਲਕੇ



**ਬੰਗਾ (ਅਵਤਾਰ ਕਲੇਰ)**- ਪਿੰਡ ਝਿੰਗੜਾਂ ਵਿਖੇ ਧੰਨ ਧੰਨ ਹਜ਼ੂਰ ਸ੍ਰੀ ਨਾਭ ਕੰਵਲ ਰਾਜਾ ਸਾਹਿਬ ਜੀ ਦੀ ਗੱਦੀ ਦੇ ਵਾਰਸ ਮਹਾਰਾਜ ਪ੍ਰੀਤਮ ਦਾਸ ਜੀ ਵਲੋਂ ਚਲਾਈ ਹੋਈ ਪ੍ਰੰਪਰਾ ਇਤਿਹਾਸਕ ਗੁਰਦੁਆਰਾ ਦੁੱਖ ਨਿਵਾਰਨ ਸ੍ਰੀ ਨਾਭ ਕੰਵਲ ਰਾਜਾ ਸਾਹਿਬ ਪਿੰਡ ਝਿੰਗੜਾਂ ਵਿਖੇ ਸਮੂਹ ਪ੍ਰਬੰਧਕ ਕਮੇਟੀ ਵਲੋਂ ਗ੍ਰਾਮ ਪੰਚਾਇਤ ਨਗਰ ਨਿਵਾਸੀਆਂ ਅਤੇ ਐਨ ਆਰ ਆਈ ਵੀਰਾਂ ਦੇ ਸਹਿਯੋਗ ਨਾਲ ਦੋ ਦਿਨਾਂ ਸਲਾਨਾ ਛਿੰਝ ਮੇਲਾ ਕਰਵਾਇਆ ਜਾ ਰਿਹਾ ਹੈ। ਇਸ ਸਬੰਧੀ ਜਾਣਕਾਰੀ ਦਿੰਦਿਆਂ ਗੁਰਦੁਆਰਾ ਕਮੇਟੀ ਦੇ ਜਨਰਲ ਸਕੱਤਰ ਜਥੇਦਾਰ ਰਣਜੀਤ ਸਿੰਘ ਝਿੰਗੜ ਨੰਬਰਦਾਰ ਅਤੇ ਸਾਬਕਾ ਚੇਅਰਮੈਨ ਸ਼ੂਗਰ ਮਿੱਲ ਨਵਾਂਸ਼ਹਿਰ ਅਤੇ ਬਲਵਿੰਦਰ ਸਿੰਘ ਝਿੰਗੜ ਨੇ ਸਾਂਝੇ ਤੌਰ ਤੇ ਦੱਸਿਆ ਕਿ 17 ਸਤੰਬਰ ਨੂੰ ਸ਼ਾਮ 4 ਵਜੇ ਛਿੰਝ ਦਾ ਪਿੜ ਕੱਢਿਆ ਜਾਵੇਗਾ। 18 ਸਤੰਬਰ ਨੂੰ ਮੁੱਖ ਛਿੰਝ ਮੇਲਾ ਪੂਰੇ ਜੋਸ਼ੋ ਖਰੋਸ਼ ਨਾਲ ਕਰਵਾਇਆ ਜਾਵੇਗਾ। ਪਟਕੇ ਦੀ ਕੁਸ਼ਤੀ ਤਾਇਬ ਬਾਬਾ ਫਲਾਹੀ ਅਤੇ ਗਗਨ ਤਰਨਤਾਰਨ, ਦੂਸਰੇ ਨੰਬਰ ਦੀ ਕੁਸ਼ਤੀ ਨਰਿੰਦਰ ਖੰਨਾ ਤੇ ਹਮੀਦੀ ਇਰਾਨ ਅਤੇ ਤਿੰਨ ਨੰਬਰ ਦੀ ਕੁਸ਼ਤੀ ਵਿਵੇਕ ਬਾਬਾ ਫਲਾਹੀ ਤੇ ਲਾਲੀ ਫਗਵਾੜਾ ਵਿਚਕਾਰ ਹੋਵੇਗੀ। ਜੇਤੂ ਅਤੇ ਉਪ ਜੇਤੂ ਪਹਿਲਵਾਨਾਂ ਤੋਂ ਇਲਾਵਾ ਹੋਰ ਜੇਤੂ ਪਹਿਲਵਾਨਾਂ ਨੂੰ ਨਗਦ ਇਨਾਮਾਂ ਨਾਲ ਸਨਮਾਨਤ ਕੀਤਾ ਜਾਵੇਗਾ। ਇਸ ਤੋਂ ਇਲਾਵਾ ਹੋਰ ਵੀ ਸੋਨੇ ਦੀਆਂ ਮੁੰਦਰੀਆਂ ਘੜੀਆਂ ਤੇ ਕੁਸ਼ਤੀਆਂ ਕਰਵਾਈਆਂ ਜਾਣਗੀਆਂ।

ਇਸ ਮੌਕੇ ਅਜੀਤ ਸਿੰਘ ਗੋਸਲ, ਗ੍ਰੰਥੀ ਬੁੱਧ ਸਿੰਘ, ਕਮਲਜੀਤ ਸਿੰਘ ਕੈਰੋਂ, ਸਰਬਜੀਤ ਸਿੰਘ ਸ਼ੇਰਗਿੱਲ ਕੈਨੇਡਾ, ਹਰਜਿੰਦਰ ਸਿੰਘ ਸੋਢੀ, ਮੁਖਤਿਆਰ ਸਿੰਘ, ਸੰਦੀਪ ਸਿੰਘ ਸ਼ੇਰਗਿੱਲ,ਤਰਸੇਮ ਲਾਲ ਮਹਿਮੀ ਪੰਚ,ਬਹਾਦਰ ਸਿੰਘ ਮਹਿਮੀ ਪੰਚ, ਬਿਸ਼ਨ ਸਿੰਘ, ਬਿੰਦਾ ਸ਼ੇਰਗਿੱਲ, ਗੁਰਪ੍ਰੀਤ ਸਿੰਘ, ਮਨਦੀਪ ਸਿੰਘ,ਸਰਬਣ ਸਿੰਘ ਨੰਬਰਦਾਰ ਗੁਰਮੀਤ ਸਿੰਘ, ਲਾਲ ਚੰਦ, ਮੱਖਣ ਮਹਿਮੀ, ਸੁਖਵਿੰਦਰ ਸਿੰਘ,ਜਤਿੰਦਰ ਸਿੰਘ,ਰਮਨ ਸਿੰਘ, ਬੀਰਾ ਮੂੰਗਾ,ਜੋਗਿੰਦਰ ਸਿੰਘ ਗੋਸਲ ਪ੍ਰਦੀਪ ਸਿੰਘ, ਸੁਰਿੰਦਰ ਸਿੰਘ, ਬਲਵੀਰ ਸਿੰਘ, ਪਰਮਿੰਦਰ ਸਿੰਘ,ਬਲਵੀਰ ਰਾਮ,ਪਿੰਦੂ ਸ਼ੇਰਗਿੱਲ, ਰਾਮ ਲਾਲ ਆਦਿ ਹਾਜ਼ਰ ਸਨ।

# ਐੱਚ ਐੱਮ ਵੀ ਵਿਖੇ ਹਿੰਦੀ ਦਿਵਸ 'ਤੇ ਵਿਸ਼ੇਸ਼ ਪ੍ਰੋਗਰਾਮ

**ਜਲੰਧਰ (ਸ਼ੈਲੀ ਐਲਬਰਟ)**- ਐੱਚ ਐੱਮ ਵੀ ਵਿਖੇ ਹਿੰਦੀ ਦਿਵਸ ਦੇ ਮੌਕੇ 'ਤੇ ਇੱਕ ਵਿਸ਼ੇਸ਼ ਵਿਆਖਿਆਨ ਦਾ ਆਯੋਜਨ ਕੀਤਾ ਗਿਆ। ਪ੍ਰੋਗਰਾਮ ਵਿੱਚ ਪ੍ਰੋ. (ਡਾ.) ਪੰਕਜ ਮਾਲਾ ਸ਼ਰਮਾ, ਸੇਵਾਮੁਕਤ ਪ੍ਰੋਫੈਸਰ ਅਤੇ ਸਾਬਕਾ ਚੇਅਰਪਰਸਨ ਸੰਗੀਤ ਵਿਭਾਗ ਅਤੇ ਸਾਬਕਾ ਡੀਨ, ਫੈਕਲਟੀ ਆਫ ਡਿਜ਼ਾਈਨ ਐਂਡ ਫਾਈਨ ਆਰਟਸ ਪੰਜਾਬ ਯੂਨੀਵਰਸਿਟੀ ਚੰਡੀਗੜ੍ਹ ਮੁੱਖ ਮਹਿਮਾਨ ਵਜੋਂ ਹਾਜ਼ਰ ਰਹੇ। ਪ੍ਰਿੰਸੀਪਲ ਡਾ. (ਸ਼੍ਰੀਮਤੀ) ਏਕਤਾ ਖੋਸਲਾ ਨੇ ਆਏ ਹੋਏ ਮਹਿਮਾਨਾਂ ਦਾ ਪਲਾਂਟਰ ਅਤੇ ਯਾਦਗਾਰੀ ਚਿੰਨ੍ਹ ਭੇਟ ਕਰਕੇ ਨਿੱਘਾ ਸਵਾਗਤ ਕੀਤਾ। ਇਸ ਮੌਕੇ ਪ੍ਰਿੰਸੀਪਲ ਡਾ. ਏਕਤਾ ਖੋਸਲਾ ਨੇ ਵਿਦਿਆਰਥਣਾਂ ਨੂੰ ਹਿੰਦੀ ਭਾਸ਼ਾ ਦੀ ਮਹੱਤਤਾ ਤੋਂ ਜਾਣੂ ਕਰਵਾਉਂਦੇ ਹੋਏ ਇਸ ਨੂੰ ਘਰ-ਘਰ ਤੱਕ ਪਹੁੰਚਾਉਣ ਅਤੇ ਇਸ ਦੇ ਪ੍ਰਚਾਰ-ਪ੍ਰਸਾਰ ਵਿੱਚ ਸਰਗਰਮ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਹਿੰਦੀ ਭਾਵਨਾਵਾਂ ਦੀ ਭਾਸ਼ਾ ਹੈ। ਅੱਜ ਤਕਨਾਲੋਜੀ ਦੇ ਖੇਤਰ ਵਿੱਚ ਵੀ ਹਿੰਦੀ ਨੂੰ ਵਿਕਸਿਤ ਅਤੇ ਸਮਰੱਥ ਬਣਾਉਣ ਦੀ ਲੋੜ ਹੈ। ਉਨ੍ਹਾਂ ਕਿਹਾ ਕਿ ਸਾਨੂੰ ਸਮਰੱਥ ਹਿੰਦੀ ਦੇ ਵਾਹਕ ਬਣਨ ਦੀ ਲੋੜ ਹੈ। ਉਨ੍ਹਾਂ ਨੇ ਵਿਦਿਆਰਥਣਾਂ ਨੂੰ ਹਿੰਦੀ ਵਿੱਚ ਵੱਧ ਤੋਂ ਵੱਧ ਗੱਲਬਾਤ ਕਰਨ ਅਤੇ ਹਿੰਦੀ ਦੇ ਪ੍ਰਚਾਰ-ਪ੍ਰਸਾਰ ਵਿੱਚ ਆਪਣਾ ਯੋਗਦਾਨ ਪਾਉਣ ਲਈ ਪ੍ਰੇਰਿਤ ਕੀਤਾ। ਮੁੱਖ ਮਹਿਮਾਨ ਡਾ. ਪੰਕਜ ਮਾਲਾ ਨੇ ਹਿੰਦੀ ਭਾਸ਼ਾ ਦੀ ਮਹੱਤਤਾ 'ਤੇ ਚਾਨਣਾ ਪਾਉਂਦੇ ਹੋਏ ਕਿਹਾ



ਕਿ ਸਾਨੂੰ ਆਪਣੀ ਮਾਤ-ਭਾਸ਼ਾ ਹਿੰਦੀ ਦਾ ਸਤਿਕਾਰ ਕਰਨਾ ਚਾਹੀਦਾ ਹੈ। ਪ੍ਰੋਗਰਾਮ ਦੇ ਅੰਤਰਗਤ ਹਿੰਦੀ ਭਾਸ਼ਾ ਪ੍ਰਤੀ ਜਾਗਰੂਕਤਾ ਪੈਦਾ ਕਰਨ ਦੇ ਉਦੇਸ਼ ਨਾਲ ਦਸਤਖ਼ਤ ਮੁਹਿੰਮ ਚਲਾਈ ਗਈ ਅਤੇ ਹਿੰਦੀ ਜਾਗਰੂਕਤਾ ਰੈਲੀ ਵੀ ਆਯੋਜਿਤ ਕੀਤੀ ਗਈ। ਵਿਦਿਆਰਥਣਾਂ ਨੇ ਉਤਸ਼ਾਹਪੂਰਵਕ ਰੈਲੀ ਵਿੱਚ ਹਿੱਸਾ ਲੈ ਕੇ ਹਿੰਦੀ ਦੇ ਸਤਿਕਾਰ ਅਤੇ ਪ੍ਰਚਾਰ-ਪ੍ਰਸਾਰ ਦਾ ਸੰਦੇਸ਼ ਦਿੱਤਾ। ?ਇਸ ਮੌਕੇ ਡਾ. ਜੋਤੀ ਗੋਗੀਆ ਦੁਆਰਾ ਲਿਖਿਤ ਅਤੇ ਨਿਰਦੇਸ਼ਿਤ ਨੁੱਕੜ ਨਾਟਕ ਵੀ ਪੇਸ਼ ਕੀਤਾ ਗਿਆ, ਜਿਸ ਦੇ ਮਾਧਿਅਮ ਨਾਲ ਹਿੰਦੀ ਭਾਸ਼ਾ ਦੀ ਮਹੱਤਤਾ ਅਤੇ ਇਸ ਦੀ ਵਿਆਪਕ ਵਰਤੋਂ ਦਾ ਸੰਦੇਸ਼ ਪ੍ਰਭਾਵਸ਼ਾਲੀ ਢੰਗ ਨਾਲ ਪੇਸ਼ ਕੀਤਾ ਗਿਆ। ਹਿੰਦੀ ਦਿਵਸ ਦੇ ਉਪਲਬਧ ਵਿੱਚ ਵਿਦਿਆਰਥਣਾਂ ਲਈ ਕਾਵਿ, ਨਿਬੰਧ ਲੇਖਣ ਅਤੇ ਪੋਸਟਰ ਮੇਕਿੰਗ ਮੁਕਾਬਲਿਆਂ ਦਾ ਵੀ ਆਯੋਜਨ ਕੀਤਾ ਗਿਆ। ਵਿਦਿਆਰਥਣਾਂ ਨੇ ਇਨ੍ਹਾਂ ਮੁਕਾਬਲਿਆਂ ਵਿੱਚ ਉਤਸ਼ਾਹਪੂਰਵਕ ਭਾਗ ਲੈਂਦੇ ਹੋਏ ਆਪਣੀ ਰਚਨਾਤਮਕ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਮੁਕਾਬਲਿਆਂ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਜੇਤੂਆਂ ਨੂੰ ਇਨਾਮ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਹਿੰਦੀ ਵਿਭਾਗ ਦੀ ਈ-ਮੈਗਜ਼ੀਨ 'ਸਾਹਿਤਯ ਅਵਲੋਕਨ' ਦੀ ਰਿਲੀਜ਼ ਕੀਤੀ ਗਈ। ਸਾਰਾ ਪ੍ਰੋਗਰਾਮ ਡਾ. ਜੋਤੀ ਗੋਗੀਆ ਅਤੇ ਡਾ. ਮੀਨੂ ਤਲਵਾੜ ਦੀ ਦੇਖ-ਰੇਖ ਹੇਠ ਆਯੋਜਿਤ ਕੀਤਾ ਗਿਆ। ਪ੍ਰੋਗਰਾਮ ਵਿੱਚ ਰਜਨੀ, ਹਿੰਦੀ ਵਿਭਾਗ ਤੋਂ ਡਾ. ਪਵਨ ਕੁਮਾਰੀ ਅਤੇ ਡਾ. ਦੀਪਤੀ ਧੀਰ ਹਾਜ਼ਰ ਰਹੇ। ਪ੍ਰੋਗਰਾਮ ਦੇ ਮਾਧਿਅਮ ਨਾਲ ਵਿਦਿਆਰਥਣਾਂ ਨੂੰ ਹਿੰਦੀ ਭਾਸ਼ਾ ਪ੍ਰਤੀ ਸਤਿਕਾਰ, ਗੌਰਵ ਅਤੇ ਜ਼ਿੰਮੇਵਾਰੀ ਦੀ ਭਾਵਨਾ ਨਾਲ ਜੋੜਨ ਦਾ ਮਹੱਤਵਪੂਰਨ ਸੰਦੇਸ਼ ਦਿੱਤਾ ਗਿਆ।

# ਮਨਸੂਰਪੁਰ ਦੇ ਖਿਡਾਰੀਆਂ ਦਾ ਐਥਲੈਟਿਕ 'ਚ ਸ਼ਾਨਦਾਰ ਪ੍ਰਦਰਸ਼ਨ



**ਫਿਲੌਰ (ਨਿਹਾਲ)**- ਸਿੱਖਿਆ ਵਿਭਾਗ ਦੇ ਜ਼ੋਨ 9 ਗੁਰਾਇਆ ਦੇ 70ਵੇਂ ਜ਼ੋਨ ਪੱਧਰੀ ਐਥਲੈਟਿਕ ਮੁਕਾਬਲੇ ਖਾਲਸਾ ਸੀਨੀਅਰ ਸੈਕੰਡਰੀ ਸਕੂਲ ਦੁਸਾਂਝ ਕਲਾਂ ਵਿਖੇ ਸੰਪੰਨ ਹੋਏ। ਇਨ੍ਹਾਂ ਮੁਕਾਬਲਿਆਂ ਵਿੱਚ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਮਨਸੂਰਪੁਰ (ਜਲੰਧਰ) ਦੇ ਖਿਡਾਰੀਆਂ ਨੇ ਵਧੀਆ ਮੱਲਾਂ ਮਾਰੀਆਂ ਹਨ ਜਿਸ ਦੀ ਜਾਣਕਾਰੀ ਦਿੰਦਿਆਂ ਸਕੂਲ ਇੰਚਾਰਜ ਸ੍ਰੀ ਅਵਤਾਰ ਲਾਲ ਮਨਸੂਰਪੁਰ (ਲੈਕਚਰਾਰ ਹਿਸਟਰੀ) ਨੇ ਦੱਸਿਆ ਕਿ ਸਕੂਲ ਸਿੱਖਿਆ ਦੇ ਨਾਲ ਨਾਲ ਖੇਡਾਂ ਵਿੱਚ ਵੀ ਪ੍ਰਾਪਤੀਆਂ ਕਰ ਰਿਹਾ ਹੈ। ਇਹਨਾਂ ਮੁਕਾਬਲਿਆਂ ਵਿੱਚ ਸਕੂਲ ਦੇ ਖਿਡਾਰੀਆਂ ਨੇ ਕੁੱਲ 21 ਮੈਡਲ ਜਿੱਤ ਕੇ ਇਲਾਕੇ ਲਈ ਨਾਮਣ ਖੱਟਿਆ ਹੈ। ਗੋਲਡ ਮੈਡਲ ਪ੍ਰਾਪਤ ਕਰਨ ਵਾਲਿਆਂ ਵਿੱਚ ਦਵਿੰਦਰ ਸਿੰਘ 400 ਮੀਟਰ, ਮਨਜੋਤ ਸਿੰਘ 200 ਮੀਟਰ, ਮਲਪ੍ਰੀਤ ਕੁਮਾਰ 600 ਮੀਟਰ ਅਤੇ 400 ਮੀਟਰ, ਅਰਜੁਨ ਕੁਮਾਰ ਸ਼ਾਹ 1500 ਮੀਟਰ ਅਤੇ 800 ਮੀਟਰ, ਸ਼ਗਨਪ੍ਰੀਤ ਕੌਰ 1500 ਮੀਟਰ, ਅੰਜਲੀ 200 ਮੀਟਰ ਸ਼ਾਮਲ ਹਨ। ਸਿਲਵਰ ਮੈਡਲ ਪ੍ਰਾਪਤ ਕਰਨ ਵਾਲਿਆਂ ਵਿੱਚ ਗੌਰੀ ਧੀਰ 600 ਮੀਟਰ, ਦਵਿੰਦਰ ਸਿੰਘ 100 ਮੀਟਰ, ਯਸ਼ਰਾਜ 400 ਮੀਟਰ ਅਤੇ 1500 ਮੀਟਰ, ਸ਼ਗਨਪ੍ਰੀਤ ਕੌਰ ਲੌਂਗ ਜੰਪ, ਦੀਆ 1500 ਮੀਟਰ, ਪਰਮਿੰਦਰ ਕੌਰ ਲੌਂਗ ਜੰਪ ਅਤੇ ਬਰੌਂਜ਼ ਮੈਡਲ ਪ੍ਰਾਪਤ ਕਰਨ ਵਾਲਿਆਂ ਵਿੱਚ ਗੌਰੀ ਧੀਰ 100 ਮੀਟਰ ਰਮਨਦੀਪ ਵਰਦੀ 1500 ਮੀਟਰ ਅਤੇ 800 ਮੀਟਰ, ਸੁਖਜੋਤ ਸਿੰਘ ਹੈਮਰ ਥਰੋਅ, ਮਾਹਿਲ ਕੁਮਾਰੀ ਲੌਂਗ ਜੰਪ ਅਤੇ 100 ਮੀਟਰ ਨਾਮ ਸ਼ਾਮਿਲ ਹਨ। ਸਕੂਲ ਮੁਖੀ ਨੇ ਖਿਡਾਰੀਆਂ, ਉਹਨਾਂ ਦੇ ਮਾਪਿਆਂ ਅਤੇ ਕੋਚ ਸ਼੍ਰੀਮਤੀ ਪਲਵਿੰਦਰ ਕੌਰ ਨੂੰ ਵਧਾਈ ਦਿੰਦਿਆਂ ਕਿਹਾ ਕਿ ਇਸ ਨਾਲ ਖਿਡਾਰੀ ਹੋਰ ਉਤਸ਼ਾਹ ਨਾਲ ਜ਼ਿਲ੍ਹਾ ਪੱਧਰੀ ਮੁਕਾਬਲਿਆਂ ਵਿੱਚ ਭਾਗ ਲੈਣਗੇ।

# 'ਦਿ ਪਲੱਸ ਪ੍ਰੋਗਰਾਮ' ਦਾ ਤੀਜਾ ਸੈਸ਼ਨ, ਸੈਮੀਕੰਡਕਟਰ ਤਕਨਾਲੋਜੀ ਬਾਰੇ ਦਿੱਤੀ ਜਾਣਕਾਰੀ

**ਸਾਹਿਬਜ਼ਾਦਾ ਅਜੀਤ ਸਿੰਘ ਨਗਰ (ਗੁਰਜੀਤ ਬਿੱਲਾ)**- ਰਿਆਤ ਬਾਹਰਾ ਇੰਸਟੀਚਿਊਸ਼ਨ ਸਕੂਲ (ਆਰ ਬੀ ਆਈ ਐੱਸ) ਵੱਲੋਂ ਆਪਣੀ ਪ੍ਰਮੁੱਖ ਪਹਿਲਕਦਮੀ



'ਦਿ ਪਲੱਸ ਪ੍ਰੋਗਰਾਮ' ਦੇ ਤੀਜੇ ਸੈਸ਼ਨ ਦਾ ਆਯੋਜਨ ਦਿ ਟ੍ਰਾਈਸਿਟੀ ਵਿੱਚ ਰਹਿੰਗ ਦੇ ਵਰਗਲ ਦੇ ਸੈਮੀਕੰਡਕਟਰ ਸਟੋਰੀ ਵਿਸ਼ੇ 'ਤੇ ਕੀਤਾ ਗਿਆ। ਇਸ ਮੌਕੇ ਆਈ ਆਈ ਟੀ ਰੋਪੜ ਦੇ ਪ੍ਰੋਫੈਸਰ ਧੀਰਜ ਕੁਮਾਰ ਮਹਾਜਨ ਨੇ ਮੁੱਖ ਬੁਲਾਰੇ ਵਜੋਂ ਸ਼ਿਰਕਤ ਕੀਤੀ, ਜਦਕਿ ਰਿਆਤ ਬਾਹਰ ਗਰੁੱਪ ਦੇ ਵਾਈਸ ਪ੍ਰੈਜ਼ੀਡੈਂਟ ਜੈਸਿਕਾ ਦੁੱਗਲ ਬਾਹਰਾ ਨੇ ਵੀ ਵਿਸ਼ੇਸ਼ ਤੌਰ 'ਤੇ ਸ਼ਾਮਲ ਹੋਏ।ਵਿਦਿਆਰਥੀਆਂ ਨੂੰ ਸੰਬੋਧਨ ਕਰਦਿਆਂ ਪ੍ਰੋ. ਮਹਾਜਨ ਨੇ ਸੈਮੀਕੰਡਕਟਰਾਂ ਦੇ ਮੂਲ ਸਿਧਾਂਤਾਂ ਅਤੇ ਆਧੁਨਿਕ ਤਕਨਾਲੋਜੀ ਵਿੱਚ ਉਨ੍ਹਾਂ ਦੀ ਮਹੱਤਵਪੂਰਨ ਭੂਮਿਕਾ ਬਾਰੇ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਇਹ ਛੋਟੇ ਚਿੱਪ ਆਧੁਨਿਕ ਇਲੈਕਟ੍ਰਾਨਿਕ ਉਪਕਰਨਾਂ ਦੀ ਰੀੜ੍ਹ ਦੀ ਹੱਡੀ ਹਨ ਅਤੇ ਆਰਟੀਫੀਸ਼ੀਅਲ ਇੰਟੈਲੀਜੈਂਸ, ਸਮਾਰਟਫੋਨ, ਇਲੈਕਟ੍ਰਿਕ ਵਾਹਨਾਂ ਅਤੇ ਪੁਲਾੜ ਮਿਸ਼ਨਾਂ ਵਰਗੀਆਂ ਉੱਨਤ ਤਕਨਾਲੋਜੀਆਂ ਦੇ ਵਿਕਾਸ ਵਿੱਚ ਅਹਿਮ ਭੂਮਿਕਾ ਨਿਭਾਉਂਦੇ ਹਨ।ਸੈਸ਼ਨ ਦੌਰਾਨ ਸੈਮੀਕੰਡਕਟਰ ਚਿੱਪ ਦੇ ਡਿਜ਼ਾਈਨ ਅਤੇ ਵਿਕਾਸ ਤੋਂ ਲੈ ਕੇ ਨਿਰਮਾਣ ਤੱਕ ਦੇ ਪੂਰੇ ਸਫ਼ਰ ਬਾਰੇ ਵੀ ਚਰਚਾ ਕੀਤੀ ਗਈ। ਸਰਲ ਵਿਆਖਿਆਵਾਂ ਅਤੇ ਵਿਹਾਰਕ ਉਦਾਹਰਣਾਂ ਰਾਹੀਂ ਪ੍ਰੋ. ਮਹਾਜਨ ਨੇ ਵਿਦਿਆਰਥੀਆਂ ਨੂੰ ਨਵੀਨਤਾ ਅਤੇ ਤਕਨਾਲੋਜੀ ਦੇ ਭਵਿੱਖ ਨੂੰ ਆਕਾਰ ਦੇਣ ਵਿੱਚ ਸੈਮੀਕੰਡਕਟਰਾਂ ਦੀ ਮਹੱਤਤਾ ਤੋਂ ਜਾਣੂ ਕਰਵਾਇਆ।ਇਸ ਮੌਕੇ ਆਰ ਬੀ ਆਈ ਐਸ ਦੀ ਡਾਇਰੈਕਟਰ-ਪ੍ਰਿੰਸੀਪਲ ਅਭਿਲਾਸ਼ਾ ਸਿੰਘ, ਇੰਜੀ. ਸੋਨਲ ਸੂਦ ਅਤੇ ਸੀਨੀਅਰ ਫੈਕਲਟੀ ਮੈਂਬਰ ਵੀ ਮੌਜੂਦ ਸਨ।

# ਪਿਉ-ਪੁੱਤ ਨੇ ਇਕੱਠੇ ਜਿੱਤੇ ਨੈਸ਼ਨਲ ਗੋਲਡ ਮੈਡਲ

**ਬੰਗਾ (ਅਵਤਾਰ ਕਲੇਰ)**- ਇੰਦੌਰ ਵਿਖੇ 8 ਤੋਂ 12 ਸਤੰਬਰ ਤੱਕ ਹੋਈਆਂ ਸੀਨੀਅਰ ਨੈਸ਼ਨਲ ਚੈਂਪੀਅਨਸ਼ਿਪ ਵਿੱਚ ਪਿੰਡ ਗੋਬਿੰਦਪੁਰ ਦੇ ਖਿਡਾਰੀ ਹਰਸਿਮਰਨ ਸਿੰਘ ਨੇ ਸ਼ਾਨਦਾਰ ਪ੍ਰਦਰਸ਼ਨ ਕਰਦਿਆਂ 81 ਕਿਲੋਗ੍ਰਾਮ ਵਰਗ ਵਿੱਚ ਗੋਲਡ ਮੈਡਲ ਹਾਸਲ ਕੀਤਾ। ਹਰਸਿਮਰਨ ਨੇ ਮੁਕਾਬਲਿਆਂ ਦੌਰਾਨ ਆਂਧਰਾ ਪ੍ਰਦੇਸ਼ ਅਤੇ ਮਹਾਰਾਸ਼ਟਰ ਦੇ ਖਿਡਾਰੀਆਂ ਨੂੰ ਮਾਤ ਦੇ ਕੇ ਇਹ ਸੁਨਹਿਰੀ ਉਪਲਬਧੀ ਆਪਣੇ ਨਾਮ ਕੀਤੀ। ਇਸ ਜਿੱਤ ਨਾਲ ਹਰਸਿਮਰਨ ਸਿੰਘ ਨੇ ਲਗਾਤਾਰ ਪੰਜਵੀਂ ਵਾਰ ਸੀਨੀਅਰ ਨੈਸ਼ਨਲ ਵਿੱਚ ਗੋਲਡ ਮੈਡਲ ਜਿੱਤ ਕੇ ਆਪਣੀ ਕਾਬਲੀਅਤ ਦਾ ਲੋਹਾ ਮਨਵਾਇਆ ਹੈ। ਪੰਜ ਸਾਲਾਂ ਤੋਂ ਲਗਾਤਾਰ ਨੈਸ਼ਨਲ ਚੈਂਪੀਅਨ ਬਣਨਾ ਉਨ੍ਹਾਂ ਦੀ ਸਖ਼ਤ ਮਿਹਨਤ, ਅਨੁਸ਼ਾਸਨ ਅਤੇ ਖੇਡ ਪ੍ਰਤੀ ਜਜ਼ਬੇ ਦੀ ਮਿਸਾਲ ਹੈ।ਪਰ ਇਸ ਖਿਡਾਰੀ ਨੇ ਪਿਛਲੇ ਸਾਲਾਂ ਵਿੱਚ ਥਾਈਲੈਂਡ ਅਤੇ ਦੁਬੱਈ ਵਿੱਚ ਜਾ ਕੇ ਵਧੀਆ ਪ੍ਰਦਰਸ਼ਨ ਕੀਤਾ। ਹੁਣ ਵੀ ਸਰਕਾਰ ਚਾਹੇ ਤਾਂ ਇਹ ਖਿਡਾਰੀ ਅੱਗੇ ਖੇਡਣ ਜਾ ਸਕਦਾ ਹੈ ਪਹਿਲਾਂ ਵੀ ਆਪਣਾ ਖ਼ਰਚਾ ਕਰਕੇ ਦੂਸਰੇ ਦੇਸ਼ਾਂ ਵਿੱਚ ਖੇਡਣ ਗਿਆ। ਇੱਕ ਹੋਰ ਮਾਣ ਵਾਲੀ ਗੱਲ ਇਹ ਰਹੀ ਕਿ ਹਰਸਿਮਰਨ ਸਿੰਘ ਦੇ ਪਿਤਾ ਅਤੇ ਕੋਚ ਮਨਜੀਤ ਸਿੰਘ ਲੌਂਗੀਆ ਨੇ ਵੀ ਮਾਸਟਰਜ਼ ਵਰਗ ਦੇ -94 ਕਿਲੋਗ੍ਰਾਮ ਭਾਰ ਵਰਗ ਵਿੱਚ ਗੋਲਡ ਮੈਡਲ ਹਾਸਲ ਕੀਤਾ।



ਇਸ ਤਰ੍ਹਾਂ ਪਿਉ-ਪੁੱਤ ਦੋਵਾਂ ਨੇ ਇੱਕੋ ਨੈਸ਼ਨਲ ਮੁਕਾਬਲੇ ਵਿੱਚ ਆਪਣੇ-ਆਪਣੇ ਵਰਗਾਂ ਵਿੱਚ ਗੋਲਡ ਮੈਡਲ ਜਿੱਤ ਕੇ ਪਰਿਵਾਰ ਅਤੇ ਇਲਾਕੇ ਦਾ ਨਾਂਅ ਰੌਸ਼ਨ ਕੀਤਾ। ਹਰਸਿਮਰਨ ਸਿੰਘ ਦੀ ਤਿਆਰੀ ਡਾ. ਬੀ ਆਰ ਅੰਬੇਡਕਰ ਅਕੈਡਮੀ ਸੂੰਢ ਵਿਖੇ ਹੁੰਦੀ ਹੈ, ਜਿੱਥੇ ਉਨ੍ਹਾਂ ਦੇ ਕੋਚ ਮਨਜੀਤ ਸਿੰਘ ਲੌਂਗੀਆ ਵੱਲੋਂ ਉਨ੍ਹਾਂ ਨੂੰ ਸਖ਼ਤ ਟ੍ਰੇਨਿੰਗ ਅਤੇ ਲਗਾਤਾਰ ਮਾਰਗਦਰਸ਼ਨ ਦਿੱਤਾ ਜਾਂਦਾ ਹੈ।

# ਕਲੱਸਟਰ ਅਜਨੋਹਾ ਦੇ ਸਕੂਲਾਂ ਦੀ ਵਰਕਸ਼ਾਪ ਲਗਾਈ

**ਮੇਹਟੀਆਣਾ (ਜਗਤਾਰ ਸਿੰਘ ਭੁੰਗਰਨੀ)**- ਸਿੱਖਿਆ ਵਿਭਾਗ ਵਲੋਂ ਜਾਰੀ ਹਦਾਇਤਾਂ, ਜ਼ਿਲ੍ਹਾ ਸਿੱਖਿਆ ਅਫਸਰ ਹਰਜਿੰਦਰ ਕੌਰ ਵਲੋਂ ਜਾਰੀ ਦਿਸ਼ਾ ਨਿਰਦੇਸ਼ਾਂ ਤਹਿਤ ਅਤੇ ਸੀ ਐੱਚ ਟੀ ਦਰਸ਼ਨ ਕੌਰ ਦੀ ਅਗਵਾਈ ਵਿੱਚ ਕਲੱਸਟਰ ਅਜਨੋਹਾ ਦੇ ਸਕੂਲਾਂ ਦੀ ਸਰਕਾਰੀ ਸਕੂਲਾਂ ਵਿੱਚ ਕੰਮ ਕਰ



ਰਹੀਆਂ ਸਕੂਲ ਮੈਨਜਮੈਂਟ ਕਮੇਟੀਆਂ ਦੇ ਚੇਅਰਮੈਨ ਅਤੇ ਮੈਂਬਰਾਂ ਦੀ ਇੱਕ ਰੋਜ਼ਾ ਵਰਕਸ਼ਾਪ ਸਰਕਾਰੀ ਐਲੀਮੈਂਟਰੀ ਸਕੂਲ ਅਜਨੋਹਾ ਵਿਖੇ ਲਗਾਈ ਗਈ।ਇਸ ਮੌਕੇ ਸਕੂਲਾਂ ਦੀ ਬਿਹਤਰੀ, ਸਾਂਭ-ਸੰਭਾਲ ਅਤੇ ਕਮਿਊਨਿਟੀ ਸਹਿਯੋਗ ਲਈ ਵਿਚਾਰ ਵਟਾਂਦਰਾ ਕੀਤਾ ਗਿਆ।ਸੀ ਐੱਚ ਟੀ ਦਰਸ਼ਨ ਕੌਰ, ਸੀ ਐੱਚ ਟੀ ਪ੍ਰਦੀਪ ਕੁਮਾਰ, ਸੀ ਐੱਚ ਟੀ ਹਰਬੰਸ ਲਾਲ, ਸੀ ਐੱਚ ਟੀ ਰਾਮ ਸਰੂਪ, ਨਰਿੰਦਰ ਸਿੰਘ, ਬੀ ਆਰ ਸੀ ਉਂਕਾਰ ਸਿੰਘ, ਪ੍ਰਿੰਸੀਪਲ ਹਰਮਨੋਜ ਕੁਮਾਰ, ਸਤਵਿੰਦਰ ਸਿੰਘ, ਗੁਰਮੀਤ ਸਿੰਘ ਅਤੇ ਅਬਿਨਾਸ਼ ਕੌਰ ਨੇ ਸਕੂਲ ਮੈਨਜਮੈਂਟ ਕਮੇਟੀ ਦੀ ਵਧੀਆ ਭੂਮਿਕਾ ਸਬੰਧੀ ਆਪਣੇ ਵਿਚਾਰ ਸਾਂਝੇ ਕੀਤੇ।ਇਸ ਮੌਕੇ ਟ੍ਰੇਨਿੰਗ ਲੈਣ ਵਾਲੇ ਕਮੇਟੀ ਮੈਂਬਰਾ ਲਈ ਰਿਫਰੈਸ਼ਮੈਂਟ ਦਾ ਪ੍ਰਬੰਧ ਵੀ ਕੀਤਾ ਗਿਆ ਸੀ।ਇਸ ਮੌਕੇ ਸਰਪੰਚ ਗੁਰਵਿੰਦਰ ਸਿੰਘ ਬਾਵਾ, ਨੰਬਰਦਾਰ ਅਸ਼ੋਕ ਕੁਮਾਰ, ਸੁਰਿੰਦਰ ਮੋਹਣ, ਪੰਚ ਜਸਕਰਨ ਸਿੰਘ, ਸੁਨੀਤਾ ਰਾਣੀ, ਰਾਜਵਿੰਦਰ ਕੌਰ, ਰਣਜੀਤ ਸਿੰਘ, ਹਰਪ੍ਰੀਤ ਹਨੀ, ਅੰਜਨਾ ਮਹਿਮੀ, ਮੀਨੂੰ ਬਾਲਾ, ਧਰਮਵੀਰ, ਸੁਰਿੰਦਰ ਸਿੰਘ, ਨਵਜੋਤ ਸਿੰਘ, ਲਕਸ਼ਮੀ ਦੇਵੀ, ਪਰਮਜੀਤ ਕੌਰ, ਸੁਰਜੀਤ ਕੌਰ, ਗੁਰਦੀਪ ਕੌਰ, ਦਵਿੰਦਰ ਕੁਮਾਰ, ਆਸਥਾ, ਅਨਿਲ ਕੁਮਾਰ, ਰਮਨਦੀਪ ਕੌਰ, ਪਰਮਜੀਤ ਕੌਰ, ਸ਼ਾਵਿਕਾ, ਕੁਲਵਿੰਦਰ ਕੌਰ, ਉਂਕਾਰ ਸ਼ਰਮਾ, ਕ੍ਰਿਸ਼ਨਾ ਦੇਵੀ, ਸੁਕੰਨੀ ਦੇਵੀ, ਬਸ਼ੀਰ, ਕਿਰਨ ਬਾਲਾ, ਪ੍ਰੀਆ ਕੁਮਾਰੀ ਆਦਿ ਵੱਡੀ ਗਿਣਤੀ ਵਿੱਚ ਸਕੂਲਾਂ ਦੇ ਅਧਿਆਪਕ, ਪੰਚਾਇਤ ਮੈਂਬਰ ਅਤੇ ਕਮੇਟੀ ਮੈਂਬਰ ਹਾਜਰ ਸਨ।

# ਹਿੰਦੀ ਦਿਵਸ ਮਨਾਇਆ



**ਸੁਲਤਾਨਪੁਰ ਲੋਧੀ (ਹਨੀ)**- ਸ੍ਰੀ ਗੁਰੂ ਹਰਕ੍ਰਿਸ਼ਨ ਪਬਲਿਕ ਸੀਨੀਅਰ ਸੈਕੰਡਰੀ ਸਕੂਲ ਵਿਖੇ ਪ੍ਰਸ਼ਾਸਕ ਇੰਜੀ. ਨਿਮਰਤਾ ਕੌਰ ਦੀ ਅਗਵਾਈ ਵਿੱਚ ਹਿੰਦੀ ਭਾਸ਼ਾ ਪ੍ਰਤੀ ਵਿਦਿਆਰਥੀਆਂ 'ਚ ਪਿਆਰ, ਸਤਿਕਾਰ ਅਤੇ ਰੁਚੀ ਪੈਦਾ ਕਰਨ ਦੇ ਉਦੇਸ਼ ਨਾਲ ਹਿੰਦੀ ਦਿਵਸ ਬੜੇ ਉਤਸ਼ਾਹ ਨਾਲ ਮਨਾਇਆ ਗਿਆ।

ਇਸ ਮੌਕੇ ਵਿਦਿਆਰਥੀਆਂ ਵੱਲੋਂ ਹਿੰਦੀ ਕਵਿਤਾ ਪਾਠ, ਭਾਸ਼ਣ, ਹਿੰਦੀ ਭਾਸ਼ਾ ਨਾਲ ਜੁੜੀਆਂ ਕਵਿਤਾਵਾਂ ਅਤੇ ਵਿਚਾਰ ਪੇਸ਼ ਕਰਕੇ ਸਭ ਨੂੰ ਪ੍ਰਭਾਵਿਤ ਕੀਤਾ।ਅਧਿਆਪਕਾਂ ਨੇ ਵਿਦਿਆਰਥੀਆਂ ਨੂੰ ਹਿੰਦੀ ਭਾਸ਼ਾ ਦੀ ਮਹੱਤਤਾ ਬਾਰੇ ਜਾਣਕਾਰੀ ਦਿੰਦਿਆਂ ਕਿਹਾ ਕਿ ਭਾਸ਼ਾ ਸਿਰਫ਼ ਸੰਚਾਰ ਦਾ ਸਾਧਨ ਹੀ ਨਹੀਂ, ਸਗੋਂ ਸਾਡੀ ਸੰਸਕ੍ਰਿਤੀ ਅਤੇ ਸਾਹਿਤ ਨਾਲ ਜੁੜਨ ਦਾ ਮਹੱਤਵਪੂਰਨ ਮਾਧਿਅਮ ਵੀ ਹੈ।ਸਕੂਲ ਦੀ ਪ੍ਰਬੰਧਕ ਕਮੇਟੀ ਦੇ ਪ੍ਰਧਾਨ ਬੀਬੀ ਗੁਰਪ੍ਰੀਤ ਕੌਰ ਮੈਂਬਰ ਸ਼੍ਰੋਮਣੀ ਕਮੇਟੀ, ਇੰਜੀ. ਸਵਰਨ ਸਿੰਘ ਪ੍ਰਧਾਨ ਗੁਰੂ ਨਾਨਕ ਖਾਲਸਾ ਕਾਲਜ ਸੁਲਤਾਨਪੁਰ ਲੋਧੀ ਅਤੇ ਸਕੂਲ ਡਾਇਰੈਕਟਰ ਇੰਜੀ. ਹਰਨਿਆਮਤ ਕੌਰ ਨੇ ਕਿਹਾ ਕਿ ਵਿਦਿਆਰਥੀਆਂ ਨੂੰ ਆਪਣੀ ਭਾਸ਼ਾ ਅਤੇ ਸਾਹਿਤ ਨਾਲ ਜੋੜਨਾ ਸਿੱਖਿਆ ਦਾ ਅਹਿਮ ਹਿੱਸਾ ਹੈ ਅਤੇ ਅਜਿਹੀਆਂ ਗਤੀਵਿਧੀਆਂ ਵਿਦਿਆਰਥੀਆਂ ਦੇ ਸਰਵਪੱਖੀ ਵਿਕਾਸ ਵਿੱਚ ਮਹੱਤਵਪੂਰਨ ਭੂਮਿਕਾ ਨਿਭਾਉਂਦੀਆਂ ਹਨ।

# ਮੁਫ਼ਤ ਅੱਖਾਂ ਦੇ ਕੈਂਪ ਲਈ 1 ਲੱਖ ਦਾ ਦਿੱਤਾ ਦਾਨ



**ਆਦਮਪੁਰ (ਪਰਮਜੀਤ ਸਿੰਘ)**- ਮਨੁੱਖਤਾ ਦੀ ਸੇਵਾ ਅਤੇ ਲੋੜਵੰਦ ਮਰੀਜ਼ਾਂ ਦੀ ਸਹਾਇਤਾ ਲਈ ਲਾਇਨਜ਼ ਕਲੱਬ ਆਦਮਪੁਰ ਦੋਆਬਾ ਵੱਲੋਂ ਕਰਵਾਏ ਜਾ ਰਹੇ ਮੁਫ਼ਤ ਅੱਖਾਂ ਦੇ ਕੈਂਪ ਲਈ ਕੈਨੇਡਾ ਵਾਸੀ ਹਰਪ੍ਰੀਤ ਕੌਰ ਜੀ ਵੱਲੋਂ 1,00,000 (ਇੱਕ ਲੱਖ ਰੁਪਏ) ਦਾ ਸ਼ਲਾਘਾਯੋਗ ਦਾਨ ਦਿੱਤਾ। ਇਹ ਨੇਕ ਯੋਗਦਾਨ ਲਾਇਨ ਰਾਜ ਕੁਮਾਰ ਪਾਲ ਦੀ ਪ੍ਰੇਰਣਾ ਅਤੇ ਉਤਸ਼ਾਹ ਸਦਕਾ ਸੰਭਵ ਹੋਇਆ। ਕਲੱਬ ਦੇ ਮੈਂਬਰਾਂ ਨੇ ਹਰਪ੍ਰੀਤ ਕੌਰ ਵੱਲੋਂ ਮਨੁੱਖਤਾ ਦੀ ਸੇਵਾ ਲਈ ਦਿੱਤੇ ਇਸ ਮਹੱਤਵਪੂਰਨ ਯੋਗਦਾਨ ਲਈ ਉਨ੍ਹਾਂ ਦਾ ਤਹਿ ਦਿਲੋਂ ਧੰਨਵਾਦ ਕੀਤਾ।ਇਸ ਮੌਕੇ ਲਾਇਨਜ਼ ਕਲੱਬ ਦੇ ਲਾਇਨ ਦਸ਼ਵਿੰਦਰ ਕੁਮਾਰ, ਲਾਇਨ ਅਮਰਜੀਤ ਸਿੰਘ ਭੋਗਪੁਰੀਆ, ਲਾਇਨ ਵਿਨੋਦ ਟੰਡਨ, ਲਾਇਨ ਐੱਚ ਐੱਸ ਪਰਹਾਰ, ਲਾਇਨ ਰਾਜ ਕੁਮਾਰ ਪਾਲ, ਲਾਇਨ ਕਮਲਜੀਤ ਸਿੰਘ ਹਾਜ਼ਰ ਸਨ। ਕਲੱਬ ਦੇ ਮੈਂਬਰਾਂ ਨੇ ਕਿਹਾ ਕਿ ਇਹ ਦਾਨ ਲੋੜਵੰਦ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ, ਇਲਾਜ ਅਤੇ ਹੋਰ ਸੇਵਾਵਾਂ ਪ੍ਰਦਾਨ ਕਰਨ ਵਿੱਚ ਮਹੱਤਵਪੂਰਨ ਸਹਾਇਤਾ ਕਰੇਗਾ।

ਉਨ੍ਹਾਂ ਕਿਹਾ ਕਿ ਸਮਾਜ ਦੇ ਲੋੜਵੰਦ ਵਰਗਾਂ ਲਈ ਅਜਿਹੇ ਸੇਵਾ ਕਾਰਜ ਸਮਾਜਿਕ ਜ਼ਿੰਮੇਵਾਰੀ ਦੀ ਇੱਕ ਉੱਤਮ ਮਿਸਾਲ ਹਨ।ਲਾਇਨਜ਼ ਕਲੱਬ ਦੇ ਸਮੂਹ ਮੈਂਬਰਾਂ ਵੱਲੋਂ ਹਰਪ੍ਰੀਤ ਕੌਰ ਅਤੇ ਲਾਇਨ ਰਾਜ ਕੁਮਾਰ ਪਾਲ ਜੀ ਦਾ ਇਸ ਮਹਾਨ ਸੇਵਾ ਕਾਰਜ ਵਿੱਚ ਯੋਗਦਾਨ ਪਾਉਣ ਲਈ ਵਿਸ਼ੇਸ਼ ਤੌਰ 'ਤੇ ਧੰਨਵਾਦ ਕੀਤਾ ਗਿਆ।

# ਸਾਲਾਨਾ ਛਿੰਝ ਮੇਲਾ 26 ਨੂੰ

**ਨਕੋਦਰ/ਨੂਰਮਹਿਲ (ਮਨਜੀਤ ਮਾਨ, ਬਾਲ ਕ੍ਰਿਸ਼ਨ ਬਾਲੀ)**- ਸ਼ਹੀਦ-ਏ-ਆਜ਼ਮ ਭਗਤ ਸਿੰਘ ਸਪੋਰਟਸ ਕਲੱਬ ਅਤੇ ਵੈਲਫੇਅਰ ਸੋਸਾਇਟੀ (ਰਜਿ.), ਨਕੋਦਰ ਵੱਲੋਂ ਪੰਜਾਬ ਦੀ ਅਮੀਰ ਖੇਡ ਅਤੇ ਸੱਭਿਆਚਾਰਕ ਵਿਰਾਸਤ ਨੂੰ ਜਿਉਂਦਾ ਰੱਖਣ ਅਤੇ ਨੌਜਵਾਨ ਪੀੜ੍ਹੀ ਨੂੰ ਖੇਡਾਂ ਨਾਲ ਜੋੜਨ ਦੇ ਉਦੇਸ਼ ਨਾਲ ਵਿਸ਼ਾਲ ਸਾਲਾਨਾ ਛਿੰਝ ਮੇਲਾ 26 ਸਤੰਬਰ ਨੂੰ ਬੜੀ ਸ਼ਰਧਾ, ਉਤਸ਼ਾਹ ਅਤੇ ਧੂਮਧਾਮ ਨਾਲ ਕਰਵਾਇਆ ਜਾ ਰਿਹਾ ਹੈ।ਇਸ ਸਬੰਧੀ ਜਾਣਕਾਰੀ ਦਿੰਦਿਆਂ ਕਲੱਬ ਦੇ ਪ੍ਰਧਾਨ ਐਡਵੋਕੇਟ ਗੌਰਵ ਨਾਗਰਾਜ ਨੇ ਦੱਸਿਆ ਕਿ ਛਿੰਝ ਮੇਲਾ ਦੁਸ਼ਹਿਰਾ ਗਰਾਊਂਡ ਨੇੜੇ ਬੱਸ ਸਟੈਂਡ ਨਕੋਦਰ ਵਿਖੇ ਦੁਪਹਿਰ 1 ਵਜੇ ਸ਼ੁਰੂ ਹੋਵੇਗਾ। ਇਸ ਵਿਸ਼ਾਲ ਖੇਡ ਮੇਲੇ ਵਿੱਚ ਪੰਜਾਬ ਸਮੇਤ ਦੇਸ਼ ਦੇ ਵੱਖ-ਵੱਖ ਸੂਬਿਆਂ ਅਤੇ ਵਿਦੇਸ਼ਾਂ ਤੋਂ ਵੀ ਨਾਮਵਰ ਪਹਿਲਵਾਨ ਪਹੁੰਚ ਕੇ ਆਪਣੀ ਕਲਾ ਅਤੇ ਕੁਸ਼ਤੀ ਦੇ ਜੌਹਰ ਦਿਖਾਉਣਗੇ। ਇਸ ਕਾਰਨ ਇਸ ਵਾਰ ਦਾ ਛਿੰਝ ਮੇਲਾ ਹੋਰ ਵੀ ਦਿਲਚਸਪ ਅਤੇ ਯਾਦਗਾਰ ਰਹਿਣ ਦੀ ਉਮੀਦ ਹੈ।ਉਨ੍ਹਾਂ ਦੱਸਿਆ ਕਿ ਛਿੰਝ ਮੇਲੇ ਵਿੱਚ ਪਹਿਲਵਾਨ ਸ਼ੇਰਾ ਗੁੱਜਰ (ਡੇਰਾ ਬਾਬਾ ਫਲਾਹੀ), ਪਹਿਲਵਾਨ ਉਮੇਸ਼ ਮਥੁਰਾ, ਪਹਿਲਵਾਨ ਹਾਮਿਦ ਇਰਾਨ, ਪਹਿਲਵਾਨ ਸਾਹਿਲ ਕੋਹਾਲੀ, ਪਹਿਲਵਾਨ ਮੇਜਰ ਡੇਰਾ ਬਾਬਾ ਨਾਨਕ, ਪਹਿਲਵਾਨ ਅਭੀਨਾਇਕ (ਯੂ.ਪੀ.) ਅਤੇ ਪਹਿਲਵਾਨ ਦੇਵਾ ਥਾਪਾ (ਨੇਪਾਲ) ਸਮੇਤ ਕਈ ਨਾਮਵਰ ਪਹਿਲਵਾਨ ਸ਼ਿਰਕਤ ਕਰਨਗੇ। ਇਨ੍ਹਾਂ ਪਹਿਲਵਾਨਾਂ ਦੇ ਰੋਮਾਂਚਕ ਮੁਕਾਬਲੇ ਖੇਡ ਪ੍ਰੇਮੀਆਂ ਲਈ ਖਿੱਚ ਦਾ ਕੇਂਦਰ ਰਹਿਣਗੇ।ਐਡਵੋਕੇਟ ਗੌਰਵ ਨਾਗਰਾਜ ਨੇ ਦੱਸਿਆ ਕਿ ਛਿੰਝ ਮੇਲੇ ਵਿੱਚ ਆਉਣ ਵਾਲੀ ਸੰਗਤ ਅਤੇ ਦਰਸ਼ਕਾਂ ਲਈ ਵਿਸ਼ੇਸ਼ ਲੰਗਰ ਦਾ ਪ੍ਰਬੰਧ ਕੀਤਾ ਗਿਆ ਹੈ। ਇਸ ਮੌਕੇ ਦੇਸੀ ਘਿਓ ਦੀਆਂ ਜਲੇਬੀਆਂ, ਚਾਹ ਅਤੇ ਪਕੌੜਿਆਂ ਦਾ ਲੰਗਰ ਵੀ ਚਲਾਇਆ ਜਾਵੇਗਾ। ਉਨ੍ਹਾਂ ਕਿਹਾ ਕਿ ਛਿੰਝ ਮੇਲਾ ਸਿਰਫ਼ ਕੁਸ਼ਤੀ ਦਾ ਮੁਕਾਬਲਾ ਹੀ ਨਹੀਂ, ਸਗੋਂ ਆਪਸੀ ਭਾਈਚਾਰੇ, ਸੇਵਾ ਅਤੇ ਪੰਜਾਬੀ ਸੱਭਿਆਚਾਰ ਦਾ ਪ੍ਰਤੀਕ ਵੀ ਹੈ।

ਉਨ੍ਹਾਂ ਦੱਸਿਆ ਕਿ ਇਸ ਛਿੰਝ ਮੇਲੇ ਵਿੱਚ ਦੇਸ਼ ਭਰ ਤੋਂ ਧਾਰਮਿਕ, ਸਮਾਜਿਕ ਅਤੇ ਰਾਜਨੀਤਿਕ ਖੇਤਰ ਦੀਆਂ ਪ੍ਰਮੁੱਖ ਸ਼ਖ਼ਸੀਅਤਾਂ ਵੀ ਪਹੁੰਚ ਰਹੀਆਂ ਹਨ, ਜਿਸ ਨਾਲ ਸਮਾਗਮ ਦੀ ਸ਼ਾਨ ਹੋਰ ਵਧੇਗੀ।ਕਲੱਬ ਪ੍ਰਧਾਨ ਨੇ ਕਿਹਾ ਕਿ ਸ਼ਹੀਦ-ਏ-ਆਜ਼ਮ ਸ. ਭਗਤ ਸਿੰਘ ਸਪੋਰਟਸ ਕਲੱਬ ਵੱਲੋਂ ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ, ਪੰਜਾਬ ਦੀ ਰਵਾਇਤੀ ਖੇਡ ਕੁਸ਼ਤੀ ਨੂੰ ਪ੍ਰਫੁੱਲਤ ਕਰਨ ਅਤੇ ਨੌਜਵਾਨ ਪੀੜ੍ਹੀ ਨੂੰ ਨਸ਼ਿਆਂ ਤੋਂ ਦੂਰ ਰੱਖਣ ਦੇ ਮਕਸਦ ਨਾਲ ਸਮੇਂ-ਸਮੇਂ 'ਤੇ ਅਜਿਹੇ ਖੇਡ ਮੇਲੇ ਅਤੇ ਸਮਾਜ ਸੇਵੀ ਕਾਰਜ ਕਰਵਾਏ ਜਾਂਦੇ ਹਨ। ਐਡਵੋਕੇਟ ਗੌਰਵ ਨਾਗਰਾਜ ਨੇ ਸਮੂਹ ਇਲਾਕਾ ਨਿਵਾਸੀਆਂ, ਸੰਗਤਾਂ, ਕੁਸ਼ਤੀ ਪ੍ਰੇਮੀਆਂ ਅਤੇ ਖੇਡ ਪ੍ਰੇਮੀਆਂ ਨੂੰ ਪਰਿਵਾਰਾਂ ਸਮੇਤ ਛਿੰਝ ਮੇਲੇ ਵਿੱਚ ਵੱਧ-ਚੜ੍ਹ ਕੇ ਪਹੁੰਚਣ ਦੀ ਅਪੀਲ ਕੀਤੀ।

# ਬਿਜਲੀ ਦੇ ਲੰਮੇ ਕੱਟਾਂ ਖ਼ਿਲਾਫ਼ ਅਕਾਲੀ ਵਰਕਰਾਂ ਵੱਲੋਂ ਧਰਨਾ

**ਨੂਰਮਹਿਲ, (ਬਾਲ ਕ੍ਰਿਸ਼ਨ ਬਾਲੀ)**- ਹਲਕਾ ਨਕੋਦਰ ਦੇ ਨੂਰਮਹਿਲ ਤਹਿਸੀਲ ਵਿੱਚ ਐਡਵੋਕੇਟ ਰਾਜ ਕਮਲ ਸਿੰਘ ਭੁੱਲਰ ਸੇਵਾਦਾਰ ਹਲਕਾ ਨਕੋਦਰ ਦੀ ਅਗਵਾਈ ਹੇਠ ਅਕਾਲੀ ਵਰਕਰਾਂ ਵੱਲੋਂ ਬਿਜਲੀ ਦੇ ਲੰਬੇ ਸਮੇਂ ਤੋਂ ਚੱਲ ਰਹੇ ਕੱਟਾਂ ਅਤੇ ਆਮ ਲੋਕਾਂ ਤੇ ਕਿਸਾਨਾਂ ਨੂੰ ਆ ਰਹੀਆਂ ਮੁਸ਼ਕਲਾਂ ਦੇ ਸਬੰਧ ਵਿੱਚ ਡਿਪਟੀ ਕਮਿਸ਼ਨਰ ਜਲੰਧਰ ਦੇ ਨਾਂਅ ਨਾਇਬ ਤਹਿਸੀਲਦਾਰ ਨੂਰਮਹਿਲ ਰਾਹੀਂ ਮੰਗ ਪੱਤਰ (ਮੈਮੋਰੈਂਡਮ) ਦਿੱਤਾ ਗਿਆ।ਇਸ ਮੌਕੇ ਵੱਡੀ ਗਿਣਤੀ ਵਿੱਚ ਅਕਾਲੀ ਵਰਕਰਾਂ ਨੇ ਸ਼ਮੂਲੀਅਤ ਕੀਤੀ।ਮੰਗ ਪੱਤਰ ਰਾਹੀਂ ਸਰਕਾਰ ਤੋਂ ਮੰਗ ਕੀਤੀ ਗਈ ਕਿ ਬਿਜਲੀ ਦੇ ਲੰਬੇ ਕੱਟਾਂ ਦੀ ਸਮੱਸਿਆ ਦਾ ਤੁਰੰਤ ਹੱਲ ਕੀਤਾ ਜਾਵੇ ਅਤੇ ਆਮ ਲੋਕਾਂ ਨੂੰ ਨਿਰਵਿਘਨ ਬਿਜਲੀ ਸਪਲਾਈ ਯਕੀਨੀ ਬਣਾਈ ਜਾਵੇ।ਅਕਾਲੀ ਵਰਕਰਾਂ ਨੇ ਕਿਹਾ ਕਿ ਲੰਬੇ ਸਮੇਂ ਤੋਂ ਬਿਜਲੀ ਦੀ ਅਣਨਿਯਮਿਤ ਸਪਲਾਈ ਕਾਰਨ ਆਮ ਲੋਕਾਂ ਦੇ ਰੋਜ਼ਾਨਾ ਦੇ ਕੰਮ-ਕਾਜ ਪ੍ਰਭਾਵਿਤ ਹੋ ਰਹੇ ਹਨ। ਇਸ ਦੇ ਨਾਲ ਹੀ ਕਿਸਾਨਾਂ ਨੂੰ ਖੇਤੀਬਾੜੀ ਲਈ ਬਿਜਲੀ ਦੀ ਲੋੜੀਂਦੀ ਸਪਲਾਈ ਨਾ ਮਿਲਣ ਕਾਰਨ ਵੀ ਮੁਸ਼ਕਲਾਂ ਦਾ ਸਾਹਮਣਾ ਕਰਨਾ ਪੈ ਰਿਹਾ ਹੈ ਅਤੇ ਖੇਤੀਬਾੜੀ ਦਾ ਵੱਡਾ ਨੁਕਸਾਨ ਹੋ ਰਿਹਾ ਹੈ।ਇਸ ਮੌਕੇ ਐਡਵੋਕੇਟ ਰਾਜ ਕਮਲ ਸਿੰਘ ਭੁੱਲਰ ਨੇ ਕਿਹਾ ਕਿ ਲੋਕਾਂ ਅਤੇ ਕਿਸਾਨਾਂ ਦੀਆਂ ਮੁਸ਼ਕਲਾਂ ਨੂੰ ਧਿਆਨ ਵਿੱਚ ਰੱਖਦਿਆਂ ਬਿਜਲੀ ਸਪਲਾਈ ਨੂੰ ਸੁਚਾਰੂ ਬਣਾਉਣਾ ਸਰਕਾਰ ਦੀ ਜ਼ਿੰਮੇਵਾਰੀ ਹੈ। ਉਨ੍ਹਾਂ ਮੰਗ ਕੀਤੀ ਕਿ ਬਿਜਲੀ ਦੇ ਕੱਟਾਂ ਦਾ ਤੁਰੰਤ ਹੱਲ ਕਰਕੇ ਆਮ ਲੋਕਾਂ ਅਤੇ ਕਿਸਾਨਾਂ ਨੂੰ ਰਾਹਤ ਦਿੱਤੀ ਜਾਵੇ।ਇਸ ਮੌਕੇ ਸਾਬਕਾ ਚੇਅਰਮੈਨ ਪਰਵਿੰਦਰ ਸਿੰਘ ਸ਼ਾਮਪੁਰ, ਮੇਜਰ ਸਿੰਘ ਔਜਲਾ, ਪਿਆਰਾ ਸਿੰਘ ਕੈਂਥ, ਹਰਬੰਸ ਸਿੰਘ ਦਰਦੀ, ਸਰਪੰਚ ਜਸਵੰਤ ਸਿੰਘ ਸਿੰਘਪੁਰ, ਸੁਖਵਿੰਦਰ ਸਿੰਘ ਸੋਖਾ ਸਰਪੰਚ ਮੱਲੀਆਂ, ਹਰਵੇਲ ਸਿੰਘ ਖੀਵਾ, ਕੁੰਦਨ ਸਿੰਘ ਜੰਤਾ ਨਗਰ, ਬਾਲੀ ਸਾਬਕਾ ਐੱਮ ਸੀ, ਤਨੂ ਨੂਰਮਹਿਲ, ਮਾਧਵ ਕੁੰਦੀ, ਬਿੰਦਰ ਭੁੱਲਰ, ਤਰਲੋਚਨ ਸਿੰਘ ਲੱਦੜ, ਹਰਬਲਜੀਤ ਸਿੰਘ ਲੱਦੜ, ਭਾਈ ਜਗਵੀਰ ਸਿੰਘ ਬਿਲਗਾ, ਇਕਬਾਲ ਸਿੰਘ ਸਹਿਮ, ਸਮੇਸ਼ ਨਕੋਦਰ ਪ੍ਰਧਾਨ ਕਰਨੈਲ ਸਿੰਘ ਗਮਟਾਲੀ, ਅਮਨਿੰਦਰ ਸਿੰਘ ਨਾਗਰਾ ਲੰਬੜਦਾਰ ਰਣਜੀਤ ਸਿੰਘ ਕਾਦੀਆਂ, ਕਸ਼ਮੀਰ ਸਿੰਘ ਸ਼ਾਮਪੁਰ ਸਮੇਤ ਹੋਰ ਵੀ ਅਨੇਕਾਂ ਮੋਤਬਰ ਸੱਜਣ ਅਤੇ ਅਕਾਲੀ ਵਰਕਰ ਹਾਜ਼ਰ ਸਨ।




## ਜਨਮ ਦਿਨ ਮੁਬਾਰਕ



ਹਰਿਅੰਮ੍ਰਿਤ ਸਿੰਘ ਚੱਠਾ



ਨਾਜ਼ੀਆ



ਦਿਲਜਾਨਪ੍ਰੀਤ ਕੌਰ



ਮਨਰਾਜ ਸਿੰਘ ਧਾਲੀਵਾਲ

# ਕੁਲਬੀਰ ਸਿੰਘ ਹਾਕੀ ਪੰਜਾਬ ਦੇ ਚੀਫ ਐਗਜ਼ੀਕਿਊਟਿਵ ਅਫਸਰ ਨਿਯੁਕਤ



**ਜਲੰਧਰ (ਸ਼ੈਲੀ ਐਲਬਰਟ, ਸੁਰਿੰਦਰ ਕੁਮਾਰ)**- ਪਿਛਲੇ 16 ਸਾਲਾਂ ਤੋਂ ਲਗਾਤਾਰ ਹਾਕੀ ਪੰਜਾਬ ਦੇ ਦਫਤਰ ਸਕੱਤਰ ਚਲੇ ਆ ਰਹੇ ਕੁਲਬੀਰ ਸਿੰਘ ਨੂੰ ਹਾਕੀ ਪੰਜਾਬ ਦੇ ਐਗਜੀਕਿਊਟਿਵ ਬੋਰਡ ਵਲੋਂ ਹਾਕੀ ਪੰਜਾਬ ਦਾ ਚੀਫ ਐਗਜੀਕਿਊਟਿਵ ਅਫਸਰ ਨਿਯੁਕਤ ਕੀਤਾ ਗਿਆ। ਭਾਰਤ ਸਰਕਾਰ ਦੇ ਖੇਡ ਮੰਤਰਾਲੇ ਵਲੋਂ ਜਾਰੀ ਕੀਤੇ ਗਏ ਨੈਸ਼ਨਲ ਸਪੋਰਟਸ ਗਵਰਨੈਂਸ ਐਕਟ 2025 ਦੇ ਅਨੁਸਾਰ ਹਾਕੀ ਇੰਡੀਆ ਦੇ ਦਿਸ਼ਾ ਨਿਰਦੇਸ਼ਾਂ ਅਨੁਸਾਰ ਹਾਕੀ ਪੰਜਾਬ ਦੇ ਨਵੇਂ ਬਾਈ ਲਾਅਜ਼ ਲਾਗੂ ਕੀਤੇ ਗਏ ਜਿਸ ਦੇ ਤਹਿਤ ਹੀ ਹਾਕੀ ਪੰਜਾਬ ਦੀਆਂ ਚੋਣਾਂ ਹਾਕੀ ਇੰਡੀਆ ਵੱਲੋਂ ਕਰਵਾਈਆਂ ਗਈਆਂ। ਇਸ ਨਵੇਂ ਐਕਟ ਦੇ ਅਨੁਸਾਰ ਹਰ ਸੂਬੇ ਦੀ ਐਸੋਸੀਏਸ਼ਨ ਨੂੰ ਆਪਣਾ ਇਕ ਚੀਫ ਐਗਜੀਕਿਊਟਿਵ ਅਫਸਰ ਨਿਯੁਕਤ ਕਰਨਾ ਲਾਜ਼ਮੀ ਹੈ, ਜੋ ਕਿ ਹਾਕੀ ਇੰਡੀਆ, ਸਰਕਾਰੀ ਅਦਾਰਿਆਂ ਅਤੇ ਬਾਕੀ ਸੂਬਿਆਂ ਦੀਆਂ ਖੇਡ ਐਸੋਸੀਏਸ਼ਨਾਂ ਨਾਲ ਪੱਤਰ ਵਿਹਾਰ ਕਰੇਗਾ। ਹਾਕੀ ਪੰਜਾਬ ਦੇ ਨਵੇਂ ਬਣੇ ਐਗਜੀਕਿਊਟਿਵ ਬੋਰਡ ਵਲੋਂ ਹਾਕੀ ਪੰਜਾਬ ਦੇ ਬਾਈ ਲਾਅਜ਼ ਦੇ ਰੂਲ 14.7.1 ਦੇ ਅਨੁਸਾਰ ਕੁਲਬੀਰ ਸਿੰਘ ਨੂੰ ਹਾਕੀ ਪੰਜਾਬ ਦਾ ਚੀਫ ਐਗਜੀਕਿਊਟਿਵ ਅਫਸਰ ਨਿਯੁਕਤ ਕੀਤਾ ਗਿਆ ਹੈ।ਚੀਫ ਐਗਜੀਕਿਊਟਿਵ ਅਫਸਰ ਦਾ ਮੁੱਖ ਕੰਮ ਪ੍ਰਧਾਨ, ਸਕੱਤਰ ਜਨਰਲ ਅਤੇ ਐਗਜੀਕਿਊਟਿਵ ਬੋਰਡ ਵਲੋਂ ਬਣਾਈਆਂ ਗਈਆਂ ਪਾਲਿਸੀਆਂ, ਪ੍ਰੋਗਰਾਮਾਂ, ਫੈਸਲਿਆਂ ਨੂੰ ਨਵੇਂ ਨੈਸ਼ਨਲ ਸਪੋਰਟਸ ਗਵਰਨੈਂਸ ਐਕਟ ਦੇ ਅਨੁਸਾਰ ਸਮਾਂ ਬੱਧ ਤਰੀਕੇ ਨਾਲ ਲਾਗੂ ਕਰਨਾ ਅਤੇ ਖਿਡਾਰੀਆਂ ਦੇ ਹੱਕਾਂ ਦੀ ਪੂਰੀ ਰਾਖੀ ਕਰਨਾ ਹੈ।

# ਸਿਹਤਮੰਦ ਨਾਗਰਿਕ ਹੀ 'ਵਿਕਸਿਤ ਭਾਰਤ' ਦਾ ਸੁਪਨਾ ਸਾਕਾਰ ਕਰ ਸਕਦੇ ਹਨ : ਸਿਹਤ ਮੰਤਰੀ

**ਚੰਡੀਗੜ੍ਹ (ਕ੍ਰਿਸ਼ਨ ਗਰਗ)**- ਹਰਿਆਣਾ ਦੀ ਸਿਹਤ, ਆਯੁਸ਼ ਅਤੇ ਮੈਡੀਕਲ ਸਿੱਖਿਆ ਮੰਤਰੀ ਆਰਤੀ ਸਿੰਘ ਰਾਓ ਨੇ ਕਿਹਾ ਕਿ ਸਿਰਫ ਸਿਹਤਮੰਦ ਨਾਗਰਿਕ ਹੀ 'ਵਿਕਸਿਤ ਭਾਰਤ' ਬਣਾਉਣ ਦਾ ਸੁਪਨਾ ਸਾਕਾਰ ਕਰ ਸਕਦੇ ਹਨ। ਇਸ ਲਈ ਉਨ੍ਹਾਂ ਨੇ ਹਰ ਨਾਗਰਿਕ ਨੂੰ ਆਪਣੀ ਸਿਹਤ ਦਾ ਧਿਆਨ ਰੱਖਣ ਅਤੇ ਨਸ਼ੀਲੇ ਪਦਾਰਥਾਂ ਤੇ ਹੋਰ ਨਸ਼ਿਆਂ ਤੋਂ ਦੂਰ ਰਹਿਣ ਦੀ ਅਪੀਲ ਕੀਤੀ।ਸਿਹਤ ਮੰਤਰੀ ਬੁੱਧਵਾਰ ਨੂੰ ਰੇਵਾੜੀ ਜ਼ਿਲ੍ਹੇ ਦੇ ਮਾਹੇਸ਼ਵਰੀ ਪਿੰਡ ਵਿੱਚ ਇੱਕ ਜਨਸਭਾ ਨੂੰ ਸੰਬੋਧਿਤ ਕਰ ਰਹੇ ਸਨ। ਉਨ੍ਹਾਂ ਨੇ ਕਿਹਾ ਕਿ ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ 'ਨਸ਼ਾ ਮੁਕਤ ਹਰਿਆਣਾ ਮੁਹਿੰਮ' ਸ਼ੁਰੂ ਕੀਤਾ ਹੈ, ਜਿਸ ਦੇ ਤਹਿਤ ਹਾਲ ਹੀ ਵਿੱਚ ਰੇਵਾੜੀ ਵਿੱਚ ਇੱਕ ਵੱਡੀ ਮੈਰਾਥਨ ਆਯੋਜਿਤ ਕੀਤੀ ਗਈ ਸੀ। ਉਨ੍ਹਾਂ ਨੇ ਜ਼ਿਲ੍ਹੇ ਦੇ ਹਰ ਨਾਗਰਿਕ ਨੂੰ ਹਰਿਆਣਾ ਨੂੰ ਨਸ਼ਾ ਮੁਕਤ ਬਣਾਉਣ ਦੀ ਦਿਸ਼ਾ ਵਿੱਚ ਸਰਗਰਮ ਯੋਗਦਾਨ ਪਾਉਣ ਦੀ ਅਪੀਲ ਕੀਤੀ।ਇਸ ਮੌਕੇ 'ਤੇ ਸਿਹਤ ਮੰਤਰੀ ਨੇ ਮਾਹੇਸ਼ਵਰੀ ਪਿੰਡ ਵਿੱਚ 40 ਲੱਖ ਰੁਪਏ ਦੇ ਵਿਕਾਸ ਕਾਰਜਾਂ ਦਾ ਉਦਘਾਟਨ ਕੀਤਾ।

# ਸੇਂਟ ਸੋਲਜਰ ਦੇ ਕੇਟਰਿੰਗ ਟੈਕਨਾਲੋਜੀ 'ਚ ਖੇਡ ਗਤੀਵਿਧੀਆਂ ਕਰਵਾਈਆਂ

**ਜਲੰਧਰ (ਇਕਬਾਲ ਸਿੰਘ ਉਭੀ)**- ਸੇਂਟ ਸੋਲਜਰ ਇੰਸਟੀਚਿਊਟ ਆਫ ਹੋਟਲ ਮੈਨੇਜਮੈਂਟ ਐਂਡ ਕੇਟਰਿੰਗ ਟੈਕਨਾਲੋਜੀ ਵਿਖੇ ਨਵੇਂ ਦਾਖਲ ਹੋਏ ਵਿਦਿਆਰਥੀਆਂ ਅਤੇ ਸੀਨੀਅਰ ਬੈਚ ਦੇ ਵਿਦਿਆਰਥੀਆਂ ਨੂੰ ਇਕੱਠੇ ਕਰਕੇ




ਵੱਖ-ਵੱਖ ਖੇਡ ਗਤੀਵਿਧੀਆਂ ਦਾ ਆਯੋਜਨ ਕੀਤਾ ਗਿਆ। ਇਸ ਸਮਾਗਮ ਨੇ ਵਿਦਿਆਰਥੀਆਂ ਨੂੰ ਮਨੋਰੰਜਕ ਅਤੇ ਮੁਕਾਬਲੇ ਵਾਲੀਆਂ ਗਤੀਵਿਧੀਆਂ ਵਿੱਚ ਭਾਗ ਲੈਣ ਦਾ ਮੌਕਾ ਪ੍ਰਦਾਨ ਕੀਤਾ ਅਤੇ ਖੇਡ ਭਾਵਨਾ, ਟੀਮ ਵਰਕ, ਆਤਮ-ਵਿਸ਼ਵਾਸ ਅਤੇ ਸਿਹਤਮੰਦ ਮੁਕਾਬਲੇ ਦੀ ਭਾਵਨਾ ਨੂੰ ਉਤਸ਼ਾਹਿਤ ਕੀਤਾ। ਵਿਦਿਆਰਥੀਆਂ ਨੇ ਤਿੰਨ ਟੰਗਾਂ ਵਾਲੀ ਦੌੜ, ਬੋਰੀ ਦੌੜ, ਨਿੰਬੂ ਦੌੜ, ਧਾਗਾ ਅਤੇ ਸੂਈ ਦੌੜ, ਗੁਬਾਰਾ ਮੁਕਾਬਲਾ ਅਤੇ ਮਿਊਜ਼ਿਕਲ ਚੇਅਰ ਸਮੇਤ ਵੱਖ-ਵੱਖ ਮਨੋਰੰਜਕ ਅਤੇ ਮੁਕਾਬਲੇ ਵਾਲੀਆਂ ਖੇਡਾਂ ਵਿੱਚ ਬੜੇ ਉਤਸ਼ਾਹ ਨਾਲ ਭਾਗ ਲਿਆ। ਵੱਖ-ਵੱਖ ਮੁਕਾਬਲਿਆਂ ਵਿੱਚ ਤਿੰਨ ਟੰਗਾਂ ਵਾਲੀ ਦੌੜ ਵਿੱਚ ਜਸਕਰਨ ਅਤੇ ਚਰਨਜੀਤ, ਬੋਰੀ ਦੌੜ ਵਿੱਚ ਆਦਿਤਿਆ, ਨਿੰਬੂ ਦੌੜ ਵਿੱਚ ਸੁਰਿੰਦਰ, ਧਾਗਾ ਅਤੇ ਸੂਈ ਦੌੜ ਵਿੱਚ ਜੈਸਮਿਨ, ਗੁਬਾਰਾ ਮੁਕਾਬਲੇ ਵਿੱਚ ਚਰਨਜੀਤ ਅਤੇ ਮਿਊਜ਼ਿਕਲ ਚੇਅਰ ਵਿੱਚ ਜੈਸਮਿਨ ਜੇਤੂ ਰਹੇ। ਇਨ੍ਹਾਂ ਸਾਰੀਆਂ ਗਤੀਵਿਧੀਆਂ ਦਾ ਸੁਚੱਜਾ ਸੰਚਾਲਨ ਐੱਚ ਓ ਡੀ ਮਨੀਸ਼ ਦੀ ਅਗਵਾਈ ਹੇਠ ਕੀਤਾ ਗਿਆ। ਉਨ੍ਹਾਂ ਦੇ ਯਤਨਾਂ ਸਦਕਾ ਸਾਰੇ ਮੁਕਾਬਲੇ ਸੁਚੱਜੇ ਢੰਗ ਨਾਲ ਸਫਲਤਾਪੂਰਵਕ ਕਰਵਾਏ ਗਏ। ਪ੍ਰਿੰਸੀਪਲ ਕੀਰਤੀ ਸ਼ਰਮਾ ਨੇ ਪੂਰੇ ਸਮਾਗਮ ਦੌਰਾਨ ਵਿਦਿਆਰਥੀਆਂ ਦਾ ਹੌਸਲਾ ਵਧਾਇਆ ਅਤੇ ਉਨ੍ਹਾਂ ਦੀ ਉਤਸ਼ਾਹਪੂਰਵਕ ਭਾਗੀਦਾਰੀ ਦੀ ਸ਼ਲਾਘਾ ਕੀਤੀ। ਇਹ ਸਮਾਗਮ ਸੰਸਥਾ ਵੱਲੋਂ ਅਜਿਹੀ ਸੰਪੂਰਨ ਸਿੱਖਿਆ ਪ੍ਰਦਾਨ ਕਰਨ ਦੀ ਵਚਨਬੱਧਤਾ ਨੂੰ ਦਰਸਾਉਂਦਾ ਹੈ, ਜੋ ਸਿਰਫ਼ ਅਕਾਦਮਿਕ ਸਿੱਖਿਆ ਤੱਕ ਸੀਮਿਤ ਨਹੀਂ ਹੈ, ਸਗੋਂ ਵਿਦਿਆਰਥੀਆਂ ਦੇ ਸਰੀਰਕ, ਸਮਾਜਿਕ ਅਤੇ ਨਿੱਜੀ ਵਿਕਾਸ ਨੂੰ ਵੀ ਉਤਸ਼ਾਹਿਤ ਕਰਦੀ ਹੈ। ਗਰੁੱਪ ਚੇਅਰਪਰਸਨ ਸੰਗੀਤਾ ਚੋਪੜਾ ਨੇ ਸਾਰੇ ਵਿਦਿਆਰਥੀਆਂ ਦੀ ਉਤਸ਼ਾਹਪੂਰਵਕ ਭਾਗੀਦਾਰੀ ਦੀ ਸ਼ਲਾਘਾ ਕੀਤੀ।

# ਆਂਗਣਵਾੜੀ ਮੁਲਾਜ਼ਮ ਯੂਨੀਅਨ ਨੇ ਦਿੱਤਾ ਮੰਗ ਪੱਤਰ



**ਦਸੂਹਾ (ਕਰਨੈਲ ਮਾਂਗਟ)**- ਰਾਸ਼ਨ ਕਾਰਡ ਦੀ ਵੈਰੀਫਿਕੇਸ਼ਨ ਅਤੇ ਹਾਊਸ ਹੋਲਡ ਸਰਵੇ ਦੀਆਂ ਡਿਊਟੀਆਂ ਆਂਗਨਵਾੜੀ ਵਰਕਰਾਂ ਦੀਆਂ ਲਗਾਈਆਂ ਗਈਆਂ ਅਤੇ ਡਿਊਟੀਆਂ ਰੱਦ ਕਰਨ ਅਤੇ ਇਸ ਕੰਮ ਦੀ ਡਿਊਟੀ ਨਾ ਲਗਾਉਣ ਦੀ ਮੰਗ ਨੂੰ ਲੈ ਕੇ ਆਲ ਪੰਜਾਬ ਆਂਗਨਵਾੜੀ ਮੁਲਾਜ਼ਮ ਯੂਨੀਅਨ ਵੱਲੋਂ ਪ੍ਰਸ਼ਾਸਨਿਕ ਅਧਿਕਾਰੀ ਨੂੰ ਮੰਗ ਪੱਤਰ ਸੌਂਪਿਆ ਗਿਆ। ਇਹ ਮੰਗ ਪੱਤਰ ਯੂਨੀਅਨ ਜ਼ਿਲਾ ਪ੍ਰਧਾਨ ਹੁਸ਼ਿਆਰਪੁਰ ਹਰਵਿੰਦਰ ਕੌਰ ਦੀ ਅਗਵਾਈ ਹੇਠ ਦਿੱਤਾ ਗਿਆ। ਯੂਨੀਅਨ ਆਗੂਆ ਨੇ ਪ੍ਰਸ਼ਾਸਨਿਕ ਅਧਿਕਾਰੀ ਨੂੰ ਸੌਂਪੇ ਗਏ ਮੰਗ ਪੱਤਰ ਵਿੱਚ ਦੱਸਿਆ ਕਿ ਆਂਗਨਵਾੜੀ ਵਰਕਰਾਂ ਦੀ ਡਿਊਟੀ ਰਾਸ਼ਨ ਕਾਰਡਾਂ ਦੀ ਵੈਰੀਫਿਕੇਸ਼ਨ ਹਾਊਸ ਹੋਲਡ ਸਰਵੇ ਵਿੱਚ ਲਗਾਈ ਗਈ ਹੈ ਜਦਕਿ ਵਰਕਰਾਂ ਪਹਿਲਾਂ ਹੀ ਆਪਣੇ ਵਿਭਾਗ ਨਾਲ ਸਬੰਧਤ ਕੰਮਾਂ ਦੇ ਭਾਰੀ ਬੋਝ ਹੇਠ ਕੰਮ ਕਰ ਰਹੀਆਂ ਹਨ। ਉਨ੍ਹਾਂ ਕਿਹਾ ਵਿਭਾਗ ਨਾਲ ਸੰਬੰਧਿਤ ਬਹੁਤ ਸਾਰਾ ਕੰਮ ਆਨਲਾਈਨ ਕੀਤਾ ਜਾਂਦਾ ਹੈ। ਇਸ ਕਰਕੇ ਵਰਕਰਾਂ ਤੇ ਕੰਮ ਦਾ ਹੋਰ ਜਿਆਦਾ ਬੋਝ ਪੈ ਰਿਹਾ ਹੈ। ਜ਼ਿਲ੍ਹਾ ਪ੍ਰਧਾਨ ਹਰਵਿੰਦਰ ਕੌਰ ਨੇ ਚੇਤਾਵਨੀ ਦਿੰਦੇ ਹੋਏ ਕਿਹਾ ਕਿ ਜੇਕਰ ਲਗਾਈਆਂ ਗਈਆਂ ਡਿਊਟੀਆਂ ਰੱਦ ਨਾ ਕੀਤੀਆਂ ਗਈਆਂ ਤੇ ਆਂਗਣਵਾੜੀ ਵਰਕਰਾਂ ਨੂੰ ਵਾਧੂ ਵਿਭਾਗੀ ਕੰਮਾਂ ਤੋਂ ਰਾਹਤ ਨਾ ਦਿੱਤੀ ਗਈ ਤਾਂ ਆਉਣ ਵਾਲੇ ਸਮੇਂ ਵਿੱਚ ਜਥੇਬੰਦੀ ਸੰਘਰਸ਼ ਕਰਨ ਲਈ ਮਜਬੂਰ ਹੋਵੇਗੀ। ਇਸ ਮੌਕੇ ਤੇ ਸਰਬਜੀਤ ਕੌਰ ਤੂਰ ਜਿਲਾ ਸਕੱਤਰ, ਬੇਵੀ, ਸੰਦੀਪ ਦਸੂਹਾ, ਸੁਖਵਰਸ਼ਾ ਦੇਵੀ ਭੂਗਾਂ, ਸੀਲਾ ਦੇਵੀ, ਬਲਵਿੰਦਰ ਕੌਰ ਲੁਗਾਣਾ ਪ੍ਰੈਸ ਸਕੱਤਰ, ਅਨੀਤਾ ਕੁਮਾਰੀ, ਸੁਖਵਿੰਦਰ ਕੌਰ, ਬਲਜਿੰਦਰ ਕੌਰ, ਗੁਰਮੀਤ ਕੌਰ, ਮਨਿੰਦਰ ਸੈਣੀ, ਰਜਿੰਦਰ ਕੌਰ ਆਦਿ ਹਾਜ਼ਰ ਸਨ।